ਵੀਰਵਾਰ, 5 ਫਰਵਰੀ, 2026
23 ਮਾਘ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 246

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 5 FEBRUARY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਤਿੰਨ ਰਾਜ ਕੁਮਾਰੀਆਂ ਨੇ ਨੌਵੀਂ ਮੰਜ਼ਲ ਤੋਂ ਛਾਲ ਮਾਰੀ

**ਗਾਜ਼ੀਆਬਾਦ** : ਇੱਕ ਕੋਰੀਅਨ ਗੇਮ ਖੇਡਣ ਤੋਂ ਰੋਕਣ ਕਾਰਨ ਤਿੰਨ ਨਾਬਾਲਗ ਭੈਣਾਂ ਨੇ ਮੰਗਲਵਾਰ-ਬੁੱਧਵਾਰ ਦੀ ਰਾਤ ਕਰੀਬ ਦੋ ਵਜੇ ਕਥਿਤ ਤੌਰ 'ਤੇ ਆਪਣੇ ਅਪਾਰਟਮੈਂਟ ਦੀ ਨੌਵੀਂ ਮੰਜ਼ਲ ਤੋਂ ਛਾਲ ਮਾਰ ਕੇ ਖ਼ੁਦਕੁਸ਼ੀ ਕਰ ਲਈ। ਪੁਲਸ ਅਨੁਸਾਰ ਇਹ ਕਦਮ ਉਨ੍ਹਾਂ ਮਾਪਿਆਂ ਵੱਲੋਂ ਉਨ੍ਹਾਂ ਦੀਆਂ ਬਹੁਤ ਜ਼ਿਆਦਾ ਆਨਲਾਈਨ ਗੇਮਿੰਗ ਆਦਤਾਂ 'ਤੇ ਇਤਰਾਜ਼ ਜਤਾਉਣ ਤੋਂ ਬਾਅਦ ਚੁੱਕਿਆ। ਮਰਨ ਵਾਲੀਆਂ ਦੀ ਪਛਾਣ ਪਾਖੀ (12), ਪ੍ਰਾਚੀ (14) ਅਤੇ ਵਿਸ਼ਿਕਾ (16) ਵਜੋਂ ਹੋਈ ਹੈ।

ਰਿਪੋਰਟਾਂ ਮੁਤਾਬਕ ਰਿਹਾਇਸ਼ੀ ਟਾਊਨਸ਼ਿਪ 'ਭਾਰਤ ਸਿਟੀ' ਵਿੱਚ ਰਹਿੰਦੀਆਂ ਤਿੰਨੋਂ ਭੈਣਾਂ ਇੱਕ-ਦੂਜੇ ਦੇ ਬਹੁਤ ਕਰੀਬ ਸਨ ਅਤੇ ਜ਼ਿਆਦਾਤਰ ਇਕੱਠੀਆਂ ਰਹਿੰਦੀਆਂ ਸਨ। ਪੁਲਸ ਨੇ ਦੱਸਿਆ ਕਿ ਉਹ ਕੋਵਿਡ-19 ਮਹਾਂਮਾਰੀ ਦੌਰਾਨ ਆਨਲਾਈਨ ਗੇਮਿੰਗ ਦੀਆਂ ਆਦੀ ਹੋ ਗਈਆਂ ਅਤੇ ਆਨਲਾਈਨ ਟਾਸਕ-ਅਧਾਰਤ 'ਕੋਰੀਅਨ ਲਵ ਗੇਮ' ਖੇਡ ਰਹੀਆਂ ਸਨ। ਉਨ੍ਹਾਂ ਨਿਯਮਤ ਤੌਰ 'ਤੇ ਸਕੂਲ ਜਾਣਾ ਬੰਦ ਕਰ ਦਿੱਤਾ ਸੀ, ਜੋ ਉਨ੍ਹਾਂ ਦੇ ਮਾਪਿਆਂ ਲਈ ਚਿੰਤਾ ਦਾ ਵੱਡਾ ਵਿਸ਼ਾ ਬਣ ਗਿਆ ਸੀ।

ਗਾਜ਼ੀਆਬਾਦ ਪੁਲਸ ਵੱਲੋਂ ਐੱਕਸ 'ਤੇ ਜਾਰੀ ਵੀਡੀਓ ਵਿੱਚ ਕਿਹਾ ਗਿਆ ਹੈ ਕਿ ਮਾਪਿਆਂ ਨੇ ਵਾਰ-ਵਾਰ ਆਪਣੀਆਂ ਧੀਆਂ ਦੀ ਗੇਮਿੰਗ ਦੀ ਆਦਤ 'ਤੇ ਇਤਰਾਜ਼ ਜਤਾਇਆ ਸੀ ਅਤੇ ਉਨ੍ਹਾਂ ਨੂੰ ਪੜ੍ਹਾਈ ਬਾਰੇ ਸਮਝਾਇਆ ਸੀ। ਮੰਗਲਵਾਰ ਰਾਤ ਨੂੰ ਇਸ ਮੁੱਦੇ 'ਤੇ ਘਰ ਵਿੱਚ ਹੋਈ ਬਹਿਸ ਤੋਂ ਬਾਅਦ ਭੈਣਾਂ ਨੇ ਕਥਿਤ ਤੌਰ 'ਤੇ ਇਹ ਖੌਫਨਾਕ ਕਦਮ ਚੁੱਕ ਲਿਆ। ਸੁਸਾਇਟੀ ਦੇ ਵਸਨੀਕਾਂ ਨੇ ਤੜਕਸਾਰ ਮਾਮਲਾ ਸਾਹਮਣੇ ਆਉਣ ਤੋਂ ਬਾਅਦ ਪੁਲਸ ਨੂੰ ਸੂਚਨਾ ਦਿੱਤੀ। ਅਧਿਕਾਰੀਆਂ ਨੇ ਮੌਕੇ 'ਤੇ ਪਹੁੰਚ ਕੇ ਅਪਾਰਟਮੈਂਟ ਕੰਪਲੈਕਸ ਦੇ ਅੰਦਰੋਂ ਲਾਸ਼ਾਂ ਬਰਾਮਦ ਕੀਤੀਆਂ। ਫਾਰੇਨ ਐਕਸਚੇਂਜ ਦਾ ਕੰਮ ਕਰਦੇ ਪਿਤਾ ਚੇਤਨ ਕੁਮਾਰ ਨੇ ਕਿਹਾ ਕਿ ਉਨ੍ਹਾ ਨੂੰ ਨਹੀਂ ਪਤਾ ਸੀ ਕਿ ਜਿਹੜੀ ਗੇਮ ਉਹ ਖੇਡ ਰਹੀਆਂ ਸਨ, ਉਸ ਵਿੱਚ ਟਾਸਕ ਦਿੱਤਾ ਜਾਂਦਾ ਹੈ। ਉਂਜ ਉਹ ਕੋਰੀਆ ਜਾਣ ਦੀ ਗੱਲ ਕਰਦੀਆਂ ਹੁੰਦੀਆਂ ਸਨ। ਪ੍ਰਾਚੀ ਨੇ ਇੱਕ ਵਾਰ ਕਿਹਾ ਸੀ ਕਿ ਉਹ ਬੌਸ ਹੈ ਤੇ ਭੈਣਾਂ ਉਸ ਦੀਆਂ ਹਦਾਇਤਾਂ ਦੀ ਪਾਲਣਾ ਕਰਦੀਆਂ ਹਨ। ਉਸ ਨੇ ਸੋਚਿਆ ਕਿ ਇਹ ਗੇਮ ਉਸੇ ਤਰ੍ਹਾਂ ਦੀ ਹੈ, ਜਿਸ ਤਰ੍ਹਾਂ ਦੀਆਂ ਉਹ ਬਚਪਨ ਵਿੱਚ ਖੇਡਦਾ ਹੁੰਦਾ ਸੀ। ਅਸਲ ਕਹਾਣੀ ਦਾ ਪਤਾ ਪੁਲਸ ਦੀ ਫਾਰੈਂਸਿਕ ਟੀਮ ਵੱਲੋਂ ਉਨ੍ਹਾਂ ਦੇ ਮੋਬਾਇਲਾਂ ਦੀ ਜਾਂਚ ਕਰਨ ਤੋਂ ਬਾਅਦ ਲੱਗਿਆ। ਉਸ ਨੇ ਕਿਹਾ, 'ਮੇਰੀ ਪਤਨੀ ਅੰਦਰਲੇ ਕਮਰੇ ਵਿੱਚ ਸੁੱਤੀ ਪਈ ਸੀ। ਕੁੜੀਆਂ ਪਾਣੀ ਪੀਣ ਦੇ ਬਹਾਨੇ ਉੱਠੀਆਂ ਤੇ ਬਾਲਕੋਨੀ ਤੋਂ ਛਾਲ ਮਾਰ ਦਿੱਤੀ।' ਪੁਲਸ ਅਧਿਕਾਰੀਆਂ ਮੁਤਾਬਕ ਕੁੜੀਆਂ ਖੁਦ ਨੂੰ ਕੋਰੀਅਨ ਰਾਜਕੁਮਾਰੀਆਂ ਸਮਝਣ ਲੱਗ ਪਈਆਂ ਸਨ।

ਪੁਲਸ ਨੂੰ ਮੌਕੇ ਤੋਂ ਇੱਕ ਸੁਸਾਈਡ ਨੋਟ ਮਿਲਿਆ, ਜਿਸ ਵਿੱਚ ਬੱਚੀਆਂ ਨੇ ਲਿਖਿਆ ਸੀ, 'ਮੰਮੀ, ਪਾਪਾ, ਸੌਰੀ। ਜਿਸ ਖੇਡ ਨੂੰ ਤੁਸੀਂ ਸਾਨੂੰ ਛੱਡਣ ਲਈ ਕਹਿ ਰਹੇ ਸੀ, ਹੁਣ ਤੁਹਾਨੂੰ ਪਤਾ ਲੱਗੇਗਾ ਕਿ ਅਸੀਂ ਉਸ ਨੂੰ ਕਿੰਨਾ ਪਿਆਰ ਕਰਦੇ ਸੀ।'

ਇਹ ਸਤਰਾਂ ਸਿਰਫ਼ ਇੱਕ ਨੋਟ ਨਹੀਂ ਹਨ, ਸਗੋਂ ਉਸ ਭਾਵਨਾਤਮਕ ਪਕੜ ਦੀ ਗਵਾਹੀ ਹਨ, ਜੋ ਕਈ ਆਨਲਾਈਨ ਗੇਮਾਂ ਬੱਚਿਆਂ ਦੇ ਮਨ 'ਤੇ ਬਣਾ ਲੈਂਦੀਆਂ ਹਨ।

ਇਸ ਘਟਨਾ ਨੇ ਸਮਾਜ ਦੇ ਸਾਹਮਣੇ ਜਿਹੜੇ ਸਵਾਲ ਖੜ੍ਹੇ ਕੀਤੇ ਹਨ, ਉਹ ਸਿਰਫ ਇੱਕ ਪਰਵਾਰ ਦੀ ਤ੍ਰਾਸਦੀ ਨਹੀਂ ਹੈ, ਇਹ ਉਸ ਡਿਜੀਟਲ ਦੌਰ ਦੀ ਚਿਤਾਵਨੀ ਹੈ, ਜਿੱਥੇ ਆਨਲਾਈਨ ਗੇਮਿੰਗ ਲਤ ਚੁੱਪਚਾਪ ਬੱਚਿਆਂ ਦੇ ਮਾਨਸਕ ਸਿਹਤ ਨੂੰ ਜਕੜ ਰਹੀ ਹੈ। ਮਾਹਰਾਂ ਮੁਤਾਬਕ ਬਹੁਤ ਜ਼ਿਆਦਾ ਗੇਮਿੰਗ ਚਿੜਚਿੜਾਪਨ ਅਤੇ ਡਿਪਰੈਸ਼ਨ ਵਧਾਉਂਦੀ ਹੈ, ਅਸਲ ਰਿਸ਼ਤਿਆਂ ਤੋਂ ਦੂਰੀ ਬਣਾਉਂਦੀ ਹੈ, ਪੜ੍ਹਾਈ ਅਤੇ ਨੀਂਦ ਨੂੰ ਪ੍ਰਭਾਵਤ ਕਰਦੀ ਹੈ ਅਤੇ ਭਾਵਨਾਤਮਕ ਫੈਸਲੇ ਲੈਣ ਦੀ ਸਮਰੱਥਾ ਨੂੰ ਕਮਜ਼ੋਰ ਕਰਦੀ ਹੈ। ਘਟਨਾ ਇਹ ਨਹੀਂ ਕਹਿੰਦੀ ਕਿ ਮਾਪੇ ਗਲਤ ਸਨ ਜਾਂ ਬੱਚੀਆਂ। ਇਹ ਦੱਸਦੀ ਹੈ ਕਿ ਸੰਵਾਦ ਦੀ ਕਮੀ, ਭਾਵਨਾਤਮਕ ਸਹਿਯੋਗ ਦੀ ਘਾਟ ਅਤੇ ਡਿਜੀਟਲ ਨਿਗਰਾਨੀ ਦੀ ਚੁਣੌਤੀ ਕਿੰਨੀ ਘਾਤਕ ਹੋ ਸਕਦੀ ਹੈ। ਬੱਚਿਆਂ ਨੂੰ ਡਰਾ ਕੇ ਨਹੀਂ, ਸਮਝਾ ਕੇ ਗੱਲ ਕਰਨ ਦੀ ਲੋੜ ਹੈ। ਇਸ ਘਟਨਾ ਨੇ ਦਰਸਾ ਦਿੱਤਾ ਕਿ ਗੇਮਿੰਗ ਨੂੰ ਪੂਰੀ ਤਰ੍ਹਾਂ ਬੰਦ ਕਰਨ ਦੀ ਬਜਾਏ ਸੰਤੁਲਨ ਸਿਖਾਉਣ ਦੀ ਅਤੇ ਮਾਨਸਕ ਸਿਹਤ ਨੂੰ ਓਨੀ ਹੀ ਅਹਿਮੀਅਤ ਦੇਣ ਦੀ ਲੋੜ ਹੈ, ਜਿੰਨੀ ਪੜ੍ਹਾਈ ਨੂੰ ਦਿੱਤੀ ਜਾਂਦੀ ਹੈ।

ਸਾਲ 2018 ਵਿੱਚ ਸੰਸਾਰ ਸਿਹਤ ਜਥੇਬੰਦੀ ਨੇ 'ਗੇਮਿੰਗ ਡਿਸਆਰਡਰ' ਨੂੰ ਅਧਿਕਾਰਤ ਤੌਰ 'ਤੇ ਮਾਨਸਕ ਸਿਹਤ ਸਥਿਤੀ ਵਜੋਂ ਮਾਨਤਾ ਦਿੱਤੀ ਸੀ। ਇਸ ਦਾ ਮਤਲਬ ਹੈ ਕਿ ਗੇਮ ਖੇਡਣ 'ਤੇ ਕੰਟਰੋਲ ਨਾ ਰਹਿਣਾ ਅਤੇ ਹੋਰ ਜ਼ਰੂਰੀ ਕੰਮਾਂ ਨਾਲੋਂ ਗੇਮ ਨੂੰ ਪਹਿਲ ਦੇਣਾ ਇੱਕ ਬਿਮਾਰੀ ਹੈ।

ਨੈਸ਼ਨਲ ਕਰਾਈਮ ਰਿਕਾਰਡ ਬਿਊਰੋ ਸਿੱਧੇ ਤੌਰ 'ਤੇ 'ਗੇਮਿੰਗ' ਕਾਰਨ ਹੋਈਆਂ ਮੌਤਾਂ ਦਾ ਵੱਖਰਾ ਡਾਟਾ ਨਹੀਂ ਰੱਖਦਾ, ਪਰ ਉਸ ਦੀ ਰਿਪੋਰਟ ਦੱਸਦੀ ਹੈ ਕਿ ਭਾਰਤ ਵਿੱਚ ਹਰ ਸਾਲ ਲਗਭਗ 12,000 ਤੋਂ 13,000 ਵਿਦਿਆਰਥੀ ਖੁਦਕੁਸ਼ੀ ਕਰਦੇ ਹਨ, ਜਿਨ੍ਹਾਂ ਵਿੱਚੋਂ ਇਮਤਿਹਾਨ ਦਾ ਦਬਾਅ ਅਤੇ ਨਿੱਜੀ ਕਾਰਨ (ਜਿਸ ਵਿੱਚ ਡਿਜੀਟਲ ਲਤ ਸ਼ਾਮਲ ਹੈ) ਮੁੱਖ ਹਨ।

# ਮੋਦੀ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਵਿਰੁੱਧ ਵਿਸ਼ਾਲ ਕਨਵੈਨਸ਼ਨ

## 12 ਦੀ ਦੇਸ਼-ਵਿਆਪੀ ਹੜਤਾਲ ਦੀ ਸਫਲਤਾ ਲਈ ਅਹਿਦ



**ਮਾਨਸਾ (ਆਤਮਾ ਸਿੰਘ ਪਮਾਰ)**
ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਜ਼ਦੂਰਾਂ, ਕਿਸਾਨਾਂ ਅਤੇ ਮੁਲਾਜ਼ਮਾਂ ਦੇ ਹੱਕਾਂ 'ਤੇ ਕੀਤੇ ਜਾ ਰਹੇ ਹਮਲਿਆਂ ਅਤੇ ਸੰਵਿਧਾਨ ਨੂੰ ਕਮਜ਼ੋਰ ਕਰਨ ਵਾਲੀਆਂ ਨੀਤੀਆਂ ਖ਼ਿਲਾਫ਼ ਸਥਾਨਕ ਬਾਬਾ ਬੂਝਾ ਸਿੰਘ ਭਵਨ ਵਿਖੇ ਇੱਕ ਅਹਿਮ ਸਾਂਝੀ ਕਨਵੈਨਸ਼ਨ ਕੀਤੀ ਗਈ।ਕਨਵੈਨਸ਼ਨ 'ਚ ਜ਼ਿਲ੍ਹੇ ਭਰ ਤੋਂ ਸੈਂਕੜੇ ਮਜ਼ਦੂਰਾਂ, ਕਿਸਾਨਾਂ ਅਤੇ ਮੁਲਾਜ਼ਮਾਂ ਨੇ ਸ਼ਮੂਲੀਅਤ ਕਰਦਿਆਂ 12 ਫਰਵਰੀ ਦੀ ਦੇਸ਼-ਵਿਆਪੀ ਹੜਤਾਲ ਨੂੰ ਇਤਿਹਾਸਕ ਤੌਰ 'ਤੇ ਸਫਲ ਬਣਾਉਣ ਦਾ ਐਲਾਨ ਕੀਤਾ।ਕਨਵੈਨਸ਼ਨ ਦੀ ਪ੍ਰਧਾਨਗੀ ਕਾ. ਕ੍ਰਿਸ਼ਨ ਚੌਹਾਨ ਏਟਕ, ਕਾ. ਰਾਜਵਿੰਦਰ ਸਿੰਘ ਰਾਣਾ (ਏਕਟੂ), ਕਾ. ਸਵਰਨਜੀਤ ਸਿੰਘ ਦਲਿਓਂ (ਸੀਟੂ), ਕਾ. ਲਾਲ ਚੰਦ (ਸੀ.ਟੀ.ਯੂ.) ਅਤੇ ਨਿਰਮਲ ਸਿੰਘ ਝੰਡੂਕੇ (ਸੰਯੁਕਤ ਕਿਸਾਨ ਮੋਰਚਾ) 'ਤੇ ਅਧਾਰਤ ਪ੍ਰਧਾਨਗੀ ਮੰਡਲ ਵੱਲੋਂ ਕੀਤੀ ਗਈ। ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਕਾ. ਕੁਲਵਿੰਦਰ ਸਿੰਘ ਉੱਡਤ ਏਟਕ ਅਤੇ ਵਿਜੈ ਕੁਮਾਰ ਭੀਖੀ (ਮਜ਼ਦੂਰ ਮੁਕਤੀ ਮੋਰਚਾ ਲਿਬਰੇਸ਼ਨ, ਪੰਜਾਬ) ਨੇ ਸਾਂਝੇ ਤੌਰ 'ਤੇ ਨਿਭਾਈ। ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਮੁੱਖ ਬੁਲਾਰਿਆਂ ਕਾ. ਨਿਰਮਲ ਸਿੰਘ ਧਾਲੀਵਾਲ ਸੂਬਾਈ ਜਨਰਲ ਸਕੱਤਰ ਏਟਕ, ਰੁਲਦੂ ਸਿੰਘ ਮਾਨਸਾ (ਸੰਯੁਕਤ ਕਿਸਾਨ ਮੋਰਚਾ), ਕਾ. ਹਰਦੇਵ ਸਿੰਘ ਅਰਸ਼ੀ, ਕਾ. ਵਿਜੈ ਕੁਮਾਰ ਭੀਖੀ, ਕਾ. ਮਹੀਪਾਲ ਸਿੰਘ ਬਠਿੰਡਾ (ਸੀ ਟੀ ਯੂ ਪੰਜਾਬ) ਅਤੇ ਕਾ. ਰਾਜਵਿੰਦਰ ਸਿੰਘ ਰਾਣਾ ਨੇ ਕਿਹਾ ਕਿ ਮੋਦੀ ਸਰਕਾਰ ਦੇਸ਼ ਦੇ ਜਨਤਕ ਅਦਾਰਿਆਂ ਅਤੇ ਕੁਦਰਤੀ ਸਾਧਨਾਂ ਨੂੰ ਦੇਸੀ-ਵਿਦੇਸ਼ੀ ਕਾਰਪੋਰੇਟ ਘਰਾਣਿਆਂ ਹਵਾਲੇ ਕਰਕੇ ਆਮ ਨਾਗਰਿਕਾਂ ਦੀ

• ਬਾਕੀ ਸਫਾ 2 'ਤੇ

# ਡਰਾਕਲ ਸਰਕਾਰ ਰਾਹੁਲ ਨੂੰ ਸੰਸਦ 'ਚ ਬੋਲਣ ਨਹੀਂ ਦੇ ਰਹੀ : ਪ੍ਰਿਅੰਕਾ

**ਨਵੀਂ ਦਿੱਲੀ** : ਪ੍ਰਿਅੰਕਾ ਗਾਂਧੀ ਵਾਡਰਾ ਨੇ ਬੁੱਧਵਾਰ ਦੋਸ਼ ਲਾਇਆ ਕਿ ਸਰਕਾਰ ਰਾਹੁਲ ਗਾਂਧੀ ਨੂੰ ਸੰਸਦ ਵਿੱਚ ਬੋਲਣ ਦੀ ਇਜਾਜ਼ਤ ਨਹੀਂ ਦੇ ਰਹੀ, ਕਿਉਂਕਿ ਉਹ ਡਰੀ ਹੋਈ ਹੈ। ਸਾਬਕਾ ਫੌਜ ਮੁਖੀ ਐੱਮ ਐੱਮ ਨਰਵਾਣੇ ਦੀ ਅਣਪ੍ਰਕਾਸ਼ਤ ਕਿਤਾਬ 'ਯਾਦਾਂ' ਇਸ ਗੱਲ ਦਾ ਖੁਲਾਸਾ ਕਰਦੀਆਂ ਹਨ ਕਿ ਜਦੋਂ ਚੀਨ ਸਾਡੀਆਂ ਸਰਹੱਦਾਂ 'ਤੇ ਸੀ ਤਾਂ ਦੇਸ਼ ਦੀ ਚੋਟੀ ਦੀ ਲੀਡਰਸ਼ਿਪ ਦੀ ਕੀ ਪ੍ਰਤੀਕਿਰਿਆ ਸੀ। ਉਨ੍ਹਾ ਕਿਹਾ ਕਿ ਜਦੋਂ ਭਾਜਪਾ ਆਗੂ ਬੋਲਦੇ ਹਨ ਤਾਂ ਉਹ ਵੀ ਕਿਤਾਬਾਂ, ਮੈਗਜ਼ੀਨਾਂ ਅਤੇ ਰਿਪੋਰਟਾਂ ਦਾ ਹਵਾਲਾ ਦਿੰਦੇ ਹਨ ਅਤੇ ਰਾਹੁਲ ਨੇ ਤਾਂ ਉਸ ਲੇਖ ਦੀ ਪੁਸ਼ਟੀ ਵੀ ਕਰ ਦਿੱਤੀ ਸੀ, ਜਿਸ ਦਾ ਉਹ ਹਵਾਲਾ ਦੇਣਾ ਚਾਹੁੰਦੇ ਸਨ।

ਸੰਸਦ ਭਵਨ ਕੰਪਲੈਕਸ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਿਅੰਕਾ ਗਾਂਧੀ ਨੇ ਕਿਹਾ ਕਿ ਅਜਿਹਾ ਨਹੀਂ ਕਿ ਚੀਨ, ਵਿਦੇਸ਼ੀ ਮਾਮਲਿਆਂ ਜਾਂ ਪਾਕਿਸਤਾਨ 'ਤੇ ਕਦੇ ਬਹਿਸ ਨਹੀਂ ਹੋਈ। ਕਿਤਾਬ ਵਿੱਚ ਅਜਿਹੀਆਂ ਗੱਲਾਂ ਹਨ, ਜੋ ਦੱਸਦੀਆਂ ਹਨ ਕਿ ਜਦੋਂ ਚੀਨ ਸਾਡੀ ਸਰਹੱਦ 'ਤੇ ਸੀ ਤਾਂ ਸੰਕਟ ਦੇ ਸਮੇਂ ਸਾਡੀ ਚੋਟੀ ਦੀ ਲੀਡਰਸ਼ਿਪ—ਸਾਡੇ ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ ਅਤੇ ਰੱਖਿਆ ਮੰਤਰੀ ਦੀ ਕੀ ਪ੍ਰਤੀਕਿਰਿਆ ਸੀ। ਉਨ੍ਹਾਂ ਕੀ ਕਿਹਾ ਅਤੇ ਕੀ ਕੀਤਾ। ਇਸ ਲਈ ਇਹ ਸਪੱਸ਼ਟ ਤੌਰ 'ਤੇ ਦਿਖਾਉਂਦਾ ਹੈ ਕਿ ਜਦੋਂ ਦੇਸ਼ 'ਤੇ ਹਮਲਾ ਹੋ ਰਿਹਾ ਸੀ, ਉਨ੍ਹਾਂ ਦਾ ਅਤੇ ਉਨ੍ਹਾਂ ਦੀ ਸਰਕਾਰ ਦਾ ਚਰਿੱਤਰ ਕੀ ਸੀ।

ਪ੍ਰਿਅੰਕਾ ਗਾਂਧੀ ਨੇ ਕਿਹਾ ਕਿ ਐਪਸਟੀਨ ਫਾਈਲਾਂ ਬਾਹਰ ਆ ਗਈਆਂ ਹਨ, ਜਿਸ ਵਿੱਚ ਕਈ ਗੱਲਾਂ ਦਿਖਾਉਂਦੀਆਂ ਹਨ ਕਿ ਕਿਵੇਂ ਸਰਕਾਰ ਨੇ ਕਥਿਤ ਤੌਰ 'ਤੇ ਇੱਕ ਦੋਸ਼ੀ ਸੈਕਸ ਟਰੈਫਿਕਰ ਅਤੇ ਬਾਲ ਜਿਨਸੀ ਅਪਰਾਧੀ ਨਾਲ ਸੰਪਰਕ ਕੀਤਾ।

• ਬਾਕੀ ਸਫਾ 2 'ਤੇ

# ਰਿਸ਼ਤੇਦਾਰ ਦੀ ਧੀ ਨੂੰ ਬਲੈਕਮੇਲ ਕਰਨ 'ਤੇ ਜਲੰਧਰ ਦੇ ਜੋੜੇ ਖਿਲਾਫ ਕੇਸ

**ਲੁਧਿਆਣਾ** : ਏ ਆਈ ਤਕਨੀਕ ਦੁਰਵਰਤੋਂ ਦੇ ਮਾਮਲੇ ਵਿੱਚ ਇੱਕ ਜੋੜੇ ਨੇ ਕਥਿਤ ਤੌਰ 'ਤੇ ਆਪਣੇ ਇੱਕ ਨਜ਼ਦੀਕੀ ਰਿਸ਼ਤੇਦਾਰ ਦੀ ਧੀ ਦੀਆਂ ਇਤਰਾਜ਼ਯੋਗ ਤਸਵੀਰਾਂ ਤਿਆਰ ਕੀਤੀਆਂ ਅਤੇ ਉਨ੍ਹਾਂ ਨੂੰ ਆਨਲਾਈਨ ਪਾਉਣ ਦੀ ਧਮਕੀ ਦੇ ਕੇ ਕੁੜੀ ਤੋਂ ਲੱਖਾਂ ਰੁਪਏ ਵਸੂਲੇ। ਜਦੋਂ ਕੁੜੀ ਦੇ ਪਿਤਾ ਨੂੰ ਇਸ ਮਾਮਲੇ ਦਾ ਪਤਾ ਲੱਗਾ ਤਾਂ ਉਸ ਨੇ ਪੁਲਸ ਡਵੀਜ਼ਨ 6 ਨੂੰ ਲਿਖਤੀ ਸ਼ਿਕਾਇਤ ਦਰਜ ਕਰਵਾਈ।

ਜਾਂਚ ਅਧਿਕਾਰੀ ਇੰਸਪੈਕਟਰ ਜਤਿੰਦਰ ਕੁਮਾਰ ਨੇ ਦੱਸਿਆ ਕਿ ਪੂਰੀ ਜਾਂਚ ਤੋਂ ਬਾਅਦ ਪੁਲਸ ਨੇ ਜਲੰਧਰ ਦੇ ਰਹਿਣ ਵਾਲੇ ਰਾਘਵ ਅਤੇ ਉਸ ਦੀ ਪਤਨੀ ਸਿਮਰਨਜੀਤ ਕੌਰ ਉਰਫ ਸਿਮਰਨ ਖਿਲਾਫ ਭਾਰਤੀ ਨਿਆਂ ਸੰਹਿਤਾ ਅਤੇ ਆਈ ਟੀ ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਉਨ੍ਹਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਪੀੜਤ ਕੁੜੀ, ਜੋ ਕਿ ਇੱਕ ਵਿਦਿਆਰਥਣ ਹੈ, ਨੇ ਪੁਲਸ ਨੂੰ ਦੱਸਿਆ ਕਿ ਰਾਘਵ ਅਤੇ ਉਸ ਦੀ ਪਤਨੀ ਉਸ ਦੇ ਨਜ਼ਦੀਕੀ ਰਿਸ਼ਤੇਦਾਰ ਸਨ। ਉਨ੍ਹਾਂ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਦੀ ਦੁਰਵਰਤੋਂ ਕਰਕੇ ਉਸ ਦੀਆਂ ਜਾਲ੍ਹੀ ਅਤੇ ਇਤਰਾਜ਼ਯੋਗ ਤਸਵੀਰਾਂ ਤਿਆਰ ਕੀਤੀਆਂ। ਇਨ੍ਹਾਂ ਤਸਵੀਰਾਂ ਰਾਹੀਂ ਉਨ੍ਹਾਂ ਨੇ ਲੱਖਾਂ ਰੁਪਏ ਦੀ ਉਗਰਾਹੀ ਕੀਤੀ। ਪੈਸੇ ਦੇਣ ਦੇ ਬਾਵਜੂਦ ਆਖਰਕਾਰ ਉਨ੍ਹਾਂ ਤਸਵੀਰਾਂ ਵਾਇਰਲ ਕਰ ਦਿੱਤੀਆਂ।

# ਏਮਜ਼ ਬਠਿੰਡਾ ਦੇ ਡਾਕਟਰਾਂ ਦੁਰਲੱਭ ਰੋਗ ਦਾ ਸ਼ਿਕਾਰ ਨਵਜੰਮਿਆ ਬਚਾਇਆ

**ਬਠਿੰਡਾ** : ਏਮਜ਼ ਬਠਿੰਡਾ ਦੇ ਬਾਲ ਸਰਜਰੀ ਵਿਭਾਗ ਨੇ ਪਿਸ਼ਾਬ ਨਾਲੀ ਦੀ ਇੱਕ ਦੁਰਲੱਭ ਅਤੇ ਗੁੰਝਲਦਾਰ ਸਮੱਸਿਆ ਤੋਂ ਪੀੜਤ ਨਵਜੰਮੇ ਬੱਚੇ ਦਾ ਸਫਲਤਾਪੂਰਵਕ ਇਲਾਜ ਕੀਤਾ ਹੈ। ਬੱਚਾ ਸਿਰਫ ਇੱਕ ਕੰਮ ਕਰਨ ਵਾਲੇ ਗੁਰਦੇ ਨਾਲ ਪੈਦਾ ਹੋਇਆ ਸੀ, ਜਿਸ ਵਿੱਚ ਵੀ ਰੁਕਾਵਟਾਂ ਸਨ, ਜੋ ਪਿਸ਼ਾਬ ਦੇ ਆਮ ਪ੍ਰਵਾਹ ਨੂੰ ਰੋਕ ਰਹੀਆਂ ਸਨ। ਉਹ ਰੀਨਲ ਫਾਇਬ੍ਰੋ-ਮਸਕੂਲਰ ਡਿਸਪਲੇਸ਼ੀਆ ਨਾਲ ਪ੍ਰਭਾਵਤ ਸੀ।

ਕਾਰਜਕਾਰੀ ਨਿਰਦੇਸ਼ਕ ਪ੍ਰੋ. (ਡਾ.) ਰਤਨ ਗੁਪਤਾ ਦੀ ਰਹਿਨੁਮਾਈ ਹੇਠ ਡਾਕਟਰਾਂ ਨੇ ਸ਼ੁਰੂਆਤੀ ਪੜਾਅ ਵਿੱਚ ਹੀ ਸਮੱਸਿਆ ਦਾ ਪਤਾ ਲਗਾ ਲਿਆ ਅਤੇ ਗੁਰਦੇ ਦੀ ਰੱਖਿਆ ਲਈ ਜਨਮ ਤੋਂ ਪਹਿਲੇ ਦਿਨ ਹੀ ਇੱਕ ਐਮਰਜੈਂਸੀ ਪ੍ਰਕਿਰਿਆ ਸ਼ੁਰੂ ਕੀਤੀ। ਜ਼ਿਕਰਯੋਗ ਹੈ ਕਿ ਗਰਭ ਅਵਸਥਾ ਦੌਰਾਨ ਹੀ ਯੂਰੇਟਰੋ-ਪੈਲਵਿਕ ਜੰਕਸ਼ਨ ਵਿੱਚ ਰੁਕਾਵਟ ਅਤੇ ਮੱਧ ਯੂਰੇਟਰ ਵਿੱਚ ਤੰਗੀ ਦੀ ਪਛਾਣ ਹੋ ਚੁੱਕੀ ਸੀ।

ਬਾਅਦ ਵਿੱਚ ਡਾਕਟਰਾਂ ਨੇ ਇੱਕ ਸੁਧਾਰਾਤਮਕ ਸਰਜਰੀ ਕੀਤੀ ਅਤੇ ਪਿਸ਼ਾਬ ਨੂੰ ਸਹੀ ਢੰਗ ਨਾਲ ਬਾਹਰ ਕੱਢਣ ਲਈ ਇੱਕ ਛੋਟੀ ਟਿਊਬ (ਡੀਜੇ ਸਟੈਂਟ) ਪਾਈ। ਇੱਕ ਹਫਤੇ ਬਾਅਦ ਬੱਚੇ ਨੂੰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ ਅਤੇ ਛੇ ਹਫਤਿਆਂ ਬਾਅਦ ਸਟੈਂਟ ਨੂੰ ਸੁਰੱਖਿਅਤ ਢੰਗ ਨਾਲ ਹਟਾ ਦਿੱਤਾ ਗਿਆ।

ਏਮਜ਼ ਬਠਿੰਡਾ ਦੇ ਅਨੁਸਾਰ ਬੱਚਾ ਹੁਣ ਸਿਹਤਮੰਦ ਹੈ ਅਤੇ ਆਮ ਜੀਵਨ ਬਤੀਤ ਕਰ ਰਿਹਾ ਹੈ। ਇਹ ਇਲਾਜ ਡਾ. ਨਵਦੀਪ ਸਿੰਘ ਢੋਟ ਅਤੇ ਪੀਡੀਆਟ੍ਰਿਕ ਸਰਜਰੀ ਟੀਮ ਵੱਲੋਂ ਐਨਸਥੀਟਿਸਟ ਡਾ. ਅੰਜੂ ਗਰੇਵਾਲ, ਨਿਓਨੈਟੋਲੋਜਿਸਟ ਡਾ. ਮਨੀਸ਼ ਅਤੇ ਨਰਸਿੰਗ ਤੇ ਅਪਰੇਟਿੰਗ

• ਬਾਕੀ ਸਫਾ 2 'ਤੇ

## ਉਡਦੇ ਜਹਾਜ਼ ਦੇ ਇੰਜਣ 'ਚ ਅੱਗ

**ਕੋਲਕਾਤਾ** : ਬੁੱਧਵਾਰ ਦੁਪਹਿਰ ਕਾਠਮੰਡੂ ਤੋਂ ਇਸਤੰਬੁਲ ਜਾ ਰਹੇ ਟਰਕਿਸ਼ ਏਅਰਲਾਈਨ ਦੇ ਇੱਕ ਵੱਡੇ ਜਹਾਜ਼ (ਏਅਰਬੱਸ 330-300) ਦੇ ਸੱਜੇ ਇੰਜਣ ਵਿੱਚ ਅਚਾਨਕ ਅੱਗ ਲੱਗਣ ਕਾਰਨ ਦਹਿਸ਼ਤ ਫੈਲ ਗਈ। ਉਦੋਂ ਉਹ ਭਾਰਤੀ ਹਵਾਈ ਖੇਤਰ ਵਿੱਚ ਉਡਾਣ ਭਰ ਰਿਹਾ ਸੀ। ਪਾਇਲਟ ਨੇ ਤੁਰੰਤ 'ਪੈਨ-ਪੈਨ' ਕਾਲ ਕਰਕੇ ਐਮਰਜੈਂਸੀ ਸਹਾਇਤਾ ਮੰਗੀ।

ਜਹਾਜ਼ ਨੂੰ ਤੁਰੰਤ ਕੋਲਕਾਤਾ ਦੇ ਨੇਤਾ ਜੀ ਸੁਭਾਸ਼ ਚੰਦਰ ਬੋਸ ਕੌਮਾਂਤਰੀ ਹਵਾਈ ਅੱਡੇ ਵੱਲ ਮੋੜ ਦਿੱਤਾ ਗਿਆ। ਜਹਾਜ਼ ਵਿੱਚ 236 ਲੋਕ ਸਵਾਰ ਸਨ। ਖੁਸ਼ਕਿਸਮਤੀ ਰਹੀ ਕਿ ਦੁਪਹਿਰ 1:51 ਵਜੇ ਤੱਕ ਅੱਗ 'ਤੇ ਕਾਬੂ ਪਾ ਲਿਆ ਗਿਆ ਸੀ ਅਤੇ ਜਹਾਜ਼ ਨੇ ਇੱਕ ਇੰਜਣ ਬੰਦ ਹੋਣ ਦੇ ਬਾਵਜੂਦ ਦੁਪਹਿਰ 2:31 ਵਜੇ ਕੋਲਕਾਤਾ ਹਵਾਈ ਅੱਡੇ 'ਤੇ ਸੁਰੱਖਿਅਤ ਲੈਂਡਿੰਗ ਕੀਤੀ ਗਈ।

## ਮੁਫਤ ਸਫਰ ਸਮਾਰਟ ਕਾਰਡ ਨਾਲ ?

**ਚੰਡੀਗੜ੍ਹ** : ਪੰਜਾਬ ਵਿੱਚ ਮੁਫਤ ਬੱਸ ਯਾਤਰਾ ਸਕੀਮ ਲਈ ਆਧਾਰ ਕਾਰਡ ਦੀ ਥਾਂ ਸਮਾਰਟ ਕਾਰਡ ਵਰਤਣ ਜਾ ਰਿਹਾ ਹੈ। ਟਰਾਂਸਪੋਰਟ ਵਿਭਾਗ ਸਮਾਰਟ ਕਾਰਡ ਨੂੰ ਪੜ੍ਹਨ ਲਈ ਹੱਥ ਨਾਲ ਵਰਤੇ ਜਾਣ ਵਾਲੇ ਯੰਤਰ ਖਰੀਦਣ ਲਈ ਟੈਂਡਰ ਜਾਰੀ ਕਰ ਰਿਹਾ ਹੈ। ਸਮਾਰਟ ਕਾਰਡ ਅਗਲੇ ਦੋ ਮਹੀਨਿਆਂ ਵਿੱਚ ਜਾਰੀ ਹੋਣ ਦੀ ਸੰਭਾਵਨਾ ਹੈ। ਸਾਰੀਆਂ ਔਰਤਾਂ ਆਪਣੇ ਪਛਾਣ ਪੱਤਰ ਨਾਲ ਇਸ ਯੋਜਨਾ ਦਾ ਲਾਭ ਲੈ ਸਕਦੀਆਂ ਹਨ। ਸਿਹਤ ਵਿਭਾਗ, ਜੋ ਸਮਾਰਟ ਕਾਰਡ ਜਾਰੀ ਕਰਨ ਲਈ ਜ਼ਿੰਮੇਵਾਰ ਹੈ, ਲਾਭਪਾਤਰੀਆਂ ਦੀ ਜਾਂਚ ਕਰ ਰਿਹਾ ਹੈ। ਸਰਕਾਰੀ ਅਧਿਕਾਰੀ ਦੱਸਦੇ ਹਨ ਕਿ ਸਮਾਰਟ ਕਾਰਡ ਨਾਲ ਮੁਫਤ ਯਾਤਰਾ ਦਾ ਲਾਭ ਲੈਣ ਵਾਲੀਆਂ ਔਰਤਾਂ ਦਾ ਅਸਲ-ਸਮੇਂ ਡਾਟਾ ਮਿਲੇਗਾ, ਜੋ ਸੂਬਾ ਸਰਕਾਰ ਕੋਲ ਦਰਜ ਹੈ।

## ਜੈਸ਼ ਕਮਾਂਡਰ ਸਣੇ ਦੋ ਦਹਿਸ਼ਤਗਰਦ ਮਾਰੇ

**ਜੰਮੂ** : ਊਧਮਪੁਰ ਜ਼ਿਲ੍ਹੇ ਵਿੱਚ ਬੁੱਧਵਾਰ ਇੱਕ ਗੁਫਾ ਦੇ ਅੰਦਰ ਫਸੇ ਜੈਸ਼-ਏ-ਮੁਹੰਮਦ ਦੇ ਇੱਕ ਚੋਟੀ ਦੇ ਕਮਾਂਡਰ ਸਮੇਤ ਦੋ ਪਾਕਿਸਤਾਨੀ ਦਹਿਸ਼ਤਗਰਦ ਮਾਰੇ ਗਏ। ਅਧਿਕਾਰੀਆਂ ਨੇ ਦੱਸਿਆ ਕਿ ਦੁਪਹਿਰ ਵੇਲੇ ਜਦੋਂ ਸੁਰੱਖਿਆ ਬਲਾਂ ਨੇ ਗੁਫਾ 'ਤੇ ਹਮਲਾ ਕੀਤਾ ਤਾਂ ਕਈ ਜ਼ੋਰਦਾਰ ਧਮਾਕਿਆਂ ਦੀ ਆਵਾਜ਼ ਸੁਣਾਈ ਦਿੱਤੀ। ਮਾਰੇ ਜਾਣ ਵਾਲਿਆਂ ਵਿੱਚੋਂ ਇੱਕ ਦੀ ਪਛਾਣ ਰੁਬਾਨੀ ਉਰਫ ਅਬੂ ਮਾਵੀਆ ਵਜੋਂ ਹੋਈ ਹੈ, ਜੋ ਜੈਸ਼-ਏ-ਮੁਹੰਮਦ ਦਾ ਚੋਟੀ ਦਾ ਕਮਾਂਡਰ ਸੀ ਅਤੇ ਪਿਛਲੇ ਕਈ ਸਾਲਾਂ ਤੋਂ ਇਸ ਇਲਾਕੇ ਵਿੱਚ ਸਰਗਰਮ ਸੀ। ਦਹਿਸ਼ਤਗਰਦਾਂ ਨਾਲ ਜਵਾਨਾਂ ਦਾ ਮੁਕਾਬਲਾ ਮੰਗਲਵਾਰ ਸ਼ਾਮ ਕਰੀਬ 4 ਵਜੇ ਰਾਮਨਗਰ-ਬਸੰਤਗੜ੍ਹ ਦੇ ਉੱਚੇ ਇਲਾਕਿਆਂ ਵਿੱਚ ਤਲਾਸ਼ੀ ਮੁਹਿੰਮ ਦੌਰਾਨ ਸ਼ੁਰੂ ਹੋਇਆ ਸੀ ਤੇ 20 ਘੰਟੇ ਚੱਲਿਆ।

# '.ਗੱਦਾਰ ਦੋਸਤ' ਨੂੰ ਲੈ ਕੇ ਮਚਿਆ .ਗਦਰ



**ਨਵੀਂ ਦਿੱਲੀ** : ਕਾਂਗਰਸ ਦੇ ਸੰਸਦ ਮੈਂਬਰਾਂ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਅਮਰੀਕਾ ਨਾਲ ਵਪਾਰ ਸਮਝੌਤਾ ਕਰਨ ਵੇਲੇ ਦੇਸ਼ ਦੇ ਹਿੱਤ ਵੇਚਣ ਦਾ ਦੋਸ਼ ਲਾਉਂਦਿਆਂ ਬੁੱਧਵਾਰ ਸੰਸਦ ਦੇ ਗੇਟ 'ਤੇ ਪ੍ਰਦਰਸ਼ਨ ਦੌਰਾਨ ਰਾਹੁਲ ਗਾਂਧੀ ਅਤੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਵਿਚਕਾਰ ਤਿੱਖੀ ਤਕਰਾਰ ਹੋ ਗਈ।

ਕਾਂਗਰਸੀ ਸੰਸਦ ਮੈਂਬਰ ਸੰਸਦ ਦੇ ਬਾਹਰ ਹੱਥਾਂ ਵਿੱਚ ਤਖਤੀਆਂ ਫੜ ਕੇ ਇਕੱਠੇ ਹੋਏ ਸਨ। ਇਸ ਦੌਰਾਨ ਜਦੋਂ ਬਿੱਟੂ ਕੋਲੋਂ ਲੰਘੇ, ਤਾਂ ਰਾਹੁਲ ਗਾਂਧੀ ਨੇ ਉਨ੍ਹਾ ਵੱਲ ਇਸ਼ਾਰਾ ਕਰਦਿਆਂ 'ਗ਼ੱਦਾਰ ਦੋਸਤ' ਕਹਿ ਦਿੱਤਾ। ਰਾਹੁਲ ਨੇ ਫਿਰ ਵਿਅੰਗਮਈ ਢੰਗ ਨਾਲ ਬਿੱਟੂ ਵੱਲ ਹੱਥ ਵਧਾਇਆ ਅਤੇ ਕਿਹਾ ਕਿ ਉਹ ਆਖਰਕਾਰ ਕਾਂਗਰਸ ਵਿੱਚ ਵਾਪਸ ਆਉਣਗੇ। ਬਿੱਟੂ ਨੇ ਹੱਥ ਮਿਲਾਉਣ ਤੋਂ ਇਨਕਾਰ ਕਰ ਦਿੱਤਾ ਅਤੇ ਗੁੱਸੇ ਵਿੱਚ ਜਵਾਬ ਦਿੰਦਿਆਂ ਰਾਹੁਲ 'ਤੇ ਦੇਸ਼ ਦੇ ਖਿਲਾਫ ਹੋਣ ਦਾ ਦੋਸ਼ ਲਾਇਆ। ਦੋਵਾਂ ਨੂੰ ਕੁਝ ਦੇਰ ਲਈ ਤਿੱਖੇ ਸ਼ਬਦਾਂ ਦਾ ਆਦਾਨ-ਪ੍ਰਦਾਨ ਕਰਦੇ ਦੇਖਿਆ ਗਿਆ। ਇਸ ਜ਼ਬਾਨੀ ਜੰਗ ਨੇ ਪ੍ਰਦਰਸ਼ਨ ਦੇ ਮਾਹੌਲ ਨੂੰ ਹੋਰ ਗਰਮਾ ਦਿੱਤਾ। ਇਹ ਟਕਰਾਅ ਮੰਗਲਵਾਰ ਲੋਕ ਸਭਾ ਵਿੱਚ ਸੈਸ਼ਨ ਦੇ ਬਾਕੀ ਰਹਿੰਦੇ ਸਮੇਂ ਲਈ ਅੱਠ ਵਿਰੋਧੀ ਸੰਸਦ ਮੈਂਬਰਾਂ ਦੀ ਮੁਅੱਤਲੀ ਤੋਂ ਬਾਅਦ ਵਧੇ ਤਣਾਅ ਦੇ ਵਿਚਕਾਰ ਹੋਇਆ।

ਇਸੇ ਦੌਰਾਨ ਰਾਹੁਲ ਦੀ ਬਿੱਟੂ ਬਾਰੇ ਟਿੱਪਣੀ ਨੇ ਇੱਕ ਵੱਡਾ ਸਿਆਸੀ ਹੰਗਾਮਾ ਖੜ੍ਹਾ ਕਰ ਦਿੱਤਾ ਹੈ। ਸੱਤਾਧਾਰੀ ਭਾਜਪਾ ਨੇ ਰਾਹੁਲ ਗਾਂਧੀ ਵਿਰੁੱਧ ਕਾਰਵਾਈ ਦੀ ਮੰਗ ਕੀਤੀ ਹੈ। ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਕਿਹਾ ਕਿ ਜਿਸ ਤਰ੍ਹਾਂ ਰਾਹੁਲ ਨੇ ਇੱਕ ਸੰਸਦ ਮੈਂਬਰ ਅਤੇ ਸਤਿਕਾਰਤ ਸਿੱਖ ਆਗੂ ਸਰਦਾਰ ਰਵਨੀਤ ਸਿੰਘ ਬਿੱਟੂ ਨੂੰ 'ਗ਼ੱਦਾਰ' ਕਹਿ ਕੇ ਸੰਬੋਧਨ ਕੀਤਾ, ਉਸ ਨੇ ਸੱਭਿਅਤਾ, ਸ਼ਾਲੀਨਤਾ ਅਤੇ ਮਰਿਆਦਾ ਦੀਆਂ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ ਹਨ। ਪੁਰੀ ਨੇ ਕਿਹਾ, "ਇਹ ਪੂਰੀ

• ਬਾਕੀ ਸਫਾ 2 'ਤੇ

# ਮਮਤਾ ਨੇ ਚੋਣ ਕਮਿਸ਼ਨ ਨੂੰ ਨੋਟਿਸ ਕਢਵਾਇਆ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਬੁੱਧਵਾਰ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਦੀ ਉਸ ਪਟੀਸ਼ਨ 'ਤੇ ਚੋਣ ਕਮਿਸ਼ਨ ਨੂੰ ਨੋਟਿਸ ਜਾਰੀ ਕੀਤਾ, ਜਿਸ ਵਿੱਚ ਰਾਜ ਵਿੱਚ ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਮੁੜ ਸੁਧਾਈ (ਐੱਸ ਆਈ ਆਰ) ਨੂੰ ਚੁਣੌਤੀ ਦਿੱਤੀ ਗਈ ਹੈ। ਇਹ ਪਹਿਲੀ ਵਾਰ ਹੈ, ਜਦੋਂ ਕਿਸੇ ਰਾਜ ਦੇ ਮੌਜੂਦਾ ਮੁੱਖ ਮੰਤਰੀ ਨੇ ਨਿੱਜੀ ਤੌਰ 'ਤੇ ਸੁਪਰੀਮ ਕੋਰਟ ਵਿੱਚ ਪੇਸ਼ ਹੋ ਕੇ ਆਪਣੀਆਂ ਦਲੀਲਾਂ ਪੇਸ਼ ਕੀਤੀਆਂ।

ਚੀਫ ਜਸਟਿਸ ਸੂਰੀਆ ਕਾਂਤ, ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਵਿਪੁਲ ਪੰਚੋਲੀ ਦੀ ਬੈਂਚ ਨੇ ਐੱਸ ਆਈ ਆਰ ਨਾਲ ਸੰਬੰਧਤ ਮੁੱਦਿਆਂ 'ਤੇ ਪੱਛਮੀ ਬੰਗਾਲ ਸਰਕਾਰ ਦੀ ਪਟੀਸ਼ਨ 'ਤੇ ਵੀ ਚੋਣ ਕਮਿਸ਼ਨ ਨੂੰ ਨੋਟਿਸ ਜਾਰੀ ਕੀਤਾ ਅਤੇ ਮਾਮਲੇ ਦੀ ਅਗਲੀ ਸੁਣਵਾਈ ਸੋਮਵਾਰ ਲਈ ਤੈਅ ਕੀਤੀ। ਚੀਫ ਜਸਟਿਸ ਨੇ ਕਿਹਾ, 'ਦੋਵਾਂ ਪਟੀਸ਼ਨਾਂ 'ਤੇ ਨੋਟਿਸ ਜਾਰੀ ਕਰੋ।'

ਬੈਨਰਜੀ ਨੇ ਬੈਂਚ ਨੂੰ ਕਿਹਾ, 'ਕਿਰਪਾ ਕਰਕੇ ਲੋਕਾਂ ਦੇ ਅਧਿਕਾਰਾਂ ਦੀ ਰਾਖੀ ਕਰੋ। ਅਸੀਂ (ਤੁਹਾਡੇ) ਧੰਨਵਾਦੀ ਹਾਂ।' ਉਨ੍ਹਾ ਸ਼ਿਕਾਇਤ ਕੀਤੀ ਕਿ ਚੋਣ ਕਮਿਸ਼ਨ ਐੱਸ ਆਈ ਆਰ ਅਭਿਆਸ ਦੌਰਾਨ ਡੋਮਿਸਾਈਲ (ਰਿਹਾਇਸ਼ੀ) ਸਰਟੀਫਿਕੇਟ ਸਵੀਕਾਰ ਨਹੀਂ ਕਰ ਰਿਹਾ। ਬੈਂਚ ਨੇ ਚੋਣ ਕਮਿਸ਼ਨ ਨੂੰ ਕਿਹਾ ਕਿ ਨਾਵਾਂ ਦੇ ਮੇਲ ਨਾ ਹੋਣ ਦੇ ਆਧਾਰ 'ਤੇ ਵੋਟਰਾਂ ਨੂੰ ਨੋਟਿਸ ਭੇਜਣ ਵੇਲੇ ਸਾਵਧਾਨੀ ਵਰਤੀ ਜਾਵੇ। ਅਦਾਲਤ ਨੇ ਨੋਬਲ ਪੁਰਸਕਾਰ ਜੇਤੂ ਅਮਰਤਿਆ ਸੇਨ ਨੂੰ ਚੋਣ ਕਮਿਸ਼ਨ ਵੱਲੋਂ ਜਾਰੀ ਕੀਤੇ ਨੋਟਿਸ ਦੇ ਸੰਦਰਭ ਵਿੱਚ ਕਿਹਾ, 'ਕਿਰਪਾ ਕਰਕੇ ਨੋਟਿਸ ਸਾਵਧਾਨੀ

• ਬਾਕੀ ਸਫਾ 2 'ਤੇ

# ਅਧਿਆਪਕਾ ਨੂੰ ਸਵਾ ਤਿੰਨ ਸਾਲ ਦੀ ਸਜ਼ਾ

**ਗਾਂਧੀਨਗਰ** : ਐਡੀਸ਼ਨਲ ਚੀਫ ਜੁਡੀਸ਼ੀਅਲ ਮੈਜਿਸਟਰੇਟ ਹਿਮਾਂਸ਼ੂ ਚੌਧਰੀ ਨੇ ਹੋਮਵਰਕ ਪੂਰਾ ਨਾ ਕਰਨ 'ਤੇ ਨੌਵੀਂ ਜਮਾਤ ਦੀ ਵਿਦਿਆਰਥਣ ਨੂੰ ਥੱਪੜ ਮਾਰਨ ਵਾਲੀ ਸਕੂਲ ਅਧਿਆਪਕਾ ਨੂੰ ਸਵਾ ਤਿੰਨ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਹੈ। ਕੁੜੀ ਦੇ ਖੱਬੇ ਕੰਨ ਦਾ ਪਰਦਾ ਫਟ ਗਿਆ ਸੀ। ਫਾਜ਼ਲ ਜੱਜ ਨੇ ਕਿਹਾ ਕਿ ਸਾਢੇ ਚਾਰ ਸਾਲ ਬਾਅਦ ਵੀ ਕੁੜੀ ਦਾ ਇਲਾਜ ਚੱਲ ਰਿਹਾ ਹੈ। ਉਨ੍ਹਾ ਅਧਿਆਪਕਾ ਪਾਰੁਲਬੇਨ ਪਟੇਲ ਨੂੰ ਦੋਸ਼ੀ ਕਰਾਰ ਦਿੰਦੇ ਹੋਏ ਤਿੰਨ ਸਾਲ ਤਿੰਨ ਮਹੀਨੇ ਦੀ ਕੈਦ ਦੀ ਸਜ਼ਾ ਸੁਣਾਈ। ਇਸ ਦੇ ਨਾਲ ਹੀ ਉਸ 'ਤੇ 50 ਹਜ਼ਾਰ ਰੁਪਏ ਦਾ ਜੁਰਮਾਨਾ ਵੀ ਲਗਾਇਆ ਹੈ, ਇਹ ਘਟਨਾ 1 ਜਨਵਰੀ 2020 ਨੂੰ ਗਾਂਧੀਨਗਰ ਦੇ ਨਿੱਜੀ ਸਕੂਲ ਵਿੱਚ ਵਾਪਰੀ ਸੀ। ਅਧਿਆਪਕਾ ਨੇ ਦਾਅਵਾ ਕੀਤਾ ਸੀ ਕਿ ਬੱਚੀ ਹੋਮਵਰਕ ਨਹੀਂ ਕਰਦੀ ਸੀ ਅਤੇ ਮਾਪਿਆਂ ਨੇ ਝੂਠਾ ਕੇਸ ਦਰਜ ਕਰਵਾਇਆ ਹੈ, ਪਰ ਅਦਾਲਤ ਨੇ ਡਾਕਟਰੀ ਗਵਾਹਾਂ ਅਤੇ ਸਬੂਤਾਂ ਦੇ ਅਧਾਰ 'ਤੇ ਅਧਿਆਪਕਾ ਨੂੰ ਦੋਸ਼ੀ ਮੰਨਿਆ। ਅਧਿਆਪਕਾ ਦੇ ਵਕੀਲ ਨੇ ਕੈਂਸਰ ਦੀ ਬਿਮਾਰੀ ਦਾ ਹਵਾਲਾ ਦਿੰਦੇ ਹੋਏ ਸਜ਼ਾ ਵਿੱਚ ਨਰਮੀ ਦੀ ਮੰਗ ਕੀਤੀ ਸੀ ਪਰ ਅਦਾਲਤ ਨੇ ਕਿਹਾ ਕਿ ਅਜਿਹੇ ਗੰਭੀਰ ਅਪਰਾਧ ਵਿੱਚ ਨਰਮੀ ਵਰਤਣਾ ਬੱਚਿਆਂ ਦੀ ਸੁਰੱਖਿਆ ਦੇ ਉਦੇਸ਼ ਨੂੰ ਨਜ਼ਰਅੰਦਾਜ਼ ਕਰਨ ਵਰਗਾ ਹੋਵੇਗਾ ਅਤੇ ਕੈਂਸਰ ਸੰਬੰਧੀ ਕੋਈ ਦਸਤਾਵੇਜ਼ੀ ਸਬੂਤ ਵੀ ਪੇਸ਼ ਨਹੀਂ ਕੀਤੇ ਗਏ।

# ਮੌਜੂਦਾ ਹਾਲਤਾਂ ਨਾਲ ਨਜਿੱਠਣ ਲਈ ਕਮਿਊਨਿਸਟਾਂ ਦਾ ਏਕਾ ਜ਼ਰੂਰੀ : ਜਗਰੂਪ, ਆਸਲ

## ਮੋਗਾ ਜ਼ਿਲ੍ਹਾ ਕਾਨਫਰੰਸ 'ਚ ਕੁਲਦੀਪ ਭੋਲਾ ਸਕੱਤਰ, ਡਾ. ਇੰਦਰਵੀਰ ਗਿੱਲ ਤੇ ਗੁਰਦਿੱਤ ਦੀਨਾ ਸਹਾਇਕ ਸਕੱਤਰ ਚੁਣੇ ਗਏ



**ਮੋਗਾ (ਇਕਬਾਲ ਸਿੰਘ ਖਹਿਰਾ)**
ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਦਾ ਜ਼ਿਲ੍ਹਾ ਪੱਧਰੀ ਅਜਲਾਸ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਇਨਕਲਾਬੀ ਜੋਸ਼ੋ-ਖਰੋਸ਼ ਨਾਲ ਸੰਪੰਨ ਹੋਇਆ। ਅਜਲਾਸ ਵਿੱਚ ਸੂਬਾਈ ਅਬਜ਼ਰਵਰ ਦੇ ਤੌਰ 'ਤੇ ਕਾਮਰੇਡ ਜਗਰੂਪ ਅਤੇ ਅਮਰਜੀਤ ਸਿੰਘ ਆਸਲ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਸਮੇਂ ਝੰਡਾ ਲਹਿਰਾਉਣ ਦੀ ਰਸਮ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾਈ ਆਗੂ ਜਗਦੀਸ਼ ਸਿੰਘ ਚਾਹਲ ਵੱਲੋਂ ਇਨਕਲਾਬੀ ਨਾਅਰਿਆਂ ਦੀ ਗੂੰਜ ਵਿੱਚ ਕੀਤੀ ਗਈ। ਇਹ ਕਾਨਫਰੰਸ ਸੂਬਾਈ ਆਗੂ ਜਗਜੀਤ ਸਿੰਘ ਧੂੜਕੋਟ, ਜਗਦੀਸ਼ ਸਿੰਘ ਚਾਹਲ ਅਤੇ ਕਰਮਵੀਰ ਬੱਧਨੀ ਦੀ ਪ੍ਰਧਾਨਗੀ ਹੇਠ ਸ਼ੁਰੂ ਹੋਈ। ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸੂਬਾਈ ਅਬਜ਼ਰਵਰਾਂ ਨੇ ਕਿਹਾ ਕਿ ਦੇਸ਼ ਵਿੱਚ ਜਿਸ ਤਰੀਕੇ ਦੇ ਹਾਲਾਤ ਬਣੇ ਹੋਏ ਹਨ, ਇਹਨਾਂ ਨਾਲ ਨਜਿੱਠਣ ਲਈ ਕਮਿਊਨਿਸਟਾਂ ਦਾ ਏਕਾ ਅੱਜ ਦੇ ਸਮੇਂ ਦੀ ਅਹਿਮ ਲੋੜ ਹੈ। ਉਹਨਾਂ ਕਿਹਾ ਕਿ ਅੱਜ ਦੁਨੀਆ ਏ ਆਈ (ਆਰਟੀਫਿਸ਼ੀਅਲ ਇੰਟੈਲੀਜੈਂਸੀ) ਦੇ ਦੌਰ ਵਿੱਚ ਪ੍ਰਵੇਸ਼ ਕਰ ਚੁੱਕੀ ਹੈ, ਜਿਸ ਦੇ ਚਲਦਿਆਂ ਪੈਦਾਵਾਰ ਦੇ ਸਾਰੇ ਸਾਧਨਾ ਉਪਰ ਇਸ ਉਨਤ ਤਕਨੀਕ ਦਾ ਕਬਜ਼ਾ ਹੈ, ਇਸ ਤਕਨੀਕ ਨਾਲ ਮਨੁੱਖ ਨੂੰ ਸੌਖਾ ਕੀਤਾ ਜਾ ਸਕਦਾ ਹੈ, ਪਰ ਅਸਲ ਮਾਇਨੇ ਵਿੱਚ ਮਨੁੱਖੀ ਜ਼ਿੰਦਗੀ ਉਦੋਂ ਹੀ ਆਸਾਨ ਹੋ ਸਕਦੀ ਹੈ, ਜਦੋਂ ਇਹ ਉਨਤ ਤਕਨੀਕ ਉਸ ਦੇ ਫਾਇਦੇ ਵਾਸਤੇ ਵਰਤੀ ਜਾਵੇ, ਪਰ ਅੱਜ ਇਸ ਤਕਨੀਕ ਉਪਰ ਸਰਮਾਏਦਾਰੀ ਪ੍ਰਬੰਧ ਦਾ ਕਬਜ਼ਾ ਹੈ ।ਉਹ ਆਪਣੇ ਮੁਨਾਫੇ ਵਧਾਉਣ ਅਤੇ ਕਿਰਤ ਦੀ ਧਿਰ ਨੂੰ ਨੀਵਾਂ ਕਰਨ ਦਾ ਹਰ ਹੀਲਾ ਵਰਤ ਰਹੀ ਹੈ ।ਸੋ ਅਜਿਹੇ ਸਮੇਂ ਲੋੜ ਹੈ ਕਿ ਕਿਰਤ ਦੀ ਧਿਰ ਨਾਲ ਸੰਬੰਧਤ ਲੋਕਾਂ ਦੀ ਇੱਕਮੁੱਠਤਾ ਹੋਵੇ, ਤਾਂ ਕਿ ਇਸ ਉਨਤ ਤਕਨੀਕ ਦੀ ਵਰਤੋਂ ਮਨੁੱਖ ਨੂੰ ਸੁਖਾਲਾ ਕਰਕੇ ਉਸ ਦੀ ਹਰ ਲੋੜ ਪੂਰੀ ਕਰਨ ਲਈ ਕੀਤੀ ਜਾਵੇ। ਉਹਨਾਂ ਕਿਹਾ ਕਿ ਕਮਿਊਨਿਸਟ ਧਿਰਾਂ ਮਾਰਕਸਵਾਦੀ ਰਾਹ ਦੇ ਚਲਦਿਆਂ ਅਜਿਹਾ ਕਰਨ ਦੀ ਸਮਰੱਥਾ ਰੱਖਦੀਆਂ ਹਨ, ਪਰ ਇਹਦੇ ਵਾਸਤੇ ਜ਼ਰੂਰੀ ਹੈ ਕਿ ਅਸੀਂ ਸਿਧਾਂਤਕ ਪੱਖ ਤੋਂ ਆਪਣੇ ਆਪ ਨੂੰ ਮਜ਼ਬੂਤ ਕਰਦਿਆਂ ਕਿਰਤ ਦੀ ਨੂੰ ਲਾਮਬੰਦ ਕਰਨ ਵਿੱਚ ਆਪਣੀ ਭੂਮਿਕਾ ਅਦਾ ਕਰੀਏ।

ਇਸ ਉਪਰੰਤ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਭੋਲਾ ਵੱਲੋਂ ਪਿਛਲੇ ਤਿੰਨ ਸਾਲਾਂ ਦੀ ਕੌਮਾਂਤਰੀ, ਕੌਮੀ ਅਤੇ ਸੂਬਾਈ ਰਾਜਨੀਤਕ,

• ਬਾਕੀ ਸਫਾ 2 'ਤੇ

## ਅੱਜ-ਨਾਮਾ

ਰਾਹੁਲ ਗਾਂਧੀ ਤੇ ਉਲਝੇ ਰਵਨੀਤ ਬਿੱਟੂ,
ਤੂੰ-ਤੜਾਕ ਫਿਰ ਦੋਵਾਂ ਦੀ ਹੋਈ ਮੀਆਂ।
ਜਿਹੜੇ ਜਾਂਦੇ ਸਨ ਕੋਲ ਦੀ ਹੋਰ ਮੈਂਬਰ,
ਲੜਦੇ ਵੇਖਣ ਲਈ ਗਏ ਖੜੋਈ ਮੀਆਂ।
ਦੇਸ਼-ਦੁਸ਼ਮਣ ਸੀ ਇੱਕ ਨੂੰ ਕਿਹਾ ਦੂਜੇ,
ਕਹਿਣ ਵੇਲੇ ਸਭ ਸ਼ਰਮ ਲੁਕੋਈ ਮੀਆਂ।
ਕਿਹਾ ਗਦਾਰ ਸੀ ਦੂਜੇ ਵੀ ਪਹਿਲੜੇ ਨੂੰ,
ਪੁਰਾਣੀ ਸਾਂਝ ਦੀ ਲਾਹ'ਤੀ ਲੋਈ ਮੀਆਂ।
ਸਾਂਝੀਦਾਰ ਇਹ ਹੁੰਦੇ ਸਨ ਕਦੀ ਬਾਹਲੇ,
ਆੜੀ ਟੁੱਟੀ ਦਾ ਰਾਗ ਆ ਗਾਉਣ ਲੱਗੇ।
ਪਾਸਾ ਵੱਟ ਕੇ ਲੰਘਣ ਨਾਲ ਸਰ ਸਕਦਾ,
ਮਜਮਾ ਰਾਹ ਦੇ ਵਿੱਚ ਆ ਲਾਉਣ ਲੱਗੇ।

-ਤੀਸ ਮਾਰ ਖਾਂ

# ਸਕੀਮਾਂ 'ਚ ਬਦਲਾਓ ਕਰਨ ਖ਼ਿਲਾਫ਼ ਕਿਰਤ ਅਧਿਕਾਰੀਆਂ ਨੂੰ ਸੰਘਰਸ਼ ਦਾ ਨੋਟਿਸ

## 26 ਨੂੰ ਏ ਐੱਲ ਸੀ ਦਫ਼ਤਰਾਂ ਤੇ 27 ਮਾਰਚ ਨੂੰ ਲੇਬਰ ਕਮਿਸ਼ਨ ਦੇ ਦਫ਼ਤਰ ਸਾਹਮਣੇ ਧਰਨਾ ਦਿੱਤਾ ਜਾਵੇਗਾ : ਸ਼ਰਮਾ, ਢਾਬਾਂ



**ਚੰਡੀਗੜ੍ਹ/ਜਲਾਲਾਬਾਦ (ਜੀਤ ਕੁਮਾਰ/ ਬਲਵਿੰਦਰ ਸਿੰਘ/ ਜੰਗੀਰ ਕੌਰ)**-ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ ਵੱਲੋਂ ਬੁੱਧਵਾਰ ਕਿਰਤ ਭਵਨ ਵਿਖੇ ਪਹੁੰਚ ਕੇ ਕਿਰਤ ਅਧਿਕਾਰੀਆਂ ਨੂੰ ਇੱਕ ਨੋਟਿਸ ਦੇ ਕੇ ਜਾਣੂ ਕਰਵਾਇਆ ਗਿਆ ਕਿ ਯੂਨੀਅਨ ਵੱਲੋਂ 26 ਫ਼ਰਵਰੀ ਨੂੰ ਪੰਜਾਬ ਦੇ ਅਸਿਸਟੈਂਟ ਲੇਬਰ ਕਮਿਸ਼ਨਰਾਂ ਅਤੇ 27 ਮਾਰਚ ਨੂੰ ਲੇਬਰ ਕਮਿਸ਼ਨਰ ਪੰਜਾਬ ਦੇ ਦਫ਼ਤਰ ਸਾਹਮਣੇ ਧਰਨਾ ਦਿੱਤਾ ਜਾਵੇਗਾ। ਯੂਨੀਅਨ ਦੇ ਸੂਬਾ ਜਨਰਲ ਸਕੱਤਰ ਸੁਖਦੇਵ ਸ਼ਰਮਾ, ਸੂਬਾ ਸਹਾਇਕ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ, ਸੂਬਾ ਖਜ਼ਾਨਚੀ ਪ੍ਰਦੀਪ ਚੀਮਾ, ਸੂਬਾ ਕਮੇਟੀ ਮੈਂਬਰ ਸੁਰਿੰਦਰ ਭੈਣੀ ਅਤੇ ਸੋਨਾ ਧੁਨਕੀਆਂ ਨੇ ਦੱਸਿਆ ਕਿ ਪਿਛਲੇ ਸਮੇਂ ਤੋਂ ਬੋਰਡ ਦੀ ਮੀਟਿੰਗ ਨਾ ਹੋਣ ਕਾਰਨ ਕਿਰਤ ਵਿਭਾਗ ਵੱਲੋਂ ਗਲਤ ਤਰੀਕੇ ਨਾਲ ਸਕੀਮਾਂ ਵਿੱਚ ਬਦਲਾਓ ਕੀਤਾ ਜਾ ਰਿਹਾ ਹੈ, ਜਿਵੇਂ ਕਿ ਲਾਭਪਾਤਰੀਆਂ ਲਈ ਵਾਰ-ਵਾਰ ਪੈਨਸ਼ਨ ਸਕੀਮ ਵਿੱਚ ਬਦਲਾਓ ਕਰਨਾ, ਗਰੇਸ ਮਿਤੀ ਦੇ ਅੰਦਰ ਮਿਲਣ ਵਾਲੇ ਐੱਕਸਗਰੇਸ਼ੀਆ ਵਿੱਚ ਬਦਲਾਓ ਕਰਨਾ, ਐਕਸੀਡੈਂਟਲ ਐੱਕਸਗਰੇਸ਼ੀਆ ਲਾਭਪਾਤਰੀ ਦੇ ਵਾਰਸਾਂ ਨੂੰ ਨਾ ਮਿਲਣਾ, 27 ਨੰਬਰ ਫਾਰਮ ਦਾ ਆਟੋਪੈਚ ਨਾ ਹੋਣ ਕਾਰਨ ਲਾਭਪਾਤਰੀ ਖੱਜਲ-ਖੁਆਰ ਹੋ ਰਹੇ ਹਨ। ਇਸ ਸੰਬੰਧੀ ਯੂਨੀਅਨ ਨੇ ਮੋਗਾ ਵਿਖੇ ਹੋਈ ਮੀਟਿੰਗ ਵਿੱਚ ਵਿਚਾਰ ਕਰਨ ਉਪਰੰਤ ਮਹਿਕਮਾ ਲੇਬਰ ਖ਼ਿਲਾਫ਼ ਸੰਘਰਸ ਕਰਨ ਦਾ ਫੈਸਲਾ ਕੀਤਾ ਹੈ। ਇਸ ਸੰਘਰਸ਼ ਬਾਰੇ ਕਿਰਤ ਅਧਿਕਾਰੀਆਂ ਨੂੰ ਇੱਕ ਨੋਟਿਸ ਦੇ ਕੇ ਜਾਣੂ ਕਰਵਾਇਆ ਗਿਆ ਕਿ ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ ਵੱਲੋਂ 26 ਫ਼ਰਵਰੀ ਨੂੰ

• ਬਾਕੀ ਸਫਾ 2 'ਤੇ



# ਹੜ੍ਹ ਪ੍ਰਭਾਵਤ ਮੁਆਵਜ਼ੇ ਲਈ ਕਿਸਾਨ ਜਥੇਬੰਦੀਆਂ ਨੇ ਐੱਸ ਡੀ ਐੱਮ ਨਾਲ ਕੀਤੀ ਅਹਿਮ ਮੀਟਿੰਗ

**ਫਿਰੋਜ਼ਪੁਰ (ਗੁਰਬਚਨ ਸਿੰਘ)**- ਫਿਰੋਜ਼ਪੁਰ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਤ ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਦੀ ਟੀਮ ਵੱਲੋਂ ਐੱਸ.ਡੀ.ਐੱਮ. ਗੁਰੂਹਰਸਹਾਏ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਉਹ ਪੀੜਤ ਕਿਸਾਨ ਸ਼ਾਮਲ ਹੋਏ, ਜਿਨ੍ਹਾਂ ਦੀਆਂ ਫਸਲਾਂ ਪਿਛਲੇ ਦਿਨੀਂ ਆਏ ਭਿਆਨਕ ਹੜ੍ਹ ਕਾਰਨ ਪੂਰੀ ਤਰ੍ਹਾਂ ਬਰਬਾਦ ਹੋ ਗਈਆਂ ਸਨ।ਕਿਸਾਨ ਆਗੂਆਂ ਨੇ ਪ੍ਰਸ਼ਾਸਨ ਦੇ ਸਾਹਮਣੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਹੜ੍ਹਾਂ ਨੂੰ ਲੰਘੇ ਕਾਫੀ ਸਮਾਂ ਹੋ ਚੁੱਕਾ ਹੈ, ਪਰ ਅਜੇ ਤੱਕ ਬਹੁਤ ਸਾਰੇ ਯੋਗ ਕਿਸਾਨ ਸਰਕਾਰੀ ਮੁਆਵਜ਼ੇ ਤੋਂ ਵਾਂਝੇ ਹਨ। ਕਿਸਾਨਾਂ ਨੇ ਦੱਸਿਆ ਕਿ ਫਸਲਾਂ ਦੇ ਖਰਾਬੇ ਕਾਰਨ ਉਨ੍ਹਾਂ ਸਿਰ ਕਰਜ਼ੇ ਦੀ ਪੰਡ ਭਾਰੀ ਹੋ ਗਈ ਹੈ ਅਤੇ ਅਗਲੀ ਫਸਲ ਦੀ ਬਿਜਾਈ ਲਈ ਉਨ੍ਹਾਂ ਕੋਲ ਲੋੜੀਂਦੇ ਸਾਧਨ ਨਹੀਂ ਹਨ। ਮੀਟਿੰਗ ਦੌਰਾਨ ਕਿਸਾਨਾਂ ਨੇ ਮੰਗ ਕੀਤੀ ਕਿ ਖਰਾਬੇ ਦੀ ਗਿਰਦਾਵਰੀ ਰਿਪੋਰਟ ਦੇ ਆਧਾਰ 'ਤੇ ਤੁਰੰਤ ਬਣਦੀ ਰਾਸ਼ੀ ਕਿਸਾਨਾਂ ਦੇ ਖਾਤਿਆਂ ਵਿੱਚ ਪਾਈ ਜਾਵੇ। ਦੂਜੇ ਪਾਸੇ, ਐੱਸ. ਡੀ.ਐੱਮ. ਗੁਰੂਹਰਸਹਾਏ ਨੇ ਕਿਸਾਨਾਂ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣਿਆ ਅਤੇ ਮੌਕੇ 'ਤੇ ਮੌਜੂਦ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਕਿਸਾਨਾਂ ਦੇ ਨਾਲ ਖੜ੍ਹਾ ਹੈ ਅਤੇ ਕਿਸੇ ਵੀ ਹੱਕਦਾਰ ਕਿਸਾਨ ਨਾਲ ਬੇਇਨਸਾਫੀ ਨਹੀਂ ਹੋਣ ਦਿੱਤੀ ਜਾਵੇਗੀ। ਕਿਸਾਨਾਂ ਨੇ ਸਪੱਸ਼ਟ ਕੀਤਾ ਕਿ ਜੇਕਰ ਆਉਣ ਵਾਲੇ ਕੁਝ ਦਿਨਾਂ ਵਿੱਚ ਮੁਆਵਜ਼ਾ ਨਾ ਮਿਲਿਆ ਤਾਂ ਉਹ ਸੰਘਰਸ਼ ਤੇਜ਼ ਕਰਨ ਲਈ ਮਜਬੂਰ ਹੋਣਗੇ।



# ਸ਼ਹੀਦ ਊਧਮ ਸਿੰਘ ਸਕੂਲ ਆਫ਼ ਐਮੀਨੈਂਸ ਦੀ ਹੋਈ ਕਾਇਆ ਕਲਪ, ਅਮਨ ਅਰੋੜਾ ਵੱਲੋਂ ਉਦਘਾਟਨ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**- ਹਲਕਾ ਸੁਨਾਮ ਵਿੱਚ ਸ਼ੁਰੂ ਕੀਤੇ ਵਿਕਾਸ ਕਾਰਜਾਂ ਦੀ ਕਵਾਇਦ ਨੂੰ ਉਸ ਵੇਲੇ ਹੋਰ ਬਲ ਮਿਲਿਆ ਜਦੋਂ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸ਼ਹੀਦ ਊਧਮ ਸਿੰਘ ਸਕੂਲ ਆਫ਼ ਐਮੀਨੈਂਸ ਦੀ ਕਾਇਆ ਕਲਪ ਕਰਨ ਉਪਰੰਤ ਵਿਰਾਸਤੀ ਇਮਾਰਤ ਦਾ ਉਦਘਾਟਨ ਕੀਤਾ। 1.87 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਇਹ ਸਕੂਲ ਇਲਾਕੇ ਵਿੱਚ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਵਿੱਚ ਬਹੁਤ ਅਹਿਮ ਸਥਾਨ ਰੱਖਦਾ ਹੈ। ਉਦਘਾਟਨ ਸਮਾਰੋਹ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਸਕੂਲ ਦੀ ਇਮਾਰਤ 1905 ਵਿੱਚ ਬਣੀ ਸੀ ਅਤੇ ਕਿਸੇ ਸਮੇਂ ਸ਼ਹੀਦ ਊਧਮ ਸਿੰਘ ਇਸ ਸਕੂਲ ਵਿੱਚ ਪੜ੍ਹਦੇ ਹੁੰਦੇ ਸਨ। ਇਸ ਸਕੂਲ ਨਾਲ ਸ਼ਹੀਦ ਊਧਮ ਸਿੰਘ ਜੀ ਦੀਆਂ ਯਾਦਾਂ ਜੁੜੀਆਂ ਹੋਈਆਂ ਹਨ। ਪਿਛਲੀਆਂ ਸਰਕਾਰਾਂ ਨੇ ਇਸ ਸਕੂਲ ਦੀ ਦਸ਼ਾ ਸੁਧਾਰਨ ਵੱਲ ਕੋਈ ਵੀ ਧਿਆਨ ਨਹੀਂ ਦਿੱਤਾ। ਜਿਸ ਕਾਰਨ ਇਸ ਸਕੂਲ ਦੀ ਹੋਂਦ ਨੂੰ ਵੀ ਖਤਰਾ ਪੈਦਾ ਹੋ ਗਿਆ ਸੀ। ਉਹਨਾਂ ਕਿਹਾ ਕਿ ਇਸ ਸਕੂਲ ਦੀ ਕਾਇਆ ਕਲਪ ਕਰਨ ਦੀ ਮੰਗ ਕਾਫੀ ਸਮਾਂ ਪਹਿਲਾਂ ਰੱਖੀ ਗਈ ਸੀ। ਜਿਸਨੂੰ ਅੱਜ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪੂਰਾ ਕੀਤਾ ਹੈ। ਉਹਨਾਂ ਕਿਹਾ ਕਿ ਸੁਨਾਮ ਸ਼ਹੀਦ ਊਧਮ ਸਿੰਘ ਜੀ ਦੀ ਧਰਤੀ ਹੈ ਜਿਸ ਨੂੰ ਕਦੇ ਵੀ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ।ਉਹਨਾਂ ਨੇ ਜਿੱਥੇ ਇਲਾਕਾ ਨਿਵਾਸੀਆਂ ਨੂੰ ਵਧਾਈ ਦਿੱਤੀ ਉਥੇ ਹੀ ਸੁਨਹਿਰੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।



# ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਕੈਰੀਅਰ ਕੌਂਸਲਿੰਗ ਸੈਮੀਨਾਰ



**ਦੇਵੀਗੜ੍ਹ (ਰਾਜਿੰਦਰ ਸਿੰਘ ਭਿੰਡਰ)**- ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਥਮੜਾ ਦੇਵੀਗੜ੍ਹ ਵਿੱਚ ਕਰੀਅਰ ਕੌਂਸਲਿੰਗ ਸੈਮੀਨਾਰ ਆਯੋਜਿਤ ਕਰਵਾਇਆ ਗਿਆ। ਜਿਸ ਵਿੱਚ ਨੌਵੀਂ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਤਾ-ਪਿਤਾ ਸ਼ਾਮਲ ਹੋਏ। ਕਰੀਅਰ ਕੌਂਸਲਿੰਗ ਲਈ ਪ੍ਰਸਿੱਧ ਕਰੀਅਰ ਕੌਂਸਲਰ ਸ੍ਰੀ ਮਾਨਿਕ ਰਾਜ ਸਿੰਗਲਾ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਦਿੱਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਅਤੇ ਮਾਪਿਆਂ ਨਾਲ ਰੂਬਰੂ ਸੰਵਾਦ ਕੀਤਾ ਗਿਆ। ਇਹ ਸੈਮੀਨਾਰ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਮਮਤਾ ਮੱਕੜ ਦੀ ਅਗਵਾਈ ਹੇਠ ਕਰਵਾਇਆ ਗਿਆ। ਸੈਮੀਨਾਰ ਵਿੱਚ ਤਕਰੀਬਨ 400 ਤੋਂ ਵੱਧ ਵਿਦਿਆਰਥੀਆਂ ਨੇ ਹਿੱਸਾ ਲਿਆ ਅਤੇ ਵੱਖ-ਵੱਖ ਕਰੀਅਰ ਵਿਕਲਪਾਂ ਬਾਰੇ ਵਿਸਤਾਰ ਪੂਰਵਕ ਜਾਣਕਾਰੀ ਪ੍ਰਾਪਤ ਕੀਤੀ। ਸਕੂਲ ਦੇ ਨਿਰਦੇਸ਼ਕ ਸਰਦਾਰ ਭੁਪਿੰਦਰ ਸਿੰਘ ਦਸਿਆ ਕਿ ਵਿਦਿਆਰਥੀਆਂ ਵਿੱਚ ਅਕਸਰ ਇਹ ਉਲਝਣ ਹੁੰਦੀ ਹੈ ਕਿ ਉਹ ਕਿਸ ਖੇਤਰ ਵਿੱਚ ਆਪਣਾ ਕਰੀਅਰ ਬਣਾਉਣ। ਇਸੇ ਨੂੰ ਧਿਆਨ ਵਿੱਚ ਰੱਖਦਿਆਂ ਇਹ ਵਿਸ਼ੇਸ਼ ਕਰੀਅਰ ਕੌਂਸਲਿੰਗ ਸੈਮੀਨਾਰ ਆਯੋਜਿਤ ਕੀਤਾ ਗਿਆ।ਕਰੀਅਰ ਕੌਂਸਲਰ ਸ਼੍ਰੀ ਮਾਨਿਕ ਰਾਜ ਸਿੰਗਲਾ ਨੇ ਮੈਡੀਕਲ, ਨਾਨ-ਮੈਡੀਕਲ, ਕਾਮਰਸ, ਵੋਕੇਸ਼ਨਲ ਕੋਰਸਾਂ, ਡਿਪਲੋਮਾ, ਇੰਜੀਨੀਅਰਿੰਗ, ਸ਼ੇਅਰ ਬਜ਼ਾਰ, ਇਨਸ਼ੋਰੈਂਸ, ਬੈਂਕਿੰਗ, ਯੂ.ਪੀ.ਐਸ.ਸੀ, ਪੀ.ਪੀ.ਐਸ.ਸੀ, ਡੇਟਾ ਐਨਾਲਿਟਿਕਸ, ਆਰਟੀਫਿਸ਼ੀਅਲ ਇੰਟੈਲੀਜੈਂਸ, ਡਿਜੀਟਲ ਮਾਰਕੀਟਿੰਗ ਆਦਿ ਸਮੇਤ ਕਈ ਆਧੁਨਿਕ ਕਰੀਅਰ ਵਿਕਲਪਾਂ ਬਾਰੇ ਵਿਦਿਆਰਥੀਆਂ ਨੂੰ ਵਿਸਤਾਰ ਨਾਲ ਜਾਣੂ ਕਰਵਾਇਆ। ਵਿਦਿਆਰਥੀਆਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਉਨ੍ਹਾਂ ਵੱਲੋਂ ਤਸੱਲੀਬਖ਼ਸ਼ ਜਵਾਬ ਦਿੱਤੇ ਗਏ। ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਕਾਂ ਡਾਇਰੈਕਟਰ ਸ: ਭੁਪਿੰਦਰ ਸਿੰਘ ਪ੍ਰੈਜੀਡੈਂਟ ਸ਼੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਸ਼੍ਰੀਮਤੀ ਮਮਤਾ ਮੱਕੜ ਅਤੇ ਅਕਾਦਮਿਕ ਡਾਇਰੈਕਟਰ ਸ਼੍ਰੀਮਤੀ ਤੇਜਿੰਦਰ ਕੌਰ ਵਾਲੀਆ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਵਿਦਿਆਰਥੀਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ ਗਿਆ।

## ਪ੍ਰਧਾਨ ਮੰਤਰੀ ਦੀ ਫੇਰੀ ਨੇ ਭਾਜਪਾ ਵਰਕਰਾਂ 'ਚ ਜੋਸ਼ ਭਰਿਆ : ਬੀਬੀ ਹਰਚੰਦ ਕੌਰ ਘਨੌਰੀ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਡੇਰਾ ਸੱਚਖੰਡ ਬੱਲਾਂ ਦੀ ਫੇਰੀ ਨੇ ਵੱਡੀ ਗਿਣਤੀ 'ਚ ਸ਼ਰਧਾਲੂ ਸੰਗਤਾਂ ਅਤੇ ਸੂਬੇ ਦੇ ਭਾਜਪਾ ਆਗੂਆਂ, ਵਰਕਰਾਂ 'ਚ ਜੋਸ਼ ਭਰਿਆ ਹੈ। ਇਹ ਪ੍ਰਗਟਾਵਾ ਭਾਜਪਾ ਦੇ ਸੀਨੀਅਰ ਆਗੂ ਬੀਬੀ ਹਰਚੰਦ ਕੌਰ ਘਨੌਰੀ ਸਾਬਕਾ ਵਿਧਾਇਕਾ ਨੇ ਵਿਸ਼ੇਸ਼ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਡੇਰਾ ਸੱਚਖੰਡ ਬੱਲਾਂ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਪ੍ਰਧਾਨ ਨਰਿੰਦਰ ਮੋਦੀ ਵਲੋਂ ਮੁੱਖ ਸੇਵਾਦਾਰ ਸੰਤ ਨਿਰੰਜਨ ਦਾਸ ਤੋਂ ਅਸ਼ੀਰਵਾਦ ਲੈਣਾ ਅਤੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਮਾਣ ਮਹਿਸੂਸ ਕਰਨਾ ਬੇਹੱਦ ਖੁਸ਼ੀ ਦੀ ਗੱਲ ਹੈ। ਉਨ੍ਹਾਂ ਵੱਲੋਂ ਆਦਮਪੁਰ ਹਵਾਈ ਅੱਡੇ ਨੂੰ ਗੁਰੂ ਰਵਿਦਾਸ ਮਹਾਰਾਜ ਜੀ ਦੇ ਨਾਂਅ ਨੂੰ ਸਮਰਪਿਤ ਕਰਨਾ ਅਤੇ ਹਵਾਈ ਅੱਡਾ ਹਲਵਾਰਾ ਦੇ ਨਵੇਂ ਬਣੇ ਟਰਮੀਨਲ ਦਾ ਵਰਚੁਅਲੀ ਉਦਘਾਟਨ ਕਰਨਾ ਇਤਿਹਾਸਿਕ ਕਾਰਜ ਹੈ। ਬੀਬੀ ਘਨੌਰੀ ਨੇ ਸਪਸ਼ਟ ਕਿਹਾ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ 2027 'ਚ ਭਾਜਪਾ ਇਕ ਮਜ਼ਬੂਤ ਧਿਰ ਬਣ ਕੇ ਸਾਹਮਣੇ ਆਵੇਗੀ।



## ਕਾਰ ਸਵਾਰ ਮਹਿਲਾ ਨੇ ਵਿਅਕਤੀ ਨੂੰ ਮਾਰੀ ਟੱਕਰ, ਵਿਅਕਤੀ ਦੀ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਥਾਣਾ ਕੁੱਲਗੜ੍ਹੀ ਦੀ ਪੁਲਸ ਨੇ ਬੀਤੇ ਦਿਨ ਫਿਰੋਜ਼ਪੁਰ-ਜ਼ੀਰਾ ਰੋਡ 'ਤੇ ਹੋਏ ਸੜਕ ਹਾਦਸੇ ਵਿਚ ਮਾਰੇ ਗਏ ਵਿਅਕਤੀ ਦੇ ਮਾਮਲੇ ਵਿਚ ਕਾਰ ਚਾਲਕ ਮਹਿਲਾ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਥਾਣਾ ਕੁਲਗੜ੍ਹੀ ਦੇ ਏ ਐੱਸ ਆਈ ਗੁਰਮੀਤ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨ ਵਿਚ ਸ਼ਿਕਾਇਤਕਰਤਾ ਸਿਧਾਰਥ ਕੁਮਾਰ ਪੁੱਤਰ ਰਾਮ ਜਨਮ, ਵਾਸੀ ਪਿੰਡ ਕੋਠਾ, ਜ਼ਿਲ੍ਹਾ ਗੋਂਡਾ (ਉੱਤਰ ਪ੍ਰਦੇਸ਼) ਨੇ ਦੱਸਿਆ ਕਿ ਬੀਤੀ 1 ਫਰਵਰੀ ਨੂੰ ਕਰੀਬ 11 ਵਜੇ ਉਸ ਦਾ ਪਿਤਾ ਰਾਮ ਜਨਮ, ਜੋ ਕਿ ਕੰਪਨੀ ਵਿਚ ਕੰਮ ਕਰਨ ਲਈ ਫਿਰੋਜ਼ਪੁਰ-ਜ਼ੀਰਾ ਰੋਡ 'ਤੇ ਜਾ ਰਿਹਾ ਸੀ, ਤਾਂ ਜ਼ੀਰਾ ਵਾਲੀ ਸਾਈਡ ਤੋਂ ਆ ਰਹੀ ਗੱਡੀ, ਜਿਸ ਨੂੰ ਸ਼ਵੇਤਾ ਸਿਨਹਾ ਪਤਨੀ ਪੱਪੂ ਕੁਮਾਰ ਵਾਸੀ ਐੱਮ ਈ ਐੱਸ ਕੁਆਰਟਰ ਫਿਰੋਜ਼ਪੁਰ ਚਲਾ ਰਹੀ ਸੀ, ਨੇ ਲਾਪਰਵਾਹੀ ਨਾਲ ਟੱਕਰ ਮਾਰ ਦਿੱਤੀ। ਇਸ ਹਾਦਸੇ ਵਿਚ ਉਸ ਦੇ ਪਿਤਾ ਰਾਮ ਜਨਮ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮਾਮਲੇ ਦੀ ਜਾਂਚ ਕਰ ਰਹੇ ਗੁਰਮੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ ਵਿਚ ਸ਼ਵੇਤਾ ਵਿਰੁੱਧ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਨਸ਼ਿਆਂ ਵਿਰੁੱਧ ਜੰਗ 'ਚ ਢਿੱਲੋਂ ਵੱਲੋਂ ਪਹਿਰੇਦਾਰ ਬਣਨ ਦਾ ਸੱਦਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**- ਪੰਜਾਬ ਲਘੂ ਉਦਯੋਗ ਵਿਕਾਸ ਨਿਗਮ ਦੇ ਚੇਅਰਮੈਨ ਅਤੇ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਸ੍ਰ. ਦਲਵੀਰ ਸਿੰਘ ਢਿੱਲੋਂ ਨੇ ਮੰਗਲਵਾਰ ਨੂੰ ਧੂਰੀ ਵਿਖੇ ਵਿਸ਼ੇਸ਼ ਗੱਲਬਾਤ ਕਰਦਿਆਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਲੋਕ ਲਹਿਰ ਸਿਰਜਣ ਦਾ ਹੋਕਾ ਦਿੱਤਾ। ਉਨ੍ਹਾਂ ਕਿਹਾ ਕਿ ਨਸ਼ਿਆਂ ਦਾ ਕੋੜ੍ਹ ਪੰਜਾਬ ਦੀ ਜਵਾਨੀ ਨੂੰ ਅੰਦਰੋਂ-ਅੰਦਰੀ ਖੋਖਲਾ ਕਰ ਰਿਹਾ ਹੈ ਅਤੇ ਇਸ ਭਿਆਨਕ ਬਿਮਾਰੀ ਨੂੰ ਸਿਰਫ਼ ਸਰਕਾਰੀ ਤੰਤਰ ਨਾਲ ਨਹੀਂ, ਸਗੋਂ ਹਰ ਪੰਜਾਬੀ ਦੇ ਸਹਿਯੋਗ ਨਾਲ ਹੀ ਖ਼ਤਮ ਕੀਤਾ ਜਾ ਸਕਦਾ ਹੈ।ਸ੍ਰੀ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਨਸ਼ਾ ਮੁਕਤ ਪੰਜਾਬ ਸਿਰਜਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਇਸ ਮੌਕੇ ਉਨ੍ਹਾਂ ਦੇ ਨਾਲ ਕੌਂਸਲਰ ਪੁਸ਼ਪਿੰਦਰ ਸ਼ਰਮਾ, ਤਰਸੇਮ ਕਲਸੀ ਅਤੇ ਦਰਸ਼ਨ ਪਾਠਕ ਸਮੇਤ ਹੋਰ ਕਈ ਆਗੂ ਹਾਜ਼ਰ ਸਨ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਜ਼ੀਰਾ ਵੱਲੋਂ ਦ੍ਰਿੜ੍ਹਤਾ ਨਾਲ ਮਿਲ ਕੇ ਚੱਲਣ ਦਾ ਸੱਦਾ

**ਜ਼ੀਰਾ (ਨਰਿੰਦਰ ਅਨੇਜਾ)**- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਅਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਡਾਕਟਰ



ਹਰਭਜਨ ਕੰਬੋਜ਼ ਦੀ ਯੋਗ ਅਗਵਾਈ ਹੇਠ ਚੱਲ ਰਹੀ ਜੱਥੇਬੰਦੀ ਦੀ ਇਕਾਈ ਜ਼ੀਰਾ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਡਾ ਆਤਮਾ ਸਿੰਘ ਦੀ ਰਹਿਨੁਮਾਈ, ਚੇਅਰਮੈਨ ਡਾ ਜਰਨੈਲ ਸਿੰਘ ਦੀ ਅਗਵਾਈ ਹੇਠ ਮਿਲਨ ਰਿਜ਼ੋਰਟ ਜ਼ੀਰਾ ਵਿੱਚ ਹੋਈ।ਮੀਟਿੰਗ ਵਿੱਚ ਜ਼ਿਲ੍ਹਾ ਜਨਰਲ ਸਕੱਤਰ ਸੰਤੋਖ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ ਵਿੱਚ ਪ੍ਰੈਕਟੀਸ਼ਨਰਾਂ ਨੂੰ ਪ੍ਰੈਕਟਿਸ ਕਰਦੇ ਹੋਏ ਆ ਰਹੀਆਂ ਸਮੱਸਿਆਵਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ ।ਵਾਈਸ ਕੈਸ਼ੀਅਰ ਡਾ ਬੋਹੜ ਸਿੰਘ ਨੇ ਯੂਨੀਅਨ ਦੀ ਮਜ਼ਬੂਤੀ ਲਈ ਕੰਮ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਸਰਕਾਰ ਤੋਂ ਆਪਣੀਆਂ ਹੱਕੀ ਮੰਗਾਂ ਮਨਵਾਉਣ ਲਈ ਦ੍ਰਿੜ ਇਰਾਦੇ ਨਾਲ ਜੁਝਾਰੂ ਸਾਥੀਆਂ ਨੂੰ ਮਿਲ ਕੇ ਚੱਲਣ ਦੀ ਲੋੜ ਹੈ। ਜ਼ਿਲ੍ਹਾ ਜਨਰਲ ਸਕੱਤਰ ਸੰਤੋਖ ਸਿੰਘ, ਚੇਅਰਮੈਨ ਡਾਕਟਰ ਜਰਨੈਲ ਸਿੰਘ ਨੇ ਕਿਹਾ ਕਿ ਇਹ ਸਾਰੇ ਸਾਥੀ ਯੂਨੀਅਨ ਨੂੰ ਵੱਧ ਤੋਂ ਵੱਧ ਸਮਾਂ ਦੇਣ । ਯੂਨੀਅਨ ਪ੍ਰਤੀ ਵਫਾਦਾਰੀ ਨਾਲ ਕੰਮ ਕੀਤਾ ਜਾਵੇ ਤਾਂ ਜੋ ਸਰਕਾਰ ਤੋਂ ਕੋਈ ਸ਼ਾਰਟ ਟਰਮ ਕੋਰਸ ਜਾਂ ਕੋਈ ਡਿਗਰੀ ਜਾਂ ਕੋਈ ਡਿਪਲੋਮਾ ਵਗੈਰਾ ਪ੍ਰਾਪਤ ਕਰਕੇ ਆਪਣੇ ਕੰਮ ਕਿਤੇ ਨੂੰ ਜਾਰੀ ਰੱਖ ਸਕੀਏ ਅਤੇ ਲੋਕ ਸੇਵਾ 'ਚ ਆਪਣਾ ਯੋਗਦਾਨ ਪਾ ਸਕੀਏ ਇਹ ਤਾਂ ਹੀ ਸੰਭਵ ਹੋ ਸਕਦਾ ਹੈ ਜੇਕਰ ਅਸੀਂ ਯਨੀਅਨ ਨੂੰ ਬਣਨ ਦਾ ਸਮਾਂ ਦਵਾਂਗੇ । ਵਾਈਸ ਸਟੇਜ ਸਕੱਤਰ ਡਾਕਟਰ ਗੁਰਜੀਤ ਸਿੰਘ ਪੰਡੋਰੀ ਨੇ ਕਿਹਾ ਕਿ ਸਾਨੂੰ ਸਾਫ ਸੁਥਰੀ ਪ੍ਰੈਕਟਿਸ ਕਰਨੀ ਚਾਹੀਦੀ ਹੈ ਅਤੇ ਯੂਨੀਅਨ ਦੀ ਕਾਮਯਾਬੀ ਲਈ ਹਰ ਵਕਤ ਤਿਆਰ ਰਹਿਣਾ ਚਾਹੀਦਾ ਹੈ ਤਾਂ ਜੋ ਅਸੀਂ ਸਰਕਾਰਾਂ ਤੋਂ ਆਪਣੇ ਵਾਜਿਬ ਹੱਕ ਨੂੰ ਪ੍ਰਾਪਤ ਕਰਨ ਦੀ ਲੜਾਈ ਨੂੰ ਅੱਗੇ ਵਧਾ ਸਕੀਏ ਅਤੇ ਮੰਜ਼ਿਲ ਨੂੰ ਪ੍ਰਾਪਤ ਕਰਨ ਦਾ ਰਾਹ ਆਸਾਨ ਕਰ ਸਕੀਏ। ਇਸ ਮੀਟਿੰਗ ਵਿੱਚ ਅਮਨਦੀਪ ਹਸਪਤਾਲ ਦੇ ਫੈਸਿਲਿਟੀ ਡਾਇਰੈਕਟਰ ਡਾਕਟਰ ਅਭਿਸ਼ੇਕ ਅਰੋੜਾ ਅਤੇ ਉਹਨਾਂ ਦੀ ਟੀਮ , ਪੀ ਆਰ ਓ ਸਾਹਿਬਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਆਪਣੇ ਹਸਪਤਾਲ ਦੀਆਂ ਵਿਸ਼ੇਸ਼ਤਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਅਖੀਰ 'ਤੇ ਡਾਕਟਰ ਗੁਰਜੀਤ ਸਿੰਘ ਪੰਡੋਰੀ ਵੱਲੋਂ ਸਾਰੇ ਮੈਂਬਰਾਂ ਅਤੇ ਅਮਨਦੀਪ ਹਸਪਤਾਲ ਦੀ ਟੀਮ ਦਾ ਧੰਨਵਾਦ ਕੀਤਾ ਗਿਆ। ਇਸ ਵਿਸ਼ੇਸ਼ ਇਕੱਤਰਤਾ ਵਿੱਚ ਵੱਡੀ ਗਿਣਤੀ ਵਿੱਚ ਪ੍ਰੈਕਟੀਸ਼ਨਰ ,ਵਾਈਸ ਜਨਰਲ ਸਕੱਤਰ ਜਗਮੀਤ ਸਿੰਘ, ਕੈਸ਼ੀਅਰ ਗੁਰਪ੍ਰੀਤ ਸਿੰਘ,ਪੂਰਨ ਸਿੰਘ,ਗੁਰਭੇਜ ਸਿੰਘ, ਗੁਰਜੀਤ ਸਿੰਘ,ਮਨਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਤਰਸੇਮ ਸਿੰਘ,ਗੁਰਮੀਤ ਸਿੰਘ,ਸੋਸ਼ਲ ਮੀਡੀਆ ਇੰਚਾਰਜ ਲਵਲੀ ਸਿੰਘ,ਜਗਮੀਤ ਸਿੰਘ,ਗੁਰਵਿੰਦਰ ਸਿੰਘ ਲਾਹੁਕੇ, ਲਖਵਿੰਦਰ ਸਿੰਘ,ਕੁਲਵੀਰ ਸਿੰਘ,ਡਾਕਟਰ ਸੋਨੂ ਜੀਰਾ,ਡਾਕਟਰ ਜਗਜੀਤ ਸਿੰਘ, ਡਾਕਟਰ ਹਰਪ੍ਰੀਤ ਸਿੰਘ,ਡਾਕਟਰ ਇੰਦਰ ਸਿੰਘ,ਡਾਕਟਰ ਗੁਰਜੀਤ ਸਿੰਘ ਮਰਖਾਈ,ਡਾਕਟਰ ਬਲਵਿੰਦਰ ਸਿੰਘ, ਪਵਨਵੀਰ ਆਦਿ ਸ਼ਾਮਿਲ ਹੋਏ ।

# ਪਸ਼ੂਆਂ ਦੀ ਲੰਪੀ ਸਕਿਨ ਬਿਮਾਰੀ ਵਿਰੁੱਧ ਟੀਕਾਕਰਨ ਮੁਹਿੰਮ ਦਾ ਆਗਾਜ਼

**ਸੰਗਰੂਰ (ਪ੍ਰਵੀਨ ਸਿੰਘ)**- ਪੰਜਾਬ ਦੇ ਪਸ਼ੂ ਪਾਲਣ ਮੰਤਰੀ ਸਰਦਾਰ ਗੁਰਮੀਤ ਸਿੰਘ ਖੁੱਡੀਆਂ ਅਤੇ ਪ੍ਰਮੁੱਖ ਸਕੱਤਰ ਸ਼੍ਰੀ ਰਾਹੁਲ ਭੰਡਾਰੀ ਦੀ ਯੋਗ ਰਹਿਨੁਮਾਈ ਹੇਠ ਮੰਗਲਵਾਰ ਨੂੰ ਜ਼ਿਲ੍ਹਾ ਸੰਗਰੂਰ ਅਤੇ ਮਲੇਰਕੋਟਲਾ ਵਿੱਚ ਲੰਪੀ ਸਕਿਨ ਬੀਮਾਰੀ ਦੇ ਬਚਾਅ ਲਈ ਵਿਆਪਕ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਜਾਣਕਾਰੀ ਸਾਂਝੀ ਕਰਦਿਆਂ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਸੰਗਰੂਰ, ਡਾ. ਸੁਖਵਿੰਦਰ ਸਿੰਘ ਨੇ ਦੱਸਿਆ ਕਿ ਵਿਭਾਗ ਵੱਲੋਂ ਇਸ ਵਾਰ ਬਹੁਤ ਹੀ ਯੋਜਨਾਬੱਧ ਤਰੀਕੇ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਗਊਸ਼ਾਲਾਵਾਂ ਦੇ ਨਾਲ-ਨਾਲ ਜ਼ਿਲ੍ਹੇ ਦੇ ਹਰ ਇੱਕ ਕਿਸਾਨ ਦੇ ਹਰ ਇੱਕ ਪਸ਼ੂ ਨੂੰ ਇਸ ਮੁਹਿੰਮ ਤਹਿਤ ਕਵਰ ਕੀਤਾ ਜਾਵੇਗਾ। ਸਾਡਾ ਟੀਚਾ ਜ਼ਿਲ੍ਹੇ ਦੇ 1,49,000 ਪਸ਼ੂਆਂ ਦੀ ਕੁੱਲ ਆਬਾਦੀ ਦਾ ਟੀਕਾਕਰਨ ਕਰਨਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਪੂਰੇ ਜ਼ਿਲ੍ਹੇ ਨੂੰ ਕਵਰ ਕਰਨ ਲਈ ਵਿਭਾਗ ਵੱਲੋਂ 75 ਵਿਸ਼ੇਸ਼ ਟੀਮਾਂ ਗਠਿਤ ਕੀਤੀਆਂ ਗਈਆਂ ਹਨ, ਜੋ ਘਰ-ਘਰ ਜਾ ਕੇ ਇਹ ਟੀਕਾਕਰਨ ਕਰਨਗੀਆਂ। ਇਸ ਮੁਹਿੰਮ ਦੀ ਲੜੀ ਤਹਿਤ ਅੱਜ ਗਊਸ਼ਾਲਾ ਸੰਗਰੂਰ ਵਿਖੇ ਵਿਸ਼ੇਸ਼ ਟੀਕਾਕਰਨ ਪ੍ਰੋਗਰਾਮ ਸ਼ੁਰੂ ਕੀਤਾ ਗਿਆ। ਇਹ ਕਾਰਜ ਸੀਨੀਅਰ ਵੈਟਰਨਰੀ ਅਫ਼ਸਰ ਡਾ. ਪਰਮਿੰਦਰਜੀਤ ਸਿੰਘ ਅਤੇ ਡਾ. ਅਨੁਰਾਧਾ ਵੈਟਰਨਰੀ ਅਫ਼ਸਰ ਸੰਗਰੂਰ ਦੀ ਸਿੱਧੀ ਨਿਗਰਾਨੀ ਹੇਠ ਨੇਪਰੇ ਚਾੜ੍ਹਿਆ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਸੀਨੀਅਰ ਵੈਟਰਨਰੀ ਇੰਸਪੈਕਟਰ ਸ਼੍ਰੀ ਗੁਰਪ੍ਰੀਤ ਸਿੰਘ ਅਤੇ ਵਿਭਾਗ ਦੇ ਹੋਰ ਕਰਮਚਾਰੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



# ਟੀਮ ਰੋਸ਼ਨੀ ਵੱਲੋਂ ਹੋਣਹਾਰ ਬੱਚਿਆਂ ਦੇ ਮਾਪਿਆਂ ਨਾਲ ਮੀਟਿੰਗ

**ਮਾਲੇਰਕੋਟਲਾ (ਅਸਗਰ ਪਰਿਹਾਰ)**- ਸਮਾਜ ਦੇ ਵਿੱਚ ਦੱਬੇ ਕੁਚਲੇ ਲੋਕਾਂ ਤੇ ਝੁੱਗੀਆਂ ਝੋਪੜੀਆਂ ਦੇ ਵਿੱਚ ਵਸਦੀ ਮਾਨਵਤਾ ਦੇ ਲਈ ਸ਼ਲਾਘਾਯੋਗ ਕੰਮ ਕਰਦੀ ਆ ਰਹੀ ਟੀਮ ਰੋਸ਼ਨੀ ਦੇ ਵੱਲੋਂ ਪਿੰਡ ਫਤਿਹਗੜ੍ਹ ਪੰਜਗਰਾਈਆਂ ਦੇ ਵਿੱਚ ਪੜ੍ਹਾਈ ਦੇ ਲਈ ਗੋਦ ਲਏ ਹੋਏ ਦੋ ਦਰਜਨ ਹੋਣਹਾਰ ਬੱਚਿਆਂ ਦੇ ਮਾਪਿਆਂ ਦੇ ਨਾਲ ਇੱਕ ਵਿਸ਼ੇਸ਼ ਮੀਟਿੰਗ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਤਿਹਗੜ੍ਹ ਪੰਜਗਰਾਈਆਂ ਵਿਖੇ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਟੀਮ ਰੌਸ਼ਨੀ ਦੇ ਸੰਚਾਲਕ ਰਾਜੇਸ਼ ਰਿਖੀ ਪੰਜਗਰਾਈਆਂ ਨੇ ਕਿਹਾ ਕਿ ਟੀਮ ਰੋਸ਼ਨੀ ਜਿੱਥੇ ਝੁੱਗੀਆਂ ਤੇ ਝੋਪੜੀਆਂ ਦੇ ਵਿੱਚ ਵੱਸਦੀ ਮਾਨਵਤਾ ਦੀ ਹਰ ਤਰ੍ਹਾਂ ਦੀ ਭਲਾਈ ਦੇ ਲਈ ਪਿਛਲੇ ਇੱਕ ਦਹਾਕੇ ਤੋਂ ਕਾਰਜਸ਼ੀਲ ਹੈ ਉੱਥੇ ਹੀ ਪਿੰਡ ਫਤਿਹਗੜ੍ਹ ਪੰਜਗਰਾਈਆਂ ਦੇ ਵਿੱਚ ਪੜ੍ਹਨ ਵਾਲੇ ਕਰੀਬ ਦੋ ਦਰਜਨ ਵਿਦਿਆਰਥੀਆਂ ਨੂੰ ਪਿਛਲੇ ਕਰੀਬ 10 ਸਾਲਾਂ ਤੋਂ ਪੜ੍ਹਾਈ ਦੇ ਲਈ ਗੋਦ ਲੈ ਕੇ ਹੋਣਹਾਰ ਬੱਚਿਆਂ ਦੀ ਹੌਸਲਾ ਅਫਜਾਈ ਦਾ ਕਾਰਜ ਵੀ ਕਰਦੀ ਆ ਰਹੀ ਹੈ। ਉਨ੍ਹਾਂ ਦੱਸਿਆ ਕਿ ਟੀਮ ਰੋਸ਼ਨੀ ਦੇ ਸਰਪ੍ਰਸਤ ਬਲਵੀਰ ਸਿੰਘ ਸੰਧੂ ਅਤੇ ਰਾਣਾ ਸੰਧੂ ਦੇ ਉੱਦਮ ਨਾਲ ਚੱਲ ਰਹੇ ਇਸ ਪ੍ਰੋਜੈਕਟ ਅਧੀਨ ਬੱਚਿਆਂ ਦੀਆਂ ਫੀਸਾਂ , ਸਟੇਸ਼ਨਰੀ ਅਤੇ ਪ੍ਰਾਪਤੀਆਂ ਕਰਨ ਵਾਲੇ ਬੱਚਿਆਂ ਨੂੰ ਇਨਾਮਾਂ ਦੇ ਨਾਲ ਨਿਵਾਜਿਆ ਜਾ ਰਿਹਾ ਹੈ ਤਾਂ ਜੋ ਹੋਣਹਾਰ ਤੇ ਕਾਬਿਲ ਬੱਚੇ ਸਿੱਖਿਆ ਪ੍ਰਾਪਤ ਕਰ ਉੱਚ ਮੁਕਾਮ 'ਤੇ ਪਹੁੰਚ ਸਕਣ ਅਤੇ ਉਨ੍ਹਾਂ ਨੂੰ ਆਪਣੀ ਮੰਜਲ ਪ੍ਰਾਪਤੀ ਦੇ ਵਿੱਚ ਕੋਈ ਵੀ ਔਕੜ ਨਾ ਆਵੇ । ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੁਖਦੀਪ ਸਿੰਘ ਨੇ ਟੀਮ ਰੋਸ਼ਨੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਟੀਮ ਵੱਲੋਂ ਪਿਛਲੇ ਕਈ ਸਾਲਾਂ ਤੋਂ ਲਗਾਤਾਰ ਪੜ੍ਹਾਈ ਦਾ ਸਾਰਾ ਖਰਚ ਦਿੱਤਾ ਜਾ ਰਿਹਾ ਹੈ ਤੇ ਇਹ ਇੱਕ ਬਹੁਤ ਹੀ ਸਲਾਘਾਯੋਗ ਕੰਮ ਹੈ । ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਪਰਸਨ ਚਰਨਜੀਤ ਕੌਰ ਸਮਾਜ ਸੇਵੀ ਈਸ਼ਰਪਾਲ ਸਿੰਘ, ਮਾਸਟਰ ਦੇਵਰਾਰ, ਮਾਸਟਰ ਜਸਪਾਲ ਸਿੰਘ, ਮਾਸਟਰ ਰਸਪਾਲ ਸਿੰਘ, ਨਵਰੋਜ ਸ਼ਰਮਾ, ਮੈਡਮ ਮਨਦੀਪ ਕੌਰ ਸਮੇਤ ਸਕੂਲ ਦਾ ਸਮੁੱਚਾ ਸਟਾਫ ਵੀ ਹਾਜ਼ਰ ਸੀ।



# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲੋਕ-ਕਲਿਆਣ ਦੀ ਦਿਸ਼ਾ ਵਿੱਚ ਇਤਿਹਾਸਕ ਪਹਿਲ : ਬਰਾੜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਦੂਰਦਰਸ਼ੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਸੂਬੇ ਦੇ ਆਮ ਨਾਗਰਿਕਾਂ ਲਈ ਸਿਹਤ ਸੁਰੱਖਿਆ ਦੀ ਮਜ਼ਬੂਤ ਢਾਲ ਸਾਬਤ ਹੋ ਰਹੀ ਹੈ। ਇਹ ਪ੍ਰਗਟਾਵਾ ਹਲਕਾ ਵਿਧਾਇਕ . ਜਗਦੀਪ ਸਿੰਘ ਕਾਕਾ ਬਰਾੜ ਨੇ ਪਿੰਡ ਮਾਨ ਸਿੰਘ ਵਾਲਾ ਵਿਖੇ ਲਗਾਏ ਗਏ ਸਿਹਤ ਬੀਮਾ ਕੈਂਪ ਦੌਰਾਨ ਕੀਤਾ।ਇਹ ਕੈਂਪ ਚੇਅਰਮੈਨ ਮਾਰਕੀਟ ਕਮੇਟੀ ਸ. ਰਜਿੰਦਰ ਸਿੰਘ ਬਰਾੜ ਦੇ ਗ੍ਰਹਿ ਵਿਖੇ ਆਯੋਜਿਤ ਕੀਤਾ ਗਿਆ, ਜਿੱਥੇ ਵਿਧਾਇਕ ਕਾਕਾ ਬਰਾੜ ਨੇ ਖੁਦ ਮੌਜੂਦ ਰਹਿ ਕੇ ਯੋਗ ਲਾਭਪਾਤਰੀਆਂ ਨੂੰ ਸਿਹਤ ਬੀਮਾ ਕਾਰਡ ਹੱਥੀਂ ਸੌਂਪੇ।ਵਿਧਾਇਕ ਕਾਕਾ ਬਰਾੜ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਪੰਜਾਬ ਸਰਕਾਰ ਦੀ ਉਸ ਵਚਨਬੱਧਤਾ ਦਾ ਪ੍ਰਤੀਕ ਹੈ, ਜਿਸ ਅਧੀਨ ਹਰ ਵਰਗ ਦੇ ਨਾਗਰਿਕ ਨੂੰ ਬਿਨਾਂ ਕਿਸੇ ਵਿੱਤੀ ਚਿੰਤਾ ਦੇ ਉੱਚ-ਸਤਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਦਾ ਟੀਚਾ ਰੱਖਿਆ ਗਿਆ ਹੈ।ਉਨ੍ਹਾਂ ਹੋਰ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀ ਨੀਤੀ ਸਾਫ਼ ਹੈ ਕਿ ਕੋਈ ਵੀ ਨਾਗਰਿਕ ਆਰਥਿਕ ਕਮਜ਼ੋਰੀ ਕਾਰਨ ਇਲਾਜ ਤੋਂ ਵਾਂਝਾ ਨਾ ਰਹੇ। ਇਸ ਮੌਕੇ ਤਰਸੇਮ ਸਿੰਘ ਗਿੱਲ, ਕੁਲਵਿੰਦਰ ਸਿੰਘ, ਗੁਰਪ੍ਰੀਤ ਮੈਂਬਰ, ਇੰਦਰਜੀਤ ਮੈਂਬਰ, ਸ਼ਮਸ਼ੇਰ ਸਿੰਘ ਮੈਂਬਰ, ਹਰਨੇਕ ਸਿੰਘ ਪੁਨੀ,ਪ੍ਰਿਤਪਾਲ ਸਿੰਘ, ਹਰਬੰਸ ਸਿੰਘ ਮੈਂਬਰ ਬਲਾਕ ਸਮਿਤੀ, ਸੁਰਜੀਤ ਸਿੰਘ, ਗੁਰਰਾਜ ਸਿੰਘ ਬੁੱਟਰ, ਸਹਿਜਪ੍ਰੀਤ ਸਿੰਘ ਬਰਾੜ, ਜਤਿੰਦਰ ਮਹੰਤ, ਰਮਨਦੀਪ ਸਿੰਘ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



# ਰੰਧਾਵਾ ਕਾਤਰੋਂ ਨੇ ਮਜੀਠੀਆ ਨੂੰ ਜ਼ਮਾਨਤ ਮਿਲਣ ਦੇ ਫੈਸਲੇ ਦਾ ਕੀਤਾ ਸਵਾਗਤ

**ਸੰਗਾਲਾ (ਰਣਜੀਤ ਸਿੰਘ ਪੇਧਨੀ)**- ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਧੂਰੀ ਤੋਂ ਮੁੱਖ ਸੇਵਾਦਾਰ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਸਾਬਕਾ ਕੈਬਨਿਟ ਮੰਤਰੀ ਸ. ਬਿਕਰਮ ਸਿੰਘ ਮਜੀਠੀਆ ਨੂੰ ਮਾਨਯੋਗ ਸੁਪਰੀਮ ਕੋਰਟ ਵੱਲੋਂ ਜ਼ਮਾਨਤ ਦਿੱਤੇ ਜਾਣ ਦੇ ਫੈਸਲੇ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਨਿਆਪਾਲਿਕਾ 'ਤੇ ਸਮਾਜ ਦਾ ਹਮੇਸ਼ਾ ਯਕੀਨ ਰਿਹਾ ਹੈ ਅਤੇ ਹਰ ਵਿਅਕਤੀ ਅਦਾਲਤਾਂ ਤੋਂ ਇਨਸਾਫ਼ ਦੀ ਆਸ ਰੱਖਦਾ ਹੈ। ਉਨ੍ਹਾਂ ਕਿਹਾ ਕਿ ਮਾਨਯੋਗ ਸੁਪਰੀਮ ਕੋਰਟ ਦਾ ਸ. ਬਿਕਰਮ ਸਿੰਘ ਮਜੀਠੀਆ ਸਬੰਧੀ ਇਹ ਇਕ ਚੰਗਾ ਫੈਸਲਾ ਹੈ, ਜਿਸ ਨਾਲ ਨਿਰਪੱਖ ਨਿਆਪ੍ਰਣਾਲੀ 'ਤੇ ਭਰੋਸਾ ਹੋਰ ਮਜਬੂਤ ਹੋਵੇਗਾ ਤੇ ਉਨ੍ਹਾਂ ਵੱਲੋਂ ਮਾਨਯੋਗ ਅਦਾਲਤ ਦਾ ਧੰਨਵਾਦ ਕੀਤਾ ਤੇ ਮਜੀਠੀਆ ਸਾਹਿਬ ਨੂੰ ਵਧਾਈ ਦਿੱਤੀ।



...ਸਫ਼ਾ 1 ਦੇ ਬਾਕੀ

## ਸਕੀਮਾਂ 'ਚ ਬਦਲਾਓ ਕਰਨ ਖ਼ਿਲਾਫ਼ ਕਿਰਤ...

ਪੰਜਾਬ ਦੇ ਅਸਿਸਟੈਂਟ ਲੇਬਰ ਕਮਿਸ਼ਨਰਾਂ ਅਤੇ 27 ਮਾਰਚ ਨੂੰ ਲੇਬਰ ਕਮਿਸ਼ਨਰ ਪੰਜਾਬ ਦੇ ਦਫਤਰ ਸਾਹਮਣੇ ਧਰਨਾ ਦਿੱਤਾ ਜਾਵੇਗਾ। ਆਗੂਆਂ ਦੱਸਿਆ ਕਿ ਡਿਪਟੀ ਸਕੱਤਰ ਪਦਮਜੀਤ ਸਿੰਘ ਵੱਲੋਂ ਆਗੂਆਂ ਨਾਲ ਮੀਟਿੰਗ ਕਰਕੇ ਵਿਸ਼ਵਾਸ ਵੀ ਦਿਵਾਇਆ ਗਿਆ ਕਿ ਉਸਾਰੀ ਕਿਰਤੀਆਂ ਦੇ ਜਾਇਜ਼ ਮਸਲੇ ਤੁਰੰਤ ਹੱਲ ਕਰਨ ਲਈ ਹੋਰ ਯਤਨ ਤੇਜ਼ ਕੀਤੇ ਜਾਣਗੇ।

ਸ਼ਰਮਾ ਅਤੇ ਢਾਬਾਂ ਨੇ ਕਿਹਾ ਕਿ ਐਕਸਗਰੇਸ਼ੀਆ ਵਿੱਚ ਗਰੇਸ ਮਿਤੀ ਵਾਲੇ ਕੇਸਾਂ ਵਿੱਚ ਸਕੱਤਰ-ਕਮ-ਲੇਬਰ ਕਮਿਸ਼ਨਰ ਤੋਂ ਮਨਜ਼ੂਰੀ ਲੈਣਾ ਲਾਭਪਾਤਰੀ ਨੂੰ ਲਾਭ ਦੇਣ ਤੋਂ ਇਨਕਾਰ ਕਰਨਾ ਹੈ।ਪਹਿਲਾਂ ਤਾਂ ਫੀਲਡ ਵਿੱਚੋਂ ਉਪਰ ਕੇਸ ਪਹੁੰਚਦੇ ਹੀ ਨਹੀਂ, ਜੇਕਰ ਪਹੁੰਚ ਜਾਣ ਤਾਂ ਸਮਾਂ ਲੰਘਣ ਦੇ ਬਾਵਜੂਦ ਮਨਜ਼ੂਰੀ ਨਹੀਂ ਮਿਲਦੀ, ਨਾ ਹੀ ਫਿਰ ਇਕ ਸਾਲ ਬੀਤ ਜਾਣ ਤੋਂ ਬਾਅਦ ਲਾਭਪਾਤਰੀ ਦਾ ਕੇਸ ਅਪਲਾਈ ਹੋ ਸਕਦਾ ਹੈ। ਇਸੇ ਤਰ੍ਹਾਂ ਐਕਸੀਡੈਂਟ ਕੇਸਾਂ ਨੂੰ ਰੋਕਿਆ ਜਾ ਰਿਹਾ ਹੈ, ਜੋ ਕੰਮ 'ਤੇ ਜਾਂਦੇ ਸਮੇਂ ਅਤੇ ਆਉਂਦੇ ਸਮੇਂ ਹੁੰਦੇ ਹਨ। ਓਲਡ ਪੋਰਟਲ ਜਿਸ ਬਾਰੇ ਵਾਰ-ਵਾਰ ਯੂਨੀਅਨ ਆਪ ਅਤੇ ਲੇਬਰ ਕਮਿਸ਼ਨਰ ਅਤੇ ਡਿਪਟੀ ਸਕੱਤਰ ਨਾਲ ਗੱਲਬਾਤ ਕਰ ਚੁੱਕੀ ਹੈ, ਪਰ ਹਾਲੇ ਤੱਕ ਵਿਸ਼ਵਾਸ ਦਿਵਾਉਣ ਦੇ ਬਾਵਜੂਦ ਮਾਮਲਾ ਜਿਉਂ ਦਾ ਤਿਉਂ ਲਟਕ ਰਿਹਾ ਹੈ। ਲਾਭਪਾਤਰੀ ਮਾਯੂਸ ਹੋ ਕੇ ਲੋਕ ਅਦਾਲਤ ਜਾਂ ਅਦਾਲਤੀ ਕੇਸ ਕਰਨ ਲਈ ਮਜਬੂਰ ਹੋਣਗੇ, ਜੋ ਪ੍ਰਗਤੀ ਪੁਰਾਣੇ ਕੇਸਾਂ 'ਤੇ ਲੱਗੇ ਇਤਰਾਜ਼ਾਂ ਨੂੰ ਦੂਰ ਕਰਾਉਣ ਲਈ ਪਾਰਦਰਸ਼ਤਾ ਰਾਹੀਂ ਆਈ ਸੀ, ਉਹ ਖੜੋਤ ਵਿੱਚ ਚਲੀ ਗਈ ਹੈ। ਭਾਵੇਂ ਸਰਕਾਰ ਇਸ ਨੂੰ ਨਿੱਜਤਾ ਦਾ ਮਾਮਲਾ ਆਖ ਰਹੀ ਹੈ, ਹੁਣ ਓ ਟੀ ਪੀ ਰਾਹੀਂ ਸਾਰਾ ਕੁਝ ਕੈਫੇ ਆਦਿ ਜਾ ਕੇ ਲੋਕਾਂ ਦੇ ਇਤਰਾਜ਼ ਦੇਖਣ ਸਮੇਂ ਓ ਟੀ ਪੀ ਰਾਹੀਂ ਸਾਰੀ ਨਿੱਜਤਾ ਖਤਰੇ ਪੈਂਦੀ ਹੈ। ਜਥੇਬੰਦੀ ਸਮਝਦੀ ਹੈ ਕਿ ਮਹਿਕਮਾ ਲੋਕਾਂ ਦੇ ਮੁਤਾਬਕ ਕੰਮ ਕਰਨ ਤੋਂ ਅਸਮਰਥ ਹੋਣ ਕਾਰਨ ਓ ਟੀ ਪੀ ਵਾਲਾ ਮੰਤਰ ਲਾਗੂ ਕਰਕੇ ਲਾਭ ਦੇਣ ਤੋਂ ਟਾਲਮਟੋਲ ਦੀ ਨੀਤੀ ਲਾਗੂ ਕਰ ਰਿਹਾ ਹੈ। ਮਹਿਕਮੇ ਦੀ ਸਾਈਟ ਅਸਲ ਤਾਂ ਚਲਦੀ ਹੀ ਨਹੀਂ, ਜੇਕਰ ਚਲਦੀ ਹੈ ਤਾਂ ਬਹੁਤ ਹੌਲੀ ਚਲਦੀ ਹੈ । ਐੱਨ ਆਈ ਸੀ ਵੱਲੋਂ ਕਿਸੇ ਦਾ ਕੋਈ ਜਵਾਬ ਨਹੀਂ ਦਿੱਤਾ ਜਾਂਦਾ, ਕਈ ਵਾਰ ਓ ਟੀ ਪੀ ਹੀ ਨਹੀਂ ਆਉਂਦਾ, ਕਈ-ਕਈ ਦਿਨ ਬੰਦ ਰਹਿੰਦਾ ਹੈ। ਮੋਬਾਇਲ ਐਪ ਸਹੀ ਢੰਗ ਨਾਲ ਕੰਮ ਨਹੀਂ ਕਰਦਾ।

ਮੰਗਾਂ ਸੰਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਆਗੂਆਂ ਨੇ ਦੱਸਿਆ ਕਿ ਪੁਰਾਣੇ ਕੇਸ ਪਾਸ ਹੋਣ ਉਪਰੰਤ ਬੈਂਕ ਵਿੱਚ ਛੋਟਾ ਖਾਤਾ ਹੋਣ ਕਾਰਨ ਜਾਂ ਕਿਸੇ ਹੋਰ ਕਾਰਨ ਕਰਕੇ ਅਦਾਇਗੀ ਨਹੀਂ ਹੁੰਦੀ। ਉਸ ਬਾਰੇ ਲਾਭਪਾਤਰੀ ਜਾਂ ਵਾਰਸ ਵੱਲੋਂ ਅਰਜ਼ੀ ਦੇ ਕੇ ਇੰਸਪੈਕਟਰ ਤੋਂ ਮਨਜ਼ੂਰ ਕਰਾ ਕੇ ਏ ਐੱਲ ਸੀ ਰਾਹੀਂ ਸਕੱਤਰ ਨੂੰ ਭੇਜੀਆਂ ਜਾਂਦੀਆਂ ਹਨ। ਉਹਨਾਂ ਦੀ ਪੇਮੈਂਟ ਲਗਭਗ ਪੰਜ-ਪੰਜ ਸਾਲ ਤੱਕ ਲਟਕਦੀ ਰਹਿੰਦੀ ਹੈ ਤੇ ਲਾਭਪਾਤਰੀ ਜਾਂ ਵਾਰਸ ਨੂੰ ਕੋਈ ਸੂਚਨਾ ਨਹੀਂ ਦਿੱਤੀ ਜਾਂਦੀ। 27 ਨੰਬਰ ਫਾਰਮ 'ਤੇ ਰੌਲਾ ਪਾ ਕੇ ਸਰਕਾਰ ਨੇ ਪੰਜ ਸਾਲ ਤੇ ਤਿੰਨ ਸਾਲ ਹੋ ਰਹੀ ਰੀਨਿਊਲ ਹਰ ਸਾਲ ਕਰਵਾਉਣਾ ਯਕੀਨੀ ਬਣਾ ਦਿੱਤਾ ਹੈ। ਉਸ ਸਮੇਂ ਵਾਰ-ਵਾਰ ਕਿਹਾ ਗਿਆ ਹੈ ਕਿ ਸਕੀਮਾਂ ਵੇਲੇ ਰੀਨਿਊਲ ਸਮੇਂ ਦਿੱਤਾ 27 ਨੰਬਰ ਫਾਰਮ ਆਟੋਪੈਚ ਕੀਤਾ ਜਾਵੇਗਾ, ਸਾਲ ਭਰ ਮੁੜ 27 ਨੰਬਰ ਫਾਰਮ ਨਹੀਂ ਦੇਣਾ ਪਵੇਗਾ, ਪਰ ਆਟੋਪੈਚ ਹੋਣਾ ਤਾਂ ਇੱਕ ਪਾਸੇ ਰਿਹਾ, ਪਰ ਪੁਰਾਣੇ ਸਮੇਂ ਵਾਂਗ ਹੀ ਹਰ ਸਕੀਮ ਨਾਲ ਫਾਰਮ ਨੰਬਰ 27 ਲੈਣਾ ਜਾਰੀ ਹੈ। ਕਈ ਵਾਰ ਤਾਂ ਰੀਨਿਊਲ ਲਈ ਦਿੱਤੀ ਅਰਜ਼ੀ ਲਗਭਗ ਅੱਠ-ਨੌਂ ਮਹੀਨੇ ਬਾਅਦ ਹੀ ਪਾਸ ਕੀਤੀ ਜਾਂਦੀ ਹੈ।

ਲਾਭਪਾਤਰੀਆਂ ਵੱਲੋਂ ਅਪਲਾਈ ਕੀਤੀਆਂ ਸਕੀਮਾਂ 'ਤੇ ਵਾਰ-ਵਾਰ ਇਤਰਾਜ਼ ਲਗਾਏ ਜਾਂਦੇ ਹਨ, ਇਸ ਸੰਬੰਧੀ ਵੱਧ ਤੋਂ ਵੱਧ ਦੋ ਵਾਰ ਇਤਰਾਜ਼ ਲਗਾਉਣ 'ਤੇ ਤੀਜੀ ਵਾਰ ਖੁਦ ਲਾਭਪਾਤਰੀ ਨੂੰ ਬੁਲਾ ਕੇ ਇੰਸਪੈਕਟਰਾਂ ਵੱਲੋਂ ਹੀ ਇਤਰਾਜ਼ ਦਰੁਸਤ ਕੀਤੇ ਜਾਣ 'ਤੇ ਇਸ ਸੰਬੰਧੀ ਸਖਤ ਹਦਾਇਤਾਂ ਦਿੱਤੀਆਂ ਜਾਣ, ਤਾਂ ਜੋ ਕਿਰਤੀਆਂ ਦੀ ਖੱਜਲ-ਖੁਆਰੀ ਬੰਦ ਹੋ ਸਕੇ। ਪੈਨਸ਼ਨ ਦੇ ਕੇਸ ਜੋ 2016 ਤੋਂ ਲੈ ਕੇ ਲਟਕ ਰਹੇ ਹਨ, ਲੇਬਰ ਕਮਿਸ਼ਨਰ ਤੋਂ ਪਾਸ ਵੀ ਹੋ ਗਏ ਹਨ, ਪਰ ਲਾਈਫ ਸਰਟੀਫਿਕੇਟ ਨਾ ਤਾਂ ਭੇਜੇ ਜਾ ਰਹੇ ਹਨ, ਨਾ ਹੀ ਪ੍ਰਵਾਨ ਕੀਤੇ ਜਾ ਰਹੇ ਹਨ, ਇਸ ਸਿਸਟਮ ਨੂੰ ਸੁਧਾਰ ਕੇ ਬੈਂਕਾਂ ਰਾਹੀਂ ਪੈਨਸ਼ਨ ਦਿੱਤੀ ਜਾਵੇ। ਲਾਭਪਾਤਰੀ ਤੋਂ ਲਾਈਫ ਸਰਟੀਫਿਕੇਟ ਬੈਂਕਾਂ ਵਿੱਚ ਹੀ ਲਿਆ ਜਾਵੇ। ਨਵੀਂ ਪੈਨਸ਼ਨ ਨੀਤੀ ਤੁਰੰਤ ਰੱਦ ਕੀਤੀ ਜਾਵੇ ਜਾਂ ਫਿਰ ਪੈਨਸ਼ਨ ਵਿੱਚ ਵਜ਼ੀਫੇ ਵਾਂਗ ਦੋਹਰਾ ਲਾਭ (ਬੁਢਾਪਾ ਪੈਨਸ਼ਨ) ਲੈਣ ਦਾ ਹੱਕ ਦਿੱਤਾ ਜਾਵੇ। 30ਵੀਂ ਮੀਟਿੰਗ ਵਿੱਚ ਸ਼ਗਨ ਸਕੀਮ ਸੰਬੰਧੀ ਮੈਰਿਜ ਸਰਟੀਫਿਕੇਟ ਦੀ ਸ਼ਰਤ ਖਤਮ ਕਰ ਦਿੱਤੀ ਗਈ ਸੀ, ਪ੍ਰੰਤੂ ਇਸ ਸੰਬੰਧੀ ਪੱਤਰ ਕਈ ਮਹੀਨੇ ਦੇਰੀ ਨਾਲ ਜਾਰੀ ਹੋਇਆ, ਸੋ ਵਾਰ-ਵਾਰ ਇਸ ਸੰਬੰਧੀ ਮੈਰਿਜ ਸਰਟੀਫਿਕੇਟ ਦੇ ਇਤਰਾਜ਼ ਲਗਾਏ ਜਾ ਰਹੇ ਹਨ।

## ਏਮਜ਼ ਬਠਿੰਡਾ ਦੇ ਡਾਕਟਰਾਂ ...

ਸਟਾਫ ਦੇ ਸਹਿਯੋਗ ਨਾਲ ਕੀਤਾ ਗਿਆ। ਪ੍ਰੋਫੈਸਰ ਗੁਪਤਾ ਨੇ ਕਿਹਾ ਕਿ ਇਹ ਸਫਲਤਾ ਟੀਮ ਵਰਕ ਅਤੇ ਸਮੁੱਚੀ ਏਮਜ਼ ਫੈਕਲਟੀ ਦੇ ਸਹਿਯੋਗ ਦਾ ਨਤੀਜਾ ਹੈ। ਡਾਕਟਰਾਂ ਨੇ ਕਿਹਾ ਕਿ ਇਹ ਕੇਸ ਦਰਸਾਉਂਦਾ ਹੈ ਕਿ ਕਿਵੇਂ ਸ਼ੁਰੂਆਤੀ ਜਾਂਚ ਅਤੇ ਸਮੇਂ ਸਿਰ ਕੀਤੀ ਗਈ ਸਰਜਰੀ ਜਾਨ ਬਚਾ ਸਕਦੀ ਹੈ, ਖਾਸ ਕਰਕੇ ਉਨ੍ਹਾਂ ਬੱਚਿਆਂ ਵਿੱਚ, ਜੋ ਸਿਰਫ ਇੱਕ ਕੰਮ ਕਰਨ ਵਾਲੇ ਗੁਰਦੇ ਨਾਲ ਪੈਦਾ ਹੁੰਦੇ ਹਨ।

## ਡਰਾਕਲ ਸਰਕਾਰ ਰਾਹੁਲ...

ਉਨ੍ਹਾ ਸਵਾਲ ਕੀਤਾ, 'ਉਸ ਦੀ ਵਰਤੋਂ ਕਿਸ ਲਈ ਕੀਤੀ ਜਾ ਰਹੀ ਸੀ, ਉਹ ਕੀ ਸੀ, ਜੋ ਸਰਕਾਰ ਉਸ ਦੇ ਰਾਹੀਂ ਅਮਰੀਕੀ ਸਰਕਾਰ ਨਾਲ ਗੱਲ ਕਰਨਾ ਚਾਹੁੰਦੀ ਸੀ ? ' ਉਨ੍ਹਾ ਇਸ਼ਾਰਾ ਕੀਤਾ ਕਿ ਇਹ ਅਮਰੀਕੀ ਨਿਆਂ ਵਿਭਾਗ ਦੇ ਪ੍ਰਮਾਣਤ ਦਸਤਾਵੇਜ਼ ਵੀ ਹਨ। ਉਨ੍ਹਾ ਪੁੱਛਿਆ ਕਿ ਜੇ ਸੰਸਦ ਵਿੱਚ ਇਨ੍ਹਾਂ ਮੁੱਦਿਆਂ 'ਤੇ ਚਰਚਾ ਨਹੀਂ ਹੋਵੇਗੀ ਤਾਂ ਹੋਰ ਕਿਸ ਚੀਜ਼ 'ਤੇ ਹੋਵੇਗੀ।

## 'ਗ਼ੱਦਾਰ ਦੋਸਤ' ਨੂੰ ਲੈ ਕੇ ਮਚਿਆ ਗ਼ਦਰ...

ਤਰ੍ਹਾਂ ਸੰਭਵ ਹੈ ਕਿ ਉਹ ਦਿਸ਼ਾਹੀਣ ਕਾਂਗਰਸ ਨਾਲੋਂ ਮੋਦੀ ਸਰਕਾਰ ਦੀਆਂ ਵਿਕਾਸ ਨੀਤੀਆਂ ਨੂੰ ਚੁਣਨ ਲਈ ਬਿੱਟੂ ਜੀ ਵਿਰੁੱਧ ਡੂੰਘੀ ਨਫਰਤ ਰੱਖਦੇ ਹੋਣ, ਪਰ ਇਹ ਇੱਕ ਮਾਣਮੱਤੇ ਸਿੱਖ ਵਿਰੁੱਧ ਅਜਿਹੀ ਭੱਦੀ ਟਿੱਪਣੀ ਨੂੰ ਕਦੇ ਵੀ ਜਾਇਜ਼ ਨਹੀਂ ਠਹਿਰਾ ਸਕਦਾ, ਜਿਸ ਦੇ ਆਪਣੇ ਦਾਦਾ ਅੱਤਵਾਦੀਆਂ ਹੱਥੋਂ ਸ਼ਹੀਦ ਹੋਏ ਸਨ। ਕਿਸੇ ਨੂੰ 'ਗ਼ੱਦਾਰ ਦੋਸਤ' ਕਹਿਣ ਦਾ ਮਤਲਬ ਹੈ ਕਿ ਉਸ ਨੇ ਆਪਣੇ ਦੇਸ਼ ਨਾਲ ਧੋਖਾ ਕੀਤਾ ਹੈ। ਰਾਹੁਲ ਦੇ ਕਈ ਦੋਸਤ ਗ਼ੱਦਾਰ ਹੋ ਸਕਦੇ ਹਨ, ਪਰ ਸ੍ਰੀ ਬਿੱਟੂ ਨਿਸ਼ਚਿਤ ਤੌਰ 'ਤੇ ਉਨ੍ਹਾਂ ਵਿੱਚੋਂ ਇੱਕ ਨਹੀਂ ਹਨ।" ਉਨ੍ਹਾ ਕਿਹਾ ਕਿ ਇੱਕ ਉੱਘੇ ਸਿੱਖ ਨੂੰ ਬਿਨਾਂ ਕਿਸੇ ਅਧਾਰ ਦੇ ਗ਼ੱਦਾਰ ਕਹਿਣਾ ਪੂਰੀ ਸਿੱਖ ਕੌਮ 'ਤੇ ਕਲੰਕ ਹੈ। ਪੁਰੀ ਨੇ ਅੱਗੇ ਕਿਹਾ, 'ਅਜਿਹੀਆਂ ਅਪਮਾਨਜਨਕ ਟਿੱਪਣੀਆਂ ਕਰਨ ਤੋਂ ਪਹਿਲਾਂ ਉਨ੍ਹਾ ਨੂੰ ਹਿੰਦੂ ਧਰਮ ਦੀ ਰੱਖਿਆ ਲਈ ਸਾਡੇ ਗੁਰੂ ਸਾਹਿਬਾਨ ਅਤੇ ਸਾਹਿਬਜ਼ਾਦਿਆਂ ਵੱਲੋਂ ਦਿੱਤੀਆਂ ਕੁਰਬਾਨੀਆਂ ਬਾਰੇ ਪਤਾ ਹੋਣਾ ਚਾਹੀਦਾ ਸੀ। ਉਨ੍ਹਾ ਨੂੰ ਉਸ ਦੇਸ਼ ਪ੍ਰੇਮ ਬਾਰੇ ਪਤਾ ਹੋਣਾ ਚਾਹੀਦਾ ਸੀ, ਜੋ ਸਿੱਖ ਧਰਮ ਹਰ ਸਿੱਖ ਨੂੰ ਸਿਖਾਉਂਦਾ ਹੈ ਅਤੇ ਉਸ ਬਹਾਦਰੀ ਬਾਰੇ ਵੀ, ਜਿਸ ਨਾਲ ਸਿੱਖ ਭਾਰਤ ਮਾਤਾ ਦੀ ਪ੍ਰਭੂਸੱਤਾ ਦੀ ਰੱਖਿਆ ਲਈ ਹਥਿਆਰਬੰਦ ਸੈਨਾਵਾਂ ਵਿੱਚ ਵੱਡੀ ਗਿਣਤੀ ਵਿੱਚ ਸੇਵਾ ਕਰਦੇ ਹਨ।'

ਪੁਰੀ ਨੇ ਕਿਹਾ ਕਿ ਰਾਹੁਲ ਦੀ ਟਿੱਪਣੀ ਹਰ ਸਿੱਖ ਲਈ ਇੱਕ ਅਪਮਾਨ ਹੈ ਅਤੇ ਇਹ ਹਰ ਖੇਤਰ ਵਿੱਚ ਸਿੱਖਾਂ ਦੇ ਯੋਗਦਾਨ ਦਾ ਨਿਰਾਦਰ ਹੈ। ਇਹ ਸਾਡੇ ਵਿਸ਼ਵਾਸ, ਮਾਤ ਭੂਮੀ ਲਈ ਸਾਡੇ ਪਿਆਰ ਅਤੇ ਬਿੱਟੂ ਦੇ ਦਾਦਾ ਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਸਰਦਾਰ ਬੇਅੰਤ ਸਿੰਘ ਦੀ ਕੁਰਬਾਨੀ ਦਾ ਅਪਮਾਨ ਹੈ। ਉਨ੍ਹਾ ਕਿਹਾ ਕਿ ਸਾਨੂੰ ਉਸੇ ਮਾਨਸਿਕਤਾ ਨਾਲ 1984 ਵਿੱਚ ਸ੍ਰੀ ਦਰਬਾਰ ਸਾਹਿਬ ਦੀ ਹੋਈ ਬੇਅਦਬੀ ਨੂੰ ਵੀ ਨਹੀਂ ਭੁੱਲਣਾ ਚਾਹੀਦਾ।

ਦਿੱਲੀ ਦੇ ਸੀਨੀਅਰ ਭਾਜਪਾ ਆਗੂ ਮਨਜਿੰਦਰ ਸਿੰਘ ਸਿਰਸਾ ਨੇ ਲੋਕ ਸਭਾ ਸਪੀਕਰ ਤੋਂ ਰਾਹੁਲ ਵਿਰੁੱਧ ਕਾਰਵਾਈ ਦੀ ਮੰਗ ਕਰਦਿਆਂ ਕਿਹਾ, 'ਗਾਂਧੀ ਪਰਵਾਰ ਅਸਲੀ ਗ਼ੱਦਾਰ ਹੈ, ਜਿਸ ਤਰ੍ਹਾਂ ਉਨ੍ਹਾਂ ਦਰਬਾਰ ਸਾਹਿਬ 'ਤੇ ਬੰਬਾਰੀ ਕੀਤੀ ਅਤੇ ਜਿਸ ਤਰ੍ਹਾਂ ਉਨ੍ਹਾਂ ਸਿੱਖਾਂ ਦੇ ਗਲਾਂ ਵਿੱਚ ਟਾਇਰ ਪਾ ਕੇ ਉਨ੍ਹਾਂ ਨੂੰ ਮਾਰਿਆ। ਕਾਂਗਰਸ ਦੀ ਸਿੱਖ ਵਿਰੋਧੀ ਮਾਨਸਿਕਤਾ, ਜੋ 1984 ਵਿੱਚ ਦਿਖਾਈ ਦਿੱਤੀ ਸੀ, ਉਹ ਅੱਜ ਵੀ ਬਰਕਰਾਰ ਹੈ।'

ਇਸ ਤੋਂ ਪਹਿਲਾਂ ਬਿੱਟੂ ਨੇ ਇੱਕ ਵੀਡੀਓ ਬਿਆਨ ਜਾਰੀ ਕਰਦਿਆਂ ਕਿਹਾ ਕਿ ਰਾਹੁਲ ਗਾਂਧੀ ਨੇ ਉਨ੍ਹਾ ਨੂੰ ਗ਼ੱਦਾਰ ਕਿਹਾ ਅਤੇ ਫਿਰ ਹੱਥ ਮਿਲਾਉਣ ਲਈ ਹੱਥ ਵਧਾਇਆ। ਬਿੱਟੂ ਨੇ ਕਿਹਾ, 'ਉਹ ਰਾਜਿਆਂ ਵਾਂਗ ਵਿਹਾਰ ਕਰਦੇ ਹਨ, ਜਿਵੇਂ ਦੁਨੀਆ ਉਨ੍ਹਾ ਦੀ ਹੋਵੇ, ਪਰ ਇਹ ਇੱਕ ਸਰਦਾਰ ਦਾ ਹੱਥ ਹੈ, ਜੋ ਅਜਿਹੇ ਲੋਕਾਂ ਲਈ ਕਦੇ ਨਹੀਂ ਵਧੇਗਾ, ਜਿਨ੍ਹਾਂ 1984 ਵਿੱਚ ਸਿੱਖਾਂ ਦਾ ਕਤਲ ਕੀਤਾ, ਜਿਨ੍ਹਾਂ ਸਾਡੇ ਪਵਿੱਤਰ ਅਸਥਾਨ 'ਤੇ ਟੈਂਕ ਭੇਜੇ ਅਤੇ ਉਸ ਦੀ ਬੇਅਦਬੀ ਕੀਤੀ।'

ਬਿੱਟੂ ਨੇ ਕਿਹਾ ਕਿ ਜਦੋਂ ਤੱਕ ਉਹ ਕਾਂਗਰਸ ਵਿੱਚ ਸਨ, ਰਾਹੁਲ ਨੂੰ ਉਨ੍ਹਾ ਨਾਲ ਕੋਈ ਸਮੱਸਿਆ ਨਹੀਂ ਸੀ, ਪਰ ਕਿਉਂਕਿ ਉਹ ਹੁਣ ਭਾਜਪਾ ਵਿੱਚ ਹਨ, ਉਹ ਗ਼ੱਦਾਰ ਬਣ ਗਏ। ਉਨ੍ਹਾ ਕਿਹਾ, 'ਸੱਚਾਈ ਇਹ ਹੈ ਕਿ ਮੇਰੇ ਦਾਦਾ ਜੀ ਅੱਤਵਾਦੀਆਂ ਹੱਥੋਂ ਮਾਰੇ ਗਏ ਸਨ ਅਤੇ ਇਸ ਲਈ ਜਦੋਂ ਵੀ ਰਾਜੀਵ ਗਾਂਧੀ ਦਾ ਨਾਂਅ ਲਿਆ ਜਾਂਦਾ ਹੈ ਤਾਂ ਉਨ੍ਹਾ ਦਾ ਨਾਂਅ ਵੀ ਲੈਣਾ ਪੈਂਦਾ ਹੈ ਅਤੇ ਇਹੀ ਉਨ੍ਹਾਂ ਦੀ ਸਮੱਸਿਆ ਹੈ।'

## ਮਮਤਾ ਨੇ ਚੋਣ ਕਮਿਸ਼ਨ...

ਨਾਲ ਭੇਜੋ। ਤੁਸੀਂ ਉੱਘੇ ਲੇਖਕਾਂ ਆਦਿ ਨੂੰ ਬਾਹਰ ਨਹੀਂ ਕੱਢ ਸਕਦੇ।' ਬੈਨਰਜੀ ਨੇ ਦੋਸ਼ ਲਾਇਆ ਕਿ ਪੱਛਮੀ ਬੰਗਾਲ ਵਿੱਚ ਐੱਸ ਆਈ ਆਰ ਅਭਿਆਸ ਕਾਹਲੀ ਵਿੱਚ ਅਤੇ ਪੱਖਪਾਤੀ ਢੰਗ ਨਾਲ ਚਲਾਇਆ ਜਾ ਰਿਹਾ ਹੈ। ਇਸ ਤੋਂ ਪਹਿਲਾਂ ਉਨ੍ਹਾ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਪੱਤਰ ਲਿਖ ਕੇ ਸ਼ਿਕਾਇਤ ਕੀਤੀ ਸੀ ਕਿ ਐੱਸ ਆਈ ਆਰ ਪ੍ਰਕਿਰਿਆ ਲੋਕ ਪ੍ਰਤੀਨਿਧਤਾ ਐਕਟ ਅਤੇ ਇਸ ਦੇ ਨਿਯਮਾਂ ਦੀਆਂ ਵਿਵਸਥਾਵਾਂ ਦੀ ਉਲੰਘਣਾ ਕਰਦੀ ਹੈ।

## ਮੌਜੂਦਾ ਹਾਲਤਾਂ ਨਾਲ ਨਜਿੱਠਣ ਲਈ ਕਮਿਊਨਿਸਟਾਂ ...

ਆਰਥਿਕ ਅਤੇ ਜ਼ਿਲ੍ਹੇ ਦੀ ਜਥੇਬੰਦਕ ਅਤੇ ਸਰਗਰਮੀਆਂ ਦੀ ਰਿਪੋਰਟ ਪੇਸ਼ ਕੀਤੀ ਗਈ, ਜਿਸ ਉਪਰ ਸਾਰੇ ਡੈਲੀਗੇਟਾਂ ਵਿੱਚੋਂ ਲਗਭਗ 25 ਡੈਲੀਗੇਟਾਂ ਨੇ ਭਾਗ ਲਿਆ। ਬਹਿਸ ਉਪਰੰਤ ਇਹ ਰਿਪੋਰਟ ਵਾਧਿਆਂ ਸਮੇਤ ਸਰਬਸੰਮਤੀ ਨਾਲ ਪਾਸ ਕੀਤੀ ਗਈ। ਇਸ ਸਮੇਂ ਡੈਲੀਗੇਟ ਅਜਲਾਸ ਵਿੱਚ ਕੁਝ ਮਤੇ, ਜਿਵੇਂ ਕਿ ਵੈਨੇਜ਼ੁਏਲਾ ਦੇ ਹੱਕ ਅਤੇ ਅਮਰੀਕੀ ਧੌਂਸ ਦੇ ਵਿਰੁੱਧ ਮਤਾ, ਹਰ ਇੱਕ ਲਈ ਸਿੱਖਿਆ ਦੀ ਗਾਰੰਟੀ ਲਈ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਦੇਸ਼ ਦੀ ਪਾਰਲੀਮੈਂਟ ਵਿੱਚ ਪਾਸ ਹੋਵੇ, ਪਹਿਲਾਂ ਵਾਲਾ ਨਰੇਗਾ ਕਾਨੂੰਨ ਬਹਾਲ ਰੱਖਿਆ ਕੀਤਾ ਜਾਵੇ, ਮੁਫਤ ਤੇ ਲਾਜ਼ਮੀ ਸਿਹਤ ਸਹੂਲਤਾਂ, ਸਾਰੀਆਂ ਫਸਲਾਂ 'ਤੇ ਐੱਮ ਐੱਸ ਪੀ ਦੀ ਗਰੰਟੀ ਆਦਿ ਮਤੇ ਵੀ ਸਰਬਸੰਮਤੀ ਨਾਲ ਪਾਸ ਕੀਤੇ ਗਏ। ਇਸ ਉਪਰੰਤ ਪੁਰਾਣੀ ਜ਼ਿਲ੍ਹਾ ਕੌਂਸਲ ਨੂੰ ਭੰਗ ਕਰਦਿਆਂ ਨਵੀਂ 45 ਮੈਂਬਰੀ ਜ਼ਿਲ੍ਹਾ ਕੌਂਸਲ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਨਵੀਂ ਚੁਣੀ ਗਈ ਜ਼ਿਲ੍ਹਾ ਕੌਂਸਲ ਨੇ ਸਰਬਸੰਮਤੀ ਨਾਲ ਕੁਲਦੀਪ ਸਿੰਘ ਭੋਲਾ ਨੂੰ ਦੁਬਾਰਾ ਜ਼ਿਲ੍ਹਾ ਸਕੱਤਰ ਅਤੇ ਡਾਕਟਰ ਇੰਦਰਵੀਰ ਗਿੱਲ ਤੇ ਗੁਰਦਿੱਤ ਦੀਨਾ ਨੂੰ ਸਹਾਇਕ ਸਕੱਤਰ ਚੁਣਿਆ ਗਿਆ। ਇਸ ਮੌਕੇ 17 ਅਤੇ 18 ਫਰਵਰੀ ਨੂੰ ਜਲੰਧਰ ਵਿਖੇ ਹੋ ਰਹੀ ਸੂਬਾਈ ਕਾਨਫਰੰਸ ਲਈ ਡੈਲੀਗੇਟਾਂ ਦੀ ਚੋਣ ਵੀ ਕੀਤੀ ਗਈ। ਕਾਨਫਰੰਸ ਦੌਰਾਨ ਲਾਲ ਝੰਡਿਆਂ ਨਾਲ ਸਜਿਆ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਖਾਸ ਖਿੱਚ ਦਾ ਕੇਂਦਰ ਰਿਹਾ, ਜਿਸ ਵਿੱਚ ਨੌਜਵਾਨ ਆਗੂ ਜਸਪ੍ਰੀਤ ਬੱਧਨੀ, ਵਿਦਿਆਰਥੀ ਆਗੂ ਸਵਰਾਜ ਖੋਸਾ, ਹਰਮਨਦੀਪ ਬੁੱਟਰ ਤੇ ਅਨਮੋਲ ਦੀ ਅਗਵਾਈ ਵਿੱਚ ਕਮਿਊਨਿਸਟ ਅੰਦੋਲਨ ਨਾਲ ਸੰਬੰਧਤ, ਕਮਿਊਨਿਸਟ ਪਾਰਟੀ ਅਤੇ ਟਰੇਡ ਯੂਨੀਅਨ ਦੇ ਸ਼ਹੀਦਾਂ ਨਾਲ ਸੰਬੰਧਤ ਤੇ ਜ਼ਿਲ੍ਹੇ ਦੀਆਂ ਵੱਖ-ਵੱਖ ਗਤੀਵਿਧੀਆਂ ਨਾਲ ਸੰਬੰਧਤ ਪ੍ਰਦਰਸ਼ਨੀਆਂ ਦਾ ਆਯੋਜਨ ਵੀ ਕੀਤਾ ਗਿਆ। ਇਸ ਸਮੇਂ ਕਿਤਾਬਾਂ ਦੀ ਸਟਾਲ ਵੀ ਲਗਾਈ ਗਈ।ਹੋਰਨਾਂ ਤੋਂ ਇਲਾਵਾ ਬਲਾਕ ਮੋਗਾ 1 ਦੇ ਸਕੱਤਰ ਸਵਰਾਜ ਸਿੰਘ ਢੁੱਡੀਕੇ, ਮੋਗਾ 2 ਦੇ ਸਕੱਤਰ ਸ਼ੇਰ ਸਿੰਘ ਦੌਲਤਪੁਰਾ, ਬਾਘਾ ਪੁਰਾਣਾ ਦੇ ਸਕੱਤਰ ਗੁਰਮੀਤ ਸਿੰਘ ਵਾਂਦਰ, ਸ਼ਹਿਰੀ ਕਮੇਟੀ ਦੇ ਸਕੱਤਰ ਸਵਰਨ ਸਿੰਘ ਖੋਸਾ, ਪਾਰਟੀ ਦੇ ਸੂਬਾਈ ਆਗੂ ਸੁਖਜਿੰਦਰ ਸਿੰਘ ਮਹੇਸਰੀ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਸੂਬਾ ਸਕੱਤਰ ਜਗਸੀਰ ਸਿੰਘ ਖੋਸਾ, ਆਲ ਇੰਡੀਆ ਆਂਗਣਵਾੜੀ ਵਰਕਰ/ ਹੈਲਪਰ ਯੂਨੀਅਨ ਦੇ ਆਗੂ ਗੁਰਚਰਨ ਕੌਰ, ਪੰਜਾਬ ਇਸਤਰੀ ਸਭਾ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਕੌਰ, ਪੰਜਾਬ ਕਿਸਾਨ ਸਭਾ ਦੇ ਆਗੂ ਸੂਰਤ ਸਿੰਘ ਧਰਮਕੋਟ, ਨੌਜਵਾਨ ਆਗੂ ਜਗਵਿੰਦਰ ਸਿੰਘ ਕਾਕਾ, ਇੰਦਰਜੀਤ ਦੀਨਾ, ਮਹਿੰਦਰ ਸਿੰਘ ਧੂਰਕੋਟ, ਸਿਕੰਦਰ ਸਿੰਘ ਮਧੇਕੇ, ਸੁਖਦੇਵ ਭੋਲਾ, ਮੰਗਤ ਰਾਏ, ਪੋਹਲਾ ਸਿੰਘ ਬਰਾੜ, ਇਕਬਾਲ ਤਖਾਣਵੱਧ, ਬੋਹੜ ਬੁੱਟਰ, ਹਰਪ੍ਰੀਤ ਬਾਵਾ, ਕੁਲਵੰਤ ਸਿੰਘ ਬੱਧਨੀ, ਗੁਰਮੇਲ ਨਾਹਰ, ਬਲਰਾਜ ਸਿੰਘ, ਸਤਵੰਤ ਖੋਟੇ, ਰਾਜੂ ਸਿੰਘ ਮਹੇਸਰੀ, ਉਂਕਾਰ ਸਿੰਘ, ਮੁਖਤਿਆਰ ਸਿੰਘ ਮੋਗਾ, ਹਰਦਿਆਲ ਸਿੰਘ ਘਾਲੀ, ਬਿੰਦਰ ਸਿੰਘ ਝੰਡੇਆਣਾ, ਬਿਦਰ ਕੌਰ ਗਲੋਟੀ, ਕਮਲੇਸ਼ ਸਿੰਘ, ਬਲਵਿੰਦਰ ਸਿੰਘ ਬਹੋਨਾ, ਹਰਬੰਸ ਢਿੱਲੋਂ, ਨਵਜੋਤ ਬਿਲਾਸਪੁਰ, ਪੂਜਾ ਖੋਸਾ, ਗੁਰਪ੍ਰੀਤ ਰਾਊਕੇ ਆਦਿ ਆਗੂ ਹਾਜ਼ਰ ਸਨ।

## ਮੋਦੀ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ...

ਲੁੱਟ ਕਰਵਾ ਰਹੀ ਹੈ। ਉਨ੍ਹਾ ਕਿਹਾ ਕਿ ਮੋਦੀ ਸਰਕਾਰ ਦੀਆਂ ਜਿਹੜੀਆਂ ਨੀਤੀਆਂ ਹਨ ਇਹ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ ਅਤੇ ਦੁਕਾਨਦਾਰਾਂ ਨੂੰ ਉਜਾੜਨ ਦੀਆਂ ਨੀਤੀਆਂ ਹਨ। ਇਹ ਨੀਤੀਆਂ ਨੂੰ ਪੁੱਠਾ ਗੇੜਾ ਦੇਣ ਲਈ ਇੱਕ ਜੇਤੂ ਅਤੇ ਵਿਆਪਕ ਕਿਸਾਨ ਅੰਦੋਲਨ ਵਾਂਗ ਦੇਸ਼ ਪੱਧਰੀ ਏਕਾ ਕਰਕੇ ਇੱਕ ਵੱਡੇ ਸੰਘਰਸ਼ ਨੂੰ ਸਫਲ ਬਣਾਉਣ ਲਈ 12 ਫਰਵਰੀ ਦੀ ਹੜਤਾਲ ਨੂੰ ਸਫਲ ਕਰਨ ਲਈ ਵਿਆਪਕ ਏਕੇ ਨੂੰ ਮਜ਼ਬੂਤ ਕਰਦੇ ਹੋਏ ਸੰਘਰਸ਼ ਨੂੰ ਪਿੰਡ-ਪਿੰਡ ਪੱਧਰ 'ਤੇ ਸਮਾਜਿਕ ਏਕੇ ਲਈ ਲਾਮਬੰਦੀ ਕਰਨ ਦਾ ਐਲਾਨ ਕੀਤਾ। ਉਹਨਾਂ ਕਿਹਾ ਕਿ ਮੋਦੀ ਸਰਕਾਰ ਕਿਰਤ ਕਾਨੂੰਨਾਂ ਨੂੰ ਖ਼ਤਮ ਕਰਕੇ ਬਣਾਏ ਗਏ 4 ਲੇਬਰ ਕੋਡ ਮਜ਼ਦੂਰਾਂ ਨੂੰ ਗੁਲਾਮੀ ਵੱਲ ਧੱਕਣਗੇ ਅਤੇ ਪੁਰਾਣੀ ਪੈਨਸ਼ਨ ਸਕੀਮ ਬੰਦ ਕਰਕੇ ਮੁਲਾਜ਼ਮਾਂ ਦਾ ਭਵਿੱਖ ਉਜਾੜਿਆ ਗਿਆ ਹੈ। ਮੋਦੀ ਸਰਕਾਰ ਦੇਸ਼ ਵਿੱਚ ਕਾਰਪੋਰੇਟ ਘਰਾਣਿਆਂ ਲਈ ਲੁੱਟ ਦੇ ਸੁਰੱਖਿਅਤ ਹਥਿਆਰ ਵਜੋਂ ਪਾਲਸੀ ਬਣਾ ਕੇ ਲੁੱਟ ਯਕੀਨੀ ਬਣਾ ਰਹੀ ਹੈ ਅਤੇ ਆਪਣੇ ਫਾਸ਼ੀ ਹਮਲੇ ਦੀ ਨੀਤੀ ਨੂੰ ਦੇਸ਼ ਅੰਦਰ ਲਾਗੂ ਕਰ ਰਹੀ ਹੈ।ਕਨਵੈਨਸ਼ਨ ਨੂੰ ਹੋਰਨਾਂ ਤੋਂ ਇਲਾਵਾ ਕਾ. ਧੰਨਾ ਮੱਲ ਗੋਇਲ (ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ), ਕਾ. ਸਿਕੰਦਰ ਸਿੰਘ ਘਰਾਂਗਣਾ (ਪੈਨਸ਼ਨਰਜ਼ ਐਸੋਸੀਏਸ਼ਨ), ਰੂਪ ਸਿੰਘ ਢਿੱਲੋਂ, ਜੀਤ ਸਿੰਘ ਬੋਹਾ, ਗੁਰਮੀਤ ਸਿੰਘ ਨੰਦਗੜ੍ਹ, ਆਤਮਾ ਰਾਮ ਸਰਦੂਲਗੜ੍ਹ, ਅਮਰੀਕ ਫਫੜੇ, ਵੇਦ ਪ੍ਰਕਾਸ਼ (ਏਟਕ), ਕਰਨੈਲ ਸਿੰਘ ਭੀਖੀ, ਮੀਨੂ ਮਾਨਸਾ (ਆਂਗਣਵਾੜੀ ਵਰਕਰ ਆਗੂ), ਮਨਜੀਤ ਕੌਰ, ਨਰੇਸ਼ ਬੁਰਜ ਹਰੀ, ਰਘਵੀਰ ਸਿੰਘ ਭੀਖੀ, ਮੇਜਰ ਸਿੰਘ ਦੂਲੋਵਾਲ, ਬਲਵੰਤ ਸਿੰਘ ਦਲੇਲ ਸਿੰਘ ਵਾਲਾ, ਜਸਵੀਰ ਸਿੰਘ ਰਾਏਕੇ, ਮੱਖਣ ਸਿੰਘ ਮਾਨਸਾ, ਪ੍ਰੀਤਮ ਸਿੰਘ ਗਿੱਲ, ਗੁਰਮੀਤ ਸਿੰਘ (ਬੀ.ਕੇ.ਯੂ. ਲੱਖੋਵਾਲ), ਰਤਨ ਸਿੰਘ ਭੋਲਾ (ਵਪਾਰ ਮੰਡਲ), ਭਜਨ ਸਿੰਘ ਘੁੰਮਣ (ਕ੍ਰਾਂਤੀਕਾਰੀ ਕਿਸਾਨ ਯੂਨੀਅਨ), ਕਰਨੈਲ ਸਿੰਘ (ਪੰਜਾਬ ਕਿਸਾਨ ਯੂਨੀਅਨ) ਅਤੇ ਬਲਵਿੰਦਰ ਕੌਰ ਬੈਰਾਗੀ ਨੇ ਵੀ ਸੰਬੋਧਨ ਕੀਤਾ।ਕਨਵੈਨਸ਼ਨ ਦੌਰਾਨ ਚਾਰ ਮਜ਼ਦੂਰ ਵਿਰੋਧੀ ਲੇਬਰ ਕੋਡ ਤੁਰੰਤ ਰੱਦ ਕੀਤੇ ਜਾਣ, ਨਰੇਗਾ ਸਕੀਮ ਨੂੰ ਬਚਾਉਣ ਲਈ ਬਜਟ ਵਧਾਉਣ ਅਤੇ 200 ਦਿਨ ਕੰਮ ਯਕੀਨੀ ਬਣਾਉਣ, ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਬਿਨਾਂ ਸ਼ਰਤ ਲਾਗੂ ਕਰਨ ਅਤੇ ਖੇਤੀ ਕਿਰਤ ਖੇਤਰ ਵਿੱਚ ਕਾਰਪੋਰੇਟ ਦੇ ਦਖ਼ਲ ਨੂੰ ਬੰਦ ਕਰਨ, ਦੇਸ਼ ਦੇ ਲੋਕਤੰਤਰ ਅਤੇ ਸੰਵਿਧਾਨਕ ਅਧਿਕਾਰਾਂ 'ਤੇ ਹਮਲੇ ਬੰਦ ਕਰਨ ਦੀਆਂ ਮੰਗਾਂ ਮੁੱਖ ਤੌਰ 'ਤੇ ਉੱਭਰ ਕੇ ਸਾਹਮਣੇ ਆਈਆਂ।ਆਗੂਆਂ ਨੇ ਸਮੂਹ ਇਨਸਾਫ਼ ਪਸੰਦ ਲੋਕਾਂ ਨੂੰ 12 ਫਰਵਰੀ ਦੀ ਦੇਸ਼-ਵਿਆਪੀ ਹੜਤਾਲ 'ਚ ਸ਼ਮੂਲੀਅਤ ਦੀ ਪੁਰਜ਼ੋਰ ਅਪੀਲ ਵੀ ਕੀਤੀ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

# ਮਜ਼ਦੂਰ ਵਰਗ 12 ਦੀ ਹੜਤਾਲ 'ਚ ਵਧ ਚੜ੍ਹ ਕੇ ਹਿੱਸਾ ਲਵੇ : ਊਸ਼ਾ ਰਾਣੀ/ਚੰਦਰ ਸ਼ੇਖਰ

**ਲੁਧਿਆਣਾ (ਐਮ ਐਸ ਭਾਟੀਆ)**

ਸੈਂਟਰ ਆਫ਼ ਇੰਡੀਅਨ ਟ੍ਰੇਡ ਯੂਨੀਅਨਜ਼ (ਸੀਟੂ) ਦੇ ਆਲ ਇੰਡੀਆ ਸਕੱਤਰ ਭੈਣ ਊਸ਼ਾ ਰਾਣੀ, ਸੂਬਾਈ ਪ੍ਰਧਾਨ ਸਾਥੀ ਚੰਦਰ ਸ਼ੇਖਰ,ਜਨਰਲ ਸਕੱਤਰ ਮਹਾਂ ਸਿੰਘ ਰੌੜੀ,ਵਿੱਤ ਸਕੱਤਰ ਸੁਖਮਿੰਦਰ ਸਿੰਘ ਲੋਟੇ, ਸੂਬਾ ਸਕੱਤਰ ਅਮਰਨਾਥ ਕੂੰਮਕਲਾਂ,ਸੂਬਾ ਮੀਤ ਪ੍ਰਧਾਨ ਸਾਥੀ ਦਲਜੀਤ ਕੁਮਾਰ ਗੋਰਾ ਅਤੇ ਸੁਭਾਸ਼ ਰਾਣੀ ਨੇ ਕੁਝ ਸ਼ਰਾਰਤੀ ਅਤੇ ਲੁਕਵੇਂ ਕਾਰਨਾਂ ਕਰਕੇ ਬੇਸ਼ਰਮੀ ਨਾਲ ਅਮਰੀਕੀ ਦਬਾਅ ਅੱਗੇ ਆਤਮ ਸਮਰਪਣ ਕਰਨ ਲਈ ਮੋਦੀ ਸਰਕਾਰ ਦੀ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਦੁਆਰਾ ਐਲਾਨਿਆ ਗਿਆ ਗੁਪਤ ਦੁਵੱਲਾ ਵਪਾਰ ਸਮਝੌਤਾ, ਜੇਕਰ ਅਮਲ ਵਿੱਚ ਆਉਂਦਾ ਹੈ, ਤਾਂ ਇਹ ਕਰੋੜਾਂ ਭਾਰਤੀ ਮਜ਼ਦੂਰਾਂ, ਕਿਸਾਨਾਂ ਅਤੇ



ਵੱਡੇ ਪੱਧਰ 'ਤੇ ਭਾਰਤੀ ਆਰਥਿਕ ਪ੍ਰਭੂਸੱਤਾ ਦੇ ਹਿੱਤਾਂ ਵਿਰੁੱਧ ਸਭ ਤੋਂ ਘਾਤਕ ਕਾਰਵਾਈ ਹੋਵੇਗੀ। ਇਹ ਸਮਰਪਣ ਮੋਦੀ ਸਰਕਾਰ ਦੇ ਰਾਸ਼ਟਰ-ਵਿਰੋਧੀ, ਲੋਕ-ਵਿਰੋਧੀ ਚਰਿੱਤਰ ਨੂੰ ਸਪੱਸ਼ਟ ਤੌਰ 'ਤੇ ਉਜਾਗਰ ਕਰਦਾ ਹੈ। ਸ਼੍ਰੀ ਟਰੰਪ ਦੇ ਦਾਅਵੇ ਅਨੁਸਾਰ, ਭਾਰਤ ਦੀ ਮੋਦੀ ਸਰਕਾਰ ਨੇ ਸਸਤਾ ਰੂਸੀ ਤੇਲ (ਸਾਡੇ ਕੁੱਲ ਤੇਲ ਆਯਾਤ ਦਾ 40%) ਖਰੀਦਣਾ ਬੰਦ ਕਰਨ ਲਈ ਸਹਿਮਤੀ ਦਿੱਤੀ ਹੈ ਅਤੇ ਅਮਰੀਕਾ ਤੋਂ ਉੱਚ-ਕੀਮਤ ਜਾਂ ਘੱਟ-ਗੁਣਵੱਤਾ ਵਾਲਾ ਤੇਲ ਖਰੀਦਣ ਦਾ ਵਾਅਦਾ ਕੀਤਾ ਹੈ; ਇਸ ਦੇ ਨਾਲ, ਮੋਦੀ ਸਰਕਾਰ ਨੇ ਅਮਰੀਕੀ ਸਾਮਾਨ 'ਤੇ ਟੈਰਿਫ ਅਤੇ ਗੈਰ-ਟੈਰਿਫ ਰੁਕਾਵਟਾਂ ਨੂੰ ਜ਼ੀਰੋ ਤੱਕ ਘਟਾਉਣ ਦਾ ਵਾਅਦਾ ਕੀਤਾ ਹੈ।ਇਸ ਤੋਂ ਇਲਾਵਾ, ਟਰੰਪ ਦਾ ਇਹ ਦਾਅਵਾ ਹੈ ਕਿ ਪ੍ਰਧਾਨ ਮੰਤਰੀ ਮੋਦੀ ਨੇ 500 ਬਿਲੀਅਨ ਡਾਲਰ ਤੋਂ ਵੱਧ ਮੁੱਲ ਦੇ ਅਮਰੀਕੀ ਊਰਜਾ, ਤਕਨਾਲੋਜੀ, ਖੇਤੀਬਾੜੀ ਉਤਪਾਦਾਂ, ਕੋਲਾ ਅਤੇ ਹੋਰ ਸਾਮਾਨਾਂ ਤੋਂ ਇਲਾਵਾ, ਬਹੁਤ ਉੱਚ ਪੱਧਰਾਂ 'ਤੇ ਅਮਰੀਕੀ ਸਮਾਨ ਖਰੀਦਣ ਲਈ ਵਚਨਬੱਧਤਾ ਕੀਤੀ ਹੈ, ਜੋ ਭਾਰਤੀ ਉਦਯੋਗਾਂ ਅਤੇ ਉਨ੍ਹਾਂ ਵਿੱਚ ਕੰਮ ਕਰਨ ਵਾਲੇ ਕਾਮਿਆਂ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰੇਗਾ।ਸੀ ਆਈ ਟੀ ਯੂ ਅਮਰੀਕਾ ਵੱਲੋਂ ਮੋਦੀ ਸਰਕਾਰ ਦੀ ਬਾਂਹ ਮਰੋੜਕੇ ਸਮਝੌਤੇ ਕਰਨ ਵਾਲੀਆਂ ਚਾਲਾਂ ਅੱਗੇ ਸਮਰਪਣ ਦੀ ਨਿੰਦਾ ਕਰਦੀ ਹੈ ਅਤੇ ਮੰਗ ਕਰਦੀ ਹੈ ਕਿ ਸਰਕਾਰ

# ਮੁੱਖ ਮੰਤਰੀ ਸਿਹਤ ਯੋਜਨਾ ਲੋਕਾਂ ਲਈ ਵਰਦਾਨ : ਬਰਸਟ

**ਸਮਾਣਾ, (ਇਕਬਾਲ ਸਿੰਘ ਬੱਲ)**

ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਦੇ ਪਿੰਡ ਭਗਵਾਨਪੁਰਾ ਉਰਫ਼ ਖੱਤਰੀਵਾਲਾ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਿਹਤ ਕਾਰਡਾਂ ਦੀ ਰਜਿਸਟ੍ਰੇਸ਼ਨ ਸ਼ੁਰੂ ਕਰਾਈ ਗਈ।ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਸਿਹਤ ਯੋਜਨਾ ਪ੍ਰਤੀ ਭਰਪੂਰ ਉਤਸ਼ਾਹ ਦਿਖਾਇਆ।ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ, ਜਿਸਦੇ ਤਹਿਤ ਲਗਾਤਾਰ ਵਿਕਾਸ ਕਾਰਜਾਂ ਨੂੰ ਅਮਲੀ-ਜਾਮਾ ਪਹਿਨਾਇਆ ਜਾ ਰਿਹਾ ਹੈ।ਸਿਹਤ, ਸਿੱਖਿਆ, ਬੁਨਿਆਦੀ ਢਾਂਚੇ ਸਮੇਤ ਹਰ ਖੇਤਰ ਵਿੱਚ ਲਗਾਤਾਰ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਬਰਸਟ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਚੰਗੀਆਂ ਅਤੇ ਮੁਫ਼ਤ ਸਿਹਤ ਸਹੂਲਤਾਂ ਦੇਣ ਦੇ ਉਦੇਸ਼ ਨਾਲ ਇਹ ਯੋਜਨਾ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਸੂਬੇ ਦੇ 65 ਲੱਖ ਪਰਵਾਰਾਂ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਮੁਫ਼ਤ ਅਤੇ ਕੈਸ਼ਲੈਸ ਇਲਾਜ ਮਿਲੇਗਾ, ਜਿਸ ਨਾਲ ਕਿਸੇ ਨੂੰ ਵੀ ਇਲਾਜ ਲਈ ਵਿੱਤੀ ਸਮੱਸਿਆਵਾਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ ਤੇ ਨਾ ਹੀ ਇਲਾਜ ਵਾਸਤੇ ਕੋਈ ਕਰਜ਼ਾ ਲੈਣਾ ਪਵੇਗਾ। ਇਸ ਯੋਜਨਾ ਅਧੀਨ 2300 ਤੋਂ ਵੱਧ ਇਲਾਜ ਪੈਕੇਜ ਸ਼ਾਮਲ ਕੀਤੇ ਗਏ ਹਨ।ਉਨ੍ਹਾਂ



ਅੱਗੇ ਦੱਸਿਆ ਕਿ ਇਹ ਸਹੂਲਤ ਸਿਰਫ਼ ਸਰਕਾਰੀ ਹਸਪਤਾਲਾਂ ਤੱਕ ਸੀਮਤ ਨਹੀਂ ਹੈ, ਸਗੋਂ ਇਸ ਵਿੱਚ ਨਿੱਜੀ ਹਸਪਤਾਲਾਂ ਨੂੰ ਵੀ ਸੂਚੀਬੱਧ ਕੀਤਾ ਗਿਆ ਹੈ।ਇਸ ਯੋਜਨਾ ਤਹਿਤ ਸਿਹਤ ਕਾਰਡ ਬਣਾਏ ਜਾ ਰਹੇ ਹਨ, ਜੋ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਬਣਾਏ ਜਾ ਰਹੇ ਹਨ।ਇਹ ਇਤਿਹਾਸਕ ਕਦਮ ਪੰਜਾਬ ਸਰਕਾਰ ਦੀ ਲੋਕ ਕਲਿਆਣ ਲਈ ਸਿਹਤ ਸੇਵਾਵਾਂ ਨੂੰ ਮਜਬੂਤ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਮਾਲਵਾ ਸਾਹਿਤ ਸਭਾ ਦੀ ਚੋਣ ਹੋਈ, ਪ੍ਰੀਤੀਮਾਨ ਪ੍ਰਧਾਨ ਬਣੇ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਮਾਲਵਾ ਪੰਜਾਬੀ ਸਾਹਿਤ ਸਭਾ (ਰਜਿ:) ਫੂਲ ਦੀ ਮੀਟਿੰਗ ਦਰਸ਼ਨ ਸਿੰਘ ਪ੍ਰੀਤੀਮਾਨ ਦੀ ਪ੍ਰਧਾਨਗੀ ਹੇਠ ਸਰਕਾਰੀ ਸੀਨੀਅਰ ਸੈਕੰਡਰੀ, ਸਕੂਲ ਪਿੰਡ ਰਾਮਪੁਰਾ ਦੇ ਸਕੂਲ ਦੇ ਗਰਾਊਂਡ ਵਿਖੇ ਹੋਈ, ਜਿਸ ਵਿੱਚ ਪਿਛਲੀ ਸਭਾ ਨੂੰ ਭੰਗ ਕਰਕੇ, ਨਵੀਂ ਸਭਾ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਪ੍ਰਧਾਨ ਦਰਸ਼ਨ ਸਿੰਘ ਪ੍ਰੀਤੀਮਾਨ, ਸਰਪ੍ਰਸਤ ਹੈੱਡ ਮਾਸਟਰ ਹਰਿੰਦਰ ਸਿੰਘ ਭੁੱਲਰ, ਜਨਰਲ ਸਕੱਤਰ ਲੈਕਚਰਾਰ ਦਹੂਦ ਸਿੰਘ, ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਭੁੱਲਰ, ਮੀਤ ਪ੍ਰਧਾਨ ਹਰਜੀਤ ਕੌਰ ਅਕਾਲੀ ਸਿੱਧੂ, ਵਿੱਤ ਸਕੱਤਰ ਹਰਬੰਸ ਸਿੰਘ ਖੁਰਮੀ, ਸਕੱਤਰ ਹੈਡ ਟੀਚਰ ਸੁਖਵਿੰਦਰ ਸਿੰਘ ਬਾਠ, ਸਹਾਇਕ ਸਕੱਤਰ ਨਿਰਮਲ ਸਿੰਘ ਵਿਗਿਆਨੀ, ਸਲਾਹਕਾਰ ਲੈਕਚਰਰ ਗੁਰਦੀਪ ਸਿੰਘ ਚਹਿਲ, ਪ੍ਰਚਾਰਕ ਸਕੱਤਰ ਸੁਰਿੰਦਰਪਾਲ ਕੌਰ, ਜਥੇਬੰਧਕ ਸਕੱਤਰ ਪਰਮਪ੍ਰੀਤ ਬਠਿੰਡਾ, ਦਫ਼ਤਰ ਸਕੱਤਰ ਲੈਕਚਰਾਰ ਦਹੂਦ ਸਿੰਘ, ਵੀਡੀਓ ਡਾਇਰੈਕਟਰ ਗੁਰਜਿੰਦਰ ਸਿੰਘ ਰਸੀਆ, ਸੱਭਿਆਚਾਰਕ ਗਤੀਵਿਧੀਆਂ ਚਾਰਜ ਹਰਜੀਤ ਸਿੰਘ ਸਿੱਧੂ ਫੂਲਕਾ, ਜਸਵੰਤ ਸਿੰਘ ਜਸ ਮੰਡੀ ਕਲਾਂ ਪ੍ਰੈਸ ਸਕੱਤਰ, ਗਗਨ ਫੂਲ, ਹੈਡ ਮਾਸਟਰ ਹਰਿੰਦਰ ਸਿੰਘ ਭੁੱਲਰ, ਲੈਕਚਰਾਰ ਦਹੂਦ ਸਿੰਘ, ਮੁੱਖ ਪ੍ਰਬੰਧਕ ਟੀਮ, ਡਾਕਟਰ ਨਰੰਜਨ ਸਿੰਘ ਚੌਹਾਨ , ਮਾਸਟਰ ਸੁਖਦੇਵ ਸਿੰਘ ਢਿੱਲੋਂ, ਲੈਕਚਰਾਰ ਮਨਦੀਪ ਸਿੰਘ ਬਾਠ, ਪ੍ਰੀਤਮ ਸਿੰਘ ਆਰਟਿਸਟ, ਕਾਰਜਕਰਨੀ ਮੈਂਬਰ, ਮਾਸਟਰ ਜਗਦੀਸ਼ ਸਿੰਘ ਗਾਟਵਾਲੀ, ਮਹਿਮਾ ਸਿੰਘ ਰੋਮਾਣਾ, ਮੰਨਦੀਪ ਕੌਰ ਸਿੱਧੂ, ਸ਼ਿੰਦਰਪਾਲ ਕੌਰ, ਚਾਨਣਦੀਪ



ਸਿੰਘ, ਗੁਮਦੂਰ ਸਿੰਘ ਜੱਸੀ, ਦਵਿੰਦਰ ਸਿੰਘ ਸਿੱਧੂ, ਜਗਸੀਰ ਸਿੰਘ ਸੀਰਾ, ਗੁਰਸੇਵਕ ਸਿੰਘ ਪੀ ਆਰ ਟੀ, ਨਿਮਰਤ ਮੈਂਬਰ, ਮਾਸਟਰ ਬੇਅੰਤ ਸਿੰਘ ਮਲੂਕਾ, ਭੁਪਿੰਦਰ ਕੌਰ, ਲਛਮਣ ਸਿੰਘ ਭੁੱਲਰ, ਹਰਜਸਪ੍ਰੀਤ ਕੌਰ (ਪ੍ਰੀਤ ਗਿੱਲ), ਕਿਰਨ ਚੋਪੜਾ, ਕੁਲਵਿੰਦਰ ਕੌਰ ਢਿੱਲੋਂ, ਅਮਨਜੀਤ ਕੌਰ ਭੁੱਲਰ, ਕਮਲ ਰਾਣੀ, ਸੁਰਿੰਦਰ ਧੀਰ ਸਹਿਯੋਗੀ ਮੈਂਬਰ, ਮਾਸਟਰ ਦਰਸ਼ਨ ਸਿੰਘ ਸਿੱਧੂ, ਲੈਕ ਅਵਤਾਰ ਸਿੰਘ, ਪ੍ਰੋਫੈਸਰ ਜਸਵਿੰਦਰ ਸ਼ਰਮਾ, ਡਾਕਟਰ ਤਲਵਿੰਦਰ ਸਿੰਘ ਪਾਰਸ, ਅਮਰਜੀਤ ਸਿੰਘ ਸਿੱਧੂ , ਗੁਰਮੀਤ ਸਿੰਘ ਮੱਖਣ, ਸੁਰਿੰਦਰ ਸੋਮਾ, ਜਸਵੀਰ ਸਿੰਘ ਭੁੱਲਰ ਨੇ ਸਾਂਝੀ ਕੀਤੀ।

# ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੀ ਮਹੀਨਾਵਾਰ ਮੀਟਿੰਗ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**

ਭ੍ਰਿਸ਼ਟਾਚਾਰ ਵਿਰੋਧੀ ਫਰੰਟ ਮਾਛੀਵਾੜਾ ਦੀ ਮਹੀਨਾਵਾਰ ਮੀਟਿੰਗ ਸੀਨੀਅਰ ਮੀਤ ਪ੍ਰਧਾਨ ਹਰਮਿੰਦਰ ਸਿੰਘ ਗਿੱਲ ਦੀ ਪ੍ਰਧਾਨਗੀ ਵਿਚ ਹੋਈ ਜਿਸ ਵਿਚ ਵੱਖ-ਵੱਖ ਮਤਿਆਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਪ੍ਰੈੱਸ ਸਕੱਤਰ ਸੁਭਾਸ਼ ਚੰਦਰ ਨਾਗਪਾਲ ਨੇ ਦੱਸਿਆ ਕਿ ਪਹਿਲੇ ਮਤੇ ਦੌਰਾਨ ਭ੍ਰਿਸ਼ਟਾਚਾਰ ਵਿਰੋਧੀ ਫਰੰਟ ਪਿਛਲੇ 2 ਮਹੀਨੇ ਤੋਂ ਚਾਈਨਾ ਡੋਰ ਵੇਚਣ ਵਾਲਿਆਂ ਖਿਲਾਫ਼ ਕਾਰਵਾਈ ਕਰਨ ਲਈ ਪ੍ਰਸ਼ਾਸਨ ਨੂੰ ਅਪੀਲ ਕਰ ਰਿਹਾ ਹੈ ਪਰ ਕੋਈ ਢੁੱਕਵੀਂ ਕਾਰਵਾਈ ਨਾ ਹੋਣ ਕਾਰਨ ਦੁਰਘਟਨਾਵਾਂ ਵਾਪਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਸਮਰਾਲਾ ਵਿਖੇ ਚਾਈਨਾ ਡੋਰ ਦੀ ਲਪੇਟ 'ਚ ਆਉਣ ਕਾਰਨ ਇੱਕ ਬੱਚੇ ਦੀ ਮੌਤ ਹੋ ਗਈ ਜਿਸ ਕਾਰਨ ਇਲਾਕੇ ਵਿਚ ਹਾਹਾਕਾਰ ਮਚੀ ਹੋਈ ਹੈ। ਇਸ ਤੋਂ ਇਲਾਵਾ ਦੂਜੇ ਮਤੇ ਵਿਚ ਫਰੰਟ ਕਾਫ਼ੀ ਸਮੇਂ ਤੋਂ ਬਜ਼ਾਰ ਵਿਚ ਨਾਜਾਇਜ਼ ਕਬਜ਼ਿਆਂ ਸਬੰਧੀ ਨਗਰ ਕੌਂਸਲ ਨੂੰ ਲਿਖਤੀ ਅਤੇ ਜੁਬਾਨੀ ਅਪੀਲ ਕਰਦਾ ਆ ਰਿਹਾ ਹੈ ਪਰ ਇਹ ਘਟਣ ਦੀ ਥਾਂ ਵਧਦੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਫਰੰਟ ਨਗਰ ਕੌਂਸਲ ਨੂੰ ਮੁੜ ਅਪੀਲ ਕਰਦਾ ਹੈ ਕਿ ਇਸ ਸਮੱਸਿਆ ਦਾ ਸਹੀ ਅਤੇ ਢੁੱਕਵਾਂ ਹੱਲ ਕੀਤਾ ਜਾਵੇ ਤਾਂ ਜੋ ਆਵਾਜਾਈ ਦੀ ਸਮੱਸਿਆ ਦਾ ਵੀ ਹੱਲ ਹੋ ਸਕੇ। ਇਸ ਮੌਕੇ ਬਖ਼ਸ਼ੀ ਰਾਮ, ਜਗਮੋਹਣ ਸਿੰਘ, ਜਗੀਰ ਸਿੰਘ, ਮੰਗਤ ਰਾਏ, ਰਾਜਿੰਦਰ ਸਿੰਘ ਸਮਰਾਲਾ ਤੇ ਹਰਭਜਨ ਸਿੰਘ ਹਾਜ਼ਰ ਸਨ।

# ਹੈਰੋਇਨ ਸਮੇਤ 8 ਗ੍ਰਿਫ਼ਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਐੱਸ ਐੱਸ ਪੀ ਫਿਰੋਜ਼ਪੁਰ ਭੁਪਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਸ਼ਾ ਵੇਚਣ ਵਾਲੇ ਲੋਕਾਂ ਨੂੰ ਗ੍ਰਿਫ਼ਤਾਰ ਕਰਨ ਲਈ ਚਲਾਈ ਗਈ ਮੁਹਿੰਮ ਤਹਿਤ ਜ਼ਿਲ੍ਹਾ ਪੁਲਸ ਨੇ ਬੀਤੇ ਦਿਨ ਗਸ਼ਤ ਅਤੇ ਚੈਕਿੰਗ ਦੌਰਾਨ ਵੱਖ-ਵੱਖ ਮਾਮਲਿਆਂ ਵਿਚ ਕਾਰਵਾਈ ਕਰਦੇ ਹੋਏ 8 ਲੋਕਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 44 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਉਕਤ ਮਾਮਲਿਆਂ ਵਿਚ ਪੁਲਸ ਨੇ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਖ਼ਿਲਾਫ਼ ਥਾਣਾ ਸਿਟੀ, ਥਾਣਾ ਸਦਰ ਫਿਰੋਜ਼ਪੁਰ, ਥਾਣਾ ਕੁੱਲਗੜ੍ਹੀ, ਥਾਣਾ ਤਲਵੰਡੀ ਭਾਈ ਅਤੇ ਥਾਣਾ ਮੱਲਾਂਵਾਲਾ ਵਿਚ ਮਾਮਲੇ ਦਰਜ ਕੀਤੇ ਹਨ। ਥਾਣਾ ਮੱਲਾਂਵਾਲਾ ਦੇ ਏ ਐੱਸ ਆਈ ਸਤਿੰਦਰਪਾਲ ਸਿੰਘ ਨੇ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਬੇਆਬਾਦ ਭੱਠਾ ਆਸਿਫ਼ ਵਾਲਾ ਦੇ ਨਜ਼ਦੀਕ ਤੋਂ ਸੇਵਾ ਸਿੰਘ ਪੁੱਤਰ ਅੰਗਰੇਜ਼ ਸਿੰਘ ਵਾਸੀ ਆਸਿਫ਼ ਵਾਲਾ ਨੂੰ ਸ਼ੱਕ ਦੇ ਆਧਾਰ 'ਤੇ ਗ੍ਰਿਫ਼ਤਾਰ ਕਰਕੇ ਉਸ ਕੋਲੋਂ 5 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਤਲਵੰਡੀ ਭਾਈ ਦੇ ਏ ਐੱਸ ਆਈ. ਸੁਦੇਸ਼ ਕੁਮਾਰ ਨੇ ਗਸ਼ਤ ਦੌਰਾਨ ਮਿਲੀ ਸੂਚਨਾ ਦੇ ਆਧਾਰ 'ਤੇ ਪਿੰਡ ਹਰਾਜ ਦੇ ਬਾਹਰ ਬਣੇ ਪੰਚਾਇਤ ਘਰ ਦੇ ਨਜ਼ਦੀਕ ਤੋਂ ਸ਼ਿੰਦਰ ਕੌਰ ਪਤਨੀ ਜਰਨੈਲ ਸਿੰਘ ਉਰਫ਼ ਕਾਲਾ ਵਾਸੀ ਅਜੀਤ ਨਗਰ ਤਲਵੰਡੀ ਭਾਈ ਨੂੰ ਗ੍ਰਿਫ਼ਤਾਰ ਕਰਕੇ ਉਸ ਕੋਲੋਂ 2 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਕੁੱਲਗੜ੍ਹੀ ਦੇ ਏ ਐੱਸ ਆਈ ਬਲਜੀਤ ਸਿੰਘ ਨੇ ਪਿੰਡ ਮਾਲਵਾਲ ਕਦੀਮ ਤੋਂ ਸ਼ੱਕੀ ਹਾਲਤ ਵਿਚ ਰਵੀ ਪੁੱਤਰ ਦੇਸਾ ਅਤੇ ਜਸਵੀਰ ਸਿੰਘ ਉਰਫ਼ ਸ਼ੋਸ਼ੀ ਪੁੱਤਰ ਸ਼ਿੰਦਾ ਸਿੰਘ ਵਾਸੀ ਸਾਦਕ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ 9 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਸਦਰ ਫਿਰੋਜ਼ਪੁਰ ਦੇ ਏ ਐੱਸ ਆਈ ਸੇਵਕ ਸਿੰਘ ਨੇ ਕਾਨਵੈਂਟ ਸਕੂਲ ਦੇ ਨਜ਼ਦੀਕ ਤੋਂ ਸ਼ਮਸ਼ੇਰ ਸਿੰਘ ਪੁੱਤਰ ਅਨੂਪ ਸਿੰਘ ਵਾਸੀ ਗਾਮੇ ਵਾਲਾ ਨੂੰ ਗ੍ਰਿਫ਼ਤਾਰ ਕਰਕੇ ਉਸ ਕੋਲੋਂ 3 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਸਿਟੀ ਫਿਰੋਜ਼ਪੁਰ ਦੇ ਏ ਐੱਸ ਆਈ ਰਮਨ ਕੁਮਾਰ ਨੇ ਚੈਕਿੰਗ ਦੌਰਾਨ ਸ਼ੱਕ ਦੇ ਆਧਾਰ 'ਤੇ ਕੁਲਦੀਪ ਸਿੰਘ ਉਰਫ਼ ਬੋਬੀ ਪੁੱਤਰ ਜਸਬੀਰ ਸਿੰਘ ਵਾਸੀ ਜਨਤਾ ਪ੍ਰੀਤ ਨਗਰ ਫਿਰੋਜ਼ਪੁਰ, ਕਰਨ ਉਰਫ਼ ਜੀਵਨ ਅਤੇ ਵਿਸ਼ਾਲ ਉਰਫ਼ ਬੱਬੂ ਪੁੱਤਰ ਮਿਰਜ਼ਾ ਵਾਸੀ ਨਜ਼ਦੀਕ ਮੰਦਰ ਬਸਤੀ ਸ਼ੇਖਾਂ ਵਾਲੀ ਫਿਰੋਜ਼ਪੁਰ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 25 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਮਾਮਲਿਆਂ ਵਿਚ ਸਾਰੇ ਵਿਅਕਤੀਆਂ ਖ਼ਿਲਾਫ਼ ਮਾਮਲੇ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਧਨੇਰ ਵਿਖੇ ਬ਼ਗੈਰ ਮਨਜ਼ੂਰੀ ਪੁੱਟੇ ਗਏ ਦਰਜਨ ਤੋਂ ਵੱਧ ਹਰੇ-ਭਰੇ ਦਰਖ਼ਤ

## ਬੀ.ਡੀ.ਪੀ.ਓ. ਮਹਿਲ ਕਲਾਂ ਵੱਲੋਂ ਗ੍ਰਾਮ ਪੰਚਾਇਤ ਨੂੰ ਨੋਟਿਸ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਵਾਤਾਵਰਨ ਨੂੰ ਹਰਿਆ-ਭਰਿਆ ਬਣਾਈ ਰੱਖਣ ਲਈ ਹਰ ਸਾਲ ਲੱਖਾਂ-ਕਰੋੜਾਂ ਰੁਪਏ ਪਾਣੀ ਵਾਂਗ ਵਹਾਏ ਜਾਂਦੇ ਹਨ। ਲੋਕਾਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਸ਼ੁੱਧ ਵਾਤਾਵਰਨ ਮਿਲ ਸਕੇ। ਪਰ ਦੂਜੇ ਪਾਸੇ, ਕੁਝ ਲੋਕਾਂ ਦੀ ਕਥਿਤ ਲਾਪਰਵਾਹੀ ਅਤੇ ਸਵਾਰਥ ਕਾਰਨ ਵਾਤਾਵਰਨ ਨੂੰ ਨੁਕਸਾਨ ਪਹੁੰਚ ਰਿਹਾ। ਤਾਜ਼ਾ ਮਾਮਲਾ ਪਿੰਡ ਧਨੇਰ ਵਿਖੇ ਸਾਹਮਣੇ ਆਇਆ ਹੈ, ਜਿੱਥੇ ਧਨੇਰ-ਕਾਲਸਾਂ ਲਿੰਕ ਸੜਕ 'ਤੇ ਲਗਦੀ ਮੁਸਲਮਾਨ ਭਾਈਚਾਰੇ ਦੇ ਕਬਰਸਤਾਨ ਦੀ ਜਗ੍ਹਾ ਵਿੱਚੋਂ ਦਰਜਨ ਤੋਂ ਵੱਧ ਹਰੇ-ਭਰੇ ਦਰਖ਼ਤ ਬਿਨਾਂ ਕਿਸੇ



ਸਰਕਾਰੀ ਮਨਜ਼ੂਰੀ ਦੇ ਪੁੱਟ ਦਿੱਤੇ ਗਏ।ਇਸ ਘਟਨਾ ਸਬੰਧੀ ਰੋਸ ਪ੍ਰਗਟ ਕਰਦਿਆਂ ਪਿੰਡ ਵਾਸੀ ਤੇਜਿੰਦਰ ਸਿੰਘ, ਲਖਵੀਰ ਸਿੰਘ, ਰਵਿੰਦਰ ਸਿੰਘ ਅਤੇ ਗੁਰਮੀਤ ਸਿੰਘ ਨੇ ਦੱਸਿਆ ਕਿ ਇਹ ਜਗ੍ਹਾ ਅਤੇ ਇੱਥੇ ਖੜ੍ਹੇ ਦਰਖ਼ਤ ਸਰਕਾਰੀ ਜਾਇਦਾਦ ਹਨ, ਪਰ ਗ੍ਰਾਮ ਪੰਚਾਇਤ ਦੀ ਕਥਿਤ ਮਿਲੀਭੁਗਤ ਨਾਲ ਇਨ੍ਹਾਂ ਨੂੰ ਗੈਰ-ਕਾਨੂੰਨੀ ਤਰੀਕੇ ਨਾਲ ਪੁੱਟਿਆ ਗਿਆ ਹੈ। ਇੰਨਾ ਹੀ ਨਹੀਂ, ਪਿੰਡ ਵਾਸੀਆਂ ਨੇ ਦੋਸ਼ ਲਾਇਆ ਕਿ ਪੁੱਟੇ ਗਏ ਦਰਖ਼ਤਾਂ ਵਿੱਚੋਂ ਕੁਝ ਨੂੰ ਅੱਗੇ ਵੇਚ ਵੀ ਦਿੱਤਾ ਗਿਆ ਹੈ। ਮਾਮਲੇ ਦੀ ਗੰਭੀਰਤਾ ਨੂੰ ਵੇਖਦਿਆਂ ਉਨ੍ਹਾਂ ਵੱਲੋਂ 2 ਫ਼ਰਵਰੀ ਨੂੰ ਬੀ.ਡੀ.ਪੀ.ਓ. ਮਹਿਲ ਕਲਾਂ ਨੂੰ ਇੱਕ ਲਿਖਤੀ ਸ਼ਿਕਾਇਤ ਦਰਜ ਕਰਵਾਈ ਗਈ, ਜਿਸ ਤੋਂ ਬਾਅਦ ਵਿਭਾਗੀ ਅਧਿਕਾਰੀਆਂ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ। ਇਸ ਮੌਕੇ ਹਾਜ਼ਰ ਪਿੰਡ ਵਾਸੀਆਂ ਜਸਵੀਰ ਸਿੰਘ, ਕੁਲਵੀਰ ਸਿੰਘ, ਅਮਨਦੀਪ ਸਿੰਘ, ਦਰਸ਼ਨ ਸਿੰਘ, ਗੁਰਮੁੱਖ ਸਿੰਘ ਖ਼ਾਲਸਾ ਅਤੇ ਹੋਰਨਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਵਾਤਾਵਰਨ ਨਾਲ ਖਿਲਵਾੜ ਕਰਨ ਵਾਲੇ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਜੋ ਭਵਿੱਖ ਵਿੱਚ ਕੋਈ ਅਜਿਹੀ ਗ਼ਲਤੀ ਨਾ ਕਰੇ।ਦੂਜੇ ਪਾਸੇ, ਜਦੋਂ ਇਸ ਸਬੰਧੀ ਬੀ.ਡੀ.ਪੀ.ਓ. ਮਹਿਲ ਕਲਾਂ ਬਨਦੀਪ ਸਿੰਘ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਦਰਖ਼ਤ ਪੁੱਟੇ ਜਾਣ ਦੀ ਪੁਸ਼ਟੀ ਕਰਦਿਆਂ ਕਿਹਾ, 'ਸਾਨੂੰ ਸ਼ਿਕਾਇਤ ਮਿਲੀ ਸੀ ਅਤੇ ਮੌਕੇ ਦੇ ਮੁਆਇਨੇ ਦੌਰਾਨ ਦਰਖ਼ਤ ਪੁੱਟੇ ਜਾਣ ਦੀ ਗੱਲ ਸਹੀ ਪਾਈ ਗਈ ਹੈ। ਅਸੀਂ ਗ੍ਰਾਮ ਪੰਚਾਇਤ ਧਨੇਰ ਨੂੰ ਨੋਟਿਸ ਜਾਰੀ ਕਰਕੇ ਦੋ ਦਿਨਾਂ ਦੇ ਅੰਦਰ ਆਪਣਾ ਪੱਖ ਪੇਸ਼ ਕਰਨ ਲਈ ਕਿਹਾ ਹੈ ਅਤੇ ਦੋਸ਼ੀ ਪਾਏ ਜਾਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਹਾਲਾਂ ਕਿ, ਸਰਪੰਚ ਅਮਨਦੀਪ ਕੌਰ ਦੇ ਪਤੀ ਜਸਪਾਲ ਸਿੰਘ ਨੇ ਇਨ੍ਹਾਂ ਇਲਜ਼ਾਮਾਂ ਨੂੰ ਨਕਾਰਦਿਆਂ ਕਿਹਾ ਕਿ ਉਨ੍ਹਾਂ ਨੂੰ ਇਸ ਬਾਰੇ ਕੋਈ ਜਾਣਕਾਰੀ ਨਹੀਂ ਹੈ।

# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਲਾਕ ਮਹਿਲ ਕਲਾਂ ਦੇ ਪਿੰਡਾਂ 'ਚ ਲਗਾਏ ਵਿਸ਼ੇਸ਼ ਕੈਂਪ




**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਮੁਫ਼ਤ ਅਤੇ ਉੱਚ ਪੱਧਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਬੁੱਧਵਾਰ ਨੂੰ ਬਲਾਕ ਮਹਿਲ ਕਲਾਂ ਅਧੀਨ ਪੈਂਦੇ ਪਿੰਡ ਛਾਪਾ, ਕੁਤਬਾ, ਨਿਹਾਲੂਵਾਲ, ਸਹਿਜੜਾ ਅਤੇ ਠੁੱਲੀਵਾਲ ਵਿੱਚ ਕੈਂਪ ਲਗਾਏ ਗਏ ਹਨ। ਇਸ ਦੌਰਾਨ ਲੋਕਾਂ ਨੂੰ ਸਿਹਤ ਕਾਰਡ ਬਣਾਉਣ ਸਬੰਧੀ ਲੋੜੀਂਦੀ ਜਾਣਕਾਰੀ ਦੇਣ ਦੇ ਨਾਲ- ਨਾਲ ਮੌਕੇ 'ਤੇ ਹੀ ਦਸਤਾਵੇਜ਼ਾਂ ਦੀ ਜਾਂਚ ਕਰਕੇ ਕਾਰਡ ਤਿਆਰ ਕੀਤੇ ਗਏ। ਸਬ ਡਿਵੀਜ਼ਨ ਮਹਿਲ ਕਲਾਂ ਦੇ ਐੱਸ ਡੀ ਐਮ ਬੇਅੰਤ ਸਿੰਘ ਸਿੱਧੂ ਵੱਲੋਂ ਕੈਂਪਾਂ ਦਾ ਦੌਰਾ ਕਰਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ ਕਿ ਕਿਸੇ ਵੀ ਯੋਗ ਲਾਭਪਾਤਰੀ ਨੂੰ ਯੋਜਨਾ ਦੇ ਲਾਭ ਤੋਂ ਵਾਂਝਾ ਨਾ ਰਹਿਣ ਦਿੱਤਾ ਜਾਵੇ।

# ਰੇਲਵੇ ਯੂਨੀਅਨ ਦਫ਼ਤਰ ਵਿਖੇ ਮੁਫ਼ਤ ਮੈਗਾ ਮੈਡੀਕਲ ਕੈਂਪ ਲਗਾਇਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਅਮਨਦੀਪ ਹਸਪਤਾਲ ਨੇ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਬੀਤੇ ਦਿਨ ਰੇਲਵੇ ਯੂਨੀਅਨ ਦਫ਼ਤਰ ਫਿਰੋਜ਼ਪੁਰ ਕੈਂਟ ਵਿਖੇ ਆਮ ਜਨਤਾ ਲਈ ਇੱਕ ਮੁਫ਼ਤ ਮੈਗਾ ਮੈਡੀਕਲ ਕੈਂਪ ਦਾ ਆਯੋਜਨ ਕੀਤਾ। ਇਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਪਹੁੰਚ ਕੇ ਮੁਫ਼ਤ ਡਾਕਟਰੀ ਸੇਵਾਵਾਂ ਦਾ ਲਾਭ ਉਠਾਇਆ। ਕੈਂਪ ਵਿੱਚ ਅਮਨਦੀਪ ਹਸਪਤਾਲ ਤੋਂ ਡਾ. ਅਭਿਸ਼ੇਕ ਅਰੋੜਾ ਨੇ ਵਿਸ਼ੇਸ਼ ਤੌਰ 'ਤੇ ਹਿੱਸਾ ਲਿਆ। ਕੈਂਪ ਦੌਰਾਨ ਹੱਡੀ ਰੋਗ ਅਤੇ ਇੰਟਰਨਲ ਮੈਡੀਸਨ ਵਿਭਾਗ ਵੱਲੋਂ ਮੁਫ਼ਤ ਸਲਾਹ ਦਿੱਤੀ ਗਈ ਅਤੇ ਸੀਨੀਅਰ ਕੰਸਲਟੈਂਟ ਡਾ. ਤਰੁਣ ਬਹਿਲ (ਹੱਡੀ ਰੋਗ ਮਾਹਰ) ਅਤੇ ਡਾ. ਪ੍ਰਦੀਪ ਕੁਮਾਰ ਮਿੱਤਲ (ਇੰਟਰਨਲ ਮੈਡੀਸਨ ਮਾਹਰ) ਨੇ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਲੋੜੀਂਦੀ ਡਾਕਟਰੀ ਸਲਾਹ ਦਿੱਤੀ। ਇਸ ਮੌਕੇ ਅਮਨਦੀਪ ਹਸਪਤਾਲ ਦੀ ਡਾਇਰੈਕਟਰ ਡਾ. ਅਮਨਦੀਪ ਕੌਰ ਨੇ ਕਿਹਾ ਕਿ ਬਿਹਤਰ ਇਲਾਜ ਹਰ ਨਾਗਰਿਕ ਦਾ ਮੂਲ ਅਧਿਕਾਰ ਹੈ। ਉਨ੍ਹਾਂ ਦੱਸਿਆ ਕਿ ਸਮੇਂ ਸਿਰ ਬਿਮਾਰੀ ਦੀ ਪਛਾਣ ਹੋਣ ਨਾਲ ਗੰਭੀਰ ਰੋਗਾਂ ਨੂੰ ਰੋਕਿਆ ਜਾ ਸਕਦਾ ਹੈ ਅਤੇ ਲੰਬੇ ਸਮੇਂ ਤੱਕ ਚੱਲਣ ਵਾਲੀਆਂ ਬਿਮਾਰੀਆਂ ਦਾ ਬੋਝ ਵੀ ਘੱਟ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਮੁਫ਼ਤ ਮੈਡੀਕਲ ਕੈਂਪ ਦੇ ਮਾਧਿਅਮ ਰਾਹੀਂ ਹਸਪਤਾਲ ਦਾ ਉਦੇਸ਼ ਲੋੜਵੰਦ ਲੋਕਾਂ ਤੱਕ ਸਿੱਧੀ ਪਹੁੰਚ ਬਣਾ ਕੇ ਸਮੇਂ ਸਿਰ ਸਿਹਤ ਸੇਵਾਵਾਂ ਉਪਲਬਧ ਕਰਵਾਉਣਾ ਹੈ। ਅਮਨਦੀਪ ਗਰੁੱਪ ਮੌਜੂਦਾ ਸਮੇਂ ਵਿੱਚ 750 ਤੋਂ ਵੱਧ ਬੈੱਡਾਂ ਦੇ ਨੈੱਟਵਰਕ ਨਾਲ ਛੇ ਸਥਾਨਾਂ 'ਤੇ ਆਪਣੀਆਂ ਸੇਵਾਵਾਂ ਦੇ ਰਿਹਾ ਹੈ। ਗਰੁੱਪ ਵਿੱਚ 170 ਤੋਂ ਵੱਧ ਮਾਹਿਰ ਡਾਕਟਰ ਕੰਮ ਕਰ ਰਹੇ ਹਨ। ਹੁਣ ਤੱਕ 25 ਲੱਖ ਤੋਂ ਵੱਧ ਮਰੀਜ਼ਾਂ ਨੂੰ ਇਲਾਜ ਮੁਹੱਈਆ ਕਰਵਾ ਕੇ ਗਰੁੱਪ ਨੇ ਸੁਲਭ ਅਤੇ ਮਿਆਰੀ ਸਿਹਤ ਸੇਵਾਵਾਂ ਵਿੱਚ ਆਪਣੀ ਮਜ਼ਬੂਤ ਪਛਾਣ ਬਣਾਈ ਹੈ।

# ਲੋਕ ਸੇਵਾ ਸੁਸਾਇਟੀ ਨੇ ਵਿਦਿਆਰਥੀਆਂ ਨੂੰ ਦਿੱਤੀਆਂ ਜਰਸੀਆਂ



**ਜਗਰਾਉਂ (ਸੰਜੀਵ ਅਰੋੜਾ)**

ਜਗਰਾਉਂ ਦੀ ਲੋਕ ਸੇਵਾ ਸੁਸਾਇਟੀ ਵੱਲੋਂ ਗੁਰੂ ਤੇਗ ਬਹਾਦਰ ਪ੍ਰਾਇਮਰੀ ਪਬਲਿਕ ਸਕੂਲ ਜਗਰਾਉਂ ਦੇ 100 ਵਿਦਿਆਰਥੀਆਂ ਨੂੰ ਗਰਮ ਜਰਸੀਆਂ ਤਕਸੀਮ ਕੀਤੀਆਂ ਗਈਆਂ। ਸੁਸਾਇਟੀ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਦਨ ਲਾਲ ਅਰੋੜਾ, ਸੈਕਟਰੀ ਡਾਕਟਰ ਕੁਲਭੂਸ਼ਣ ਗੁਪਤਾ ਅਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਹੋਏ ਜਰਸੀ ਵੰਡ ਸਮਾਰੋਹ ਸਮੇਂ ਗੁਰੂ ਤੇਗ ਬਹਾਦਰ ਪ੍ਰਾਇਮਰੀ ਪਬਲਿਕ ਸਕੂਲ ਜਗਰਾਉਂ ਦੇ 100 ਵਿਦਿਆਰਥੀਆਂ ਨੂੰ ਗਰਮ ਜਰਸੀਆਂ ਤਕਸੀਮ ਕੀਤੀਆਂ ਗਈਆਂ। ਇਸ ਮੌਕੇ ਸੁਸਾਇਟੀ ਅਹੁਦੇਦਾਰਾਂ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਲਗਾਤਾਰ ਠੰਢ ਦੇ ਮੌਸਮ ਵਿੱਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੂੰ ਗਰਮ ਕੱਪੜੇ ਬੂਟ ਜਰਾਬਾਂ, ਦਸਤਾਨੇ ਤੇ ਟੋਪੀਆਂ ਆਦਿ ਵੰਡੇ ਜਾ ਰਹੇ ਹਨ ਅਤੇ ਉਸੇ ਲੜੀ ਤਹਿਤ ਹੀ ਗੁਰੂ ਤੇਗ ਬਹਾਦਰ ਪ੍ਰਾਇਮਰੀ ਪਬਲਿਕ ਸਕੂਲ ਜਗਰਾਉਂ ਦੇ 100 ਵਿਦਿਆਰਥੀਆਂ ਨੂੰ ਗਰਮ ਜਰਸੀਆਂ ਵੰਡੀਆਂ ਗਈਆਂ। ਇਸ ਮੌਕੇ ਸੁਸਾਇਟੀ ਦੇ ਵਾਈਸ ਚੇਅਰਮੈਨ ਸੁਖਜਿੰਦਰ ਸਿੰਘ ਢਿੱਲੋਂ ਤੇ ਕੰਵਲ ਕੱਕੜ, ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ, ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ, ਕੈਪਟਨ ਨਰੇਸ਼ ਵਰਮਾ, ਲਾਕੇਸ਼ ਟੰਡਨ, ਕਪਿਲ ਸ਼ਰਮਾ, ਜਗਦੀਪ ਸਿੰਘ, ਪੀ ਆਰ ਓ ਨੀਰਜ ਮਿੱਤਲ ਤੇ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ, ਬਿਕਰਮ ਬਾਂਸਲ ਸਮੇਤ ਸਕੂਲ ਮੁਖੀ ਜੈਪਾਲ ਕੌਰ, ਗੀਤੂ, ਸਿਮਰਨ ਕੌਰ, ਸੁਖਜਿੰਦਰ ਕੌਰ, ਅਮਨਦੀਪ, ਨਵਜੋਤ ਕੌਰ ਤੇ ਰਜਨੀ ਦੇਵੀ ਆਦਿ ਹਾਜ਼ਰ ਸਨ।

# ਚੰਗੀ ਸੋਚ ਨਾਲ ਜ਼ਿੰਦਗੀ ਬੇਹਤਰ ਬਣਦੀ ਹੈ : ਡੀ ਐਸ ਪੀ




**ਧੂਰੀ ( ਮਨੋਹਰ ਸਿੰਘ ਸੱਗੂ)**

ਯੂਨੀਵਰਸਿਟੀ ਕਾਲਜ ਬੇਨੜਾ (ਧੂਰੀ) ਵਿਖੇ ਸੱਤ ਰੋਜ਼ਾ ਕੌਮੀ ਸੇਵਾ ਯੋਜਨਾ ਕੈਂਪ ਦੌਰਾਨ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਦੀ ਅਗਵਾਈ ਵਿੱਚ ਵਲੰਟੀਅਰਾਂ ਲਈ ਪ੍ਰੇਰਨਾ ਤਮਕ ਲੈਕਚਰ ਕਰਵਾਇਆ ਗਿਆ ਜਿਸ ਵਿੱਚ ਡੀ.ਐੱਸ.ਪੀ. ਧੂਰੀ ਸ੍ਰ. ਗੁਰਪ੍ਰੀਤ ਸਿੰਘ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ। ਕਾਲਜ ਪ੍ਰਿੰਸੀਪਲ ਨੇ ਮੁੱਖ ਮਹਿਮਾਨ ਦਾ ਰਸਮੀ ਸਵਾਗਤ ਕੀਤਾ।ਮੁੱਖ ਬੁਲਾਰੇ ਨੇ ਆਪਣੇ ਵਿਦਿਆਰਥੀ ਜੀਵਨ ਵਿੱਚੋਂ ਉਦਾਹਰਨਾਂ ਦੇ ਕੇ ਵਲੰਟੀਅਰਾਂ ਨੂੰ ਜੀਵਨ ਵਿੱਚ ਅੱਗੇ ਵਧਣ ਦਾ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਸਾਡੀ ਚੰਗੀ ਸੋਚ ਨਾਲ ਹੀ ਜ਼ਿੰਦਗੀ ਬਿਹਤਰ ਬਣਦੀ ਹੈ ਅਤੇ ਦਿਮਾਗ਼ ਨੂੰ ਸਹੀ ਦਿਸ਼ਾ ਮਿਲਣ ਨਾਲ ਹੀ ਚੰਗੀ ਸੋਚ ਬਣਦੀ ਹੈ।ਇਸ ਮੌਕੇ ਐਨ.ਐੱਸ.ਐੱਸ. ਰੈਗੂਲਰ ਯੂਨਿਟ ਦੇ ਪ੍ਰੋਗਰਾਮ ਅਫ਼ਸਰ ਡਾ. ਅਸ਼ੋਕ ਕੁਮਾਰ, ਐਨ.ਐੱਸ.ਐੱਸ ਸੈੱਲਫ਼ ਫਾਈਨਾਂਸ ਯੂਨਿਟ ਦੇ ਪ੍ਰੋਗਰਾਮ ਅਫ਼ਸਰ ਡਾ. ਊਸ਼ਾ ਰਾਣੀ ਤੋਂ ਇਲਾਵਾ ਡਾ. ਰਾਕੇਸ਼ ਕੁਮਾਰ, ਡਾ. ਕਰਮਜੀਤ ਸਿੰਘ, ਡਾ. ਗਗਨਦੀਪ ਸਿੰਘ, ਪ੍ਰੋ: ਗੁਰਦੀਪ ਸਿੰਘ, ਪ੍ਰੋ: ਪ੍ਰਭਜੋਤ ਕੌਰ, ਡਾ. ਮਨਜੋਤ ਕੌਰ ਹਾਜ਼ਰ ਸਨ।

# ਬੀ ਬੀ ਐੱਸ ਬੀ ਕਾਨਵੈਂਟ ਸਕੂਲ ਦੇ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ

**ਜਗਰਾਉਂ (ਸੰਜੀਵ ਅਰੋੜਾ)**

ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਬੀ.ਬੀ.ਐੱਸ.ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਜੋ ਕਿ ਸਿੱਖਿਆ ਦੇ ਨਾਲ-ਨਾਲ ਧਾਰਮਿਕ ਅਤੇ ਸੱਭਿਆਚਾਰਕ ਗਤੀਵਿਧੀਆਂ ਵੀ ਕਰਵਾਉਂਦੀ ਰਹਿੰਦੀ ਹੈ, ਇਸੇ ਲੜੀ ਤਹਿਤ ਗਿਆਰ੍ਹਵੀਂ ਜਮਾਤ ਦੇ



ਵਿਦਿਆਰਥੀਆਂ ਵੱਲੋਂ ਆਪਣੇ ਸੀਨੀਅਰ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਫੇਅਰਵੈਲ ਪਾਰਟੀ ਦਿੱਤੀ ਗਈ। ਸਭ ਤੋਂ ਪਹਿਲਾਂ ਵਿਦਿਆਰਥੀਆਂ ਵੱਲੋਂ ਸਕੂਲ ਦੇ ਚੇਅਰਮੈਨ, ਮੈਨੇਜਮੈਂਟ ਮੈਂਬਰਜ਼ ਅਤੇ ਪ੍ਰਿੰਸੀਪਲ ਮੋਨਾ ਠਾਕੁਰ ਦੁਆਰਾ ਰੀਬਨ ਕਟਿੰਗ ਕਰਕੇ ਆਗਾਜ਼ ਕੀਤਾ ਗਿਆ। ਉਸ ਤੋਂ ਬਾਅਦ ਗਿਆਰ੍ਹਵੀਂ ਜਮਾਤ ਦੀ ਵਿਦਿਆਰਥਣ ਵੱਲੋਂ ਆਪਣੇ ਸੀਨੀਅਰਜ਼ ਲਈ ਵੈਲਕਮ ਸਪੀਚ ਬੋਲੀ ਗਈ। ਫਿਰ ਗਿਆਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਵੱਲੋਂ ਬੜੀ ਹੀ ਖ਼ੂਬਸੂਰਤ ਕੋਰੀਓਗ੍ਰਾਫੀ ਪੇਸ਼ ਕੀਤੀ ਗਈ। ਉਸ ਤੋਂ ਬਾਅਦ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਆਪਣੇ ਸੀਨੀਅਰਜ਼ ਨੂੰ ਵੱਖ-ਵੱਖ ਗਾਣਿਆਂ ਤੇ ਡਾਂਸ ਅਤੇ ਹੋਰ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਕਰਨ ਲਈ ਕਿਹਾ ਗਿਆ, ਜੋ ਉਨ੍ਹਾਂ ਨੇ ਬੜੀ ਹੀ ਲਿਆਕਤ ਅਤੇ ਅਨੁਸ਼ਾਸਨ ਵਿੱਚ ਰਹਿ ਕੇ ਕੀਤੀਆਂ। ਉਸ ਤੋਂ ਬਾਅਦ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਸਮੂਹ ਅਧਿਆਪਕਾਂ ਤੇ ਉਨ੍ਹਾਂ ਦੀ ਪ੍ਰਸਨੈਲਟੀ ਮੁਤਾਬਿਕ ਕੁਮੈਂਟ ਕਰਕੇ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਜਿਵੇਂ ਗਾਣਾ, ਡਾਂਸ, ਗਿੱਧਾ, ਭੰਗੜਾ ਅਤੇ ਹੋਰ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਤੋਂ ਬਾਅਦ ਸਕੂਲ ਪ੍ਰਿੰਸੀਪਲ ਮੋਨਾ ਠਾਕੁਰ ਨੇ ਬੱਚਿਆਂ ਦੀ ਪੇਸ਼ਕਾਰੀ 'ਤੇ ਸਭ ਨੂੰ ਵਧਾਈਆਂ ਦਿੱਤੀਆਂ। ਉਨ੍ਹਾਂ ਸਕੂਲ ਅਤੇ ਸਮੂਹ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸੁਨਹਿਰੇ ਭਵਿੱਖ ਲਈ ਲਈ ਕਾਮਨਾ ਕੀਤੀ ।ਉਹਨਾਂ ਸਮੂਹ ਅਧਿਆਪਕਾਂ ਦਾ ਵੀ ਧੰਨਵਾਦ ਕੀਤਾ। ਅਖੀਰ ਵਿੱਚ ਸਭ ਲਈ ਖਾਣੇ ਦਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਚੇਅਰਮੈਨ ਸਨੀ ਅਰੋੜਾ, ਵਾਈਸ ਚੇਅਰਮੈਨ ਰਜਿੰਦਰ ਕੁਮਾਰ ਬਾਵਾ, ਪ੍ਰੈਜ਼ੀਡੈਂਟ ਹਰੀਕ੍ਰਿਸ਼ਨ ਭਗਵਾਨ ਦਾਸ, ਮੈਨੇਜਿੰਗ ਡਾਇਰੈਕਟਰ ਸ਼ਾਮ ਸੁੰਦਰ ਭਾਰਦਵਾਜ, ਜਨਰਲ ਸੈਕਰੇਟਰੀ ਅੰਜੂ ਬਾਲਾ ਅਤੇ ਮੈਨੇਜਰ ਗਗਨਦੀਪ ਬਾਵਾ ਆਦਿ ਹਾਜ਼ਰ ਸਨ।

# ਵਿਸ਼ਵ ਕੈਂਸਰ ਦਿਵਸ 'ਤੇ ਜਾਗਰੂਕਤਾ ਸੈਮੀਨਾਰ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਦੇ ਵਾਇਸ ਚਾਂਸਲਰ ਪ੍ਰੋਫੈਸਰ ਡਾ. ਰਾਜੀਵ ਸੂਦ (ਡਾ. ਬੀ.ਸੀ. ਰਾਏ ਐਵਾਰਡੀ) ਦੀ ਯੋਗ ਅਗਵਾਈ ਹੇਠ ਵਿਸ਼ਵ ਕੈਂਸਰ ਦਿਵਸ ਮੌਕੇ ਕੈਂਸਰ ਵਿਭਾਗ ਵਿੱਚ ਇੱਕ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਕਰਾਇਆ ਗਿਆ। ਇਸ ਦੌਰਾਨ ਮਾਹਿਰਾਂ ਨੇ ਕੈਂਸਰ ਦੇ ਲੱਛਣਾਂ, ਰੋਕਥਾਮ ਤੇ ਆਧੁਨਿਕ ਇਲਾਜ ਪ੍ਰਣਾਲੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।ਸੈਮੀਨਾਰ ਦੌਰਾਨ ਕੈਂਸਰ ਵਿਭਾਗ ਦੇ ਮੁਖੀ ਡਾ. ਪ੍ਰਦੀਪ ਗਰਗ ਨੇ ਦੱਸਿਆ ਕਿ ਕੈਂਸਰ ਤੋਂ ਡਰਨ ਦੀ ਬਜਾਏ ਇਸ ਦਾ ਮੁਕਾਬਲਾ ਕਰਨ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਜੇਕਰ ਬਿਮਾਰੀ ਦਾ ਪਹਿਲੀ ਸਟੇਜ 'ਤੇ ਪਤਾ ਲੱਗ ਜਾਵੇ ਤਾਂ ਇਸ ਦਾ ਮੁਕੰਮਲ ਇਲਾਜ ਸੰਭਵ ਹੈ।ਉਨ੍ਹਾਂ ਮਰੀਜ਼ਾਂ ਨੂੰ ਮਜ਼ਬੂਤ ਇੱਛਾ ਸ਼ਕਤੀ ਰੱਖਣ ਦੀ ਪ੍ਰੇਰਣਾ ਵੀ ਦਿੱਤੀ।ਡਾ. ਰੋਮੀ ਕਾਂਤ ਗਰੋਵਰ ਨੇ ਖਾਣੇ ਵਾਲੀ ਨਾਲੀ ਤੇ ਅੰਤੜੀਆਂ ਦੇ ਕੈਂਸਰ ਬਾਰੇ ਜਾਗਰੂਕ ਕੀਤਾ।-ਡਾ. ਸਿਮਰਨਦੀਪ ਸਿੰਘ ਨੇ ਮੂੰਹ ਅਤੇ ਗਲੇ ਦੇ ਕੈਂਸਰ ਦੇ ਖ਼ਤਰਿਆਂ ਬਾਰੇ ਚੇਤਾਵਨੀ ਦਿੱਤੀ।ਡਾ. ਸ਼ਿਪਰਾ ਗਰਗ ਨੇ ਔਰਤਾਂ ਵਿੱਚ ਬੱਚੇਦਾਨੀ ਦੇ ਕੈਂਸਰ ਬਾਰੇ ਦੱਸਦਿਆਂ 9 ਸਾਲ ਤੋਂ ਵੱਧ ਉਮਰ ਦੀਆਂ ਲੜਕੀਆਂ ਨੂੰ ਵੈਕਸੀਨ ਲਵਾਉਣ ਦੀ ਅਪੀਲ ਕੀਤੀ, ਜੋ ਹੁਣ ਭਾਰਤ ਵਿੱਚ ਹੀ ਕਫਾਇਤੀ ਦਰਾਂ 'ਤੇ ਉਪਲਬਧ ਹੈ।ਡਾ. ਸਰਬਜੋਤ ਕੌਰ ਨੇ ਛਾਤੀ ਦੇ ਕੈਂਸਰ ਦੇ ਲੱਛਣਾਂ ਬਾਰੇ ਜਾਣਕਾਰੀ ਦਿੱਤੀ ਤੇ ਔਰਤਾਂ ਨੂੰ ਅਪੀਲ ਕੀਤੀ ਕਿ ਉਹ ਕੋਈ ਵੀ ਲੱਛਣ ਦਿਖਣ ਤੇ ਸ਼ਰਮਾਉਣ



ਦੀ ਬਜਾਏ ਤੁਰੰਤ ਪਰਵਾਰ ਤੇ ਡਾਕਟਰ ਨਾਲ ਸਲਾਹ ਕਰਨ।ਪ੍ਰਿੰਸੀਪਲ ਡਾ. ਸੰਜੇ ਗੁਪਤਾ ਨੇ ਦੱਸਿਆ ਕਿ ਹਸਪਤਾਲ ਵੱਲੋਂ ਕੈਂਸਰ ਵੈਨ ਰਾਹੀਂ ਦੂਰ-ਦੁਰਾਡੇ ਦੇ ਇਲਾਕਿਆਂ ਅਤੇ ਸਲੱਮ ਬਸਤੀਆਂ ਵਿੱਚ ਮੁਫ਼ਤ ਜਾਂਚ ਕੈਂਪ ਲਾਏ ਜਾ ਰਹੇ ਹਨ।ਮੈਡੀਕਲ ਸੁਪਰਡੈਂਟ ਡਾ. ਨੀਤੂ ਕੱਕੜ ਨੇ ਹਸਪਤਾਲ ਵਿੱਚ ਉਪਲਬਧ ਵਿਸ਼ਵ ਪੱਧਰੀ ਸਹੂਲਤਾਂ ਜਿਵੇਂ ਕਿ ਰੇਡੀਓਥੈਰੇਪੀ, ਕੀਮੋਥੈਰੇਪੀ, ਸਰਜਰੀ, ਪੈਟ-ਸੀ.ਟੀ. ਤੇ ਐਮ.ਆਰ.ਆਈ. ਬਾਰੇ ਦੱਸਿਆ।ਇਸ ਮੌਕੇ ਯੂਨੀਵਰਸਿਟੀ ਦੇ ਰਜਿਸਟਰਾਰ ਸ਼੍ਰੀ ਅਰਵਿੰਦ ਕੁਮਾਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਮਨੋਵਿਗਿਆਨਕ ਸਿਹਤ ਤੇ ਸਮੂਹਿਕ ਕੁਸ਼ਲਤਾ ਸੰਬੰਧੀ ਪ੍ਰੋਗਰਾਮ ਆਯੋਜਤ

**ਸ੍ਰੀ ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਵਿਦਿਆਰਥੀ ਸੇਵਾ ਕੇਂਦਰ ਵੱਲੋਂ 28 ਜਨਵਰੀ ਤੋਂ 2 ਫ਼ਰਵਰੀ ਤੱਕ ਵੱਖ-ਵੱਖ ਦਿਨਾਂ 'ਚ ਮਨੋਵਿਗਿਆਨਕ ਸਿਹਤ ਤੇ ਸਮੂਹਿਕ ਕੁਸ਼ਲਤਾ ਨਾਲ ਸੰਬੰਧਤ ਕਈ ਜਾਗਰੂਕਤਾ ਕਾਰਜਕ੍ਰਮ ਆਯੋਜਤ ਕੀਤੇ ਗਏ।ਇਹ ਸਾਰੀ ਲੜੀ ਮਨ ਦੀ ਸਿਹਤ, ਤਣਾਅ ਦਾ ਸੰਚਾਲਨ, ਜਜ਼ਬਾਤੀ ਮਜ਼ਬੂਤੀ, ਸਿਹਤਮੰਦ ਜੀਵਨ-ਚੱਲਣ, ਤਕਨਾਲੋਜੀ ਦੇ ਸੰਤੁਲਿਤ ਉਪਯੋਗ, ਨੈਤਿਕ ਜ਼ਿੰਮੇਵਾਰੀ, ਸੰਚਾਰ-ਸਮਰੱਥਾ ਤੇ ਸੁਚੱਜੇ ਪੇਸ਼ਾਵਰ ਵਰਤਾਵ ਵਰਗੇ ਅਜੋਕੇ ਯੁਗ ਦੇ ਮਹੱਤਵਪੂਰਣ ਵਿਸ਼ਿਆਂ 'ਤੇ ਕੇਂਦਰਤ ਸੀ।ਉੱਚ-ਸਿੱਖਿਆ ਦੇ ਮਾਹੌਲ ਵਿਚ ਜਜ਼ਬਾਤੀ ਸੰਤੁਲਨ ਤੇ ਮੁੱਲ-ਆਧਾਰਿਤ ਸਿੱਖਿਆ ਦੀ ਮਹੱਤਤਾ ਉਤੇ ਰੌਸ਼ਨੀ ਪਾਉਂਦਿਆਂ ਪ੍ਰੋ. (ਡਾ.) ਪਰਿਤ ਪਾਲ ਸਿੰਘ, ਵਾਈਸ-ਚਾਂਸਲਰ ਤੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਵਿਦਿਆਰਥੀ ਸੇਵਾ ਕੇਂਦਰ ਦੀ ਇਸ ਮਹੱਤਵਪੂਰਨ ਪਹਿਲ ਦੀ ਪ੍ਰਸ਼ੰਸਾ ਕੀਤੀ ਤੇ ਵਿਦਿਆਰਥੀਆਂ ਦੇ ਸਮੂਹਿਕ, ਜ਼ਿੰਮੇਵਾਰ ਤੇ ਸੰਤੁਲਤ ਵਿਕਾਸ ਲਈ ਯੂਨੀਵਰਸਿਟੀ ਦੀ ਵਚਨਬੱਧਤਾ ਦੁਹਰਾਈ।ਵਿਦਿਆਰਥੀ ਸੇਵਾ ਕੇਂਦਰ ਦੀ ਨਿਰਦੇਸ਼ਕ ਡਾ. ਹਰਨੀਤ ਬਿਲਿੰਗ ਨੇ ਕਿਹਾ ਕਿ ਮਨ ਦੀ ਸਿਹਤ, ਭਾਵਨਾਤਮਕ ਲਚੀਲਾਪਣ ਤੇ ਨੈਤਿਕ ਸਚੇਤਤਾ ਅਜੋਕੇ ਯੁਗ ਦੀ ਬੁਨਿਆਦੀ ਜੀਵਨ-ਕਲਾ ਹੈ।ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਯੂਨੀਵਰਸਿਟੀਆਂ ਨੂੰ ਸਿਰਫ਼ ਪਾਠਕ੍ਰਮ ਅਧਿਆਪਨ ਤੱਕ ਨਾ ਰਹਿ ਕੇ ਵਿਦਿਆਰਥੀਆਂ ਨੂੰ ਮਨੋਵਿਗਿਆਨਕ, ਸਮਾਜਿਕ ਤੇ ਪੇਸ਼ਾਵਰ ਤੌਰ 'ਤੇ ਮਜ਼ਬੂਤ ਬਣਾਉਣ ਵਾਲਾ ਸਹਾਈ ਮਾਹੌਲ ਤਿਆਰ ਕਰਨਾ ਚਾਹੀਦਾ ਹੈ।ਇਸ ਲੜੀ ਤਹਿਤ ਤਣਾਅ ਪ੍ਰਬੰਧਨ ਤੇ ਭਾਵਨਾਤਮਕ ਲਚਕੀਲੇਪਣ ਵਿਸ਼ੇ ਉੱਤੇ ਇੱਕ ਵਿਸ਼ੇਸ਼ ਸਮਾਗਮ ਆਯੋਜਤ ਕੀਤਾ ਗਿਆ, ਜਿਸ ਦੀ ਮੁੱਖ ਵਕਤਾ ਮਾਣਯੋਗ ਵਿਦਵਾਨਾ ਪ੍ਰੋ. ਜਸਵੀਰ ਕੌਰ ਚਾਹਲ ਸਨ।ਉਨ੍ਹਾਂ ਅਜੋਕੇ ਅਕਾਦਮਿਕ ਮਾਹੌਲ ਵਿਚ ਵੱਧ ਰਹੇ ਤਣਾਅ ਦੇ ਕਾਰਣਾਂ ਅਤੇ ਉਸ ਤੋਂ ਨਿਪਟਣ ਲਈ ਲਾਭਦਾਇਕ ਤਰੀਕਿਆਂ ਉੱਤੇ ਚਰਚਾ ਕੀਤੀ।ਇਸ ਪ੍ਰੋਗਰਾਮ ਦੀ ਸੰਯੋਜਕ ਡਾ. ਗਗਨਦੀਪ ਟਿਵਾਨਾ ਨੇ ਮੁੱਖ ਵਕਤਾ ਦਾ ਤੁਆਰਫ਼ ਕਰਾਇਆ ਤੇ ਸਮਾਗਮ ਦੇ ਪ੍ਰਮੁੱਖ ਉਦੇਸ਼ਾਂ ਬਾਰੇ ਜਾਣਕਾਰੀ ਦਿੱਤੀ।

# 11 ਸਕੂਲਾਂ ਨੂੰ ਕੌਮੀ ਪੱਧਰ 'ਤੇ ਗ੍ਰੀਨ ਸਕੂਲ ਵਜੋਂ ਮਿਲਿਆ ਐਵਾਰਡ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਮਾਰਗ ਦਰਸ਼ਨ ਹੇਠ ਅਤੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਦੇ ਪ੍ਰੇਰਣਾ ਸਦਕਾ ਸਿਖਿਆ ਦੇ ਖੇਤਰ ਨੂੰ ਨਵੀਂ ਦਿਸ਼ਾ ਦੇਣ ਅਤੇ ਉਚਾਈਆਂ ਵੱਲ ਲਿਜਾਉਣ ਵਿਚ ਕੋਈ ਕਸਰ ਨਹੀਂ ਛੱਡੀ ਜਾ ਰਹੀ।ਸਿੱਖਿਆ ਦੇ ਨਾਲ-ਨਾਲ ਸਕੂਲਾਂ ਵਿਖੇ ਕਰਾਏ ਜਾ ਰਹੇ ਹੋਰਨਾਂ ਪ੍ਰੋਗਰਾਮਾਂ ਵਿੱਚ ਵੀ ਜ਼ਿਲ੍ਹਾ ਫਾਜ਼ਿਲਕਾ ਨੇ ਕੌਮੀ ਪੱਧਰ 'ਤੇ ਆਪਣੀ ਛਾਪ ਛੱਡੀ ਹੈ।ਜ਼ਿਲ੍ਹਾ ਫ਼ਾਜ਼ਿਲਕਾ ਦੇ 11 ਸਕੂਲਾਂ ਨੂੰ ਕੌਮੀ ਪੱਧਰ 'ਤੇ ਗ੍ਰੀਨ ਸਕੂਲ ਵਜੋਂ ਐਵਾਰਡ ਮਿਲਿਆ ਹੈ, ਜੋ ਫ਼ਾਜ਼ਿਲਕਾ ਵਾਸੀਆਂ ਲਈ ਮਾਣ ਵਾਲੀ ਗੱਲ ਹੈ।ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਸ੍ਰੀ ਅਜੈ ਸ਼ਰਮਾ ਤੇ ਜ਼ਿਲ੍ਹਾ ਸਿੱਖਿਆ ਅਫਸਰ (ਪ੍ਰਾਇਮਰੀ) ਸ੍ਰੀ ਸਤੀਸ਼ ਕੁਮਾਰ ਨੇ ਸਨਮਾਨਤ ਸਕੂਲਾਂ ਨੂੰ ਵਧਾਈ ਦਿੱਤੀ ਹੈ, ਜੋ ਉਨ੍ਹਾਂ ਨੇ ਇਹ ਉਪਲਬਧੀ ਹਾਸਲ ਕੀਤੀ ਹੈ।ਉਨ੍ਹਾਂ ਕਿਹਾ ਕਿ ਸਕੂਲਾਂ ਦਾ ਇੱਕ-ਇੱਕ ਅਧਿਆਪਕ ਤੇ ਵਿਦਿਆਰਥੀ ਇਸ ਸਨਮਾਨ ਦਾ ਹੱਕਦਾਰ ਹੈ, ਜਿਨ੍ਹਾਂ ਨੇ ਸਕੂਲਾਂ ਵਿਖੇ ਵਾਤਾਵਰਣ ਦੀ ਸਾਂਭ-ਸੰਭਾਲ ਪ੍ਰਤੀ ਆਪਣਾ ਵਢਮੁੱਲਾ ਯੋਗਦਾਨ ਪਾਇਆ ਹੈ।ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿਚ ਤਾਂ ਵਿਦਿਆਰਥੀ ਮੱਲਾਂ ਮਾਰ ਹੀ ਰਹੇ ਹਨ, ਸਗੋਂ ਹੋਰਨਾਂ ਪ੍ਰੋਗਰਾਮਾਂ ਵਿਚ ਵੀ ਤਨਦੇਹੀ ਨਾਲ ਮਿਹਨਤ ਕਰਕੇ ਨਾਮ ਚਮਕਾ ਰਹੇ ਹਨ ਉਨ੍ਹਾਂ ਕਿਹਾ ਕਿ ਸਟੇਟ ਪੱਧਰ ਤੋਂ ਕੁਲਬੀਰ ਸਿੰਘ ਬਾਠ ਸੰਯੁਕਤ ਡਾਇਰੈਕਟਰ, ਸਾਇੰਸ ਤੇ ਵਾਤਾਵਰਣ ਆਊਟਰੀਚ ਪ੍ਰੋਗਰਾਮ ਤੇ ਮੈਡਮ ਮੰਦਾਕਨੀ ਵੱਲੋਂ ਸਕੂਲਾਂ ਦੀ ਕਾਰਗੁਜ਼ਾਰੀ ਨੂੰ ਨਿਖਾਰਨ ਵਿੱਚ ਅਹਿਮ ਭੂਮਿਕਾ ਰਹੀ।ਇਸ ਸਬੰਧੀ ਦਫਤਰ ਜ਼ਿਲਾ ਸਿੱਖਿਆ ਅਫਸਰ ਵੱਲੋਂ ਹਰੇਕ ਸਾਲ ਜ਼ਿਲ੍ਹਾ ਕੋਆਰਡੀਨੇਟਰ ਵਿਜੈ ਪਾਲ ਦੀ ਯੋਗ ਅਗਵਾਈ ਹੇਠ ਪੂਰੇ ਇੱਕ ਦਿਨ ਦੀ ਸਮੂਹ ਈਕੋ ਕਲੱਬ ਇੰਚਾਰਜ ਦੀ ਵਰਕਸ਼ਾਪ ਲਾਈ ਜਾਂਦੀ ਹੈ, ਜਿਸ ਨੂੰ ਸੈਂਟਰ ਫਾਰ ਸਾਇੰਸ ਐਂਡ ਇਨਵਾਇਰਮੈਂਟ ਨਵੀਂ ਦਿੱਲੀ ਤੋਂ ਟ੍ਰੇਨਿੰਗ ਪ੍ਰਾਪਤ ਕਰ ਚੁੱਕੇ ਰਿਸੋਰਸ ਪਰਸਨ ਦੁਆਰਾ ਜਾਣਕਾਰੀ ਦਿੱਤੀ ਜਾਂਦੀ ਹੈ।ਐਨਵਾਇਰਨਮੈਂਟ ਐਜੂਕੇਸ਼ਨ ਪ੍ਰੋਗਰਾਮ ਦੇ ਜ਼ਿਲ੍ਹਾ ਕੁਆਰਡੀਨੇਟਰ ਸ੍ਰੀ ਵਿਜੈ ਪਾਲ ਨੇ ਕੌਮੀ ਪੱਧਰ 'ਤੇ ਮਾਣ ਹਾਸਲ ਕਰਨ 'ਤੇ ਸਮੂਹ ਸਕੂਲਾਂ ਨੂੰ ਮੁਬਾਰਕਬਾਦ ਦਿੱਤੀ।ਉਨ੍ਹਾਂ ਦੱਸਿਆ ਕਿ ਮਨਿਸਟਰੀ ਆਫ ਇਨਵਾਇਰਨਮੈਂਟ ਫੋਰੈਸਟ ਐਂਡ ਕਲਾਈਮੇਟ ਚੇਂਜ ਭਾਰਤ ਸਰਕਾਰ ਦੇ ਅਦਾਰੇ ਸੈਂਟਰ ਫਾਰ ਸਾਇੰਸ ਐਂਡ ਇਨਵਰਨਮੈਂਟ ਨਵੀਂ ਦਿੱਲੀ ਦੇ ਵੱਲੋਂ ਅਤੇ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਚੰਡੀਗੜ੍ਹ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਦੇ ਸਮੂਹ ਸਕੂਲਾਂ ਦਾ ਗਰੀਨ ਸਕੂਲ ਪ੍ਰੋਗਰਾਮ ਤਹਿਤ ਆਡਿਟ ਕੀਤਾ ਜਾਂਦਾ ਹੈ, ਜਿਸ ਵਿੱਚ ਸਕੂਲਾਂ ਦੇ ਛੇ ਵੱਖ-ਵੱਖ ਕੰਪੋਨੈਂਟ ਨੂੰ ਚੈਕ ਕੀਤਾ ਜਾਂਦਾ ਹੈ, ਜਿਵੇਂ ਲੈਂਡ, ਪਾਣੀ, ਵੇਸਟ, ਭੋਜਨ, ਊਰਜਾ ਤੇ ਹਵਾ।ਸਮੂਹ ਕੰਪੋਨੈਂਟਾਂ ਨੂੰ ਭਾਰਤ ਸਰਕਾਰ ਦੇ ਬਣੇ ਹੋਏ ਪੋਰਟਲ ਦੇ ਨਿਯਮਾਂ ਮੁਤਾਬਕ ਅਪਲੋਡ ਕੀਤਾ ਜਾਂਦਾ ਹੈ ਤੇ ਜਿਸ ਨੂੰ ਸੈਂਟਰ ਫੋਰ ਸਾਇੰਸ ਐਂਡ ਇਨਵਰਮੈਂਟ ਨਵੀਂ ਦਿੱਲੀ ਵੱਲੋਂ ਚੈੱਕ ਕੀਤਾ ਜਾਂਦਾ ਹੈ।ਪੂਰੇ ਭਾਰਤ ਵਿੱਚ ਪੰਜਾਬ ਦੇ 237 ਸਕੂਲ ਚੁਣੇ ਗਏ ਜਿਸ ਵਿੱਚੋਂ 218 ਸਰਕਾਰੀ ਸਕੂਲ ਨੇ।ਪੰਜਾਬ ਰਾਜ ਤੀਜੀ ਵਾਰ ਰਾਸ਼ਟਰ ਪੱਧਰ 'ਤੇ ਜੇਤੂ ਬਣਿਆ।ਉਨ੍ਹਾਂ ਕਿਹਾ ਕਿ ਮਿਨਿਸਟਰੀ ਆਫ਼ ਇਨਵਾਇਰਨਮੈਂਟ ਫੋਰੈਸਟ ਐਂਡ ਕਲਾਈਮੇਟ ਚੇਂਜ ਨਵੀਂ ਦਿੱਲੀ ਵੱਲੋਂ ਰਾਸ਼ਟਰੀ ਪੱਧਰ 'ਤੇ ਇੰਡੀਆ ਹੈਬੀਟੈਟ ਸੈਂਟਰ ਨਵੀਂ ਦਿੱਲੀ ਵਿਖੇ ਡਾਇਰੈਕਟਰ ਜਨਰਲ ਸੁਨੀਤਾ ਨਰਾਇਣ ਤੇ ਜੁਆਇੰਟ ਡਾਇਰੈਕਟਰ ਕੁਲਬੀਰ ਸਿੰਘ ਬਾਠ ਵੱਲੋਂ ਜ਼ਿਲ੍ਹਾ ਫਾਜ਼ਿਲਕਾ ਦੇ 11 ਸਕੂਲਾਂ ਨੂੰ ਸਨਮਾਨਤ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਫਾਜ਼ਿਲਕਾ ਦੇ 11 ਸਕੂਲਾਂ ਸਰਕਾਰੀ ਹਾਈ ਸਕੂਲ ਬਨਵਾਲਾ ਹਨਵੰਤਾ, ਸਰਕਾਰੀ ਹਾਈ ਸਕੂਲ ਹੀਰਾਂ ਵਾਲੀ, ਸਰਕਾਰੀ ਹਾਈ ਸਕੂਲ ਮਲੂਕਪੁਰ, ਸਰਕਾਰੀ ਹਾਈ ਸਕੂਲ ਚੁਵਾੜਿਆਂ ਵਾਲੀ, ਸਰਕਾਰੀ ਹਾਈ ਸਕੂਲ ਕਟੈਹੜਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੀੜਿਆਂ ਵਾਲੀ, ਸਰਕਾਰੀ ਪ੍ਰਾਇਮਰੀ ਸਕੂਲ ਬਹਾਦਰ ਖੇੜਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਲੇਲ ਕੇ ਹਸਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਬੂਲ ਸ਼ਾਹ ਖੁਬਣ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੁਬਣ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੀਤੋ ਗੁਨੋ ਹਨ।

# ਬੱਚਿਆਂ ਨੂੰ ਅੰਧਵਿਸ਼ਵਾਸਾਂ ਤੋਂ ਬਚਾਉਣ ਲਈ ਤਰਕਸ਼ੀਲ ਸਮਾਗਮ ਕਰਾਇਆ

**ਲੁਧਿਆਣਾ (ਸਤੀਸ਼ ਸਚਦੇਵਾ)**

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿੱਚ ਵਿਦਿਆਰਥੀਆਂ ਦੀ ਸੋਚ ਨੂੰ ਵਿਗਿਆਨਕ ਬਣਾਉਣ ਲਈ ਵਹਿਮਾਂ




ਭਰਮਾਂ, ਅੰਧਵਿਸ਼ਵਾਸਾਂ ਤੋਂ ਮੁਕਤ ਕਰਨ ਲਈ ਪ੍ਰਿੰਸੀਪਲ ਡਾਕਟਰ ਪ੍ਰਦੀਪ ਕੁਮਾਰ ਦੀ ਅਗਵਾਈ ਹੇਠ ਤਰਕਸ਼ੀਲ ਸੁਸਾਇਟੀ ਪੰਜਾਬ ਲੁਧਿਆਣਾ ਜ਼ੋਨ ਵੱਲੋਂ ਜ਼ੋਨ ਵਿੱਤ ਮੁਖੀ ਸ਼੍ਰੀ ਧਰਮਪਾਲ, ਸਤੀਸ਼ ਕੁਮਾਰ ਸਚਦੇਵਾ, ਮੈਡਮ ਸੰਤੋਸ਼ ਭਾਟੀਆ ਵੱਲੋਂ ਤਰਕਸ਼ੀਲ ਪ੍ਰੋਗਰਾਮ ਪੇਸ਼ ਕੀਤਾ ਗਿਆ।ਵੱਖ-ਵੱਖ ਬੁਲਾਰਿਆਂ ਨੇ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ, ਸਮੇਂ ਦੀ ਕਦਰ ਕਰਨ, ਸਾਧਾਂ ਸੰਤਾਂ, ਜੋਤਸ਼ੀਆਂ, ਤਾਂਤਰਿਕਾਂ ਦੇ ਗੁੰਮਰਾਹ ਕਰੂ ਪ੍ਰਚਾਰ ਤੋਂ ਜਾਗਰੂਕ ਕਰਦਿਆਂ ਆਪਣੀ ਸੋਚ ਨੂੰਵਿਗਿਆਨਕ ਬਣਾਉਣ ਦਾ ਹੋਕਾ ਦਿੱਤਾ।ਉਨ੍ਹਾਂ ਦੱਸਿਆ ਤਰਕਸ਼ੀਲ ਸੁਸਾਇਟੀ ਪੰਜਾਬ 1984 ਤੋਂ ਲਗਾਤਾਰ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਵਿੱਚ ਤਰਕਸ਼ੀਲ ਸਟਾਲ ਲਾ ਕੇ ਅਗਾਂਹਵਧੂ ਸਾਹਿਤ ਦਾ ਪਸਾਰਾ ਕਰਨ ਲਈ ਯਤਨਸ਼ੀਲ ਹੈ, ਦੋ ਮਾਸਿਕ ਮੈਗਜ਼ੀਨ ਵਿੱਚ ਵਿਦਿਆਰਥੀਆਂ, ਨੌਜਵਾਨਾਂ ਲਈ ਗਿਆਨ ਵਰਧਕ ਲੇਖ ਕਹਾਣੀਆਂ, ਕਵਿਤਾਵਾਂ ਰਾਹੀਂ ਬਿਹਤਰ ਜ਼ਿੰਦਗੀ ਦੀ ਜੀਵਨ ਜਾਂਚ ਦੱਸਣ ਦੇ ਉਪਰਾਲੇ ਕਰ ਰਹੀ ਹੈ।ਪ੍ਰਿੰਸੀਪਲ ਡਾਕਟਰ ਪ੍ਰਦੀਪ ਕੁਮਾਰ ਜੇ ਨੇ ਤਰਕਸ਼ੀਲ ਸੁਸਾਇਟੀ ਦੀ ਕੰਮਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਵਿਦਿਆਰਥੀਆਂ ਵਿੱਚ ਕੈਲੰਡਰ ਤੇ ਤਰਕਸ਼ੀਲ ਮੈਗਜ਼ੀਨ ਵੀ ਰਿਲੀਜ਼ ਕੀਤਾ ਗਿਆ।

# ਸੋਨੂੰ ਮਿੱਤਲ ਵੱਲੋਂ ਮੁੱਖ ਮੰਤਰੀ ਸੈਣੀ ਦਾ ਭਰਵਾਂ ਸਵਾਗਤ

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**

ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਸੂਬੇ ਅੰਦਰ ਭਾਰਤੀ ਜਨਤਾ ਪਾਰਟੀ ਨੂੰ ਮਜ਼ਬੂਤ ਕਰਨ ਦੇ ਮਕਸਦ ਨਾਲ ਚੋਣ ਮੁਹਿੰਮ ਵਿੱਚ ਡਟੇ ਗੁਆਂਢੀ ਹਰਿਆਣਾ ਦੇ ਮੁੱਖ ਮੰਤਰੀ ਤੇ ਭਾਜਪਾ ਦੇ ਸੀਨੀਅਰ ਆਗੂ ਨਾਇਬ ਸਿੰਘ ਸੈਣੀ ਦਾ ਨਾਭਾ ਦੌਰੇ ਦੌਰਾਨ ਪੰਜਾਬ ਦੇ ਪ੍ਰਵੇਸ਼ ਦਰਵਾਜ਼ੇ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਤੇ ਗੋਬਿੰਦਪੁਰਾ ਪੈਂਦ ਟੋਲ ਪਲਾਜ਼ਾ ਉੱਤੇ ਪੁੱਜਣ ਤੇ ਪਾਰਟੀ ਦੇ ਜ਼ਿਲ੍ਹਾ ਮੀਤ ਪ੍ਰਧਾਨ ਸੋਨੂੰ ਮਿੱਤਲ ਦੀ ਅਗਵਾਈ ਵਿੱਚ ਭਾਜਪਾ ਵਰਕਰਾਂ ਨੇ ਭਰਵਾਂ ਸਵਾਗਤ ਕੀਤਾ ਹੈ।ਇਸ ਦੌਰਾਨ ਉਨ੍ਹਾਂ ਭਾਜਪਾ ਦੇ ਨੌਜਵਾਨ ਨੇਤਾ ਸੋਨੂੰ ਮਿੱਤਲ ਨੂੰ ਥਾਪੜਾ ਦਿੰਦਿਆਂ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਲਈ ਡਟ ਕੇ ਕੰਮ ਕਰਨ ਦੀ ਲਈ ਹੱਲਾਸ਼ੇਰੀ ਦਿੱਤੀ। ਭਾਜਪਾ ਆਗੂ ਸੋਨੂੰ ਮਿੱਤਲ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਦੇਸ਼ ਭਰ ਵਿੱਚ ਗਰੀਬ ਤੇ ਪਛੜੇ ਵਰਗਾ ਦੇ ਉਥਾਨ ਲਈ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਜਿਸ ਤਹਿਤ ਕੇਂਦਰ ਸਰਕਾਰ ਵੱਲੋਂ ਲੋਕ ਭਲਾਈ ਦੀਆਂ ਸਕੀਮਾਂ ਲਿਆਂਦੀਆਂ ਜਾ ਰਹੀਆਂ ਹਨ।ਉਹਨਾਂ ਕਿਹਾ ਕਿ ਭਾਜਪਾ ਦੇ ਸੀਨੀਅਰ ਆਗੂ ਤੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਪੰਜਾਬ ਅੰਦਰ ਪਾਰਟੀ ਨੂੰ ਮਜਬੂਤ ਕਰਨ ਦੀ ਮੁਹਿੰਮ ਚਲਾਈ ਜਾ ਰਹੀ, ਜਿਸ ਦੇ ਤਹਿਤ ਸੂਬੇ ਵਿੱਚ ਮੀਟਿੰਗਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੰਜਾਬ ਦੌਰੇ ਮਗਰੋਂ ਜਿੱਥੇ ਸੂਬੇ



ਵਿੱਚ ਭਾਜਪਾ ਵਰਕਰਾਂ ਵਿੱਚ ਭਾਰੀ ਉਤਸਾਹ ਪਾਇਆ ਜਾ ਰਿਹਾ ਹੈ, ਉੱਥੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਆਉਣ ਨਾਲ ਸੂਬੇ ਦੀ ਰਾਜਨੀਤਿਕ ਦਿਸ਼ਾ ਬਦਲ ਜਾਵੇਗੀ, ਕਿਉਂਕਿ ਸੂਬੇ ਦੇ ਲੋਕ ਜਿੱਥੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਅੱਕ ਚੁੱਕੇ ਹਨ, ਉੱਥੇ ਕਾਂਗਰਸ ਦੀਆਂ ਸਰਕਾਰਾਂ ਨੂੰ ਵੀ ਪਹਿਲਾਂ ਪਰਖ ਚੁੱਕੇ ਹਨ।ਸੂਬੇ ਨੂੰ ਵਿਕਾਸ ਦੀਆਂ ਨਵੀਆਂ ਲੀਹਾਂ ਉੱਤੇ ਤੁਰਨ ਲਈ ਭਾਜਪਾ ਦੀ ਸਰਕਾਰ ਬਣਨਾ ਬੇਹੱਦ ਜ਼ਰੂਰੀ ਹੈ।

5-Feb-PAGE-4.qxd 2/4/2026 9:32 PM Page 1



# ਕਿਸਾਨ ਬੇਦਖਲ

ਦੇਸ਼ ਦੀ ਅੱਧੀ ਤੋਂ ਵੱਧ ਆਬਾਦੀ ਖੇਤੀ-ਕਿਸਾਨੀ 'ਤੇ ਨਿਰਭਰ ਹੈ, ਪਰ ਕੇਂਦਰੀ ਬਜਟ ਵਿੱਚ ਕਿਸਾਨ ਦਾ ਹਿੱਸਾ ਲਗਾਤਾਰ ਘਟਦਾ ਜਾ ਰਿਹਾ ਹੈ। 2019-20 ਵਿੱਚ ਖੇਤੀ ਤੇ ਉਸ ਨਾਲ ਜੁੜੇ ਖੇਤਰਾਂ ਦਾ ਹਿੱਸਾ ਕੁੱਲ ਬਜਟ ਦਾ 5.44 ਫੀਸਦੀ ਸੀ। 2026-27 ਦੇ ਪਹਿਲੀ ਫਰਵਰੀ ਨੂੰ ਪੇਸ਼ ਕੀਤੇ ਗਏ ਬਜਟ ਵਿੱਚ ਇਹ ਘਟ ਕੇ 3.04 ਫੀਸਦੀ ਰਹਿ ਗਿਆ ਹੈ। ਸਰਕਾਰ ਨੇ ਆਰਥਕ ਵਿਕਾਸ ਲਈ ਜਿਹੜੇ ਛੇ ਵੱਡੇ ਖੇਤਰਾਂ ਦੀ ਨਿਸ਼ਾਨਦੇਹੀ ਕੀਤੀ ਹੈ, ਉਨ੍ਹਾਂ ਵਿੱਚ ਖੇਤੀ ਸ਼ਾਮਲ ਨਹੀਂ ਹੈ। ਇਹ ਉਦੋਂ ਹੈ, ਜਦੋਂ ਸਰਕਾਰੀ ਅੰਕੜੇ ਦੱਸਦੇ ਹਨ ਕਿ ਸ਼ਹਿਰਾਂ ਤੋਂ ਮਜ਼ਦੂਰ ਫਿਰ ਪਿੰਡਾਂ ਵੱਲ ਪਰਤ ਰਹੇ ਹਨ। ਯਾਨੀ ਕਿ ਜਿਹੜੇ ਖੇਤਰ 'ਤੇ ਰੁਜ਼ਗਾਰ ਦਾ ਦਬਾਅ ਵਧ ਰਿਹਾ ਹੈ, ਉਹ ਬਜਟ ਦੀਆਂ ਤਰਜੀਹਾਂ ਤੋਂ ਬਾਹਰ ਹੈ।

ਕਿਸਾਨ ਦੀ ਸੁਰੱਖਿਆ ਦੀ ਗੱਲ ਕਰੀਏ ਤਾਂ ਤਸਵੀਰ ਹੋਰ ਵੀ ਚਿੰਤਾਜਨਕ ਹੈ। ਫਸਲ ਬੀਮਾ ਯੋਜਨਾ ਸੋਕੇ, ਹੜ੍ਹ ਤੇ ਕੁਦਰਤੀ ਆਫਤਾਂ ਵਿੱਚ ਕਿਸਾਨ ਦਾ ਆਖਰੀ ਸਹਾਰਾ ਮੰਨੀ ਜਾਂਦੀ ਹੈ। 2024-25 ਵਿੱਚ ਇਸ ਯੋਜਨਾ 'ਤੇ ਸਰਕਾਰ ਨੇ 14473 ਕਰੋੜ ਰੁਪਏ ਖਰਚ ਕੀਤੇ, ਪਰ 2025-26 ਵਿੱਚ ਘਟਾ ਕੇ 12242 ਕਰੋੜ ਕਰ ਦਿੱਤੇ। ਹੈਰਾਨੀ ਦੀ ਗੱਲ ਹੈ ਕਿ ਅਸਲ ਖਰਚ ਇਸ ਅਨੁਮਾਨ ਨਾਲੋਂ ਲੱਗਭੱਗ 25 ਕਰੋੜ ਰੁਪਏ ਵੱਧ ਰਿਹਾ, ਫਿਰ ਵੀ ਨਵੇਂ ਵਿੱਤੀ ਸਾਲ ਲਈ ਇਸ ਯੋਜਨਾ ਦਾ ਬਜਟ ਵਧਾਉਣ ਦੀ ਥਾਂ ਪਿਛਲੇ ਸਾਲ ਦੇ ਅਸਲ ਖਰਚ ਦੇ ਮੁਕਾਬਲੇ 2231 ਕਰੋੜ ਰੁਪਏ ਦੀ ਸਿੱਧੀ ਕਟੌਤੀ ਕਰ ਦਿੱਤੀ ਗਈ ਹੈ, ਜਿਹੜੀ ਲੱਗਭੱਗ 15 ਫੀਸਦੀ ਬਣਦੀ ਹੈ। 2026-27 ਲਈ ਫਸਲ ਬੀਮਾ ਯੋਜਨਾ ਦਾ ਬਜਟ 12200 ਕਰੋੜ ਰੱਖਿਆ ਗਿਆ ਹੈ। ਪੀ ਐੱਮ-ਕਿਸਾਨ ਨਿਧੀ ਯੋਜਨਾ ਲਈ 63500 ਕਰੋੜ ਰੱਖੇ ਗਏ ਹਨ, ਜਦਕਿ 2024-25 ਵਿੱਚ ਅਸਲ ਖਰਚ 66121 ਕਰੋੜ ਸੀ। ਯਾਨੀ ਅਸਲ ਖਰਚ ਤੋਂ 2621 ਕਰੋੜ ਰੁਪਏ ਘੱਟ। ਇਹ ਲੱਗਭੱਗ ਚਾਰ ਫੀਸਦੀ ਦੀ ਕਟੌਤੀ ਬਣਦੀ ਹੈ। ਹੈਰਾਨੀ ਦੀ ਗੱਲ ਹੈ ਕਿ ਪਿਛਲੇ ਪੰਜ ਸਾਲ ਤੋਂ ਕਿਸਾਨ ਨੂੰ ਮਿਲਣ ਵਾਲੀ ਰਕਮ ਸਾਲਾਨਾ 6 ਹਜ਼ਾਰ ਰੁਪਏ 'ਤੇ ਅਟਕੀ ਹੋਈ ਹੈ, ਜਦਕਿ ਇਸ ਦੌਰਾਨ ਖਾਦ, ਬੀਜ, ਡੀਜ਼ਲ ਤੇ ਮਜ਼ਦੂਰੀ ਦੀ ਲਾਗਤ 30-40 ਫੀਸਦੀ ਤੱਕ ਵਧ ਚੁੱਕੀ ਹੈ। ਕਿਸਾਨਾਂ ਨੂੰ ਉਮੀਦ ਸੀ ਕਿ ਇਹ ਰਕਮ 10-12 ਹਜ਼ਾਰ ਰੁਪਏ ਕਰ ਦਿੱਤੀ ਜਾਵੇਗੀ। ਨੀਤੀ ਸਲਾਹਕਾਰ ਸੇਵਾਵਾਂ ਦੇਣ ਵਾਲੀ 'ਕ੍ਰਿਸਿਲ' ਮੁਤਾਬਕ 2026-27 ਵਿੱਚ ਮਹਿੰਗਾਈ ਦਰ ਕਰੀਬ ਪੰਜ ਫੀਸਦੀ ਤੱਕ ਪੁੱਜ ਸਕਦੀ ਹੈ। ਜੇ ਮਹਿੰਗਾਈ ਦਰ ਨੂੰ ਧਿਆਨ ਵਿੱਚ ਰੱਖੀਏ ਤਾਂ ਪੀ ਐੱਮ-ਕਿਸਾਨ ਦੀ ਰਕਮ ਦੀ ਅਸਲ ਕੀਮਤ ਵਿੱਚ ਲੱਗਭੱਗ 3175 ਕਰੋੜ ਰੁਪਏ ਦੀ ਕਮੀ ਬੈਠਦੀ ਹੈ। ਜੇ ਲਾਭਾਰਥੀਆਂ ਦੀ ਗਿਣਤੀ ਪਹਿਲਾਂ ਜਿੰਨੀ (ਲੱਗਭੱਗ 11 ਕਰੋੜ) ਬਣੀ ਰਹਿੰਦੀ ਹੈ ਤਾਂ ਪ੍ਰਸਤਾਵਤ ਫੰਡ ਘੱਟ ਪਵੇਗਾ, ਪਰ ਸਰਕਾਰ ਨੇ ਬਜਟ 'ਤੇ ਕੈਂਚੀ ਚਲਾਉਣ ਦੇ ਨਾਲ-ਨਾਲ ਲਾਭਾਰਥੀਆਂ ਦੀ ਗਿਣਤੀ ਵਿੱਚ ਵੀ ਕਾਫੀ ਕਟੌਤੀ ਕਰ ਦਿੱਤੀ ਹੈ। ਖਾਦ ਸਬਸਿਡੀਆਂ ਲਈ 54 ਹਜ਼ਾਰ ਕਰੋੜ ਰੱਖੇ ਗਏ ਹਨ, ਜਿਹੜੇ ਕਿ ਪਿਛਲੇ ਸਾਲ ਦੇ ਸੋਧੇ ਅਨੁਮਾਨ ਨਾਲੋਂ 6 ਹਜ਼ਾਰ ਕਰੋੜ ਰੁਪਏ ਘੱਟ ਹਨ।

ਪਿਛਲੇ ਵਿੱਤੀ ਸਾਲ ਵਿੱਚ ਖੇਤੀ ਦੇ ਨਾਂਅ 'ਤੇ ਛੇ ਵੱਡੇ ਐਲਾਨ ਕੀਤੇ ਗਏ ਸਨ—ਦਾਲ ਮਿਸ਼ਨ ਲਈ 1000 ਕਰੋੜ, ਸਬਜ਼ੀ ਮਿਸ਼ਨ ਲਈ 500 ਕਰੋੜ, ਮਖਾਨਾ ਬੋਰਡ ਲਈ 100 ਕਰੋੜ ਅਤੇ ਕਾਟਨ ਟੈਕਨਾਲੋਜੀ ਮਿਸ਼ਨ ਲਈ 500 ਕਰੋੜ ਤੋਂ ਇਲਾਵਾ ਪ੍ਰਧਾਨ ਮੰਤਰੀ ਧਨ-ਧਾਨਯ ਯੋਜਨਾ ਤੇ ਨੈਸ਼ਨਲ ਮਿਸ਼ਨ ਆਨ ਹਾਈਬ੍ਰਿਡ ਸੀਡਸ ਵਰਗੀਆਂ ਯੋਜਨਾਵਾਂ ਨੂੰ ਕਿਸਾਨ ਦੇ ਭਵਿੱਖ ਦਾ ਰਾਹ ਦੱਸਿਆ ਗਿਆ। ਧਨ-ਧਾਨਯ ਲਈ ਤਾਂ ਇਹ ਕਿਹਾ ਗਿਆ ਸੀ ਕਿ ਛੇ ਸਾਲ ਲਈ ਹਰ ਸਾਲ 24 ਹਜ਼ਾਰ ਕਰੋੜ ਦਿੱਤੇ ਜਾਣਗੇ, ਪਰ ਇਸ ਵਾਰ ਬਜਟ ਵਿੱਚ ਇਨ੍ਹਾਂ ਦਾ ਜ਼ਿਕਰ ਹੀ ਨਹੀਂ ਕੀਤਾ ਗਿਆ। ਜਿਨ੍ਹਾਂ ਯੋਜਨਾਵਾਂ ਨੂੰ ਪਿਛਲੇ ਸਾਲ ਗਾਜੇ-ਵਾਜੇ ਨਾਲ ਪੇਸ਼ ਕੀਤਾ ਗਿਆ ਸੀ, ਉਹ ਕਾਗਜ਼ਾਂ ਵਿੱਚੋਂ ਬਾਹਰ ਹੀ ਨਹੀਂ ਨਿਕਲ ਸਕੀਆਂ।

ਇਹੀ ਹੈ ਨਵੇਂ ਕਿਸਾਨ ਬਜਟ ਦੀ ਅਸਲ ਤਸਵੀਰ। ਹਰ ਸਾਲ ਨਵੀਆਂ ਯੋਜਨਾਵਾਂ ਦੇ ਨਾਂਅ ਗਿਣਾਏ ਜਾਂਦੇ ਹਨ, ਵੱਡੇ ਅੰਕੜੇ ਉਛਾਲੇ ਜਾਂਦੇ ਹਨ, ਉਮੀਦਾਂ ਬੀਜੀਆਂ ਜਾਂਦੀਆਂ ਹਨ, ਪਰ ਅਗਲੇ ਸਾਲ ਕੁਝ ਪਤਾ ਨਹੀਂ ਲੱਗਦਾ। ਨਾ ਕੋਈ ਹਿਸਾਬ, ਨਾ ਕਿਤਾਬ। ਨਵੇਂ ਬਜਟ ਦੀ ਸਭ ਤੋਂ ਵੱਡੀ ਸਚਾਈ ਇਹੀ ਹੈ ਕਿ ਕਿਸਾਨ ਹੁਣ ਸਰਕਾਰ ਦੀ ਤਰਜੀਹ ਤੋਂ ਦੂਰ ਹੋ ਚੁੱਕਾ ਹੈ।

## 'ਮੋਤੀ' ਚਾਰੇ... !

ਰੌਲਾ ਕਾਵਾਂ, ਉੱਲੂਆਂ ਦਾ, ਹੰਸ ਵਿਚਾਰੇ ਦੇਖ ਰਹੇ,
ਠੰਢਾ ਪਾਣੀ ਪੀ-ਪੀ ਕੇ, ਮਹਿਲ-ਮੁਨਾਰੇ ਦੇਖ ਰਹੇ।
ਤਰਦੇ ਰਹਿੰਦੇ ਚੁੱਪ ਕਰਕੇ, ਅਜਬ ਨਜ਼ਾਰੇ ਦੇਖ ਰਹੇ,
ਛੱਡ ਕੇ ਪਾਣੀ ਆਰੋ ਦਾ, ਪਾਣੀ ਦੇਖ ਰਹੇ।
ਜੋ ਹਰ ਮੋੜ 'ਤੇ ਲਗਦੇ ਨੇ, ਸਾਰੇ ਜੈਕਾਰੇ ਦੇਖ ਰਹੇ,
ਮਾਰੇ ਚਾਰ-ਚੁਫੇਰੇ ਜੋ, ਸਾਰੇ ਨਾਅਰੇ ਦੇਖ ਰਹੇ।
ਸਾਰੇ ਨਾਅਰੇ ਦੇਖ ਰਹੇ, ਜਿੱਤ ਦੇ ਝੰਡੇ ਲਾ ਲਾ ਕੇ,
ਆਖਰ ਹਾਰੇ ਦੇਖ ਰਹੇ, 'ਮੋਤੀ' ਚਾਰੇ ਦੇਖ ਰਹੇ।

-ਗੁਲਪੁਰ

# ਆਓ, ਹੁਣ ਖਾਮੋਸ਼ ਮੌਤ ਪ੍ਰਤੀ ਫਿਕਰਮੰਦ ਹੋਈਏ


ਗੁਰਚਰਨ ਸਿੰਘ ਨੂਰਪੁਰ

ਇਹਨਾਂ ਦਿਨਾਂ ਦੌਰਾਨ ਜੇਕਰ ਤੁਸੀਂ ਆਪਣੇ ਮੋਬਾਇਲ ਫੋਨ 'ਤੇ ਪੰਜਾਬ ਦੀ ਹਵਾ ਦੀ ਸ਼ੁਧਤਾ ਨੂੰ ਜਿਸ ਨੂੰ ਅਸੀਂ ਏਅਰ ਕੁਆਲਟੀ ਇੰਡੈਕਸ ਕਹਿੰਦੇ ਹਾਂ ਚੈੱਕ ਕਰੋਗੇ ਤਾਂ ਤੁਸੀਂ ਪਾਓਗੇ ਕਿ ਪਿਛਲੇ ਦੋ ਮਹੀਨਿਆਂ ਤੋਂ ਅਸੀਂ ਰੈੱਡ ਜ਼ੋਨ ਵਿੱਚ ਰਹਿ ਰਹੇ ਹਾਂ।

ਹਰ ਸਾਲ ਇਹਨਾਂ ਦਿਨਾਂ ਦੌਰਾਨ ਸਾਡੀ ਹਵਾ ਇੱਕ ਖਾਮੋਸ਼ ਕਾਤਲ ਬਣ ਜਾਂਦੀ ਹੈ। ਇਹ ਸਿਲਸਿਲਾ ਹਰ ਸਾਲ ਪਹਿਲਾਂ ਨਾਲੋਂ ਵੱਧ ਘਾਤਕ ਹੋ ਰਿਹਾ ਹੈ, ਪਰ ਅਸੀਂ ਸਾਰੇ ਇਸ ਪ੍ਰਤੀ ਬੇਖਬਰ ਹਾਂ। ਇਸੇ ਸਾਲ 15 ਜਨਵਰੀ ਨੂੰ ਇੱਕ ਪੰਜਾਬੀ ਅਖਬਾਰ ਦੇ ਅੰਤਰਰਾਸ਼ਟਰੀ ਪੰਨੇ 'ਤੇ ਲੱਗੀ ਇੱਕ ਛੋਟੀ ਜਿਹੀ ਖਬਰ ਨੇ ਮੇਰੇ ਜ਼ਿਹਨ ਵਿੱਚ ਪਹਿਲਾਂ ਤੋਂ ਚੱਲ ਰਹੀ ਬੇਚੈਨੀ ਨੂੰ ਕਈ ਗੁਣਾਂ ਵਧਾ ਦਿੱਤਾ।

ਖਬਰ ਇਹ ਸੀ ਕਿ ਡੈਨਮਾਰਕ ਦੇ ਵਿਸ਼ਵ ਦੇ ਨੰਬਰ 3 ਖਿਡਾਰੀ ਐਡਰਸ ਅਟੋਨਸੇਨ ਨੇ ਕਿਹਾ ਕਿ ਦਿੱਲੀ ਦੇ ਇਹਨੀਂ ਦਿਨੀਂ ਗੰਭੀਰ ਪ੍ਰਦੂਸ਼ਣ ਦੀ ਵਜ੍ਹਾ ਕਰਕੇ ਉਹ ਬੈਡਮਿੰਟਨ ਟੂਰਨਾਮੈਂਟ ਵਿੱਚ ਹਿੱਸਾ ਲੈਣ ਨਹੀਂ ਲੈਣਗੇ। ਖਬਰ ਅਨੁਸਾਰ- 'ਐਟੋਨਸੇਨ ਨੇ ਇੰਸਟਾਗ੍ਰਾਮ 'ਤੇ ਲਿਖਿਆ ਕਿ ਬਹੁਤ ਸਾਰੇ ਲੋਕ ਜਾਣਨਾ ਚਾਹੁੰਦੇ ਹਨ ਕਿ ਮੈਂ ਲਗਾਤਾਰ ਤੀਜੇ ਸਾਲ ਇੰਡੀਆ ਓਪਨ ਤੋਂ ਕਿਉਂ ਹਟਿਆ ਹਾਂ। ਉਹਨਾ ਕਿਹਾ ਕਿ ਵਰਤਮਾਨ ਸਮੇਂ 'ਚੋਂ ਦਿੱਲੀ 'ਚ ਪ੍ਰਦੂਸ਼ਣ ਬਹੁਤ ਜ਼ਿਆਦਾ ਹੈ, ਇਸ ਲਈ ਮੈਨੂੰ ਨਹੀਂ ਲੱਗਦਾ ਕਿ ਇਹ ਬੈਡਮਿੰਟਨ ਟੂਰਨਾਮੈਂਟ ਦੀ ਮੇਜ਼ਬਾਨੀ ਕਰਨ ਲਈ ਸਹੀ ਜਗ੍ਹਾ ਹੈ। ਇਸ ਬੈਡਮਿੰਟਨ ਖਿਡਾਰੀ ਦਾ ਸਾਡੇ ਦੇਸ਼ ਵਿੱਚ ਨਾ ਆਉਣ ਦਾ ਕਾਰਨ ਪ੍ਰਦੂਸ਼ਣ ਹੋਵੇ ਜਾਂ ਕੁਝ ਹੋਰ, ਆਪਾਂ ਨੂੰ ਇਸ ਦੀ ਵਿਆਖਿਆ ਕਰਨ ਦੀ ਲੋੜ ਨਹੀਂ। ਇੱਕ ਗੱਲ ਪੱਕੀ ਜ਼ਰੂਰ ਹੈ ਕਿ ਦਿੱਲੀ ਸਮੇਤ ਉੱਤਰ-ਭਾਰਤੀ ਰਾਜਾਂ, ਜਿਹਨਾਂ ਵਿੱਚ ਖਾਸ ਤੌਰ 'ਤੇ ਪੰਜਾਬ ਤੇ ਹਰਿਆਣਾ ਹੁਣ ਯੂ ਪੀ ਅਤੇ ਹਿਮਾਚਲ ਪ੍ਰਦੇਸ਼ ਵੀ ਇਸ ਤੋਂ ਪਾਸੇ ਨਹੀਂ ਰਹੇ ਇਹਨਾਂ ਰਾਜਾਂ ਵਿੱਚ ਨਵੰਬਰ 2025 ਤੋਂ ਜਨਵਰੀ 26 ਤੱਕ ਪ੍ਰਦੂਸ਼ਣ ਦਾ ਸਤਰ ਖਤਰਨਾਕ ਹੱਦ ਤੱਕ ਲਗਾਤਾਰ ਬਣਿਆ ਹੋਇਆ ਹੈ। ਏਅਰ ਕੁਆਲਟੀ ਇੰਡੈਕਸ, ਜੋ ਸਾਫ ਹਵਾ ਲਈ 50 ਦੇ ਆਸ-ਪਾਸ ਹੋਣਾ ਚਾਹੀਦਾ ਹੈ, ਉਹ ਜ਼ਿਆਦਾਤਰ ਇਲਾਕਿਆਂ ਵਿੱਚ 200 ਤੋਂ 550 ਤੱਕ ਹੈ। ਇਹ ਖਤਰਨਾਕ ਸਥਿਤੀ ਪਿਛਲੇ ਦੋ ਮਹੀਨਿਆਂ ਤੋਂ ਬਣੀ ਹੋਈ ਹੈ। ਹਵਾ ਦਾ ਇਹ ਪ੍ਰਦੂਸ਼ਣ ਜੀਵਨ ਲਈ ਏਨਾ ਖਤਰਨਾਕ ਹੈ ਕਿ ਅਸੀਂ ਸਾਰੇ ਇਹਨਾਂ ਦਿਨਾਂ ਦੌਰਾਨ 16 ਤੋਂ 20 ਸਿਗਰਟਾਂ ਜਿੰਨਾ ਧੂੰਆਂ ਆਪਣੇ ਅੰਦਰ ਖਿੱਚ ਰਹੇ ਹਾਂ। ਸੰਨ 2023 ਵਿੱਚ ਦੁਨੀਆ ਭਰ ਵਿੱਚ ਹਵਾ ਦੇ ਪ੍ਰਦੂਸ਼ਣ ਕਰਕੇ 78 ਲੱਖ ਮੌਤਾਂ ਹੋਈਆਂ। ਉੱਤਰੀ ਭਾਰਤ ਖਾਸ ਕਰਕੇ ਪੰਜਾਬ ਵਿੱਚ ਇਸ ਖਤਰਨਾਕ ਪ੍ਰਦੂਸ਼ਣ ਨਾਲ ਮੌਤਾਂ ਵੀ ਹੋ ਰਹੀਆਂ ਹਨ ਅਤੇ ਸਾਡੀ ਸਭ ਦੀ ਉਮਰ ਵੀ ਇਸ ਨਾਲ ਘਟ ਹੋ ਰਹੀ ਹੈ। ਇੱਕ ਵਿਗਿਆਨਕ ਖੋਜ ਅਨੁਸਾਰ ਹਵਾ ਦਾ ਪ੍ਰਦੂਸ਼ਣ ਜਦੋਂ 200 ਏ ਕਿਊ ਆਈ ਤੱਕ ਜਾਂ ਇਸ ਤੋਂ ਉਪਰ ਜਾਂਦਾ ਹੈ ਤਾਂ ਹਵਾ ਵਿੱਚ ਜੀਵਨ ਲਈ ਖਤਰਨਾਕ ਪੀ ਐੱਮ 2.5 ਅਤੇ ਪੀ ਐੱਮ 10 ਕਣਾਂ ਵਿੱਚ ਵਾਧਾ ਹੋ ਜਾਂਦਾ ਹੈ। ਇਹਨਾਂ ਸਿਰ ਦੇ ਵਾਲਾਂ ਤੋਂ 30 ਗੁਣਾਂ ਬਰੀਕ ਕਣਾਂ ਦੀ ਜਦੋਂ ਹਵਾ ਭਰਮਾਰ ਹੁੰਦੀ ਹੈ ਤਾਂ ਇਹ ਸਾਹ ਲੈਣ ਨਾਲ ਸਾਡੇ ਅੰਦਰ ਜਾਂਦੇ ਹਨ। ਇਹ ਵੱਡੀ ਪੱਧਰ 'ਤੇ ਲੋਕਾਂ ਲਈ ਹਾਰਟ ਅਟੈਕ, ਸਾਹ, ਦਮਾ, ਬਰੇਨ ਸਟਰੋਕ, ਫੇਫੜਿਆਂ ਦਾ ਕੈਂਸਰ, ਗੁਰਦਿਆਂ ਦੇ ਰੋਗ ਅਤੇ ਬਲੱਡ ਪ੍ਰੈਸ਼ਰ ਵਰਗੇ ਕਈ ਰੋਗਾਂ ਦਾ ਕਾਰਨ ਬਣਦੇ ਹਨ। ਪਲੀਤ ਹਵਾ ਦਾ ਇਹ ਪ੍ਰਕੋਪ ਸਾਡੇ ਹਰ ਇੱਕ ਦੀ 2.2 ਸਾਲ ਉਮਰ ਘੱਟ ਕਰ ਰਿਹਾ ਹੈ। ਇਸ ਨਾਲ ਵੱਡੀ ਉਮਰ ਦੇ ਲੋਕਾਂ ਵਿੱਚ ਡੀਮੈਂਨਸ਼ੀਆ ਅਤੇ ਅਲਜਾਈਮਰ ਤੇ ਅਧਰੰਗ ਵਰਗੀਆਂ ਬਿਮਾਰੀਆਂ ਲੱਗਣ ਦਾ ਖਤਰਾ ਵਧ ਜਾਂਦਾ ਹੈ। ਲੋਕਾਂ ਦਾ ਇਮਿਊਨ ਸਿਸਟਮ ਕਮਜ਼ੋਰ ਹੋਣ ਲੱਗਦਾ ਹੈ ਅਤੇ ਕਈ ਤਰ੍ਹਾਂ ਦੀਆਂ ਇਨਫੈਕਸ਼ਨਾਂ ਦਾ ਖਤਰਾ ਵਧ ਜਾਂਦਾ ਹੈ। ਲੰਮਾ ਸਮਾਂ ਪ੍ਰਦੂਸ਼ਤ ਹਵਾ ਵਿੱਚ ਰਹਿਣ ਕਰਕੇ ਕਿਸੇ ਵੀ ਖਿੱਤੇ ਵਿੱਚ ਕੈਂਸਰ ਦੇ ਰੋਗੀਆਂ ਦੀ ਗਿਣਤੀ ਵਧਦੀ ਹੈ। ਇਹ ਬੱਚਿਆਂ ਨੂੰ ਮਾਨਸਿਕ ਤੌਰ 'ਤੇ ਕਮਜ਼ੋਰ ਕਰਨ ਅਤੇ ਇਹਨਾਂ ਵਿੱਚ ਸਿੱਖਣ ਦੀ ਸਮਰੱਥਾ ਨੂੰ ਘੱਟ ਕਰ ਦਿੰਦਾ ਹੈ। ਇਹ ਸਥਿਤੀ ਸਿਗਰਟ ਪੀਣ ਨਾਲੋਂ ਕਿਤੇ ਵੱਧ ਘਾਤਕ ਹੈ ਅਤੇ ਸ਼ਰਾਬ ਪੀਣ ਨਾਲੋਂ 3 ਗੁਣਾਂ ਵੱਧ ਖਤਰਨਾਕ ਹੈ।

ਅਸੀਂ ਭਾਰਤੀ ਲੋਕ ਸਭ ਤਰ੍ਹਾਂ ਦੇ ਮਸਲਿਆਂ ਲਈ ਗੰਭੀਰ ਹਾਂ। ਇਹ ਮਸਲੇ ਚਾਹੇ ਰਾਜਨੀਤਕ ਹੋਣ ਸਮਾਜਿਕ ਹੋਣ ਜਾਂ ਧਾਰਮਿਕ ਹੋਣ, ਇਸ ਲਈ ਅਸੀਂ ਇਕੱਠੇ ਹੋ ਸੜਕਾਂ 'ਤੇ ਨਿਕਲ ਆਉਂਦੇ ਹਾਂ। ਆਪਣੇ ਆਪ ਦਾ ਵਿਖਾਵਾ ਕਰਨ , ਵੱਡੀਆਂ ਗੱਡੀਆਂ, ਉੱਚੀਆਂ ਕੋਠੀਆਂ, ਮਹਿੰਗੇ ਕੱਪੜੇ ਅਤੇ ਸਮਾਗਮਾਂ 'ਤੇ ਬੇਤਹਾਸ਼ਾ ਪੈਸਾ ਖਰਚ ਕਰਕੇ ਅਸੀਂ ਆਪਣੀ ਹਉਮੈਂ ਨੂੰ ਪੱਠੇ ਪਾਉਣ ਦੀ ਕੋਈ ਕਸਰ ਬਾਕੀ ਨਹੀਂ ਰਹਿਣ ਦੇਂਦੇ, ਪਰ ਜਿੱਥੇ ਜੀਵਨ ਦਾ ਮਸਲਾ ਹੁੰਦਾ ਹੈ, ਜਿੱਥੇ ਸਾਡੀ ਜ਼ਿੰਦਗੀ ਨਾਲ ਸਿੱਧੇ ਤੌਰ 'ਤੇ ਜੀਵਨ ਨੂੰ ਪ੍ਰਭਾਵਤ ਕਰਨ ਵਾਲੇ ਸੰਕਟ ਹੁੰਦੇ ਹਨ, ਉੱਥੇ ਅਸੀਂ ਅਕਸਰ ਖਾਮੋਸ਼ ਰਹਿੰਦੇ ਹਾਂ। ਵਿਚਾਰਨ ਵਾਲੀ ਗੱਲ ਇਹ ਇਸ ਧੀਮੀ ਮੌਤ ਦੇ ਮਨੁੱਖ ਵੱਲੋਂ ਸਿਰਜੇ ਬਿਰਤਾਂਤ ਵਿੱਚ ਵੱਡੇ ਤੋਂ ਵੱਡੇ ਰਾਜਨੀਤਕ ਲੋਕਾਂ ਤੋਂ ਲੈ ਕੇ ਆਮ ਲੋਕ ਵੀ ਸਾਹ ਲੈਂਦੇ ਹਨ, ਪਰ ਮਜ਼ਾਲ ਕੀ ਕਿ ਕਿਸੇ ਮੰਚ 'ਤੇ, ਕਿਸੇ ਚੈਨਲ 'ਤੇ ਜਾਂ ਕਿਸੇ ਸਭਾ ਇਕੱਠ ਵਿੱਚ ਇਸ ਸਬੰਧੀ ਗੰਭੀਰ ਚਰਚਾ ਹੋਈ ਹੋਵੇ। ਅਸੀਂ ਲੱਖਾਂ ਭਾਰਤੀ ਲੋਕ ਪਿਛਲੇ ਦੋ ਮਹੀਨਿਆਂ ਤੋਂ ਇਸ ਭਿਆਨਕ ਮੌਤ ਦੇ ਮਾਹੌਲ ਵਿੱਚ ਸਾਹ ਲੈ ਰਹੇ ਹਾਂ, ਪਰ ਇਸ ਪ੍ਰਤੀ ਜੋ ਫਿਕਰਮੰਦੀ ਹੋਣੀ ਚਾਹੀਦੀ ਸੀ, ਉਹ ਫਿਕਰ ਕਿੱਥੇ ਹੈ?

ਹਰ ਸਾਲ ਮੌਤ ਦੇ ਇਸ ਬਿਰਤਾਂਤ ਦੀ ਸ਼ੁਰੂਆਤ ਨਵੰਬਰ ਮਹੀਨੇ ਤੋਂ ਹੁੰਦੀ ਹੈ। ਇਸੇ ਸਮੇਂ ਵਿੱਚ ਹੀ ਦੀਵਾਲੀ ਦੌਰਾਨ ਉੱਤਰੀ ਭਾਰਤ ਵਿੱਚ ਬੇਤਹਾਸ਼ਾ ਪਟਾਕੇ ਚਲਾਏ ਜਾਂਦੇ ਹਨ। ਕੀ ਦਿਵਾਲੀ, ਗੁਰਪੁਰਬ ਅਤੇ ਵਿਆਹ-ਸ਼ਾਦੀਆਂ, ਜਨਮ ਦਿਨਾਂ ਦੌਰਾਨ ਚਲਾਏ ਜਾਂਦੇ ਪਟਾਕੇ ਬੰਦ ਨਹੀਂ ਕੀਤੇ ਜਾ ਸਕਦੇ? ਹੁਣ ਸਮਾਂ ਆ ਗਿਆ ਹੈ ਕਿ ਦੇਸ਼ ਵਿੱਚ ਪਟਾਕਿਆਂ ਨੂੰ ਬਣਾਉਣ ਜਾਂ ਇਹਨਾਂ ਦੀ ਵਿਕਰੀ 'ਤੇ ਪੂਰਨ ਤੌਰ 'ਤੇ ਪਾਬੰਦੀ ਲਾਈ ਜਾਣੀ ਚਾਹੀਦੀ ਹੈ। ਸਾਡੇ ਲੋਕਾਂ ਨੂੰ ਇਹ ਵੀ ਸਮਝਣਾ ਚਾਹੀਦਾ ਹੈ ਕਿ ਪਟਾਕੇ ਇਤਿਹਾਸਕ ਤੌਰ 'ਤੇ ਕਿਸੇ ਤਿਉਹਾਰ ਨਾਲ ਜੁੜੀ ਹੋਈ ਰਸਮ ਨਹੀਂ ਹਨ। ਦੀਵਾਲੀ ਦੇ ਤਿਉਹਾਰ ਦੌਰਾਨ ਅਸੀਂ ਮਹਾਂਨਗਰਾਂ, ਸ਼ਹਿਰਾਂ, ਕਸਬਿਆਂ ਨੂੰ ਏਨਾ ਪਲੀਤ ਕਰ ਦਿੰਦੇ ਹਾਂ ਕਿ ਇਹਨਾਂ ਤੋਂ ਧੂੰਏਂ ਦੇ ਬੱਦਲਾਂ ਦੇ ਵੱਡੇ ਗੁਬਾਰ ਉੱਠਦੇ ਹਨ ਅਤੇ ਹਵਾ ਵਿੱਚ ਨਮੀ ਹੋਣ ਕਰਕੇ ਇਹ ਧੂੰਆਂ ਫਿਰ ਅਗਲੇ ਮਹੀਨਿਆਂ ਦੌਰਾਨ (ਜਿਵੇਂ ਇਸ ਵਾਰ ਹੋਇਆ ਹੈ) ਉੱਡ ਕੇ ਕਿਸੇ ਪਾਸੇ ਜਾਂਦਾ ਨਹੀਂ, ਬਲਕਿ ਸਾਡੀ ਸਭ ਲਈ ਜਾਨ ਦਾ ਖੌਅ ਬਣ ਕੇ ਸਾਡੇ ਆਲੇ-ਦੁਆਲੇ ਮੌਤ ਦਾ ਬਿਰਤਾਂਤ ਸਿਰਜਦਾ ਹੈ। ਇਹਨਾਂ ਹੀ ਦਿਨਾਂ ਦੌਰਾਨ ਝੋਨੇ ਦੀ ਪਰਾਲੀ ਨੂੰ ਅੱਗਾਂ ਲੱਗਦੀਆਂ ਹਨ। ਇਸ ਰਾਹੀਂ ਮੀਥੇਨ ਗੈਸ ਵੱਡੀ ਮਾਤਰਾ ਵਿੱਚ ਹਵਾ ਵਿੱਚ ਘੁਲਦੀ ਹੈ। ਇਹਨਾਂ ਹੀ ਦਿਨਾਂ ਦੌਰਾਨ ਅਸੀਂ ਧਾਰਮਿਕ ਅਸਥਾਨਾਂ 'ਤੇ ਵੱਖ-ਵੱਖ ਤਰ੍ਹਾਂ ਦੇ ਸਮਾਗਮ ਕਰਕੇ ਬੰਬ, ਪਟਾਕੇ ਚਲਾ ਕੇ ਆਪਣੇ ਆਪਣੇ ਆਪ ਨੂੰ ਵੱਧ ਤੋਂ ਵੱਧ ਧਾਰਮਿਕ ਹੋਣ ਦਾ ਸਬੂਤ ਦਿੰਦੇ ਹਾਂ, ਹਵਾ ਨੂੰ ਵੱਧ ਤੋਂ ਵੱਧ ਪਲੀਤ ਕਰਨ ਵਿੱਚ ਫਖਰ ਮਹਿਸੂਸ ਕਰਦੇ ਹਾਂ। ਬਿਨਾਂ ਇਹ ਵਿਚਾਰ ਕੀਤਿਆਂ ਕਿ ਸਾਡੇ ਗੁਰੂ ਨੇ ਸਾਨੂੰ ਇਹ ਤਾਗੀਦ ਕੀਤੀ ਸੀ ਕਿ ਧਰਤੀ ਮਾਂ, ਪਾਣੀ ਪਿਤਾ ਅਤੇ ਹਵਾ ਸਾਡੇ ਲਈ ਸਾਡੇ ਗੁਰੂ ਸਮਾਨ ਹੈ।

ਹਵਾ ਦੀ ਇਸ ਖਾਮੋਸ਼ ਮੌਤ ਪ੍ਰਤੀ ਅਸੀਂ ਫਿਲਹਾਲ ਬੇਹੱਦ ਅਵੇਸਲੇ ਹਾਂ। ਇਹ ਭਿਆਨਕ ਸਥਿਤੀ ਸਾਲ ਵਿੱਚ ਕਈ ਵਾਰ ਬਣਦੀ ਹੈ, ਪਰ ਹਰ ਸਾਲ ਨਵੰਬਰ ਮਹੀਨੇ ਤੋਂ ਦਸੰਬਰ-ਜਨਵਰੀ ਤੱਕ ਤਾਂ ਇਹ ਇੱਕ ਤਰ੍ਹਾਂਨਾਲ ਮੌਤ ਦੇ ਦਿਨ ਹੁੰਦੇ ਹਨ। ਇਸ ਪ੍ਰਤੀ ਸਾਨੂੰ ਹਰ ਇੱਕ ਨੂੰ ਅਤੇ ਸਾਡੀਆਂ ਸਰਕਾਰਾਂ ਨੂੰ ਸੁਚੇਤ ਹੋਣਾ ਚਾਹੀਦਾ ਹੈ। ਹਰ ਤਰ੍ਹਾਂ ਦੇ ਨਫੇ ਨੁਕਸਾਨ ਤੋਂ ਉਪਰ ਉੱਠ ਕੇ ਸਰਬੱਤ ਦੇ ਭਲੇ ਲਈ ਸਾਨੂੰ ਇਸ ਪ੍ਰਤੀ ਗੰਭੀਰ ਹੋਣ ਦੀ ਲੋੜ ਹੈ।

ਸਾਡਾ ਪੰਜਾਬੀਆਂ ਦਾ ਇਹ ਖਾਸਾ ਹੈ ਕਿ ਅਸੀਂ ਰਾਜਨੀਤਕ ਅਤੇ ਧਾਰਮਿਕ ਮਾਮਲਿਆਂ ਪ੍ਰਤੀ ਅਕਸਰ ਸੰਵੇਦਨਸ਼ੀਲ ਰਹਿੰਦੇ ਹਾਂ, ਪਰ ਜਿੱਥੇ ਜੀਵਨ ਨਾਲ ਜੁੜੇ ਮਸਲੇ ਹੋਣ ਉੱਥੇ ਅਸੀਂ ਬਿਲਕੁਲ ਹੀ ਗੰਭੀਰ ਨਹੀਂ ਹਾਂ। ਇਹ ਭਾਵੇਂ ਸਿਹਤ ਸੰਬੰਧੀ ਮਸਲੇ ਹੋਣ, ਦਰਿਆਵਾਂ ਦਾ ਪਲੀਤ ਹੋ ਰਿਹਾ ਪਾਣੀ, ਖਾਣ-ਪੀਣ ਦੀਆਂ ਚੀਜ਼ਾਂ ਜਾਂ ਹਵਾ, ਪਾਣੀ ਅਤੇ ਮਿੱਟੀ ਦੀ ਬਰਬਾਦੀ ਦਾ ਮਸਲਾ ਹੋਵੇ, ਅਸੀਂ ਇਸ ਪ੍ਰਤੀ ਏਨੇ ਗੰਭੀਰ ਜਿੰਨੇ ਸਾਨੂੰ ਹੋਣਾ ਚਾਹੀਦਾ ਹੈ। ਸ਼ਾਇਦ ਇਸੇ ਕਰਕੇ ਅਸੀਂ ਆਪਣੇ ਆਲੇ -ਦੁਆਲੇ ਮੌਤ ਦਾ ਬਿਰਤਾਂਤ ਸਿਰਜ ਲਿਆ ਹੈ। ਅੱਜ ਜੇਕਰ ਅਸੀਂ ਹਵਾ ਪ੍ਰਦੂਸ਼ਣ ਦੇ ਇਸ ਗੰਭੀਰ ਸੰਕਟ ਪ੍ਰਤੀ ਚਿੰਤਤ ਨਾ ਹੋਏ ਤਾਂ ਇਹ ਨਾ ਹੋਵੇ ਕਿ ਕੱਲ੍ਹ ਤੱਕ ਬਹੁਤ ਦੇਰ ਹੋ ਜਾਵੇ। ਹਵਾ ਕਿਸੇ ਇੱਕ ਦੀ ਨਹੀਂ, ਇਹ ਸੂਰਜ ਦੀ ਰੋਸ਼ਨੀ ਵਾਂਗ ਸਭ ਲਈ ਹੈ। ਅਸੀਂ ਸਭ ਨੇ ਇਸ ਵਿੱਚ ਸਾਹ ਲੈਣਾ ਹੈ, ਇਸ ਨੂੰ ਸਾਫ ਰੱਖਣ ਲਈ ਜਿੱਥੇ ਰੁੱਖਾਂ ਦੀ ਕਟਾਈ ਰੋਕੇ ਜਾਣ ਦੀ ਲੋੜ ਹੈ, ਉੱਥੇ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਪ੍ਰਦੂਸ਼ਣ ਕਰਨ ਵਾਲੇ ਸਰੋਤਾਂ ਨੂੰ ਬੰਦ ਕਰਨ ਦੀ ਲੋੜ ਹੈ, ਤਾਂ ਕਿ ਢੁਕਵੀਆਂ ਜਿਊਣ ਹਾਲਤਾਂ ਸਿਰਜੀਆਂ ਜਾ ਸਕਣ।

# ਸੰਪਰਕ : 98550-51099

# ਪੰਜਾਬੀ ਗਾਇਕੀ ਦਾ ਰੂਪਾਂਤਰਨ

ਡਾ. ਅੰਤਰਪ੍ਰੀਤ ਸਿੰਘ ਬੈਨੀਪਾਲ

ਪੰਜਾਬੀ ਗਾਇਕੀ ਦਾ ਮੁੱਢਲਾ ਦੌਰ ਬਾਬਾ ਫਰੀਦ ਜੀ ਦੇ ਸੂਫੀਆਨਾ ਰੰਗ ਨਾਲ ਭਰਪੂਰ ਸਮਿਆਂ ਨੂੰ ਮੰਨਿਆ ਜਾ ਸਕਦਾ ਹੈ। ਭਾਵੇਂ ਉਨ੍ਹਾਂ ਤੋਂ ਪਹਿਲਾਂ ਵੀ ਪੰਜਾਬ ਦੀ ਧਰਤੀ 'ਤੇ ਅਨੇਕਾਂ ਗਾਇਕ ਰੂਪੀ ਬੁੱਧੀਜੀਵੀ ਆਏ ਹੋਣਗੇ, ਪਰ ਜੇਕਰ ਭਾਸ਼ਾ ਨੂੰ ਮੁੱਖ ਆਧਾਰ ਰੱਖਿਆ ਜਾਵੇ ਤਾਂ ਪੰਜਾਬੀ ਭਾਸ਼ਾ ਦੀ ਮੂਲ ਰੂਪੀ ਵਰਤੋਂ ਬਾਬਾ ਫਰੀਦ ਜੀ ਦੇ ਸੂਫੀ ਅੰਦਾਜ਼ ਵਿੱਚ ਹੋਈ।

ਦਰਅਸਲ ਕਿਸੇ ਖੇਤਰ ਦੀ ਭਾਸ਼ਾ, ਉੱਥੋਂ ਦਾ ਵਿਰਸਾ, ਰੀਤੀ-ਰਿਵਾਜ, ਰਹਿਣ ਸਹਿਣ ਹੀ ਮਨੋਰੰਜਨ ਦੇ ਇੱਕ ਰੂਪ ਵਜੋਂ ਉਥੋਂ ਦੇ ਗੀਤਾਂ ਵਿੱਚ ਝਲਕਣ ਲੱਗਦਾ ਹੈ। ਜੇਕਰ ਪੰਜਾਬੀ ਗੀਤਾਂ ਦੀ ਗੱਲ ਕਰੀਏ ਤਾਂ ਅਜਿਹਾ ਕੁਝ ਹੀ ਸਾਹਮਣੇ ਆਉਂਦਾ ਹੈ। ਸਮੇਂ ਦੇ ਨਾਲ ਤਬਦੀਲੀਆਂ ਆਉਣੀਆਂ ਸੁਭਾਵਿਕ ਹਨ। ਸੂਫੀ ਗਾਇਕੀ ਤੋਂ ਅੰਦਾਜ਼ ਬਦਲਦੇ ਹੋਏ ਰਹਿਣ-ਸਹਿਣ ਅਤੇ ਵਿਰਸੇ ਅਤੇ ਸੱਭਿਆਚਾਰ ਨਾਲ ਅਤਿ-ਵਿਆਪਨ ਕਰਦੇ ਹੋਏ ਲੋਕ ਗੀਤਾਂ ਵੱਲ ਪਰਿਵਰਤਿਤ ਹੋ ਗਿਆ। ਭਾਵ ਸਮੇਂ ਨਾਲ ਕਿਸੇ ਵਿਸ਼ੇਸ਼ ਖੇਤਰ ਵਿੱਚ ਆਈਆਂ ਤਬਦੀਲੀਆਂ, ਜਿਵੇਂ ਕਿ ਉੱਥੋਂ ਦੇ ਲੋਕਾਂ ਦਾ ਸੁਭਾਅ, ਜ਼ਮਾਨੇ ਵਿੱਚ ਵਰਤੋਂ ਦੀਆਂ ਵਸਤੂਆਂ, ਸਰੋਤ, ਸੰਦ ਆਦਿ ਦਾ ਜ਼ਿਕਰ ਉੱਥੋਂ ਦੇ ਵਿਰਸੇ ਵਿੱਚ ਆਉਣ ਲੱਗਦਾ ਹੈ ਅਤੇ ਗਾਇਕੀ ਵੀ ਇਸੇ ਦਾ ਭਾਗ ਮੰਨਿਆ ਜਾ ਸਕਦਾ ਹੈ। ਗਾਇਕੀ ਦਾ ਪ੍ਰਮੁੱਖ ਸੰਬੰਧ ਗਾਉਣ ਸਮੇਂ ਵਰਤੇ ਜਾਂਦੇ ਸੰਗੀਤ ਨਾਲ ਹੁੰਦਾ ਹੈ ਅਤੇ ਸਮੇਂ ਅਨੁਸਾਰ ਆਉਂਦੀਆਂ ਤਕਨੀਕਾਂ ਰਾਹੀਂ ਜਿਵੇਂ-ਜਿਵੇਂ ਸੰਗੀਤਕ ਸੰਦਾਂ ਦੀ ਖੋਜ ਹੁੰਦੀ ਗਈ , ਉਸੇ ਤਰ੍ਹਾਂ ਗਾਇਕੀ ਵਿੱਚ ਵੀ ਤਬਦੀਲੀ ਆਉਂਦੀ ਗਈ। ਇਸੇ ਪਰਿਵਰਤਨ ਅਨੁਸਾਰ ਇੱਕ ਸਮੇਂ 'ਤੇ ਗਾਏ ਜਾਣ ਵਾਲੇ ਸੰਗੀਤਕ ਰੰਗ ਨੂੰ ਆਉਂਦੀਆਂ ਪੀੜ੍ਹੀਆਂ ਵਿੱਚ ਸੂਫੀਆਨਾ ਅਤੇ ਲੋਕ ਗਾਇਕੀ ਦਾ ਨਾਂਅ ਦਿੱਤਾ ਗਿਆ।

ਸੂਫੀਆਨਾ ਕਲਮਾਂ ਤੋਂ ਕਵੀਸ਼ਰੀ ਅੰਦਾਜ਼ ਦੀ ਪੌੜੀ ਚੜ੍ਹਦੇ ਹੋਏ ਰਬਾਬੀ ਵਾਰਾਂ ਦਾ ਅਧਿਆਏ ਲੰਘਦੇ ਹੋਏ ਧਾਰਮਿਕ ਸੰਗੀਤਕ ਛੋਹ ਨੂੰ ਮਹਿਸੂਸ ਕਰਨ ਉਪਰੰਤ ਪੰਜਾਬੀ ਭਾਸ਼ਾ ਦੇ ਵਿਕਾਸ ਅਧੀਨ ਸੰਗੀਤਕ ਰੰਗ ਵਿੱਚ ਲਗਾਤਾਰ ਵਿਕਾਸਸ਼ੀਲ ਤਬਦੀਲੀਆਂ ਦਾ ਅਹਿਸਾਸ ਕੀਤਾ ਜਾ ਸਕਦਾ ਹੈ। ਇਸ ਦਾ ਪ੍ਰਮੁੱਖ ਕਾਰਨ ਸੰਗੀਤਕ ਸੰਦਾਂ ਦੀ ਹੋਂਦ ਹੈ ਅਤੇ ਤਬਦੀਲੀਆਂ ਵੀ ਇਨ੍ਹਾਂ ਦੇ ਵਿਕਾਸ ਨੂੰ ਮੁੱਖ ਰੱਖਦੇ ਹੋਏ ਹੀ ਹੋਈਆਂ। ਪੰਜਾਬੀ ਸੱਭਿਆਚਾਰ ਦਾ ਵਿਕਾਸ ਵੀ ਇੱਥੋਂ ਦੇ ਕਿੱਤਿਆਂ, ਗੀਤਾਂ ਰਿਵਾਜਾਂ ਅਨੁਸਾਰ ਹੀ ਹੋਇਆ ਅਤੇ ਇਸ ਦਾ ਰੰਗ ਪੰਜਾਬੀ ਗਾਇਕੀ ਵੀ ਸਮਾ ਗਈ। ਅੱਜ ਦੀ ਪੀੜ੍ਹੀ ਲਈ ਪੁਰਾਤਨ ਸਮੇਂ ਵਿੱਚ ਵਰਤੇ ਗਏ ਗਾਇਕੀ ਦੇ ਢਾਂਚੇ ਪੰਜਾਬੀ ਸੱਭਿਆਚਾਰ ਨੂੰ ਸੁਰੱਖਿਅਤ ਰੱਖਣ ਲਈ ਲੋਕ ਗਾਇਕੀ ਦਾ ਭਾਗ ਬਣ ਗਏ। ਇਸ ਤੋਂ ਅਗਲਾ ਦੌਰ ਕੁਦਰਤੀ ਅਤੇ ਅਲੌਕਿਕ ਸਿਫਤਾਂ ਤੋਂ ਬਦਲ ਕੇ ਇਸ਼ਕ ਹਕੀਕੀ ਗੀਤਾਂ ਦਾ ਆਉਂਦਾ ਹੈ, ਕਿਉਂ ਜੋ ਸਮਾਜ ਵਿੱਚ ਪੱਛਮੀ ਛੂਹ ਨੇ ਆਪਣਾ ਪੈਰ ਪਸਾਰਨਾ ਸ਼ੁਰੂ ਕਰ ਦਿੱਤਾ ਸੀ। ਤਰੱਕੀ ਦੇ ਦੌਰ ਵਿੱਚ ਸੱਭਿਆਚਾਰਕ ਰੰਗ ਵੀ ਨਵੀਨ ਹੋਣ ਲੱਗੇ ਅਤੇ ਪੰਜਾਬੀ ਸੰਗੀਤ ਵੀ ਪੂਰੀ ਦੁਨੀਆ ਵਿੱਚ ਆਪਣਾ ਰੰਗ ਵਿਖਾਉਣ ਲੱਗਾ। ਇੱਕ ਆਮ ਅਵਸਥਾ ਵਿੱਚ ਸੰਗੀਤ ਨੂੰ ਏਨੀ ਮਸ਼ਹੂਰੀ ਨਹੀਂ ਮਿਲਦੀ, ਜਿੰਨੀ ਕਿ ਗਾਇਕੀ ਨੂੰ ਮਿਲਦੀ ਹੈ, ਹਾਲਾਂਕਿ ਗਾਇਕੀ ਦਾ ਰੰਗ ਸੰਗੀਤ ਤੋਂ ਬਿਨ੍ਹਾਂ ਫਿੱਕਾ ਹੀ ਹੁੰਦਾ ਹੈ। ਪੰਜਾਬੀ ਸੰਗੀਤ ਨੇ ਪੰਜਾਬੀ ਗਾਇਕੀ ਨੂੰ ਪ੍ਰਸਿੱਧ ਕੀਤਾ, ਜਿਸ ਨਾਲ ਪੰਜਾਬੀ ਸੰਗੀਤਕ ਉਦਯੋਗ ਹੋਰ ਵੀ ਮਜ਼ਬੂਤ ਹੋਇਆ- ਤਕਨੀਕੀ ਤੌਰ 'ਤੇ ਵੀ ਅਤੇ ਆਰਥਕ ਤੌਰ 'ਤੇ ਵੀ।

ਜਦੋਂ ਸਮੇਂ ਦੀ ਨਜ਼ਾਕਤ ਅਨੁਸਾਰ ਪੰਜਾਬੀ ਗਾਇਕੀ ਵਿੱਚ ਆਰਥਕ ਸੁਧਾਰ ਨਜ਼ਰ ਆਉਣ ਲੱਗੇ ਤਾਂ ਗਾਇਕੀ ਦਾ ਪੇਸ਼ਾ ਵੀ ਆਪਣੇ ਪੈਰ ਪਸਾਰਨ ਲੱਗਿਆ। ਹੁਣ ਗਾਇਕ ਆਪਣੇ ਅਖਾੜੇ ਸਜਾਉਣ ਲਈ ਮੇਲਿਆਂ ਦੀ ਭਾਲ ਕਰਨ ਲੱਗੇ। ਮਸ਼ਹੂਰੀ ਵਿਸ਼ਵ ਪੱਧਰ 'ਤੇ ਹੋਣ ਨਾਲ ਅਖਾੜੇ ਵੀ ਵਿਦੇਸ਼ਾਂ 'ਚ ਲੱਗਣ ਲੱਗ ਗਏ ਅਤੇ ਆਰਥਕ ਵਿਕਾਸ ਆਪਣੇ ਸਿਖਰ ਵੱਲ ਜਾਣ ਲੱਗਾ। ਪੰਜਾਬੀ ਗਾਇਕੀ ਦੀ ਲੋੜ ਵਿਸ਼ਵ ਪੱਧਰ 'ਤੇ ਹੋਰ ਵੀ ਵਧਾ ਦਿੱਤੀ ਪੰਜਾਬ ਤੋਂ ਪਰਵਾਸ ਕਰਕੇ ਗਏ ਵਸਨੀਕਾਂ ਨੇ। ਅੱਜ ਪੰਜਾਬੀ ਗਾਇਕੀ ਕੇਵਲ ਪੰਜਾਬੀ ਲੋਕ ਹੀ ਨਹੀਂ, ਸਗੋਂ ਦੂਜੇ ਦੇਸ਼ਾਂ ਦੇ ਵਾਸੀ ਵੀ ਆਨੰਦ ਲੈਣ ਵਿੱਚ ਮੋਹਰੀ ਹਨ। ਅੰਤਰਰਾਸ਼ਟਰੀ ਪੱਧਰ ਦੀਆਂ ਵੱਖ-ਵੱਖ ਦਰਜਾਬੰਦੀ ਏਜੰਸੀਆਂ ਦੇ ਸਿਖਰ 'ਤੇ ਪੰਜਾਬੀ ਗਾਇਕਾਂ ਦੇ ਨਾਂਅ ਵੇਖੇ ਜਾ ਸਕਦੇ ਹਨ।

ਵਲਾਦੀਮੀਰ ਲੈਨਿਨ ਅਨੁਸਾਰ ਕਿਸੇ ਖੇਤਰ ਦੀ ਸਮਾਜਿਕ ਸਥਿਤੀ ਉੱਥੋਂ ਦੇ ਗੀਤ ਸੁਣ ਕੇ ਬਿਆਨ ਕੀਤੀ ਜਾ ਸਕਦੀ ਹੈ। ਇਸ ਤਰਕ ਦੇ ਆਧਾਰ 'ਤੇ ਪੰਜਾਬੀ ਗਾਇਕੀ ਵੀ ਮੌਜੂਦਾ ਸਮਾਜਿਕ ਸਥਿਤੀ ਬਿਆਨ ਕਰ ਰਹੀ ਹੈ ਅਤੇ ਨਾਲ ਹੀ ਵੱਡੇ ਪੱਧਰ 'ਤੇ ਸਰੋਤਿਆਂ ਨੂੰ ਪ੍ਰਭਾਵਤ ਵੀ ਕਰਦੀ ਹੈ। ਜੇਕਰ ਅੱਜ ਪੰਜਾਬ ਵਿੱਚ ਨਸ਼ਿਆਂ ਨੇ ਪੈਰ ਪਸਾਰੇ ਹਨ ਤਾਂ ਇਸ ਦਾ ਇੱਕ ਮੁਢਲਾ ਕਾਰਨ ਗੀਤਾਂ ਵਿੱਚ ਅਫੀਮ ਵਰਗੇ ਨਸ਼ਿਆਂ ਦੀ ਵਰਤੋਂ ਦੇ ਪ੍ਰਚਾਰ ਨੂੰ ਮੰਨਿਆ ਜਾ ਸਕਦਾ ਹੈ, ਜਿਸ ਨੇ ਬਾਅਦ ਵਿੱਚ ਘਾਤਕ ਰੂਪ ਧਾਰਦੇ ਹੋਏ ਅਨੇਕਾਂ ਹੀ ਨੌਜਵਾਨਾਂ ਨੂੰ ਇਸ ਤਰ੍ਹਾਂ ਪ੍ਰਭਾਵਤ ਕੀਤਾ ਕਿ ਕਿਤੇ ਉਹ ਇਸ ਸ਼ਾਹੀ ਨਸ਼ੇ ਦੀ ਵਰਤੋਂ ਕਰਨ ਤੋਂ ਵਾਂਝੇ ਨਾ ਰਹਿ ਜਾਣ। ਇਸੇ ਤਰ੍ਹਾਂ ਹੀ ਗੀਤਾਂ ਰਾਹੀਂ ਹਥਿਆਰਾਂ ਦੀ ਹੋਈ ਲੋੜੋਂ ਵੱਧ ਮਸ਼ਹੂਰੀ ਦਾ ਨਤੀਜਾ ਅੱਜ ਪੰਜਾਬ ਵਿੱਚ ਗੈਂਗਸਟਰਵਾਦ ਦਾ ਫੈਲਾਅ ਹੈ, ਜੋ ਕਿ ਹੁਣ ਇੱਕ ਦਮ ਕਾਬੂ ਵਿੱਚ ਨਹੀਂ ਆ ਰਿਹਾ।

ਬਿਨਾਂ ਸਰੋਤਾਂ ਤੋਂ ਸ਼ੁਰੂ ਹੋ ਕੇ ਵੱਖ-ਵੱਖ ਸੰਦਾਂ ਦੀ ਵਰਤੋਂ ਕਰਦੇ ਹੋਏ ਅੱਜ ਪੰਜਾਬੀ ਗਾਇਕੀ ਦੀ ਕੀਮਤ ਬਹੁਤ ਜ਼ਿਆਦਾ ਹੋ ਗਈ ਹੈ, ਭਾਵੇਂ ਕਿ ਵੱਡੇ ਪੱਧਰ 'ਤੇ ਗੀਤਕਾਰੀ ਦਾ ਮਿਆਰ ਓਨਾ ਉੱਚਾ ਨਹੀਂ ਰਿਹਾ, ਪਰ ਕਿਤੇ ਨਾ ਕਿਤੇ ਆਉਣ ਵਾਲੇ ਸਮੇਂ ਵਿੱਚ ਇਸ ਦੌਰ ਨੂੰ ਪੰਜਾਬੀ ਗਾਇਕੀ ਦਾ ਸਿਖਰਲਾ ਦੌਰ ਹੀ ਲਿਖਿਆ ਜਾਵੇਗਾ। ਅੱਜ ਪੰਜਾਬੀ ਗਾਇਕੀ ਨੇ ਵਿਸ਼ਵ ਭਰ ਵਿੱਚ ਵਸਦੇ ਪੰਜਾਬੀਆਂ ਦੀ ਅਰਥ ਵਿਵਸਥਾ ਵਿੱਚ ਵੱਡਾ ਯੋਗਦਾਨ ਪਾਇਆ ਹੈ ਤੇ ਅਲਾਮਤ ਆਉਣ 'ਤੇ ਹਰ ਸੰਭਵ ਮਦਦ ਦਾ ਯਤਨ ਵੀ ਕੀਤਾ। ਅੱਜ ਜਦੋਂ ਪੰਜਾਬੀ ਭਾਸ਼ਾ ਦੀ ਵਰਤੋਂ ਅਤੇ ਹੋਂਦ 'ਤੇ ਬੇਸ਼ੱਕ ਅਨੇਕਾਂ ਖਤਰੇ ਮੰਡਰਾ ਰਹੇ ਹਨ, ਪਰ ਪੰਜਾਬੀ ਗਾਇਕੀ ਇੱਕ ਅਜਿਹਾ ਪਹਿਲੂ ਹੈ, ਜੋ ਕਿ ਸੱਭਿਆਚਾਰ ਜਾਂ ਵਿਰਸੇ ਜਾਂ ਲੋਕ ਰੰਗ ਨੂੰ ਨਾ ਸਹੀ, ਪਰ ਪੰਜਾਬੀ ਭਾਸ਼ਾ ਅਤੇ ਪੰਜਾਬੀ ਧੁਨਾਂ ਨੂੰ ਪੂਰੇ ਵਿਸ਼ਵ ਵਿੱਚ ਬਾਖੂਬੀ ਪੇਸ਼ ਕਰ ਰਹੀ ਹੈ। ਮਾਣ ਉਦੋਂ ਮਹਿਸੂਸ ਕੀਤਾ ਜਾ ਸਕਦਾ ਹੈ , ਜਦੋਂ ਕੋਈ ਗੈਰ ਪੰਜਾਬੀ ਬੋਲੀ ਬੋਲਣ ਵਾਲਾ ਵੀ ਪੰਜਾਬੀ ਗੀਤ ਗੁਣਗੁਣਾਉਂਦਾ ਨਜ਼ਰ ਆਉਂਦਾ ਹੈ।

# ਸੰਪਰਕ : 98889-21290

# ਯੂ ਜੀ ਸੀ ਐਕਟ-2026 ਬਨਾਮ ਸੁਪਰੀਮ ਕੋਰਟ


ਸੰਦੀਪ ਕੁਮਾਰ

ਭਾਰਤ ਵਿੱਚ ਉੱਚ ਸਿੱਖਿਆ ਪ੍ਰਣਾਲੀ ਵਿੱਚ ਵਿਤਕਰੇ ਨੂੰ ਰੋਕਣ ਅਤੇ ਸਮਾਨਤਾ ਨੂੰ ਯਕੀਨੀ ਬਣਾਉਣ ਲਈ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂ ਜੀ ਸੀ) ਨੇ 13 ਜਨਵਰੀ ਨੂੰ ਨਵੇਂ ਨਿਯਮਾਂ ਨੂੰ ਨੋਟੀਫਾਈ ਕੀਤਾ ਸੀ । ਇਹ ਨਿਯਮ ਯੂ ਜੀ ਸੀ (ਉੱਚ ਸਿੱਖਿਆ ਸੰਸਥਾਵਾਂ ਵਿੱਚ ਸਮਾਨਤਾ ਨੂੰ ਉਤਸ਼ਾਹਤ ਕਰਨ ਵਾਲੇ ਨਿਯਮ) ਰੈਗੂਲੇਸ਼ਨਜ਼ 2026 ਵਜੋਂ ਜਾਣੇ ਜਾਂਦੇ ਹਨ ।

ਭਾਜਪਾ ਸਰਕਾਰ ਵੱਲੋਂ ਲਾਗੂ ਕੀਤੇ ਗਏ ਇਸ ਐਕਟ ਦਾ ਮੁੱਖ ਉਦੇਸ਼ ਅਨੁਸੂਚਿਤ ਜਾਤੀਆਂ (ਐੱਸ ਸੀ), ਅਨੁਸੂਚਿਤ ਜਨਜਾਤੀਆਂ (ਐਸ ਟੀ) ਅਤੇ ਹੋਰ ਪੱਛੜੀਆਂ ਜਮਾਤਾਂ (ਓ ਬੀ ਸੀ) ਨਾਲ ਸੰਬੰਧਤ ਵਿਦਿਆਰਥੀਆਂ ਨੂੰ ਵਿਤਕਰੇ ਤੋਂ ਬਚਾਉਣਾ ਸੀ, ਪਰ 28 ਜਨਵਰੀ ਨੂੰ ਸੁਪਰੀਮ ਕੋਰਟ ਨੇ ਇਸ ਐਕਟ ਉੱਤੇ ਰੋਕ ਲਗਾ ਦਿੱਤੀ । ਅਦਾਲਤ ਨੇ ਇਸ ਨੂੰ ਬਹੁਤ ਵਿਆਪਕ ਅਤੇ ਅਸਪੱਸ਼ਟ ਮੰਨਦੇ ਹੋਏ ਕਿਹਾ ਕਿ ਇਹ ਨਿਯਮ ਦੁਰਵਰਤੋਂ ਲਈ ਸੰਭਾਵੀ ਹਨ ਅਤੇ ਆਮ ਵਰਗ ਨੂੰ ਸੁਰੱਖਿਆ ਨਹੀਂ ਪ੍ਰਦਾਨ ਕਰਦੇ । ਇਸ ਫੈਸਲੇ ਨੇ ਦੇਸ਼ ਭਰ ਵਿੱਚ ਚਰਚਾ ਛੇੜ ਦਿੱਤੀ ਹੈ। ਇੱਕ ਪਾਸੇ ਇਸ ਐਕਟ ਦੀ ਨੀਅਤ ਨੂੰ ਸਲਾਹੁੰਦੇ ਹੋਏ ਇਸ ਨੂੰ ਸਮਾਜ ਵਿੱਚ ਸਮਾਨਤਾ ਲਿਆਉਣ ਵਾਲਾ ਮੰਨਿਆ ਜਾ ਰਿਹਾ ਹੈ, ਜਦਕਿ ਦੂਜੇ ਪਾਸੇ ਇਸ ਦੀ ਦੁਰਵਰਤੋਂ ਦੇ ਖਦਸ਼ੇ ਕਾਰਨ ਵਿਰੋਧ ਨੂੰ ਵਾਜਬ ਠਹਿਰਾਇਆ ਜਾ ਰਿਹਾ ਹੈ।

ਯੂ ਜੀ ਸੀ ਐਕਟ 2026 ਦੀ ਨੀਅਤ ਬੇਹੱਦ ਚੰਗੀ ਹੈ। ਭਾਰਤ ਵਿੱਚ ਉੱਚ ਸਿੱਖਿਆ ਸੰਸਥਾਵਾਂ ਵਿੱਚ ਵਿਤਕਰਾ ਇੱਕ ਗੰਭੀਰ ਮਸਲਾ ਰਿਹਾ ਹੈ। ਅਨੁਸੂਚਿਤ ਜਾਤੀਆਂ, ਜਨਜਾਤੀਆਂ ਅਤੇ ਪੱਛੜੀਆਂ ਜਮਾਤਾਂ ਨਾਲ ਸੰਬੰਧਤ ਵਿਦਿਆਰਥੀ ਅਕਸਰ ਜਾਤੀਵਾਦੀ ਵਿਤਕਰੇ ਦਾ ਸ਼ਿਕਾਰ ਹੁੰਦੇ ਹਨ । ਇਹ ਵਿਤਕਰਾ ਨਾ ਸਿਰਫ਼ ਉਨ੍ਹਾਂ ਦੀ ਸਿੱਖਿਆ ਨੂੰ ਪ੍ਰਭਾਵਤ ਕਰਦਾ ਹੈ, ਬਲਕਿ ਉਨ੍ਹਾਂ ਦੇ ਮਾਨਸਿਕ ਸਿਹਤ ਅਤੇ ਸਮਾਜਿਕ ਵਿਕਾਸ ਨੂੰ ਵੀ ਨੁਕਸਾਨ ਪਹੁੰਚਾਉਂਦਾ ਹੈ। ਰਾਸ਼ਟਰੀ ਵਿਦਿਅਕ ਨੀਤੀ 2020 ਦੇ ਅਧਾਰ 'ਤੇ ਬਣਾਏ ਗਏ ਇਸ ਐਕਟ ਵਿੱਚ ਕਈ ਮਹੱਤਵਪੂਰਨ ਪ੍ਰਬੰਧ ਕੀਤੇ ਗਏ ਹਨ। ਮਿਸਾਲ ਵਜੋਂ ਹਰ ਉੱਚ ਸਿੱਖਿਆ ਸੰਸਥਾ ਨੂੰ ਵਿਤਕਰੇ ਵਿਰੋਧੀ ਸੈੱਲ ਬਣਾਉਣਾ ਲਾਜ਼ਮੀ ਹੈ, ਜੋ ਵਿਦਿਆਰਥੀਆਂ ਦੀਆਂ ਸ਼ਿਕਾਇਤਾਂ ਨੂੰ ਸੁਣੇਗਾ ਅਤੇ ਨਿਆਂ ਪ੍ਰਦਾਨ ਕਰੇਗਾ। ਇਸ ਤੋਂ ਇਲਾਵਾ ਓਮਬਡਸਪਰਸਨ ਨੂੰ ਨਿਯੁਕਤ ਕਰਨਾ ਭਾਵ ਇੱਕ ਅਧਿਕਾਰੀ ਨੂੰ ਨਿਯੁਕਤ ਕਰਨਾ ਅਤੇ ਵਿਤਕਰੇ ਨੂੰ ਰੋਕਣ ਲਈ ਜਾਗਰੂਕਤਾ ਪ੍ਰੋਗਰਾਮ ਚਲਾਉਣੇ ਵੀ ਜ਼ਰੂਰੀ ਹਨ। ਇਹ ਨਿਯਮ ਵਿਦਿਆਰਥੀਆਂ ਨੂੰ ਪ੍ਰਵੇਸ਼, ਮੁਲਾਂਕਣ, ਹੋਸਟਲ ਅਲਾਟਮੈਂਟ ਅਤੇ ਸਕਾਲਰਸ਼ਿਪ ਵਿੱਚ ਵਿਤਕਰੇ ਤੋਂ ਬਚਾਉਣ ਲਈ ਤਿਆਰ ਕੀਤੇ ਗਏ ਹਨ । ਇਸ ਐਕਟ ਨਾਲ ਉਮੀਦ ਕੀਤੀ ਜਾਂਦੀ ਹੈ ਕਿ ਪਛੜੇ ਵਰਗਾਂ ਨੂੰ ਸਿੱਖਿਆ ਵਿੱਚ ਵਧੇਰੇ ਮੌਕੇ ਮਿਲਣਗੇ ਅਤੇ ਸਮਾਜ ਵਿੱਚ ਸਮਾਨਤਾ ਵਧੇਗੀ। ਭਾਜਪਾ ਸਰਕਾਰ ਨੇ ਇਸ ਨੂੰ ਲਾਗੂ ਕਰਕੇ ਆਪਣੀ ਵਚਨਬੱਧਤਾ ਨੂੰ ਦਰਸਾਇਆ ਹੈ ਕਿ ਉਹ ਵਿਕਾਸਸ਼ੀਲ ਭਾਰਤ ਵਿੱਚ ਸਭ ਨੂੰ ਬਰਾਬਰ ਮੌਕੇ ਪ੍ਰਦਾਨ ਕਰਨਾ ਚਾਹੁੰਦੀ ਹੈ।

ਹਾਲਾਂਕਿ, ਇਸ ਐਕਟ ਦੀ ਨੀਅਤ ਚੰਗੀ ਹੋਣ ਨਾਲ ਵੀ ਇਸ ਵਿੱਚ ਕਈ ਕਮੀਆਂ ਹਨ, ਜੋ ਇਸ ਨੂੰ ਵਿਵਾਦਪਸੰਦ ਬਣਾਉਂਦੀਆਂ ਹਨ। ਸਭ ਤੋਂ ਵੱਡੀ ਕਮੀ ਇਹ ਹੈ ਕਿ ਇਸ ਵਿੱਚ ਗਲਤ ਜਾਂ ਜਾਲ੍ਹੀ ਸ਼ਿਕਾਇਤਾਂ ਵਿਰੁੱਧ ਕੋਈ ਪ੍ਰਬੰਧ ਨਹੀਂ ਹੈ। ਐਕਟ ਵਿੱਚ ਵਿਤਕਰੇ ਨੂੰ ਪਰਿਭਾਸ਼ਿਤ ਕਰਨ ਵਾਲੇ ਨਿਯਮ ਬਹੁਤ ਅਸਪੱਸ਼ਟ ਹਨ ਅਤੇ ਇਹ ਸਿਰਫ਼ ਐੱਸ ਸੀ, ਐੱਸ ਟੀ ਅਤੇ ਓ ਬੀ ਸੀ ਨੂੰ ਹੀ ਸੁਰੱਖਿਆ ਪ੍ਰਦਾਨ ਕਰਦੇ ਹਨ, ਜਦਕਿ ਆਮ ਵਰਗ ਨੂੰ ਅਣਗੌਲਿਆ ਕੀਤਾ ਗਿਆ ਹੈ। ਅੱਜ ਦੇ ਸਮੇਂ ਵਿੱਚ ਸਮਾਜ ਵਿੱਚ ਆਮ ਵਰਗ ਵੀ ਪੀੜਤ ਹੈ, ਆਮ ਵਰਗ ਨਾਲ ਵੀ ਵਿਤਕਰਾ, ਭੇਦਭਾਵ ਅਤੇ ਸ਼ੋਸ਼ਣ ਹੋ ਰਿਹਾ ਹੈ।

ਸੁਪਰੀਮ ਕੋਰਟ ਨੇ ਆਪਣੇ ਫੈਸਲੇ ਵਿੱਚ ਕਿਹਾ ਕਿ ਇਹ ਨਿਯਮ ਬਹੁਤ ਵਿਆਪਕ ਹਨ ਅਤੇ ਦੁਰਵਰਤੋਂ ਲਈ ਆਸਾਨੀ ਨਾਲ ਵਰਤੇ ਜਾ ਸਕਦੇ ਹਨ। ਇਹ ਐਕਟ ਐੱਸ ਸੀ/ਐਸ ਟੀ (ਅੱਤਿਆਚਾਰ ਰੋਕਥਾਮ) ਐਕਟ 1989 ਦੀ ਤਰਜ਼ 'ਤੇ ਬਣਾਇਆ ਗਿਆ ਹੈ, ਜਿਸ ਵਿੱਚ ਵੀ ਜਾਲ੍ਹੀ ਸ਼ਿਕਾਇਤਾਂ ਵਿਰੁੱਧ ਕੋਈ ਸਖ਼ਤ ਕਾਰਵਾਈ ਦਾ ਪ੍ਰਬੰਧ ਨਹੀਂ ।ਰਾਸ਼ਟਰੀ ਅਪਰਾਧ ਰਿਕਾਰਡ ਬਿਊਰੋ (ਐਨ ਸੀ ਆਰ ਬੀ) ਦੇ ਅੰਕੜੇ ਦੱਸਦੇ ਹਨ ਕਿ ਐੱਸ ਸੀ/ਐਸ ਟੀ ਐਕਟ ਅਧੀਨ ਦਰਜ ਹੋਣ ਵਾਲੀਆਂ ਜ਼ਿਆਦਾਤਰ ਸ਼ਿਕਾਇਤਾਂ ਗਲਤ ਜਾਂ ਰਾਜਨੀਤੀ ਤੋਂ ਪ੍ਰੇਰਿਤ ਹੁੰਦੀਆਂ ਹਨ। ਇਸ ਨਾਲ ਨਿਰਦੋਸ਼ ਲੋਕਾਂ ਨੂੰ ਨੁਕਸਾਨ ਪਹੁੰਚਦਾ ਹੈ ਅਤੇ ਸਮਾਜ ਵਿੱਚ ਵਿਭਾਜਨ ਵਧਦਾ ਹੈ।

ਇਸ ਤਰ੍ਹਾਂ ਦੀ ਦੁਰਵਰਤੋਂ ਦੀ ਇੱਕ ਮਿਸਾਲ ਵਿਸ਼ਨੂੰ ਤਿਵਾੜੀ ਦਾ ਕੇਸ ਹੈ। ਉੱਤਰ ਪ੍ਰਦੇਸ਼ ਦੇ ਲਲਿਤਪੁਰ ਜ਼ਿਲ੍ਹੇ ਵਿੱਚ ਰਹਿਣ ਵਾਲਾ ਵਿਸ਼ਨੂੰ ਤਿਵਾੜੀ ਸਾਲ 2000 ਵਿੱਚ 23 ਸਾਲਾਂ ਦੀ ਉਮਰ ਵਿੱਚ ਗ੍ਰਿਫ਼ਤਾਰ ਹੋਇਆ ਸੀ। ਉੱਤੇ ਇੱਕ ਔਰਤ ਨੇ ਬਲਾਤਕਾਰ, ਅਪਰਾਧਿਕ ਧਮਕੀ ਅਤੇ ਐੱਸ ਸੀ/ਐੱਸ ਟੀ ਐਕਟ ਅਧੀਨ ਅੱਤਿਆਚਾਰ ਦੇ ਆਰੋਪ ਲਗਾਏ ਸਨ। ਟ੍ਰਾਇਲ ਕੋਰਟ ਨੇ ਉਸ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਅਤੇ ਉਹ 20 ਸਾਲ ਆਗਰਾ ਸੈਂਟਰਲ ਜੇਲ੍ਹ ਵਿੱਚ ਰਿਹਾ । ਸਾਲ 2021 ਵਿੱਚ ਅਲਾਹਾਬਾਦ ਹਾਈ ਕੋਰਟ ਨੇ ਉਸ ਨੂੰ ਬਰੀ ਕਰ ਦਿੱਤਾ, ਜਦੋਂ ਪਤਾ ਚੱਲਿਆ ਕਿ ਦੋਸ਼ ਜਾਲ੍ਹੀ ਸਨ ਅਤੇ ਮੈਡੀਕਲ ਸਬੂਤਾਂ ਵਿੱਚ ਵੀ ਵਿਵਾਦ ਸੀ। ਜਦੋਂ ਉਹ 43 ਸਾਲਾਂ ਦੀ ਉਮਰ ਵਿੱਚ ਜੇਲ੍ਹ ਤੋਂ ਬਾਹਰ ਆਇਆ ਤਾਂ ਉਸ ਨੂੰ ਪਤਾ ਚੱਲਿਆ ਕਿ ਉਸ ਦੇ ਪਰਵਾਰ ਦੇ ਸਾਰੇ ਮੈਂਬਰ, ਪਿਤਾ ਅਤੇ ਦੋ ਭਰਾ ਮਰ ਚੁੱਕੇ ਸਨ। ਉਸ ਨੇ ਆਪਣੀ ਜਵਾਨੀ ਜੇਲ੍ਹ ਵਿੱਚ ਗਵਾ ਦਿੱਤੀ ਅਤੇ ਉਸ ਨੂੰ ਕੋਈ ਮੁਆਵਜ਼ਾ ਵੀ ਨਹੀਂ ਮਿਲਿਆ । ਨੈਸ਼ਨਲ ਹਿਊਮਨ ਰਾਈਟਸ ਕਮਿਸ਼ਨ ਨੇ ਉਸ ਦੇ ਪੁਨਰਵਾਸ ਲਈ ਯੂ ਪੀ ਸਰਕਾਰ ਤੋਂ ਜਵਾਬ ਮੰਗਿਆ ਸੀ, ਪਰ ਮੌਜੂਦਾ ਸਮੇਂ ਵਿੱਚ ਕਿਸੇ ਵੀ ਤਰ੍ਹਾਂ ਉਸ ਦੇ ਨੁਕਸਾਨ ਦੀ ਪੂਰਤੀ ਕਰਨਾ ਅਸੰਭਵ ਹੈ। ਇਹ ਕੇਸ ਐੱਸ ਸੀ/ਐੱਸ ਟੀ ਐਕਟ ਦੀ ਦੁਰਵਰਤੋਂ ਨੂੰ ਉਜਾਗਰ ਕਰਦਾ ਹੈ, ਜਿੱਥੇ ਇੱਕ ਨਿਰਦੋਸ਼ ਵਿਅਕਤੀ ਨੂੰ ਜਾਲ੍ਹੀ ਦੋਸ਼ਾਂ ਕਾਰਨ ਜ਼ਿੰਦਗੀ ਬਰਬਾਦ ਕਰਨੀ ਪਈ ਅਤੇ ਇਸ ਤਰ੍ਹਾਂ ਦੀਆਂ ਜਾਲ੍ਹੀ ਸ਼ਿਕਾਇਤਾਂ ਦੀਆਂ ਹਜ਼ਾਰਾਂ ਮਿਸਾਲਾਂ ਦੇਖਣ ਨੂੰ ਮਿਲ ਚੁੱਕੀਆਂ ਹਨ ।

ਯੂ ਜੀ ਸੀ ਐਕਟ 2026 ਵਿੱਚ ਵੀ ਇਹੀ ਕਮੀ ਹੈ, ਜੋ ਇਸ ਨੂੰ ਵਿਵਾਦਾ ਪ੍ਰਸੰਦ ਬਣਾਉਂਦੀ ਹੈ। ਦੇਸ਼ ਭਰ ਵਿੱਚ ਇਸ ਦਾ ਵਿਰੋਧ ਹੋ ਰਿਹਾ ਹੈ, ਕਿਉਂਕਿ ਆਮ ਵਰਗ ਦੇ ਲੋਕਾਂ ਨੂੰ ਡਰ ਹੈ ਕਿ ਇਹ ਐਕਟ ਵੀ ਐੱਸ ਸੀ/ਐੱਸ ਟੀ ਐਕਟ ਵਾਂਗ ਦੁਰਵਰਤੋਂ ਕਰਨ ਦਾ ਹਥਿਆਰ ਬਣ ਜਾਵੇਗਾ । ਵਿਰੋਧੀ ਕਹਿ ਰਹੇ ਹਨ ਕਿ ਇਹ ਨਿਯਮ ਆਮ ਵਰਗ ਨੂੰ ਅਣਗੌਲਿਆ ਕਰਦੇ ਹਨ ਅਤੇ ਵਿਤਕਰੇ ਨੂੰ ਵਧਾਉਣ ਵਾਲੇ ਹਨ । ਸੁਪਰੀਮ ਕੋਰਟ ਨੇ ਆਪਣੇ ਫੈਸਲੇ ਵਿੱਚ ਇਹੀ ਕਿਹਾ ਕਿ ਨਿਯਮ ਅਸਪੱਸ਼ਟ ਹਨ ਅਤੇ ਦੁਰਵਰਤੋਂ ਲਈ ਯੋਗ ਹਨ ।ਇਸ ਵਿਰੋਧ ਨੂੰ ਵਾਜਬ ਠਹਿਰਾਉਂਦੇ ਹੋਏ ਅਸੀਂ ਕਹਿ ਸਕਦੇ ਹਾਂ ਕਿ ਕਿਸੇ ਵੀ ਕਾਨੂੰਨ ਨੂੰ ਬਣਾਉਣ ਵੇਲੇ ਉਸ ਵਿੱਚ ਸੰਤੁਲਨ ਹੋਣਾ ਚਾਹੀਦਾ ਹੈ। ਪਛੜੇ ਵਰਗਾਂ ਨੂੰ ਸੁਰੱਖਿਆ ਦੇਣਾ ਚੰਗੀ ਗੱਲ ਹੈ, ਪਰ ਜੇ ਉਹੀ ਸੁਰੱਖਿਆ ਦੂਜੇ ਵਰਗਾਂ ਵਿਰੁੱਧ ਹਥਿਆਰ ਬਣ ਜਾਵੇ ਤਾਂ ਇਹ ਸਮਾਜ ਲਈ ਘਾਤਕ ਹੈ। ਅਜਿਹੇ ਨਿਯਮਾਂ ਵਿੱਚ ਜਾਲ੍ਹੀ ਸ਼ਿਕਾਇਤਾਂ ਵਿਰੁੱਧ ਸਖ਼ਤ ਕਾਰਵਾਈ ਦਾ ਪ੍ਰਬੰਧ ਹੋਣਾ ਚਾਹੀਦਾ ਹੈ, ਤਾਂ ਜੋ ਲੋਕ ਇਸ ਨੂੰ ਸਕਾਰਾਤਮਕ ਰੂਪ ਵਿੱਚ ਵਰਤਣ ਅਤੇ ਇੱਕ ਚੰਗੇ ਸਮਾਜ ਦੀ ਸਿਰਜਣਾ ਹੋ ਸਕੇ।

ਅੰਤ ਵਿੱਚ, ਯੂ ਜੀ ਸੀ ਐਕਟ 2026 ਦੀ ਨੀਅਤ ਨੂੰ ਸਲਾਹੁੰਦੇ ਹੋਏ ਵੀ ਇਸ ਨੂੰ ਸੋਧਣ ਦੀ ਲੋੜ ਹੈ। ਸੁਪਰੀਮ ਕੋਰਟ ਨੇ ਇਸ ਉੱਤੇ ਰੋਕ ਲਗਾ ਕੇ ਸਹੀ ਕੀਤਾ ਹੈ, ਕਿਉਂਕਿ ਬਿਨਾਂ ਸੰਤੁਲਨ ਵਾਲੇ ਕਾਨੂੰਨ ਨਾਲ ਸਮਾਜ ਵਿੱਚ ਵਿਭਾਜਨ ਵਧਦਾ ਹੈ। ਸਰਕਾਰ ਨੂੰ ਇਸ ਵਿੱਚ ਜਾਲ੍ਹੀ ਸ਼ਿਕਾਇਤਾਂ ਵਿਰੁੱਧ ਸਖਤ ਪ੍ਰਬੰਧ ਸ਼ਾਮਲ ਕਰਨੇ ਚਾਹੀਦੇ ਹਨ, ਤਾਂ ਜੋ ਇਹ ਐਕਟ ਸੱਚਮੁੱਚ ਸਮਾਨਤਾ ਲਿਆਉਣ ਵਿੱਚ ਸਫਲ ਹੋ ਸਕੇ। ਇਸ ਨਾਲ ਨਾ ਸਿਰਫ਼ ਪਛੜੇ ਵਰਗਾਂ ਨੂੰ ਫਾਇਦਾ ਹੋਵੇਗਾ, ਬਲਕਿ ਪੂਰੇ ਸਮਾਜ ਵਿੱਚ ਸਦਭਾਵਨਾ ਵਧੇਗੀ।

# ਸੰਪਰਕ : 70098-07121

# ਜੇਲ੍ਹੀਂ ਡੱਕੇ ਕਿਸਾਨਾਂ ਨੂੰ ਰਿਹਾਅ ਕਰਵਾਉਣ ਹਿੱਤ ਪੱਕੇ ਮੋਰਚੇ ਦੀ ਤਿਆਰੀ ਲਈ ਕਿਸਾਨਾਂ ਵੱਲੋਂ ਮੀਟਿੰਗਾਂ

**ਤਲਵੰਡੀ ਸਾਬੋ (ਜਗਦੀਪ ਗਿੱਲ)**- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਦੀ ਮੀਟਿੰਗ ਦਾਣਾ ਮੰਡੀ ਤਲਵੰਡੀ ਸਾਬੋ ਵਿਖੇ ਬਲਾਕ ਪ੍ਰਧਾਨ ਬਹੱਤਰ ਸਿੰਘ ਨੰਗਲਾ ਦੀ ਪ੍ਰਧਾਨਗੀ ਹੇਠ ਕੀਤੀ ਗਈ।ਇਸ ਸਮੇਂ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਕਿਸਾਨ ਆਗੂਆਂ ਨੇ ਕਿਹਾ ਕਿ ਸਰਨਦੀਪ ਸਿੰਘ ਜਿਉਂਦ ਤੇ ਬਲਦੇਵ ਸਿੰਘ ਚਾਉਕੇ ਜੋ ਕਿ 9 ਮਹੀਨਿਆਂ ਤੋਂ ਵੱਧ ਸਮੇਂ ਤੋਂ ਚਾਉਕੇ ਆਦਰਸ਼ ਸਕੂਲ ਦੇ ਸੰਘਰਸ਼ ਕਾਰਨ ਬਠਿੰਡਾ ਜੇਲ੍ਹ ਵਿੱਚ ਬੰਦ ਹਨ ਪਰ ਪ੍ਰਸ਼ਾਸਨ ਵੱਲੋਂ ਕਿਸਾਨਾਂ ਤੇ ਪਿੰਡ ਜਿਉਂਦ ਦੇ ਜ਼ਮੀਨੀ ਸੰਘਰਸ਼ ਦੇ ਝੂਠੇ ਕੇਸ ਪਾ ਕੇ ਜੇਲ੍ਹ ਵਿੱਚ ਬੰਦ ਕਰਕੇ ਰੱਖਿਆ ਹੋਇਆ ਹੈ ਜੋ ਸਰਾਸਰ ਝੂਠ ਹੈ।ਉਹਨਾਂ ਉਪਰ 307 ਤੇ ਹੋਰ ਸੰਗੀਨ ਧਾਰਾਵਾਂ ਲਾਈਆਂ ਗਈਆਂ ਹਨ ਪਰ ਮੈਡੀਕਲ ਰਿਪੋਰਟ ਅਨੁਸਾਰ ਉਹ ਧਰਾਵਾਂ ਨਹੀਂ ਬਣਦੀਆਂ ਜਿਸ ਦੇ ਬਾਵਜੂਦ ਕਿਸਾਨ ਆਗੂਆਂ ਨੂੰ ਨਾ ਤਾਂ ਜ਼ਮਾਨਤ ਦਿੱਤੀ ਜਾ ਰਹੀ ਹੈ, ਨਾ ਹੀ ਉਨ੍ਹਾਂ ਦਾ ਕੇਸ ਕੋਰਟ ਵਿੱਚ ਸੁਣਵਾਈ 'ਤੇ ਲਾਇਆ ਜਾ ਰਿਹਾ ਹੈ। ਬਠਿੰਡੇ ਜ਼ਿਲ੍ਹੇ ਦਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਇਹ ਜਾਣਬੁੱਝ ਕੇ ਜਥੇਬੰਦੀ ਦੇ ਆਗੂਆਂ ਨਾਲ ਦੁਰਵਿਹਾਰ ਕਰ ਰਹੀ ਹੈ। ਕਿਸਾਨ ਆਗੂਆਂ ਨੇ ਦੱਸਿਆ ਕਿ ਉਨ੍ਹਾਂ ਨੂੰ 5 ਅਪ੍ਰੈਲ ਤੋਂ ਬਠਿੰਡਾ ਜੇਲ੍ਹ ਬੰਦ ਕੀਤਾ ਹੋਇਆ ਹੈ। ਮੀਟਿੰਗ ਵਿੱਚ ਕਿਸਾਨ ਆਗੂਆਂ ਨੂੰ ਪੱਕੀ ਰਿਹਾਈ ਲਈ 6 ਫਰਵਰੀ ਨੂੰ ਬਠਿੰਡੇ ਵਿਖੇ ਸੂਬਾ ਪੱਧਰੀ ਪੱਕਾ ਮੋਰਚਾ ਲਾਇਆ ਜਾ ਰਿਹਾ ਹੈ, ਉਸ ਵਿੱਚ ਬਲਾਕ ਤਲਵੰਡੀ ਸਾਬੋ ਵੱਲੋਂ ਨੇਂ ਵਿਉਂਤਬੰਦੀ ਲਈ ਤਿਆਰੀ ਕੀਤੀ ਗਈ ਅਤੇ ਬਲਾਕ ਦੇ ਸਾਰਿਆਂ ਪਿੰਡਾਂ ਨੂੰ ਇਸ ਮੋਰਚੇ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ ਗਿਆ।ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਤੇ ਸੈਂਟਰ ਸਰਕਾਰ ਕਿਸਾਨਾਂ, ਮਜ਼ਦੂਰਾਂ, ਪੱਤਰਕਾਰਾਂ ਦੀ ਜ਼ੁਬਾਨਬੰਦੀ ਕਰਨ 'ਤੇ ਉਤਰੀ ਹੋਈ ਹੈ ਤੇ ਜ਼ਮੀਨਾਂ ਤੋਂ ਲੈ ਕੇ ਸਾਰੇ ਸਰਕਾਰੀ ਅਦਾਰਿਆਂ ਨੂੰ ਕਾਰਪੋਰੇਟ ਘਰਾਣਿਆਂ ਨੂੰ ਸੌਂਪਣ ਦਾ ਫੈਸਲਾ ਕਰੀ ਬੈਠੀ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਨੇ ਇਹ ਖੋਖਲਾ ਬਜਟ ਪੇਸ਼ ਕੀਤਾ ਹੈ ਜਿਸ ਵਿਚ ਕਿਰਤ ਕਰਨ ਵਾਲੇ ਲੋਕਾਂ ਵਾਸਤੇ ਕਿਸੇ ਪ੍ਰਕਾਰ ਦੀ ਕੋਈ ਰਿਆਇਤ ਨਹੀਂ ਦਿੱਤੀ ਗਈ ਅਤੇ ਨਾ ਹੀ ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ ਮਾਫੀ ਦੀ ਕੋਈ ਗੱਲ ਕੀਤੀ ਗਈ ਅਤੇ ਨਾ ਹੀ ਕੋਈ ਐਮ ਐਸ ਪੀ ਦੇ ਗਰੰਟੀ ਕਨੂੰਨ ਦਾ ਜ਼ਿਕਰ ਅਤੇ ਨਾ ਹੀ ਕੋਈ ਹੜ੍ਹ ਪੀੜਤਾਂ ਲਈ ਵਿਸ਼ੇਸ਼ ਪੈਕੇਜ ਦਾ ਜ਼ਿਕਰ ਕੀਤਾ ਗਿਆ। ਇਹ ਬਜਟ ਕਾਰਪੋਰੇਟ ਪੱਖੀ ਪੇਸ਼ ਕੀਤਾ ਗਿਆ। ਮੀਟਿੰਗ ਵਿੱਚ ਬਲਾਕ ਮੀਤ ਪ੍ਰਧਾਨ ਕੁਲਵਿੰਦਰ ਸਿੰਘ ਗਿਆਨਾ, ਬਲਾਕ ਜਨਰਲ ਸਕੱਤਰ ਕਾਲਾ ਚੱਠੇਵਾਲਾ, ਕਲੱਰਕ ਸਿੰਘ ਕਲਾਲਵਾਲਾ, ਰਣਜੋਧ ਸਿੰਘ ਮਾਹੀ ਨੰਗਲ ਸਮੇਤ ਪਿੰਡ ਕਮੇਟੀਆਂ ਦੇ ਪ੍ਰਧਾਨ, ਸਕੱਤਰ ਤੇ ਕਿਸਾਨ ਆਗੂ ਸ਼ਾਮਲ ਸਨ।



# ਮਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਵੱਲੋਂ ਧਰਨਾ

**ਬਰਨਾਲਾ (ਰਜਿੰਦਰ ਬਰਾੜ)**- ਮੰਗਲਵਾਰ ਨੂੰ ਵਣ ਵਿਭਾਗ ਬਰਨਾਲਾ ਦੇ ਦਫ਼ਤਰ ਅੱਗੇ ਮਜ਼ਦੂਰ ਜਥੇਬੰਦੀਆਂ ਵੱਲੋਂ ਰੋਸ ਧਰਨਾ ਦਿੱਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਮਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਕਾਮਰੇਡ ਖ਼ੁਸ਼ੀਆ ਸਿੰਘ,ਸਮਾਜ ਸੇਵੀ ਸੰਸਥਾ ਵੱਲੋਂ ਜੱਸੀ ਪੇਧਨੀ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਆਗੂ ਕਾਮਰੇਡ ਗੁਰਪ੍ਰੀਤ ਰੂੜੇਕੇ ਨੇ ਕਿਹਾ ਕਿ ਵਣ ਵਿਭਾਗ ਦੇ ਦਰੋਗਿਆਂ ਵੱਲੋਂ ਜੋ ਮਨਰੇਗਾ ਕੰਮ ਦੇ ਵਰਕ ਕੱਟ ਬਣਾਉਣੇ ਹੁੰਦੇ ਹਨ,ਉਸ ਵਰਕ ਕੱਟ ਦੇ ਹੀ ਮਨਰੇਗਾ ਮਜ਼ਦੂਰਾਂ ਨੂੰ ਕੰਮ ਮਿਲਣਾ ਚਾਹੀਦਾ ਹੈ ਪਰ ਦਰੋਗਿਆਂ ਵੱਲੋਂ ਉਲਟਾ ਕੀਤਾ ਜਾਂਦਾ ਹੈ ਕੁਝ ਹੀ ਮਜ਼ਦੂਰਾਂ ਨੂੰ ਵਾਰ ਵਾਰ ਕੰਮ ਦਿੱਤਾ ਜਾਂਦਾ ਹੈ।ਵੱਡੀ ਪੱਧਰ 'ਤੇ ਮਜ਼ਦੂਰਾਂ ਨੂੰ ਕੰਮ ਨਹੀਂ ਮਿਲ ਰਿਹਾ। ਆਗੂਆਂ ਨੇ ਇਹ ਵੀ ਕਿਹਾ ਕਿ ਜਿਥੇ ਕੇਂਦਰ ਸਰਕਾਰ ਵੱਲੋਂ ਮਨਰੇਗਾ ਦੇ ਕੰਮਾਂ ਵਿੱਚ ਕੱਟ ਲਗਾਏ ਗਏ ਹਨ ਉੱਥੇ ਹੀ ਵਣ ਵਿਭਾਗ ਦੇ ਅਧਿਕਾਰੀਆਂ ਵੱਲੋਂ ਮਜ਼ਦੂਰਾਂ ਨੂੰ ਕੰਮ ਨਹੀਂ ਦਿੱਤਾ ਜਾ ਰਿਹਾ। ਉਹਨਾਂ ਵਣ ਵਿਭਾਗ ਦੇ ਅਧਿਕਾਰੀਆਂ 'ਤੇ ਇਹ ਵੀ ਦੋਸ਼ ਲਾਇਆ ਕਿ ਮਹਿਲ ਕਲਾਂ ਦੇ ਪਿੰਡਾਂ ਵਿੱਚ ਮਨਰੇਗਾ ਮਜ਼ਦੂਰਾਂ ਦੀ ਹਾਜ਼ਰੀ ਲਗਾਉਣ ਤੋਂ ਬਾਅਦ ਦਰਜਨਾਂ ਮਜ਼ਦੂਰਾਂ ਤੋਂ ਮੁਲਾਜਮਾਂ ਦੀ ਮਿਲੀ ਭੁਗਤ ਨਾਲ ਵਣ ਵਿਭਾਗ ਦੇ ਰਿਹਾਇਸ਼ ਅਫ਼ਸਰਾਂ ਦੇ ਘਰ ਕੰਮ ਕਰਵਾਇਆ ਜਾਂਦਾ ਹੈ। ।ਇਸ ਸਬੰਧੀ ਰੇਂਜ ਅਫ਼ਸਰ ਬਰਨਾਲਾ ਨੇ ਭਰੋਸਾ ਦਿਵਾਇਆ ਕਿ ਪੜਤਾਲ ਕਰਨ ਉਪਰੰਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਜਗਰਾਜ ਰਾਮਾਂ, ਗੁਰਦੇਵ ਸਿੰਘ ਸਹਿਣਾ,ਭੂਰਾ ਸਿੰਘ,ਜੰਟਾ ਸਿੰਘ, ਰਾਣੀ ਕੌਰ ਪੱਖੋ, ਆਦਿ ਆਗੂ ਹਾਜ਼ਰ ਸਨ।



# ਗੰਧਲੇ ਹੋ ਰਹੇ ਪਾਣੀਆਂ ਵਿਰੁੱਧ ਭਲਕੇ ਹੋਵੇਗਾ ਇਕੱਠ : ਕਿਸਾਨ ਆਗੂ



**ਧੂਰੀ (ਮਹਿੰਦਰ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**- ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਬਲਾਕ ਧੂਰੀ ਅਤੇ ਬਲਾਕ ਸ਼ੇਰਪੁਰ ਦੀ ਇੱਕ ਅਹਿਮ ਮੀਟਿੰਗ ਸਥਾਨਕ ਅਨਾਜ ਮੰਡੀ ਵਿਖੇ ਭੁਪਿੰਦਰ ਸਿੰਘ (ਬਲਾਕ ਪ੍ਰਧਾਨ ਧੂਰੀ), ਪ੍ਰੀਤਮ ਸਿੰਘ (ਬਲਾਕ ਪ੍ਰਧਾਨ ਸ਼ੇਰਪੁਰ) ਅਤੇ ਰਛਪਾਲ ਸਿੰਘ ਦੌਲਾ (ਸੂਬਾ ਸਕੱਤਰ) ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਪੰਜਾਬ ਦੇ ਗੰਧਲੇ ਹੋ ਰਹੇ ਪਾਣੀਆਂ ਅਤੇ ਕਿਸਾਨੀ ਮੰਗਾਂ ਨੂੰ ਲੈ ਕੇ ਗੰਭੀਰ ਚਰਚਾ ਕੀਤੀ ਗਈ। ਕਿਸਾਨ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੇ ਪਾਣੀਆਂ ਵਿੱਚ ਯੂਰੇਨੀਅਮ, ਫਲੋਰਾਈਡ ਅਤੇ ਨਾਈਟਰੇਟਸ ਵਰਗੇ ਘਾਤਕ ਤੱਤ ਮਿਲ ਚੁੱਕੇ ਹਨ, ਜਿਸ ਕਾਰਨ ਪੰਜਾਬ ਕੈਂਸਰ ਵਰਗੀ ਭਿਆਨਕ ਬਿਮਾਰੀ ਦਾ ਗੜ੍ਹ ਬਣਦਾ ਜਾ ਰਿਹਾ ਹੈ। ਇਸ ਗੰਭੀਰ ਮੁੱਦੇ ਦੇ ਹੱਲ ਲਈ 6 ਫਰਵਰੀ ਨੂੰ ਅੰਮ੍ਰਿਤਸਰ ਵਿਖੇ ਵੱਡਾ ਇਕੱਠ ਕੀਤਾ ਜਾ ਰਿਹਾ ਹੈ। ਇਸ ਮੁਹਿੰਮ ਦੀ ਸ਼ੁਰੂਆਤ ਸ੍ਰੀ ਦਰਬਾਰ ਸਾਹਿਬ ਵਿਖੇ ਅਰਦਾਸ ਕਰਨ ਉਪਰੰਤ ਕੀਤੀ ਜਾਵੇਗੀ।ਇਸ ਮੌਕੇ ਬਲਵਿੰਦਰ ਸਿੰਘ ਜੱਖਲਾਂ, ਗੁਰਜੀਤ ਸਿੰਘ ਭੜੀ ਮਾਨਸਾ, ਗੁਰਦੇਵ ਸਿੰਘ ਬਟੂਹਾ ਅਤੇ ਸੁਖਪਾਲ ਸਿੰਘ ਕਾਂਝਲਾ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਹਾਜ਼ਰ ਸਨ।

# ਭੱਠਾ ਮਜ਼ਦੂਰਾਂ ਦੀ ਲੁੱਟ ਖ਼ਿਲਾਫ਼ ਕਿਸਾਨ ਮਜ਼ਦੂਰ ਐਸੋਸੀਏਸ਼ਨ ਵੱਲੋਂ ਪ੍ਰਦਰਸ਼ਨ 7 ਨੂੰ

**ਮਾਨਸਾ (ਆਤਮਾ ਸਿੰਘ ਪਮਾਰ)**- ਕਿਸਾਨ ਮਜ਼ਦੂਰ ਐਸੋਸੀਏਸ਼ਨ ਪੰਜਾਬ (ਰਜਿ. 14.0) ਦੀ ਮਜ਼ਦੂਰ ਵਿੰਗ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਨੂੰਰ ਖਾਂ ਬਾਜੇਵਾਲਾ ਦੀ ਅਗਵਾਈ ਹੇਠ ਮੁੱਖ ਦਫ਼ਤਰ ਕੋਟ ਧਰਮੂ ਵਿਖੇ ਹੋਈ। ਮੀਟਿੰਗ 'ਚ ਭੱਠਾ ਮਜ਼ਦੂਰਾਂ ਦੀ ਹੋ ਰਹੀ ਖੁੱਲ੍ਹੀ ਆਰਥਿਕ ਲੁੱਟ 'ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ।ਮੀਟਿੰਗ ਦੌਰਾਨ ਦੱਸਿਆ ਗਿਆ ਕਿ ਭਰਾਈ ਮਜ਼ਦੂਰਾਂ ਨੂੰ ਪ੍ਰਤੀ ਹਜ਼ਾਰ ਇੱਟਾਂ ਦੇ ਸਿਰਫ 190 ਤੋਂ 220 ਰੁਪਏ ਦਿੱਤੇ ਜਾ ਰਹੇ ਹਨ, ਜਦ ਕਿ ਸਰਕਾਰੀ ਰੇਟ 338 ਰੁਪਏ ਪ੍ਰਤੀ ਹਜ਼ਾਰ ਇੱਟ ਨਿਰਧਾਰਿਤ ਹੈ। ਇਸੇ ਤਰ੍ਹਾਂ ਪਥੇਰ ਮਜ਼ਦੂਰਾਂ ਦਾ ਸਰਕਾਰੀ ਦਿਹਾੜੀ ਰੇਟ ਤਕਰੀਬਨ 966 ਰੁਪਏ ਹੈ, ਪਰ ਉਨ੍ਹਾਂ ਨੂੰ ਕੇਵਲ 722 ਰੁਪਏ ਹੀ ਮਿਲ ਰਹੇ ਹਨ।ਜਥੇਬੰਦੀ ਵੱਲੋਂ ਭੱਠਿਆਂ 'ਤੇ ਮਜ਼ਦੂਰਾਂ ਲਈ ਪੀਣ ਵਾਲੇ ਸਾਫ਼ ਪਾਣੀ, ਸਾਫ਼-ਸੁਥਰੀ ਰਹਾਇਸ਼ ਅਤੇ ਹੋਰ ਬੁਨਿਆਦੀ ਸਹੂਲਤਾਂ ਦੀ ਘਾਟ ਨੂੰ ਵੀ ਗੰਭੀਰ ਮੁੱਦਾ ਕਰਾਰ ਦਿੱਤਾ ਗਿਆ। ਮੀਟਿੰਗ 'ਚ ਫੈਸਲਾ ਕੀਤਾ ਗਿਆ ਕਿ ਇਨ੍ਹਾਂ ਮੰਗਾਂ ਨੂੰ ਲੈ ਕੇ ਭੱਠਾ ਮਜ਼ਦੂਰਾਂ ਨੂੰ ਲਾਮਬੰਦ ਕਰਨ ਲਈ 7 ਫਰਵਰੀ ਨੂੰ ਮਾਨਸਾ ਦੀ ਅਨਾਜ ਮੰਡੀ ਵਿੱਚ ਮਜ਼ਦੂਰਾਂ ਦਾ ਵੱਡਾ ਇਕੱਠ ਕੀਤਾ ਜਾਵੇਗਾ। ਮੀਟਿੰਗ 'ਚ ਸੂਬਾ ਪ੍ਰਧਾਨ ਕੁਲਦੀਪ ਸਿੰਘ ਨੀਟੂ ਕੋਟ ਧਰਮੂ, ਕਰਨੈਲ ਸਿੰਘ ਮਾਨਸਾ, ਪ੍ਰਗਟ ਸਿੰਘ ਜੋਗਾ, ਸੱਤਪਾਲ ਅੱਕਾਂਵਾਲੀ, ਜੱਗਾ ਖਾਨ ਖਿਆਲਾ, ਸੱਤਪਾਲ ਉੱਡਤ, ਬੋਰੀ ਸਿੰਘ ਲਾਲਿਆਂਵਾਲੀ ਅਤੇ ਹਰਮਲ ਖਾਨ ਆਦਿ ਆਗੂ ਹਾਜ਼ਰ ਸਨ।



# ਭੋਗੀਵਾਲ ਸਕੂਲ ਵਿਖੇ ਸਿਹਤ ਤੇ ਸਫਾਈ ਵਿਸ਼ੇ 'ਤੇ ਲੈਕਚਰ

**ਮਾਲੇਰਕੋਟਲਾ (ਮਨਜੀਤ ਪਰਿਹਾਰ)**- ਪੀ.ਐੱਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੋਗੀਵਾਲ ਵਿਖੇ ਵਿਦਿਆਰਥੀਆਂ ਨੂੰ ਸਿਹਤ ਅਤੇ ਸਫਾਈ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਇੱਕ ਗੈਸਟ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪ੍ਰਸਿੱਧ ਡਾਕਟਰ ਅਤੇ ਵਕਤਾ ਡਾ.ਮੁਹੰਮਦ ਸਿੱਦੀਕ ਸਾਹਿਲ ਨੇ ਸਿਹਤ ਅਤੇ ਸਫਾਈ ਦੇ ਮਹੱਤਵਪੂਰਨ ਵਿਸ਼ੇ 'ਤੇ ਵਿਦਆਰਥੀਆਂ ਨੂੰ ਸੰਬੋਧਨ ਕੀਤਾ। ਡਾ.ਸਾਹਿਲ ਨੇ ਕਿਹਾ ਕਿ ਸਿਹਤਮੰਦ ਜੀਵਨ ਦੀ ਨੀਂਹ ਸਫਾਈ ਤੋਂ ਹੀ ਰੱਖੀ ਜਾਂਦੀ ਹੈ। ਉਨ੍ਹਾਂ ਨੇ ਨਿੱਜੀ ਸਫਾਈ, ਸਾਫ-ਸੁਥਰਾ ਵਾਤਾਵਰਣ, ਸੰਤੁਲਿਤ ਖੁਰਾਕ, ਨਿਯਮਿਤ ਕਸਰਤ ਅਤੇ ਸਮੇਂ-ਸਿਰ ਡਾਕਟਰੀ ਜਾਂਚ ਦੇ ਮਹੱਤਵ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਆਰਤੀ ਗੁਪਤਾ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਅਜਿਹੇ ਲੈਕਚਰ ਵਿਦਿਆਰਥੀਆਂ ਨੂੰ ਸਿਰਫ ਜਾਣਕਾਰੀ ਹੀ ਨਹੀਂ ਦਿੰਦੇ, ਸਗੋਂ ਉਨ੍ਹਾਂ ਨੂੰ ਸਿਹਤਮੰਦ ਅਤੇ ਜ਼ਿੰਮੇਵਾਰ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਨੇ ਡਾ.ਸਾਹਿਲ ਦਾ ਕੀਮਤੀ ਸਮਾਂ ਕੱਢਣ ਲਈ ਦਿਲੋਂ ਧੰਨਵਾਦ ਕੀਤਾ। ਮੰਚ ਸੰਚਾਲਨ ਮਾਸਟਰ ਮੁਹੰਮਦ ਖਲੀਲ ਵੱਲੋਂ ਬਹੁਤ ਹੀ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ ਗਿਆ। ਅੰਤ ਵਿੱਚ ਮਹਿਮਾਨ ਵਕਤਾ ਨੂੰ ਪ੍ਰਿੰਸੀਪਲ ਆਰਤੀ ਗੁਪਤਾ ਅਤੇ ਸਮੂਹ ਸਟਾਫ ਵਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਬਜੀਤ ਸਿੰਘ, ਜਰਨੈਲ ਸਿੰਘ, ਹਰਜੀਤ ਕੌਰ, ਜਸਵੀਰ ਕੌਰ ਅਤੇ ਬਲਵੀਰ ਕੌਰ ਹਾਜ਼ਰ ਸਨ।



# ਸਿਵਲ ਸਰਜਨ ਵੱਲੋਂ ਸਬ-ਡਵੀਜ਼ਨਲ ਹਸਪਤਾਲ ਦਾ ਅਚਨਚੇਤ ਦੌਰਾ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**- ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮਰੀਜ਼ਾਂ ਨੂੰ ਬਿਹਤਰੀਨ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਨੂੰ ਯਕੀਨੀ ਬਣਾਉਣ ਲਈ ਸਿਵਲ ਸਰਜਨ ਡਾ. ਅਮਰਜੀਤ ਕੌਰ ਵੱਲੋਂ ਅੱਜ ਸਬ-ਡਵੀਜ਼ਨਲ ਹਸਪਤਾਲ ਸੁਨਾਮ, ਊਧਮ ਸਿੰਘ ਵਾਲਾ ਦਾ ਅਚਨਚੇਤ ਦੌਰਾ ਕੀਤਾ ਗਿਆ। ਉਨ੍ਹਾਂ ਉੱਥੇ ਮਿਲ ਰਹੀਆਂ ਸਿਹਤ ਸਹੂਲਤਾਂ ਦਾ ਬਾਰੀਕੀ ਨਾਲ ਨਿਰੀਖਣ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਹਸਪਤਾਲ ਦੀ ਓ.ਪੀ.ਡੀ., ਆਪਰੇਸ਼ਨ ਥੀਏਟਰ, ਐਮਰਜੈਂਸੀ ਵਾਰਡ, ਜੱਚਾ-ਬੱਚਾ ਸਿਹਤ ਸੇਵਾਵਾਂ, ਲੈਬਾਰਟਰੀ ਅਤੇ ਆਈ.ਸੀ.ਟੀ.ਸੀ. ਸੈਂਟਰ ਸਮੇਤ ਵੱਖ-ਵੱਖ ਵਿਭਾਗਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਵਾਰਡਾਂ ਵਿੱਚ ਦਾਖ਼ਲ ਮਰੀਜ਼ਾਂ ਨਾਲ ਨਿੱਜੀ ਤੌਰ 'ਤੇ ਮੁਲਾਕਾਤ ਕੀਤੀ ਅਤੇ ਮਿਲ ਰਹੇ ਇਲਾਜ ਬਾਰੇ ਪ੍ਰਤੀਕਿਰਿਆ ਲਈ।ਨਿਰੀਖਣ ਦੌਰਾਨ ਸਿਵਲ ਸਰਜਨ ਨੇ ਹਸਪਤਾਲ ਪ੍ਰਬੰਧਕਾਂ ਨੂੰ ਸਾਫ਼-ਸਫ਼ਾਈ ਦੇ ਪੁਖ਼ਤਾ ਇੰਤਜ਼ਾਮ ਰੱਖਣ ਅਤੇ ਇਹ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਕਿ ਮਰੀਜ਼ਾਂ ਨੂੰ ਸਾਰੀਆਂ ਲੋੜੀਂਦੀਆਂ ਦਵਾਈਆਂ ਹਸਪਤਾਲ ਦੇ ਅੰਦਰੋਂ ਹੀ ਮੁਫ਼ਤ ਮੁਹੱਈਆ ਕਰਵਾਈਆਂ ਜਾਣ। ਉਨ੍ਹਾਂ ਨੇ ਮਾਤਰੀ ਮੌਤ ਦਰ ਨੂੰ ਘਟਾਉਣ ਅਤੇ ਸੁਰੱਖਿਅਤ ਜਣੇਪੇ ਲਈ ਸੰਸਥਾਗਤ ਜਣੇਪੇ (ਹਸਪਤਾਲ ਵਿੱਚ ਡਿਲੀਵਰੀ) ਦੀ ਦਰ ਵਧਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਇਸ ਮੌਕੇ ਉਨ੍ਹਾਂ ਦੇ ਨਾਲ ਸੀਨੀਅਰ ਮੈਡੀਕਲ ਅਫ਼ਸਰ ਡਾ. ਸ਼ਬਦਦੀਪ ਕੌਰ, ਡਾ. ਚਮਨਦੀਪ ਸਿੰਘ ਰੇਖੀ, ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਕਰਨੈਲ ਸਿੰਘ, ਸੀਨੀਅਰ ਫਾਰਮੇਸੀ ਅਫ਼ਸਰ ਲਾਲ ਚੰਦ ਸਿੰਗਲਾ ਸਮੇਤ ਹਸਪਤਾਲ ਦਾ ਸਮੂਹ ਸਟਾਫ਼ ਹਾਜ਼ਰ ਸਨ।



# ਪੰਜਾਬ ਪਬਲਿਕ ਸਕੂਲ ਨਾਭਾ ਵਿਖੇ ਆਈ ਐੱਸ ਸੀ ਬੈਚ ਲਈ ਪਾਸਿੰਗ ਆਊਟ ਸਮਾਰੋਹ

**ਨਾਭਾ (ਵਰਿੰਦਰ ਵਰਮਾ)**- ਪੰਜਾਬ ਪਬਲਿਕ ਸਕੂਲ, ਨਾਭਾ ਵਿਖੇ 2026 ਦੇ ਆਈ.ਐਸ.ਸੀ. ਬੈਚ ਲਈ ਪਾਸਿੰਗ ਆਊਟ ਸਮਾਰੋਹ ਬਹੁਤ ਸ਼ਾਨਦਾਰ ਢੰਗ ਨਾਲ ਆਯੋਜਿਤ ਕੀਤਾ ਗਿਆ । ਲੈਫਟੀਨੈਂਟ ਜਨਰਲ ਹਰਜੀਤ ਸਿੰਘ ਸਾਹੀ, ਪੀ.ਵੀ.ਐਸ.ਐਮ., ਯੂ.ਵਾਈ.ਐਸ.ਐਮ., ਏ.ਵੀ.ਐਸ.ਐਮ., ਵਾਈ.ਐਸ.ਐਮ., ਐਸ.ਐਮ. ਅਤੇ ਪੰਜਾਬ ਪਬਲਿਕ ਸਕੂਲ, ਨਾਭਾ ਦੇ ਹੀ ਸਾਬਕਾ ਵਿਦਿਆਰਥੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਦੇ ਇੱਕ ਪ੍ਰਭਾਵਸ਼ਾਲੀ ਅਕਾਦਮਿਕ ਮਾਰਚ ਨਾਲ ਹੋਈ, ਜੋ ਟੈਨਿਸ ਕੋਰਟ ਤੋਂ ਧਵਨੇ ਹਾਲ ਤੱਕ ਸ਼ਾਨੋ-ਸ਼ੌਕਤ ਨਾਲ ਪਹੁੰਚਿਆ । ਸਮਾਰੋਹ ਦੌਰਾਨ, ਵਿਦਿਆਰਥੀਆਂ ਦੇ ਪ੍ਰਸ਼ੰਸਾ ਪੱਤਰ ਪੜ੍ਹੇ ਗਏ, ਜਿਸ ਵਿੱਚ ਵਿਦਿਆਰਥੀਆਂ ਦੀਆਂ ਸ਼ਖ਼ਸੀਅਤਾਂ ਅਤੇ ਪ੍ਰਾਪਤੀਆਂ ਨੂੰ ਉਜਾਗਰ ਕੀਤਾ ਗਿਆ, ਉਨ੍ਹਾਂ ਦੇ ਪਿਛਲੇ ਸਾਲਾਂ ਦੌਰਾਨ ਦੇ ਅਕਾਦਮਿਕ, ਸਹਿ-ਪਾਠਕ੍ਰਮ ਅਤੇ ਨਿੱਜੀ ਮੀਲ ਪੱਥਰਾਂ ਨੂੰ ਯਾਦ ਕੀਤਾ ਗਿਆ। ਲੈਫਟੀਨੈਂਟ ਜਨਰਲ ਸਾਹੀ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸਮਰਪਣ ਅਤੇ ਪ੍ਰਾਪਤੀਆਂ ਲਈ ਪ੍ਰਸ਼ੰਸਾ ਦੇ ਚਿੰਨ੍ਹ ਭੇਟ ਕੀਤੇ । ਹੈਡਮਾਸਟਰ ਡਾ. ਡੀ ਸੀ ਸ਼ਰਮਾ ਨੇ ਲੈਫਟੀਨੈਂਟ ਜਨਰਲ ਸਾਹੀ ਨੂੰ ਸਨਮਾਨ ਚਿੰਨ੍ਹ ਨਾਲ ਸਨਮਾਨਿਤ ਕੀਤਾ। ਸਮਾਰੋਹ ਦੀ ਸਮਾਪਤੀ ਹੈਡਮਾਸਟਰ ਗ੍ਰੀਨ ਵਿਖੇ ਆਯੋਜਿਤ ਰਸਮੀ ਰਾਤ ਦੇ ਖਾਣੇ ਨਾਲ ਹੋਈ।



# ਗੁਰਦੁਆਰਾ ਰਵਿਦਾਸ ਜੀ ਲਈ ਕੈਪਟਨ ਰਾਮ ਸਿੰਘ ਵੱਲੋਂ 51 ਹਜ਼ਾਰ ਦੀ ਰਾਸ਼ੀ ਭੇਟ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ (ਨੇੜੇ ਪੁਰਾਣੀ ਸਬਜ਼ੀ ਮੰਡੀ) ਦੀ ਪ੍ਰਬੰਧਕ ਕਮੇਟੀ ਨੂੰ ਨਗਰ ਕੌਂਸਲ ਦੇ ਸਾਬਕਾ ਉਪ ਪ੍ਰਧਾਨ ਕੈਪਟਨ ਰਾਮ ਸਿੰਘ ਵੱਲੋਂ 51,000 ਦੀ ਰਾਸ਼ੀ ਭੇਟ ਕੀਤੀ ਗਈ। ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਕੈਪਟਨ ਰਾਮ ਸਿੰਘ ਵੱਲੋਂ ਹਰੇਕ ਸਾਲ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਪੁਰਬ ਸਬੰਧੀ ਇਹ ਰਾਸ਼ੀ ਦਿੱਤੀ ਜਾਂਦੀ ਹੈ। ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਇਸ ਵਾਰ ਵੀ ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਪ੍ਰਬੰਧਕ ਕਮੇਟੀ ਵੱਲੋਂ ਦਾਨੀ ਸੱਜਣ ਕੈਪਟਨ ਰਾਮ ਸਿੰਘ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੁਖਦੇਵ ਸਿੰਘ ਬਿੱਟੂ, ਸੁਖਦੀਪ ਸਿੰਘ ਸੋਨੀ, ਧਰਮਵੀਰ ਸਿੰਘ ਧੰਮੀ, ਪਲਵਿੰਦਰ ਸਿੰਘ ਗੋਲਡੀ, ਦਰਸ਼ਨ ਕੁਮਾਰ ਵੀ ਮੌਜੂਦ ਸਨ।



# ਮੈਕਰੋ ਗਲੋਬਲ ਜਗਰਾਉਂ ਬ੍ਰਾਂਚ ਨੇ ਲਗਵਾਇਆ 4 ਮਹੀਨਿਆਂ 'ਚ ਇਕ ਹੋਰ ਵਿਜ਼ਿਟਰ ਵੀਜ਼ਾ



**ਜਗਰਾਉਂ (ਸੰਜੀਵ ਅਰੋੜਾ)**- ਮੈਕਰੋ ਗਲੋਬਲ ਮੋਗਾ ਦੀ ਜਗਰਾਉਂ ਬ੍ਰਾਂਚ ਜੋ ਕਿ ਪਿਛਲੇ ਬਹੁਤ ਸਮੇਂ ਤੋਂ ਧੜਾਧੜ ਵੀਜ਼ੇ ਲਗਵਾ ਕੇ ਖਿੱਚ ਦਾ ਕੇਂਦਰ ਬਣੀ ਹੋਈ ਹੈ। ਸੰਸਥਾ ਦੇ ਐਮ. ਡੀ. ਗੁਰਮਿਲਾਪ ਸਿੰਘ ਡੱਲਾ ਨੇ ਪ੍ਰੈੱਸ ਨੂੰ ਦੱਸਿਆ ਕਿ ਸੰਸਥਾ ਦੇ ਤਜਰਬੇਕਾਰ ਅਤੇ ਮਿਹਨਤੀ ਸਟਾਫ਼ ਵੱਲੋਂ ਦਿੱਤੀਆਂ ਜਾ ਰਹੀਆਂ ਯੋਗ ਸੇਵਾਵਾਂ ਕਰਕੇ ਸੰਸਥਾ ਦੇ ਵਿਦਿਆਰਥੀ ਆਈਲੈਟਸ ਵਿੱਚ ਵਧੀਆ ਸਕੋਰ ਪ੍ਰਾਪਤ ਕਰ ਰਹੇ ਹਨ ਅਤੇ ਇੰਮੀਗ੍ਰੇਸ਼ਨ ਦੇ ਪਾਰਦਰਸ਼ੀ ਢੰਗ ਨਾਲ ਕੀਤੇ ਜਾ ਰਹੇ ਕੰਮ ਕਰਕੇ ਵੱਡੀ ਗਿਣਤੀ ਵਿੱਚ ਲਗਾਤਾਰ ਕੈਨੇਡਾ, ਆਸਟ੍ਰੇਲੀਆ ਜਾਣ ਵਾਲੇ ਚਾਹਵਾਨ ਲੋਕਾਂ ਦੇ ਵਿਜ਼ਿਟਰ ਵੀਜ਼ੇ ਲੱਗ ਰਹੇ ਹਨ, ਜਿਨ੍ਹਾਂ ਵਿੱਚੋਂ ਸੁਖਪ੍ਰੀਤ ਸਿੰਘ ਨਿਵਾਸੀ ਜਗਰਾਉਂ ਦਾ ਵਿਜ਼ਿਟਰ ਵੀਜ਼ਾ ਵੀ ਮੈਕਰੋ ਗਲੋਬਲ ਦੀ ਜਗਰਾਉਂ ਬ੍ਰਾਂਚ ਨੇ ਲਗਵਾ ਕੇ ਦਿੱਤਾ ਹੈ। ਇਸ ਮੌਕੇ ਗੁਰਮਿਲਾਪ ਸਿੰਘ ਡੱਲਾ ਨੇ ਸੁਖਪ੍ਰੀਤ ਸਿੰਘ ਤੇ ਉਸ ਦੇ ਪਰਵਾਰ ਨੂੰ ਵਧਾਈ ਦਿੱਤੀ।

# ਸਰਕਾਰਾਂ ਦੀਆਂ ਨੀਤੀਆਂ ਦਾ ਵਿਰੋਧ ਕਰਨ ਲਈ ਸੜਕਾਂ 'ਤੇ ਉਤਰਨਗੇ ਕਰਮਚਾਰੀ ਸੰਗਠਨ

**ਸਿਰਸਾ (ਸੁਰਿੰਦਰ ਪਾਲ ਸਿੰਘ)**- ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਅਤੇ ਸੈਂਟਰਲ ਟਰੇਡ ਯੂਨੀਅਨਾਂ ਵਲੋਂ 12 ਫਰਵਰੀ ਨੂੰ ਹੋਣ ਜਾ ਰਹੀ ਦੇਸ਼ ਵਿਆਪੀ ਹੜਤਾਲ ਦਾ ਉਦੇਸ਼ ਕੇਂਦਰ ਅਤੇ ਰਾਜ ਸਰਕਾਰਾਂ ਦੀਆਂ ਨੀਤੀਆਂ ਦੇ ਵਿਰੁੱਧ ਵਿਆਪਕ ਵਿਰੋਧ ਨੂੰ ਲਾਮਬੰਦ ਕਰਨਾ ਹੈ। ਇਹ ਕਹਿਣਾ ਹੈ ਸਰਵ ਕਰਮਚਾਰੀ ਸੰਘ ਦੇ ਆਗੂ ਕੁਲਦੀਪ ਸ਼ਰਮਾ ਅਤੇ ਮਹਿਲਾ ਆਗੂ ਸੀਤਾ ਦੇਵੀ ਦਾ। ਕਰਮਚਾਰੀਆਂ ਨੂੰ ਸੰਬੋਧਨ ਕਰਦੇ ਹੋਏ ਸਰਵ ਕਰਮਚਾਰੀ ਸੰਘ ਆਗੂ ਰਾਜੇਸ਼ ਭਾਕਰ ਨੇ ਕਿਹਾ ਕਿ 12 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਦਾ ਸੱਦਾ 10 ਕੇਂਦਰੀ ਟਰੇਡ ਯੂਨੀਅਨਾਂ ਅਤੇ ਕਰਮਚਾਰੀ ਸੰਗਠਨਾਂ ਅਤੇ ਰਾਜ ਫੈਡਰੇਸ਼ਨਾਂ ਦੁਆਰਾ ਦਿੱਤਾ ਗਿਆ ਹੈ ਜਿਸ ਵਿਚ 30 ਕਰੋੜ ਤੋਂ ਵੱਧ ਲੋਕ ਕੇਂਦਰ ਤੇ ਰਾਜ ਸਰਕਾਰਾਂ ਦੀਆਂ ਨੀਤੀਆਂ ਦਾ ਵਿਰੋਧ ਕਰਨ ਲਈ ਸੜਕਾਂ 'ਤੇ ਉਤਰਨਗੇ। ਉਨਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਨੇ ਵੀ ਇਸ ਦੇਸ਼ ਵਿਆਪੀ ਹੜਤਾਲ ਨੂੰ ਆਪਣਾ ਪੂਰਾ ਸਮਰਥਨ ਦਿੱਤਾ ਹੈ। ਸਰਵ ਕਰਮਚਾਰੀ ਸੰਘ ਦੇ ਉਪ ਪ੍ਰਧਾਨ ਸੁਮੇਰ ਸਿੰਘ, ਹਰੀਕਿਸ਼ਨ, ਵਿਜੈ, ਯੂਨੀਅਨ ਆਗੂ ਰਜਨੀ ਦੇਵੀ, ਪ੍ਰਧਾਨ ਸੰਤੋਸ਼ ਰਾਣੀ, ਪ੍ਰਧਾਨ ਰਾਜੂ,ਸੰਯੁਕਤ ਕਿਸਾਨ ਮੋਰਚਾ ਆਗੂ ਸੁਰਜੀਤ ਸਿੰਘ ਸਮੇਤ ਸਾਰੇ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਨੀਤੀਆਂ ਦਾ ਵੱਡੀ ਪੱਧਰ 'ਤੇ ਵਿਰੋਧ ਹੋ ਰਿਹਾ ਹੈ ।

# ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਜੱਥਾ ਰਵਾਨਾ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਨੇੜਲੇ ਪਿੰਡ ਬਖਸ਼ੀਵਾਲਾ ਤੋਂ ਗੁਰੂਧਾਮਾਂ ਲਈ ਜੱਥਾ ਰਵਾਨਾ ਹੋਇਆ।ਜੱਥੇ ਨੂੰ ਹਲਕਾ ਕੋਆਰਡੀਨੇਟਰ ਸੋਨੂੰ ਵਰਮਾ ਨੇ ਹਾਰ ਪਹਿਨਾ ਕੇ ਸ਼ੁਭ ਕਾਮਨਾਵਾਂ ਦਿੰਦੇ ਹੋਏ ਰਵਾਨਾ ਕੀਤਾ।ਸੋਨੂੰ ਵਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਨੇਕ ਉਪਰਾਲਾ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਲਗਾਤਾਰ ਜਾਰੀ ਹੈ। ਇਹ ਯਾਤਰਾ ਸੁਨਾਮ ਹਲਕੇ ਦੇ ਪਿੰਡ ਬਕਸ਼ੀਵਾਲ ਤੋਂ ਰਵਾਨਾ ਕੀਤੀ ਜਾ ਰਹੀ ਹੈ ਤੇ ਸਾਰੇ ਬਜ਼ੁਰਗਾਂ ਨੂੰ ਜੀ ਆਇਆਂ ਆਖਦਿਆਂ ਸਤਿਕਾਰ ਸਹਿਤ ਬੱਸ ਵਿੱਚ ਬਿਠਾ ਕੇ ਰਵਾਨਾ ਕੀਤਾ ਜਾ ਰਿਹਾ ਹੈ।ਸਰਕਾਰ ਹਰ ਵਰਗ ਦੇ ਲੋਕਾਂ ਨੂੰ ਉਨ੍ਹਾਂ ਦੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾ ਰਹੀ ਹੈ ਤੇ ਬਜ਼ੁਰਗ ਵੀ ਖੁਸ਼ੀ ਤੇ ਉਤਸ਼ਾਹ ਨਾਲ ਧਾਰਮਿਕ ਸਥਾਨਾਂ ਦੀ ਯਾਤਰਾ ਲਈ ਜਾ ਰਹੇ ਹਨ।ਇਹ ਪਹਿਲੀ ਸਰਕਾਰ ਹੈ, ਜਿਸ ਨੂੰ ਹਰ ਵਰਗ ਦਾ ਖਿਆਲ ਹੈ । ਇਹ ਬੱਸ ਦਰਬਾਰ ਸਾਹਿਬ ਅੰਮ੍ਰਿਤਸਰ, ਦੁਰਗਿਆਣਾ ਮੰਦਰ, ਜਲ੍ਹਿਆਂਵਾਲਾ ਬਾਗ ਤੇ ਵਾਹਘਾ ਬਾਰਡਰ ਹੋ ਕੇ ਪਰਤੇਗੀ।ਬੱਸ 'ਚ 15 ਸ਼ਰਧਾਲੂ ਆਦਮੀ ਤੇ 30 ਸ਼ਰਧਾਲੂ ਔਰਤਾਂ ਸ਼ਾਮਲ ਸਨ।ਇਸ ਮੌਕੇ ਗਾਇਡ ਗੁਰਤੇਜ ਸਿੰਘ ਵੀ ਹਾਜ਼ਰ ਸਨ।



# ਹੈਰੋਇਨ ਸਮੇਤ 2 ਕਾਬੂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**- ਸਥਾਨਕ ਪੁਲਸ ਨੇ 6 ਗ੍ਰਾਮ ਹੈਰੋਇਨ ਸਮੇਤ 2 ਵਿਅਕਤੀਆਂ ਗੁਰਪ੍ਰੀਤ ਸਿੰਘ ਗੱਗੂ ਵਾਸੀ ਮਾਣੇਵਾਲ ਅਤੇ ਕਰਨਜੀਤ ਸਿੰਘ ਉਰਫ਼ ਕਰਨ ਵਾਸੀ ਭਮਾ ਖੁਰਦ ਨੂੰ ਕਾਬੂ ਕੀਤਾ ਹੈ। ਜਾਣਕਾਰੀ ਅਨੁਸਾਰ ਸਹਾਇਕ ਥਾਣੇਦਾਰ ਵਲੋਂ ਪੁਲਸ ਪਾਰਟੀ ਸਮੇਤ ਸ਼ੱਕੀ ਪੁਰਸ਼ਾਂ ਸੰਬੰਧੀ ਗਸ਼ਤ ਕੀਤੀ ਜਾ ਰਹੀ ਸੀ ਕਿ ਨਵੀਂ ਕੱਟੀ ਕਾਲੋਨੀ ਅਡਿਆਣਾ ਰੋਡ ਸਾਈਡ ਤੋਂ ਦੋ ਮੋਨੇ ਵਿਅਕਤੀ ਪੈਦਲ ਆਉਂਦੇ ਦਿਖਾਈ ਦਿੱਤੇ। ਪੁਲਸ ਨੂੰ ਦੇਖ ਇੱਕ ਵਿਅਕਤੀ ਨੇ ਆਪਣੇ ਲੋਅਰ ਦੀ ਜੇਬ 'ਚੋਂ ਇੱਕ ਮੋਮੀ ਪਾਰਦਰਸ਼ੀ ਲਿਫ਼ਾਫੀ ਦੂਜੇ ਨੌਜਵਾਨ ਨੂੰ ਫੜਾ ਦਿੱਤੀ ਜਿਸ ਨੇ ਉਸ ਨੂੰ ਜ਼ਮੀਨ 'ਤੇ ਸੁੱਟ ਦਿੱਤਾ। ਪੁਲਸ ਵਲੋਂ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਉਨ੍ਹਾਂ ਨੂੰ ਕਾਬੂ ਕਰ ਨਾਮ ਤੇ ਪਤਾ ਪੁੱਛਿਆ। ਜਿਸ 'ਤੇ ਪਹਿਲੇ ਨੌਜਵਾਨ ਨੇ ਆਪਣਾ ਨਾਮ ਗੁਰਪ੍ਰੀਤ ਸਿੰਘ ਤੇ ਦੂਜੇ ਨੇ ਕਰਨਜੀਤ ਸਿੰਘ ਦੱਸਿਆ। ਪੁਲਸ ਵਲੋਂ ਜਦੋਂ ਉਕਤ ਨੌਜਵਾਨਾਂ ਵਲੋਂ ਸੁੱਟੀ ਲਿਫ਼ਾਫੀ ਦੀ ਜਾਂਚ ਕੀਤੀ ਤਾਂ ਉਸ 'ਚੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ ਜਿਨ੍ਹਾਂ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ।

# ਕਿਸਾਨ ਨਵਰਾਜ ਸਿੰਘ ਗਰੇਵਾਲ ਨਮਿੱਤ ਸ਼ਰਧਾਂਜਲੀ ਸਮਾਰੋਹ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)** ਪਿੰਡ ਰੱਤੀਪੁਰ ਦੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਅਤੇ ਕਿਸਾਨ ਨਵਰਾਜ ਸਿੰਘ ਗਰੇਵਾਲ ਨਮਿੱਤ ਸ਼ਰਧਾਂਜਲੀ ਸਮਾਰੋਹ ਹੋਇਆ। ਪਿੰਡ ਦੇ ਗੁਰਦੁਆਰਾ ਸਾਹਿਬ 'ਚ ਨਵਰਾਜ ਸਿੰਘ ਗਰੇਵਾਲ ਨਮਿੱਤ ਰੱਖੇ ਅੰਤਿਮ ਅਰਦਾਸ ਸਮਾਗਮ ਦੌਰਾਨ ਰਾਗੀ ਸਿੰਘਾਂ ਵਲੋਂ ਵੈਰਾਗਮਈ ਕੀਰਤਨ ਕੀਤਾ ਗਿਆ। ਇਸ ਮੌਕੇ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਆੜ੍ਹਤੀ ਐਸੋਸੀਏਸ਼ਨ ਦੇ ਸਰਪ੍ਰਸਤ ਆੜ੍ਹਤੀ ਗੁਰਨਾਮ ਸਿੰਘ ਨਾਗਰਾ ਨੇ ਸਵ. ਨਵਰਾਜ ਸਿੰਘ ਗਰੇਵਾਲ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਉਨ੍ਹਾਂ ਕਿਹਾ ਕਿ ਸਵ. ਨਵਰਾਜ ਸਿੰਘ ਉੱਦਮੀ ਕਿਸਾਨ ਦੇ ਨਾਲ-ਨਾਲ ਇੱਕ ਨੇਕ ਦਿਲ ਇਨਸਾਨ ਸਨ। ਇਸ ਮੌਕੇ ਜਗਤਾਰ ਸਿੰਘ ਨਾਗਰਾ, ਪੀ.ਏ. ਨਵਜੀਤ ਸਿੰਘ ਉਟਾਲਾਂ ਵੀ ਮੌਜੂਦ ਸਨ।

# ਪੰਜਾਬੀ 'ਵਰਸਿਟੀ ਦੇ ਉਪ-ਕੁਲਪਤੀ ਵੱਲੋਂ ਆਨਲਾਈਨ ਤੇ ਟੈਲੀਫੋਨਿਕ ਕੌਂਸਲਿੰਗ ਟ੍ਰੇਨਿੰਗ ਸੈੱਲ ਦਾ ਉਦਘਾਟਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬੀ ਯੂਨੀਵਰਸਿਟੀ ਦੇ ਮਨੋਵਿਗਿਆਨ ਵਿਭਾਗ ਵੱਲੋਂ ਮਾਨਸਿਕ ਸਿਹਤ ਸਬੰਧੀ ਸੇਵਾਵਾਂ ਦੇ ਖੇਤਰ ਵਿੱਚ ਇੱਕ ਵੱਡੀ ਪ੍ਰਾਪਤੀ ਕਰਦਿਆਂ ਸਥਾਪਿਤ ਕੀਤੇ ਗਏ ਔਨਲਾਈਨ ਅਤੇ ਟੈਲੀਫੋਨਿਕ ਕੌਂਸਲਿੰਗ ਟ੍ਰੇਨਿੰਗ ਸੈੱਲ (ਓ.ਟੀ. ਸੀ. ਟੀ.ਸੀ.) ਦਾ ਉਦਘਾਟਨ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਕੀਤਾ ਗਿਆ। ਇਸ ਉਪਰਾਲੇ ਨਾਲ਼ ਪੰਜਾਬੀ ਯੂਨੀਵਰਸਿਟੀ ਮਾਨਸਿਕ ਸਿਹਤ ਦੇ ਖੇਤਰ ਵਿੱਚ ਬਕਾਇਦਗੀ ਸਹਿਤ ਉੱਦਮਤਾ ਸਿਖਲਾਈ ਸ਼ੁਰੂ ਕਰਨ ਵਾਲ਼ੀ ਭਾਰਤ ਦੀ ਪਹਿਲੀ ਸੰਸਥਾ ਬਣ ਗਈ ਹੈ। ਯੂਨੀਵਰਸਿਟੀ ਦੇ ਐਂਟਰਪ੍ਰੀਨਿਓਰਸ਼ਿਪ, ਇਨੋਵੇਸ਼ਨ ਐਂਡ ਕਰੀਅਰ ਹੱਬ (ਈ.ਆਈ.ਸੀ.ਐੱਚ.) ਦੇ ਸਹਿਯੋਗ ਨਾਲ਼ ਸਥਾਪਿਤ ਇਸ ਸੈੱਲ ਦੇ ਰਸਮੀ ਉਦਘਾਟਨ ਉਪਰੰਤ ਇੱਕ ਵਿਸ਼ੇਸ਼ ਵਰਕਸ਼ਾਪ ਕਰਵਾਈ ਗਈ, ਜਿਸ ਵਿੱਚ ਮਾਹਿਰਾਂ ਨੇ ਵਰਚੁਅਲ ਕੌਂਸਲਿੰਗ ਅਤੇ ਮਨੋਵਿਗਿਆਨਕ ਉੱਦਮਤਾ (ਐਂਟਰਪ੍ਰੀਨਿਉਰਸ਼ਿਪ) ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕਿਹਾ ਕਿ ਸੋਸ਼ਲ ਮੀਡੀਆ ਦੇ ਦੌਰ ਵਿੱਚ ਮਾਨਸਿਕ ਤੰਦਰੁਸਤੀ ਬਹੁਤ ਜ਼ਰੂਰੀ ਹੈ। ਖਾਸ ਤੌਰ ਉੱਤੇ ਸਾਡੇ ਨੌਜਵਾਨ ਬਹੁਤ ਸਾਰੀਆਂ ਮਾਨਸਿਕ ਗੁੰਝਲਾਂ ਦਾ ਸ਼ਿਕਾਰ ਹੋ ਰਹੇ ਹਨ। ਅਜਿਹੀ ਸਥਿਤੀ ਵਿੱਚ ਅਦਾਰਿਆਂ ਦਾ ਫ਼ਰਜ਼ ਹੈ ਕਿ ਉਹ ਮਾਨਸਿਕ ਤੰਦਰੁਸਤੀ ਨਾਲ਼ ਜੁੜੀਆਂ ਸੇਵਾਵਾਂ ਦੇ ਮਾਮਲੇ ਵਿੱਚ ਅੱਗੇ ਆਉਣ। ਉਨ੍ਹਾਂ ਦੱਸਿਆ ਕਿ ਇਸ ਸੈੱਲ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਮਾਨਸਿਕ ਸਿਹਤ ਨਾਲ਼ ਸਬੰਧਤ ਸਟਾਰਟ-ਅੱਪਸ, ਡਿਜੀਟਲ ਕੌਂਸਲਿੰਗ ਪਲੇਟਫਾਰਮ ਅਤੇ ਸੁਤੰਤਰ ਕੌਂਸਲਿੰਗ ਅਭਿਆਸ ਸ਼ੁਰੂ ਕਰਨ ਦੇ ਯੋਗ ਬਣਾਉਣਾ ਹੈ। ਪੀ.ਜੀ.ਆਈ. ਐੱਮ.ਈ. ਆਰ.ਚੰਡੀਗੜ੍ਹ ਦੇ ਮਨੋਚਿਕਿਤਸਾ ਵਿਭਾਗ ਤੋਂ ਡਾ. ਰਾਹੁਲ ਚੱਕਰਵਰਤੀ ਅਤੇ ਡਾ. ਰਾਜ ਲਕਸ਼ਮੀ ਵੱਲੋਂ ਇਸ ਵਰਕਸ਼ਾਪ ਦੌਰਾਨ ਟੈਲੀ-ਮਾਨਸ ਪ੍ਰੋਜੈਕਟ ਅਤੇ ਐਮਰਜੈਂਸੀ ਕਾਲਜ਼ ਨਾਲ਼ ਨਜਿੱਠਣ ਦੇ ਤਰੀਕਿਆਂ ਬਾਰੇ ਸਿਖਲਾਈ ਦਿੱਤੀ ਗਈ। ਉਨ੍ਹਾਂ ਇਸ ਖੇਤਰ ਨਾਲ਼ ਸਬੰਧਤ ਆਪਣੇ ਰੋਜ਼ਾਨਾ ਦੇ ਡਾਕਟਰੀ ਅਨੁਭਵ ਸਾਂਝੇ ਕਰਦਿਆਂ ਵੱਖ-ਵੱਖ ਨੁਕਤੇ ਸਾਂਝੇ ਕੀਤੇ। ਕੌਂਸਲਿੰਗ ਮਨੋਵਿਗਿਆਨੀ ਡਾ. ਹਰਸ਼ਮੀਤ ਕੌਰ, ਸਰਕਾਰੀ ਰਾਜਿੰਦਰਾ ਮੈਡੀਕਲ ਕਾਲਜ, ਪਟਿਆਲਾ ਤੋਂ ਪ੍ਰੋ. ਰੋਹਿਤ ਗਰਗ, ਈ.ਆਈ. ਸੀ.ਐੱਚ. ਦੇ ਡਾਇਰੈਕਟਰ ਪ੍ਰੋ. ਹਿਮੇਂਦਰ ਭਾਰਤੀ ਵੱਲੋਂ ਵੀ ਆਪਣੇ ਵਿਚਾਰ ਪ੍ਰਗਟਾਏ ਗਏ। ਵਰਕਸ਼ਾਪ ਦੇ ਦੂਜੇ ਸੈਸ਼ਨ ਦੌਰਾਨ ਮਨੋਵਿਗਿਆਨ ਖੇਤਰ ਦੇ ਨੌਜਵਾਨ ਖੋਜਾਰਥੀ ਹਰਸ਼ਿਤ ਕਟੋਚ, ਰਾਧਾ ਅਤੇ ਸ਼ੈਰਨ ਰਤਨ ਨੇ ਏ.ਆਈ. ਅਧਾਰਿਤ ਮਾਨਸਿਕ ਸਿਹਤ ਚੈਟਬੋਟਸ, ਸੁਰੱਖਿਆ ਪ੍ਰੋਟੋਕੋਲ ਅਤੇ ਨੈਤਿਕ ਮਿਆਰਾਂ ਬਾਰੇ ਚਰਚਾ ਕੀਤੀ।ਮਨੋਵਿਗਿਆਨ ਵਿਭਾਗ ਦੇ ਮੁਖੀ ਅਤੇ ਓ.ਟੀ.ਸੀ.ਟੀ.ਸੀ. ਦੇ ਨੋਡਲ ਅਫ਼ਸਰ ਪ੍ਰੋ. ਦਮਨਜੀਤ ਸੰਧੂ ਨੇ ਆਪਣੇ ਧੰਨਵਾਦੀ ਭਾਸ਼ਣ ਦੌਰਾਨ ਦੱਸਿਆ ਕਿ ਇਸ ਸੈੱਲ ਦਾ ਟੀਚਾ ਭਵਿੱਖ ਵਿੱਚ ਯੂਨੀਵਰਸਿਟੀ ਦੇ ਵਿਦਿਆਰਥੀਆਂ ਲਈ ਚੌਵੀ ਘੰਟੇ ਲਈ ਮਾਨਸਿਕ ਸਿਹਤ ਹੈਲਪਲਾਈਨ ਸੇਵਾ ਸ਼ੁਰੂ ਕਰਨਾ ਹੈ।




# ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ ਡੋਰ-ਟੂ-ਡੋਰ ਮੁਹਿੰਮ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੇ ਅਤੀ ਨਜ਼ਦੀਕੀ ਅਤੇ ਖਾਸਮਖਾਸ ਆਮ ਆਦਮੀ ਪਾਰਟੀ ਦੇ ਆਗੂ ਸੋਨੀ ਧਾਲੀਵਾਲ ਮਾੜੀ ਮੁਸਤਫਾ, ਸਰਪੰਚ ਗੁਰਭੇਜ ਸਿੰਘ ਮਾੜੀ ਮੁਸਤਫਾ, ਗੁਰਵੀਰ ਸਰਪੰਚ ਡੇਮਰੂ ਬਲਾਕ ਪ੍ਰਧਾਨ ਯੂਥ ਵਿੰਗ, ਪ੍ਰਦੀਪ ਰੋਡੇ ਯੂਥ ਆਪ ਆਗੂ ਅਤੇ ਬੇਅੰਤ ਸਿੰਘ ਰੋਡੇ ਬਲਾਕ ਪ੍ਰਧਾਨ ਕਿਸਾਨ ਵਿੰਗ ਨੇ ਸਾਂਝੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਆਪਣੀ ਪੂਰੀ ਟੀਮ ਦੇ ਨਾਲ ਹਲਕੇ ਦੇ ਲੋਕਾਂ ਨਾਲ ਕੀਤੇ ਗਏ ਵਾਅਦਿਆਂ ਨੂੰ ਲਗਾਤਾਰ ਪੂਰਾ ਕਰ ਰਹੇ ਹਨ। ਆਪ ਆਗੂਆਂ ਨੇ ਦੱਸਿਆ ਕਿ ਵਿਧਾਇਕ ਸੁਖਾਨੰਦ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਡੋਰ ਟੂ ਡੋਰ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਖੁਦ ਸੁਣ ਰਹੇ ਹਨ ਅਤੇ ਮੌਕੇ 'ਤੇ ਹੀ ਸੰਬੰਧਿਤ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦੇ ਕੇ ਉਨ੍ਹਾਂ ਦਾ ਤੁਰੰਤ ਹੱਲ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਕੋਈ ਵਿਧਾਇਕ ਸਿਰਫ਼ ਦਫ਼ਤਰਾਂ ਤੱਕ ਸੀਮਿਤ ਨਾ ਰਹਿੰਦਾ ਹੋਇਆ ਸਿੱਧਾ ਲੋਕਾਂ ਦੇ ਦਰਵਾਜ਼ੇ 'ਤੇ ਪਹੁੰਚ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸਮਝ ਰਿਹਾ ਹੈ। । ਅਖੀਰ ਵਿਚ ਆਗੂਆਂ ਨੇ ਕਿਹਾ ਕਿ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹਲਕੇ ਦੇ ਸਰਬਪੱਖੀ ਵਿਕਾਸ ਲਈ ਦਿਨ-ਰਾਤ ਮਿਹਨਤ ਕਰ ਰਹੇ ਹਨ ਅਤੇ ਆਮ ਆਦਮੀ ਪਾਰਟੀ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀ ਸੇਵਾ ਲਈ ਇਸੇ ਹੀ ਜਜ਼ਬੇ ਨਾਲ ਕੰਮ ਕਰਦੀ ਰਹੇਗੀ।



# ਰਾਏਸਰ ਵਿਖੇ ਸ਼ਰਾਬ ਦੇ ਠੇਕੇ ਤੋਂ ਨਕਦੀ, ਸ਼ਰਾਬ ਤੇ ਮੋਬਾਇਲ ਲੁੱਟਿਆ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਪਿੰਡ ਰਾਏਸਰ ਤੋਂ ਚੰਨਣਵਾਲ ਰੋਡ ਨੇੜੇ ਜਿੰਦਲ ਗਰੁੱਪ ਨਾਲ ਸੰਬੰਧਿਤ ਸ਼ਰਾਬ ਦੇ ਠੇਕੇ 'ਤੇ ਲੁੱਟਖੋਹ ਦੀ ਵਾਰਦਾਤ ਹੋਣ ਦੀ ਖਬਰ ਮਿਲੀ ਹੈ। ਠੇਕੇ ਦੇ ਮਾਲਕ ਬੱਬੂ ਅਗਰਵਾਲ ਅਨੁਸਾਰ ਪਿੰਡ ਰਾਏਸਰ ਵਾਲੀ ਸਾਈਡ ਤੋਂ ਇੱਕ ਗੱਡੀ 'ਚ ਸਵਾਰ ਤਿੰਨ ਨੌਜਵਾਨ ਠੇਕੇ 'ਤੇ ਆਏ। ਜਦੋਂ ਸੇਲਜ਼ਮੈਨ ਕਿਸੇ ਕੰਮ ਠੇਕੇ ਅੰਦਰ ਜਾਣ ਲੱਗਾ ਤਾਂ ਇੱਕ ਨੌਜਵਾਨ ਉਸ ਦੇ ਪਿਛੇ ਹੀ ਅੰਦਰ ਦਾਖਲ ਹੋ ਗਿਆ, ਜਦ ਕਿ ਦੂਜਾ ਵਿਅਕਤੀ ਠੇਕੇ ਤੋਂ ਬਾਹਰ ਖੜਾ ਰਿਹਾ, ਅਤੇ ਤੀਜਾ ਗੱਡੀ 'ਚ ਬੈਠਾ ਰਿਹਾ। ਉਨ੍ਹਾਂ ਦੱਸਿਆ ਕਿ ਅੰਦਰ ਦਾਖਲ ਹੋਏ ਨੌਜਵਾਨ ਨੇ ਤੇਜਧਾਰ ਹਥਿਆਰ ਕੱਢ ਕੇ ਸੇਲਜ਼ਮੈਨ 'ਤੇ ਜਾਨਲੇਵਾ ਹਮਲਾ ਕਰਨ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਲੁਟੇਰੇ ਗੱਲੇ ਚੋਂ ਕਰੀਬ 9 ਹਜ਼ਾਰ ਰੁਪਏ ਨਕਦੀ, ਦੋ ਪੇਟੀਆਂ ਬਰੈਂਡਿਡ ਸ਼ਰਾਬ, 10 ਹਜ਼ਾਰ ਦੀ ਕੀਮਤ ਦਾ ਮੋਬਾਇਲ ਫ਼ੋਨ ਲੁੱਟ ਕੇ ਫਰਾਰ ਹੋ ਗਏ। ਇਸ ਘਟਨਾ ਸਬੰਧੀ ਪੁਲਿਸ ਥਾਣਾ ਮਹਿਲ ਕਲਾਂ ਨੂੰ ਸੂਚਿਤ ਕੀਤਾ ਗਿਆ ਹੈ।

# ਐੱਸ ਬੀ ਐੱਸ ਸਟੇਟ 'ਵਰਸਿਟੀ ਤੇ ਪੀ ਆਈ-ਆਰ ਏ ਐੱਚ ਆਈ ਨੇ ਸਮਝੌਤਾ ਪੱਤਰ 'ਤੇ ਕੀਤੇ ਦਸਤਖਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫਿਰੋਜ਼ਪੁਰ ਅਤੇ ਪੀਆਈ-ਆਰਏਐੱਚਆਈ ਚੰਡੀਗੜ੍ਹ (ਪੰਜਾਬ ਯੂਨੀਵਰਸਿਟੀ- ਆਈ ਆਈ ਟੀ ਰੋਪੜ ਰੀਜਨਲ ਐਕਸਲੇਟਰ ਫਾਰ ਹੋਲਿਸਟਿਕ ਇਨੋਵੇਸ਼ਨਜ਼ ਫਾਊਂਡੇਸ਼ਨ, ਨੌਰਦਰਨ ਰੀਜਨ ਐੱਸ ਐਂਡ ਟੀ ਕਲੱਸਟਰ) ਨੇ 2 ਫਰਵਰੀ ਨੂੰ ਰਸਮੀ ਤੌਰ 'ਤੇ ਇੱਕ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ, ਜੋ ਹੁਨਰ ਵਿਕਾਸ, ਖੋਜ, ਨਵੀਨਤਾ ਅਤੇ ਭਾਈਚਾਰਕ ਸ਼ਮੂਲੀਅਤ ਵਿਚ ਸਹਿਯੋਗ ਨੂੰ ਮਜ਼ਬੂਤ ਕਰਨ ਵੱਲ ਇਕ ਮਹੱਤਵਪੂਰਨ ਕਦਮ ਹੈ। ਇਸ ਸਮਝੌਤੇ 'ਤੇ ਡਾ. ਸੁਰੇਸ਼ ਕੁਮਾਰ ਸ਼ਰਮਾ, ਵਾਈਸ ਚਾਂਸਲਰ, ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ, ਫਿਰੋਜ਼ਪੁਰ ਅਤੇ ਡਾ. ਰਜਤ ਸੰਧੀਰ, ਡਾਇਰੈਕਟਰ, (ਪੀਆਈ-ਆਰਏਐੱਚਆਈ) ਨੇ ਦੋਵਾਂ ਸੰਸਥਾਵਾਂ ਦੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿਚ ਹਸਤਾਖਰ ਕੀਤੇ। ਇਸ ਸਮਝੌਤੇ ਦੇ ਤਹਿਤ ਐੱਸ ਬੀ ਐੱਸ ਸਟੇਟ ਯੂਨੀਵਰਸਿਟੀ ਅਤੇ ਪੀਆਈ-ਆਰਏਐੱਚਆਈ ਸਾਂਝੇ ਤੌਰ 'ਤੇ ਹੁਨਰ-ਅਧਾਰਿਤ ਸਿਖਲਾਈ ਪ੍ਰੋਗਰਾਮਾਂ, ਵਰਕਸ਼ਾਪਾਂ, ਥੋੜ੍ਹੇ ਸਮੇਂ ਦੇ ਕੋਰਸਾਂ ਅਤੇ ਪ੍ਰਮਾਣੀਕਰਣ ਮਾਡਿਊਲਾਂ ਨੂੰ ਡਿਜ਼ਾਈਨ ਅਤੇ ਲਾਗੂ ਕਰਨਗੇ ਜਿਸ ਦਾ ਉਦੇਸ਼ ਪੇਸ਼ੇਵਰ ਯੋਗਤਾਵਾਂ ਨੂੰ ਵਧਾਉਣਾ ਅਤੇ ਉੱਭਰ ਰਹੇ ਅਤੇ ਰਵਾਇਤੀ ਦੋਵਾਂ ਖੇਤਰਾਂ ਵਿਚ ਵਿਹਾਰਕ ਐਕਸਪੋਜ਼ਰ ਪ੍ਰਦਾਨ ਕਰਨਾ ਹੈ। ਡਾ. ਰਜਤ ਸੰਧੀਰ ਨੇ ਕਿਹਾ ਕਿ ਸਮਝੌਤਾ ਵਿਦਿਆਰਥੀਆਂ ਅਤੇ ਖੋਜਕਰਤਾਵਾਂ ਲਈ ਅਰਥਪੂਰਨ ਮੌਕੇ ਪੈਦਾ ਕਰਕੇ ਅਕਾਦਮਿਕ, ਉਦਯੋਗ ਅਤੇ ਸਮਾਜ ਵਿਚਕਾਰ ਪਾੜੇ ਨੂੰ ਪੂਰਾ ਕਰੇਗਾ।



# ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ 15 ਰੋਜ਼ਾ ਵਿਅਕਤੀਤਵ ਵਿਕਾਸ ਪ੍ਰੋਗਰਾਮ

**ਦੋਰਾਹਾ (ਹਰਮਿੰਦਰ ਸੇਠ)** ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਕਾਲਜ ਦੇ ਯੂਥ ਕਲੱਬ ਵੱਲੋਂ ਯੁਵਕ ਭਲਾਈ ਵਿਭਾਗ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਹਿਯੋਗ ਨਾਲ਼ ਵਿਦਿਆਰਥੀਆਂ ਦੀ ਸ਼ਖ਼ਸੀਅਤ ਨੂੰ ਨਿਖ਼ਾਰਨ ਲਈ 15 ਰੋਜ਼ਾ ਵਿਅਕਤੀਤਵ ਵਿਕਾਸ ਪ੍ਰੋਗਰਾਮ ਦਾ ਆਗਾਜ਼ ਕੀਤਾ ਗਿਆ। ਇਸ ਮੌਕੇ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਪ੍ਰੋਗਰਾਮ ਦਾ ਆਗਾਜ਼ ਕਰਦਿਆਂ ਹਰਪ੍ਰਤਾਪ ਸਿੰਘ ਬਰਾੜ, ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਅਤੇ ਸਮੂਹ ਸਟਾਫ਼ ਦੁਆਰਾ ਸਾਂਝੇ ਤੌਰ 'ਤੇ ਸ਼ਮ੍ਹਾਂ ਰੌਸ਼ਨ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਬਰਾੜ ਨੇ ਵਿਅਕਤਿਤਵ ਦੇ ਵਿਕਾਸ ਵਿੱਚ ਆਤਮ-ਵਿਸ਼ਵਾਸ, ਸੰਚਾਰ ਸਮਰੱਥਾ, ਆਪਸੀ ਤਾਲਮੇਲ ਅਤੇ ਕੁਸ਼ਲ ਆਗੂ ਆਦਿ ਗੁਣਾਂ ਦੇ ਮਹੱਤਵ ਬਾਰੇ ਵਿਦਿਆਰਥੀਆਂ ਨਾਲ਼ ਵਿਚਾਰ ਸਾਂਝੇ ਕੀਤੇ। ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਇਸ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਆ। ਇਸ ਉਪਰੰਤ ਪ੍ਰੋ. ਦੀਪਾਲੀ ਨੇ ਵਿਦਿਆਰਥੀਆਂ ਨੂੰ ਵਿਅਕਤੀਤਵ ਵਿਕਾਸ ਦੇ ਇਸ ਪ੍ਰੋਗਰਾਮ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਅਤੇ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਨਿਭਾਈ। ਇਸ ਮੌਕੇ ਪ੍ਰੋ. ਰਣਜੀਤ ਕੌਰ, ਡਾ. ਲਵਲੀਨ ਬੈਂਸ, ਡਾ. ਨਿਧੀ ਸਰੂਪ, ਡਾ. ਸੋਮਪਾਲ ਹੀਰਾ, ਡਾ. ਗੁਰਪ੍ਰੀਤ ਸਿੰਘ, ਪ੍ਰੋ. ਸਨਦੀਪ ਸਿੰਘ ਹੁੰਦਲ, ਪ੍ਰੋ. ਸ਼ਵੇਤਾ ਥਾਪਾ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਜਸਪ੍ਰੀਤ ਕੌਰ, ਪ੍ਰੋ. ਅਮਨਜੋਤ ਕੌਰ, ਪ੍ਰੋ. ਸਿਮਰਨਜੀਤ ਕੌਰ ਅਤੇ ਡਾ. ਪ੍ਰਭਜੋਤ ਕੌਰ ਹਾਜ਼ਰ ਸਨ।ਇਸ ਪ੍ਰੋਗਰਾਮ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਅਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸੰਬੰਧਿਤ ਪ੍ਰਾਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।



# ਲੋਕ ਸੇਵਾ ਸੁਸਾਇਟੀ ਨੇ ਵਿਦਿਆਰਥੀਆਂ ਨੂੰ ਜਰਸੀਆਂ ਵੰਡੀਆਂ



**ਜਗਰਾਉਂ (ਅਮਿਤ ਖੰਨਾ)** ਜਗਰਾਓਂ ਦੀ ਲੋਕ ਸੇਵਾ ਸੋਸਾਇਟੀ ਵੱਲੋਂ ਮੰਗਲਵਾਰ ਨੂੰ ਗੁਰੂ ਤੇਗ ਬਹਾਦਰ ਪ੍ਰਾਇਮਰੀ ਪਬਲਿਕ ਸਕੂਲ ਜਗਰਾਉਂ ਦੇ ਵਿਦਿਆਰਥੀਆਂ ਨੂੰ ਗਰਮ ਜਰਸੀਆਂ ਤਕਸੀਮ ਕੀਤੀਆਂ ਗਈਆਂ। ਸੋਸਾਇਟੀ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਦਨ ਲਾਲ ਅਰੋੜਾ, ਸੈਕਟਰੀ ਡਾਕਟਰ ਕੁਲਭੂਸ਼ਣ ਗੁਪਤਾ ਅਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਹੋਏ ਜਰਸੀ ਵੰਡ ਸਮਾਰੋਹ ਸਮੇਂ ਗੁਰੂ ਤੇਗ ਬਹਾਦਰ ਪ੍ਰਾਇਮਰੀ ਪਬਲਿਕ ਸਕੂਲ ਜਗਰਾਉਂ ਦੇ 100 ਵਿਦਿਆਰਥੀਆਂ ਨੂੰ ਗਰਮ ਜਰਸੀਆਂ ਵੰਡੀਆਂ ਗਈਆਂ । ਇਸ ਮੌਕੇ ਸੋਸਾਇਟੀ ਅਹੁਦੇਦਾਰਾਂ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਲਗਾਤਾਰ ਠੰਢ ਦੇ ਮੌਸਮ ਵਿੱਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੂੰ ਗਰਮ ਕੱਪੜੇ ਬੂਟ ਜਰਾਬਾਂ ਦਸਤਾਨੇ ਤੇ ਟੋਪੀਆਂ ਆਦਿ ਵੰਡੇ ਜਾ ਰਹੇ ਹਨ ਅਤੇ ਉਸੇ ਲੜੀ ਤਹਿਤ ਹੀ ਅੱਜ ਗੁਰੂ ਤੇਗ ਬਹਾਦਰ ਪ੍ਰਾਇਮਰੀ ਪਬਲਿਕ ਸਕੂਲ ਜਗਰਾਉਂ ਦੇ ਵਿਦਿਆਰਥੀਆਂ ਨੂੰ ਗਰਮ ਜਰਸੀਆਂ ਵੰਡੀਆਂ ਗਈਆਂ ਹਨ । ਇਸ ਮੌਕੇ ਸੋਸਾਇਟੀ ਦੇ ਵਾਈਸ ਚੇਅਰਮੈਨ ਸੁਖਜਿੰਦਰ ਸਿੰਘ ਢਿੱਲੋਂ ਤੇ ਕੰਵਲ ਕੱਕੜ ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ, ਕੈਪਟਨ ਨਰੇਸ਼ ਵਰਮਾ ਲਾਕੇਸ਼ ਟੰਡਨ ਕਪਿਲ ਸ਼ਰਮਾ ਜਗਦੀਪ ਸਿੰਘ ਪੀ ਆਰ ਓ ਨੀਰਜ ਮਿੱਤਲ ਤੇ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ, ਬਿਕਰਮ ਬਾਂਸਲ ਸਮੇਤ ਸਕੂਲ ਮੁਖੀ ਜੈਪਾਲ ਕੌਰ ਗੀਤੂ ਸਿਮਰਨ ਕੌਰ ਸੁਖਜਿੰਦਰ ਕੌਰ ਅਮਨਦੀਪ ਨਵਜੋਤ ਕੌਰ ਰਜਨੀ ਦੇਵੀ ਆਦਿ ਹਾਜ਼ਰ ਸਨ।

# 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਸਿਹਤ ਜਾਂਚ ਕੈਂਪ

**ਮਾਨਸਾ (ਆਤਮਾ ਸਿੰਘ ਪਮਾਰ)**- ਡਿਪਟੀ ਕਮਿਸ਼ਨਰ ਨਵਜੋਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਸੀਨੀਅਰ ਸਿਟੀਜ਼ਨ ਸਟੇਟ ਐਕਸ਼ਨ ਪਲਾਨ ਤਹਿਤ ਮੰਗਲਵਾਰ ਨੂੰ ਬਾਲ ਭਵਨ ਵਿਖੇ 'ਸਾਡੇ ਬਜ਼ੁਰਗ ਸਾਡਾ ਮਾਣ' ਪ੍ਰੋਗਰਾਮ ਦੇ ਅਧੀਨ ਇੱਕ ਵਿਸ਼ੇਸ਼ ਜ਼ਿਲ੍ਹਾ ਪੱਧਰੀ ਸਿਹਤ ਜਾਂਚ ਕੈਂਪ ਲਗਾਇਆ ਗਿਆ। ਇਸ ਸਮਾਗਮ ਵਿੱਚ ਐਸ.ਡੀ.ਐਮ. ਕਾਲਾ ਰਾਮ ਕਾਂਸਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦ ਕਿ ਕੈਂਪ ਦੀ ਸਮੁੱਚੀ ਨਿਗਰਾਨੀ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਡਾ. ਲਵਲੀਨ ਬੜਿੰਗ ਵੱਲੋਂ ਕੀਤੀ ਗਈ।ਕੈਂਪ ਦੌਰਾਨ 300 ਤੋਂ ਵਧੇਰੇ ਲੋੜਵੰਦ ਬਜ਼ੁਰਗਾਂ ਦੀ ਸਿਹਤ ਦੀ ਜਾਂਚ ਕੀਤੀ ਗਈ। ਇਸ ਮੌਕੇ ਆਯੁਰਵੈਦਿਕ, ਹੋਮੋਪੈਥਿਕ ਅਤੇ ਐਲੋਪੈਥੀ ਦੇ ਮਾਹਿਰ ਡਾਕਟਰਾਂ ਨੇ ਬਜ਼ੁਰਗਾਂ ਦਾ ਚੈਕਅੱਪ ਕੀਤਾ ਅਤੇ ਮੁਫ਼ਤ ਦਵਾਈਆਂ ਦਿੱਤੀਆਂ ।ਸਿਹਤ ਜਾਂਚ ਦੇ ਨਾਲ-ਨਾਲ ਬਜ਼ੁਰਗਾਂ ਨੂੰ ਸਮਾਜਿਕ ਅਤੇ ਵਿੱਤੀ ਤੌਰ 'ਤੇ ਸੁਰੱਖਿਅਤ ਬਣਾਉਣ ਲਈ ਵਿਸ਼ੇਸ਼ ਸੈਸ਼ਨ ਕੀਤੇ ਗਏ ਜਿਸ ਤਹਿਤ ਅੱਜ-ਕੱਲ੍ਹ ਹੋ ਰਹੇ ਸਾਈਬਰ ਕਰਾਈਮ (ਆਨਲਾਈਨ ਠੱਗੀ) ਤੋਂ ਬਚਣ ਦੇ ਤਰੀਕੇ ਦੱਸੇ ਗਏ। ਉਪ ਮੰਡਲ ਮੈਜਿਸਟਰੇਟ ਕਾਲਾ ਰਾਮ ਕਾਂਸਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ, ਸੀਨੀਅਰ ਸਿਟੀਜ਼ਨਾਂ ਨੂੰ ਬਣਦਾ ਮਾਣ-ਸਤਿਕਾਰ ਦੇਣ ਅਤੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਰਜਿੰਦਰ ਕੁਮਾਰ ਮੋਨੀ ਵੱਲੋਂ ਬਾਖ਼ੂਬੀ ਨਿਭਾਈ ਗਈ। ਸੀਨੀਅਰ ਸਿਟੀਜਨ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਬਿੱਕਰ ਸਿੰਘ ਮੰਘਾਣੀਆ, ਸ਼ਮਸ਼ੇਰ ਸਿੰਘ ਸਹਾਇਕ ਸਕੱਤਰ, ਆਤਮਾ ਸਿੰਘ ਪਮਾਰ, ਮਾਤਾ ਗੁਜਰੀ ਭਲਾਈ ਟਰੱਸਟ ਤੋਂ ਮਾਸਟਰ ਕੁਲਵੰਤ ਸਿੰਘ ਤੋਂ ਇਲਾਵਾ ਪਰਮਜੀਤ ਕੌਰ ਮਾਨਸਾ ਨੇ ਵੀ ਸਮਾਗਮ ਨੂੰ ਸੰਬੋਧਨ ਕੀਤਾ।



# ਮਜੀਠੀਆ ਖ਼ਿਲਾਫ਼ ਕੇਸ ਕੂੜ ਪ੍ਰਚਾਰ ਸਾਬਤ ਹੋਇਆ : ਭੂੰਦੜ 'ਤੇ ਸੋਢੀ

**ਸਰਦੂਲਗੜ੍ਹ (ਪੱਤਰ ਪ੍ਰੇਰਕ)**- ਭਗਵੰਤ ਮਾਨ ਸਰਕਾਰ ਹਰ ਫਰੰਟ 'ਤੇ ਫੇਲ੍ਹ ਹੋਣ ਉਪਰੰਤ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰਨ ਲਈ ਲਗਾਤਾਰ ਵਿਰੋਧੀ ਆਗੂਆਂ ਨੂੰ ਨਿਸ਼ਾਨੇ ਉਤੇ ਲੈ ਕੇ ਉਹਨਾਂ ਦੀ ਕਿਰਦਾਰਕੁਸ਼ੀ ਕਰਨ ਲਈ ਝੂਠੇ ਤੇ ਬੇਬੁਨਿਆਦ ਇਲਜ਼ਾਮ ਲਗਾ ਕੇ ਉਹਨਾਂ ਉੱਪਰ ਪਰਚੇ ਦਰਜ ਕਰ ਕੇ ਉਹਨਾਂ ਨੂੰ ਜੇਲ੍ਹ ਵਿੱਚ ਭੇਜ ਕੇ ਆਪਣੀ ਸਿਆਸੀ ਰੰਜਿਸ਼ ਕੱਢਣ ਦੀਆਂ ਕੋਸ਼ਿਸ਼ਾਂ ਕਰ ਰਹੀ ਹੈ। ਇਹ ਪ੍ਰਗਟਾਵਾ ਕਰਦਿਆਂ ਦਿਲਰਾਜ ਸਿੰਘ ਭੂੰਦੜ ਸਾਬਕਾ ਵਿਧਾਇਕ ਤੇ ਜਤਿੰਦਰ ਸਿੰਘ ਸੋਢੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸ਼ਹਿਰੀ ਨੇ ਕਿਹਾ ਕਿ ਬਿਕਰਮ ਸਿੰਘ ਮਜੀਠੀਆ ਉੱਪਰ ਕੀਤੇ ਗਏ ਝੂਠੇ ਪਰਚਿਆਂ ਕਰਕੇ ਸਰਕਾਰ ਦਾ ਗ੍ਰਾਫ ਡਿੱਗਿਆ ਹੈ । ਸਰਕਾਰ ਨੂੰ ਜਿੱਥੇ ਦੇਸ਼ ਦੀ ਸਰਬ ਉੱਚ ਅਦਾਲਤ ਵਿੱਚ ਨਮੋਸ਼ੀ ਝੱਲਣੀ ਪਈ ਹੈ ਉੱਥੇ ਲੋਕਾਂ ਦੀ ਅਦਾਲਤ ਵਿੱਚ ਵੀ ਸ਼ਰਮਸਾਰ ਹੋਣਾ ਪਿਆ ਹੈ। ਬਿਕਰਮ ਸਿੰਘ ਮਜੀਠੀਆ ਨੂੰ ਮਿਲੀ ਜ਼ਮਾਨਤ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਦਾ ਮਨੋਬਲ ਵਧਿਆ ਹੈ ।

5 Feb Page 6.qxd 2/4/2026 9:30 PM Page 1



## ਕਿਸਾਨ ਯੂਨੀਅਨਾਂ ਪੰਜਾਬ ਦੇ ਪਾਣੀਆਂ ਦੇ ਮਸਲੇ ਨੂੰ ਲੈ ਕੇ ਸੰਘਰਸ਼ ਦੇ ਰਾਹ

**ਸਮਰਾਲਾ, (ਸੁਰਜੀਤ ਸਿੰਘ)-** ਪੰਜਾਬ ਦੀਆਂ ਕਿਸਾਨ ਯੂਨੀਅਨਾਂ ਨੇ ਇੱਕ ਵਾਰ ਫੇਰ ਪਾਣੀਆਂ ਦੇ ਮਸਲੇ ਨੂੰ ਲੈ ਕੇ ਸੰਘਰਸ਼ ਦੇ ਰਾਹ 'ਤੇ ਤੁਰਨ ਦਾ ਅਹਿਦ ਕੀਤਾ ਹੈ। ਭਾਰਤੀ



ਕਿਸਾਨ ਯੂਨੀਅਨ (ਰਾਜੇਵਾਲ) ਦੇ ਕੌਮੀ ਪ੍ਰਧਾਨ ਬਲਬੀਰ ਸਿੰਘ ਰਾਜੇਵਾਲ ਨੇ ਕਿਹਾ ਹੈ ਕਿ ਇਹ ਮੁੱਦਾ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨਾਲ ਵਿਚਾਰਿਆ ਗਿਆ, ਜਿਨ੍ਹਨਾਂ ਨੇ ਆਪਣੀ ਸਹਿਮਤੀ ਪ੍ਰਗਟਾਈ। ਉਹਨਾਂ ਕਿਹਾ ਕਿ ਪੰਜਾਬ ਦਾ ਪਾਣੀ ਬਹੁਤ ਜ਼ਿਆਦਾ ਦੂਸ਼ਿਤ ਹੋ ਚੁੱਕਿਆ ਹੈ, ਜੋ ਕੈਂਸਰ ਵਰਗੀਆਂ ਘਾਤਕ ਬਿਮਾਰੀਆਂ ਨੂੰ ਸੱਦਾ ਦੇ ਰਿਹਾ ਹੈ।ਉਹਨਾਂ ਕਿਹਾ ਕਿ ਜ਼ਮੀਨ ਵਿੱਚ ਪਾਣੀ ਦਾ ਪੱਧਰ ਦਿਨੋ ਦਿਨ ਹੇਠਾਂ ਜਾ ਰਿਹਾ ਹੈ ਜੋ ਕਿਸਾਨ ਤਬਕੇ ਲਈ ਗੰਭੀਰ ਸਮੱਸਿਆ ਖੜ੍ਹੀ ਕਰ ਰਿਹਾ ਹੈ। ਉਹਨਾਂ ਕਿਹਾ ਕਿ ਸਿਆਸੀ ਪਾਰਟੀਆਂ ਦੇ ਆਗੂ ਇਸ ਬਾਰੇ ਪੂਰੀ ਤਰਾਂ ਬੇਖ਼ਬਰ ਹਨ। ਉਹਨਾਂ ਹਾਲੀਆ ਪੰਜਾਬ ਤੇ ਹਰਿਆਣਾ ਦੇ ਮੁੱਖ ਮੰਤਰੀਆਂ ਦੀ ਮੀਟਿੰਗ ਬਾਰੇ ਚੇਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਵਿਰੋਧੀ ਕੋਈ ਵੀ ਫੈਸਲਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਵਿੱਚ ਭਾਰੇ ਮੈਟਲ, ਯੂਰੇਨੀਅਮ, ਲੈੱਡ ਆਦਿ ਆ ਚੁੱਕੇ ਹਨ, ਜਿਸ ਨਾਲ ਪੰਜਾਬ ਦਾ ਪਾਣੀ ਪੀਣ ਵਾਲਾ ਨਹੀਂ ਰਿਹਾ, ਜਿਸ ਨਾਲ ਪੰਜਾਬ ਵਿੱਚ ਵੱਡੀ ਪੱਧਰ 'ਤੇ ਕੈਂਸਰ ਫੈਲ ਗਿਆ ਹੈ। ਧਰਤੀ ਹੇਠਲਾ ਪਾਣੀ ਬੁਰੀ ਤਰ੍ਹਾਂ ਪਲੀਤ ਹੋ ਗਿਆ ਹੈ ਅਤੇ ਤੀਸਰੀ ਤਹਿ ਦਾ ਪਾਣੀ ਨਾ ਪੀਣ ਯੋਗ ਹੈ ਅਤੇ ਨਾ ਹੀ ਫਸਲਾਂ ਨੂੰ ਲਾਉਣ ਯੋਗ। ਇਸ ਲਈ ਸਾਡੇ ਕੋਲ ਆਪਣਾ ਪਾਣੀ ਵਾਪਸ ਲੈਣ ਲਈ ਅੰਦੋਲਨ ਕਰਨ ਤੋਂ ਬਿਨਾਂ ਕੋਈ ਰਸਤਾ ਨਹੀਂ। ਇਸੇ ਦੌਰਾਨ ਅੱਜ ਇਥੇ ਬੀਕੇਯੂ (ਰਾਜੇਵਾਲ) ਦੇ ਸੂਬਾ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਭੱਟੀਆਂ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਜਥੇਬੰਦੀ ਸੰਘਰਸ਼ ਸ਼ੁਰੂ ਕਰਨ ਤੋਂ ਪਹਿਲਾਂ 6 ਫਰਵਰੀ ਨੂੰ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਅੰਦੋਲਨ ਦੀ ਸਫਲਤਾ ਲਈ ਅਰਦਾਸ ਕਰੇਗੀ। ਉਹਨਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਤੋਂ ਇਲਾਵਾ ਕਿਸਾਨਾਂ ਦੀ ਕਰਜ ਮੁਕਤੀ, ਐਮ. ਐਸ. ਪੀ., ਸੀਡ ਬਿੱਲ, ਮਨਰੇਗਾ ਦਾ ਪਹਿਲਾ ਕਾਨੂੰਨ ਬਹਾਲ ਕਰਨ ਸਬੰਧੀ, ਬਿਜਲੀ ਸੋਧ ਬਿੱਲ 2025, ਲੇਬਰ ਕੋਰਟ ਰੇਟ ਅਤੇ ਹੋਰ ਮੰਗਾਂ ਨੂੰ ਲੈ ਕੇ ਅੰਦੋਲਨ ਕਰਨ ਲਈ ਜਲਦੀ ਹੀ ਇੱਕ ਲੋਕਾਂ ਨਾਲ ਤਾਲਮੇਲ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ।

## ਜਲਾਲਪੁਰ 'ਚ ਸਰਪੰਚ ਤੇ ਪੰਚਾਇਤ ਮੈਂਬਰਾਂ ਸਮੇਤ 50 ਤੋਂ ਵੱਧ ਪਰਵਾਰਾਂ ਨੇ ਫੜਿਆ 'ਆਪ' ਦਾ ਪੱਲਾ



**ਸਨੌਰ (ਰਾਜਿੰਦਰ ਸਿੰਘ ਥਿੰਦ)-** ਹਲਕਾ ਸਨੌਰ ਵਿੱਚ 'ਆਮ ਆਦਮੀ ਪਾਰਟੀ' ਦੀ ਸਥਿਤੀ ਉਸ ਸਮੇਂ ਹੋਰ ਮਜ਼ਬੂਤ ਹੋ ਗਈ ਜਦੋਂ ਪਿੰਡ ਜਲਾਲਪੁਰ ਵਿਖੇ ਪਿੰਡ ਦੇ ਮੌਜੂਦਾ ਸਰਪੰਚ ਅਤੇ ਪੰਚਾਇਤ ਮੈਂਬਰਾਂ ਸਮੇਤ 50 ਤੋਂ ਵੱਧ ਪਰਵਾਰਾਂ ਨੇ ਰਵਾਇਤੀ ਪਾਰਟੀਆਂ ਨੂੰ ਹਮੇਸ਼ਾ ਲਈ ਅਲਵਿਦਾ ਕਹਿ ਕੇ 'ਆਪ' ਦਾ ਪੱਲਾ ਫੜ ਲਿਆ। ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਨਵੇਂ ਸ਼ਾਮਲ ਹੋਏ ਮੈਂਬਰਾਂ ਨੂੰ ਪਾਰਟੀ ਵਿੱਚ ਜੀ ਆਇਆਂ ਨੂੰ ਕਿਹਾ ਅਤੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ।ਇਕੱਠ ਨੂੰ ਸੰਬੋਧਨ ਕਰਦਿਆਂ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਅੱਜ ਜਲਾਲਪੁਰ ਪਿੰਡ ਦੇ ਲੋਕਾਂ ਨੇ ਜੋ ਉਤਸ਼ਾਹ ਦਿਖਾਇਆ ਹੈ, ਉਸ ਨੇ ਸਾਬਤ ਕਰ ਦਿੱਤਾ ਹੈ ਕਿ ਹਲਕਾ ਸਨੌਰ ਵਿੱਚ ਹੁਣ ਰਵਾਇਤੀ ਪਾਰਟੀਆਂ ਦਾ ਕੋਈ ਆਧਾਰ ਨਹੀਂ ਰਿਹਾ। ਉਨ੍ਹਾਂ ਕਿਹਾ ਕਿ ਮੁਫ਼ਤ ਬਿਜਲੀ, ਚੰਗੀ ਸਿੱਖਿਆ ਅਤੇ ਮੁਹੱਲਾ ਕਲੀਨਿਕਾਂ ਵਰਗੀਆਂ ਸਹੂਲਤਾਂ ਨੇ ਆਮ ਲੋਕਾਂ ਦੇ ਜੀਵਨ ਵਿੱਚ ਵੱਡਾ ਬਦਲਾਅ ਲਿਆਂਦਾ ਹੈ, ਜਿਸ ਕਾਰਨ ਅੱਜ ਘਰ-ਘਰ ਵਿੱਚ 'ਆਪ' ਦਾ ਬੋਲਬਾਲਾ ਹੈ।ਹਡਾਣਾ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣਾ ਸਿਰਫ਼ ਇੱਕ ਸਿਆਸੀ ਫੈਸਲਾ ਨਹੀਂ ਹੈ, ਸਗੋਂ ਇਹ ਇੱਕ ਪਰਵਾਰ ਦਾ ਵਾਧਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਪਿੰਡ ਜਲਾਲਪੁਰ ਦੇ ਜਿਹੜੇ ਪਰਵਾਰਾਂ ਨੇ ਅੱਜ ਪਾਰਟੀ 'ਤੇ ਵਿਸ਼ਵਾਸ ਜਤਾਇਆ ਹੈ, ਉਨ੍ਹਾਂ ਨੂੰ ਪਾਰਟੀ ਅੰਦਰ ਪੂਰਾ ਮਾਨ-ਸਨਮਾਨ ਦਿੱਤਾ ਜਾਵੇਗਾ।ਇਸ ਸਮਾਗਮ ਵਿੱਚ ਹਲਕਾ ਸਨੌਰ ਦੀ ਸਮੁੱਚੀ ਲੀਡਰਸ਼ਿਪ, ਬਲਾਕ ਪ੍ਰਧਾਨ ਅਤੇ ਹੋਰ ਅਹੁਦੇਦਾਰ ਵੀ ਮੌਜੂਦ ਸਨ। ਅਖੀਰ ਵਿੱਚ, ਪਿੰਡ ਵਾਸੀਆਂ ਵੱਲੋਂ ਰਣਜੋਧ ਸਿੰਘ ਹਡਾਣਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

## ਸਰਕਾਰੀ ਕਾਲਜ ਕਾਲਾਂਵਾਲੀ 'ਚ ਹੋਏ ਵਿਦਿਆਰਥਣਾਂ ਦੇ ਕਲਾਤਮਕ ਮੁਕਾਬਲੇ

**ਸਿਰਸਾ (ਸੁਰਿੰਦਰ ਪਾਲ ਸਿੰਘ)-** ਸਰਕਾਰੀ ਕਾਲਜ ਕਾਲਾਂਵਾਲੀ ਦੇ ਪ੍ਰਿੰਸੀਪਲ ਡਾ.ਦਿਲਰਾਜ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਹੇਠ ਅਤੇ ਮਹਿਲਾ ਸੈੱਲ ਇੰਚਾਰਜ ਸੁਸ਼ਮਾ ਦੇਵੀ ਦੀ ਅਗਵਾਈ ਹੇਠ ਵਿਦਿਆਰਥਣਾਂ ਦੇ ਮਹਿੰਦੀ ਡਿਜ਼ਾਈਨ, ਲੇਖ ਲਿਖਣ,



ਪੋਸਟਰ ਮੇਕਿੰਗ ਅਤੇ ਭਾਸ਼ਣ ਮੁਕਾਬਲੇ ਮੁਕਾਬਲੇ ਕਰਵਾਏ ਗਏ। ਜਿਸ ਵਿਚ ਪ੍ਰੋਫੈਸਰ ਡਾ. ਰਾਮਲਾਲ ਬਲਜੋਤ, ਪ੍ਰੋਫੈਸਰ ਆਸ਼ਨਾ ਅਤੇ ਪ੍ਰੋਫੈਸਰ ਸੁਸ਼ਮਾ ਦੇਵੀ ਵਲੋ ਜੱਜਾਂ ਦੀ ਭੂਮਿਕਾ ਨਿਭਾਈ ਗਈ। ਪ੍ਰੋਫੈਸਰ ਡਾ. ਰਾਮਲਾਲ ਬਲਜੋਤ ਨੇ ਦੱਸਿਆ ਕਿ ਮਹਿੰਦੀ ਡਿਜ਼ਾਈਨ ਮੁਕਾਬਲੇ ਵਿੱਚ ਕਾਜਲ ਨੇ ਪਹਿਲਾ, ਸਾਹੀਨਾ ਨੇ ਦੂਜਾ ਅਤੇ ਜਸ਼ਨਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਲੇਖ ਲਿਖਣ ਵਿੱਚ ਸਾਹੀਨਾ ਨੇ ਪਹਿਲਾ, ਕਾਜਲ ਨੇ ਦੂਜਾ ਅਤੇ ਮਨਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਪੋਸਟਰ ਮੇਕਿੰਗ ਵਿੱਚ ਮਮਤਾ ਰਾਣੀ ਨੇ ਪਹਿਲਾ, ਦੀਆ ਗੁਪਤਾ ਨੇ ਦੂਜਾ ਅਤੇ ਕਾਜਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਭਾਸ਼ਣ ਮੁਕਾਬਲੇ ਵਿੱਚ ਮਨਪ੍ਰੀਤ ਕੌਰ ਨੇ ਪਹਿਲਾ, ਦੀਆ ਗੁਪਤਾ ਨੇ ਦੂਜਾ ਅਤੇ ਕੋਮਲ ਰਾਣੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰਾਂ ਮਮਤਾ ਰਾਣੀ, ਜਸਪ੍ਰੀਤ ਕੌਰ ਅਤੇ ਕਾਜਲ ਨੇ ਰੰਗੋਲੀ ਮੇਕਿੰਗ ਮੁਕਾਬਲੇ ਵਿੱਚ ਹਿੱਸਾ ਲਿਆ। ਸਟੇਜ ਸੰਚਾਲਕ ਪ੍ਰੋ: ਸੁਸ਼ਮਾ ਦੇਵੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਔਰਤਾਂ ਨੂੰ ਸਮਾਜ ਵਿੱਚ ਆਪਣੇ ਫਰਜ਼ਾਂ ਨੂੰ ਸਮਝਣਾ ਚਾਹੀਦਾ ਹੈ ਅਤੇ ਆਪਣੇ ਅਧਿਕਾਰਾਂ ਦੀ ਸਕਾਰਾਤਮਕ ਵਰਤੋਂ ਕਰਨੀ ਚਾਹੀਦੀ ਹੈ। ਪ੍ਰਿੰਸੀਪਲ ਦਿਲਰਾਜ ਸਿੰਘ ਨੇ ਸਮਾਜ ਵਿੱਚ ਮਹਿਲਾ ਸਿੱਖਿਆ ਦੀ ਮਹੱਤਤਾ 'ਤੇ ਚਾਨਣਾ ਪਾਇਆ ਅਤੇ ਮਹਿਲਾਵਾਂ ਨੂੰ ਜ਼ਿੰਦਗੀ ਵਿੱਚ ਵਿਗਿਆਨਕ ਢੰਗ ਨਾਲ ਸੰਘਰਸ਼ ਕਰਨ ਲਈ ਉਤਸ਼ਾਹਿਤ ਕੀਤਾ ਅਤੇ ਵਿਦਿਆਰਥਣਾ ਨੂੰ ਨਕਦ ਇਨਾਮ ਤਕਸੀਮ ਕੀਤੇ। ਇਸ ਮੌਕੇ ਪ੍ਰੋ: ਜਸਪਾਲ ਸਿੰਘ, ਪ੍ਰੋ: ਜਤਿੰਦਰ ਅਤੇ ਪ੍ਰੋਫੈਸਰ ਹਰਜੀਤ ਕੌਰ ਵਲੋਂ ਵੀ ਵਿਸ਼ੇਸ਼ ਭੂਮਿਕਾ ਨਿਭਾਈ ਗਈ।

## ਜ਼ੀਰਖ ਵਿਖੇ ਸ਼ੇਰ ਕੌਰ ਯਾਦਗਾਰੀ ਅੱਖਾਂ ਦਾ ਮੁਫ਼ਤ ਕੈਂਪ 8 ਨੂੰ

**ਲੁਧਿਆਣਾ (ਸਤੀਸ਼ ਸਚਦੇਵਾ)-** ਤਰਕਸ਼ੀਲ ਆਗੂ ਜਸਵੰਤ ਜ਼ੀਰਖ ਦੀ ਮਰਹੂਮ ਪਤਨੀ ਸ੍ਰੀਮਤੀ ਸ਼ੇਰ ਕੌਰ ਮੁੱਖ ਅਧਿਆਪਕਾ



ਦੀ ਯਾਦ ਵਿੱਚ ਨੌਵਾਂ ਅੱਖਾਂ ਦਾ ਸਲਾਨਾ ਫ੍ਰੀ ਮੈਡੀਕਲ ਕੈਂਪ 8 ਫਰਵਰੀ (ਐਤਵਾਰ) ਸਰਕਾਰੀ ਪ੍ਰਾਇਮਰੀ ਸਕੂਲ ਜ਼ੀਰਖ (ਲੁਧਿਆਣਾ) ਵਿਖੇ ਲੱਗ ਰਿਹਾ ਹੈ। ਇਸ ਕੈਂਪ ਵਿੱਚ ਹਰ ਸਾਲ ਦੀ ਤਰ੍ਹਾਂ ਸਵੇਰੇ 10 ਤੋਂ 2 ਵਜੇ ਤੱਕ ਅੱਖਾਂ ਦੇ ਵਿਸ਼ਵ ਪ੍ਰਸਿੱਧ ਡਾ ਰਮੇਸ਼ (ਐਮ ਡੀ ਅੱਖਾਂ) ਦੀ ਟੀਮ ਅੱਖਾਂ ਦੀਆਂ ਬਿਮਾਰੀਆਂ ਦੇ ਮੁਫ਼ਤ ਇਲਾਜ ਸਮੇਤ ਚਿੱਟੇ ਮੋਤੀਏ ਲਈ ਲੈਂਜ਼ ਪਾਉਣ ਯੋਗ ਮਰੀਜ਼ਾਂ ਦੀ ਚੋਣ ਕਰੇਗੀ। ਲੋੜਵੰਦਾਂ ਲਈ ਮੁਫ਼ਤ ਐਨਕਾਂ ਅਤੇ ਦਵਾਈਆਂ ਵੀ ਜ਼ੀਰਖ ਪਰਿਵਾਰ ਵੱਲੋਂ ਮੌਕੇ 'ਤੇ ਦਿੱਤੀਆਂ ਜਾਣਗੀਆਂ । ਲੈਂਜ਼ ਪਾਉਣ ਦੇ ਅਪ੍ਰੇਸ਼ਨ ਬਿਨਾਂ ਟਾਂਕਾ ਵਿਧੀ ਨਾਲ ਡਾ ਰਮੇਸ਼ ਦੇ ਪੁਨਰ ਜੋਤ ਸੁਪਰ ਸਪੈਸ਼ਲਿਟੀ ਹਸਪਤਾਲ ਭਾਈ ਰਣਧੀਰ ਸਿੰਘ ਨਗਰ ਲੁਧਿਆਣਾ ਵਿਖੇ ਕੀਤੇ ਜਾਣਗੇ।

## ਆਂਗਣਵਾੜੀ ਵਰਕਰਾਂ ਨੇ ਕੇਂਦਰੀ ਬਜਟ ਦੀਆਂ ਕਾਪੀਆਂ ਸਾੜੀਆਂ

**ਜਗਰਾਉਂ (ਸੰਜੀਵ ਅਰੋੜਾ)-** ਕੇਂਦਰੀ ਬਜਟ ਖਿਲਾਫ ਆਂਗਣਵਾੜੀ ਸੈਂਟਰ ਨੰਬਰ 136 ਪਿੰਡ ਮੱਲ੍ਹਾ ਵਿਖੇ ਆਂਗਣਵਾੜੀ ਵਰਕਰ ਨਿਰਮਲਜੀਤ ਕੌਰ ਦੀ ਅਗਵਾਈ ਹੇਠ ਬਜਟ ਦੀਆਂ ਕਾਪੀਆਂ ਸਾੜ ਕੇ ਰੋਸ ਜ਼ਾਹਰ ਕੀਤਾ ਗਿਆ। ਇਸ ਮੌਕੇ ਆਂਗਣਵਾੜੀ ਵਰਕਰ ਨੇ ਕਿਹਾ ਕਿ ਇਸ ਬਜਟ ਵਿੱਚ ਸਕੂਲ ਮਿਡ-ਡੇ ਮੀਲ ਸਕੀਮ ਅਤੇ ਨੈਸ਼ਨਲ ਹੈਲਥ ਮਿਸ਼ਨ ਵਰਗੀਆਂ ਬੁਨਿਆਦੀ ਸਮਾਜਿਕ ਸੇਵਾਵਾਂ ਦੀ ਇੰਫਰਾਸਟਰਕਚਰ ਅਤੇ ਸੇਵਾਵਾਂ ਦੀ ਗੁਣਵੱਤਾ ਸੁਧਾਰਨ ਲਈ ਕੋਈ ਗੰਭੀਰ ਵਾਧਾ ਨਹੀਂ ਕੀਤਾ ਗਿਆ। ਕੇਂਦਰ ਸਰਕਾਰ ਲੇਬਰ ਕੋਡਾਂ ਰਾਹੀਂ 'ਸਾਰੇ ਮਜ਼ਦੂਰਾਂ' ਨੂੰ ਘੱਟੋ-ਘੱਟ ਮਜ਼ਦੂਰੀ' ਦੇਣ ਦਾ ਦਾਅਵਾ ਕਰਦੀ ਹੈ, ਪਰ ਹਕੀਕਤ ਇਹ ਹੈ ਕਿ ਆਂਗਣਵਾੜੀ ਵਰਕਰਾਂ ਨੂੰ ਸਿਰਫ਼ 2700 ਰੁਪਏ ਪ੍ਰਤੀ ਮਹੀਨਾ, ਆਂਗਣਵਾੜੀ ਹੈਲਪਰਾਂ ਨੂੰ 1350 ਰੁਪਏ ਪ੍ਰਤੀ ਮਹੀਨਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਲ 2018 ਤੋਂ ਬਾਅਦ ਇਨ੍ਹਾਂ ਜ਼ਮੀਨੀ ਪੱਧਰ ਦੇ ਵਰਕਰਾਂ ਦੇ ਮਾਣਭੱਤੇ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ, ਜਦੋਂ ਕਿ ਇਹ ਵਰਕਰ ਲੋਕਾਂ ਨੂੰ ਖੁਰਾਕ, ਸਿਹਤ ਅਤੇ ਸਿੱਖਿਆ ਵਰਗੀਆਂ ਅਹਿਮ ਸੇਵਾਵਾਂ ਪਹੁੰਚਾਉਂਦੇ ਹਨ। ਆਸ਼ਾ ਵਰਕਰਾਂ ਨੂੰ ਸਿਰਫ਼ 1200 ਪ੍ਰਤੀ ਮਹੀਨਾ ਅਤੇ ਮਿਡ-ਡੇ ਮੀਲ



ਵਰਕਰਾਂ ਨੂੰ 600 ਪ੍ਰਤੀ ਮਹੀਨਾ ਦਿੱਤਾ ਜਾ ਰਿਹਾ ਹੈ, ਉਹ ਵੀ 2018 ਤੋਂ ਬਿਨਾਂ ਕਿਸੇ ਵਾਧੇ ਦੇ ਸਕੀਮ ਵਰਕਰਾਂ ਲਈ ਨਾ ਤਾਂ ਸਮਾਜਿਕ ਸੁਰੱਖਿਆ ਹੈ ਅਤੇ ਨਾ ਹੀ ਪੈਨਸ਼ਨ ਹੈ। ਸੁਪਰੀਮ ਕੋਰਟ ਦੇ 2022 ਦੇ ਫੈਸਲੇ ਅਨੁਸਾਰ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੂੰ ਗ੍ਰੈਚੂਟੀ ਮਿਲਣੀ ਚਾਹੀਦੀ ਹੈ, ਪਰ ਅਜੇ ਤੱਕ ਸਰਕਾਰ ਨੇ ਇਸ ਨੂੰ ਲਾਗੂ ਨਹੀਂ ਕੀਤਾ, ਜਦ ਕਿ ਉਹ ਫਿਕਸਡ ਟਰਮ ਕਰਮਚਾਰੀਆਂ ਨੂੰ ਗ੍ਰੈਚੂਟੀ ਦੇਣ ਦਾ ਦਾਅਵਾ ਕਰਦੀ ਹੈ। ਸੰਸਦ ਵਿੱਚ ਮਾਰਚ 2026 ਵਿੱਚ ਸਰਕਾਰ ਨੇ ਆਸ਼ਾ ਵਰਕਰਾਂ ਦਾ ਮਾਣਭੱਤਾ 2000 ਰੁਪਏ ਤੋਂ ਵਧਾ ਕੇ 3500 ਰੁਪਏ ਕਰਨ ਦਾ ਐਲਾਨ ਕੀਤਾ ਸੀ (ਰਾਜ ਹਿੱਸੇ ਸਮੇਤ), ਪਰ ਬਜਟ ਵਿੱਚ ਕੋਈ ਵਿੱਤੀ ਪ੍ਰਬੰਧ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਾਲ 2022 ਦੇ ਬਜਟ ਵਿੱਚ ਐਲਾਨ ਕੀਤੇ 14 ਲੱਖ ਰੁਪਏ ਵਿੱਚੋਂ 2 ਲੱਖ ਸਕਸ਼ਮ ਆਂਗਣਵਾੜੀਆਂ ਵਿੱਚੋਂ, ਚਾਰ ਸਾਲਾਂ ਵਿੱਚ ਸਿਰਫ਼ ਲਗਭਗ 60000 ਕੇਂਦਰ ਹੀ ਅਪਗਰੇਡ ਹੋਏ ਹਨ। ਇਹ ਬਜਟ ਮਜ਼ਦੂਰ ਵਰਗ ਦੇ ਮੁੱਦਿਆਂ, ਖ਼ਾਸ ਕਰਕੇ ਕੇਂਦਰ ਸਰਕਾਰ ਵੱਲੋਂ ਸਿੱਧੇ ਤੌਰ 'ਤੇ ਨਿਯੁਕਤ ਸਕੀਮ ਵਰਕਰਾਂ ਬਾਰੇ ਪੂਰੀ ਤਰ੍ਹਾਂ ਖਾਮੋਸ਼ ਹੈ। ਅੰਤ ਵਿਚ ਉਨ੍ਹਾਂ ਅਪੀਲ ਕੀਤੀ ਕਿ 12 ਫਰਵਰੀ ਨੂੰ ਹੋਣ ਵਾਲੀ ਭਾਰਤ ਵਿਆਪੀ ਆਮ ਹੜਤਾਲ ਨੂੰ ਕਾਮਯਾਬ ਬਣਾਉਣ ਲਈ ਪੂਰਨ ਹੜਤਾਲ ਦਾ ਹਿੱਸਾ ਬਣੋ। ਇਸ ਮੌਕੇ ਉਨ੍ਹਾਂ ਨਾਲ ਅੰਮ੍ਰਿਤਪਾਲ ਸ਼ਰਮਾ, ਅਮਨਜੀਤ ਕੌਰ, ਕਾਤਾ ਦੇਵੀ, ਜਸਵਿੰਦਰ ਕੌਰ, ਬਲਜੀਤ ਕੌਰ, ਮਨਜੀਤ ਕੌਰ, ਜਨਕ ਦੇਵੀ, ਬਲਜੀਤ ਕੌਰ ਸਿੱਧੂ, ਨਵਦੀਪ ਕੌਰ, ਨਿਰਮਲ ਕੌਰ ਤੇ ਸੁੱਖੀ ਸਿੰਘ ਆਦਿ ਹਾਜ਼ਰ ਸਨ।

## 'ਯੁੱਧ ਨਸ਼ਿਆਂ ਵਿਰੁੱਧ' ਮਹਿੰਮ ਤਹਿਤ ਪੁਲਸ ਵੱਲੋਂ ਮੀਟਿੰਗਾਂ ਦਾ ਦੌਰ

**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)** ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਵਿੱਢੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਫਰੀਦਕੋਟ ਪੁਲਿਸ ਪੂਰੀ ਤਰ੍ਹਾਂ ਸਰਗਰਮ ਨਜ਼ਰ ਆ ਰਹੀ ਹੈ। ਡੀ.ਜੀ.ਪੀ. ਪੰਜਾਬ ਸ੍ਰੀ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ਹੇਠ ਐਸ.ਐਸ.ਪੀ. ਫਰੀਦਕੋਟ ਡਾ. ਪ੍ਰਗਿਆ ਜੈਨ ਦੀ ਅਗਵਾਈ ਵਿੱਚ ਪੁਲਿਸ ਪ੍ਰਸ਼ਾਸਨ ਵੱਲੋਂ ਜਿਲ੍ਹੇ ਦੇ ਪਿੰਡਾਂ ਅਤੇ ਵਾਰਡ ਪੱਧਰ 'ਤੇ ਮੀਟਿੰਗਾਂ ਕਰਕੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕੀਤਾ ਜਾ ਰਿਹਾ ਹੈ। ਇਸ ਮੁਹਿੰਮ ਤਹਿਤ ਜਿਲ੍ਹੇ ਦੇ ਸਮੂਹ ਥਾਣਾ ਮੁੱਖੀਆਂ ਅਤੇ ਚੌਂਕੀ ਇੰਚਾਰਜਾਂ ਵੱਲੋਂ ਵਿਲੇਜ ਡਿਫੈਂਸ ਕਮੇਟੀਆਂ (ਵੀ.ਡੀ.ਸੀ.) ਅਤੇ ਵਾਰਡ ਰੱਖਿਆ ਕਮੇਟੀਆਂ ਦੇ ਮੈਂਬਰਾਂ ਨਾਲ ਵਿਸ਼ੇਸ਼ ਮੀਟਿੰਗਾਂ ਕੀਤੀਆਂ ਗਈਆਂ। ਇਹਨਾਂ



ਮੀਟਿੰਗਾਂ ਵਿੱਚ ਸਮਾਜਿਕ ਆਗੂਆਂ ਅਤੇ ਆਮ ਜਨਤਾ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਪੁਲਿਸ ਅਧਿਕਾਰੀਆਂ ਨੇ ਲੋਕਾਂ ਨੂੰ ਨਸ਼ਿਆਂ ਦੇ ਮਾੜੂ ਪ੍ਰਭਾਵਾਂ ਬਾਰੇ ਜਾਗਰੂਕ ਕਰਦਿਆਂ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਹਿਯੋਗ ਦੀ ਮੰਗ ਕੀਤੀ।ਮੀਟਿੰਗਾਂ ਦੌਰਾਨ ਪੁਲਿਸ ਵੱਲੋਂ ਕਮੇਟੀ ਮੈਂਬਰਾਂ ਪਾਸੋਂ ਨਸ਼ਾ ਵਿਰੋਧੀ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਅਹਿਮ ਸੁਝਾਅ ਵੀ ਲਏ ਜਾ ਰਹੇ ਹਨ। ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਫਰੀਦਕੋਟ ਪੁਲਿਸ ਜਿੱਥੇ ਨਸ਼ਾ ਤਸਕਰਾਂ ਖਿਲਾਫ਼ ਪੇਸ਼ੇਵਰਾਨਾ ਤਰੀਕੇ ਨਾਲ ਸਖ਼ਤ ਕਾਰਵਾਈ ਕਰ ਰਹੀ ਹੈ, ਉੱਥੇ ਹੀ ਨੌਜਵਾਨ ਪੀੜ੍ਹੀ ਨੂੰ ਇਸ ਦਲਦਲ ਵਿੱਚੋਂ ਕੱਢਣ ਲਈ ਸਮਾਜਿਕ ਸਹਿਯੋਗ ਨੂੰ ਪਹਿਲ ਦਿੱਤੀ ਜਾ ਰਹੀ ਹੈ।

## ਵਾਤਾਵਰਣ ਦੀ ਸੰਭਾਲ ਸੰਬੰਧੀ ਗਤੀਵਿਧੀਆਂ ਕਰਾਈਆਂ

**ਲਹਿਰਾਗਾਗਾ (ਪਵਨ ਸ਼ਰਮਾ)** ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਵੱਲੋਂ ਚਲਾਏ ਜਾ ਰਹੇ ਵਾਤਾਵਰਣ ਐਜੂਕੇਸ਼ਨ ਪ੍ਰੋਗਰਾਮ ਤਹਿਤ ਜ਼ਿਲ੍ਹਾ ਸਿੱਖਿਆ ਅਫ਼ਸਰ ਸੰਗਰੂਰ (ਸੈ.ਸਿ) ਮੈਡਮ ਤਰਵਿੰਦਰ ਕੌਰ ਤੇ ਉਪ ਜ਼ਿਲ੍ਹਾ ਅਫ਼ਸਰ ਸੰਗਰੂਰ (ਸੈ.ਸਿ) ਮੈਡਮ ਮਨਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਰਕਾਰੀ ਹਾਈ ਸਕੂਲ ਚੂੜਲ ਕਲਾਂ ਵਿਖੇ ਵਾਤਾਵਰਣ ਸੰਭਾਲ



ਸੰਬੰਧੀ ਗਤੀਵਿਧੀਆਂ ਕਰਾਈਆਂ ਗਈਆਂ। ਇਸ ਤਹਿਤ ਮਿਸ਼ਨ ਲਾਈਫ ਅਧੀਨ ਛੇਵੀਂ, ਸੱਤਵੀਂ ਤੇ ਨੌਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਪੁਰਾਣੇ ਵਰਤੋਂ ਵਿੱਚ ਨਾ ਆਉਣ ਵਾਲੇ ਕੱਪੜਿਆਂ ਦੇ ਥੈਲੇ ਬਣਾਏ ਗਏ।ਸੱਤਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਕੰਪੋਸਟ ਖਾਦ ਦੇ ਫਾਇਦਿਆਂ ਤੋਂ ਜਾਣੂ ਕਰਾਉਣ ਲਈ ਐਕਟੀਵਿਟੀ ਕਰਵਾਈ ਗਈ।ਇਸ ਮੌਕੇ ਸਕੂਲ ਦੀ ਸਭਾ ਵਿੱਚ ਪਲਾਸਟਿਕ ਦੀ ਵਰਤੋਂ ਨਾ ਕਰਨ ਸੰਬੰਧੀ ਸਹੁੰ ਚੁਕਾਈ ਗਈ। ਸਕੂਲ ਇੰਚਾਰਜ ਸ੍ਰੀਮਤੀ ਸੀਪ ਅਤੇ ਸਾਰੇ ਸਟਾਫ ਵੱਲੋਂ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ ਤੇ ਉਨ੍ਹਾਂ ਨੇ ਵਿਦਿਆਰਥੀਆਂ ਦੀ ਵਾਤਾਵਰਨ ਬਚਾਉਣ ਲਈ ਚੁੱਕੇ ਕਦਮ ਦੀ ਸ਼ਲਾਘਾ ਕੀਤੀ ਗਈ।

## ਹਲਕਾ ਵਿਧਾਇਕ ਡਾ. ਅਰੋੜਾ ਨੇ ਵਾਰਡ 1 ਦੀਆਂ ਛੇ ਗਲੀਆਂ 'ਚ ਇੰਟਰਲਾਕਿੰਗ ਟਾਈਲਾਂ ਲਗਾਉਣ ਦਾ ਕੀਤਾ ਉਦਘਾਟਨ

**ਮੋਗਾ (ਇਕਬਾਲ ਸਿੰਘ ਖਹਿਰਾ)-** ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਵਾਰਡ ਨੰਬਰ 1 ਵਿੱਚ ਸਾਉਣੀ ਵਾਲਾ ਰੋਡ ਅਤੇ ਇਸ ਨਾਲ ਲਗਦੀਆਂ 6 ਗਲੀਆਂ ਵਿੱਚ 49 ਲੱਖ ਦੀ ਲਾਗਤ ਨਾਲ ਇੰਟਰਲਾਕਿੰਗ ਟਾਈਲਾਂ ਅਤੇ ਇੱਟਾਂ ਲਗਾਉਣ ਦਾ ਉਦਘਾਟਨ ਕੀਤਾ। ਇਸ ਮੌਕੇ ਵਾਰਡ ਇੰਚਾਰਜ ਰਾਜੂ ਲੰਡੇਕੇ, ਕੌਂਸਲਰ ਜਸਵਿੰਦਰ ਸਿੰਘ ਕਾਕਾ, ਵਾਰਡ



ਨਿਵਾਸੀਆਂ ਅਤੇ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਸਮੇਤ ਮੌਜੂਦ ਸਨ। ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਦੱਸਿਆ ਕਿ ਮੋਗਾ ਸ਼ਹਿਰ ਦੇ ਵਾਰਡਾਂ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਚੱਲ ਰਹੇ ਹਨ ਅਤੇ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਵਾਰਡ ਨਿਵਾਸੀ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ, ਤਾਂ ਇਹ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ, ਜਿਸ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਇਸ ਮੌਕੇ ਵਾਰਡ ਇੰਚਾਰਜ ਰਾਜੂ ਲੰਡੇਕੇ, ਕੌਂਸਲਰ ਜਸਵਿੰਦਰ ਸਿੰਘ ਕਾਕਾ ਅਤੇ ਵਾਰਡ ਨਿਵਾਸੀਆਂ ਨੇ ਇਲਾਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੂੰ ਵਾਰਡ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਲਈ ਮਠਿਆਈ ਭੇਟ ਕਰਕੇ ਧੰਨਵਾਦ ਕੀਤਾ।

## ਬਾਬਾ ਫਰੀਦ ਸੰਸਥਾ ਲਾਮਿਸਾਲ ਕੰਮ ਕਰ ਰਹੀ : ਐੱਸ ਐੱਸ ਪੀ

**ਲੌਂਗੋਵਾਲ (ਪ੍ਰਦੀਪ ਸੱਪਲ)-** ਬਾਬਾ ਫਰੀਦ ਮੈਮੋਰੀਅਲ ਐਜੂਕੇਸ਼ਨ ਐਂਡ ਵੈਲਫੇਅਰ ਸੋਸਾਇਟੀ ਲੌਂਗੋਵਾਲ ਵੱਲੋਂ ਛੇ ਮਹੀਨਿਆਂ ਦੀ ਸਿਲਾਈ ਦੀ ਟ੍ਰੇਨਿੰਗ ਪੂਰਾ ਕਰਨ ਤੋਂ ਬਾਅਦ ਸਿਲਾਈ ਮਸ਼ੀਨਾਂ ਦੇ ਕੇ ਸਨਮਾਨਿਤ ਕੀਤਾ ਗਿਆ।ਸੰਸਥਾ ਪ੍ਰਧਾਨ



ਕਮਲਜੀਤ ਸਿੰਘ ਵਿੱਕੀ ਨੇ ਦੱਸਿਆ ਕਿ ਸੰਸਥਾ ਵੱਲੋਂ 25 ਲੜਕੀਆਂ ਨੂੰ ਛੇ ਮਹੀਨਿਆਂ ਦੀ ਟ੍ਰੇਨਿੰਗ ਤੋਂ ਬਾਅਦ ਆਪਣਾ ਕੰਮ ਕਰਨ ਲਈ ਸਿਲਾਈ ਮਸ਼ੀਨਾਂ ਦਿੱਤੀਆਂ ਗਈਆਂ ਹਨ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਐਸ ਐਸ ਪੀ ਸਰਤਾਜ ਸਿੰਘ ਚਾਹਲ ਨੇ ਲੜਕੀਆਂ ਨੂੰ ਆਪਣੇ ਕੰਮ ਵਿੱਚ ਨਿਪੁੰਨ ਕਰਨ ਦੇ ਨਾਲ ਸੋਸ਼ਲ ਮੀਡੀਆ ਤੋਂ ਸੁਚੇਤ ਰਹਿਣ ਬਾਰੇ ਦੱਸਿਆ ਅਤੇ ਉਹਨਾਂ ਸੰਸਥਾ ਵੱਲੋਂ ਕੀਤੇ ਜਾ ਰਹੇ ਕਾਰਜ ਦੀ ਸ਼ਲਾਘਾ ਵੀ ਕੀਤੀ। ਇਸ ਸਮੇਂ ਅਕਾਲ ਕੌਂਸਲ ਦੇ ਸਕੱਤਰ ਜਸਵੰਤ ਸਿੰਘ ਖਹਿਰਾ ਨੇ ਸੰਸਥਾ ਦੇ ਕਾਰਜ ਤੋਂ ਜਾਣੂ ਕਰਵਾਇਆ ਤੇ ਸੰਸਥਾ ਨੂੰ ਪੂਰਾ ਸਹਿਯੋਗ ਕਰਨ ਦਾ ਵਿਸ਼ਵਾਸ ਦਿਵਾਇਆ।ਪ੍ਰੋਫੈਸਰ ਪੀ ਕੇ ਜੈਨ ਨੇ ਸਰੋਤਿਆਂ ਨੂੰ ਕੁਝ ਨਵਾਂ ਕਰਨ ਦੀ ਪ੍ਰੇਰਨਾ ਦਿੱਤੀ। ਇੱਥੇ ਹਾਈ ਕੋਰਟ ਦੇ ਸੀਨੀਅਰ ਵਕੀਲ ਮਨਿੰਦਰ ਸਿੰਘ ਦਿਉਲ, ਪ੍ਰੋਫੈਸਰ ਮਨੋਜ ਕੁਮਾਰ, ਚਮਕੌਰ ਸਿੰਘ ਸ਼ਾਹਪੁਰ, ਭੋਲਾ ਸਿੰਘ ਸੰਗਰਾਮੀ, ਡਾ. ਗੁਲਸ਼ਨ ਜਾਵਾ ਅਤੇ ਇਸ ਦੇ ਨਾਲ ਵੱਖਰੀਆਂ-ਵੱਖਰੀਆਂ ਸੰਸਥਾਵਾਂ ਸੰਗਰਾਮੀ ਕਲਾ ਕੇਂਦਰ ਸ਼ਹੀਦ ਉਧਮ ਸਿੰਘ ਵਾਲਾ, ਪਵਨਯੋਗ ਮੇਕ ਬੈਟਰ ਫਾਊਂਡੇਸ਼ਨ ਸੰਗਰੂਰ, ਪਗੜੀ ਸੰਸਥਾ, ਉੱਨਤ ਭਾਰਤ ਅਭਿਆਨ ਸਲਾਈਟ, ਬਰਾਂਸ ਫਾਊਂਡੇਸ਼ਨ ਦਾ ਸਹਿਯੋਗ ਨਾਲ ਇਹ ਸਾਰੇ ਕਾਰਜ ਚੱਲ ਰਹੇ ਹਨ। ਇਸ ਦੇ ਨਾਲ ਸੰਸਥਾਵਾਂ ਵੱਲੋਂ ਬਜ਼ੁਰਗ ਸੇਵਾ ਸੁਸਾਇਟੀ ਲੌਂਗੋਵਾਲ ਅਤੇ ਸੰਸਥਾ ਦੇ ਵਲੰਟੀਅਰ ਦਾ ਸਨਮਾਨ ਕੀਤਾ। ਇਸ ਤੋਂ ਇਲਾਵਾ ਬਲਵਿੰਦਰ ਸਿੰਘ ਢਿੱਲੋਂ, ਗੁਰਮੀਤ ਸਿੰਘ ਫੌਜੀ (ਐਮ.ਸੀ), ਬਲਵੰਤ ਸਿੰਘ ਬੀਟਾ, ਇੰਜ. ਪ੍ਰਮੋਦ ਕੁਮਾਰ, ਪ੍ਰਿਤਪਾਲ ਸਿੰਘ ਬੱਟੂਹਾ ਆਦਿ ਸ਼ਾਮਲ ਸਨ।

## ਝਾੜ ਸਾਹਿਬ ਕਾਲਜ ਦੀ ਵਿਦਿਆਰਥਣ ਜੈਸਮੀਨ ਕੌਰ ਬਣੀ ਮਿਸ ਫੇਅਰਵੈੱਲ

**ਸਮਰਾਲਾ, (ਸੁਰਜੀਤ ਸਿੰਘ)-** ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਵਿਖੇ ਵਿਦਿਆਰਥਣਾਂ ਵੱਲੋਂ ਆਪਣੀਆਂ ਸੀਨੀਅਰ ਸਾਥਣਾਂ ਦੇ ਚੰਗੇ ਭਵਿੱਖ ਦੀ ਕਾਮਨਾ ਕਰਦੇ ਹੋਏ



ਕਾਲਜ ਵਿਖੇ ਵਿਦਾਇਗੀ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ ਦਾ ਰਸਮੀ ਉਦਘਾਟਨ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਕੀਤਾ।ਸਮਾਰੋਹ ਦਾ ਆਰੰਭ ਵਿਦਿਆਰਥਣ ਦਮਨਪ੍ਰੀਤ ਕੌਰ ਵੱਲੋਂ ਸਵਾਗਤੀ ਸ਼ਬਦਾਂ ਨਾਲ ਕੀਤਾ ਗਿਆ। ਉਪਰੰਤ ਰੰਗਾਰੰਗ ਪ੍ਰੋਗਰਾਮ 'ਚ ਗਰੁੱਪ ਡਾਂਸ, ਲੋਕ ਗੀਤ ਪੇਸ਼ ਕੀਤੇ ਗਏ। ਸੀਨੀਅਰ ਵਿਦਿਆਰਥਣਾਂ ਦੇ ਰੁਮਾਂਚਕ ਖੇਡ ਮੁਕਾਬਲੇ ਕਰਵਾਏ ਗਏ। ਸਭ ਤੋਂ ਰੁਮਾਂਚਕ ਮੁਕਾਬਲਾ ਪੇਪਰ ਡਾਂਸ ਰਿਹਾ ਜਿਸ ਵਿੱਚ ਅਮਨਦੀਪ ਕੌਰ ਅਤੇ ਸਿਮਰਨਦੀਪ ਕੌਰ ਜੇਤੂ ਰਹੀਆਂ। ਸਮਾਰੋਹ ਦਾ ਸਭ ਤੋਂ ਖਿੱਚ ਭਰਪੂਰ ਮੁਕਾਬਲਾ ਮਿਸ ਫੇਅਰਵੈੱਲ ਰਿਹਾ। ਜਿਸ ਵਿੱਚ ਜੈਸਮੀਨ ਕੌਰ (ਕਾਮਰਸ ਵਿਭਾਗ) ਮਿਸ ਫੇਅਰਵੈੱਲ ਚੁਣੀ ਗਈ। ਕਮਲਜੀਤ ਕੌਰ (ਸਾਇੰਸ ਵਿਭਾਗ) ਅਤੇ ਸਿਮਰਨਜੋਤ ਕੌਰ (ਆਰਟਸ ਵਿਭਾਗ) ਕ੍ਰਮਵਾਰ ਫਸਟ ਰਨਰਅੱਪ ਅਤੇ ਸੈਕਿੰਡ ਰਨਰਅੱਪ ਚੁਣੀਆਂ ਗਈਆਂ। ਜੱਜਾਂ ਦੀ ਭੂਮਿਕਾ ਮਿਸ ਸ਼ਹਿਨਾਜ਼ ਅਤੇ ਮਿਸ ਜੋਤੀ ਨੇ ਨਿਭਾਈ।ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥਣਾਂ ਨੂੰ ਲਗਨ ਅਤੇ ਮਿਹਨਤ ਨਾਲ ਆਪਣੇ ਉਦੇਸ਼ ਦੀ ਪ੍ਰਾਪਤੀ ਦੀ ਪ੍ਰੇਰਨਾ ਦਿੱਤੀ। ਉਨ੍ਹਾ ਕਾਲਜ ਵਿਖੇ ਚੱਲ ਰਹੇ ਕੋਰਸਾਂ ਆਰਟਸ, ਕਾਮਰਸ, ਮੈਡੀਕਲ ਅਤੇ ਨਾਨ ਮੈਡੀਕਲ ਤੋਂ ਇਲਾਵਾ ਬੀ.ਏ, ਬੀ.ਕਾਮ, ਬੀ.ਸੀ.ਏ, ਬੀ.ਐੱਸ.ਸੀ.ਐਫ.ਡੀ, ਪੀ.ਜੀ.ਡੀ. ਸੀ.ਏ ਅਤੇ ਐੱਮ.ਐੱਸ.ਸੀ.ਆਈ.ਟੀ ਬਾਰੇ ਦੱਸਿਆ।ਇਸ ਮੌਕੇ ਸਮੂਹ ਸਟਾਫ ਮੈਂਬਰ ਮੌਜੂਦ ਸਨ।

## ਪਿੰਡਾਂ ਤੇ ਸ਼ਹਿਰਾਂ ਦੇ ਵਾਰਡਾਂ 'ਚ ਬਣ ਰਹੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਾਸੀਆਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ।ਇਸੇ ਤਹਿਤ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਲਗਾਤਾਰ ਹਲਕੇ ਦੇ ਪਿੰਡ ਝੋਕ ਡਿਪੂਲਾਣਾ, ਪਿੰਡ ਲਾਧੂਕਾ ਤੇ ਕੌੜਿਆਂ ਵਾਲੀ ਵਿਖੇ ਪਹੁੰਚ ਕੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਣ ਰਹੇ ਸਿਹਤ ਯੋਜਨਾ ਦੇ ਬਣ ਰਹੇ ਕਾਰਡਾਂ ਦਾ ਨਿਰੀਖਣ ਕੀਤਾ। ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਹਲਕੇ ਦੇ ਪਿੰਡ-ਪਿੰਡ ਤੇ ਵਾਰਡ ਵਾਰਡ ਬਣ ਰਹੇ ਹਨ ਤੇ ਲੋਕ ਆਪਣੇ ਵੋਟ ਕਾਰਡ ਤੇ ਆਧਾਰ ਕਾਰਡ ਰਾਹੀਂ ਆਪਣਾ ਮੁੱਖ ਮੰਤਰੀ ਸਿਹਤ ਯੋਜਨਾ ਦਾ ਕਾਰਡ ਬਣਵਾ ਸਕਦੇ ਹਨ।ਉਨ੍ਹਾਂ ਕਿਹਾ ਕਿ ਕਾਰਡ ਬਣਨ ਤੋਂ ਬਾਅਦ ਸਰਕਾਰੀ ਤੇ ਰਜਿਸਟਰਡ ਪ੍ਰਾਈਵੇਟ ਹਸਪਤਾਲਾਂ ਵਿੱਚ ਹਰੇਕ ਪਰਵਾਰ ਦਾ ਸਾਲਾਨਾ 10 ਲੱਖ ਰੁਪਏ ਦਾ ਇਲਾਜ ਮੁਫ਼ਤ ਹੋਵੇਗਾ। ਵਿਧਾਇਕ ਸਵਨਾ ਨੇ ਕਿਹਾ ਕਿ ਇਸ ਮਹੱਤਵਪੂਰਨ ਯੋਜਨਾ ਨਾਲ ਪੰਜਾਬ ਦੇ ਹਰ ਵਰਗ ਦੇ ਲੋਕਾਂ ਨੂੰ ਵੱਡਾ ਲਾਭ ਮਿਲ ਰਿਹਾ ਹੈ। ਉਨ੍ਹਾਂ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਆਪਣੀ ਰਜਿਸਟ੍ਰੇਸ਼ਨ ਜ਼ਰੂਰ ਕਰਾਉਣ।

## 'ਆਪ' ਬੀ ਸੀ ਵਿੰਗ ਜ਼ਿਲ੍ਹਾ ਪ੍ਰਧਾਨ ਬਣੇ ਮਨਿੰਦਰ ਸਿੰਘ ਫਰਾਂਸਵਾਲਾ

**ਦੇਵੀਗੜ੍ਹ, (ਰਾਜਿੰਦਰ ਸਿੰਘ ਥਿੰਦ)** ਆਮ ਆਦਮੀ ਪਾਰਟੀ ਵਲੋਂ ਸੰਗਠਨ ਨੂੰ ਹੋਰ ਮਜਬੂਤ ਕਰਨ ਦੇ ਮੱਦੇਨਜ਼ਰ ਮਨਿੰਦਰ ਸਿੰਘ ਫਰਾਂਸਵਾਲਾ ਨੂੰ ਬੀ.ਸੀ. ਜ਼ਿਲ੍ਹਾ ਪਟਿਆਲਾ ਦਾ ਪ੍ਰਧਾਨ



ਨਿਯੁਕਤ ਕੀਤਾ ਗਿਆ।ਨਵੀਂ ਜ਼ਿੰਮੇਵਾਰੀ ਮਿਲਣ ਉਪਰੰਤ ਮਨਿੰਦਰ ਸਿੰਘ ਫਰਾਂਸ ਵਾਲਾ ਨੇ ਪਾਰਟੀ ਦੀ ਕੇਂਦਰੀ ਅਤੇ ਸੂਬਾਈ ਲੀਡਰਸ਼ਿਪ ਦਾ ਧੰਨਵਾਦ ਕੀਤਾ।ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵਲੋਂ ਮਨਿੰਦਰ ਸਿੰਘ ਫਰਾਂਸ ਵਾਲਾ ਦਾ ਮੂੰਹ ਮਿੱਠਾ ਕਰਾਇਆ ਗਿਆ। ਫਰਾਂਸਵਾਲਾ ਨੇ ਭਰੋਸਾ ਦਿੰਦਿਆਂ ਕਿਹਾ ਕਿ ਉਹ ਹਲਕਾ ਸਨੌਰ ਅੰਦਰ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੇ ਸਰਕਾਰ ਦੀਆਂ ਲੋਕ ਹਿਤੈਸ਼ੀ ਯੋਜਨਾਵਾਂ ਨੂੰ ਘਰ-ਘਰ ਤੱਕ ਪੁਚਾਉਣ ਆਪਣੇ ਫ਼ਰਜ਼ ਨਿਭਾਉਣਗੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਏ ਗਏ ਲੋਕ-ਹਿਤੈਸ਼ੀ ਫ਼ੈਸਲੇ ਸ਼ਲਾਘਾਯੋਗ ਹਨ ਤੇ ਇਨ੍ਹਾਂ ਫ਼ੈਸਲਿਆਂ ਸੰਬੰਧੀ ਆਮ ਲੋਕਾਂ ਨੂੰ ਜਾਗਰੂਕ ਕਰਨਾ ਪਾਰਟੀ ਦਾ ਮੁੱਖ ਨਿਸ਼ਾਨਾ ਹੈ, ਜਿਸ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਕੇ ਨੌਜਵਾਨਾਂ ਤੇ ਆਮ ਲੋਕਾਂ ਨੂੰ ਪਾਰਟੀ ਨਾਲ ਜੋੜਿਆ ਜਾਵੇਗਾ।

## ਪੰਜਵਾਂ ਡਾ. ਆਤਮ ਹਮਰਾਹੀ ਯਾਦਗਾਰੀ ਸਨਮਾਨ ਸਮਾਗਮ 11 ਨੂੰ

**ਲੁਧਿਆਣਾ :** ਚਿੰਤਨਸ਼ੀਲ ਸਾਹਿਤਧਾਰਾ ਅਤੇ ਡਾ. ਆਤਮ ਹਮਰਾਹੀ ਯਾਦਗਾਰੀ ਮੰਚ ਵਲੋਂ ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਸਹਿਯੋਗ ਨਾਲ ਡਾ. ਆਤਮ ਹਮਰਾਹੀ ਦੇ 91ਵੇਂ ਜਨਮ ਦਿਨ ਮੌਕੇ ਪੰਜਵਾਂ ਡਾ. ਆਤਮ ਹਮਰਾਹੀ ਯਾਦਗਾਰੀ ਪੁਰਸਕਾਰ ਸਮਾਗਮ 11 ਫ਼ਰਵਰੀ, ਦਿਨ ਬੁੱਧਵਾਰ ਨੂੰ ਸਵੇਰੇ 10.30 ਵਜੇ ਪੰਜਾਬੀ ਭਵਨ, ਲੁਧਿਆਣਾ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਚਿੰਤਨਸ਼ੀਲ ਸਾਹਿਤਧਾਰਾ ਅਤੇ ਡਾ ਆਤਮ ਰਾਹੀ ਯਾਦਗਾਰੀ ਮੰਚ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਦਿੱਤੀ। ਮੰਚ ਦੀ ਡਾਇਰੈਕਟਰ ਸ੍ਰੀਮਤੀ ਮਨਦੀਪ ਕੌਰ ਭੰਮਰਾ ਨੇ ਦੱਸਿਆ ਕਿ ਸਮਾਗਮ ਦੀ ਪ੍ਰਧਾਨਗੀ ਉੱਘੇ ਚਿੰਤਕ ਅਤੇ ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਸਾਬਕਾ ਪ੍ਰਧਾਨ ਡਾ. ਸੁਖਦੇਵ ਸਿੰਘ ਸਿਰਸਾ ਕਰਨਗੇ। ਸਮਾਗਮ ਦੇ ਮੁੱਖ ਮਹਿਮਾਨ ਸ. ਗੁਰਮੀਤ ਸਿੰਘ ਖੁੱਡੀਆਂ, ਖੇਤੀਬਾੜੀ ਮੰਤਰੀ, ਪੰਜਾਬ ਸਰਕਾਰ ਅਤੇ ਵਿਸ਼ੇਸ਼ ਮਹਿਮਾਨ ਸ੍ਰੀਮਤੀ ਇੰਦਰਜੀਤ ਕੌਰ, ਮੇਅਰ ਲੁਧਿਆਣਾ, ਸ. ਗੁਰਮੀਤ ਸਿੰਘ ਕੁਲਾਰ ਅਤੇ ਸ. ਸਤਿਬੀਰ ਸਿੰਘ ਹੋਣਗੇ। ਮੰਚ ਦੀ ਜਨਰਲ ਸਕੱਤਰ ਸੁਰਿੰਦਰ ਦੀਪ ਕੌਰ ਨੇ ਦੱਸਿਆ ਕਿ ਪੰਜਵਾਂ ਡਾ. ਆਤਮ ਹਮਰਾਹੀ ਯਾਦਗਾਰੀ ਸਨਮਾਨ ਸ੍ਰੀ ਬੀਬਾ ਬਲਵੰਤ, ਸ. ਰਣਜੋਧ ਸਿੰਘ, ਡਾ. ਚਰਨ ਕਮਲ ਸਿੰਘ, ਡਾ. ਨਵਰਾਜ ਸਿੰਘ ਮੋਗਾ, ਸ੍ਰੀਮਤੀ ਇੰਦਰਜੀਤ ਪਾਲ ਕੌਰ ਅਤੇ ਸ੍ਰੀਮਤੀ ਅਮਰਪ੍ਰੀਤ ਕੌਰ ਸੰਘਾ ਨੂੰ ਦਿੱਤਾ ਜਾ ਰਿਹਾ ਹੈ।

## ਕਲੇਰ ਵੱਲੋਂ ਪਾਰਟੀ ਦੀ ਮਜ਼ਬੂਤੀ ਲਈ ਯੂਥ ਵਰਕਰਾਂ ਨੂੰ ਤਕੜੇ ਹੋਣ ਦਾ ਸੱਦਾ

**ਬੱਧਨੀ ਕਲਾਂ, (ਲਵਲੀ ਕੁਮਾਰ)** ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਲਈ ਨੌਜਵਾਨਾਂ ਦੇ ਮੋਢਿਆਂ 'ਤੇ ਅਹਿਮ ਜ਼ਿੰਮੇਵਾਰੀ ਦਾ ਅਹਿਸਾਸ ਹੋਣਾ ਲਾਜ਼ਮੀ ਹੈ।ਇਹ ਪ੍ਰਤੀਕਿਰਿਆ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਐਸ.ਆਰ.ਕਲੇਰ ਨੇ ਅੱਜ ਯੂਥ ਅਕਾਲੀ ਦਲ ਦੀ ਹੋਈ ਭਰਵੀਂ ਬੈਠਕ ਦੌਰਾਨ ਕੀਤੀ।ਸ਼੍ਰੋਮਣੀ ਅਕਾਲੀ ਦਲ (ਬਾਦਲ) ਯੂਥ ਵਿੰਗ ਦੇ ਕੋਰ ਕਮੇਟੀ ਮੈਂਬਰ ਸੰਦੀਪ ਸਿੰਘ ਮੱਲ੍ਹਾ ਦੀ ਅਗਵਾਈ ਹੇਠ ਹੋਈ। ਮੀਟਿੰਗ ਨੇ ਵੱਡੇ ਜਲਸੇ ਦਾ ਰੂਪ ਧਾਰਨ ਕਰ ਲਿਆ ਤੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਯੂਥ ਵਰਕਰਾਂ ਨੇ ਪਾਰਟੀ ਦੀ ਮਜਬੂਤੀ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪੁਚਾਉਣ ਦਾ ਸੰਕਲਪ ਦ੍ਰਿੜ ਕੀਤਾ। ਇਸ ਮੌਕੇ ਐਸ ਆਰ ਕਲੇਰ ਨੇ ਆਖਿਆ ਕਿ ਸੂਬੇ ਦੇ ਆਪ ਸਰਕਾਰ ਸੂਬੇ ਦੇ ਨੌਜਵਾਨਾਂ ਦੇ ਭਵਿੱਖ ਪ੍ਰਤੀ ਪੂਰੀ ਤਰਾਂ ਸੁਹਿਰਦ ਨਹੀ ਹੈ।ਉਨ੍ਹਾਂ ਆਖਿਆ ਕਿ ਅੱਜ ਹਜ਼ਾਰਾਂ ਨੌਕਰੀਆਂ ਦੇਣ ਦੇ ਝੂਠੇ ਦਾਅਵਿਆਂ ਨੇ ਸੱਤਾ 'ਤੇ ਕਾਬਜ਼ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਪੋਲ ਖੋਲ੍ਹਕੇ ਰੱਖ ਦਿੱਤੀ ਹੈ, ਜਿਸ ਨਾਲ ਪੰਜਾਬ ਦੇ ਨੌਜਵਾਨਾਂ ਦੇ ਮਨਾਂ ਵਿਚ ਸਖਤ ਰੋਸ ਹੈ।ਸ੍ਰੀ ਕਲੇਰ ਨੇ ਆਖਿਆ ਕਿ ਦਿੱਲੀ ਨੇ ਬਦਲਾਅ ਦੇ ਨਾਂ ਹੇਠ ਪੰਜਾਬ ਦੇ ਨੌਜਵਾਨਾਂ ਨੂੰ ਅਜਿਹਾ ਵਰਗਲਾਇਆ ਕਿ ਅੱਜ ਸੂਬੇ ਦਾ ਨੌਜਵਾਨ ਆਪਣੇ ਆਪ ਨੂੰ ਲੁੱਟਿਆ ਹੋਇਆ ਮਹਿਸੂਸ ਕਰ ਰਿਹਾ ਹੈ। ਸ੍ਰੀ ਕਲੇਰ ਨੇ ਇਲਾਕੇ ਦੇ ਨੌਜਵਾਨਾਂ ਨੂੰ ਚੇਤੰਨ ਕਰਦਿਆਂ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਹੀ ਨਵੀਂ ਪੀੜ੍ਹੀ ਦੇ ਭਵਿੱਖ ਦਾ ਰੌਸ਼ਨ ਸਿਤਾਰਾ ਹੈ, ਜਿਸਨੇ ਨੌਜਵਾਨਾਂ ਨੂੰ ਰੁਜ਼ਗਾਰ ਦੇ ਅਸੀਮ ਮੌਕੇ ਪ੍ਰਦਾਨ ਕੀਤੇ ਹਨ।ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਆਖਿਆ ਕਿ ਅੱਜ ਸੂਬੇ ਦੀ ਸਰਕਾਰ ਗੈਂਗਸਟਰ ਕਲਚਰ ਦੇ ਨਾਂ ਹੇਠ ਪੰਜਾਬ ਦੀ ਜਵਾਨੀ ਦਾ ਇਨਕਾਊਂਟਰ ਕਰਕੇ ਹਸਦੇ ਵਸਦੇ ਘਰਾਂ ਦੇ ਚਿਰਾਗ ਬੁਝਾ ਰਹੀ ਹੈ।



## ਗਹਿਲ 'ਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ



**ਹਠੂਰ (ਨਛੱਤਰ ਸੰਧੂ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਬਿਹਤਰ ਤੇ ਮੁਫ਼ਤ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਨੂੰ ਹੇਠਲੇ ਪੱਧਰ 'ਤੇ ਪੁਚਾਉਣ ਲਈ ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਪਿੰਡ ਗਹਿਲ ਵਿੱਚ ਭਾਰਤੀ ਮੁਹਿੰਮ ਸ਼ੁਰੂ ਕੀਤੀ ਗਈ। ਹਲਕੇ ਦੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਵੱਲੋਂ ਹਰੀ ਝੰਡੀ ਦੇ ਕੇ ਕੰਮ ਸ਼ੁਰੂ ਕੀਤਾ ਗਿਆ।ਬਲਾਕ ਸੰਮਤੀ ਮੈਂਬਰ ਬਰਜਿੰਦਰਪਾਲ ਪੁਨੀਤ ਮਾਨ ਤੇ ਬਲਾਕ ਪ੍ਰਧਾਨ ਪ੍ਰਿਤਪਾਲ ਸਿੰਘ ਮਾਨ ਗਹਿਲ ਦੇ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਰ ਨਾਗਰਿਕ ਨੂੰ ਮਿਆਰੀ ਸਿਹਤ ਸੇਵਾਵਾਂ ਦੇ ਘੇਰੇ ਵਿੱਚ ਲਿਆਉਣਾ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਹੁਣ ਲੋਕਾਂ ਨੂੰ ਹੈਲਥ ਕਾਰਡ ਬਣਾਉਣ ਲਈ ਸਰਕਾਰੀ ਦਫ਼ਤਰਾਂ ਦੇ ਚੱਕਰ ਨਹੀਂ ਕੱਟਣੇ ਪੈਣਗੇ, ਸਗੋਂ ਵਿਸ਼ੇਸ਼ ਟੀਮਾ ਰਾਹੀਂ ਘਰ-ਘਰ ਜਾ ਕੇ ਇਹ ਕਾਰਡ ਬਣਾਏ ਜਾਣਗੇ ਤਾਂ ਜੁ ਕੋਈ ਵੀ ਯੋਗ ਲਾਭਪਾਤਰੀ ਇਸ ਸਹੂਲਤ ਤੋਂ ਵਾਞਾਂ ਨਾ ਰਹਿ ਸਕੇ। ਉਨ੍ਹਾਂ ਅੱਗੇ ਕਿਹਾ ਕਿ ਇਹ 10 ਲੱਖ ਰੁਪਏ ਦਾ ਸਿਹਤ ਬੀਮਾ ਆਮ ਪਰਵਾਰਾਂ ਲਈ ਇਕ ਵੱਡੀ ਰਾਹਤ ਸਾਬਤ ਹੋਵੇਗਾ, ਜਿਸ ਨਾਲ ਗੰਭੀਰ ਬਿਮਾਰੀਆਂ ਦਾ ਬਿਨਾਂ ਕਿਸੇ ਵਿਤੀ ਬੋਜ ਚੋਣਵੇਂ ਸਰਕਾਰੀ ਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਕਰਾ ਸਕਦੇ ਹਨ।

## ਦੇਸ਼ ਇਤਿਹਾਸਕ ਗ੍ਰੋਥ ਰੇਟ ਨਾਲ ਮਜ਼ਬੂਤ ਹੋ ਰਿਹਾ : ਮਲੂਕਾ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ 'ਚ ਭਾਰਤ ਲਗਾਤਾਰ ਆਰਥਿਕ ਤੌਰ 'ਤੇ ਮਜ਼ਬੂਤ ਹੋ ਰਿਹਾ ਹੈ। ਦੇਸ਼ 7% ਦੇ ਇਤਿਹਾਸਕ ਗ੍ਰੋਥ ਰੇਟ ਨਾਲ ਆਰਥਿਕ ਪੱਖੋਂ ਮਜ਼ਬੂਤ ਹੋ ਰਿਹਾ ਹੈ। ਇਸ ਵਾਰ ਖ਼ਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਵੱਲੋਂ ਪੇਸ਼ ਕੀਤਾ ਗਿਆ ਬਜਟ ਇਸੇ ਕੜੀ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਵਾਲਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਬਠਿੰਡਾ ਦਿਹਾਤੀ ਗੁਰਪ੍ਰੀਤ ਸਿੰਘ ਮਲੂਕਾ ਨੇ ਕੇਂਦਰੀ ਬਜਟ ਦੀ ਸ਼ਲਾਘਾ ਕਰਦਿਆਂ ਕੀਤਾ। ਮਲੂਕਾ ਨੇ ਕਿਹਾ ਕਿ ਬੱਜਟ ਜਿੱਥੇ ਹਰ ਭਾਰਤੀ ਨੂੰ ਮੁੱਢਲੀਆਂ ਜ਼ਰੂਰਤਾਂ ਦੀ ਪੂਰਤੀ 'ਚ ਸਹਾਈ ਹੋਣ ਵਾਲਾ ਹੈ, ਉਥੇ ਦੇਸ਼ ਨੂੰ ਵੀ ਆਰਥਿਕ ਤੌਰ 'ਤੇ ਮਜਬੂਤ ਕਰਨ ਵਾਲਾ ਹੈ। ਇਸ ਤੋਂ ਇਲਾਵਾ ਅੰਤਰਰਾਸ਼ਟਰੀ ਪੱਧਰ ਤੇ ਵੀ ਭਾਰਤ ਨਵੇਂ ਮੁਕਾਮ ਹਾਸਲ ਕਰੇਗਾ। ਮੁੱਖ ਤੌਰ 'ਤੇ ਆਮ ਲੋਕਾਂ ਨੂੰ ਜਾਨਲੇਵਾ ਬਿਮਾਰੀਆਂ ਤੋਂ ਬਚਾਉਣ ਲਈ ਨਵੇਂ ਉਪਰਾਲੇ ਕੀਤੇ ਜਾਣਗੇ। ਜਿਗਰ, ਗੁਰਦੇ, ਦਿਲ ਤੇ ਸ਼ੂਗਰ ਵਰਗੀਆਂ ਬਿਮਾਰੀਆਂ ਦੀ ਜਾਂਚ ਅਤੇ ਮੁੱਢਲੇ ਇਲਾਜ ਲਈ ਬਜਟ 'ਚ ਫੰਡ ਰਾਖਵੇਂ ਰੱਖੇ ਗਏ ਹਨ। ਦਿੱਲੀ ਵਾਰਨਸੀ ਤੋਂ ਇਲਾਵਾ ਦੇਸ਼ 'ਚ 6 ਹਾਈ ਸਪੀਡ ਰੇਲ ਕੋਰੀਡਰ ਬਣਾਏ ਜਾਣਗੇ। ਘਰੇਲੂ ਉਦਯੋਗ ਨੂੰ ਹੁਲਾਰਾ ਦੇਣ ਤੇ ਦੇਸ਼ ਨੂੰ ਆਤਮ ਨਿਰਭਰ ਬਣਾਉਣ ਲਈ ਜਹਾਜ਼ਾਂ ਦੀ ਮੁਰੰਮਤ ਲਈ ਉਦਯੋਗ ਸਥਾਪਤ ਕੀਤੇ ਜਾਣਗੇ। ਇਸ ਤੋਂ ਇਲਾਵਾ ਕੰਮ ਕਰਨ ਤੇ ਪੜ੍ਹਾਈ ਕਰਨ ਵਾਲੀਆਂ ਲੜਕੀਆਂ ਲਈ ਹਰ ਜ਼ਿਲ੍ਹੇ 'ਚ ਗਰਲ ਹੋਸਟਲ ਬਣਾਉਣ ਦੀ ਵੀ ਤਜਵੀਜ਼ ਰੱਖੀ ਗਈ ਹੈ। ਉਦਯੋਗਾਂ ਨੂੰ ਸਮੇਂ ਦੇ ਹਾਣੀ ਤੇ ਪ੍ਰਦੂਸ਼ਣ ਮੁਕਤ ਕਰਨ ਲਈ 20000 ਕਰੋੜ ਰੁਪਏ ਵੀ ਰੱਖੇ ਗਏ ਹਨ। ਰਾਜਾਂ ਦੇ ਵਿਕਾਸ ਲਈ 16 ਵਿਤ ਕਮਿਸ਼ਨ ਨੂੰ ਮਨਜ਼ੂਰ ਕਰਕੇ 14 ਲੱਖ ਕਰੋੜ ਰੁਪਏ ਰਾਜਾਂ ਨੂੰ ਜਾਰੀ ਕੀਤੇ ਜਾਣਗੇ।



## ਬੂਟਾ ਮੌਲਵੀਵਾਲਾ ਵੱਲੋਂ ਸਚਿਨ ਪਾਇਲਟ ਨਾਲ ਮੁਲਾਕਾਤ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਸਾਬਕਾ ਸਰਪੰਚ ਦਵਿੰਦਰਦੀਪ ਸਿੰਘ ਬੂਟਾ ਮੌਲਵੀਵਾਲਾ ਵੱਲੋਂ ਆਲ ਇੰਡੀਆ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਤੇ ਸਾਬਕਾ ਡਿਪਟੀ ਮੁੱਖ ਮੰਤਰੀ ਰਾਜਸਥਾਨ ਸਚਿਨ ਪਾਇਲਟ ਨਾਲ ਮੁਲਾਕਾਤ ਕਰਕੇ ਰਾਜਨੀਤੀ ਸੰਬੰਧੀ ਚਰਚਾ



ਕੀਤੀ ਗਈ।ਇਸ ਦੌਰਾਨ ਸਚਿਨ ਪਾਇਲਟ ਵੱਲੋਂ ਬੂਟਾ ਮੌਲਵੀਵਾਲਾ ਨੂੰ ਥਾਪੜਾ ਦਿੰਦਿਆਂ ਸੂਬੇ ਅੰਦਰ ਕਾਂਗਰਸ ਦੀ ਮਜਬੂਤੀ ਲਈ ਵਧ ਚੜ੍ਹ ਕੇ ਕੰਮ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ। ਕਾਂਗਰਸੀ ਆਗੂ ਦਵਿੰਦਰਦੀਪ ਸਿੰਘ ਬੂਟਾ ਮੌਲਵੀਵਾਲਾ ਨੇ ਦੱਸਿਆ ਕਿ ਰਾਹੁਲ ਗਾਂਧੀ ਦੀ ਅਗਵਾਈ 'ਚ ਕਾਂਗਰਸ ਲਗਾਤਾਰ ਮਜਬੂਤ ਹੋ ਰਹੀ ਹੈ, ਕਿਉਂਕਿ ਦੇਸ਼ ਦੇ ਲੋਕ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਤੋਂ ਅੱਕ ਚੁੱਕੇ ਹਨ। ਭਾਜਪਾ ਦੇਸ਼ ਨੂੰ ਫ਼ਿਰਕੂ ਆਧਾਰ ਉੱਤੇ ਵੰਡ ਕੇ ਸੌੜੀ ਰਾਜਨੀਤੀ ਕਰ ਰਹੀ ਹੈ। ਭਾਜਪਾ ਵੱਲੋਂ ਧਾਰਮਿਕ ਆਧਾਰ ਉੱਤੇ ਅਜਿਹੀਆਂ ਵੰਡੀਆਂ ਪਾਉਣ ਨਾਲ ਲੋਕਤੰਤਰ ਲਈ ਖਤਰਾ ਖੜਾ ਹੋ ਗਿਆ ਹੈ।ਕਾਂਗਰਸ ਦੇ ਕੇਂਦਰੀ ਆਗੂ ਸਚਿਨ ਪਾਇਲਟ ਨਾਲ ਮੁਲਾਕਾਤ ਦਾ ਜ਼ਿਕਰ ਕਰਦਿਆਂ ਉਹਨਾਂ ਕਿਹਾ ਕਿ ਅਜਿਹੇ ਰੌਸ਼ਨ ਦਿਮਾਗ ਵਾਲੇ ਆਗੂਆਂ ਦੇ ਹੁੰਦਿਆਂ ਕਾਂਗਰਸ ਕਦੇ ਵੀ ਕਮਜ਼ੋਰ ਨਹੀਂ ਹੋ ਸਕਦੀ ਤੇ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਮਜਬੂਤ ਹੋ ਕੇ ਨਿਕਲੇਗੀ।ਅਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਕੇਂਦਰੀ ਆਗੂਆਂ ਮਿਲ ਹਦਾਇਤਾਂ ਤਹਿਤ ਉਹ ਪਾਰਟੀ ਦੀ ਮਜਬੂਤੀ ਲਈ ਸਰਗਰਮੀ ਨਾਲ ਕੰਮ ਕਰਨਗੇ।

## ਭਾਜਪਾ ਦੀ ਪੰਜੋਲਾ ਵਾਲੀ ਰੈਲੀ 'ਚ ਹਜ਼ਾਰਾਂ ਲੋਕ ਸ਼ਾਮਲ ਹੋਣਗੇ : ਪੂਨੀਆਂ

**ਸਨੌਰ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)** ਪਿੰਡ ਪੰਜੋਲਾ ਦੀ ਦਾਣਾ ਮੰਡੀ ਵਿਖੇ ਭਾਜਪਾ ਦੀ 6 ਫਰਵਰੀ ਨੂੰ ਹੋਣ ਵਾਲੀ ਵਿਸ਼ਾਲ ਰੈਲੀ ਦਾ ਜਾਇਜ਼ਾ ਲੈਣ ਲਈ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਸਲਾਹਕਾਰ ਅਸ਼ੋਕ ਗੁੱਜਰ ਡਾਂਡ ਤੇ ਵਿਧਾਨ ਸਭਾ



ਹਲਕਾ ਸਨੌਰ ਤੋਂ ਬਜਪਾ ਦੀ ਟਿਕਟ ਦੇ ਮਜ਼ਬੂਤ ਦਾਅਵੇਦਾਰ ਸਤਪਾਲ ਸਿੰਘ ਪੂਨੀਆਂ ਵੱਲੋਂ ਰੈਲੀ ਸਥਾਨ ਦਾ ਦੌਰਾ ਕਰਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਅਸ਼ੋਕ ਗੁੱਜਰ ਡਾਂਡ ਤੇ ਬੀ.ਜੇ.ਪੀ ਦੇ ਲਾਗੂ ਸੱਤਪਾਲ ਸਿੰਘ ਪੂਨੀਆਂ ਨੇ ਦੱਸਿਆ ਕਿ ਇਸ ਰੈਲੀ ਨੂੰ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸਮੇਤ ਪੰਜਾਬ ਦੀ ਸਮੁੱਚੀ ਲੀਡਰਸ਼ਿਪ ਸੰਬੋਧਨ ਕਰੇਗੀ। ਉਨ੍ਹਾਂ ਕਿਹਾ ਕਿ ਇਸ ਰੈਲੀ ਵਿੱਚ ਪਟਿਆਲ਼ਾ ਜ਼ਿਲ੍ਹੇ ਤੇ ਖ਼ਾਸ ਕਰਕੇ ਸਨੌਰ ਵਿਧਾਨ ਸਭਾ ਹਲਕੇ ਤੋਂ ਹਜ਼ਾਰਾਂ ਲੋਕ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਵੀ ਹੁਣ ਭਾਜਪਾ ਦੀ ਸਰਕਾਰ ਚਾਹੁੰਦੇ ਹਨ। ਇਸ ਲਈ ਭਾਜਪਾ ਝੰਡੇ ਹੇਠ ਲਾਮਬੰਦ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਰੈਲੀ 'ਚ ਹਜ਼ਾਰਾਂ ਦੀ ਗਿਣਤੀ 'ਚ ਲੋਕ ਪਹੁੰਚਣਗੇ।ਰੈਲੀ 'ਚ ਸਾਰੇ ਵਰਗਾਂ ਤੋਂ ਲੋਕ ਪਹੁੰਚ ਰਹੇ ਹਨ ਤੇ ਹਰਿਆਣਾ ਦੇ ਮੁੱਖ ਮੰਤਰੀ ਅਤੇ ਪੰਜਾਬ ਭਾਜਪਾ ਦੀ ਸਮੁੱਚੀ ਲੀਡਰਸ਼ਿਪ ਦੇ ਵਿਚਾਰ ਸੁਣਨਗੇ। ਉਨ੍ਹਾਂ ਦੱਸਿਆ ਕਿ ਰੈਲੀ ਦੀਆਂ ਸਮੁੱਚੀਆਂ ਤਿਆਰੀਆਂ ਹੋ ਚੁੱਕੀਆਂ ਹਨ ਤੇ ਲੋਕਾਂ ਵਿਚ ਵਿਸ਼ੇਸ਼ ਤੌਰ 'ਤੇ ਨੌਜਵਾਨਾਂ 'ਚ ਰੈਲੀ ਵਿੱਚ ਪਹੁੰਚਣ ਲਈ ਵਿਸ਼ੇਸ਼ ਉਤਸ਼ਾਹ ਹੈ।ਅਸ਼ੋਕ ਗੁੱਜਰ ਡਾਂਡ ਨੇ ਕਿਹਾ ਕਿ ਪੰਜਾਬ ਨੂੰ ਇਸ ਸਮੇਂ ਡਬਲ ਇੰਜਣ ਸਰਕਾਰ ਦੀ ਜ਼ਰੂਰਤ ਹੈ ਤੇ ਇਹ ਭਾਜਪਾ ਦੀ ਸਰਕਾਰ ਬਣਨ ਨਾਲ ਹੀ ਪੂਰੀ ਹੋ ਸਕਦੀ ਹੈ।ਉਨ੍ਹਾਂ ਕਿਹਾ ਕਿ ਭਾਜਪਾ ਨੂੰ ਹੀ ਪੰਜਾਬ ਨੂੰ ਵਰਤਮਾਨ ਸਥਿਤੀ 'ਚੋਂ ਬਾਹਰ ਕੱਢ ਸਕਦੀ ਹੈ।

## ਵਿਭਾਗ ਨੇ ਪੜ੍ਹਾਈ ਦੇ ਦਿਨਾਂ 'ਚ ਅਧਿਆਪਕ ਸੈਮੀਨਾਰਾਂ ਤੇ ਵਰਕਸ਼ਾਪਾਂ 'ਚ ਉਲਝਾਏ : ਡੀ ਟੀ ਐੱਫ ਮੋਗਾ

**ਮੋਗਾ (ਇਕਬਾਲ ਸਿੰਘ ਖਹਿਰਾ)-** ਸਿੱਖਿਆ ਕ੍ਰਾਂਤੀ ਦੇ ਦਮਗਜੇ ਮਾਰਨ ਵਾਲੀ ਪੰਜਾਬ ਦੀ ਆਪ ਸਰਕਾਰ ਦੇ ਸਰਕਾਰੀ ਸਕੂਲਾਂ ਦੀ ਸਿੱਖਿਆ ਰੱਬ ਆਸਰੇ ਚੱਲ ਰਹੀ ਹੈ। ਕਿਉਂਕਿ ਵੱਡੀ ਗਿਣਤੀ ਵਿੱਚ ਪ੍ਰੀਖਿਆ ਦੇ ਦਿਨਾਂ ਵਿੱਚ ਅਧਿਆਪਕ ਗੈਰ ਵਿੱਦਿਅਕ ਕੰਮਾਂ, ਬੀ. ਐਲ. ਓ. ਡਿਊਟੀਆਂ ਵਿੱਚ ਲਗਾ ਰੱਖੇ ਹਨ। ਜਦੋਂ ਕਿ ਬੋਰਡ ਦੀਆਂ ਸਾਲਾਨਾ ਪ੍ਰੀਖਿਆਵਾਂ ਦੇ ਥੋੜ੍ਹੇ ਦਿਨ ਹੀ ਬਚੇ ਹਨ। ਉਸ ਸਮੇਂ ਵਿਦਿਆਰਥੀ ਆਪਣੀ ਦੁਹਰਾਈ ਲਈ ਅਧਿਆਪਕਾਂ ਦਾ ਰਾਹ ਦੇਖ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡੈਮੋਕ੍ਰੇਟਿਕ ਟੀਚਰਸ ਫ਼ਰੰਟ ਪੰਜਾਬ ਜ਼ਿਲ੍ਹਾ ਇਕਾਈ ਮੋਗਾ ਦੇ ਪ੍ਰਧਾਨ ਸੁਖਪਾਲਜੀਤ ਸਿੰਘ, ਜ਼ਿਲ੍ਹਾ ਸਕੱਤਰ ਜਗਵੀਰਨ ਕੌਰ ਨੇ ਕੀਤਾ। ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਘੋਲੀਆ, ਮੀਤ ਪ੍ਰਧਾਨ ਸਵਰਨਦਾਸ, ਜ਼ਿਲ੍ਹਾ ਪ੍ਰੈਸ ਸਕੱਤਰ ਗੁਰਮੀਤ ਸਿੰਘ ਝੋਰੜਾ ਨੇ ਕਿਹਾ ਕਿ ਹੁਣ ਜਦੋਂ ਇਸ ਸਾਲ ਦਾ ਸੈਸ਼ਨ ਆਪਣੇ ਸਿਖਰ 'ਤੇ ਹੈ ਅਤੇ ਵਿਦਿਆਰਥੀਆਂ ਦੇ ਪੱਕੇ ਪੇਪਰ ਬਹੁਤ ਨੇੜੇ ਹਨ, ਉਸ ਸਮੇਂ ਵਿਭਾਗ ਵੱਲੋਂ ਅਧਿਆਪਕਾਂ ਨੂੰ ਸੈਮੀਨਾਰਾਂ ਅਤੇ ਮਦਰ ਵਰਕਸ਼ਾਪ ਵਰਗੇ ਕੰਮਾਂ ਵਿੱਚ ਉਲਝਾ ਕੇ



ਵਿਦਿਆਰਥੀਆਂ ਤੋਂ ਦੂਰ ਕੀਤਾ ਜਾ ਰਿਹਾ ਹੈ । ਆਗੂਆਂ ਨੇ ਕਿਹਾ ਕਿ ਪਹਿਲਾ ਹੀ ਵੱਡੀ ਗਿਣਤੀ ਵਿੱਚ ਅਧਿਆਪਕ ਬੀ. ਐਲ. ਓ. ਡਿਊਟੀਆਂ ਕਰਕੇ ਸਕੂਲੋਂ ਬਾਹਰ ਕੱਢੇ ਹੋਏ ਅਤੇ ਕੰਪਿਊਟਰ ਅਧਿਆਪਕ ਦਸ-ਦਸ ਲੱਖ ਵਾਲੇ ਹੈਲਥ ਕਾਰਡ ਬਣਾਉਣ ਅਤੇ ਤੀਰਥ ਯਾਤਰਾ ਦੀ ਰਜਿਸਟ੍ਰੇਸ਼ਨ ਕਰਨ ਵਿੱਚ ਉਲਝਾ ਰੱਖੇ ਹੋਏ ਹਨ। ਜ਼ਿਲ੍ਹਾ ਜੁਆਇੰਟ ਸਕੱਤਰ ਅਮਨਦੀਪ ਮਾਛੀਕੇ ਅਤੇ ਵਿੱਤ ਸਕੱਤਰ ਗੁਰਸ਼ਰਨ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਵੱਲੋਂ ਸਰਕਾਰ ਬਣਨ ਸਾਰ ਕਿਹਾ ਸੀ ਕਿ ਅਧਿਆਪਕਾਂ ਤੋਂ ਪੜ੍ਹਾਈ ਤੋਂ ਬਿਨਾਂ ਹੋਰ ਕਿਸੇ ਵੀ ਪ੍ਰਕਾਰ ਦਾ ਗੈਰ ਵਿੱਦਿਅਕ ਕੰਮ ਨਹੀਂ ਲਿਆ ਜਾਵੇਗਾ ਪਰ ਉਹਨਾਂ ਦਾ ਇਹ ਐਲਾਨ ਸਿਰਫ ਅਖਬਾਰੀ ਐਲਾਨ ਬਣ ਕੇ ਰਹਿ ਗਿਆ ਗਿਆ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਆਪਣੇ ਵਾਅਦੇ ਅਨੁਸਾਰ ਅਧਿਆਪਕਾ ਤੋਂ ਗੈਰ -ਵਿੱਦਿਅਕ ਕੰਮ ਵਾਪਸ ਲੈ ਕੇ ਸਕੂਲਾਂ ਵਿੱਚ ਪੜ੍ਹਾਈ ਦਾ ਮਾਹੌਲ ਪੈਦਾ ਕਰੇ। ਇਸ ਸਮੇਂ ਜਗਜੀਤ ਸਿੰਘ ਰਣੀਆਂ, ਅਮਰਦੀਪ ਸਿੰਘ ਬੁੱਟਰ, ਸਵਰਨਜੀਤ ਸਿੰਘ ਭਗਤਾ, ਨਰਿੰਦਰ ਸਿੰਘ, ਮਧੂ ਬਾਲਾ, ਜਸਵਿੰਦਰ ਸਿੰਘ, ਮਮਤਾ ਕੌਸ਼ਲ ਆਦਿ ਅਧਿਆਪਕ ਆਗੂ ਹਾਜ਼ਰ ਸਨ।

# ਪ੍ਰੋਗਰੈਸਿਵ ਡੇਅਰੀ ਫਾਰਮਰਜ਼ ਐਸੋਸੀਏਸ਼ਨ ਵੱਲੋਂ ਪ੍ਰਦਰਸ਼ਨੀ 7 ਤੋਂ 9 ਤੱਕ



**ਜਗਰਾਉਂ (ਅਮਿਤ ਖੰਨਾ)** - ਜਗਰਾਉਂ 'ਚ ਪ੍ਰੋਗਰੈਸਿਵ ਡੇਅਰੀ ਫਾਰਮਰਜ਼ ਐਸੋਸੀਏਸ਼ਨ ( ਪੀ ਡੀ ਐਫ ਏ) ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ 19ਵਾਂ 7, 8 ਅਤੇ 9 ਫਰਵਰੀ ਨੂੰ ਕੌਮਾਂਤਰੀ ਪੀ ਡੀ ਐੱਫ ਏ ਡੇਅਰੀ ਅਤੇ ਖੇਤੀ ਪ੍ਰਦਰਸ਼ਨੀ ਸਥਾਨਕ ਪਸ਼ੂ ਮੰਡੀ ਵਿਖੇ ਲਾਈ ਜਾ ਰਹੀ ਹੈ। ਪੀ ਡੀ ਐੱਫ ਏ ਦੇ ਪ੍ਰਧਾਨ ਦਲਜੀਤ ਸਿੰਘ ਸਦਰਪੁਰਾ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਡੇਅਰੀ ਐਕਸਪੋ ਲਈ ਬੁੱਧਵਾਰ ਨੂੰ ਦੁੱਧ ਚੁਆਈ ਦੇ ਮੁਕਾਬਲਿਆਂ ਲਈ ਰਜਿਸਟ੍ਰੇਸ਼ਨ ਹੋਈ ਜਦ ਕਿ ਬਰੀਡ ਮੁਕਾਬਲਿਆਂ ਲਈ ਰਜਿਸਟ੍ਰੇਸ਼ਨ 6 ਫਰਵਰੀ ਨੂੰ ਹੋਵੇਗੀ।ਦਲਜੀਤ ਸਿੰਘ ਸਦਰਪੁਰਾ ਸਮੇਤ ਮੈਂਬਰਾਂ ਨੇ ਪੀ ਡੀ ਐੱਫ ਏ ਐਕਸਪੋ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਉਨ੍ਹਾਂ ਇਸ ਮੌਕੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਕੌਮਾਂਤਰੀ ਤਿੰਨ ਰੋਜ਼ਾ ਡੇਅਰੀ ਐਕਸਪੋ 'ਚ ਦੇਸ਼ ਦੁਨੀਆਂ ਤੋਂ ਸਾਢੇ ਚਾਰ ਸੌ ਤੋਂ ਵੱਧ ਕੰਪਨੀਆਂ ਦੀ ਪ੍ਰਦਰਸ਼ਨੀ ਖਿੱਚ ਦਾ ਕੇਂਦਰ ਰਹੇਗੀ। ਇਸ ਪ੍ਰਦਰਸ਼ਨੀ ਵਿਚ ਡੇਅਰੀ ਅਤੇ ਖੇਤੀਬਾੜੀ ਨੂੰ ਲਾਹੇਵੰਦ ਅਤੇ ਪ੍ਰਫੁਲਤ ਕਰਨ ਲਈ ਦੇਸ਼ ਦੁਨੀਆਂ ਦੀ ਤਕਨੀਕ ਲੈ ਕੇ ਦੇਸੀ ਅਤੇ ਵਿਦੇਸ਼ੀ ਕੰਪਨੀਆਂ ਇੱਕੋ ਛੱਤ ਹੇਠ ਨਜ਼ਰ ਆਉਣਗੀਆਂ। ਉਨ੍ਹਾਂ ਕਿਹਾ ਕਿ ਡੇਅਰੀ ਐਕਸਪੋ ਦਾ ਮੁੱਖ ਆਕਰਸ਼ਨ ਦਾ ਕੇਂਦਰ ਪਸ਼ੂਆਂ ਦੇ ਬਰੀਡ ਮੁਕਾਬਲੇ ਰਹਿਣਗੇ। ਇਹ ਮੁਕਾਬਲੇ ਪੂਰੀ ਤਰ੍ਹਾਂ ਨਿਰਪੱਖ, ਪਾਰਦਰਸ਼ੀ ਹੋਣਗੇ। ਇਸ ਦੇ ਲਈ ਸਾਰੀ ਤਿਆਰੀ ਮੁਕੰਮਲ ਕਰ ਲਈ ਗਈ ਹੈ ਅਤੇ ਬਰੀਡ ਮੁਕਾਬਲਿਆਂ ਦੀ ਜੱਜਮੈਂਟ ਲਈ ਕੈਨੇਡਾ, ਜਰਮਨ ਅਤੇ ਹਾਲੈਂਡ ਤੋਂ ਜੱਜ ਪਹੁੰਚ ਰਹੇ ਹਨ। ਪੀ ਡੀ ਐੱਫ ਏ ਦੇ ਪ੍ਰੈਸ ਸਕੱਤਰ ਰੇਸ਼ਮ ਸਿੰਘ ਭੁੱਲਰ ਨੇ ਦੱਸਿਆ ਕਿ ਇਸ ਵਾਰ ਡੇਅਰੀ ਐਕਸਪੋ ਵਿਚ ਬਹੁਤ ਕੁਝ ਨਵਾਂ ਅਤੇ ਪਹਿਲਾਂ ਨਾਲੋਂ ਵੱਖਰਾ ਦੇਖਣ ਨੂੰ ਮਿਲੇਗਾ। ਇਸ ਮੌਕੇ ਬਲਵੀਰ ਸਿੰਘ ਨਵਾਂ ਸ਼ਹਿਰ, ਰਾਜਪਾਲ ਸਿੰਘ ਕੁਲਾਰ, ਰਣਜੀਤ ਸਿੰਘ ਲੰਗੇਆਣਾ, ਰੇਸ਼ਮ ਸਿੰਘ ਭੁੱਲਰ ਜੀਰਾ, ਪਰਮਜੀਤ ਸਿੰਘ ਘੁਡਾਣੀ, ਸੁਖਦੇਵ ਸਿੰਘ ਬਰੌਲੀ, ਡਾ. ਜੇ ਐਸ ਪੱਟੀ, ਬਲਜਿੰਦਰ ਸਿੰਘ ਸਠਿਆਲਾ, ਸੁਖਜਿੰਦਰ ਸਿੰਘ ਘੁੰਮਣ, ਗੁਰਮੀਤ ਸਿੰਘ ਰੋਡੇ, ਕੁਲਦੀਪ ਸਿੰਘ ਸੇਰੋਂ, ਅਵਤਾਰ ਸਿੰਘ ਥਾਪਲਾ, ਸੁਖਪਾਲ ਸਿੰਘ ਵਰਪਾਲ, ਬਲਵਿੰਦਰ ਸਿੰਘ ਚੌਤਰਾ, ਸੁਖਰਾਜ ਸਿੰਘ ਗੁੜੇ, ਮਨਜੀਤ ਸਿੰਘ ਮੋਹੀ, ਗੁਰਬਖਸ਼ ਸਿੰਘ ਬਾਜੇਕੇ, ਕੁਲਦੀਪ ਸਿੰਘ ਚਾਹਲ, ਕੁਲਦੀਪ ਸਿੰਘ ਪਟਿਆਲਾ, ਨਿਰਮਲ ਸਿੰਘ ਔਲਖ, ਸਿਕੰਦਰ ਸਿੰਘ ਪਟਿਆਲਾ, ਅਮਰਿੰਦਰ ਸਿੰਘ ਬੱਲ, ਸੁਖਦੀਪ ਸਿੰਘ ਬਰਾੜ, ਦਰਸ਼ਨ ਸਿੰਘ ਸੰਧਾ, ਜਰਨੈਲ ਸਿੰਘ ਛੀਨੀਵਾਲ, ਬਲਵਿੰਦਰ ਸਿੰਘ ਰਾਣਵਾ, ਗੀਤਇੰਦਰ ਸਿੰਘ ਭੁੱਲਰ, ਸਤਵਿੰਦਰ ਸਿੰਘ ਲਾਲੀ, ਬਲਿਹਾਰ ਸਿੰਘ ਢੰਡਾ, ਜਸਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਗੁਰਸ਼ਰਨ ਸਿੰਘ, ਹਰਦੀਪ ਸਿੰਘ, ਕਰਮਜੀਤ ਸਿੰਘ, ਅਮਨਦੀਪ ਸਿੰਘ, ਰਾਮਪਾਲ ਚੌਧਰੀ ਅਤੇ ਹਰਪ੍ਰੀਤ ਸਿੰਘ ਮਾਂਗਟ ਆਦਿ ਹਾਜ਼ਰ ਸਨ।

# ਲਾਸ਼ ਨੂੰ ਚੌਕ 'ਚ ਰੱਖ ਕੇ ਪੀੜਤ ਪਰਵਾਰ ਨੇ ਪੁਲਸ ਖਿਲਾਫ ਲਾਇਆ ਧਰਨਾ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-31 ਜਨਵਰੀ ਨੂੰ ਅਲਗੋਂ ਕੋਠੀ ਦੀ ਅਨਾਜ ਮੰਡੀ ਨਜ਼ਦੀਕ ਕਥਿਤ ਤੌਰ 'ਤੇ ਤੇਜ਼ ਰਫਤਾਰ ਸਕੂਲ ਬੱਸ ਨੇ ਸੁਖਵੰਤ ਸਿੰਘ ਪੁੱਤਰ ਬਚਨ ਸਿੰਘ ਨਾਮਕ ਨੌਜਵਾਨ ਜੋ ਮੋਟਰਸਾਈਕਲ 'ਤੇ ਸਵਾਰ ਸੀ, ਨੂੰ ਟੱਕਰ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ ਸੀ।ਜਾਣਕਾਰੀ ਅਨੁਸਾਰ ਬੱਸ ਦਾ ਡਰਾਈਵਰ ਘਟਨਾ ਤੋਂ ਬਾਅਦ ਮੌਕੇ ਤੋਂ ਫ਼ਰਾਰ ਹੋ ਗਿਆ ਸੀ।ਪੰਜ ਦਿਨ ਬੀਤ ਜਾਣ ਦੇ ਬਾਵਜੂਦ ਪੁਲਸ ਵੱਲੋਂ ਦੋਸ਼ੀ ਵਿਅਕਤੀ ਖ਼ਿਲਾਫ਼ ਕਾਰਵਾਈ ਨਾ ਕਰਨ ਮਗਰੋਂ ਪੀੜਤ ਪਰਿਵਾਰ ਨੇ ਬੁੱਧਵਾਰ ਨੂੰ ਚੌਕ ਵਿੱਚ ਲਾਸ਼ ਰੱਖ ਕੇ ਪੁਲਸ ਪ੍ਰਸ਼ਾਸਨ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ।ਮ੍ਰਿਤਕ ਦੇ ਭਰਾ ਨੇ ਚੌਕੀ ਇੰਚਾਰਜ 'ਤੇ ਬੱਸ ਚਾਲਕ ਖ਼ਿਲਾਫ਼ ਕਾਰਵਾਈ ਨਾ ਕਰਨ ਦੇ ਦੋਸ਼ ਲਗਾਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਲੇਰ ਸਿੰਘ ਪੁੱਤਰ ਬਚਨ ਸਿੰਘ ਨੇ ਦੱਸਿਆ ਕਿ ਉਸ ਦਾ ਭਰਾ ਸੁਖਵੰਤ ਸਿੰਘ 31 ਜਨਵਰੀ ਨੂੰ ਕਿਸੇ ਨਿੱਜੀ ਕੰਮ ਦੇ ਸਿਲਸਿਲੇ ਵਿੱਚ ਅਮਰਕੋਟ ਜਾ ਰਿਹਾ ਸੀ।ਇਸ ਦੌਰਾਨ ਸਾਹਮਣੇ ਤੋਂ ਆ ਰਹੀ ਸਕੂਲ ਬੱਸ ਪੀਬੀ 46ਐਮ8046 ਜਿਸ ਨੂੰ ਹਰਵਿੰਦਰ ਸਿੰਘ ਪੁੱਤਰ ਮਨਜੀਤ ਸਿੰਘ ਵਾਸੀ ਡਿੱਬੀਪੁਰਾ ਚਲਾ ਰਿਹਾ ਸੀ, ਨੇ ਮੋਟਰਸਾਈਕਲ ਨੂੰ ਟੱਕਰ ਮਾਰ ਕੇ ਉਸ ਦੇ ਭਰਾ ਨੂੰ ਬੁਰੀ ਤਰ੍ਹਾਂ ਜ਼ਖ਼ਮੀ ਕਰ ਦਿੱਤਾ।ਸੁਖਵੰਤ ਸਿੰਘ ਨੂੰ ਨਾਜ਼ੁਕ ਹਾਲਤ ਵਿੱਚ ਭਿੱਖੀਵਿੰਡ ਦੇ ਨਿੱਜੀ ਹਸਪਤਾਲ ਵਿਖੇ ਦਾਖ਼ਲ ਕਰਵਾਇਆ ਗਿਆ, ਜਿੱਥੇ ਇੱਕ ਜਨਵਰੀ ਨੂੰ ਉਸ ਨੇ ਦਮ ਤੋੜ ਦਿੱਤਾ।ਦਲੇਰ ਸਿੰਘ ਦਾ ਕਹਿਣਾ ਸੀ ਕਿ ਅਲਗੋਂ ਕੋਠੀ ਚੌਕੀ ਦੇ ਇੰਚਾਰਜ ਨੇ ਨਾ ਤਾਂ ਬੱਸ ਚਾਲਕ ਨੂੰ ਗ੍ਰਿਫ਼ਤਾਰ ਕੀਤਾ ਤੇ ਨਾ ਹੀ ਬੱਸ ਨੂੰ ਆਪਣੇ ਕਬਜ਼ੇ ਵਿੱਚ ਲਿਆ।ਉਨ੍ਹਾਂ ਕਿਹਾ ਕਿ ਇਨਸਾਫ਼ ਦੀ ਉਮੀਦ ਵਿੱਚ ਖੱਜਲ-ਖੁਆਰ ਹੋਣ ਮਗਰੋਂ ਪੋਸਟਮਾਰਟਮ ਕਰਵਾਉਣ ਉਪਰੰਤ ਉਨ੍ਹਾਂ ਨੇ ਲਾਸ਼ ਨੂੰ ਚੌਕ ਵਿੱਚ ਰੱਖ ਕੇ ਪੁਲਸ ਪ੍ਰਸ਼ਾਸਨ ਖ਼ਿਲਾਫ਼ ਰੋਸ ਧਰਨਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਅਲਗੋਂ ਕੋਠੀ ਚੌਕੀ ਦਾ ਇੰਚਾਰਜ ਬੱਸ ਚਾਲਕ ਦਾ ਪੱਖ ਪੂਰ ਰਿਹਾ ਹੈ।ਉਨ੍ਹਾਂ ਵੈਨ ਚਾਲਕ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ।ਜਦੋਂ ਮ੍ਰਿਤਕ ਦੇ ਭਰਾ ਵੱਲੋਂ ਲਗਾਏ ਜਾ ਰਹੇ ਇਲਜ਼ਾਮਾਂ ਸੰਬੰਧੀ ਚੌਕੀ ਇੰਚਾਰਜ ਕੁਲਵਿੰਦਰ ਸਿੰਘ ਅਲਗੋਂ ਕੋਠੀ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਪੁਲਸ ਵੱਲੋਂ ਦਲੇਰ ਸਿੰਘ ਪੁੱਤਰ ਬਚਨ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਸਕੂਲ ਵੈਨ ਚਾਲਕ ਹਰਵਿੰਦਰ ਸਿੰਘ ਪੁੱਤਰ ਮਨਜੀਤ ਸਿੰਘ ਵਾਸੀ ਡਿੱਬੀਪੁਰਾ ਖ਼ਿਲਾਫ਼ ਬੀਐੱਨਐੱਸ ਦੀ ਧਾਰਾ 106 (1) 281,324(4) ਅਧੀਨ ਮੁਕੱਦਮਾ ਦਰਜ ਕਰਕੇ ਵੈਨ ਨੂੰ ਕਬਜ਼ੇ ਵਿੱਚ ਲੈ ਲਿਆ ਗਿਆ ਹੈ।ਉਨ੍ਹਾਂ ਕਿਹਾ ਕਿ ਜਲਦ ਹੀ ਡਰਾਈਵਰ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਖੁਰਾਲਗੜ੍ਹ ਸਾਹਿਬ ਵਿਖੇ ਪ੍ਰਕਾਸ਼ ਪੁਰਬ 'ਤੇ ਤਿੰਨ ਦਿਨਾ ਰਾਜ ਪੱਧਰੀ ਸਮਾਗਮ ਸ਼ੁਰੂ



ਗੜ੍ਹਸ਼ੰਕਰ/ਹੁਸ਼ਿਆਰਪੁਰ : ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 649ਵੇਂ ਪਵਿੱਤਰ ਪ੍ਰਕਾਸ਼ ਪੁਰਬ ਦੇ ਮੌਕੇ 'ਤੇ ਬੁੱਧਵਾਰ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਰਾਜ ਪੱਧਰੀ ਸਮਾਗਮ ਦੀ ਸ਼ੁਰੂਆਤ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਨਾਲ ਹੋਈ। ਇਹ ਵਿਸ਼ਾਲ ਸਮਾਗਮ 6 ਫਰਵਰੀ ਤੱਕ ਜਾਰੀ ਰਹੇਗਾ ਅਤੇ ਉਸ ਦਿਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਸਮਾਗਮ ਦੇ ਆਖਰੀ ਦਿਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਗੁਰੂ ਚਰਨਾਂ ਵਿੱਚ ਮੱਥਾ ਟੇਕਣਗੇ ਅਤੇ ਸੂਬੇ ਦੀ ਖੁਸ਼ੀ, ਖੁਸ਼ਹਾਲੀ ਅਤੇ ਭਾਈਚਾਰੇ ਲਈ ਅਰਦਾਸ ਕਰਨਗੇ।ਇਸ ਮੌਕੇ ਕੈਬਨਿਟ ਮੰਤਰੀਆਂ ਹਰਪਾਲ ਸਿੰਘ ਚੀਮਾ, ਤਰੁਨਪ੍ਰੀਤ ਸਿੰਘ ਸੌਂਦ, ਹਰਜੋਤ ਸਿੰਘ ਬੈਂਸ, ਡਾ. ਰਵਜੋਤ ਸਿੰਘ ਅਤੇ ਲਾਲ ਚੰਦ ਕਟਾਰੂਚੱਕ ਤੋਂ ਇਲਾਵਾ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ, ਚੇਅਰਮੈਨ ਐੱਸ ਸੀ ਕਮਿਸ਼ਨ ਜਸਵੀਰ ਸਿੰਘ ਗੜ੍ਹੀ, ਵਿਧਾਇਕ ਡਾ. ਇਸ਼ਾਂਕ ਕੁਮਾਰ, ਸੈਰ-ਸਪਾਟਾ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਅਤੇ ਹੋਰ ਪਤਵੰਤਿਆਂ ਨੇ ਗੁਰੂ ਜੀ ਦੇ ਚਰਨਾਂ ਵਿੱਚ ਮੱਥਾ ਟੇਕਿਆ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ 650ਵਾਂ ਪ੍ਰਕਾਸ਼ ਪੁਰਬ ਸਾਲ 2027 ਵਿੱਚ ਇਤਿਹਾਸਕ ਤੇ ਵਿਸ਼ਾਲ ਪੱਧਰ 'ਤੇ ਮਨਾਇਆ ਜਾਵੇਗਾ।

# ਵਿਸ਼ਵ ਕੈਂਸਰ ਦਿਵਸ ਮੌਕੇ ਜਾਗਰੂਕਤਾ ਪ੍ਰੋਗਰਾਮ ਆਯੋਜਿਤ



**ਅੰਮ੍ਰਿਤਸਰ (ਪਰਦੀਪ)**-ਵਿਸ਼ਵ ਕੈਂਸਰ ਦਿਵਸ ਦੇ ਮੌਕੇ ਫੋਰਟਿਸ ਐਸਕਾਰਟਸ ਹਸਪਤਾਲ, ਅੰਮ੍ਰਿਤਸਰ ਵੱਲੋਂ ਕੈਂਸਰ ਬਾਰੇ ਜਾਗਰੂਕਤਾ ਵਧਾਉਣ ਲਈ ਇੱਕ ਸਿਹਤ ਸੰਬੰਧੀ ਗੱਲਬਾਤ ਦਾ ਆਯੋਜਨ ਕੀਤਾ ਗਿਆ।ਇਸ ਪ੍ਰੋਗਰਾਮ ਦਾ ਮਕਸਦ ਕੈਂਸਰ ਦੀ ਸ਼ੁਰੂਆਤੀ ਪਛਾਣ, ਰੋਕਥਾਮ ਅਤੇ ਸਮੇਂ ਸਿਰ ਇਲਾਜ ਬਾਰੇ ਲੋਕਾਂ ਨੂੰ ਜਾਣਕਾਰੀ ਦੇਣਾ ਸੀ।ਪ੍ਰੋਗਰਾਮ ਵਿੱਚ ਵੱਖ-ਵੱਖ ਵਰਗਾਂ ਦੀਆਂ ਮਹਿਲਾਵਾਂ ਨੇ ਭਾਗ ਲਿਆ।ਹਸਪਤਾਲ ਦੇ ਮਾਹਿਰ ਡਾਕਟਰਾਂ ਨੇ ਕੈਂਸਰ ਨਾਲ ਜੁੜੇ ਮਹੱਤਵਪੂਰਨ ਮਸਲਿਆਂ 'ਤੇ ਵਿਚਾਰ ਸਾਂਝੇ ਕੀਤੇ।ਸਰਜੀਕਲ ਓਂਕੋਲਜੀ ਦੇ ਸਲਾਹਕਾਰ ਡਾ. ਅਨੀਸ਼ ਭਾਟੀਆ ਨੇ ਕਿਹਾ ਕਿ ਛਾਤੀ ਦਾ ਕੈਂਸਰ ਆਮ ਹੈ ਪਰ ਸਮੇਂ ਸਿਰ ਪਛਾਣ ਨਾਲ ਇਲਾਜ ਸੰਭਵ ਹੈ।ਉਨ੍ਹਾਂ ਨੇ ਨਿਯਮਤ ਜਾਂਚ ਅਤੇ ਸਵੈ-ਪਰੀਖਿਆ 'ਤੇ ਜ਼ੋਰ ਦਿੱਤਾ।ਸੀਨੀਅਰ ਕੰਸਲਟੈਂਟ ਡਾ. ਹਕੀਮ ਐਸਾਨ ਹੁਸੈਨ ਨੇ ਕਿਹਾ ਕਿ ਕਈ ਕਿਸਮ ਦੇ ਕੈਂਸਰ ਸ਼ੁਰੂਆਤੀ ਪੜਾਅ 'ਚ ਪਤਾ ਲੱਗਣ 'ਤੇ ਕਾਬੂ ਕੀਤੇ ਜਾ ਸਕਦੇ ਹਨ। ਡਾ. ਰੁਚਿਕਾ ਨੇ ਸਰਵਾਈਕਲ ਕੈਂਸਰ 'ਤੇ ਬਚਾਅ ਲਈ ਨਿਯਮਤ ਸਕ੍ਰੀਨਿੰਗ ਅਤੇ ਐੱਚਪੀਵੀ ਟੀਕਾਕਰਨ ਨੂੰ ਜ਼ਰੂਰੀ ਦੱਸਿਆ।ਪ੍ਰੋਗਰਾਮ ਦੌਰਾਨ ਹਾਜ਼ਰੀਨ ਨੇ ਡਾਕਟਰਾਂ ਨਾਲ ਸਵਾਲ-ਜਵਾਬ ਵੀ ਕੀਤੇ।

# 3.925 ਕਿਲੋ ਹੈਰੋਇਨ ਬਰਾਮਦ



**ਭਿੱਖੀਵਿੰਡ/ ਖਾਲੜਾ/ ਤਰਨ ਤਾਰਨ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ, ਪ੍ਰਿਤਪਾਲ ਸਿੰਘ)**-ਤਰਨ ਤਾਰਨ ਜ਼ਿਲ੍ਹੇ ਵਿੱਚ ਸਰਹੱਦ ਪਾਰ ਤੋਂ ਨਸ਼ਾ ਤਸਕਰੀ ਦੇ ਵਿਰੁੱਧ ਪੁਲਸ ਅਤੇ ਸੀਮਾ ਸੁਰੱਖਿਆ ਬਲ ਨੂੰ ਵੱਡੀ ਕਾਮਯਾਬੀ ਹਾਸਿਲ ਹੋਈ ਹੈ।ਬੀਐੱਸਐੱਫ ਜਵਾਨਾਂ ਤੇ ਪੰਜਾਬ ਪੁਲਸ ਵੱਲੋਂ ਪਿੰਡ ਕਾਲੀਆਂ ਦੇ ਖੇਤਾਂ ਤੋਂ ਪਾਕਿਸਤਾਨ ਤੋਂ ਡਰੋਨ ਰਾਹੀ ਭੇਜੀ ਗਈ 3 ਕਿਲੋ 925 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ।ਪੁਲਸ ਦਾ ਕਹਿਣਾ ਹੈ ਕਿ ਇਸ ਨੈੱਟਵਰਕ ਨੂੰ ਪੂਰੀ ਤਰ੍ਹਾਂ ਤਾਰ-ਤਾਰ ਕਰਨ ਲਈ ਤਕਨੀਕੀ ਜਾਂਚ ਦੇ ਨਾਲ-ਨਾਲ ਸਥਾਨਕ ਪੱਧਰ 'ਤੇ ਵੀ ਪੁੱਛਗਿੱਛ ਕੀਤੀ ਜਾ ਰਹੀ ਹੈ।ਬਰਾਮਦ ਕੀਤੇ ਗਏ ਡਰੋਨ ਅਤੇ ਨਸ਼ੀਲੇ ਪਦਾਰਥ ਨੂੰ ਫੋਰੈਂਸਿਕ ਜਾਂਚ ਲਈ ਭੇਜ ਦਿੱਤਾ ਗਿਆ ਹੈ।ਪੰਜਾਬ ਪੁਲਸ ਨੇ ਸਪੱਸ਼ਟ ਕੀਤਾ ਹੈ ਕਿ ਨਸ਼ਾ ਤਸਕਰੀ ਦੇ ਵਿਰੁੱਧ ਉਸਦੀ ਜ਼ੀਰੋ ਟਾਲਰੈਂਸ ਨੀਤੀ ਜਾਰੀ ਹੈ।

# ਕੁੱਲ ਹਿੰਦ ਕਿਸਾਨ ਸਭਾ ਵੱਲੋਂ ਪਿੰਡਾਂ 'ਚ ਦੇਸ਼ ਵਿਆਪੀ ਹੜਤਾਲ ਦੀ ਲਾਮਬੰਦੀ



**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)**-ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੀ ਅੰਮ੍ਰਿਤਸਰ ਇਕਾਈ ਵੱਲੋਂ ਵੱਖ-ਵੱਖ ਪਿੰਡਾਂ ਵਿਚ ਮੀਟਿੰਗ ਕਰਕੇ ਕਿਸਾਨਾਂ ਨੂੰ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਲਈ ਜਾਗਰੂਕ ਕੀਤਾ ਗਿਆ। ਪਿੰਡ ਕੋਟ ਸਿੱਧੂ, ਤਲਵੰਡੀ ਰਾਏ ਦਾਦੂ, ਸੂਫੀਆਂ, ਕੁਰਾਲੀਆਂ ਆਦਿ ਵਿਖੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਸੁੱਚਾ ਸਿੰਘ ਅਜਨਾਲਾ, ਸਵਿੰਦਰ ਸਿੰਘ ਮੀਰਾਂਕੋਟ ਤੇ ਭੁਪਿੰਦਰਜੀਤ ਸਿੰਘ ਛੀਨਾ ਨੇ ਕਿਹਾ ਕਿ ਬਿਜਲੀ ਬਿੱਲ 2025, ਬੀਜ ਬਿੱਲ 2025, 4 ਲੇਬਰ ਕੋਡ ਤੇ ਮਨਰੇਗਾ ਨੂੰ ਰੱਦ ਕਰਕੇ ਜੀ ਰਾਮ ਜੀ ਆਦਿ ਕਾਨੂੰਨ ਬਣਾ ਕੇ ਮਜ਼ਦੂਰਾਂ ਗਰੀਬਾਂ ਤੇ ਕਿਸਾਨਾਂ ਨਾਲ ਧੱਕਾ ਕੀਤਾ ਜਾ ਰਿਹਾ ਹੈ ਜਿਸ ਦੇ ਰੋਸ ਵਜੋਂ ਦੇਸ਼ ਦੀਆਂ ਪ੍ਰਮੁੱਖ 10 ਟਰੇਡ ਯੂਨੀਅਨ ਤੇ 50 ਤੋਂ ਵੱਧ ਮੁਲਾਜ਼ਮਾਂ ਦੀਆਂ ਫੈਡਰੇਸ਼ਨਾਂ ਨੇ 12 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਦਾ ਸੱਦਾ ਦਿੱਤਾ ਹੈ। ਇਸ ਹੜਤਾਲ ਵਿਚ ਕਿਸਾਨ, ਖੇਤ ਮਜ਼ਦੂਰ, ਸਨਅਤੀ ਕਾਮੇ ਵੱਡੀ ਗਿਣਤੀ ਵਿਚ ਸ਼ਾਮਿਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ ਵੀ ਇਸ ਹੜਤਾਲ ਨੂੰ ਪੂਰਨ ਸਮਰਥਨ ਦਿੱਤਾ ਗਿਆ ਹੈ। ਇਸ ਲਈ ਕੁੱਲ ਹਿੰਦ ਕਿਸਾਨ ਸਭਾ ਦੇ ਵਰਕਰ ਵੀ ਇਸ ਵੱਡੀ ਗਿਣਤੀ ਵਿਚ ਸ਼ਾਮਿਲ ਹੋਣਗੇ। ਉਪਰੋਕਤ ਪਿੰਡਾਂ ਵਿਚ ਇਸ ਹੜਤਾਲ ਸਬੰਧੀ ਵਰਕਰਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਮੀਟਿੰਗ ਵਿਚ ਪਿਆਰਾ ਸਿੰਘ ਤਲਵੰਡੀ, ਲਖਵਿੰਦਰ ਸਿੰਘ, ਨੰਬਰਦਾਰ ਜਰਨੈਲ ਸਿੰਘ, ਗੁਰਲਾਲ ਸਿੰਘ, ਸੁਖਦੇਵ ਸਿੰਘ, ਰਾਜੂ ਕਰਾਲੀਆਂ ਆਦਿ ਸਾਥੀ ਹਾਜ਼ਰ ਸਨ। ਮੀਟਿੰਗ ਵਿਚ ਮਤਾ ਪਾਸ ਕਰਕੇ ਮੰਗ ਕੀਤੀ ਗਈ ਕਿ ਸਰਕਾਰੀ ਹਾਈ ਸਕੂਲ ਜਾਫਰਕੋਟ ਦੀ ਮੁੱਖ ਅਧਿਆਪਕਾ ਵੱਲੋਂ ਜ਼ਿਲ੍ਹਾ ਸਿੱਖਿਆ ਅਫਸਰ (ਸ) ਦੀ ਸਹਿਮਤੀ ਨਾਲ ਸਕੂਲ ਦੇ ਜੋ ਰੁੱਖ ਕਥਿਤ ਤੌਰ 'ਤੇ ਵੇਚ ਦਿੱਤੇ ਗਏ ਹਨ, ਉਸ ਦੀ ਤੁਰੰਤ ਪੜਤਾਲ ਕਰਾ ਕੇ ਬਣਦੀ ਸਜ਼ਾ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਇਸ ਕੇਸ ਵਿਚ ਕਾਰਵਾਈ ਨਾ ਕੀਤੀ ਗਈ ਤਾਂ 12 ਫਰਵਰੀ ਦੀ ਹੜਤਾਲ ਤੋਂ ਬਾਅਦ ਕਿਸਾਨ ਸਭਾ ਵੱਲੋਂ ਜ਼ਿਲ੍ਹਾ ਸਿੱਖਿਆ ਅਫਸਰ ਦੇ ਦਫ਼ਤਰ ਦਾ ਘਿਰਾਓ ਕੀਤਾ ਜਾਵੇਗਾ।

# ਪੈਨਸ਼ਨਰ ਐਂਡ ਮੁਲਾਜ਼ਮ ਫਰੰਟ ਪੰਜਾਬ ਵਾਲੇ ਸੰਘਰਸ਼ਾਂ 'ਚ ਵੱਧ-ਚੜ੍ਹ ਕੇ ਸ਼ਾਮਲ ਹੋਵੇਗਾ : ਕੱਲਾ





**ਪੱਟੀ, (ਬਲਦੇਵ ਸਿੰਘ ਸੰਧੂ)**-ਪੈਨਸ਼ਨਰ ਐਂਡ ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਰਜਿਸਟਰਡ ਨੰਬਰ 152 ਜ਼ਿਲ੍ਹਾ ਤਰਨ ਤਾਰਨ ਦੀ ਮਹੀਨਾਵਾਰੀ ਮੀਟਿੰਗ ਗਾਂਧੀ ਪਾਰਕ ਤਰਨ ਤਾਰਨ ਵਿਖੇ ਪ੍ਰਧਾਨ ਬਲਦੇਵ ਸਿੰਘ ਕੱਲਾ ਦੀ ਪ੍ਰਧਾਨਗੀ ਹੇਠ ਹੋਈ ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦੇ ਹੋਏ ਜਿਲਾ ਸਕੱਤਰ ਸਤਪਾਲ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਪੈਨਸ਼ਨਰ ਵਰਗ ਦੀਆਂ ਮੰਗਾਂ ਨਾ ਮੰਨ ਕੇ ਉਨ੍ਹਾਂ ਨਾਲ ਖਿਲਵਾੜ ਕਰ ਰਹੀ ਹੈ। ਪੈਨਸ਼ਨਰ ਵਰਗ ਵਿੱਚ ਬੇਹੱਦ ਨਾਰਾਜ਼ਗੀ ਅਤੇ ਗੁੱਸਾ ਪਾਇਆ ਜਾ ਰਿਹਾ ਹੈ। ਪੰਜਾਬ ਸਰਕਾਰ 2.59 ਦਾ ਫੈਕਟਰ ਮੰਨ ਕੇ ਵੀ ਲਾਗੂ ਨਹੀਂ ਕਰ ਰਹੀ 16% ਡੀਏ ਕੇਂਦਰ ਨਾਲੋਂ ਘੱਟ ਦੇ ਰਹੀ ਹੈ। ਕੈਸ਼ਲੈੱਸ ਸਕੀਮ ਵੀ ਅਧੂਰੀ ਹੈ। ਸ਼ਿੰਗਾਰਾ ਸਿੰਘ ਘੜਕਾ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀ ਕਰੜੀ ਆਲੋਚਨਾ ਕੀਤੀ। ਸੂਬਾ ਕਮੇਟੀ ਮੈਂਬਰ ਜਗਤਾਰ ਸਿੰਘ ਆਸਲ ਨੇ ਕਿਹਾ ਕਿ ਭਾਰਤ ਸਰਕਾਰ ਅਮਰੀਕਾ ਦੀ ਕਠਪੁਤਲੀ ਬਣ ਚੁੱਕੀ ਹੈ ਜਿਸ ਦਾ ਸਬੂਤ ਅਮਰੀਕਾ ਨਾਲ ਵਪਾਰ ਸਮਝੌਤਾ ਹੈ। ਇਸ ਵਪਾਰ ਸਮਝੌਤੇ ਨਾਲ ਦੇਸ਼ ਭਰ ਦੇ ਕਿਸਾਨ ਅਤੇ ਮਜ਼ਦੂਰ ਬਰਬਾਦ ਹੋ ਜਾਣਗੇ। ਇਹ ਸਮਝੌਤਾ ਅਮਰੀਕਾ ਦੀਆਂ ਸ਼ਰਤਾਂ 'ਤੇ ਕੀਤਾ ਗਿਆ ਹੈ।

ਭਾਰਤ ਦੇ ਉਤਪਾਦਾਂ 'ਤੇ 18% ਟੈਰਿਫ ਲੱਗੇਗਾ ਅਤੇ ਅਮਰੀਕੀ ਉਤਪਾਦਾਂ ਤੇ 0% ਟੈਰਿਫ ਹੈ ਜਿਸ ਨਾਲ ਅਮਰੀਕਾ ਹੋਰ ਅਮੀਰ ਅਤੇ ਭਾਰਤ ਹੋਰ ਗਰੀਬ ਅਤੇ ਕਰਜ਼ਦਾਰ ਹੋ ਜਾਵੇਗਾ।ਦਲਬੀਰ ਸਿੰਘ ਅਤੇ ਕਸ਼ਮੀਰ ਸਿੰਘ ਪ੍ਰਿੰਸੀਪਲ ਨੇ ਮੋਦੀ ਸਰਕਾਰ ਦੀਆਂ ਨੀਤੀਆਂ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਬਖਸ਼ੀਸ਼ ਸਿੰਘ ਜਵੰਧਾ ਨੇ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ ਅਤੇ ਆਉਣ ਵਾਲੇ ਸਮੇਂ ਲਈ ਜਥੇਬੰਦੀ ਨੂੰ ਸੰਘਰਸ਼ਾਂ ਲਈ ਤਿਆਰ ਰਹਿਣ ਲਈ ਕਿਹਾ। ਮੀਟਿੰਗ ਵਿੱਚ ਕਸ਼ਮੀਰ ਸਿੰਘ, ਨਿਰਮਲ ਸਿੰਘ ਬੁਰਜ, ਬਲਵਿੰਦਰ ਸਿੰਘ, ਪ੍ਰਗਟ ਸਿੰਘ, ਮੰਗਲ ਸਿੰਘ, ਬਿਕਰਮਜੀਤ ਸਿੰਘ, ਭੁਪਿੰਦਰ ਸਿੰਘ, ਬਲਬੀਰ ਸਿੰਘ, ਹਰਜੀਤ ਸਿੰਘ, ਅਵਤਾਰ ਸਿੰਘ, ਗੁਰਮੇਲ ਸਿੰਘ, ਜਗਤਾਰ ਸਿੰਘ ਚੰਬਾ, ਅਮਰਜੀਤ ਸਿੰਘ, ਹਰਬੰਸ ਸਿੰਘ, ਤਰਸੇਮ ਸਿੰਘ, ਸੁਖਦੇਵ ਸਿੰਘ, ਗਿਆਨ ਸਿੰਘ ਅਤੇ ਪ੍ਰਧਾਨ ਬਲਦੇਵ ਸਿੰਘ ਕੱਲਾ ਨੇ ਸਾਰਿਆਂ ਦਾ ਧੰਨਵਾਦ ਕੀਤਾ।

# ਕਲਾਸੀਫਾਈਡ ਇਸ਼ਤਿਹਾਰ

## Change of Name

I, Surinder Paul S/o Sudagar Ram R/o Ward No. 11 Navi Abadi Bhogpur District Jalandhar, Punjab, have Changed my name as Surinder Pal. I declare that Pal is my Surname and Surinder is my given name.

I, Paramjit Kaur D/o Puran Singh R/o 934 Ajnala, Tehsil Ajnala, Distt. Amritsar have changed my name from Paramjit Kaur to Jyoti Bala. Concerned may note.

I, Ripudaman W/O Sanjay Kumar Jain, H. No. 26 Bank Enclave, Near Green Model Town, Jalandhar Punjab 144003 have changed my name from Ripudaman Jain to Ripudaman. All Please Note.

I, Jasmeet Kaur D/o Manjit Singh R/o Vill. & Po. Saidowal Distt. Kapurthala, Punjab, India do here by changed my Name from , Jasmeet Kaur to Jasmeet as given name and Kaur as surname with immediate effect. All concerned note please.

I Dyal Singh son of Bachan Singh resident of 69, Baba Jiwan Singh Bhandal Bet, Near High School, Kapurthala have changed my name from Dyal Singh to Dayal Singh. Dayal is my given name and Singh is my surname.

I, Ravi Kumar Gandotra S/o Hem Raj R/o H.no 34 , New Deol nagar Nakodar Road Jalandhar Punjab 144001 have changed my name from Ravi Kumar Gandotra to Ravi Gandotra.

I, hitherto known as Pushp Karan Singh Mahi S/o Nirmal Singh R/o H.No. 47-B, Dayal Nagar, Jalandhar (PB) have changed my name and shall hereafter be known as Pushp Karan

I, Deepika Oberoi W/O Manjit Singh R/O H.No.475/16, Phase2-A,Guru Nanak Avenue, Amritsar, Punjab have changed my name from Deepika Oberoi to Deepika. Concerned note.

I Parmjit Singh S/o Kashmir Singh R/o H. No. 39 , Ward No. 31, Mandir Wale Plat Sultanwind Pind Amritsar have changed my name from Parmjit Singh to Paramjit Singh. All concerned may please note.

I, Kuldip Kumar S/O Sh Chaman Lal R/O H.no.233, New Abadi Jallowal, Punjab have changed my name Kuldip Kumar to Kuldeep Kumar.(Kumar as Surname and Kuldeep as given name). All note.

I, Sarbjit Kaur W/O Iqbal Singh R/O Village Harchowal, PO Harchowal, Distt. Gurdaspur - 143527, Punjab have changed my name from Sarbjit Kaur to Sarabjeet Kaur. All note.

I Anjana Kumari W/o Sukhjinder Pal R/o Vill. Daulat Pur, PO. Alawalpur, Jalandhar, Punjab India, have changed my name from Anjana Kumari to Kumari Anjana(surname As Kumari) All Please Note.

I, Tarunjit Singh S/O Inderjit Singh R/O H. No. 17, Guru Ram Dass Nagar, Phase-2, Salempur Road, Backside Verka Milk Plant, Jalandhar, Punjab have changed my name from Tarunjit Singh to Tarunjit Singh Khosla.(Khosla as Surname) Tarunjit Singh as Given name. All note.

I, Jagjiwan Ram S/O Hans Raj R/O H.N.O 108, Vill Dhanal Kalan, PO. Phoolpur, Tehsil Jalandhar, Distt. Jalandhar - 144026, Punjab declare that name of my wife has been wrongly written as Shila Rani in my Passport no.(T0452028), Actual name of my wife is Sheela Rani, which may be amended Accordingly.

I, Prabhjot Singh S/o Sukhraj Singh R/o Vill Miani PO Sheikh Tarn Taran have changed my name from Prabhjot Singh to Given Name Prabhjot Surname Singh.

I, Jaspal Singh S/o Ranjit Singh R/o Village and PO Attowal Distt. Hoshiarpur Punjab declare that my name is Jaspal Singh. My surname is Singh and given name is Jaspal. Concerned note.

I, Amandeep W/o Sarbjit Singh, R/O Ward no. 3, HNo. 25/1 Shaheed Baba Deep Singh Nagar, Reru,Jalandhar, Punjab have changed my name as Amandeep Kaur.

I, Mandeep Kumar Sharma S/o Ashok Kumar R/o H.No.3244/28, Near Ker Singh Da Karkhana Navi Abadi, Faizpura, F.G.C Road, Amritsar have changed my minor son's name from Shivam to Shivam Sharma.

## Change of Name

I, Baljeet Kaur W/o Sona R/o Village Bharowal, Tehsil Khadoor Sahib District Tarn Taran have changed my name from Baljeet Kaur to Baljit Kaur.

I, Shamsher Singh S/o Baldev Singh R/o Village Mohleke, PO Mudh Khokar Tehsil Ajnala District Amritsar have declare that Shamsher is my Given name and Singh is my Surname.

I, Megha Kaur Dhillon W/o Iqbaljeet Singh R/o H.No.4-A, Maqbool Road, opp Income Tax office Amritsar have changed my name from Megha Dhillon to Megha Kaur Dhillon.

I Surdarshan Kaur W/o Sukhdev Singh resident of Vill Gunopur PO Saidowal Khurd Distt Gurdaspur have changed my name from Surdarshan Kaur to Sudarshan Kaur concerned note please.

I, Ajmer Singh S/o Shingara Singh R/o V.P.O. Shala Nagar Malsian, Tehsil Shahkot, Jalandhar, Punjab-144701 changed my name Ajmer as Given Name and Singh as Surname.

I, Bobby Kumar S/o Dev Raj R/o VPO. Randhawa Masandan, Jalandhar have changed my name to given name as Bobby & Surname as Kumar. All concerned please note.

I, Ramesh Sehgal S/o Ram Lubhaya R/o H.No. 173, Shekhan Wala, Kapurthala, Punjab-144601 have changed my name from Ramesh Sehgal to Ramesh Kumar. All concerned please note.

I, Ankit son of Harbhajan Lal resident of H.No. 165, Raj Enclave Near Kanshi Nagar, Jalandhar, Punjab-144002 have changed my name from Ankit to Ankit Kumar. All concerned please note.

I, hitherto known as NEHA DEVI D/o BALBIR SINGH residing at Village Birbeh, PO. Kamahi Devi, Tehsil Mukerian, District Hoshiarpur, Punjab-144223 have changed my name and shall hereafter be known as NEHA CHOUDHARY.

I, Pushpa W/o Shadi Ram R/o H.No. 236, New Deol Nagar, Jalandhar, Punjab have changed my name from Pushpa to Pushpa Devi. All concerned please note.

I, Rohit Paul s/o Joginder Paul r/o H.No.WN-84, Basti Danishmanda, Jalandhar, Punjab have changed my name to Given name as Rohit & Surname as Paul. All Please Note.

I, Simranjeet Kaur w/o Ranjeet Singh r/o Ward No.4, VPO.Miani, Teh.Dasuya, Hoshiarpur, Punjab have changed my minor son name from Gurjeet Singh to Singh Gurjeet (Surname as Singh) All Please Note.

I, Navdeep Kaur d/o Charanjit Singh r/o Vill. Arjanwal, Po & Ps. Adampur, Distt.Jalandhar have changed my name to Given name as Navdeep & Surname as Kaur. All Please Note.

I, Balbir Kaur Alias Manjit Kaur w/o Harjinder Singh r/o Patti Barri, Vill. Jandiala, Teh.Phillaur, Dhaliwal, Distt. Jalandhar, Punjab-144033 have changed my name as Manjit Kaur. All Please Note.

I, Aarti w/o Sanjiv Ahuja r/o Flat No. K 1003, 66-Feet Road, Jalandhar Heights-1, Jalandhar, Punjab have changed my name from Aarti to Aarti Ahuja. All Please Note.

I, Jyoti Parkash s/o Om Parkash r/o H.No. WF-19/23, Ali Mohalla, Jalandhar, Punjab have changed my name as Jyoti Parkash Ahuja (Ahuja as Surname) All Please Note.

I, Neha W/o Sachin R/o H.No.73, New Gandhi Nagar, Po. Chogiti, Distt. Jalandhar, Punjab have changed my name to Neha Rawat (Rawat as Surname). All Please Note.

I, Raj Kumar S/o Ashok Kumar R/o H.No. 168, New Geeta Colony, Jalandhar, Punjab have changed my name from Raj Kumar to Raaj Verma. All Please Note.

I, Shiv Kumar S/o Hira Lal R/o H.No.27, Maharaja Garden, Leather Complex Road, Basti Peer Dad, Jalandhar-144021, Punjab have changed my name from Shiv Kumar to Shiv Kumar Verma. All Please Note.

I, Joginder W/o Hira Nand Verma R/o H.No.27, Maharaja Garden, Leather Complex Road, Basti Peer Dad, Jalandhar-144021, Punjab have changed my name from Joginder to Joginder Rani. All Please Note.

## ਬੇਦਖਲੀ ਨੋਟਿਸ

ਮੈਂ, ਅਮਰਜੀਤ ਕੌਰ ਪਤਨੀ ਨਿਰੰਜਨ ਸਿੰਘ, ਵਾਸੀ ਪਿੰਡ ਕਰ੍ਹਾ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਮੁੱਖ ਸਿੰਘ ਅਤੇ ਉਸ ਦੀ ਪਤਨੀ ਸ਼ਵੇਤਾ ਕੌਰ ਮੇਰੇ ਕਹਿਣੇਕਾਰ ਵਿਚ ਨਹੀਂ ਹਨ। ਇਸ ਲਈ ਮੈਂ ਆਪਣੇ ਲੜਕੇ ਅਤੇ ਉਸ ਦੀ ਪਤਨੀ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਰਵੇਲ ਕੌਰ ਪਤਨੀ ਗੁਰਦਿਆਲ ਸਿੰਘ ਵਾਸੀ ਮਕਾਨ ਨੰ: 243 ਗੁਰੂ ਨਾਨਕ ਨਗਰ, ਤਹਿਸੀਲ ਬਟਾਲਾ, ਜਿਲ੍ਹਾ ਗੁਰਦਾਸਪੁਰ । ਮੇਰਾ ਲੜਕਾ ਅਵਤਾਰ ਸਿੰਘ ਉਰਫ ਮੰਗਾ ਅਤੇ ਇਸ ਦੀ ਪਤਨੀ ਮਮਤਾ, ਮੇਰਾ ਪੋਤਰਾ ਫਤਿਹ ਸਿੰਘ, ਪੋਤਰੀ ਮੀਤ ਜੋ ਕੀ ਮੇਰੇ ਕਹਿਣੇ ਤੋ ਬਾਹਰ ਹਨ । ਮੈਂ ਇਹਨਾ ਨੂੰ ਆਪਣੀ ਚੱਲ - ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ । ਲੈਣ ਦੇਣ ਕਰਨ ਵਾਲੇ ਖੁਦ ਜਿੰਮੇਵਾਰ ਹੋਣਗੇ ।

ਮੈਂ ਸਤੀ ਕੌਰ ਪਤਨੀ ਪਾਲੀ, ਵਾਸੀ ਘੁਮਾਣ, ਤਹਿਸੀਲ ਸ੍ਰੀ ਹਰਿਗੋਬਿੰਦਪੁਰ (ਗੁਰਦਾਸਪੁਰ) ਆਪਣੇ ਲੜਕੇ ਰੋਹਿਤ ਸਿੰਘ, ਨੂੰਹ ਬਬਲੀ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਣ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ, ਸੁਖਦੇਵ ਕੁਮਾਰ ਪੁੱਤਰ ਗੁਰਦਿਆਲ ਚੰਦ, ਵਾਸੀ ਪਿੰਡ ਨੰਗਲ ਸ਼ਾਮਾ, ਮਕਾਨ ਨੰ: 39, ਜ਼ਿਲ੍ਹਾ ਜਲੰਧਰ ਦਾ ਰਹਿਣ ਵਾਲਾ ਹੈ। ਮੇਰਾ ਲੜਕਾ ਸੌਰਵ ਕੁਮਾਰ ਅਤੇ ਉਸ ਦੀ ਪਤਨੀ ਰਮਨਦੀਪ ਕੌਰ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹਨ। ਮੈਂ ਆਪਣੀ ਚੱਲ-ਅਚੱਲ ਜਾਇਦਾਦ ਤੋਂ ਦੋਵਾਂ ਨੂੰ ਬੇਦਖਲ ਕਰਦਾ ਹਾਂ। ਇਹ ਦੋਵੇਂ ਆਪਣੇ ਕੀਤੇ ਮਾੜੇ-ਚੰਗੇ ਕੰਮਾਂ ਦੇ ਖੁਦ ਜ਼ਿੰਮੇਵਾਰ ਹੋਣਗੇ। ਸੰਬੰਧਤ ਨੋਟ ਕਰਨ।

ਮੈਂ, ਪਰਮਿੰਦਰ ਕੌਰ ਪਤਨੀ ਹਰਭਜਨ ਸਿੰਘ, ਵਾਸੀ 16, ਰਾਮ ਐਵੀਨਿਊ, ਜੀ. ਟੀ. ਰੋਡ, ਅੰਮ੍ਰਿਤਸਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗਗਨਦੀਪ ਸਿੰਘ, ਜੋ ਕਿ ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਉਹ ਆਪਣੇ ਲੈਣ-ਦੇਣ ਅਤੇ ਕੰਮਾਂ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਅਸੀਂ, ਮੋਨਿਕਾ ਸ਼ਰਮਾ ਪਤਨੀ ਰਜਿੰਦਰ ਕੁਮਾਰ ਅਤੇ ਰਜਿੰਦਰ ਕੁਮਾਰ ਪੁੱਤਰ ਬਲਵੰਤ ਰਾਏ, ਵਾਸੀ ਮਕਾਨ ਨੰ. 2, ਗਲੀ ਨੰ. 1, ਹਰਗੋਬਿੰਦ ਐਵੀਨਿਊ, ਸ਼ੇਰ ਸ਼ਾਹ ਸੂਰੀ ਰੋਡ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਪੁੱਤਰ ਚੇਤਨ ਸ਼ਰਮਾ ਅਤੇ ਇਸ ਦੀ ਪਤਨੀ ਰਜਨੀ ਭਗਤ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਉਹ ਆਪਣੇ ਲੈਣ-ਦੇਣ ਅਤੇ ਕੀਤੇ ਕੰਮਾਂ ਦੇ ਖੁਦ ਜ਼ਿੰਮੇਵਾਰ ਹੋਣਗੇ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਗੁਰਦੇਵ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਮਕਾਨ ਨੰ: ਬੀ.ਐਨ. 81, ਗਲੀ ਨੰ: 3, ਬਲਦੇਵ ਨਗਰ, ਜਲੰਧਰ-1, ਜਲੰਧਰ, ਪੰਜਾਬ-144004 ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਅਮਨਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ ਸਤਨਾਮ ਸਿੰਘ ਪੁੱਤਰ ਹਰਦੇਵ ਸਿੰਘ ਤੇ ਮਨਦੀਪ ਕੌਰ ਪਤਨੀ ਸਤਨਾਮ ਸਿੰਘ ਵਾਸੀਆਨ ਪਿੰਡ ਹੇਜ਼ਮ, ਡਾਕਖਾਨਾ ਮਾਣਕਢੇਰੀ, ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡੀ ਪੁੱਤਰੀ ਮਨਮੀਤ ਕੌਰ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਵਾ ਸਾਡੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਸਤਵਿੰਦਰ ਸਿੰਘ ਪੁੱਤਰ ਚੇਤ ਸਿੰਘ ਵਾਸੀ ਸ਼ੇਰੇ ਪੰਜਾਬ ਸਿੰਬਲ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਸੁਖਬੀਰ ਕੌਰ ਪਤਨੀ ਗੁਰਪ੍ਰੀਤ ਸਿੰਘ ਵਾਸੀ ਪਿੰਡ ਅੱਬਲ ਖੈ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਕੋਈ ਵੀ ਇਸ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ ਦੇਣ ਕਰੇਗਾ, ਉਹ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਵਾ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸੁਲਿੰਦਰ ਕੌਰ ਪਤਨੀ ਲੇਟ ਗੁਰਦਿਆਲ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਮੋਰਾਂਵਾਲੀ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕੁਲਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਜਸਵੰਤ ਰਾਜ ਪੁੱਤਰ ਸ੍ਰੀ ਦੁਲਾ ਰਾਮ ਵਾਸੀ ਗਾਂਧੀ ਨਗਰ ਕੈਂਪ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਰਜਨ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਅਸੀਂ ਰੇਸ਼ਮ ਪਾਲ ਪੁੱਤਰ ਜੀਤ ਰਾਮ ਅਤੇ ਪਰਮਿੰਦਰ ਕੌਰ ਪਤਨੀ ਰੇਸ਼ਮ ਪਾਲ ਵਾਸੀਆਨ ਸੈਂਟਰਲ ਟਾਊਨ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸੁਖਪਾਲ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਵਾ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਜਰਨੈਲ ਸਿੰਘ ਪੁੱਤਰ ਸ. ਚੰਨਣ ਸਿੰਘ ਵਾਸੀ ਮਕਾਨ ਨੰ. 1, ਸ਼ਿਵ ਪੁਰੀ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਣਜੀਤ ਸਿੰਘ ਅਤੇ ਉਸਦੀ ਪਤਨੀ ਸੋਨੀਆ ਅਤੇ ਉਹਨਾਂ ਦੇ ਦੋਨੋਂ ਲੜਕੇ ਫਤਿਹ ਸਿੰਘ ਅਤੇ ਰਾਜਵੀਰ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਸਾਰਿਆਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਤਰੁਨ ਕੁਮਾਰ ਮੇਹਰਾ ਪੁੱਤਰ ਰਮੇਸ਼ ਚੰਦਰ ਵਾਸੀ 49, ਅਭਿਨੰਦਨ ਪਾਰਕ, ਮਕਸੂਦਾਂ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਹਿਮਾਂਸ਼ੀ ਮੇਹਰਾ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਜਸਵਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ, ਵਾਸੀ ਧੂਰਾ ਰੋਡ, ਧੂਰੀ (ਸੰਗਰੂਰ) ਆਪਣੀ ਲੜਕੀ ਸਿਮਰਨਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜਿੰਮੇਵਾਰ ਹੋਣਗੇ।

## ਆਮ ਸੂਚਨਾ

ਮੈ ਰਾਮ ਆਸਰਾ ਪੁੱਤਰ ਜੀਤ ਰਾਮ ਵਾਸੀ ਮਕਾਨ ਨੰਬਰ 221, ਸੰਤੋਖ ਪੁਰਾ, ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਨਰਿੰਦਰ ਕੁਮਾਰ ਨੂੰ ਹੁਣ ਆਪਣੇ ਕਹਿਣੇਕਾਰ ਹੋਣ ਕਰਕੇ ਉਸ ਸੰਬੰਧੀ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲੀ ਸੰਬੰਧੀ ਦਿੱਤਾ ਪਬਲਿਕ ਨੋਟਿਸ ਵਾਪਸ ਲੈਂਦਾ ਹਾਂ। ਹੁਣ ਮੇਰਾ ਲੜਕਾ ਮੇਰੀ ਚੱਲ-ਅਚੱਲ ਜਾਇਦਾਦ ਵਿਚ ਪੂਰਾ ਹੱਕਦਾਰ ਹੈ । ਸੰਬੰਧਤ ਨੋਟ ਕਰਨ।

ਮੈਂ, ਬਲਦੇਵ ਸਿੰਘ ਪੁੱਤਰ ਸ. ਹਜਾਰਾ ਸਿੰਘ ਵਾਸੀ ਪਿੰਡ ਖੈਰਦੀਨ ਕੇ, ਤਹਿ. ਵਾ ਜ਼ਿਲ੍ਹਾ ਤਰਨਤਾਰਨ ਸੂਚਿਤ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਸਤਿੰਦਰ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਮਿਤੀ 19-10-2010 ਨੂੰ ਦੋ ਅਖਬਾਰਾਂ ਰਾਹੀਂ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਸਤਿੰਦਰ ਸਿੰਘ ਮੇਰੇ ਕਹਿਣੇ ਵਿੱਚ ਹੈ। ਇਸ ਲਈ ਮੈਂ ਆਪਣੇ ਲੜਕੇ ਦੀ ਬੇਦਖਲੀ ਰੱਦ ਕਰਦਾ ਹਾਂ ਅਤੇ ਹੁਣ ਮੇਰਾ ਲੜਕਾ ਮੇਰੀ ਚੱਲ ਵਾ ਅਚੱਲ ਜਾਇਦਾਦ ਦਾ ਹੱਕਦਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸਤਵੰਤ ਕੌਰ ਪਤਨੀ ਬਾਵਾ ਸਿੰਘ ਵਾਸੀ ਪਿੰਡ ਕਰਾੜੀ, ਜ਼ਿਲਾ ਜਲੰਧਰ ਬਿਆਨ ਕਰਦੀ ਹਾਂ ਕਿ ਮੈਂ ਆਪਣੀ ਲੜਕੀ ਨਵਜੋਤ ਕੌਰ ਪਤਨੀ ਜਗਦੀਪ ਸਿੰਘ ਨੂੰ ਮੇਰੇ ਕਹਿਣੇ ਵਿੱਚ ਨਾ ਹੋਣ ਕਰਕੇ ਮਿਤੀ 24-01-2026 ਨੂੰ ਅਖ਼ਬਾਰ ਨਵਾਂ ਜ਼ਮਾਨਾ ਅਤੇ ਦਾ ਪਾਇਨੀਅਰ ਵਿੱਚ ਦਿੱਤੇ ਇਸ਼ਤੇਹਾਰ ਰਾਹੀਂ ਬੇਦਖਲ ਕੀਤਾ ਸੀ। ਹੁਣ ਮੇਰੀ ਲੜਕੀ ਨਵਜੋਤ ਕੌਰ ਪਤਨੀ ਜਗਦੀਪ ਸਿੰਘ ਮੇਰੇ ਕਹਿਣੇ ਵਿੱਚ ਹਨ ਮੈਂ ਇਹਨਾਂ ਦੀ ਬੇਦਖਲੀ ਵਾਪਿਸ ਲੈਂਦੀ ਹਾਂ। ਸੰਬੰਧਿਤ ਨੋਟ ਕਰਨ।

ਮੈਂ ਕਵਲਜੀਤ ਕੌਰ ਪਤਨੀ ਗੁਰਮਿੰਦਰ ਸਿੰਘ ਵਾਸੀ ਪਿੰਡ ਚੀਚਾ ਤਹਿਸੀਲ ਤੇ ਜਿਲਾ ਅੰਮ੍ਰਿਤਸਰ ਹਾਲ ਵਾਸੀ ਬਲਿਉ ਸਿਟੀ ਤਹਿਸੀਲ ਤੇ ਜਿਲਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਇਕ ਕੀਤਾ ਪਲਾਟ ਪਰਾਈਵੇਟ ਨੰਬਰ 15, ਜਿਸਦਾ ਖਸਰਾ ਨੰਬਰ 10//22, ਮਿਨ, ਖਾਤਾ ਨੰਬਰ 193/187, ਖ਼ਤੌਨੀ ਨੰਬਰ 316, ਜਮਾਂਬੰਦੀ ਸਾਲ 2019-2020, ਹਦਸਟ ਨੰਬਰ 343, ਵਾਕਿਆ ਰਕਬਾ ਪਿੰਡ ਮੀਰਾ ਕੋਟ ਖੁਰਦ, ਅਬਾਦੀ ਬਲਿਉ ਸਿਟੀ ਅੰਮ੍ਰਿਤਸਰ ਵਿਚ ਦੋ ਅਸਰ ਰਾਜਿਸਟ੍ਰੀ ਬੈਨਾਮਾ ਜੋ ਹਾਰਜੀਵਨ ਕੌਰ ਪੁਤਰੀ ਗੁਰਮਿੰਦਰ ਸਿੰਘ ਵਾਸੀ ਅੰਮ੍ਰਿਤਸਰ ਦੇ ਨਾਮ 01/01/2013, ਦਸਤਾਵੇਜ ਨੰਬਰ 23494 ਹੈ ਉਪਰੋਕਤ ਥਾਂ ਪਹਿਲੇ ਕਿਸੇ ਭਾਰ ਹੇਠ ਨਹੀਂ ਹੈ ਤੇ ਨਾ ਹੀ ਕੋਈ ਕਰਜਾ ਹੈ ਬਾਕੀ ਦੇ ਅਸਲ ਕਾਗਜਾਤ ਮੇਰੇ ਕੋਲ ਮਜੂਦ ਹੈ ਅਤੇ ਉਪਰੋਕਤ ਦੋਨੋ ਰਜਿਸਟਰੀ ਮੇਰੇ ਕੋਲੋਂ ਗੁਮ ਹੋ ਗਈਆਂ ਹਨ।

## PUBLIC NOTICE

I, Pushpa wife of Shadi Ram resident of 41/1231/159, Guru Arjun Dev Nagar, Boota Pind Jalandhar, Punjab have changed my address from 41/1231/159, Guru Arjun Dev Nagar, Boota Pind, Jalandhar, Punjab to H.No. 236, New Deol Nagar, Jalandhar, Punjab. All concerned please note.

I, Arti wife of Tarlok Singh resident of House No. 507, VPO. Dakoha, Tehsil & District Jalandhar, Punjab-144023 declare that name of my father has been wrongly written as Ramesh Singh in my Passport. That my father's correct name is Ramesh Kumar. All concerned please note.

I, Arti wife of Tarlok Singh resident of House No. 507, VPO. Dakoha, Tehsil & District Jalandhar, Punjab-144023 declare that name of my mother has been wrongly written as Veena Rani in my Passport. That my mother's correct name is Veena. All concerned please note.

I, Saloni Mehta W/o Atul Mehta R/o House No. 2, Cool Road, Jalandhar declare that My Husband Mr. Atul Mehta is under depression from few years . If any person deals with my husband regarding lends or borrow money then he/She /they will be doing so at his/her/their own responsibility. I / my family members will not be responsible for any his dealing. Please note.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## PUBLIC NOTICE

I Balvir Chouhan S/O Roshan Lal R/O H No 165, Ward No. 03 Garden Colony, Mission Road, Near Doctor Suneja, Teh & Distt Pathankot, Punjab 145001 declaring that original Transfer Deed No 45 dated 05/04/2017 in respect to Residential Property situated at Wakia Village Mamun, Tehsil & District Pathankot having area measuring 2.33 Marle I have lodged DDR on 30/01/2025 With DDR NO. 676374/2026 in respect to the loss of said document I am going to mortgage the said property with Poonawalla fincorp Limited and if any body objection kindly intimate in writing to Advocate Vikas Sood Office : Chamber No 84, Lawyers Chamber, New District Court Jalandhar Mob 9814094356 144004 within 14 days of publishment.

## ਪਬਲਿਕ ਨੋਟਿਸ

ਸਮੂਹ ਮੈਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਉਹਨਾਂ ਨੂੰ ਉਪਰੋਕਤ ਜ਼ੋਨਾਂ ਦੀ ਬਣਤਰ ਸਬੰਧੀ ਕੋਈ ਇਤਰਾਜ਼ ਹੈ ਤਾਂ ਉਹ ਆਪਣਾ ਲਿਖਤੀ ਇਤਰਾਜ਼ ਇਸ ਦਫਤਰ ਵਿਚ ਮਿਤੀ 19/02/2026 ਨੂੰ ਬਾਦ ਦੁਪਹਿਰ 5.00 ਵਜੇ ਤਕ ਦੇ ਸਕਦਾ ਹੈ। ਪ੍ਰਾਪਤ ਹੋਏ ਇਤਰਾਜਾਂ ਦੀ ਸੁਣਵਾਈ ਮਿਤੀ 20/02/2026 ਨੂੰ ਬਾਦ ਦੁਪਹਿਰ 2.00 ਵਜ਼ੇ ਨਿਮਨ ਹਸਤਾਖਰ ਵੱਲੋਂ ਇਸ ਦਫਤਰ ਜਿਲਾ ਪ੍ਰਬੰਧਕੀ ਕੰਪਲੈਕਸ, ਤਰਨਤਾਰਨ ਕਮਰਾ ਨੰ:216 ਵਿਚ ਕੀਤੀ ਜਾਵੇਗੀ ਅਤੇ ਇਨ੍ਹਾਂ ਜ਼ੋਨਾਂ ਦੀ ਪ੍ਰਵਾਨਗੀ ਸੰਬੰਧੀ ਫੈਸਲਾ ਕੀਤਾ ਜਾਵੇਗਾ। ਇਹ ਜ਼ੋਨ ਕਿਸੇ ਵੀ ਕੰਮ ਵਾਲੇ ਦਿਨ ਦੀ ਨਿਊ ਸਭਰਾ ਬਲਾਕ ਰੂਰਲ ਸਹਿਕਾਰੀ ਮਕਾਨ ਉਸਾਰੀ ਸਭਾ ਲਿਮ: ਪੱਟੀ ਵਿਚ ਜਾਂ ਇਸ ਦਫਤਰ ਵਿਚ ਵੇਖੇ ਜਾ ਸਕਦੇ।

## COURT NOTICE

(U/o 5 Rule 20 CPC)
In The Court of
Sh. Amandeep Singh
Civil Judge (Senior Division), Tarn Taran

Next Date, Purpose of Case, Orders and Judgments as well as other case, information is available on http://districts.ecourts.gov.in

CNR No. PBTT02-001009-2025
Next Date : 05.03.2026
Jaswinder Kaur
Vs
General Public
Publication Issued To :
General Public
: Tarn Taran

In above titled case, the defendant(s)/ respondent (s) could not be served. It is ordered that defendant(s)/ respondant (s) should appear in person or through counsel on 05.03.2026 at 10:00 A.M.

For details logon to https://highcourtchd.gov.in/?trs=district_notice&district=Tarn Taran

Civil Judge, (Senior Division)
Tarn Taran
Dated this day of 19-01-2026

## COURT NOTICE

(U/o 5 Rule 20 CPC)
(Under Guardian and ward Act)
In The Court of
Ms. Harpreet Kaur Nafra
Additional Civil Judge (Sr. Divn.), Amloh (P)
CNR No. PBFGA0-000747-2025
Next Date :- 03-04-2026

Reshma aged about 46 years widow of Late Sh. Balvir Singh Rehal Resident of W.No. 7, Nabha Road, Amloh, Tehsil Amloh, District Fatehgarh Sahib.

Vs.

General Public

Petition Under Section 8 of Hindu Manority and Guardianship Act 1956 read with Section 10 of Guardian and Wards act 1890.

Notice To: General Public

In above titled case, the defendant(s)/respondent(s)/General Public could not be served. It is ordered that defendant(s)/respondent(s) should appear in person or through counsel on 03-04-2026 at 10:00 a.m.

For details logon to https://highcourtchd.gov.in/?mod=district_notice&district=mogacourt.

Additional Civil Judge (Sr. Divn.)
Fatehgarh Sahib
Dated, this day of 03-02-2026

## COURT NOTICE

(U/o 5 Rule 20 CPC)
In The Court of Sh. Balkar Singh
Additional Civil Judge (Senior Division), Budhlada
CNR No. PBMNA0-000861-2024
Next Date:- 13-02-2026
Daljit Singh
Vs.
Gurcharan Singh
Publication Issued To:

1. Gurcharan Singh S/o Mehal Singh S/o Jaimal Singh S/o Buta Singh 3. Mahinder Singh Son of Gurbakhsh Singh Son of Mehal Singh 4. Sukhwinder Singh Son of Gurbakhsh Singh Son of Mehal Singh 6. Ranjit Singh Son of Mukhtiar Singh Son of Mehal Singh Son of Jaimal Singh, 7. Gurmeet Singh Son of Mukhtiar Singh Son of Mehal Singh Son of Jaimal Singh. All residents of Ratta Kheda Teh. Lehra, Distt. Sangrur.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 13-02-2026 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge (Senior Division), Budhlada
Dated, this day of 04-02-2026

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

ਬਿਨੈਕਾਰ ਦਾ ਨਾਮ : **ਅਮਰਜੀਤ ਸਿੰਘ** ਪਿਤਾ/ਪਤੀ ਦਾ ਨਾਮ : **ਹਰਭਜਨ ਸਿੰਘ**
ਪਤਾ: Vpo Bir Udhowal Tehsil Nakodar Jalandhar, Village-Udhowal/ Tehsil -Nakodar/District - Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦ੍ਰਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।
ਨਾਮ : **ਜੀਵਨਜੋਤ ਸਿੰਘ** ਪੱਕਾ ਪਤਾ: Vpo Bir Udhowal Tehsil Nakodar Jalandhar, Udhowal, Nakodar, Jalandhar, Punjab ਵਿਦੇਸ਼ੀ ਪਤਾ: Via Cesarea N 36 Guastalla Re 42016 Italy/ ਵਾਇਆ ਸੀਜਰੀਆ ਐਨ 36 ਗੁਆਸਟਾਲਾ ਆਰ ਈ 42016 ਇਟਲੀ।
ਉਮਰ/ਜਨਮ ਮਿਤੀ : 28-(06/03/1997)
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 03-02-2026 ਨੂੰ ਜਾਰੀ ਹੋਇਆ।
ਨੰਬਰ 04/ਨੰਬਰ/ਰੀਡਰ ਮਤੀ 03.02.2026 ਜ਼ਿਲਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## ਏ ਐਸ ਆਰ ਈ ਸੀ (ਇੰਡੀਆ) ਲਿਮਿਟੇਡ

ASREC (India) Limited

ਰਜਿਸਟਰਡ ਅਤੇ ਕਾਰਪੋਰੇਟ ਦਫ਼ਤਰ ਦਾ ਪਤਾ : ਬਿਲਡਿੰਗ ਨੰ. 2, ਯੂਨਿਟ ਨੰ. 201-2021 ਅਤੇ 200-2022, ਗ੍ਰਾਊਂਡ ਫਲੋਰ, ਸੋਲਿਟੇਅਰ ਕਾਰਪੋਰੇਟ ਪਾਰਕ, ਅੰਧੇਰੀ-ਘਾਟਕੋਪਰ ਲਿੰਕ ਰੋਡ, ਚਕਾਲਾ, ਅੰਧੇਰੀ (ਪੂਰਬ), ਮੁੰਬਈ - 400093

ਸਰਫੇਸੀ ਐਕਟ 2002 ਦੇ ਸੈਕਸ਼ਨ 13(2) ਤਹਿਤ ਨੋਟਿਸ
ਸਰਫੇਸੀ ਐਕਟ, 2002 ਦੇ ਸੈਕਸ਼ਨ 13(2) ਤਹਿਤ ਡਿਮਾਂਡ ਨੋਟਿਸ

ਅਸੀਂ, ਐਸਰੈਕ (ਇੰਡੀਆ) ਲਿਮਟਿਡ ਕੰਪਨੀਜ਼ ਐਕਟ, 1956 ਅਧੀਨ ਇਕ ਇਨਕਾਰਪੋਰੇਟਿਡ ਕੰਪਨੀ ਹੈ ਅਤੇ ਸਕਿਉਰਿਟੀਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ('ਸਰਫੇਸੀ ਐਕਟ') ਦੇ ਸੈਕਸ਼ਨ 3 ਦੀਆਂ ਵਿਵਸਥਾਵਾਂ ਅਧੀਨ ਸਕਿਉਰਿਟੀਜੇਸ਼ਨ ਐਂਡ ਐਸਟ ਰੀਕੰਸਟ੍ਰਕਸ਼ਨ ਕੰਪਨੀ ਵਜੋਂ ਰਿਜ਼ਰਵ ਬੈਂਕ ਆਫ ਇੰਡੀਆ ਕੋਲ ਰਜਿਸਟਰਡ ਹੈ ਅਤੇ ਇਸ ਦਾ ਰਜਿਸਟਰਡ ਦਫ਼ਤਰ ਸੋਲੀਟੇਅਰ ਕਾਰਪੋਰੇਟ ਪਾਰਕ, ਬਿਲਡਿੰਗ ਨੰ. 2, ਯੂਨਿਟ ਨੰ. 201/202 ਏ ਅਤੇ 200-202 ਬੀ, ਧਰਾਤਲ ਮੰਜ਼ਲ, ਅੰਧੇਰੀ-ਘਾਟਕੋਪਰ ਲਿੰਕ ਰੋਡ, ਚਕਾਲਾ ਅੰਧੇਰੀ (ਪੂਰਬੀ) ਮੁੰਬਈ-4000093 ਵਿਖੇ ਹੈ। ਅਸਾਈਨਮੈਂਟ ਡੀਡ ਮਿਤੀ 04.07.2025 ਦੀ ਪਾਲਣਾਹਿੱਤ ਐਸਰੈਕ (ਇੰਡੀਆ) ਦੇ ਪੱਖ 'ਚ ਮੈਸਰਜ਼ ਪ੍ਰੋਟੀਅਮ ਫਾਇਨਾਂਸ ਲਿਮਟਿਡ, ਅਸਲ ਵਿੱਤ ਦਾਤਾ ਦੇ ਅਟੱਲ ਰੂਪ 'ਚ, ਅਧਿਕਾਰਾਂ, ਟਾਈਟਲ ਅਤੇ ਹਿੱਤ ਸਕਿਉਰਿਟੀ ਇੰਟਰੈਸਟ ਤਹਿਤ ਤਬਦੀਲ, ਵਿੱਤੀ ਐਸਟਸ ਨੰ. ਸਪੁਰਦ ਕਰ ਦਿੱਤਾ ਹੈ। ਸਿੱਟੇ ਵਜੋਂ ਐਸਰੈਕ (ਇੰਡੀਆ) ਲਿਮਟਿਡ ਸਰਫੇਸੀ ਐਕਟ ਦੇ ਸੈਕਸ਼ਨ 5 ਤਹਿਤ ਸਕਿਉਰਡ ਕ੍ਰੈਡਿਟਰ ਬਣ ਗਿਆ ਹੈ ਅਤੇ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਤੋਂ ਆਪਣੇ ਨਾਂਅ 'ਤੇ ਵਸੂਲੀ ਕਰਨ ਲਈ ਹੱਕਦਾਰ ਬਣ ਗਿਆ ਹੈ। ਇਸ ਲਈ ਨਿਮਨਹਸਤਾਖਰੀ ਇਸ ਤਹਿਤ ਇਹ ਡਿਮਾਂਡ ਨੋਟਿਸ ਜਾਰੀ ਕੀਤਾ ਹੈ।

ਜਦੋਂ ਕਿ ਨਿਮਨਹਸਤਾਖਰੀ ਐਸਰੈਕ (ਇੰਡੀਆ) ਲਿਮਟਿਡ ਦਾ ਅਧਿਕਾਰਤ ਅ.ਫਸਰ ਹੋਣ ਨਾਤੇ ਸਕਿਉਰਿਟੀਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਕਤ ਐਕਟ ਦੇ ਸੈਕਸ਼ਨ 13(2) ਤਹਿਤ ਸੰਬੰਧਤ ਕਰਜ਼ਦਾਰਾਂ/ਜਾਇਦਾਦ ਮਾਲਕਾਂ ਜਿਵੇਂ ਵੀ ਮਾਮਲਾ ਹੋਵੇ, ਹੇਠਾਂ ਦਿੱਤੇ ਵੇਰਵਿਆਂ ਮੁਤਾਬਕ ਸੰਬੰਧਤ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸ 'ਚ ਦਰਸਾਈਆਂ ਰਕਮਾਂ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਹਨ। ਵੱਖ-ਵੱਖ ਕਾਰਨਾਂ ਕਰਕੇ ਸੰਬੰਧਤ ਕਰਜ਼ਦਾਰਾਂ ਨੂੰ ਨੋਟਿਸ ਨਹੀਂ ਭੇਜੇ ਜਾ ਸਕੇ। ਨੋਟਿਸ ਦੀਆਂ ਨਕਲਾਂ ਨਿਮਨਹਸਤਾਖਰੀ ਕੋਲ ਹਨ ਅਤੇ ਸੰਬੰਧਤ ਕਰਜ਼ਦਾਰ ਜੇਕਰ ਚਾਹੁੰਣ ਤਾਂ ਉਕਤ ਨਕਲਾਂ ਨਿਮਨਹਸਤਾਖਰੀ ਤੋਂ ਦਫ਼ਤਰੀ ਸਮੇਂ ਦੌਰਾਨ ਕਿਸੇ ਵੀ ਕੰਮ ਵਾਲੇ ਦਿਨ ਪ੍ਰਾਪਤ ਕਰ ਸਕਦੇ ਹਾਨ। ਹੇਠਾਂ ਦਰਸਾਏ ਡਿਮਾਂਡ ਨੋਟਿਸ ਦੇ ਜਾਰੀ ਕਰਨ ਦੀ ਮਿਤੀ ਨੂੰ ਐੱਨ ਪੀ ਏ ਘੋਸ਼ਿਤ ਕਰ ਦਿੱਤੇ ਗਏ ਹਨ। ਫਿਰ ਵੀ, ਸੰਬੰਧਤ ਕਰਜ਼ਦਾਰਾਂ, ਜਿੱਥੇ ਜ਼ਰੂਰੀ ਹੋਵੇ ਐਸਰੈਕ (ਇੰਡੀਆ) ਲਿਮਟਿਡ ਨੂੰ ਹੇਠਾਂ ਦਰਸਾਈਆਂ ਰਕਮਾਂ ਸਮੇਤ ਭਵਿੱਖੀ ਵਿਆਜ ਰਕਮ ਦੀ ਅਦਾਇਗੀ ਤੱਕ ਕਰਜ਼ਾ ਅਤੇ ਹੋਰ ਸਮਝੌਤਿਆਂ ਤਹਿਤ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਅਦਾ ਕਰਨ ਲਈ ਨੋਟਿਸ ਜਾਰੀ ਕੀਤਾ ਜਾਂਦਾ ਹੈ।

| ਕਰਜ਼ਾ ਖਾਤਾ ਨੰ./ਕਰਜ਼ਦਾਰ ਅਤੇ ਸਹਿ-ਕਰਜ਼ਦਾਰ (ਕਰਜ਼ਦਾਰਾਂ) ਦਾ ਨਾਂਅ ਅਤੇ ਪਤਾ | ਐੱਨ ਪੀ ਏ ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ |
|---|---|---|
| | ਹੇਠਾਂ ਮਿਤੀ ਨੂੰ ਕੁੱਲ ਬਕਾਇਆ ਰਕਮ (ਆਈ ਐਨ ਆਰ) | |
| ਕਰਜ਼ਾ ਨੰ. ਜੀ ਐੱਸ 022 ਈ ਈ ਐਲ 2222695 (ਕਰਜ਼ਦਾਰ) ਵਰਮਾ ਟਰਾਂਸਪੋਰੇਟ ਕੰਪਨੀ (ਸਹਿ-ਕਰਜ਼ਦਾਰ) 1. ਗੀਤਾ ਰਾਣੀ 2. ਹਰਪ੍ਰੀਤ ਵਰਮਾ, ਵਾਸੀ ਦੁਕਾਨ ਨੰ. 6, ਨੇੜੇ ਪਭਾਤ ਰੋਡ, ਮੋਤੀ ਹੋਮਜ਼ ਬਿਲਡਿੰਗ ਜ਼ੀਰਕਪੁਰ, ਪੰਜਾਬ-140603 ਅਤੇ ਵਾਸੀ ਮਕਾਨ ਨੰ. 65, ਸੈਕਟਰ 52 ਕਜਹੇੜੀ, ਚੰਡੀਗੜ੍ਹ-160036 | 02.04.2025 | 29.10.2025 |
| | ਰੁਪਏ 5,01,756/- (ਪੰਜ ਲੱਖ ਇੱਕ ਹਜ਼ਾਰ ਸੱਤ ਸੌ ਛਪੰਜਾ ਰੁਪਏ ਕੇਵਲ) | |

ਸਕਿਉਰਡ ਐਸਟਸ/ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ :- ਜਾਇਦਾਦ ਰਕਬਾ 0 ਕਨਾਲ 2-1/2 ਮਰਲਾ, ਰੈੱਡ ਲਾਈਨ ਸੈਕਟਰ-7 ਵਿਖੇ ਸਥਿਤ, ਵਾਰਡ ਨੰ. 12, ਮੁਹੱਲਾ ਉੱਚੀ ਗਲੀ, ਪਿੰਡ ਖਰੜ, ਤਹਿਸੀਲ ਖਰੜ, ਹੱਦਬਸਤ ਨੰ. 184, ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਪੰਜਾਬ) (ਇਸ ਤੋਂ ਬਾਅਦ ਸੰਦੇਹ ਜਾਇਦਾਦ ਵਜੋਂ ਹਵਾਲਾ) (ਬੈਂਕ ਵੱਲੋਂ ਮੁਹੱਈਆ ਕਰਵਾਏ ਗਏ ਬੈਨਾਮੇ ਅਨੁਸਾਰ) ਹੱਦਾਂ ਬੈਨਾਮੇ 'ਚ ਦਰਸਾਈਆਂ ਅਨੁਸਾਰ : ਉੱਤਰ : ਸਕੂਲ ਦੀ ਇਮਾਰਤ (ਬਾਹੀ 19 ਫੁੱਟ 0 ਇੰਚ), ਦੱਖਣ : ਰਸਤਾ (ਬਾਹੀ 19 ਫੁੱਟ 0 ਇੰਚ), ਪੂਰਬ : ਨੰਨਾ ਮਸੀਰ ਦਾ ਮਕਾਨ (ਬਾਹੀ 36 ਫੁੱਟ 0 ਇੰਚ), ਪੱਛਮ : ਰਣਬੀਰ ਸਿੰਘ ਦਾ ਮਕਾਨ (ਬਾਹੀ 36 ਫੁੱਟ 0 ਇੰਚ)

ਜੇਕਰ ਸੰਬੰਧਤ ਕਰਜ਼ਦਾਰਾਂ/ਜਾਇਦਾਦ ਮਾਲਕਾਂ ਜਿਵੇਂ ਵੀ ਮਾਮਲਾ ਹੋਵੇ ਅਤੇ ਉਸ ਦੇ/ਉਨ੍ਹਾਂ ਦੇ ਵਾਰਸਾਂ, ਜੇਕਰ ਜ਼ਰੂਰੀ ਹੋਵੇ, ਉਕਤ ਦੱਸੀ ਰਕਮ ਐਸਰੈਕ (ਇੰਡੀਆ) ਲਿਮਟਿਡ ਨੂੰ ਅਦਾਇਗੀ ਕਰਨ 'ਚ ਅਸਫਲ ਰਹਿੰਦੇ ਹਨ ਤਾਂ ਐਕਟ ਦੇ ਸੈਕਸ਼ਨ 13(4) ਅਤੇ ਲਾਗੂ ਨਿਯਮਾਂ ਤਹਿਤ ਉਪਰੋਕਤ ਸਕਿਉਰਡ ਐਸਟਸ ਖਿਲਾਫ ਕਾਰਵਾਈ ਕਰ ਸਕਦਾ ਹੈ ਅਤੇ ਸੰਬੰਧਤ ਕਰਜ਼ਦਾਰ/ਜਾਇਦਾਦ ਮਾਲਕ ਜਿਵੇਂ ਵੀ ਮਾਮਲਾ ਹੋਵੇਗਾ ਅਤੇ ਉਹ/ਉਨ੍ਹਾਂ ਦੇ ਵਾਰਸ ਆਪਣੇ ਜੋਖਮ 'ਤੇ ਸਿੱਟਿਆਂ ਦੇ ਜ਼ਿੰਮੇਵਾਰ ਹੋਣਗੇ।

ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ (13) ਦੇ ਸਬ-ਸੈਕਸ਼ਨ 8 ਦੀਆਂ ਵਿਵਸਥਾਵਾਂ ਅਧੀਨ ਸਕਿਉਰਡ ਐੱਸਟਸ ਨੂੰ ਪ੍ਰਾਪਤ ਲਈ ਦਿੱਤੇ ਗਏ ਸਮੇਂ ਵੱਲ ਦਿਵਾਇਆ ਜਾਂਦਾ ਹੈ।

ਸੰਬੰਧਤ ਕਰਜ਼ਦਾਰ/ਜਾਇਦਾਦ ਦੇ ਮਾਲਕ ਜਿਵੇਂ ਵੀ ਮਾਮਲਾ ਹੋਵੇਗਾ ਅਤੇ ਉਹ/ਉਸ ਦੇ ਵਾਰਸ, ਜੇਕਰ ਜ਼ਰੂਰੀ ਹੋਇਆ 'ਤੇ ਸਰਫੇਸੀ ਐਕਟ ਦੇ ਤਹਿਤ ਉਕਤ ਐਸਟਸ ਨੂੰ ਵਿਕਰੀ ਢੰਗ ਰਾਹੀਂ ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਤਬਦੀਲ ਕਰਨ 'ਤੇ ਐਸਰੈਕ (ਇੰਡੀਆ) ਲਿਮਟਿਡ ਦੀ ਲਿਖਤੀ ਸਹਿਮਤੀ ਤੋਂ ਬਿਨਾਂ 'ਤੇ ਪਾਬੰਦੀ ਹੈ। ਸਰਫੇਸੀ ਐਕਟ ਦੀਆਂ ਵਿਵਸਥਾਵਾਂ ਦੇ ਤਹਿਤ ਕਰਜ਼ਦਾਰ ਅਤੇ ਜਾਇਦਾਦ ਮਾਲਕ ਵਿਵਾਦ ਦੇ ਮਾਮਲੇ ਵਿੱਚ ਖੁਦ ਜ਼ਿੰਮੇਵਾਰ ਹੋਵੇਗਾ ਅਤੇ ਸਰਫੇਸੀ ਐਕਟ ਅਨੁਸਾਰ ਇੱਕ ਅਪਰਾਧ ਹੈ/ ਸਜ਼ਾਯੋਗ ਹੈ ਜਾਂ ਜੁਰਮਾਨੇ ਦਾ ਹੱਕਦਾਰ ਹੈ।

ਮਿਤੀ : 05.02.2026, ਸਥਾਨ : ਪੰਜਾਬ ਸਹੀ/- ਅਧਿਕਾਰਤ ਅਫਸਰ

## YES BANK

Registered and Corporate Office: YES BANK House, Off Western Express Highway, Santacruz East, Mumbai – 400055 India. Website: www.yesbank.in
Email: comminications@yesbank.in CIN: L65190MH2003PLC143249
Regional Office At: 4th Floor, Max Tower, Sector 16B, Noida, U.P.- 201301

### ਅਚੱਲ ਜਾਇਦਾਦਾਂ ਦੀ ਵਿਕਰੀ ਲਈ ਨੋਟਿਸ

ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ।

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈ ਅਚੱਲ ਜਾਇਦਾਦ, ਜਿਸ ਦਾ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ, ਸਕਿਉਰਡ ਕ੍ਰੈਡੀਟਰ ਵੱਲੋਂ ਭੌਤਿਕ ਕਬਜ਼ਾ ਪ੍ਰਾਪਤ ਕੀਤਾ ਜਾ ਚੁੱਕਾ ਹੈ (1) ਮੈਸਰਜ਼ ਐੱਮ. ਆਰ. ਰਾਈਸ ਮਿੱਲਜ਼ ਪ੍ਰਾਈਵੇਟ ਲਿਮਟਿਡ ਰਾਹੀਂ ਇਸ ਦੇ ਡਾਇਰੈਕਟਰ ਮਨੀਸ਼ ਮਲਹੋਤਰਾ (ਕਰਜ਼ਦਾਰ ਅਤੇ ਰਹਿਣਕਾਰ) (2) ਮਨੀਸ਼ ਮਲਹੋਤਰਾ ਪੁੱਤਰ ਰਿਪੂਦਮਨ ਮਲਹੋਤਰਾ (ਸਹਿ-ਕਰਜ਼ਦਾਰ, ਗਰੰਟਰ) (3) ਨੀਰਾ ਮਲਹੋਤਰਾ ਪਤਨੀ ਰਿਪੂਦਮਨ ਮਲਹੋਤਰਾ (ਸਹਿ-ਕਰਜ਼ਦਾਰ ਅਤੇ ਗਰੰਟਰ) ਅਤੇ (4) ਸਵੇਤਾ ਮਲਹੋਤਰਾ ਪਤਨੀ ਮਨੀਸ਼ ਮਲਹੋਤਰਾ (ਸਹਿ-ਕਰਜ਼ਦਾਰ ਅਤੇ ਗਰੰਟਰ) ਤੋਂ 4 ਨਵੰਬਰ 2024 ਨੂੰ ਬਕਾਇਆ ਰਕਮ ਰੁ. 1,97,00,590.18/-(ਇੱਕ ਕਰੋੜ ਸਤਾਨਵੇਂ ਲੱਖ ਪੰਜ ਸੌ ਨੱਬੇ ਰੁਪਏ ਅਤੇ ਅਠਾਰਾਂ ਪੈਸੇ ਕੇਵਲ) ਸਮੇਤ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਚਾਰਜਿਜ਼ ਦੇ ਵਸੂਲ ਕਰਨ ਲਈ "ਜਿਵੇਂ ਹੈ ਜਿੱਥੇ ਹੈ" 'ਜੋ ਵੀ ਹੈ ਜਿਵੇਂ ਹੈ' ਦੇ ਆਧਾਰ 'ਤੇ 11 ਮਾਰਚ 2026 ਨੂੰ ਵਿਕਰੀ ਕੀਤੀ ਜਾਵੇਗੀ। ਰਾਖਵੀਂ ਕੀਮਤ ਰੁਪਏ 1,43,16,879/-(ਇੱਕ ਕਰੋੜ ਤਰਤਾਲੀ ਲੱਖ ਸੋਲਾਂ ਹਜ਼ਾਰ ਅੱਠ ਸੌ ਉਨਾਸੀ ਰੁਪਏ ਕੇਵਲ) ਅਤੇ ਰਕਮ ਬਿਆਨਾ ਜਮ੍ਹਾਂ ਰੁਪਏ ਰੁਪਏ 14,31,688/-(ਚੌਦਾਂ ਲੱਖ ਇਕੱਤੀ ਹਜ਼ਾਰ ਛੇ ਸੌ ਅਠਾਸੀ ਰੁਪਏ ਕੇਵਲ) ਹੋਵੇਗੀ।

### ਜਾਇਦਾਦ ਦਾ ਵੇਰਵਾ

ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਵਪਾਰਕ ਜਾਇਦਾਦ ਰਕਬਾ 25 ਕਨਾਲ 5 ਮਰਲੇ, ਖੇਵਟ ਖਤੌਨੀ ਨੰ. 38/41, ਖਸਰਾ ਨੰ. 11//8/2/2 (4-15), 9/1 (5-0), 2 (7-6), 3/1 (4-16), 13/2 (1-5), 10//22/1/2 (2-3), ਹਾਜ਼ੀਪੁਰ ਵਿਖੇ ਹਦਬਸਤ ਨੰ. 81, ਨਕੋਦਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸੜਕ, ਪੱਛਮ : ਜਾਇਦਾਦ, ਉੱਤਰ : ਜਾਇਦਾਦ, ਦੱਖਣ : ਜੀ ਟੀ ਰੋਡ। ਰਹਿਣਕਾਰ : ਮੈਸਰਜ਼ ਐੱਮ ਆਰ ਰਾਈਸ ਮਿੱਲਜ਼ ਪ੍ਰਾਈਵੇਟ ਲਿਮਟਿਡ।

ਈ-ਨਿਲਾਮੀ ਦੀ ਮਿਤੀ ਤੇ ਸਮਾਂ : 11 ਮਾਰਚ 2026, ਸਵੇਰੇ 11.00 ਵਜੇ ਤੋਂ ਸ਼ਾਮ 2.00 ਵਜੇ ਸ਼ਾਮ ਤੱਕ ਹਰੇਕ 5 ਮਿੰਟ ਦੇ ਵਾਧੇ ਨਾਲ।

ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : 9 ਮਾਰਚ 2026, ਸ਼ਾਮ ਦੇ 5.00 ਵਜੇ ਤੱਕ ।

ਜਾਇਦਾਦ ਦੇ ਨਿਰੀਖਣ ਦੀ ਮਿਤੀ ਤੇ ਸਮਾਂ : 6 ਮਾਰਚ 2026, ਸਵੇਰੇ 11.00 ਵਜੇ ਤੋਂ ਸ਼ਾਮ 2 ਵਜੇ ਤੱਕ।

ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ ਬਾਰੇ ਕ੍ਰਿਪਾ ਕਰਕੇ http://10.0.49.5/about-us/media/auction-property ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ www.yesbank.in 'ਤੇ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ।

ਟੈਂਡਰ ਦਸਤਾਵੇਜ਼/ਈ-ਬੋਲੀ ਕੈਟਾਲਾਗ ਜਾਂ ਅਚੱਲ ਜਾਇਦਾਦਾਂ/ਸਕਿਉਰਡ ਐੱਸਟਸ ਹਾਸਲ ਕਰਨ 'ਚ ਕਿਸੇ ਮੁਸ਼ਕਲ ਅਤੇ ਪੁੱਛਗਿੱਛ ਲਈ ਕ੍ਰਿਪਾ ਕਰਕੇ ਯੈੱਸ ਬੈਂਕ ਲਿਮਟਿਡ ਦੇ ਸੰਬੰਧਤ ਅਧਿਕਾਰੀਆਂ : ਅਮਿਤ ਸ਼ਰਮਾ 91-99964-67419 ਜਾਂ ਈਮੇਲ amit.sharma62@yesbank.in ਅਤੇ ਮੈਸ. ਈ-ਪ੍ਰੋਕਿਉਰਮੈਂਟ ਟੈਕਨਾਲੋਜੀਜ ਲਿਮਟਿਡ (ਆਕਸ਼ਨ ਟਾਈਗਰ) ਅਹਿਮਦਾਬਾਦ ਵੈੱਬ ਪੋਰਟਲ ਪਤਾ https://sarfaesi.auctiontiger.net ਬੋਲੀ ਸਮਰਥਨ ਨੰ.+91 9265562821/18 ਅਤੇ 9978591888, 079-68136880/68136837 ਈ-ਮੇਲ : support@auctiontiger.net ਅਤੇ ramprasad@auctiontiger.net ਨਾਲ ਸੰਪਰਕ ਕੀਤਾ ਜਾਵੇ, ਸੰਪਰਕ ਵਿਅਕਤੀ ਸ੍ਰੀ ਰਾਮ ਸ਼ਰਮਾ-9978591888

ਸਾਰੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਨਿਰਧਾਰਤ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕੀਤੇ ਜਾਣ ਦੇ ਮਾਮਲੇ 'ਚ ਐਕਟ ਦੇ ਸੈਕਸ਼ਨ 13 (8) ਤਹਿਤ ਵਿਚਾਰ ਕੀਤੀ ਜਾ ਸਕਦੀ ਹੈ। ਸਕਿਉਰਡ ਐੱਸਟ ਦੀ ਸਾਡੇ ਵੱਲੋਂ ਵਿਕਰੀ ਜਾਂ ਤਬਾਦਲਾ ਕਰਨ ਸੰਬੰਧੀ ਕੋਈ ਕਦਮ ਨਹੀਂ ਉਠਾਇਆ ਜਾਵੇਗਾ।

ਕਰਜ਼ਦਾਰ/ਗਰੰਟਰਾਂ/ਰਹਿਣਕਾਰ ਲਈ ਵਿਕਰੀ ਨੋਟਿਸ

ਉਪਰੋਕਤ, ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਰੂਲ 9 (1) ਤਹਿਤ, ਜ਼ਿੰਮੇਵਾਰਾਂ ਲਈ ਪ੍ਰਕਾਸ਼ਨਾ ਮਿਤੀ ਤੋਂ 30 ਦਿਨਾਂ ਅੰਦਰ ਅਦਾਇਗੀ ਦਾ ਨੋਟਿਸ ਸਮਝਿਆ ਜਾਵੇ।

ਮਿਤੀ : 04 ਫਰਵਰੀ 2026, ਸਥਾਨ : ਜਲੰਧਰ ਸਹੀ/-(ਅਧਿਕਾਰਤ ਅਫਸਰ) ਯੈੱਸ ਬੈਂਕ ਲਿਮਟਿਡ

# ਬੇੜੀਆਂ ਲਗਾ ਕੇ ਨੌਜਵਾਨਾਂ ਨੂੰ ਵਾਪਸ ਭੇਜਣਾ ਅਮਰੀਕਾ ਦੇ ਅੰਦਰੂਨੀ ਸੰਕਟ ਦਾ ਪ੍ਰਗਟਾਵਾ : ਪ੍ਰੋ. ਮਨਜੀਤ ਸਿੰਘ



**ਫਿਲੌਰ, (ਹਰਜਿੰਦਰ ਕੌਰ ਚਾਹਲ)**

ਦੁਨੀਆ ਭਰ 'ਚ ਲੋਕਤੰਤਰ ਦਾ ਮਾਡਲ ਵੀ ਫੇਲ੍ਹ ਹੋ ਗਿਆ ਹੈ, ਜਿਸ 'ਚ ਕਿਹਾ ਜਾਂਦਾ ਸੀ ਕਿ ਇਹ ਸਾਰੇ ਵਰਗਾਂ ਦਾ ਭਲਾਈ ਕਰਦਾ ਹੈ, ਜਿਥੇ ਬੱਚਿਆਂ ਸਮੇਤ ਬੁਢਾਪਾ ਵੀ ਵਧੀਆ ਕੱਟਿਆ ਜਾਂਦਾ ਹੈ, ਅੱਜ ਉਸੇ ਮਾਡਲ 'ਚੋਂ ਨੌਜਵਾਨਾਂ ਨੂੰ ਬੰਨ੍ਹ ਕੇ ਵਾਪਸ ਭੇਜਿਆ ਜਾ ਰਿਹਾ ਹੈ। ਇਹ ਸ਼ਬਦ ਉਘੇ ਚਿੰਤਕ ਪ੍ਰੋ. ਮਨਜੀਤ ਸਿੰਘ ਨੇ ਪਿੰਡ ਮੁਠੱਡਾ ਕਲਾਂ ਵਿਖੇ ਕਿਸਾਨ ਆਗੂ ਨਰੰਜਣ ਸਿੰਘ ਮੁਠੱਡਾ ਦੀ 47ਵੀਂ ਬਰਸੀ ਮੌਕੇ ਸੰਬੋਧਨ ਕਰਦਿਆਂ ਕਹੇ। ਉਨ੍ਹਾਂ ਕਿਹਾ ਕਿ ਅਮਰੀਕਾ ਅਜਿਹੇ ਨੌਜਵਾਨਾਂ ਨੂੰ ਵੀ ਚੁੱਪ ਚੁਪੀਤੇ ਵੀ ਵਾਪਸ ਭੇਜ ਸਕਦਾ ਸੀ ਪਰ ਉਹ ਜਾਣ ਬੁੱਝ ਕੇ ਨੌਜਵਾਨਾਂ ਨੂੰ ਬੇੜੀਆਂ ਲਗਾ ਕੇ ਭੇਜ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹਾ ਲੋਕਤੰਤਰ ਦੇ ਅੰਦਰੂਨੀ ਸੰਕਟ ਦਾ ਹੀ ਪ੍ਰਗਟਾਵਾ ਹੈ। ਆਰੰਭ 'ਚ ਝੰਡਾ ਲਹਿਰਾਉਣ ਦੀ ਰਸਮ ਜਸਬੀਰ ਸਿੰਘ ਨੇ ਨਿਭਾਈ। ਇਸ ਮੌਕੇ ਸਰਬਜੀਤ ਸੰਗੋਵਾਲ, ਕੁਲਜੀਤ ਫਿਲੌਰ, ਮੇਜਰ ਫਿਲੌਰ, ਮਨਜਿੰਦਰ ਸਿੰਘ ਢੇਸੀ, ਕੁਲਦੀਪ ਵਾਲੀਆ, ਰਾਮ ਨਾਥ ਦੁਸਾਂਝ, ਮੱਖਣ ਸੰਗਰਾਮੀ, ਬੇਅੰਤ ਔਜਲਾ, ਗੁਰਨਾਮ ਸਿੰਘ ਮੁਠੱਡਾ ਆਦਿ ਹਾਜ਼ਰ ਸਨ।

# ਖੂਨਦਾਨ ਕੈਂਪ ਲਗਾਇਆ

**ਮਹਿਤਆਣਾ (ਜਗਤਾਰ ਸਿੰਘ ਭੁੰਗਰਨੀ)**

ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੱਖ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਖੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਗਰੀਬ ਦਾ ਮੂੰਹ,ਗੁਰੂ ਦੀ ਗੋਲਕ ਸੰਸਥਾ ਅਜਨੋਹਾ ਅਤੇ ਸ਼ਹੀਦ ਭਗਤ ਸਿੰਘ ਯੁਵਕ ਸੇਵਾਵਾਂ ਕਲੱਬ ਵੱਲੋਂ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਤੇ ਲੈਬੋਰਟਰੀ ਪਿੰਡ ਨਰੂੜ ਦੇ ਸਹਿਯੋਗ ਨਾਲ ਗੁਰਦੁਆਰਾ ਅੰਗੀਠਾ ਸਾਹਿਬ ਪਿੰਡ ਮੁਖਲਿਆਣਾ ਵਿਖੇ ਖੂਨਦਾਨ ਕੈਂਪ ਲਗਾਇਆ ਗਿਆ। ਸਵੈ ਇੱਛੁਕ 50 ਭਾਈਆਂ ਅਤੇ ਬੀਬੀਆਂ ਨੇ ਖੂਨਦਾਨ ਕੀਤਾ। ਇਸ ਮੌਕੇ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਕਲੱਬ ਪ੍ਰਧਾਨ ਤੀਰਥ ਸਿੰਘ, ਬਲਜੀਤ ਸਿੰਘ ਬਿੱਲਾ ਅਜਨੋਹਾ, ਜਤਿੰਦਰ ਸਿੰਘ ਰਾਣਾ ਮੁਖਲਿਆਣਾ, ਪ੍ਰੋਫੈਸਰ ਗੁਰਪ੍ਰੀਤ ਸਿੰਘ ,ਪ੍ਰਭਜੋਤ ਸਿੰਘ, ਦੀਪ ਸਿੰਘ ,ਸਰਪੰਚ ਸੁਰਜੀਤ ਕੌਰ ,ਓਕਾਰ ਸਿੰਘ ਨਰਿੰਦਰ ਸਿੰਘ, ਕਮਲਜੀਤ ਸਿੰਘ, ਸੁਖਦੇਵ ਸਿੰਘ , ਸਰਪੰਚ ਹਰਦੀਪ ਸਿੰਘ ਨਸੀਰਾਬਾਦ, ਸੁਖਪਾਲ ਸਿੰਘ, ਸੁਰਿੰਦਰ ਸਿੰਘ, ਅੰਮ੍ਰਿਤਪ੍ਰੀਤ ਸਿੰਘ ,ਬਿਕਰਮਪ੍ਰੀਤ ਸਿੰਘ, ਜਸਵੰਤ ਸਿੰਘ ,ਪ੍ਰਿਥੀਪਾਲ ਸਿੰਘ ,ਲਖਵਿੰਦਰ ਸਿੰਘ ਅਤੇ ਜਰਨੈਲ ਸਿੰਘ ਆਦਿ ਹਾਜ਼ਰ ਸਨ।



# ਮੰਡਲ ਕਾਂਗਰਸ ਵੱਲੋਂ ਚੌਧਰੀ ਪਹੂ ਲਾਲ ਸਨਮਾਨਤ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਇਲਾਕੇ ਦੇ ਸੀਨੀਅਰ ਕਾਂਗਰਸੀ ਆਗੂ ਚੌਧਰੀ ਪਹੂ ਲਾਲ ਦਾ ਮੰਡਲ ਕਾਂਗਰਸ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਸਨਮਾਨ ਸਮਾਰੋਹ ਦੌਰਾਨ ਕਾਂਗਰਸ ਆਗੂਆਂ ਨੇ ਚੌਧਰੀ ਪਹੂ ਲਾਲ ਵੱਲੋਂ ਪਾਰਟੀ ਲਈ ਕੀਤੀਆਂ ਸੇਵਾਵਾਂ ਤੇ ਉਨ੍ਹਾਂ ਦੇ ਮਜ਼ਬੂਤ ਸਿਆਸੀ ਸਟੈਂਡ ਦੀ ਸਰਾਹਨਾ ਕੀਤੀ। ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਨਰਿੰਦਰ ਨਿੰਦਾ, ਕੌਂਸਲਰ ਗੁਰਿੰਦਰ ਸਿੰਘ ਬੰਟੀ ਵਾਲੀਆ ਅਤੇ ਪ੍ਰੇਮ ਸਿੰਘ ਬਾਂਸੋਵਾਲ ਨੇ ਕਿਹਾ ਕਿ ਹਾਲ ਹੀ ਵਿੱਚ ਹੋਈਆਂ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਦੌਰਾਨ ਚੌਧਰੀ ਪਹੂ ਲਾਲ ਵੱਲੋਂ ਆਪਣੇ ਪਰਵਾਰਕ ਮੈਂਬਰ ਨੂੰ ਜ਼ਿਲ੍ਹਾ ਪ੍ਰੀਸ਼ਦ ਦੀ ਸੀਟ ਸ਼ਾਨਦਾਰ ਢੰਗ ਨਾਲ ਜਿਤਵਾਈ ਗਈ। ਆਗੂਆਂ ਨੇ ਕਿਹਾ ਕਿ ਚੌਧਰੀ ਪਹੂ ਲਾਲ ਹਮੇਸ਼ਾ ਲੋਕਾਂ ਦੇ ਮਸਲਿਆਂ ਨੂੰ ਪ੍ਰਾਥਮਿਕਤਾ ਦੇ ਕੇ ਪਾਰਟੀ ਨੂੰ ਮਜ਼ਬੂਤ ਕਰਦੇ ਆਏ ਹਨ। ਉਨ੍ਹਾਂ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੇ ਦੁੱਖ-ਸੁੱਖ ਵਿੱਚ ਨਾਲ ਖੜ੍ਹੀ ਰਹੀ ਹੈ ਅਤੇ ਲੋਕ ਅੱਜ ਵੀ ਕਾਂਗਰਸ ਦੇ ਰਾਜ ਨੂੰ ਯਾਦ ਕਰਦੇ ਹਨ। ਆਗੂਆਂ ਦਾ ਦਾਅਵਾ ਸੀ ਕਿ ਲੋਕ ਦੁਬਾਰਾ ਕਾਂਗਰਸ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ।ਇਸ ਮੌਕੇ ਮੰਡਲ ਪ੍ਰਧਾਨ ਕਾਂਗਰਸ ਪਾਰਟੀ ਸ੍ਰੀ ਅਨੰਦਪੁਰ ਸਾਹਿਬ ਕਮਲਦੀਪ ਕੌਰ ਸੈਣੀ, ਜਸਵਿੰਦਰ ਰਤਨ, ਕੌਂਸਲਰ ਮੁਕੇਸ਼ ਕੁਮਾਰ ਮਾਨੂ, ਯੂਥ ਕਾਂਗਰਸ ਪ੍ਰਧਾਨ ਅਨੰਦਪੁਰ ਸਾਹਿਬ ਮੋਹਨ ਲਾਲ ਸੈਣੀ, ਸਵਰਨ ਸਿੰਘ, ਚੰਦਨ ਸ਼ਰਮਾ, ਜਗਮੀਤ ਸਿੰਘ ਬੰਗਾ, ਗੁਰਪ੍ਰੀਤ ਸਿੰਘ ਪੰਚ, ਲੱਕੀ ਰਾਣਾ, ਪਵਨ ਰਾਣਾ, ਪ੍ਰੇਮ ਪਾਲ ਪਿੰਕਾ, ਤਜਿੰਦਰ ਸਿੰਘ ਰਤਨ, ਲੱਕੀ, ਪ੍ਰਕਾਸ਼ ਲੰਬੜਦਾਰ, ਸੰਜੀਵਨ ਰਾਣਾ, ਆਸ਼ੂ, ਜਿੰਦਵਾੜੀ ਅਤੇ ਬਿੱਟੂ ਸਹੋਤਾ ਪੰਚ, ਡਾਕਟਰ ਅੱਛਰ ਨਿੱਕੂਵਾਲ ਗੁਰਮੀਤ ਸਿੰਘ, ਜਰਨੈਲ ਸਿੰਘ ਜੈਲੀ ਸਾਬਕਾ ਸਰਪੰਚ ਪਿੰਡ ਮਾਇਆਪੁਰ ਆਦਿ ਹਾਜ਼ਰ ਸਨ।



# ਅਮਰੀਕਾ ਨਾਲ ਸਮਝੌਤੇ ਦੇ ਵੇਰਵੇ ਜਨਤਕ ਕਰੇ ਮੋਦੀ ਸਰਕਾਰ : ਪਾਸਲਾ

**ਜਲੰਧਰ (ਕੇਸਰ, ਰਾਜੇਸ਼ ਥਾਪਾ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਨੇ ਮੋਦੀ ਸਰਕਾਰ ਵੱਲੋਂ ਦੇਸ਼ ਦੀ ਸੰਸਦ ਨੂੰ ਭਰੋਸੇ 'ਚ ਲਏ ਬਗੈਰ ਅਮਰੀਕਾ ਨਾਲ ਕੀਤੇ ਦੇਸ਼ ਦੇ ਹਿਤਾਂ ਲਈ ਬੇਹੱਦ ਘਾਤਕ ਦੁਵੱਲੇ ਵਪਾਰ ਸਮਝੌਤੇ ਨੂੰ ਲੈ ਕੇ ਕੇਂਦਰੀ ਮੰਤਰੀਆਂ ਤੇ ਸੰਘ-ਭਾਜਪਾ ਆਗੂਆਂ ਵਲੋਂ ਕੀਤੀ ਜਾ ਰਹੀ ਗੁੰਮਰਾਹਕੁੰਨ ਬਿਆਨਬਾਜੀ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ।ਇਥੋਂ ਜਾਰੀ ਇਕ ਸਾਂਝੇ ਬਿਆਨ ਰਾਹੀਂ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਤੇ ਪੰਜਾਬ ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਮੰਗ ਕੀਤੀ ਹੈ ਕਿ ਮੋਦੀ ਸਰਕਾਰ ਅਮਰੀਕੀ ਪ੍ਰਸ਼ਾਸ਼ਨ ਦੀਆਂ ਗੈਰ ਬਰਾਬਰੀ ਵਾਲੀਆਂ ਸਾਰੀਆਂ ਸ਼ਰਤਾਂ ਮੰਨ ਕੇ ਕੀਤੇ ਗਏ ਇਸ ਅਤਿਅੰਤ ਗੋਡੇ ਟੇਕੂ ਸਮਝੌਤੇ ਦੇ ਸਾਰੇ ਵੇਰਵੇ ਬਿਨਾਂ ਦੇਰੀ ਜਨਤਕ ਕਰੇ।ਪਾਸਲਾ ਤੇ ਜਾਮਾਰਾਏ ਨੇ ਕਿਹਾ ਹੈ ਕਿ ਸਮਝੌਤੇ ਅਨੁਸਾਰ ਭਾਰਤ ਵਲੋਂ ਅਮਰੀਕਾ ਭੇਜੀਆਂ ਜਾਂਦੀਆਂ ਵਸਤਾਂ ਤੇ ਹੁਣ 18% ਟੈਰਿਫ ਵਸੂਲਿਆ ਜਾਵੇਗਾ ਜੋ ਕਿ ਪਹਿਲਾਂ 3% ਤੋਂ ਵੀ ਘੱਟ ਹੁੰਦਾ ਹੀ। ਇਸ ਦੇ ਉਲਟ ਭਾਰਤ ਆਉਣ ਵਾਲੀਆਂ ਅਮਰੀਕੀ ਵਸਤਾਂ 'ਤੇ ਕੋਈ ਟੈਰਿਫ ਨਹੀਂ ਵਸੂਲਿਆ ਜਾਵੇਗਾ।

# ਜ਼ਿਲ੍ਹਾ ਜਲੰਧਰ 'ਚ ਵੱਡੀ ਜੇਲ੍ਹ ਬਣਾਉਣ ਲਈ ਮੁੱਖ ਮੰਤਰੀ ਨੂੰ ਦਿੱਤਾ ਮੰਗ ਪੱਤਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਜ਼ਿਲ੍ਹਾ ਜਲੰਧਰ ਦੀ ਵੱਡੀ ਜੇਲ੍ਹ ਜੋ ਕਿ ਸੰਨ 2011 ਵਿੱਚ ਜ਼ਿਲ੍ਹਾ ਕਪੂਰਥਲਾ ਜੇਲ੍ਹ ਵਿੱਚ ਸ਼ਿਫਟ ਕਰ ਦਿੱਤੀ ਗਈ ਸੀ। ਉਸ ਨੂੰ ਵਾਪਿਸ ਜ਼ਿਲ੍ਹਾ ਜਲੰਧਰ ਵਿੱਚ ਹੀ ਲਿਆਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਡਿਪਟੀ ਕਮਿਸ਼ਨਰ ਜਲੰਧਰ ਤੇ ਪੰਜਾਬ ਦੇ ਮੁੱਖ ਮੰਤਰੀ ਦੇ ਫ਼ੀਲਡ ਅਫ਼ਸਰ ਨਵਦੀਪ ਸਿੰਘ ਨੂੰ ਬੀਤੇ ਦਿਨੀਂ ਬਾਲ ਕ੍ਰਿਸ਼ਨ ਬਾਲੀ ਪੱਤਰਕਾਰ ਨੂਰਮਹਿਲ ਵਲੋਂ ਮੰਗ ਪੱਤਰ ਦਿੱਤੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਕਪੂਰਥਲਾ ਜੇਲ੍ਹ ਵਿੱਚ ਜੋ ਕੇ ਕੈਦੀ ਸਜ਼ਾਵਾਂ ਭੁਗਤ ਰਹੇ ਹਨ। ਤਾਂ ਉਨ੍ਹਾਂ ਦੇ ਮਾਪਿਆਂ ਨੂੰ ਮੁਲਾਕਾਤ ਕਰਨ ਲਈ ਲੱਗ ਭੱਗ 80 ਤੋਂ 100 ਕਿਲੋਮੀਟਰ ਦੀ ਦੂਰੀ ਤੈਅ ਕਰਕੇ ਜਾਣਾ ਪੈਂਦਾ ਹੈ।ਇਹ ਜ਼ਿਲ੍ਹਾ ਜਲੰਧਰ ਦੇ ਵੱਖ ਵੱਖ ਸ਼ਹਿਰਾਂ ਜਿਵੇਂ ਜਲੰਧਰ, ਸ਼ਾਹਕੋਟ, ਨਕੋਦਰ, ਨੂਰਮਹਿਲ, ਆਦਮਪੁਰ ਆਦਿ ਸ਼ਹਿਰਾਂ ਅਤੇ ਵੱਖ ਵੱਖ ਪਿੰਡਾਂ ਤੋਂ ਮਾਪਿਆਂ ਨੂੰ ਰਿਸ਼ਤੇਦਾਰਾਂ ਆਦਿ ਨੂੰ ਬੱਸਾਂ ਗੱਡੀਆਂ ਆਦਿ ਰਾਹੀਂ ਬੜੀ ਮੁਸ਼ਕਲ ਨਾਲ ਬਹੁਤ ਜ਼ਿਆਦਾ ਦੂਰੀ ਤੈਅ ਕਰਕੇ ਕਪੂਰਥਲਾ ਜੇਲ੍ਹ ਵਿੱਚ ਜਾਣਾ ਪੈਂਦਾ ਹੈ ਤੇ ਕਪੂਰਥਲਾ ਜੇਲ੍ਹ ਤੋਂ ਵਾਪਿਸ ਆਪਣੇ ਘਰਾਂ ਨੂੰ ਆਉਣ ਲਈ ਸ਼ਾਮ ਜਾਂ ਰਾਤ ਹੀ ਪੈਅ ਜਾਂਦੀ ਹੈ। ਜਿਸ ਨਾਲ਼ ਬਜ਼ੁਰਗਾਂ ਨੂੰ ਬਹੁਤ ਮੁਸ਼ਕਲਾ ਆਉਂਦੀਆਂ ਹਨ। ਬਾਲੀ ਨੇ ਅੱਗੇ ਦੱਸਿਆ ਕਿ ਕਪੂਰਥਲਾ ਜੇਲ੍ਹ ਵਿੱਚ ਪਹਿਲਾਂ ਹੀ ਜ਼ਿਲ੍ਹਾ ਕਪੂਰਥਲਾ ਦੇ ਵੱਖ ਵੱਖ ਸ਼ਹਿਰਾਂ ਦੇ ਥਾਣੇਆਂ ਦੇ ਮੁਲਜ਼ਮ ਹੋਣ ਕਰਕੇ ਤੇ ਜ਼ਿਲ੍ਹਾ ਜਲੰਧਰ ਦੇ ਕੈਦੀਆ ਨੂੰ ਉਨ੍ਹਾਂ ਵਿੱਚ ਸ਼ਿਫਟ ਕਰਨ ਤੇ ਉਥੇ ਕੈਦੀਆ ਦੀ ਗਿਣਤੀ ਡਬਲ ਹੋਣ ਕਰਕੇ ਮੁਸ਼ਕਲਾਂ ਦਾ ਵੀ ਵਾਧਾ ਹੋ ਰਿਹਾ ਹੈ। ਇਨ੍ਹਾਂ ਸਾਰੀਆਂ ਮੁਸ਼ਕਲਾਂ ਨੂੰ ਦੇਖਦੇ ਹੋਏ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਜ਼ਿਲ੍ਹਾ ਜਲੰਧਰ ਦੀ ਵੱਡੀ ਜੇਲ੍ਹ ਜੋ ਕਿ ਜ਼ਿਲ੍ਹਾ ਕਪੂਰਥਲਾ ਜੇਲ੍ਹ ਵਿੱਚ ਸ਼ਿਫਟ ਕਰ ਦਿੱਤੀ ਗਈ ਸੀ ਉਸ ਨੂੰ ਵਾਪਿਸ ਜ਼ਿਲ੍ਹਾ ਜਲੰਧਰ ਵਿੱਚ ਹੀ ਲਿਆਉਣ ਦੀ ਅਪੀਲ ਕੀਤੀ।



# ਪ੍ਰੈਸ਼ਰ ਹਾਰਨਾਂ 'ਤੇ ਪੂਰਨ ਪਾਬੰਦੀ

**ਜਲੰਧਰ (ਇਕਬਾਲ ਸਿੰਘ ਉੱਭੀ)**-ਜ਼ਿਲ੍ਹਾ ਮੈਜਿਸਟ੍ਰੇਟ ਜਲੰਧਰ ਡਾ. ਹਿਮਾਂਸ਼ੂ ਅਗਰਵਾਲ ਨੇ ਸ਼ੋਰ ਪ੍ਰਦੂਸ਼ਣ (ਰੈਗੂਲੇਸ਼ਨ ਐਂਡ ਕੰਟਰੋਲ) ਰੂਲਜ਼ 2000 ਅਤੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤਾ ਹੈ। ਉਨ੍ਹਾਂ ਕਿਹਾ ਕਿ ਕਿ ਮੈਰਿਜ ਪੈਲੇਸ, ਪਬਲਿਕ ਅਤੇ ਧਾਰਮਿਕ ਸਥਾਨਾਂ 'ਤੇ ਲਾਊਡ ਸਪੀਕਰ ਦੀ ਆਵਾਜ਼ 10 ਡੈਸੀਬਲ ਤੋਂ ਹੇਠਾਂ ਹੋਣੀ ਚਾਹੀਦੀ ਹੈ। ਇਸ ਦੇ ਨਾਲ ਹੀ ਬੱਸਾਂ, ਕਾਰਾਂ, ਮੋਟਰਸਾਈਕਲਾਂ ਅਤੇ ਹਰ ਪ੍ਰਕਾਰ ਦੇ ਵਾਹਨਾਂ 'ਤੇ ਪ੍ਰੈਸ਼ਰ ਹਾਰਨਾਂ 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾਈ ਗਈ ਹੈ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਮੈਰਿਜ ਪੈਲੇਸਾਂ ਤੇ ਪਬਲਿਕ ਲੋਕੇਸ਼ਨਾਂ ਆਦਿ 'ਤੇ ਲਾਊਡ ਸਪੀਕਰ ਆਦਿ ਦੀ ਵਰਤੋਂ ਕਰਨ ਤੋਂ ਪਹਿਲਾਂ ਇਸ ਦੀ ਪੂਰਵ ਪ੍ਰਵਾਨਗੀ ਲੈਣੀ ਲਾਜ਼ਮੀ ਹੋਵੇਗੀ ਤੇ ਪ੍ਰਵਾਨਗੀ ਉਪਰੰਤ ਲਾਊਡ ਸਪੀਕਰ ਦੀ ਵਰਤੋਂ ਕਰਨ ਦਾ ਸਮਾਂ ਸਵੇਰੇ 6 ਵਜੇ ਤੋਂ ਰਾਤ 10 ਵਜੇ ਤੱਕ ਹੋਵੇਗਾ ਅਤੇ ਆਵਾਜ਼ ਨਿਯਤ ਮਿਆਰਾਂ ਅਨੁਸਾਰ ਹੀ ਹੋਵੇਗੀ। ਇਸ ਦੇ ਨਾਲ ਹੀ ਸਬਜ਼ੀ ਵੇਚਣ ਵਾਲੇ, ਕਬਾੜੀ, ਠੇਲੇ, ਈ-ਰਿਕਸ਼ਾ, ਆਟੋ ਆਦਿ ਵੱਲੋਂ ਸਪੀਕਰ ਜਾਂ ਕਿਸੇ ਹੋਰ ਧੁਨੀ ਪੈਦਾ ਕਰਨ ਵਾਲੇ ਉਪਕਰਣ ਦੀ ਵਰਤੋਂ ਕਰਕੇ ਸ਼ੋਰ ਕਰਨ 'ਤੇ ਵੀ ਰੋਕ ਰਹੇਗੀ। ਇਹ ਹੁਕਮ 2 ਅਪ੍ਰੈਲ 2026 ਤੱਕ ਲਾਗੂ ਰਹੇਗਾ।

# ਹੈਰੋਇਨ ਸਮੇਤ ਇੱਕ ਔਰਤ ਕਾਬੂ



**ਬੰਗਾ (ਅਵਤਾਰ ਕਲੇਰ)**-ਥਾਣਾ ਸਦਰ ਬੰਗਾ ਵਲੋਂ ਇੱਕ ਔਰਤ ਨੂੰ 6 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਨ ਦਾ ਦਾਅਵਾ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਏ ਐੱਸ ਆਈ ਬਲਜਿੰਦਰ ਕੁਮਾਰ ਨੇ ਦੱਸਿਆ ਕਿ ਉਹ ਸਮੇਤ ਪਾਰਟੀ ਗਸ਼ਤ ਤੇ ਸਨ। ਜਦੋਂ ਉਹ ਖਟਕੜ ਕਲਾਂ ਤੋਂ ਰੇਲਵੇ ਲਾਈਨ ਦੇ ਨਾਲ-ਨਾਲ ਕਾਹਮਾ ਲਿੰਕ ਰੋਡ ਤੋਂ ਇੱਕ ਲਿੰਕ ਰੋਡ ਪਿੰਡ ਭੂਤਾਂ ਕਲੋਨੀ ਕੋਲ ਪੁੱਜੇ ਤਾਂ ਉਨ੍ਹਾਂ ਨੂੰ ਇੱਕ ਔਰਤ ਖੜ੍ਹੀ ਦਿਖਾਈ ਦਿੱਤੀ ਜਿਸ ਨੇ ਪੁਲਿਸ ਪਾਰਟੀ ਦੀ ਗੱਡੀ ਨੂੰ ਦੇਖ ਆਪਣੇ ਹੱਥ ਵਿੱਚ ਫੜੀ ਇੱਕ ਪਾਰਦਰਸ਼ੀ ਮੋਮੀ ਲਿਫਾਫੀ ਵਜਨਦਾਰ ਘਾਹ ਫੂਸ ਵਿੱਚ ਸੁੱਟ ਦਿੱਤੀ। ਔਰਤ ਨੂੰ ਕਾਬੂ ਕੀਤਾ ਜਿਸ ਪਾਸੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਛਗਿੱਛ ਦੌਰਾਨ ਕਥਿਤ ਔਰਤ ਨੇ ਆਪਣਾ ਨਾਂਅ ਕਮਲਜੀਤ ਕੌਰ ਉਰਫ ਕਮਲਾ ਪਤਨੀ ਸੁਰਜੀਤ ਕੁਮਾਰ ਨਿਵਾਸੀ ਕਾਹਮਾ ਹਾਲ ਵਾਸੀ ਖਟਕੜ ਕਲਾਂ ਦੀਆਂ ਕਲੋਨੀਆਂ ਦੱਸਿਆ। ਪੁਲਸ ਨੇ ਉਕਤ ਔਰਤ ਦੇ ਖਿਲਾਫ ਨਸ਼ਾ ਐਕਟ ਅਧੀਨ ਮਾਮਲਾ ਦਰਜ ਕਰਕੇ ਤਫਤੀਸ਼ ਆਰੰਭ ਕਰ ਦਿੱਤੀ ਹੈ।

# ਪਲੇਸਮੈਂਟ ਕੈਂਪ ਅੱਜ

**ਮੋਹਾਲੀ (ਗੁਰਜੀਤ ਬਿੱਲਾ)**-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅਤੇ ਮਾਡਲ ਕਰੀਅਰ ਸੈਂਟਰ, ਐੱਸ ਏ ਐੱਸ ਨਗਰ ਵੱਲੋਂ 5 ਫਰਵਰੀ ਨੂੰ ਇੱਕ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਕੈਂਪ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰਬਰ 461, ਤੀਜੀ ਮੰਜ਼ਿਲ, ਸੈਕਟਰ-76, ਮੋਹਾਲੀ ਵਿਖੇ ਲਗਾਇਆ ਜਾਵੇਗਾ। ਕੈਂਪ ਦਾ ਸਮਾਂ ਸਵੇਰੇ 10:00 ਵਜੇ ਤੋਂ ਦੁਪਹਿਰ 01:00 ਵਜੇ ਤੱਕ ਹੋਵੇਗਾ।

# ਫਸਟ ਏਡ ਟ੍ਰੇਨਿੰਗ ਕੈਂਪ ਲਗਾਇਆ

**ਮੋਹਾਲੀ (ਗੁਰਜੀਤ ਬਿੱਲਾ)**-ਡਿਪਟੀ ਕਮਿਸ਼ਨਰ-ਕਮ-ਪ੍ਰਧਾਨ, ਜ਼ਿਲ੍ਹਾ ਰੈਡ ਕਰਾਸ ਸੋਸਾਇਟੀ, ਐੱਸ ਏ ਐੱਸ ਨਗਰ ਕੋਮਲ ਮਿੱਤਲ, ਆਈ.ਏ.ਐਸ. ਦੀ ਅਗਵਾਈ ਹੇਠ ਸੇਂਟ ਜਾਨ ਐਂਬੂਲੈਂਸ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਐਸ.ਏ.ਐਸ. ਨਗਰ ਵਿਖੇ ਫਸਟ ਏਡ ਟ੍ਰੇਨਿੰਗ ਕੈਂਪ ਦਾ ਆਯੋਜਨ ਕੀਤਾ ਗਿਆ।ਇਸ ਟ੍ਰੇਨਿੰਗ ਕੈਂਪ ਦੌਰਾਨ ਭਾਰਤੀ ਰੈਡ ਕਰਾਸ ਦੇ ਪ੍ਰਮਾਣਿਤ ਟ੍ਰੇਨਰ ਸ਼੍ਰੀ ਸੰਦੀਪ ਸਿੰਘ ਵੱਲੋਂ ਕੰਡਕਟਰਾਂ, ਡਰਾਈਵਰਾਂ, ਫੈਕਟਰੀ ਕਰਮਚਾਰੀਆਂ ਅਤੇ ਨੈਨੀ ਸਟੂਡੈਂਟਸ ਨੂੰ ਹਾਦਸਿਆਂ ਅਤੇ ਐਮਰਜੈਂਸੀ ਹਾਲਾਤਾਂ ਦੌਰਾਨ ਕੀਮਤੀ ਜਾਨਾਂ ਬਚਾਉਣ ਸਬੰਧੀ ਵਿਸਤ੍ਰਿਤ ਸਿਖਲਾਈ ਦਿੱਤੀ ਗਈ। ਟ੍ਰੇਨਿੰਗ ਦੌਰਾਨ ਸਿਖਿਆਰਥੀਆਂ ਨੂੰ ਦੱਸਿਆ ਗਿਆ ਕਿ ਦੁਰਘਟਨਾਵਾਂ ਸਮੇਂ ਜ਼ਖ਼ਮੀਆਂ ਦੀ ਜਾਨ ਬਚਾਉਣ ਅਤੇ ਉਨ੍ਹਾਂ ਦੀ ਪੀੜਾ ਘਟਾਉਣ ਵਿੱਚ ਫਸਟ ਏਡ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੁੰਦੀ ਹੈ ਅਤੇ ਹਰ ਨਾਗਰਿਕ ਨੂੰ ਫਸਟ ਏਡ ਦੀ ਮੁੱਢਲੀ ਜਾਣਕਾਰੀ ਹੋਣੀ ਚਾਹੀਦੀ ਹੈ।

# ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ ਵਿਖੇ ਰਾਸ਼ਟਰੀ ਸੈਮੀਨਾਰ

**ਫਗਵਾੜਾ (ਡਾ. ਰਮਨ)**

ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ ਫਗਵਾੜਾ ਦੀ ਪ੍ਰਿੰਸੀਪਲ ਡਾ. ਸਵਿੰਦਰ ਪਾਲ ਕੌਰ ਨੂੰ 30 ਜਨਵਰੀ ਨੂੰ ਖ਼ਾਲਸਾ ਕਾਲਜ ਫ਼ਾਰ ਵੂਮੈਨ, ਲੁਧਿਆਣਾ ਵਿਖੇ ਇਤਿਹਾਸ ਅਤੇ ਪੰਜਾਬੀ ਦੇ ਪੋਸਟ ਗ੍ਰੈਜੂਏਟ ਵਿਭਾਗਾਂ ਦੁਆਰਾ ਆਈ ਕਿਉ ਏ ਸੀ ਦੀ ਅਗਵਾਈ ਹੇਠ ਆਯੋਜਿਤ ਆਈ ਸੀ ਐੱਚ ਆਰ ਪ੍ਰਯੋਜਿਤ ਇੱਕ ਰੋਜ਼ਾ ਰਾਸ਼ਟਰੀ ਸੈਮੀਨਾਰ ਵਿੱਚ ਰਿਸੋਰਸ ਪਰਸਨ ਵਜੋਂ ਸੱਦਾ ਦਿੱਤਾ ਗਿਆ ਸੀ। ਕਾਲਜ ਆਡੀਟੋਰੀਅਮ ਵਿੱਚ ਆਯੋਜਿਤ ਇਹ ਸੈਮੀਨਾਰ 'ਸ੍ਰੀ ਗੁਰੂ ਤੇਗ ਬਹਾਦਰ ਜੀ: ਧਾਰਮਿਕ ਆਜ਼ਾਦੀ ਅਤੇ ਮਨੁੱਖੀ ਮਾਣ ਦੇ ਰਖਵਾਲੇ' ਵਿਸ਼ੇ 'ਤੇ ਕੇਂਦਰਿਤ ਸੀ। ਸੈਮੀਨਾਰ ਦੀ ਸ਼ੁਰੂਆਤ ਪ੍ਰਬੰਧਕੀ ਮੈਂਬਰਾਂ, ਡਾ. ਮੁਕਤੀ ਗਿੱਲ (ਕਾਲਜ ਦੇ ਡਾਇਰੈਕਟਰ), ਪ੍ਰਿੰਸੀਪਲ ਡਾ. ਕਮਲਜੀਤ ਗਰੇਵਾਲ, ਡਾ. ਪ੍ਰਿਤਪਾਲ ਸਿੰਘ, ਵਾਈਸ-ਚਾਂਸਲਰ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਡਾ. ਕੁਲਦੀਪ ਚੰਦ ਅਗਨੀਹੋਤਰੀ, ਸਾਬਕਾ ਵਾਈਸ-ਚਾਂਸਲਰ, ਸੈਂਟਰਲ ਯੂਨੀਵਰਸਿਟੀ, ਐਚਪੀ, ਡਾ. ਨਰਿੰਦਰਜੀਤ ਕੌਰ (ਮੁਖੀ, ਪੰਜਾਬੀ ਵਿਭਾਗ), ਰਮਨਦੀਪ ਕੌਰ (ਮੁਖੀ, ਇਤਿਹਾਸ ਵਿਭਾਗ), ਡਾ. ਵਿਨੋਦ, ਡਿਪਟੀ ਡਾਇਰੈਕਟਰ, ਆਈ ਸੀ ਐੱਚਆਰ ਤੇ ਡਾ. ਸਵਿੰਦਰ ਪਾਲ , ਪ੍ਰਿੰਸੀਪਲ, ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ, ਫਗਵਾੜਾ ਸਮੇਤ ਉੱਘੀਆਂ ਸ਼ਖ਼ਸੀਅਤਾਂ ਦੁਆਰਾ ਰਸਮੀ ਤੌਰ 'ਤੇ ਦੀਵੇ ਜਗਾਉਣ ਨਾਲ ਹੋਈ।ਡਾ. ਸਵਿੰਦਰ ਪਾਲ ਨੇ ਪਹਿਲੇ ਤਕਨੀਕੀ ਸੈਸ਼ਨ ਦੌਰਾਨ ਇਕੱਠ ਨੂੰ ਸੰਬੋਧਨ ਕੀਤਾ, ਜਿੱਥੇ ਉਨ੍ਹਾਂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀਆਂ ਸਿੱਖਿਆਵਾਂ ਅਤੇ ਸਰਵਉੱਚ ਕੁਰਬਾਨੀ 'ਤੇ ਡੂੰਘਾਈ ਨਾਲ ਵਿਚਾਰ ਕੀਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਗੁਰੂ ਜੀ ਦੀ ਸ਼ਹਾਦਤ ਹਿੰਮਤ, ਧਾਰਮਿਕ ਸਹਿਣਸ਼ੀਲਤਾ ਅਤੇ ਮਨੁੱਖੀ ਮਾਣ ਪ੍ਰਤੀ ਵਚਨਬੱਧਤਾ ਦੀ ਇੱਕ ਬੇਮਿਸਾਲ ਉਦਾਹਰਣ ਵਜੋਂ ਖੜ੍ਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਦੀ ਬਾਣੀ ਸਮਕਾਲੀ ਸਮੇਂ ਵਿੱਚ ਮਨੁੱਖਤਾ ਲਈ ਮਾਰਗਦਰਸ਼ਕ ਰੌਸ਼ਨੀ ਵਜੋਂ ਕੰਮ ਕਰ ਰਹੀ ਹੈ ਅਤੇ ਸਦੀਵੀ ਕਰਦੀ ਰਹੇਗੀ।




# ਵਿਧਾਇਕ ਘੁੰਮਣ ਵੱਲੋਂ ਟਿਊਬਵੈੱਲ ਦੇ ਕਾਰਜ ਦਾ ਰਸਮੀ ਉਦਘਾਟਨ

**ਦਸੂਹਾ (ਕਰਨੈਲ ਮਾਂਗਟ)**

ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਵਿਧਾਨ ਸਭਾ ਹਲਕੇ ਦੇ ਪਿੰਡ ਬੇਗਪੁਰ ਤੇ ਪਿੰਡ ਵਾਸੀਆਂ ਨੂੰ ਸਾਫ ਪੀਣ ਵਾਲੇ ਪਾਣੀ ਦੀ ਸਹੂਲਤ ਉਪਲਬੱਧ ਕਰਵਾਉਣ ਦੇ ਉਦੇਸ਼ ਨਾਲ 55 ਲੱਖ ਰੁਪਏ ਦੀ ਲਾਗਤ ਨਾਲ ਸਥਾਪਿਤ ਕੀਤੇ ਟਿਊਬਵੈਲ ਦੇ ਕਾਰਜ ਦਾ ਰਸਮੀ ਉਦਘਾਟਨ ਕੀਤਾ। ਇਸ ਮੌਕੇ ਤੇ ਵਿਧਾਇਕ ਘੁੰਮਣ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਹਰ ਪਿੰਡ ਨੂੰ ਮੁੱਢਲੀਆਂ ਸਹੂਲਤਾਂ ਪ੍ਰਦਾਨ ਪ੍ਰਦਾਨ ਕਰਨ ਲਈ ਵਚਨਬੱਧਤਾ ਨਾਲ ਕੰਮ ਕਰ ਰਹੀ। ਉਨਾ ਨੇ ਕਿਹਾ ਕਿ ਸਾਫ਼ ਪਾਣੀ ਹਰ ਨਾਗਰਿਕ ਦਾ ਮੌਲਿਕ ਅਧਿਕਾਰ ਹੈ ਅਤੇ ਇਸ ਟਿਊਬਵੈੱਲ ਦੀ ਸਥਾਪਨਾ ਨਾਲ ਪਿੰਡ ਦੀ ਨਵੀਂ ਆਬਾਦੀ ਦੇ ਸੈਂਕੜੇ ਪਰਿਵਾਰਾਂ ਨੂੰ ਸਿੱਧਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਵਿਕਾਸ ਕਾਰਜ ਪਹਿਲ ਦੇ ਆਧਾਰ 'ਤੇ ਕੀਤੇ ਜਾਣਗੇ ਤਾਂ ਜੋ ਇਲਾਕੇ ਵਿੱਚ ਪਾਣੀ ਦੀ ਸਪਲਾਈ ਨੂੰ ਮਜ਼ਬੂਤ ਕੀਤਾ ਜਾ ਸਕੇ। ਇਸ ਦੌਰਾਨ ਵਿਧਾਇਕ ਘੁੰਮਣ ਨੇ ਟਿਊਬਵੈੱਲ ਲਈ ਆਪਣੀ ਨਿੱਜੀ ਜ਼ਮੀਨ ਦਾਨ ਕਰਨ ਵਾਲੇ ਪਰਵਾਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ । ਇਸ ਮੌਕੇ ਤੇ ਐੱਸ ਡੀ ਓ ਸੇਵਾ ਸਿੰਘ ,ਚੇਅਰਮੈਨ ਕੇ ਪੀ ਸੰਧੂ ,ਬਲਦੇਵ ਸਿੰਘ ਬੁੱਧੋਬਰਕਤ, ਗੁਰਪ੍ਰੀਤ ਸਿੰਘ ਸੰਧੂ, ਜਸਵਿੰਦਰ ਸਿੰਘ ਸੰਧੂ , ਸ਼ੇਰਪ੍ਰਤਾਪ ਸਿੰਘ ਚੀਮਾ, ਸਰਪੰਚ ਬੇਗਪੁਰ ਹਰਬਜਨ ਕੌਰ, ਤਜਿੰਦਰ ਸਿੰਘ ਚੀਮਾਂ ਸਰਪੰਚ, ਲੰਬੜਦਾਰ ਹਰਪ੍ਰੀਤ ਸਿੰਘ ਹਮਜਾ, ਜਤਿੰਦਰ ਸਿੰਘ ਬਾਜਵਾ, ਪਰਮਜੀਤ ਸਿੰਘ ਪੰਮਾ ਸੈਦੋਵਾਲ, ਹਰਬੰਸ ਸਿੰਘ, ਮਨਜੀਤ ਸਿੰਘ, ਦਿਲਬਾਗ ਸਿੰਘ, ਅਵਤਾਰ ਸਿੰਘ, ਸੋਹਣ ਸਿੰਘ, ਗੁਰਪ੍ਰੀਤ ਸਿੰਘ, ਮਹਿੰਦਰ ਸਿੰਘ, ਜੋਗਿੰਦਰ ਸਿੰਘ, ਸੁਖਰਾਜ ਸਿੰਘ, ਹਰਜੀਤ ਸਿੰਘ, ਨਿਸ਼ਾਨ ਸਿੰਘ, ਅਮਰੀਕ ਸਿੰਘ, ਜਸਵੀਰ ਸਿੰਘ, ਕੁਲਵੰਤ ਸਿੰਘ, ਜਸਵਿੰਦਰ ਸਿੰਘ ਆਦਿ ਹਾਜ਼ਰ ਸਨ।



# ਪੀ ਐੱਨ ਬੀ ਐਸੋਸੀਏਸ਼ਨ ਨੇ ਸ਼ੋਭਾ ਯਾਤਰਾ ਦਾ ਕੀਤਾ ਸਵਾਗਤ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਪੀ ਐੱਨ ਬੀ ਐੱਸ ਸੀ/ਐਸ.ਟੀ. ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਤੇ ਪੀ ਐੱਨ ਬੀ ਐੱਸ ਸੀ/ਐੱਸ ਟੀ ਇੰਪਲਾਈਜ਼ ਸੋਸ਼ਲ ਵੈਲਫੇਅਰ ਐਂਡ ਸੈਲੀਬ੍ਰੇਸ਼ਨ ਕਮੇਟੀ (ਜਲੰਧਰ ਸਰਕਲ) ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਦੇ ਮੌਕੇ 'ਤੇ ਇੱਕ ਵਿਸ਼ਾਲ ਸ਼ੋਭਾ ਯਾਤਰਾ ਲਈ ਸਵਾਗਤੀ ਸਟੇਜ ਅਤੇ ਲੰਗਰ ਸੇਵਾ ਦਾ ਆਯੋਜਨ ਕੀਤਾ ਗਿਆ। ਨਹਿਰੂ ਗਾਰਡਨ ਸਕੂਲ ਦੇ ਸਾਹਮਣੇ ਇਹ ਸਥਾਨ 2017 ਤੋਂ ਇਸ ਸਮਾਗਮ ਦਾ ਮੁੱਖ ਕੇਂਦਰ ਰਿਹਾ ਹੈ, ਜੋ ਕਿ ਭਾਈਚਾਰਕ ਸੇਵਾ ਦੀ ਇੱਕ ਮਾਣਮੱਤੀ ਪਰੰਪਰਾ ਨੂੰ ਜਾਰੀ ਰੱਖ ਰਿਹਾ ਹੈ।ਇਸ ਸਮਾਗਮ ਵਿੱਚ ਪ੍ਰਮੁੱਖ ਸ਼ਖਸੀਅਤਾਂ ਨੇ ਸ਼ਿਰਕਤ ਕੀਤੀ ਅਤੇ ਸੰਗਤਾਂ ਨੂੰ ਆਪਣਾ ਸੰਦੇਸ਼ ਦਿੱਤਾ। ਡਾ. ਰਾਜ ਕੁਮਾਰ ਚੱਬੇਵਾਲ (ਸਾਂਸਦ, ਹੁਸ਼ਿਆਰਪੁਰ) ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਉਨ੍ਹਾਂ ਦੇ ਨਾਲ ਸੰਤ ਪ੍ਰੀਤਮ ਦਾਸ ਜੀ ਬਾਂਬੇ ਜੌੜੇ, ਸੰਤ ਸੁਰਿੰਦਰ ਦਾਸ ਜੀ (ਕਾਨਪੁਰ ਜਲੰਧਰ) ਤੇ ਕਪੂਰਥਲਾ, ਜੰਮੂ, ਹੁਸ਼ਿਆਰਪੁਰ ਤੋਂ ਕਈ ਸਮਾਜਿਕ-ਧਾਰਮਿਕ ਟੀਮਾਂ ਦੇ ਮੈਂਬਰਾਂ ਨੇ ਅਧਿਆਤਮਿਕ ਹਾਜ਼ਰੀ ਲਗਵਾਈ। ਉਨ੍ਹਾਂ ਨੇ ਸਤਿਗੁਰੂ ਰਵਿਦਾਸ ਜੀ ਦੁਆਰਾ ਪ੍ਰਚਾਰੀ ਗਈ ਸਮਾਨਤਾ ਅਤੇ ਸ਼ਾਂਤੀ ਦੀਆਂ ਸਿੱਖਿਆਵਾਂ 'ਤੇ ਜ਼ੋਰ ਦਿੱਤਾ।ਸੱਭਿਆਚਾਰਕ ਸਨਮਾਨ ਅਤੇ ਇੱਕਜੁੱਟਤਾ ਦੇ ਪ੍ਰਦਰਸ਼ਨ ਵਿੱਚ ਅਮ੍ਰਿਤਾਭ ਆਨੰਦ (ਜ਼ੋਨਲ ਮੈਨੇਜਰ), ਉਮੇਦ ਕੁਮਾਰ (ਮਹਾਂ ਸਕੱਤਰ) ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਤੋਂ ਇਲਾਵਾ ਅਮਿਤ ਦੱਤਾ (ਸਰਕਲ ਹੈੱਡ, ਜਲੰਧਰ), ਐਚ.ਪੀ.ਐਸ. ਚਾਵਲਾ (ਸਰਕਲ ਹੈੱਡ, ਕਪੂਰਥਲਾ), ਰਾਜੀਵ ਵਰਮਾ ਤੇ ਅਭਿਸ਼ੇਕ ਵਿਆਸ (ਦੋਵੇਂ ਡਿਪਟੀ ਸਰਕਲ ਹੈੱਡ, ਜਲੰਧਰ), ਗੁਰਪ੍ਰੀਤ ਸਿੰਘ ਹੀਰਾ ਅਤੇ ਵਿਸ਼ੇਸ਼ ਮਹਿਮਾਨ ਵਜੋਂ ਹਨੀ ਜਾਖੂ ਨੇ ਭਾਗ ਲਿਆ।ਸੰਸਥਾ ਵੱਲੋਂ ਜ਼ੋਨਲ ਮੈਨੇਜਰ, ਮਹਾਂ ਸਕੱਤਰ ਅਤੇ ਸਰਕਲ ਹੈੱਡਾਂ ਨੂੰ ਰਵਾਇਤੀ ਪੱਗਾਂ ਪਹਿਨਾ ਕੇ ਸਨਮਾਨਤ ਕੀਤਾ ਗਿਆ।




# ਮੁੱਖ ਮੰਤਰੀ ਸਿਹਤ ਬੀਮਾ ਕਾਰਡ ਬਣਾਉਣ ਲਈ ਪੰਡੋਰੀ ਸੁਮਲਾ 'ਚ ਲੱਗਾ ਵਿਸ਼ੇਸ਼ ਕੈਂਪ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਪਿੰਡ ਪੰਡੋਰੀ ਸੁਮਲਾ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਿਹਤ ਕਾਰਡ ਬਣਾਉਣ ਲਈ ਲਗਾਏ ਗਏ ਵਿਸ਼ੇਸ਼ ਕੈਂਪ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਪਹੁੰਚ ਕੇ ਕਾਰਡ ਬਣਾਉਣ ਦੀ ਪੂਰੀ ਪ੍ਰਕਿਰਿਆ ਦਾ ਬਾਰੀਕੀ ਨਾਲ ਜਾਇਜ਼ਾ ਲਿਆ ਅਤੇ ਲਾਭਪਾਤਰੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਯੋਜਨਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਕੈਬਨਿਟ ਮੰਤਰੀ ਨੇ ਕੈਂਪ ਵਿੱਚ ਮੌਜੂਦ ਲੋਕਾਂ ਨੂੰ ਰਜਿਸਟ੍ਰੇਸ਼ਨ ਸਲਿੱਪਾਂ ਵੰਡੀਆਂ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਇਸ ਯੋਜਨਾ ਰਾਹੀਂ ਉਹ ਰਾਜ ਦੇ ਪਛਾਣੇ ਗਏ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਕਰਵਾ ਸਕਦੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸੂਬੇ ਦੇ ਹਰੇਕ ਨਾਗਰਿਕ ਨੂੰ ਬਿਹਤਰ, ਪਹੁੰਚਯੋਗ ਅਤੇ ਮੁਫ਼ਤ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਹੈ ਤਾਂ ਜੋ ਕਿਸੇ ਵੀ ਵਿਅਕਤੀ ਨੂੰ ਇਲਾਜ ਦੀ ਘਾਟ ਕਾਰਨ ਮੁਸ਼ਕਿਲਾਂ ਦਾ ਸਾਹਮਣਾ ਨਾ ਕਰਨਾ ਪਵੇ।ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਗ਼ਰੀਬ, ਲੋੜਵੰਦ ਅਤੇ ਮੱਧ ਵਰਗੀ ਪਰਿਵਾਰਾਂ ਲਈ ਵਰਦਾਨ ਸਾਬਤ ਹੋ ਰਹੀ ਹੈ। ਇਸ ਯੋਜਨਾ ਦੇ ਤਹਿਤ ਗੰਭੀਰ ਬਿਮਾਰੀਆਂ ਦਾ ਵੀ ਉਚ ਪੱਧਰੀ ਇਲਾਜ ਸੰਭਵ ਹੋ ਗਿਆ ਹੈ, ਜਿਸ ਨਾਲ ਆਮ ਲੋਕਾਂ ਨੂੰ ਵਿੱਤੀ ਬੋਝ ਤੋਂ ਰਾਹਤ ਮਿਲੀ ਹੈ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੈਂਪਾਂ ਦੇ ਆਯੋਜਨ ਵਿੱਚ ਕੋਈ ਵੀ ਲਾਪਰਵਾਹੀ ਨਾ ਵਰਤੀ ਜਾਵੇ ਅਤੇ ਵੱਧ ਤੋਂ ਵੱਧ ਯੋਗ ਪਰਿਵਾਰਾਂ ਨੂੰ ਇਸ ਯੋਜਨਾ ਨਾਲ ਜੋੜਿਆ ਜਾਵੇ।ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਆਪਣੇ ਸਿਹਤ ਕਾਰਡ ਬਣਾਉਣ।ਇਸ ਮੌਕੇ ਸਥਾਨਕ ਪ੍ਰਸ਼ਾਸਨਿਕ ਅਧਿਕਾਰੀ, ਸਿਹਤ ਵਿਭਾਗ ਦੇ ਕਰਮਚਾਰੀ, ਪੰਚਾਇਤ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।



# ਉਰਦੂ ਸਿਖਲਾਈ ਕੋਰਸ ਲਈ ਫਾਰਮ ਭਰਨ ਦੀ ਆਖਰੀ ਅੱਜ

**ਫਗਵਾੜਾ (ਜਸਵਿੰਦਰ ਢੱਡਾ)**-ਜ਼ਿਲ੍ਹਾ ਭਾਸ਼ਾ ਦਫ਼ਤਰ, ਕਪੂਰਥਲਾ ਵਿਖੇ ਉਰਦੂ ਆਮੋਜ ਸਿਖ਼ਲਾਈ ਕੋਰਸ ਸੈਸ਼ਨ ਜਨਵਰੀ 2026 ਤੋਂ ਜੂਨ 2026 ਲਈ ਦਾਖਲਾ ਚੱਲ ਰਿਹਾ ਹੈ, ਇਹ ਕੋਰਸ 6 ਮਹੀਨੇ ਦਾ ਹੈ ਅਤੇ ਇਹ ਕੋਰਸ ਗੁਰੂ ਨਾਨਕ ਜ਼ਿਲ੍ਹਾ ਲਾਇਬਰੇਰੀ ਕਪੂਰਥਲਾ ਵਿਖੇ ਸ਼ਾਮ 5 ਵਜੇ ਤੋਂ 6 ਵਜੇ ਤੱਕ ਕੰਮ ਵਾਲੇ ਦਿਨ ਕਰਵਾਇਆ ਜਾਂਦਾ ਹੈ।ਜਸਪ੍ਰੀਤ ਕੌਰ, ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਵੱਲੋਂ ਇਸ ਸਬੰਧੀ ਦੱਸਿਆ ਗਿਆ ਕਿ ਇਸ ਕੋਰਸ ਵਿੱਚ ਦਾਖ਼ਲੇ ਲਈ ਲਈ ਇੱਕ ਵਾਰ ਫ਼ੀਸ 500/- ਦੇਣ ਯੋਗ ਹੈ। ਇਹ ਕੋਰਸ ਪੰਜਾਬੀ ਮਾਧਿਅਮ ਨਾਲ ਸਿਖਾਇਆ ਜਾਂਦਾ ਹੈ ਅਤੇ ਇਸ ਵਿੱਚ ਵਿਦਿਆਰਥੀ ਵਰਗ, ਸਰਕਾਰੀ ਕਰਮਚਾਰੀ, ਰਿਟਾਇਰੀ ਜਾਂ ਆਮ ਨਾਗਰਿਕ ਵੀ ਦਾਖ਼ਲਾ ਲੈ ਸਕਦੇ ਹਨ। ਇਸ ਸਿਖ਼ਲਾਈ ਕੋਰਸ ਲਈ ਕੋਈ ਵੀ ਵਿਅਕਤੀ/ਕਰਮਚਾਰੀ ਅਪਲਾਈ ਕਰ ਸਕਦਾ ਹੈ, ਇਸ ਕੋਰਸ ਨੂੰ ਕਰਨ ਦੇ ਚਾਹਵਾਨ ਵਿਅਕਤੀ ਆਪਣਾ ਫ਼ਾਰਮ ਗੁਰੂ ਨਾਨਕ ਜ਼ਿਲ੍ਹਾ ਲਾਇਬਰੇਰੀ, ਕਪੂਰਥਲਾ ਤੋਂ ਜਾਂ ਦਫ਼ਤਰ ਦੇ ਪਤੇ ਕਮਰਾ ਨੰਬਰ 404, ਪ੍ਰਬੰਧਕੀ ਕੰਪਲੈਕਸ, ਕਪੂਰਥਲਾ ਤੋਂ ਪ੍ਰਾਪਤ ਕੀਤਾ ਜਾ ਸਕਦਾ ਹੈ। ਫ਼ਾਰਮ ਭਰਨ ਦੀ ਆਖਿਰੀ ਮਿਤੀ 5 ਫਰਵਰੀ ਹੈ।

# ਪ ਸ ਸ ਫ ਨੇ 12 ਦੀ ਹੜਤਾਲ 'ਚ ਸ਼ਮੂਲੀਅਤ ਕਰਨ ਦਾ ਕੀਤਾ ਐਲਾਨ

**ਜਲੰਧਰ (ਰਾਜੇਸ਼ ਥਾਪਾ)**

ਪੰਜਾਬ ਸੁਬਾਰਾਡੀਨੇਟ ਸਰਵਿਸਿਜ਼ ਫੈਡਰੇਸ਼ਨ ਜ਼ਿਲ੍ਹਾ ਜਲੰਧਰ ਦੀ ਹੰਗਾਮੀ ਮੀਟਿੰਗ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ ਦੀ ਪ੍ਰਧਾਨਗੀ ਹੇਠ ਜਲੰਧਰ ਵਿਖੇ ਕੀਤੀ ਗਈ।ਮੀਟਿੰਗ ਦੇ ਸ਼ੁਰੂ ਵਿੱਚ ਸਭ ਤੋਂ ਪਹਿਲਾਂ ਵਿਛੜ ਚੁੱਕੇ ਪ੍ਰਿੰਸੀਪਲ ਪਿਆਰਾ ਸਿੰਘ ਹੁਸ਼ਿਆਰਪੁਰ ਮੁਲਾਜ਼ਮ ਆਗੂ ਜਤਿੰਦਰ ਕੁਮਾਰ ਫਰੀਦਕੋਟ ਦੀ ਮਾਤਾ ਤੇ ਆਸ਼ਾ ਵਰਕਰ ਯੂਨੀਅਨ ਦੀ ਸਫਾਈ ਆਗੂ ਲਖਵਿੰਦਰ ਕੌਰ ਤਰਨ ਤਰਨ ਦੇ ਪਤੀ ਕਾਮਰੇਡ ਜਸਪਾਲ ਸਿੰਘ ਢਿੱਲੋਂ ਦੇ ਬੇਵਕਤੀ ਵਿਛੋੜੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਵਿਛੜ ਚੁੱਕੀਆਂ ਸ਼ਖ਼ਸ਼ੀਅਤਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਮੀਟਿੰਗ ਵਿੱਚ ਪਿਛਲੇ ਸੰਘਰਸ਼ਾਂ ਦਾ ਰੀਵਿਊ ਕਰਦੇ ਹੋਏ ਕੀਤੀ ਗਈ ਸ਼ਮੂਲੀਅਤ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਕੁੱਲ ਹਿੰਦ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੀ 23 ਜਨਵਰੀ ਤੋਂ 26 ਜਨਵਰੀ ਤੱਕ ਸਿਰੜੀ (ਮਹਾਂਰਾਸ਼ਟਰ) ਵਿਖੇ ਹੋਈ 18 ਵੀਂ ਨੈਸ਼ਨਲ ਕਾਨਫਰੰਸ ਦੇ ਸਬੰਧ ਵਿੱਚ ਰਿਪੋਰਟਿੰਗ ਕੀਤੀ ਤੇ 12 ਫਰਵਰੀ ਨੂੰ ਸੰਯੁਕਤ ਕਿਸਾਨ ਮੋਰਚਾ ਤੇ ਕੇਂਦਰੀ ਟ੍ਰੇਡ ਯੂਨੀਅਨਾਂ ਅਤੇ ਮੁਲਾਜ਼ਮ ਫੈਡਰੇਸ਼ਨਾਂ ਵਲੋਂ ਕੀਤੀ ਜਾ ਰਹੀ ਕੌਮੀ ਹੜਤਾਲ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੰਦੇ ਹੋਏ ਕੌਮੀ ਹੜਤਾਲ ਵਿੱਚ ਸ਼ਾਮਲ ਹੋਣ ਲਈ ਸਾਥੀਆਂ ਨੂੰ ਪ੍ਰੇਰਿਤ ਕੀਤਾ। ਮੀਟਿੰਗ ਦੀ ਕਾਰਵਾਈ ਦੀ ਜਾਣਕਾਰੀ ਪ੍ਰੈੱਸ ਨੂੰ ਦਿੰਦੇ ਹੋਏ ਜਨਰਲ ਸਕੱਤਰ ਮਨੋਜ ਕੁਮਾਰ ਸਰੋਏ ਨੇ ਦੱਸਿਆ ਕਿ ਮੀਟਿੰਗ ਵਿੱਚ 12 ਫਰਵਰੀ ਦੀ ਕੌਮੀ ਹੜਤਾਲ ਵਿੱਚ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ ਗਿਆ। ਮੀਟਿੰਗ ਵਿੱਚ ਤਰਸੇਮ ਮਾਧੋਪੁਰੀ ਅਤੇ ਕੁਲਦੀਪ ਵਾਲੀਆ ਸੂਬਾ ਕਮੇਟੀ ਮੈਂਬਰ, ਪੁਸ਼ਪਿੰਦਰ ਕੁਮਾਰ ਵਿਰਦੀ, ਮਨੋਜ ਕੁਮਾਰ ਸਰੋਏ, ਕਰਨੈਲ ਫਿਲੌਰ, ਬਲਜੀਤ ਸਿੰਘ ਕੁਲਾਰ, ਜਗੀਰ ਸਿੰਘ ਸਹੋਤਾ, ਅਕਲ ਚੰਦ ਸਿੰਘ, ਜਸਵੀਰ ਸਿੰਘ, ਪ੍ਰੇਮ ਖਲਵਾੜਾ, ਸੁਖਵਿੰਦਰ ਰਾਮ, ਰਾਜਿੰਦਰ ਮਹਿਤਪੁਰ, ਸਤਵਿੰਦਰ ਸਿੰਘ ਫਿਲੌਰ, ਵਿਨੋਦ ਭੱਟੀ, ਬਲਵੀਰ ਸਿੰਘ ਗੁਰਾਇਆ, ਸੁਖਵਿੰਦਰ ਰਾਮ,ਓਮ ਪ੍ਰਕਾਸ਼,ਕਰਮਜੀਤ ਸਿੰਘ ਸੋਨੂੰ, ਮਨਜਿੰਦਰ ਸਿੰਘ, ਧਰਮਿੰਦਰ ਕੁਮਾਰ, ਜਤਿੰਦਰ ਸਿੰਘ, ਸੂਰਤੀ ਲਾਲ, ਸੰਦੀਪ ਰਾਜੋਵਾਲ, ਕੁਲਵੀਰ ਸਿੰਘ, ਹਰੀ ਰਾਮ, ਸਿਮਰਨਜੀਤ ਪਾਸਲਾ, ਚਰਨਜੀਤ ਮਾਹਲਾਂ, ਕਸ਼ਮੀਰ ਕੌਰ ਢੇਸੀ, ਕਰਨੈਲ ਸਿੰਘ ਸੰਧੂ,ਰਤਨ ਸਿੰਘ ਗੁਰਾਇਆ, ਕੁਲਦੀਪ ਸਿੰਘ ਕੌੜਾ ਆਦਿ ਸਾਥੀ ਸ਼ਾਮਲ ਹੋਏ।

# ਮਜੀਠੀਆ ਦੀ ਜ਼ਮਾਨਤ 'ਤੇ ਅਕਾਲੀ ਆਗੂਆਂ ਨੇ ਲੱਡੂ ਵੰਡੇ



**ਆਦਮਪੁਰ, (ਪਰਮਜੀਤ ਸਿੰਘ)**-ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਸੁਪਰੀਮ ਕੋਰਟ ਵੱਲੋਂ ਲਗਭਗ ਛੇ-ਸੱਤ ਮਹੀਨਿਆਂ ਬਾਅਦ ਦਿੱਤੀ ਗਈ ਜ਼ਮਾਨਤ ਨੇ ਪੰਜਾਬ ਦੇ ਸਾਰੇ ਅਕਾਲੀ ਵਰਕਰਾਂ ਵਿੱਚ ਨਵਾਂ ਉਤਸ਼ਾਹ ਭਰ ਦਿੱਤਾ ਹੈ। ਇਹ ਗੱਲ ਸੀਨੀਅਰ ਅਕਾਲੀ ਆਗੂ ਜਥੇਦਾਰ ਮਨੋਹਰ ਸਿੰਘ ਡਰੋਲੀ ਤੇ ਹੋਰ ਵਰਕਰਾਂ ਨੇ ਆਦਮਪੁਰ ਦੇ ਪਿੰਡ ਡਰੋਲੀ ਕਲਾ ਵਿੱਚ ਲੱਡੂ ਵੰਡ ਕੇ ਬਿਕਰਮ ਸਿੰਘ ਮਜੀਠੀਆ ਦੀ ਜ਼ਮਾਨਤ ਦਾ ਜਸ਼ਨ ਮਨਾਉਂਦੇ ਹੋਏ ਕਹੀ। ਇਸ ਮੌਕੇ ਹਰਮਿੰਦਰ ਸਿੰਘ ਸਰਪੰਚ ਕਾਲਰਾ, ਰਸ਼ਪਾਲ ਸਿੰਘ ਸਰਪੰਚ, ਨੰਬਰਦਾਰ ਗੁਰਪ੍ਰੀਤ ਸਿੰਘ, ਇੰਸਪੈਕਟਰ ਅਮਰਜੀਤ ਸਿੰਘ, ਗੁਰਦੀਪ ਸਿੰਘ, ਵਾਸਦੇਵ ਸਿੰਘ, ਕਰਨੈਲ ਸਿੰਘ, ਸੋਨੂੰ ਪੰਡਿਤ, ਸੋਢੀ ਰਾਮ ਪੰਚ, ਅਵਤਾਰ ਸਿੰਘ ਪੰਚ, ਤਰਦੀਪ ਸਿੰਘ ਪਿੰਟੂ, ਗਰਮੀਤ ਸਿੰਘ, ਮਨਜੀਤ ਸਿੰਘ, ਕੇਵਲ ਸਿੰਘ ਪਧਿਆਣਾ,ਅਮਰੀਕ ਸਿੰਘ ਵਰਕਰ ਆਦਿ ਹਾਜ਼ਰ ਸਨ।

# ਕੁੱਲ ਹਿੰਦ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੀ ਕੌਮੀ ਕਾਨਫਰੰਸ ਹੋਈ




**ਜਲੰਧਰ (ਰਾਜੇਸ਼ ਥਾਪਾ)**

ਦੇਸ਼ ਦੇ ਕੇਂਦਰੀ ਅਤੇ ਰਾਜਾਂ ਦੇ ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਕੁੱਲ ਹਿੰਦ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੀ 18ਵੀਂ ਕੌਮੀ ਕਾਨਫਰੰਸ 23 ਤੋਂ 26 ਜਨਵਰੀ ਤੱਕ ਮਹਾਰਾਸ਼ਟਰ ਦੇ ਇਤਿਹਾਸਿਕ ਸ਼ਹਿਰ ਸਿਰੜੀ ਵਿਖੇ ਆਯੋਜਿਤ ਕੀਤੀ ਗਈ। ਦੇਸ਼ ਦੇ 26 ਰਾਜਾਂ ਤੋਂ ਲਗਭਗ 800 ਡੈਲੀਗੇਟਾਂ ਨੇ ਇਸ ਕਾਨਫਰੰਸ ਵਿੱਚ ਭਾਗ ਲਿਆ। ਪੰਜਾਬ ਤੋਂ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਤੇ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਦੀ ਅਗਵਾਈ ਹੇਠ 35 ਡੈਲੀਗੇਟਾਂ ਨੇ ਭਾਗ ਲਿਆ। ਇਸ ਕਾਨਫਰੰਸ ਦਾ ਉਦਘਾਟਨ ਸੀਟੂ ਆਗੂ ਤਪਨ ਸੇਨ ਨੇ ਕੀਤਾ। ਜਥੇਬੰਦੀ ਦੇ ਝੰਡੇ ਲਹਿਰਾਉਣ ਦੀ ਰਸਮ ਕੌਮੀ ਪ੍ਰਧਾਨ ਸੁਭਾਸ਼ ਲਾਂਬਾ ਨੇ ਅਦਾ ਕੀਤੀ। ਇਸ ਚਾਰ ਰੋਜ਼ਾ ਕਾਨਫਰੰਸ ਦੇ ਪਹਿਲੇ ਦਿਨ ਪਬਲਿਕ ਮੀਟਿੰਗ ਰੂਪਕ ਸਰਕਾਰ ਪ੍ਰਧਾਨ ਕਨਫੈਡਰੇਸ਼ਨ ਆਫ ਸੈਂਟਰਲ ਗੌਰਮਿੰਟ ਇੰਪਲਾਈਜ ਐਂਡ ਵਰਕਰਜ ਦੇ ਐਨੀਮਸ ਮਿਸ਼ਰਾ ਜਨ ਸੈਕਟਰੀ ਬੀ ਐੱਸ ਐੱਨ ਐੱਲ. ਹੈਲੋ ਐਮਪਲਾਈ ਯੂਨੀਅਨ ਕੇਸੀ ਜੇਮਸ ਜਨਰਲ ਸਕੱਤਰ ਆਲ ਇੰਡੀਆ ਲੋਕੋ ਰਨਿਗ ਸਟਾਫ ਪਰਥੋ ਕੋਸ਼ ਐੱਨ ਐੱਲ ਸ੍ਰੀ ਧਰਨੀ ਨੇ ਸੰਬੋਧਨ ਕੀਤਾ।ਕਾਨਫਰੰਸ ਵਿੱਚ ਦੇਸ਼ ਭਰ ਤੋਂ ਪਹੁੰਚੇ ਡੈਲੀਗੇਟਾਂ ਨੂੰ ਦੱਖਣੀ ਅਫਰੀਕਾ ਦੇ ਮਜ਼ਦੂਰ ਆਗੂ ਡੇਸਮੁਡ ਮਲੱਥਾ, ਵਿਸ਼ਵ ਵਪਾਰ ਸੰਗਠਨ ਟਰੇਡ ਯੂਨੀਅਨ ਦੇ ਜਨਰਲ ਸਕੱਤਰ ਜੌਂਅਲਾ ਸਫੇਬਾ ਨੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਸੰਬੋਧਨ ਕੀਤਾ। ਇਸ ਤੋਂ ਬਾਅਦ ਜਥੇਬੰਦੀ ਦੀ ਪਿਛਲੀ ਟਰਮ ਦੌਰਾਨ ਕੀਤੀਆਂ ਗਈਆਂ ਗਤੀਵਿਧੀਆਂ ਦੀ ਰਿਪੋਰਟ ਅਤੇ ਵਰਕ ਰਿਪੋਰਟ ਕੌਮੀਂ ਮੁਲਾਜ਼ਮ ਫੈਡਰੇਸ਼ਨ ਦੇ ਜਨਰਲ ਸਕੱਤਰ ਏ ਸ੍ਰੀ ਕੁਮਾਰ ਨੇ ਪੇਸ਼ ਕੀਤੀ ਜਿਸ ਉੱਪਰ ਲਗਭਗ ਵੱਖ-ਵੱਖ ਪ੍ਰਾਂਤਾਂ ਦੇ 60 ਸਾਥੀਆਂ ਨੇ ਭਾਗ ਲਿਆ। ਪੰਜਾਬ ਤੋਂ ਵਰਕ ਰਿਪੋਰਟ ਤੇ ਤੀਰਥ ਸਿੰਘ ਬਾਸੀ ਅਤੇ ਜਨਰਲ ਸਕੱਤਰ ਦੀ ਰਿਪੋਰਟ ਤੇ ਇੰਦਰਜੀਤ ਸਿੰਘ ਵਿਰਦੀ, ਗੁਰਵਿੰਦਰ ਸਿੰਘ,ਗੁਰਦੀਪ ਸਿੰਘ ਬਾਜਵਾ ਅਤੇ ਸੁਖਵਿੰਦਰ ਸਿੰਘ ਚਾਹਲ, ਗੁਰਵਿੰਦਰ ਸਿੰਘ ਚੰਡੀਗੜ੍ਹ ਅਤੇ ਰਾਣੋ ਖੇੜੀ ਗਿੱਲਾ ਨੇ ਬਹਿਸ ਵਿੱਚ ਭਾਗ ਲਿਆ। ਕਾਨਫਰੰਸ ਦੇ ਅਖੀਰਲੇ ਦਿਨ ਆਏ ਸਵਾਲਾਂ ਦੇ ਜਵਾਬ ਜਨਰਲ ਸਕੱਤਰ ਏ ਸ੍ਰੀ ਕੁਮਾਰ ਨੇ ਦਿੱਤੇ। ਅਖੀਰ ਵਿੱਚ ਪਿਛਲੀ ਕੇਂਦਰੀ ਕਮੇਟੀ ਨੂੰ ਭੰਗ ਕਰਕੇ ਨਵੀਂ ਕਮੇਟੀ ਦੀ ਚੋਣ ਕੀਤੀ ਗਈ। ਜਿਸ ਅਨੁਸਾਰ ਸੁਭਾਸ਼ ਲਾਬਾ ਕੌਮੀ ਚੇਅਰਮੈਨ, ਏ.ਸ੍ਰੀ ਕੁਮਾਰ ਜਨਰਲ ਸਕੱਤਰ ਸ਼ਸ਼ੀ ਕਾਂਤ ਰਾਏ ਕੈਸ਼ੀਅਰ ਸਮੇਤ 90 ਮੈਬਰੀ ਕੇਂਦਰੀ ਕਮੇਟੀ ਚੁਣੀ ਗਈ। ਪੰਜਾਬ ਤੋਂ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੂੰ ਕੌਮੀ ਵਾਈਸ ਚੇਅਰਮੈਨ, ਕਰਮਜੀਤ ਬੀਹਲਾ ਤੇ ਸੁਖਵਿੰਦਰ ਸਿੰਘ ਚਾਹਲ ਨੂੰ ਕੇਂਦਰੀ ਕਮੇਟੀ ਮੈਂਬਰ ਲਿਆ ਗਿਆ।

# ਪ੍ਰਕਾਸ਼ ਉਤਸਵ ਦੇ ਸੰਬੰਧ 'ਚ ਧਾਰਮਿਕ ਸਮਾਗਮ 15 ਨੂੰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਧੰਨ- ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 649 ਵੇਂ ਪ੍ਰਕਾਸ਼ ਉਤਸਵ ਦੇ ਸੰਬੰਧ ਵਿੱਚ ਧਾਰਮਿਕ ਸਮਾਗਮ 15 ਫਰਵਰੀ ਨੂੰ ਡੇਰਾ 108 ਸੰਤ ਬਾਬਾ ਹੰਸ ਰਾਜ ਮਹਾਰਾਜ ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾਂ ਵਿਖੇ ਸਮੂਹ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ। ਪ੍ਰਬੰਧਕ ਕਮੇਟੀ ਡੇਰਾ ਸੱਚਖੰਡ ਪੰਡਵਾਂ ਦੇ ਮੈਂਬਰਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੱਦੀ ਨਸ਼ੀਨ 108 ਸੰਤ ਮਹਿੰਦਰ ਪਾਲ ਜੀ, 108 ਸੰਤ ਬੀਬੀ ਬਿਮਲਾ ਰਾਣੀ ਜੀ, ਸੰਤ ਜਸਵਿੰਦਰ ਪਾਲ ਜੀ ਅਤੇ ਸੰਤ ਮੋਹਨ ਪਾਲ ਜੀ ਦੀ ਯੋਗ ਅਗਵਾਈ ਹੇਠ ਹੋ ਰਹੇ ਇਸ ਸਮਾਗਮ ਦੌਰਾਨ ਸੰਗਤਾਂ ਨੂੰ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਨਾਲ ਜੋੜਿਆ ਜਾਵੇਗਾ। ਗੁਰੂ ਕੇ ਲੰਗਰ ਅਤੁਟ ਚੱਲਣਗੇ। ਇਸ ਮੌਕੇ ਸੰਤ ਜਸਵਿੰਦਰ ਪਾਲ ਨੇ ਸਮੁੱਚੀਆਂ ਸੰਗਤਾਂ ਨੂੰ ਧੰਨ- ਧੰਨ ਸਤਿਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਆਪਣੀ ਬਾਣੀ ਵਿੱਚ ਸਮੁੱਚੀ ਮਾਨਵਤਾ ਨੂੰ ਇੱਕ ਪ੍ਰਭੂ ਦੇ ਲੜ ਲੱਗਣ, ਹਰ ਤਰ੍ਹਾਂ ਦੇ ਨਸ਼ਿਆਂ ਤੋਂ ਦੂਰ ਰਹਿਣ, ਔਰਤ ਜਾਤੀ ਦਾ ਸਤਿਕਾਰ ਕਰਨ, ਗਿਆਨਵਾਨ ਅਤੇ ਵਿਵੇਕਸ਼ੀਲ ਬਣ ਕੇ ਆਪਣੇ ਦੁੱਖਾਂ ਤੋਂ ਮੁਕਤੀ ਪਾਉਣ, ਬੇਗਮਪੁਰੇ ਦੀ ਸਿਰਜਣਾ ਕਰਨ, ਸ਼ਹਿਦ ਦੀਆਂ ਮੱਖੀਆਂ ਵਾਂਗ ਇਕੱਠੇ ਰਹਿਣ, ਰੋਜ਼ਾਨਾ ਨਾਮ ਸਿਮਰਨ ਦੇ ਅਭਿਆਸ ਨਾਲ ਆਪਣੇ ਚਿੱਤ ਦੀ ਪਵਿੱਤਰਤਾ ਬਣਾਉਣ, ਦੁਖਿਆਰੇ ਲੋਕਾਂ ਦੀ ਮਦਦ ਕਰਨ ਅਤੇ ਸੇਵਾ- ਸਿਮਰਨ ਤੇ ਪਰਉਪਕਾਰੀ ਜ਼ਿੰਦਗੀ ਜਿਉਣ ਦਾ ਸੰਦੇਸ਼ ਦਿੰਦੇ ਹਨ।

# ਗੁਰੂ ਰਵਿਦਾਸ ਰਾਸ਼ਟਰੀ ਸੇਵਾ ਦਲ ਨੇ ਧਾਰਮਿਕ ਤੇ ਸੱਭਿਆਚਾਰਕ ਮੇਲਾ ਕਰਵਾਇਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸ੍ਰੀ ਗੁਰੂ ਰਵਿਦਾਸ ਰਾਸ਼ਟਰੀ ਸੇਵਾ ਦਲ ਮੋਰਿੰਡਾ ਵੱਲੋਂ ਧਾਰਮਿਕ ਸੱਭਿਆਚਾਰਕ ਮੇਲਾ ਕਰਵਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀਆਂ ਨੇ ਸ਼ਮੂਲੀਅਤ ਕੀਤੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮੇਲੇ ਦੇ ਮੁੱਖ ਪ੍ਰਬੰਧਕ ਬਲਵੀਰ ਸਿੰਘ ਲਾਲਾ ਨੇ ਦੱਸਿਆ ਕਿ ਗੁਰੂ ਰਵਿਦਾਸ ਜੀ ਦੇ ਗੁਰਪੁਰਬ ਮੌਕੇ ਹਰ ਸਾਲ ਧਾਰਮਿਕ ਸੱਭਿਆਚਾਰਕ ਮੇਲਾ ਕਰਵਾਇਆ ਜਾਂਦਾ ਹੈ।ਇਸ ਸੱਭਿਆਚਾਰਕ ਮੇਲੇ ਸਮੇਂ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਉਨ੍ਹਾਂ ਦੇ ਸਪੁੱਤਰ ਨਵਜੀਤ ਸਿੰਘ ਨਵੀ ਮੁੱਖ ਮਹਿਮਾਨ ਵਜੋਂ ਪਹੁੰਚੇ।ਉਨ੍ਹਾਂ ਦੱਸਿਆ ਕਿ ਇਸ ਧਾਰਮਿਕ ਸੱਭਿਆਚਾਰਕ ਮੇਲੇ ਦੌਰਾਨ ਇੰਟਰਨੈਸ਼ਨਲ ਗਾਇਕ ਗੁਲਜ਼ਾਰ ਲਾਹੌਰੀਆ, ਮਦਨ ਸ਼ੌਂਕੀ, ਬੂਟਾ ਮੁਹੰਮਦ, ਕੇ. ਐੱਸ. ਬੰਗੜ, ਬੀਬਾ ਸੁਰਿੰਦਰ ਸੋਨੀਆ, ਬੀਬੀ ਸਿਮਰਨ ਸਿਮੀ, ਮਿਸ ਮਨੂੰ ਛਿੱਬਰ, ਪ੍ਰੀਤ ਅਰਸ਼, ਲਖਵੀਰ ਰਿੱਕੂ, ਮਨੀ ਅਤੇ ਬਸੰਤ ਬੋਲੀ ਆਦਿ ਨਾਮਵਰ ਕਲਾਕਾਰਾਂ ਨੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ।ਇਸ ਸਮੇਂ ਆਏ ਵਿਸ਼ੇਸ਼ ਮਹਿਮਾਨਾਂ ਵੱਲੋਂ ਮੇਲੇ ਵਿੱਚ ਹਾਜ਼ਰੀ ਲਗਵਾਉਣ ਵਾਲੇ ਕਲਾਕਾਰਾਂ ਅਤੇ ਪਤਵੰਤੇ ਸੱਜਣਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਨਗ੍ਰੇਨ ਪੰਜਾਬ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾਂ, ਵਿਜੇ ਸ਼ਰਮਾ ਟਿੰਕੂ ਸਾਬਕਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਮੋਹਾਲੀ, ਸੀਨੀਅਰ ਕਾਂਗਰਸੀ ਆਗੂ ਹਰਮਿੰਦਰ ਸਿੰਘ ਲੱਕੀ, ਗੁਰਵਿੰਦਰ ਸਿੰਘ ਕਕਰਾਲੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਰੂਪਨਗਰ, ਪੀ. ਏ. ਡੀ. ਬੈਂਕ ਦੇ ਵਾਇਸ ਚੇਅਰਮੈਨ ਕਰਨੈਲ ਸਿੰਘ ਜੀਤ, ਬਲਾਕ ਕਾਂਗਰਸ ਕਮੇਟੀ ਮੋਰਿੰਡਾ ਦੇ ਪ੍ਰਧਾਨ ਦਰਸ਼ਨ ਸਿੰਘ ਸੰਧੂ, ਬਹੁਜਨ ਸਮਾਜ ਪਾਰਟੀ ਦੇ ਸੂਬਾ ਜਨਰਲ ਸਕੱਤਰ ਰਜਿੰਦਰ ਸਿੰਘ ਰਾਜਾ ਨਾਨਹੇੜੀਆਂ, ਐਡਵੋਕੇਟ ਪਰਮਿੰਦਰ ਸਿੰਘ ਤੂਰ, ਐਡਵੋਕੇਟ ਨਰਿੰਦਰ ਸਿੰਘ ਮੁੰਡੀ ਖਰੜ, ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਪ੍ਰਧਾਨ ਹਰੀਪਾਲ ਅਤੇ ਰਕੇਸ਼ ਕੁਮਾਰ ਬੱਗਾ, ਕੌਂਸਲਰ ਰਾਜੇਸ਼ ਕੁਮਾਰ ਸਸੋਦੀਆ, ਕੌਂਸਲਰ ਪਿੰਕੀ ਕੌਰ, ਸਾਬਕਾ ਕੌਂਸਲਰ ਮਹਿੰਦਰ ਸਿੰਘ ਢਿੱਲੋਂ, ਜਗਤਾਰ ਸਿੰਘ ਅਰਨੌਲੀ, ਗੁਰਦਰਸ਼ਨ ਸਿੰਘ ਢੋਲਣ ਮਾਜਰਾ ਸਮੇਤ ਅਨੇਕਾਂ ਮਹਿਲਾਵਾਂ, ਨੌਜਵਾਨ ਅਤੇ ਪਤਵੰਤੇ ਸੱਜਣ ਹਾਜ਼ਰ ਸਨ।



# ਕੁੱਲ ਹਿੰਦ ਕਿਸਾਨ ਸਭਾ ਨੇ ਕੇਂਦਰੀ ਬਜਟ ਦੀਆਂ ਸਾੜੀਆਂ ਕਾਪੀਆਂ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਨਜ਼ਦੀਕੀ ਪਿੰਡ ਢੇਰ ਵਿਖੇ ਇੱਥੇ ਕੁੱਲ ਹਿੰਦ ਕਿਸਾਨ ਸਭਾ ਦੀ ਸੂਬਾ ਕਮੇਟੀ ਦੇ ਸੱਦੇ ਤੇ ਕਿਸਾਨ ਵਿਰੋਧੀ ਕੇਂਦਰੀ



ਬਜਟ ਦੀਆਂ ਕਾਪੀਆਂ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਦੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਢੇਰ, ਤਹਿਸੀਲ ਪ੍ਰਧਾਨ ਨਰਿੰਦਰ ਸਿੰਘ ਮਾਵੀ ਦੀ ਅਗਵਾਈ ਹੇਠ ਕੀਤੇ ਰੋਸ ਪ੍ਰਦਰਸ਼ਨ ਵਿੱਚ ਕਿਸਾਨ ਆਗੂਆਂ ਨੇ ਕਿਹਾ ਕਿ ਵਿੱਤ ਮੰਤਰੀ ਨੇ ਆਪਣਾ ਬਜਟ ਭਾਸ਼ਣ ਵਿੱਚ ਖੇਤੀਬਾੜੀ ਨੂੰ ਮੁੱਖ ਤੌਰ 'ਤੇ ਅਣਗੌਲਿਆ ਕੀਤਾ ਗਿਆ ਹੈ। ਛੋਟੇ ਅਤੇ ਸੀਮਾਂਤ ਕਿਸਾਨਾਂ ਦਾ ਸਿਰਫ ਇੱਕ ਵਾਰ ਜ਼ਿਕਰ ਕੀਤਾ ਗਿਆ ਸੀ ਜਦੋਂ ਕਿ ਪੇਂਡੂ ਮਜ਼ਦੂਰਾਂ ਦਾ ਕੋਈ ਜ਼ਿਕਰ ਕੀਤਾ ਹੀ ਨਹੀਂ।ਬਜਟ ਦੇ ਅੰਕੜਿਆਂ ਵਿੱਚ ਵੀ ਇਹਨਾਂ ਨੂੰ ਤਵੱਜੋ ਨਹੀਂ ਦਿੱਤੀ ਗਈ। ਉਹਨਾਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਇਸ ਹਫ਼ਤੇ ਪੇਸ਼ ਕੀਤੇ ਗਏ ਆਰਥਿਕ ਸਰਵੇਖਣ ਦੇ ਅਨੁਸਾਰ 2025 ਵਿੱਚ ਖੇਤੀਬਾੜੀ ਦੀ ਔਸਤਨ ਵਿਕਾਸ ਦਰ ਵਿੱਚ ਗਿਰਾਵਟ ਆਈ।ਪਿਛਲੀ ਤਿਮਾਹੀ ਵਿੱਚ ਦਰਜ ਕੀਤੀ ਗਈ ਵਿਕਾਸ ਦਰ 3.5 ਪ੍ਰਤੀਸ਼ਤ ਸੀ ਜੋ ਕਿ ਦਹਾਕਿਆਂ ਦੀ ਔਸਤ ਵਿਕਾਸ ਦਰ 4.45% ਸੀ।ਜੋ ਕਿ ਫਸਲ ਉਤਪਾਦਨ ਵਿੱਚ ਸਭ ਤੋਂ ਵੱਡੀ ਗਿਰਾਵਟ ਦੇਖੀ ਗਈ ਹੈ।ਖੇਤੀਬਾੜੀ ਖੇਤਰ ਵਿੱਚ ਖੜੋਤ ਦੇ ਇਸ ਸੰਦਰਭ ਨੂੰ ਦੇਖਦੇ ਹੋਏ ਇਹ ਉਮੀਦ ਕੀਤੀ ਜਾਂਦੀ ਹੈ ਕਿ ਕੇਂਦਰੀ ਬਜਟ 2026-27 ਕੁਝ ਰਾਹਤ ਅਤੇ ਗਤੀ ਪ੍ਰਦਾਨ ਕਰੇਗਾ।ਪਰ ਇਸ ਬਜਟ ਨੇ ਖੇਤੀਬਾੜੀ ਖੇਤਰ ਨਾਲ ਜੁੜੇ ਤਬਕਿਆਂ ਖਾਸ ਕਰਕੇ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਵਿੱਚ ਇੱਕ ਵਾਰ ਫਿਰ ਨਿਰਾਸ਼ਾ ਪੈਦਾ ਕੀਤੀ ਹੈ। ਇਸ ਮੌਕੇ ਕਿਸਾਨ ਆਗੂਆਂ ਨੇ ਕਿਹਾ ਕਿ ਅਮਰੀਕਾ ਨਾਲ ਜੋ ਖੇਤੀ ਸਬੰਧੀ ਸਮਝੌਤੇ ਕੀਤੇ ਜਾ ਰਹੇ ਹਨ ਉਹ ਕਿਸਾਨੀ ਲਈ ਮੌਤ ਦੇ ਵਰੰਟ ਸਾਬਤ ਹੋਣਗੇ।ਇਸ ਮੌਕੇ ਕੇਂਦਰ ਦੀ ਮੋਦੀ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਵੀ ਕੀਤੀ ਗਈ। ਅੰਤ ਇਸ ਮੌਕੇ ਤੇ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਗੁਰਚਰਨ ਸਿੰਘ ਢੇਰ ,ਬਰਜਿੰਦਰ ਸਿੰਘ ਡੋਡ ,ਹਰਜਾਪ ਸਿੰਘ ਬੜਿਆਲ, ਠਾਕਰ ਰਵਿੰਦਰ ਨਾਥ, ਪਵਨ ਪ੍ਰੇਮ ਸਿੰਘ ਅਟਵਾਲ,ਵਿਜੇ ਕੁਮਾਰ ਸ਼ਰਮਾ, ਚੌਧਰੀ ਰਾਮ ਚੰਦ, ਬਲਦੇਵ ਸਿੰਘ ਭੰਗਲ, ਕੇਸਰ ਸਿੰਘ ਅਟਵਾਲ, ਨਾਨਕ ਸਿੰਘ ਢਿੱਲੋਂ, ਗੁਰਚਰਨ ਸਿੰਘ ਕੁਨਰ, ਬਲਦੇਵ ਸਿੰਘ ਅਟਵਾਲ, ਦੇਵ ਕੁਮਾਰ, ਚੌਧਰੀ ਕੁਲਦੀਪ ਚੰਦ,ਚਰਨ ਸਿੰਘ ਅਟਵਾਲ, ਬਲਵੀਰ ਸਿੰਘ ਬਿਲਾ ਤੋਂ ਇਲਾਵਾ ਹੋਰ ਵੀ ਕਿਸਾਨ ਹਾਜ਼ਰ ਸਨ।

# ਭ੍ਰਿਸ਼ਟਾਚਾਰ ਖ਼ਿਲਾਫ਼ ਖੱਬੀਆਂ ਪਾਰਟੀਆਂ ਨੇ ਤਹਿਸੀਲ ਕੰਪਲੈਕਸ 'ਚ ਕੀਤਾ ਰੋਸ ਪ੍ਰਦਰਸ਼ਨ

**ਨੰਗਲ (ਸੁਰਜੀਤ ਸਿੰਘ ਢੇਰ)** ਸਰਕਾਰੀ ਅਦਾਰਿਆਂ ਵਿੱਚ ਵੱਡੇ ਪੱਧਰ 'ਤੇ ਫੈਲੇ ਭ੍ਰਿਸ਼ਟਾਚਾਰ ਖਿਲਾਫ ਤਹਿਸੀਲ ਕੰਪਲੈਕਸ ਵਿੱਚ ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਅਤੇ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਸਾਂਝੇ ਤੌਰ 'ਤੇ ਰੋਸ ਪ੍ਰਦਰਸ਼ਨ ਕੀਤਾ ਅਤੇ ਮੰਗ ਕੀਤੀ ਕਿ ਸਰਕਾਰੀ ਅਦਾਰਿਆਂ ਵਿੱਚ ਵੱਡੀ ਤੌਰ 'ਤੇ ਭ੍ਰਿਸ਼ਟਾਚਾਰ, ਰਿਸ਼ਵਤ ਖੋਰੀ, ਵੱਢੀ ਖੋਰੀ ਬੰਦ ਕੀਤੀ ਜਾਵੇ ਤੇ ਆਮ ਲੋਕਾਂ ਦੇ ਨਿਜੀ ਕੰਮਾਂ ਨੂੰ ਪਹਿਲ ਦੇ ਅਧਾਰ 'ਤੇ ਸਬੰਧਤ ਅਧਿਕਾਰੀ ਹੱਲ ਕਰਨ।ਇਸ ਮੌਕੇ ਸੰਬੋਧਨ ਕਰਦਿਆਂ ਤੇ ਸੀ ਪੀ ਆਈ ਐਮ ਦੇ



ਸਕੱਤਰੇਤ ਮੈਂਬਰ ਸੁਰਜੀਤ ਸਿੰਘ ਢੇਰ, ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਦਵਿੰਦਰ ਨੰਗਲੀ, ਸੀ ਪੀ ਐਮ ਦੇ ਸਕੱਤਰ ਸਤਨਾਮ ਸਿੰਘ ਸ਼ੇਰਾ, ਮਹਿੰਦਰ ਸਿੰਘ ਸੰਗਤਪੁਰ, ਸੁਸ਼ੀਲ ਕੁਮਾਰ, ਮਾਸਟਰ ਤਰਸੇਮ ਲਾਲ ਭਨਾਮ, ਸੁਖਦੇਵ ਸਿੰਘ, ਹਰਜਾਪ ਸਿੰਘ ਹਾਜੀਪੁਰ, ਰਕੇਸ਼ ਬਾਲੀ ਕੁਲਸੇੜਾ, ਨਰਿੰਦਰ ਸਿੰਘ ਮਾਵੀ, ਨਿਕਾ ਸਿੰਘ ਮੱਟੂ, ਇਲਾਕਾ ਸੰਘਰਸ਼ ਕਮੇਟੀ ਦੇ ਪ੍ਰਧਾਨ ਹਰਦੇਵ ਸਿੰਘ ਐਲਗਰਾਂ ਨੇ ਬੋਲਦਿਆਂ ਕਿਹਾ ਕਿ ਨੰਗਲ ਅਤੇ ਸ੍ਰੀ ਆਨੰਦਪੁਰ ਸਾਹਿਬ ਤਹਿਸੀਲਾਂ ਵਿੱਚ ਲੋਕਾਂ ਨੂੰ ਨਿੱਕੇ ਜਿਹੇ ਕੰਮਾਂ ਪ੍ਰਤੀ ਵੱਡੀ ਪੱਧਰ 'ਤੇ ਖੱਜਲ ਖੁਆਰ ਹੋਣਾ ਪੈ ਰਿਹਾ ਹੈ। ਇਲਾਕੇ ਵਿੱਚ ਗੈਰ ਕਾਨੂੰਨੀ ਮਾਈਨਿੰਗ ਸਾਰੀਆਂ ਹੱਦਾਂ ਪਾਰ ਕਰਕੇ ਵੱਡੇ ਪੱਧਰ 'ਤੇ ਕੀਤੀ ਜਾ ਰਹੀ ਹੈ।ਪਰ ਸਰਕਾਰ ਦੇ ਕੰਨਾਂ 'ਤੇ ਜੂੰ ਤੱਕ ਨਹੀਂ ਸਰਕਦੀ।ਇਸ ਇਕੱਠ ਵਿੱਚ ਔਰਤਾਂ ਨੇ ਵੀ ਵੱਡੇ ਪੱਧਰ 'ਤੇ ਭਾਗ ਲਿਆ।ਇਸ ਮੌਕੇ ਨਰਿੰਦਰ ਰਾਣਾ, ਨਿਰਮਲ ਸਿੰਘ ਪੱਟੀ, ਰਮੇਸ਼ ਕੁਮਾਰ, ਸੰਗਤ ਸਿੰਘ ਕਾਕਾ, ਇਕਬਾਲ ਸਿੰਘ ਫੌਜੀ, ਸ਼ਿਵ ਕੁਮਾਰ ਰਾਣਾ, ਜੱਸਾ ਬਰਮਲਾ, ਹਰਜਾਪ ਸਿੰਘ ਬਡਿਆਲ, ਬਰਜਿੰਦਰ ਸਿੰਘ ਡੋਡ, ਪ੍ਰਿੰਸੀਪਲ ਕੁਲਵੰਤ ਪਾਠਕ, ਸੁਰਜੀਤ ਸਿੰਘ ਨੰਗਲ, ਤਰਸੇਮ ਲਾਲ ਸੁਖਸਾਲ, ਟੇਕ ਚੰਦ, ਨਾਨਕ ਸਿੰਘ ਢਿੱਲੋਂ, ਕਾਕੂ ਡੋਡ, ਪ੍ਰੇਮ ਸਿੰਘ ਨੇਗੀ, ਗੁਰਮੇਲ ਸਿੰਘ ਕਲਸੇੜਾ, ਮੋਹਿਤ ਕੁਮਾਰ, ਰਾਜ ਕੁਮਾਰੀ, ਸੰਕੁਤਲਾ ਦੇਵੀ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਲੋਕਾਂ ਨੂੰ ਬਿਹਤਰ ਅਵਾਜਾਈ ਸਹੂਲਤਾਂ ਮੁਹੱਈਆ ਕਰਵਾਉਣ ਲਈ ਬਣਾਈਆਂ ਜਾ ਰਹੀਆਂ 45000 ਕਿਲੋਮੀਟਰ ਸੜਕਾਂ : ਈ ਟੀ ਓ

**ਬਲਾਚੌਰ (ਜਸਵਿੰਦਰ ਬੈਂਸ)** ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਵਲੋਂ ਰਾਹੋਂ ਤੋਂ ਝਾਂਡਲਾ ਤੱਕ 7.49 ਕਰੋੜ ਰੁਪਏ ਦੀ ਲਾਗਤ ਨਾਲ ਬਣੀ ਲਗਭਗ 11.70 ਕਿਲੋਮੀਟਰ ਨਵੀਂ ਸੜਕ ਜੋ ਕਿ 15 ਦਸੰਬਰ ਨੂੰ ਬਣ ਕੇ ਤਿਆਰ



ਹੋਈ ਸੀ ਦਾ ਅਚਨਚੇਤ ਨਿਰੀਖਣ ਕੀਤਾ ਗਿਆ।ਉਨ੍ਹਾਂ ਕਿਹਾ ਕਿ ਇਸ ਸੜਕ ਦੀ ਚੈਕਿੰਗ ਕੁਆਲਟੀ ਕੰਟਰੋਲ ਟੀਮ ਨਾਲ ਕੀਤੀ ਜਾ ਰਹੀ ਹੈ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੜਕ ਦਾ ਸੈਂਪਲ ਲੈ ਕੇ ਤੁਰੰਤ ਕੁਆਲਟੀ ਟੈਸਟ ਲਈ ਲੈਬ ਵਿੱਚ ਭੇਜੇ ਜਾਣ ਅਤੇ ਜੋ ਵੀ ਰਿਪੋਰਟ ਸਾਹਮਣੇ ਆਉਂਦੀ ਹੈ ਉਸ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇ।ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਸੜਕ ਦੇ ਕਿਨਾਰੇ ਬਰਮਾਂ ਅਤੇ ਵਾਈਟ ਲਾਈਨਿੰਗ ਪੂਰੀ ਹੋਣ ਤੱਕ ਅਤੇ ਕੁਆਲਟੀ ਕੰਟਰੋਲ ਦੀ ਰਿਪੋਰਟ ਆਉਣ ਤੋਂ ਪਹਿਲਾਂ ਕੋਈ ਅਦਾਇਗੀ ਨਾ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਸੂਬੇ ਵਿੱਚ ਬਿਹਤਰ ਅਵਾਜਾਈ ਨੂੰ ਯਕੀਨੀ ਬਣਾਉਣ ਲਈ 45000 ਕਿਲੋਮੀਟਰ ਸੜਕਾਂ ਦਾ ਨਿਰਮਾਣ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਮੌਜੂਦਾ ਸਰਕਾਰ ਦੀ ਅਗਵਾਈ ਵਿੱਚ ਸੂਬੇ ਅੰਦਰ ਏਨੇ ਵੱਡੇ ਪੱਧਰ ਤੇ ਸੜਕਾਂ ਬਣਾਈਆਂ ਜਾ ਰਹੀਆਂ ਹਨ। ਕੈਬਨਿਟ ਮੰਤਰੀ ਵਲੋਂ ਪਿੰਡ ਮੁਜੱਫਰਪੁਰ ਵਿੱਚ 4186 ਸਕੇਅਰ ਫੁੱਟ ਵਿੱਚ ਬਣ ਰਹੇ ਪੀ.ਐਚ.ਸੀ. ਸੈਂਟਰ ਜੋ ਅਪ੍ਰੈਲ 2026 ਵਿੱਚ ਬਣਕੇ ਤਿਆਰ ਹੋਣਾ ਹੈ ਦਾ ਨਿਰੀਖਣ ਵੀ ਕੀਤਾ ਗਿਆ।

# ਜੀ ਐੱਨ ਏ ਵਿਖੇ ਫਰੀ ਮੈਡੀਕਲ ਕੈਂਪ ਭਲਕੇ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਡਾਇਰੈਕਟਰ ਆਯੁਰਵੇਦਾ, ਪੰਜਾਬ ਦੀਆਂ ਹਦਾਇਤਾਂ ਅਤੇ ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫ਼ਸਰ ਕਪੂਰਥਲਾ ਡਾ. ਕੁਸੁਮ ਗੁਪਤਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਫਰੀ ਆਯੁਸ਼ ਮੈਡੀਕਲ ਕੈਂਪ 6 ਫਰਵਰੀ ਨੂੰ ਜੀ ਐੱਨ ਏ ਜਮਾਲਪੁਰ ਤਹਿਸੀਲ ਫਗਵਾੜਾ ਵਿਖੇ ਸਵੇਰੇ 9 ਤੋਂ ਬਾਅਦ ਦੁਪਿਹਰ 3 ਵਜੇ ਤੱਕ ਲਗਾਇਆ ਜਾ ਰਿਹਾ ਹੈ। ਵਧੇਰੇ ਜਾਣਕਾਰੀ ਦਿੰਦਿਆਂ ਡਾ. ਗੁਰਦੀਪ ਸਿੰਘ ਆਯੁਰਵੈਦਿਕ ਮੈਡੀਕਲ ਅਫਸਰ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਪੇਟ ਦੇ ਰੋਗਾਂ, ਜੋੜਾਂ ਦੇ ਦਰਦ, ਸ਼ੂਗਰ, ਮਹਿਲਾ ਰੋਗ, ਬਲੱਡ ਪ੍ਰੈਸ਼ਰ ਤੇ ਖਾਂਸੀ ਆਦਿ ਬਿਮਾਰੀਆਂ ਨਾਲ ਪੀੜ੍ਹਤ ਮਰੀਜਾਂ ਦੀ ਜਾਂਚ ਕਰਕੇ ਲੋੜ ਅਨੁਸਾਰ ਆਯੁਰਵੈਦਿਕ ਅਤੇ ਹੋਮਿਓਪੈਥਿਕ ਦਵਾਈਆਂ ਫਰੀ ਦਿੱਤੀਆਂ ਜਾਣਗੀਆਂ। ਕੈਂਪ 'ਚ ਆਏ ਮਰੀਜ਼ਾ ਨੂੰ ਸ਼ਰੀਰ ਦੀ ਤਾਸੀਰ ਅਤੇ ਮੌਸਮ ਮੁਤਾਬਕ ਅਹਾਰ-ਵਿਹਾਰ 'ਚ ਬਦਲਾਅ ਸਬੰਧੀ ਵਡਮੁੱਲੀ ਜਾਣਕਾਰੀ ਵੀ ਦਿੱਤੀ ਜਾਵੇਗੀ ਤਾਂ ਜੋ ਵਿਅਕਤੀ ਸਰੀਰਕ ਅਤੇ ਮਾਨਸਿਕ ਤੌਰ 'ਤੇ ਸਿਹਤਮੰਦ ਰਹਿ ਸਕੇ।

# ਕੁਲਵੰਤ ਸਿੰਘ ਵੱਲੋਂ ਜ਼ਿਲ੍ਹਾ ਹਸਪਤਾਲ ਮੋਹਾਲੀ ਦਾ ਦੌਰਾ

**ਮੋਹਾਲੀ (ਗੁਰਜੀਤ ਬਿੱਲਾ)** ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਨੇ ਜ਼ਿਲ੍ਹਾ ਹਸਪਤਾਲ ਮੋਹਾਲੀ ਦਾ ਦੌਰਾ ਕਰਕੇ ਮੁੱਖ ਮੰਤਰੀ ਸਿਹਤ ਯੋਜਨਾ (ਐੱਮ ਐੱਮ ਐੱਸ ਵਾਈ) ਅਧੀਨ ਮਰੀਜ਼ਾਂ ਨੂੰ ਦਿੱਤੇ ਜਾ ਰਹੇ ਇਲਾਜ ਦੀ ਸਮੀਖਿਆ ਕੀਤੀ ਅਤੇ ਮੁਫ਼ਤ ਇਲਾਜ ਲੈ ਰਹੇ ਮਰੀਜ਼ਾਂ ਨਾਲ ਗੱਲਬਾਤ ਕੀਤੀ।ਦੌਰੇ ਦੌਰਾਨ ਵਿਧਾਇਕ ਨੇ ਐੱਮ ਐੱਮ ਐੱਸ ਵਾਈ ਤਹਿਤ ਇਲਾਜ ਕਰਵਾਉਣ ਵਾਲੀ ਪੰਜਾਬ ਦੀ ਪਹਿਲੀ ਮਰੀਜ਼, ਸਨੀ ਐਨਕਲੇਵ ਦੀ ਰਹਿਣ ਵਾਲੀ ਨਿਰਮਲ ਕੌਰ (53) ਨਾਲ ਮੁਲਾਕਾਤ ਕੀਤੀ, ਜਿਨ੍ਹਾਂ ਦੀ 27 ਜਨਵਰੀ ਨੂੰ ਸਫਲਤਾਪੂਰਵਕ ਐਪੈਂਡਿਕਸ ਦੀ ਸਰਜਰੀ ਕੀਤੀ ਗਈ ਸੀ।ਉਨ੍ਹਾਂ ਨੂੰ ਛੁੱਟੀ ਦੇ ਦਿੱਤੀ ਗਈ ਹੈ ਅਤੇ ਅੱਜ ਉਹ ਫਾਲੋਅੱਪ ਜਾਂਚ ਲਈ ਹਸਪਤਾਲ ਪਹੁੰਚੇ ਹੋਏ ਸਨ।ਐੱਮ ਐੱਮ ਐੱਸ ਵਾਈ ਅਧੀਨ ਦਾਖ਼ਲ ਮਰੀਜ਼ਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮਰੀਜ਼ ਇਸ ਯੋਜਨਾ ਨਾਲ ਬਹੁਤ ਖੁਸ਼ ਹਨ, ਕਿਉਂਕਿ ਇਸ ਵਿੱਚ ਕਿਸੇ ਵੀ ਕਿਸਮ ਦੀ ਆਮਦਨ ਦੀ ਸ਼ਰਤ ਨਹੀਂ ਹੈ।ਮਰੀਜ਼ਾਂ ਨੇ ਦੱਸਿਆ ਕਿ ਉਹ ਆਧਾਰ ਕਾਰਡ ਅਤੇ ਵੋਟਰ ਕਾਰਡ ਨਾਲ ਓ.ਪੀ.ਡੀ.



ਕਾਊਂਟਰ 'ਤੇ ਪਹੁੰਚੇ ਅਤੇ ਉਨ੍ਹਾਂ ਦੀ ਤੁਰੰਤ ਤਰਜੀਹੀ ਆਧਾਰ 'ਤੇ ਐੱਮ.ਐੱਮ.ਐੱਸ. ਵਾਈ. ਅਧੀਨ ਰਜਿਸਟ੍ਰੇਸ਼ਨ ਕਰ ਦਿੱਤੀ ਗਈ, ਜਿਸ ਨਾਲ ਉਨ੍ਹਾਂ ਨੂੰ ਫੌਰੀ ਇਲਾਜ ਮਿਲ ਸਕਿਆ।ਬਲੌਂਗੀ ਦੀ ਰਹਿਣ ਵਾਲੀ ਸੰਤੋਸ਼ ਅਤੇ ਕਾਈਨੌਰ (ਮੋਰਿੰਡਾ) ਦੀ ਅਮਨਦੀਪ ਕੌਰ, ਜੋ ਇਸ ਸਮੇਂ ਹਸਪਤਾਲ ਵਿੱਚ ਦਾਖ਼ਲ ਹਨ, ਨੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ 10 ਲੱਖ ਰੁਪਏ ਤੱਕ ਦੀ ਕੈਸ਼ਲੈੱਸ ਸਿਹਤ ਸਹੂਲਤ ਵਾਲੀ ਇਹ ਯੋਜਨਾ ਆਮ ਲੋਕਾਂ ਲਈ ਰਾਮਬਾਣ ਸਾਬਤ ਹੋ ਰਹੀ ਹੈ।ਡਾ. ਨਵਦੀਪ ਸੈਣੀ, ਕਾਰਜਕਾਰੀ ਡਾਇਰੈਕਟਰ ਪ੍ਰਿੰਸੀਪਲ, ਡਾ. ਬੀ. ਆਰ. ਅੰਬੇਡਕਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼, ਮੋਹਾਲੀ ਨੇ ਦੱਸਿਆ ਕਿ ਜਿਨ੍ਹਾਂ ਮਰੀਜ਼ਾਂ ਨੂੰ ਸਰਜਰੀ ਜਾਂ ਇੰਨਡੋਰ ਇਲਾਜ ਦੀ ਲੋੜ ਹੈ, ਉਨ੍ਹਾਂ ਸਭ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ 78 ਮਰੀਜ਼ ਮੈਡੀਕਲ ਕਾਲਜ ਨਾਲ ਜੋੜੇ ਹੋਏ ਜ਼ਿਲ੍ਹਾ ਹਸਪਤਾਲ ਮੋਹਾਲੀ ਵਿੱਚ ਐੱਮ.ਐੱਮ.ਐੱਸ.ਵਾਈ. ਅਧੀਨ ਇਲਾਜ ਅਧੀਨ ਹਨ।ਮੀਡੀਆ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਮੋਹਾਲੀ ਜ਼ਿਲ੍ਹੇ ਵਿੱਚ ਹੁਣ ਤੱਕ ਕਰੀਬ 3500 ਰਜਿਸਟ੍ਰੇਸ਼ਨਾਂ ਐੱਮ.ਐੱਮ.ਐੱਸ. ਵਾਈ. ਤਹਿਤ ਹੋ ਚੁੱਕੀਆਂ ਹਨ।

# ਗੁਰੂ ਰਵਿਦਾਸ ਮਹਾਰਾਜ ਜੀ ਪ੍ਰਕਾਸ਼ ਪੁਰਬ ਮਨਾਇਆ

**ਬਲਾਚੌਰ (ਜਸਵਿੰਦਰ ਬੈਂਸ)**- ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਅਵਤਾਰ ਦਿਵਸ ਪਿੰਡ ਲੰਗੜੋਆ ਵਿਖੇ ਗੁਰੂ ਰਵਿਦਾਸ ਨੌਜਵਾਨ ਸਭਾ (ਰਜਿ:)



ਬੀਤੇ ਦਿਨ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ, ਜਿਸ ਦੌਰਾਨ ਪੰਜ ਪਿਆਰਿਆਂ ਅਗਵਾਈ ਵਿੱਚ ਨਗਰ ਕੀਰਤਨ ਸਜਾਇਆ ਗਿਆ ਜਿਸ ਵਿੱਚ ਸਮੂਹ ਭਾਈਚਾਰੇ ਅਤੇ ਪਿੰਡ ਵਾਸੀਆਂ ਨੇ ਵੱਧ ਚੜ੍ਹ ਕੇ ਸ਼ਰਧਾ ਨਾਲ ਸ਼ਿਰਕਤ ਕੀਤੀ ਅਤੇ ਗੁਰੂ ਰਵਿਦਾਸ ਮਹਾਰਾਜ ਨਾਮ ਲੇਵਾ ਸੰਗਤ ਨੇ ਜੈਕਾਰਿਆਂ ਦੀ ਗੂੰਜ ਵਿੱਚ ਅਥਾਹ ਪਿਆਰ ਅਤੇ ਸਤਿਕਾਰ ਨਾਲ ਨਗਰ ਕੀਰਤਨ ਦੀ ਸ਼ੋਭਾ ਵਧਾਈ।ਅਵਤਾਰ ਦਿਵਸ ਸੰਬੰਧੀ ਗੁਰਦਵਾਰਾ ਸਾਹਿਬ ਵਿੱਚ ਸਹਿਜ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਜ਼ਿਕਰ ਕਰਦਿਆਂ ਜਰਨੈਲ ਬੰਗਾ ਟੋਰੰਟੋ ਕੈਨੇਡਾ ਨੇ ਕਿਹਾ ਕਿ ਗੁਰੂ ਰਵਿਦਾਸ ਮਹਾਰਾਜ ਦੁਨੀਆ ਦੇ ਇੱਕ ਮਹਾਂਨ ਕ੍ਰਾਂਤੀਕਾਰੀ ਸੰਤ ਹੋਏ ਜਿਨ੍ਹਾਂ ਨੇ ਕੌਮ ਦੀਆਂ ਭਟਕਦੀਆਂ ਹੋਈਆਂ ਦੁਖੀ ਰੂਹਾਂ, ਦੱਬੇ ਕੁੱਚਲੇ ਲੋਕਾਂ ਦੀ ਭਲਾਈ, ਮਾਨਵਤਾ ਨੂੰ ਉੱਚਾ ਚੁੱਕਣ ਅਤੇ ਸੇਵਾ ਸਿਮਰਨ ਸਤਸੰਗ ਕਰਨ ਦੀ ਪ੍ਰੇਰਨਾ ਦਿੱਤੀ। ਜਰਨੈਲ ਬੰਗਾ ਨੇ ਸਮੂਹ ਭਾਈਚਾਰੇ ਨੂੰ ਅਪੀਲ ਕੀਤੀ ਕਿ ਸਾਨੂੰ ਸਾਰੀਆਂ ਨੂੰ ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੱਸੇ ਹੋਏ ਮਾਰਗ 'ਤੇ ਚੱਲ ਕਿ ਜੀਵਨ ਸਫਲ ਕਰਨ।

# 'ਦ੍ਰਿਸ਼ਟੀ ਤੋਂ ਉੱਦਮ ਤੱਕ : ਇੱਕ ਉੱਦਮੀ ਦੀ ਕਹਾਣੀ' ਵਿਸ਼ੇ 'ਤੇ ਭਾਸ਼ਣ ਕਰਵਾਇਆ

**ਜਲੰਧਰ (ਇਕਬਾਲ ਸਿੰਘ ਉੱਭੀ)**- ਲਾਇਲਪੁਰ ਖ਼ਾਲਸਾ ਕਾਲਜ ਲੜਕੀਆਂ ਦੇ ਫੈਸ਼ਨ ਡਿਜ਼ਾਈਨਿੰਗ ਦੇ ਪੋਸਟ ਗ੍ਰੈਜੂਏਸ਼ਨ ਵਿਭਾਗ ਨੇ 3 ਫਰਵਰੀ ਨੂੰ 'ਦ੍ਰਿਸ਼ਟੀ ਤੋਂ ਉੱਦਮ ਤੱਕ: ਇੱਕ ਉੱਦਮੀ ਦੀ ਕਹਾਣੀ' ਵਿਸ਼ੇ 'ਤੇ ਇੱਕ ਪ੍ਰੇਰਨਾਦਾਇਕ ਭਾਸ਼ਣ ਦਾ ਆਯੋਜਨ ਕੀਤਾ ਗਿਆ। ਲੈਕਚਰ ਦਾ ਉਦੇਸ਼ ਵਿਦਿਆਰਥੀਆਂ ਨੂੰ ਉੱਦਮਤਾ ਅਤੇ ਸਟਾਰਟਅੱਪ ਸੱਭਿਆਚਾਰ ਨੂੰ ਇੱਕ ਵਿਹਾਰਕ ਕਰੀਅਰ ਵਿਕਲਪ ਵਜੋਂ ਖੋਜਣ ਲਈ ਪ੍ਰੇਰਿਤ ਕਰਨਾ ਸੀ। ਇਸ ਸਮਾਗਮ



ਦੇ ਮੁੱਖ ਬੁਲਾਰੇ ਇੱਕ ਸਫ਼ਲ ਉੱਦਮੀ ਤੇ ਜਾਣੀ-ਪਹਿਚਾਣੀ ਸ਼ਖਸੀਅਤ ਸੁਮਨਜੀਤ ਕੌਰ ਚੱਠਾ ਸਨ, ਜੋ 60 ਤੋਂ ਸਾਲ ਵੱਧ ਉਮਰ ਵਿੱਚ ਪੀ ਐੱਚ ਡੀ ਕਰ ਰਹੀ ਇੱਕ ਖੋਜ ਵਿਦਵਾਨ ਹੈ। ਉਨ੍ਹਾਂ ਦੀ ਮੌਜੂਦਗੀ ਤੇ ਯਾਤਰਾ ਜੀਵਨ ਭਰ ਸਿੱਖਣ, ਦ੍ਰਿੜਤਾ ਅਤੇ ਨਵੀਨਤਾ ਦੀ ਇੱਕ ਸ਼ਕਤੀਸ਼ਾਲੀ ਉਦਾਹਰਣ ਵਜੋਂ ਕੰਮ ਕਰਦੀ ਹੈ। ਸ਼੍ਰੀਮਤੀ ਚੱਠਾ ਨੇ ਆਪਣੇ ਉੱਦਮੀ ਅਨੁਭਵ, ਚੁਣੌਤੀਆਂ ਅਤੇ ਸਫ਼ਲਤਾ ਦੀਆਂ ਕਹਾਣੀਆਂ ਸਾਂਝੀਆਂ ਕੀਤੀਆਂ, ਵਿਦਿਆਰਥੀਆਂ ਨੂੰ ਆਪਣੇ ਵਿਚਾਰਾਂ ਨੂੰ ਅਰਥਪੂਰਨ ਉੱਦਮਾਂ ਵਿੱਚ ਬਦਲਣ ਲਈ ਉਤਸ਼ਾਹਿਤ ਕੀਤਾ। ਪ੍ਰਿੰਸੀਪਲ ਡਾ. ਸਰਬਜੀਤ ਕੌਰ ਰਾਏ ਨੇ ਇਸ ਭਾਸ਼ਣ ਦੇ ਆਯੋਜਨ ਲਈ ਫੈਸ਼ਨ ਡਿਜ਼ਾਈਨਿੰਗ ਦੇ ਪੀਜੀ ਵਿਭਾਗ ਦੀ ਮੁਖੀ ਮਨਜੀਤ ਕੌਰ ਦੀ ਸ਼ਲਾਘਾ ਕੀਤੀ।

## ਸੋਹਾਣਾ ਹਸਪਤਾਲ ਵੱਲੋਂ ਕੈਂਸਰ ਜਾਗਰੂਕਤਾ ਮਹੀਨੇ ਦੇ ਮੌਕੇ ਵਿਸ਼ੇਸ਼ ਮੁਹਿੰਮ

**ਮੋਹਾਲੀ (ਗੁਰਜੀਤ ਬਿੱਲਾ)** ਮਾਨਵਤਾ ਦੀ ਸੇਵਾ ਵਿੱਚ ਸਮਰਪਿਤ ਸੋਹਾਣਾ ਹਸਪਤਾਲ, ਮੋਹਾਲੀ ਵੱਲੋਂ ਮਰੀਜ਼ਾਂ ਦੀ ਤੰਦਰੁਸਤੀ ਲਈ ਲਗਾਤਾਰ ਨਵੇਂ ਉਪਰਾਲੇ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ ਫਰਵਰੀ ਦੇ 'ਕੈਂਸਰ ਜਾਗਰੂਕਤਾ ਮਹੀਨੇ' ਮੌਕੇ ਹਸਪਤਾਲ ਵੱਲੋਂ ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ।ਇਸ ਪਹਿਲਕਦਮੀ ਤਹਿਤ 1 ਫਰਵਰੀ ਤੋਂ 28 ਫਰਵਰੀ



ਤੱਕ ਪੂਰਾ ਮਹੀਨਾ ਕੈਂਸਰ ਮਾਹਿਰਾਂ ਵੱਲੋਂ ਮੁਫ਼ਤ ਸਲਾਹ-ਮਸ਼ਵਰਾ ਅਤੇ ਦੂਜੀ ਰਾਏ ਵੀ ਮੁਫਤ ਲੈਣ ਦੀ ਸਹੂਲਤ ਦਿੱਤੀ ਜਾ ਰਹੀ ਹੈ।ਇਸ ਦਾ ਮੁੱਖ ਮਕਸਦ ਕੈਂਸਰ ਦੀ ਜਲਦੀ ਪਛਾਣ ਕਰਨਾ ਅਤੇ ਲੋਕਾਂ ਨੂੰ ਸਸਤਾ ਇਲਾਜ ਮੁਹੱਈਆ ਕਰਵਾਉਣਾ ਹੈ।ਹਸਪਤਾਲ ਦੇ ਮੈਡੀਕਲ ਡਾਇਰੈਕਟਰ ਓਨਕੋਲੋਜੀ, ਡਾ. ਗੌਤਮ ਗੋਇਲ ਨੇ ਕਿਹਾ ਕਿ ਅਕਸਰ ਲੋਕ ਡਰ ਕਾਰਨ ਜਾਂਚ ਵਿੱਚ ਦੇਰੀ ਕਰ ਦਿੰਦੇ ਹਨ, ਜੋ ਖ਼ਤਰਨਾਕ ਹੋ ਸਕਦੀ ਹੈ। ਜੇਕਰ ਕੈਂਸਰ ਦਾ ਪਤਾ ਸ਼ੁਰੂਆਤੀ ਪੜਾਅ 'ਤੇ ਲੱਗ ਜਾਵੇ, ਤਾਂ ਇਹ ਪੂਰੀ ਤਰ੍ਹਾਂ ਇਲਾਜਯੋਗ ਹੈ।ਹਸਪਤਾਲ ਦੇ ਟਰੱਸਟ ਸਕੱਤਰ ਗੁਰਮੀਤ ਸਿੰਘ ਨੇ ਹਸਪਤਾਲ ਦੀ ਵਚਨਬੱਧਤਾ ਦਹੁਰਾਉਂਦਿਆਂ ਕਿਹਾ ਕਿ ਸੋਹਾਣਾ ਹਸਪਤਾਲ ਦਾ ਉਦੇਸ਼ ਸਿਰਫ਼ ਇਲਾਜ ਕਰਨਾ ਨਹੀਂ, ਸਗੋਂ ਮਰੀਜ਼ਾਂ ਵਿੱਚ ਜੀਣ ਦੀ ਉਮੀਦ ਪੈਦਾ ਕਰਨਾ ਹੈ।ਉਨ੍ਹਾਂ ਦੱਸਿਆ ਕਿ ਹੁਣ ਤੱਕ ਹਜ਼ਾਰਾਂ ਮਰੀਜ਼ ਇੱਥੋਂ ਸਫਲ ਇਲਾਜ ਕਰਵਾ ਚੁੱਕੇ ਹਨ ਅਤੇ 25,000 ਤੋਂ ਵੱਧ ਕੈਂਸਰ ਸਰਵਾਈਵਰ ਅੱਜ ਇੱਕ ਖੁਸ਼ਹਾਲ ਜੀਵਨ ਬਤੀਤ ਕਰ ਰਹੇ ਹਨ।

# ਟੈਕਨੀਕਲ ਸਰਵਿਸਜ਼ ਯੂਨੀਅਨ ਵੱਲੋਂ 12 ਨੂੰ ਹੜਤਾਲ ਕਰਨ ਦਾ ਐਲਾਨ

**ਮੋਹਾਲੀ (ਗੁਰਜੀਤ ਬਿੱਲਾ)**- 66 ਕੇ.ਵੀ. ਡਵੀਜ਼ਨ ਪ੍ਰਧਾਨ ਹਰਜੀਤ ਸਿੰਘ ਅਤੇ ਡੀ.ਐਸ. ਡਵੀਜ਼ਨ ਸਕੱਤਰ ਜਸਪਾਲ ਸਿੰਘ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ ਜਿਸ ਵਿੱਚ ਆਉਣ ਵਾਲੀ 12 ਫਰਵਰੀ ਦੀ




ਹੜਤਾਲ ਦੀ ਤਿਆਰੀ ਕੀਤੀ ਗਈ ਅਤੇ ਬਿਜਲੀ ਬਿਲ 2026, ਸੀਡ ਬਿਲ ਤੇ ਲੇਬਰ ਕੋਰਟ ਤੇ ਚਰਚਾ ਕੀਤੀ ਗਈ। ਜਥੇਬੰਦੀਆਂ ਨੇ ਸਾਂਝੇ ਤੌਰ ਤੇ ਸਬ ਡਵੀਜ਼ਨ/ ਡਵੀਜ਼ਨ ਪੱਧਰ ਤੇ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਦੇ ਵਿਰੋਧ ਅਤੇ ਕੇਂਦਰ ਸਰਕਾਰ ਵੱਲੋਂ ਸਾਮਰਾਜੀ ਦਿਸ਼ਾ ਨਿਰਦੇਸ਼ਾਂ ਤਹਿਤ ਨਿੱਜੀਕਰਨ ਦੀਆਂ ਨੀਤੀਆਂ ਨੂੰ ਲਾਗੂ ਕਰਨ ਲਈ ਬਿਜਲੀ ਐਕਟ 2003 ਵਿੱਚ ਲਗਾਤਾਰ ਸੋਧਾਂ ਕਰਦਿਆਂ ਹੁਣ ਬਿਜਲੀ ਸੋਧ ਬਿੱਲ 2025 ਨੂੰ ਪਾਸ ਕਰਕੇ ਬਿਜਲੀ ਖੇਤਰ ਦਾ ਮੁਕੰਮਲ ਰੂਪ ਵਿੱਚ ਨਿੱਜੀਕਰਨ ਕਰਨ ਲਈ ਕਦਮ ਚੁੱਕੇ ਜਾ ਰਹੇ ਹਨ। ਕਿਸਾਨਾਂ ਵਿਰੋਧੀ ਕੇਂਦਰ ਵੱਲੋਂ ਲਿਆਂਦੇ ਗਏ ਸੀਡ ਬਿਲ 2025 ਨੂੰ ਰੱਦ ਕਰਾਉਣ ਲਈ ਤੇ ਕਿਰਤ ਕਾਨੂੰਨਾਂ ਨੂੰ ਬਹਾਲ ਕਰਵਾਉਣ ਲਈ ਬੁਲਾਰਿਆਂ ਨੇ ਜ਼ੋਰ ਦਿੱਤਾ। ਇਨ੍ਹਾਂ ਤੋਂ ਇਲਾਵਾ ਸਰਕਲ ਪ੍ਰਧਾਨ ਗੁਰਬਖਸ਼ ਸਿੰਘ, ਸਰਕਲ ਮੁੱਖ ਸਲਾਹਕਾਰ ਲੱਖਾ ਸਿੰਘ, ਸਰਕਲ ਮੀਤ ਪ੍ਰਧਾਨ ਗੁਰਮੀਤ ਸਿੰਘ, ਬਿਕਰਮ ਸਿੰਘ, ਅਜੀਤ ਸਿੰਘ, ਜਗਜੀਤ ਸਿੰਘ, ਸੌਦਾਗਰ ਸਿੰਘ, ਪਰਮਜੀਤ ਸਿੰਘ, ਸਤਵੰਤ ਸਿੰਘ, ਬਲਵਿੰਦਰ ਸਿੰਘ, ਸਰਬਜੀਤ ਸਿੰਘ, ਗਿਆਨ ਸਿੰਘ, ਮਨਜੀਤ ਸਿੰਘ ਵੱਲੋਂ ਸੰਬੋਧਨ ਕਰਦੇ ਹੋਏ ਸਰਕਾਰ ਨੂੰ ਤਿੱਖੇ ਸੰਘਰਸ਼ ਦੀ ਚਿਤਾਵਨੀ ਦਿੱਤੀ।

## ਸਮਾਜਿਕ ਵਿਗਿਆਨ ਤੇ ਅਕਾਦਮਿਕ ਗਤੀਵਿਧੀ ਦਾ ਆਯੋਜਨ

**ਜਲੰਧਰ (ਇਕਬਾਲ ਸਿੰਘ ਉੱਭੀ)**-ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਅਰਜੁਨ ਨਗਰ ਜਲੰਧਰ ਨੇ ਛੇਵੀਂ ਜਮਾਤ ਦੇ ਵਿਦਿਆਰਥੀਆਂ ਲਈ ਭਾਰਤ ਦੇ ਖੇਤੀਬਾੜੀ ਨਕਸ਼ੇ 'ਤੇ ਕੇਂਦ੍ਰਿਤ ਇੱਕ ਸਮਾਜਿਕ ਵਿਗਿਆਨ ਅਕਾਦਮਿਕ ਗਤੀਵਿਧੀ ਦਾ ਆਯੋਜਨ ਕੀਤਾ। ਵਿਦਿਆਰਥੀਆਂ ਨੇ ਭਾਰਤੀ ਨਕਸ਼ੇ ਰਾਹੀਂ ਭਾਰਤੀ ਖੇਤੀਬਾੜੀ ਬਾਰੇ ਵੀ ਸਿੱਖਿਆ ਤੇ ਵੱਖ-ਵੱਖ ਪਹਿਲੂਆਂ ਜਿਵੇਂ ਕਿ ਫਸਲਾਂ ਦੀ ਵੰਡ, ਖੇਤਰੀ ਖੇਤੀ ਅਭਿਆਸਾਂ, ਜਲਵਾਯੂ ਖੇਤਰਾਂ, ਮਿੱਟੀ ਦੀਆਂ ਕਿਸਮਾਂ ਅਤੇ ਵੱਖ-ਵੱਖ ਰਾਜਾਂ ਵਿੱਚ ਪ੍ਰਮੁੱਖ ਖੇਤੀਬਾੜੀ ਉਤਪਾਦਾਂ ਬਾਰੇ ਸਮਝ ਪ੍ਰਾਪਤ ਕੀਤੀ। ਉਹ ਸਿੱਖ ਸਕਦੇ ਹਨ ਕਿ ਭੂਗੋਲ ਖੇਤੀਬਾੜੀ ਉਤਪਾਦਕਤਾ ਨੂੰ ਕਿਵੇਂ ਪ੍ਰਭਾਵਤ ਕਰਦਾ ਹੈ, ਪੱਛਮੀ ਬੰਗਾਲ ਵਿੱਚ ਚੌਲ, ਪੰਜਾਬ ਵਿੱਚ ਕਣਕ, ਅਸਾਮ ਵਿੱਚ ਚਾਹ ਤੇ ਕੇਰਲ ਵਿੱਚ ਮਸਾਲੇ ਵਰਗੀਆਂ ਖਾਸ ਫਸਲਾਂ ਦੀ ਮਹੱਤਤਾ ਨੂੰ ਸਮਝ ਸਕਦੇ ਹਨ, ਅਤੇ ਖੇਤੀਬਾੜੀ ਨੂੰ ਪ੍ਰਭਾਵਿਤ ਕਰਨ ਵਾਲੀਆਂ ਸੋਕੇ ਜਾਂ ਹੜ੍ਹ ਵਰਗੀਆਂ ਖੇਤਰੀ ਚੁਣੌਤੀਆਂ ਨੂੰ ਪਛਾਣ ਸਕਦੇ ਹਨ।ਅਧਿਆਪਕਾਂ ਨੇ ਭਾਰਤ ਦੇ ਵੱਖ-ਵੱਖ ਰਾਜਾਂ ਵਿੱਚ ਪ੍ਰਚਲਿਤ ਵੱਖ-ਵੱਖ ਖੇਤੀ ਵਿਧੀਆਂ ਦੇ ਵਿਹਾਰਕ ਪ੍ਰਦਰਸ਼ਨ ਪੇਸ਼ ਕੀਤੇ।ਸਕੂਲ ਪ੍ਰਿੰਸੀਪਲ ਮੰਗਲਾ ਸ਼ਰਮਾ ਨੇ ਇਸ ਗਤੀਵਿਧੀ ਲਈ ਵਿਦਿਆਰਥੀਆਂ ਦੀ ਪ੍ਰਸ਼ੰਸਾ ਕੀਤੀ।

# ਸੈਂਟੀਨਲ ਕੈਮਬਰੇਜ ਸਕੂਲ ਵਿਖੇ ਜਾਗਰੂਕਤਾ ਕੈਂਪ

**ਬਲਾਚੌਰ (ਜਸਵਿੰਦਰ ਬੈਂਸ)** ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਐਸ ਐਸ ਪੀ ਤੁਸ਼ਾਰ ਗੁਪਤਾ ਦੀ ਅਗਵਾਈ ਹੇਠ ਪੁਲਸ ਪ੍ਰਸ਼ਾਸਨ ਵੱਲੋਂ ਨੌਜਵਾਨ ਪੀੜ੍ਹੀ ਨੂੰ ਸਮਾਜਿਕ ਬੁਰਾਈਆਂ ਪ੍ਰਤੀ ਸੁਚੇਤ ਕਰਨ ਲਈ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਸੈਂਟੀਨਲ ਕੈਮਬਰੇਜ ਸਕੂਲ, ਬਲਾਚੌਰ ਵਿਖੇ ਇੱਕ ਜਾਗਰੂਕਤਾ ਕੈਂਪ ਲਗਾਇਆ ਗਿਆ।ਇਸ ਕੈਂਪ ਦੌਰਾਨ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ, ਵਧ ਰਹੇ ਸਾਈਬਰ ਅਪਰਾਧਾਂ ਅਤੇ ਟ੍ਰੈਫਿਕ ਨਿਯਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਹ ਕੈਂਪ ਡੀ ਐਸ ਪੀ ਟ੍ਰੈਫਿਕ ਸੁਰਿੰਦਰ ਚਾਂਦ, ਡੀ ਐਸ ਪੀ ਸਬ ਡਿਵੀਜ਼ਨ ਬਲਾਚੌਰ ਹੇਮੰਤ ਕੁਮਾਰ ਮਲਹੋਤਰਾ ਅਤੇ ਐਸ ਐਚ ਓ ਸਿਟੀ



ਰਾਮ ਪਾਲ ਦੀ ਦੇਖ-ਰੇਖ ਹੇਠ ਕਰਵਾਇਆ ਗਿਆ।ਕੈਂਪ ਵਿੱਚ ਪਹੁੰਚੇ ਟ੍ਰੈਫਿਕ ਐਜੂਕੇਸ਼ਨ ਸੈੱਲ ਨਵਾਂਸ਼ਹਿਰ ਦੇ ਏ ਐਸ ਆਈ ਪਰਵੀਨ ਕੁਮਾਰ, ਏ.ਐਸ.ਆਈ. ਜੋਗਿੰਦਰ ਪਾਲ ਟ੍ਰੈਫਿਕ ਇੰਚਾਰਜ ਬਲਾਚੌਰ, ਏ.ਐਸ.ਆਈ. ਤਰਸੇਮ ਲਾਲ ਅਤੇ ਮੱਖਣ ਪੀ.ਐਚ.ਜੀ. ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਲਾਹਣਤ ਤੋਂ ਦੂਰ ਰਹਿ ਕੇ ਖੇਡਾਂ ਅਤੇ ਪੜ੍ਹਾਈ ਵਿੱਚ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ ਗਿਆ।ਸੜਕੀ ਹਾਦਸਿਆਂ ਨੂੰ ਘਟਾਉਣ ਲਈ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਸੁਰੱਖਿਅਤ ਡਰਾਈਵਿੰਗ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ ਮੌਕੇ ਪ੍ਰਵੀਨ ਕੁਮਾਰ ਐਸ ਆਈ ਨੇ ਬੱਚਿਆਂ ਨੂੰ ਅਪੀਲ ਕੀਤੀ ਕਿ ਸੋਸ਼ਲ ਮੀਡੀਆ 'ਤੇ ਹਰ ਕੋਈ ਉਹ ਨਹੀਂ ਹੁੰਦਾ ਜੋ ਉਹ ਦਿਖਾਈ ਦਿੰਦਾ ਹੈ।ਸਕੂਲ ਦੀ ਪ੍ਰਿੰਸੀਪਲ ਪੂਜਾ ਸ਼ਰਧਾ, ਡਾਇਰੈਕਟਰ ਪੂਜਾ ਬਜਾਜ, ਮੈਡਮ ਕੰਮਨੀ ਅਤੇ ਮੈਡਮ ਕਰਨ ਨੇ ਪੁਲਸ ਵਿਭਾਗ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਅਧਿਕਾਰੀਆਂ ਦਾ ਧੰਨਵਾਦ ਕੀਤਾ।

# ਕੈਬਨਿਟ ਮੰਤਰੀ ਨੇ ਹਾਦਸੇ 'ਚ ਜ਼ਖ਼ਮੀ ਲੋਕਾਂ ਦਾ ਹਾਲ-ਚਾਲ ਜਾਣਿਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਹੁਸ਼ਿਆਰਪੁਰ ਦੇ ਸਿਵਲ ਹਸਪਤਾਲ ਤੇ ਸਥਾਨਕ ਨਿੱਜੀ ਹਸਪਤਾਲਾਂ ਵਿੱਚ ਪਹੁੰਚ ਕੇ ਪਿੰਡ ਬਾਗਪੁਰ ਵਿੱਚ ਗੈਸ ਸਿਲੰਡਰ ਫਟਣ ਦੀ ਦਰਦਨਾਕ ਘਟਨਾ ਵਿੱਚ ਜ਼ਖ਼ਮੀ ਹੋਏ ਲੋਕਾਂ ਦਾ ਹਾਲ-ਚਾਲ ਜਾਣਿਆ। ਇਸ ਦੌਰਾਨ ਅੱਗ 'ਤੇ ਕਾਬੂ ਪਾਉਣ ਲਈ ਆਈ ਫਾਇਰ ਬ੍ਰਿਗੇਡ ਟੀਮ ਦੇ ਜ਼ਖ਼ਮੀ ਮੈਂਬਰਾਂ ਦਾ ਵੀ ਮੰਤਰੀ ਨੇ ਹਾਲ-ਚਾਲ ਜਾਣਿਆ। ਉਨ੍ਹਾਂ ਨੇ ਹਸਪਤਾਲ ਵਿੱਚ ਭਰਤੀ ਜ਼ਖ਼ਮੀਆਂ ਨਾਲ ਗੱਲਬਾਤ ਕੀਤੀ, ਉਨ੍ਹਾਂ ਦੇ ਇਲਾਜ ਬਾਰੇ ਜਾਣਕਾਰੀ ਲਈ ਤੇ ਡਾਕਟਰਾਂ ਨੂੰ ਹੁਕਮ ਦਿੱਤੇ ਕਿ ਵਧੀਆ ਤੋਂ ਵਧੀਆ ਇਲਾਜ ਯਕੀਨੀ ਬਣਾਇਆ ਜਾਵੇ। ਇਸ ਤੋਂ ਪਹਿਲਾਂ ਉਨ੍ਹਾਂ ਨੇ ਘਟਨਾ ਵਾਲੀ ਜਗ੍ਹਾ ਦਾ ਵੀ ਦੌਰਾ ਕੀਤਾ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਪਿੰਡ ਬਾਗਪੁਰ ਵਿੱਚ ਗੈਸ



ਸਿਲੰਡਰ ਫਟਣ ਦੀ ਇਹ ਘਟਨਾ ਬਹੁਤ ਦੁੱਖਦਾਈ ਹੈ। ਇਸ ਤੋਂ ਇਲਾਵਾ, ਉਨ੍ਹਾਂ ਨੇ ਘਟਨਾ ਦੇ ਕਾਰਨਾਂ ਦੀ ਡੂੰਘੀ ਜਾਂਚ ਕਰਵਾਉਣ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਰੂਰੀ ਸਾਵਧਾਨੀਆਂ ਵਰਤਣ ਦੇ ਹੁਕਮ ਵੀ ਦਿੱਤੇ। ਇਸ ਮੌਕੇ ਸਿਵਲ ਸਰਜਨ ਡਾ. ਬਲਵਿੰਦਰ ਕੁਮਾਰ, ਹਸਪਤਾਲ ਦੇ ਸੀਨੀਅਰ ਅਧਿਕਾਰੀ, ਜ਼ਿਲ੍ਹਾ ਪ੍ਰਸ਼ਾਸਨ ਦੇ ਨੁਮਾਇੰਦੇ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਵੀ ਹਾਜ਼ਰ ਸਨ।



# ਏ ਬੀ ਵੀ ਪੀ ਦੁਨੀਆ ਦਾ ਸਭ ਤੋਂ ਵੱਡਾ ਵਿਦਿਆਰਥੀ ਸੰਗਠਨ : ਭੁੱਲਰ

**ਬਸਤੀ ਸ਼ੇਖ (ਜਲੰਧਰ) (ਲਖਵਿੰਦਰ ਸਿੰਘ)**- ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ ਪੰਜਾਬ ਦੀ ਸੂਬਾ ਕਾਰਜਕਾਰੀ ਬੈਠਕ ਮੋਹਾਲੀ ਦੇ ਰੰਤਨ ਗਰੁੱਪ ਆਫ ਇੰਸਟੀਟਿਊਸ਼ਨਜ਼ ਵਿੱਚ ਰਾਸ਼ਟਰੀ ਸਕੱਤਰ ਆਦਿਤਿਆ ਤਕੀਆਰ, ਖੇਤਰੀ ਸੰਗਠਨ ਮੰਤਰੀ ਗੌਰਵ ਅਤਰੀ, ਸੂਬਾ ਪ੍ਰਧਾਨ ਡਾ.ਪ੍ਰਸ਼ਾਂਤ ਗੀਤਮ, ਸੂਬਾ ਸਕੱਤਰ ਜਸਕਰਨ ਸਿੰਘ ਭੁੱਲਰ ਤੇ ਸੂਬਾ ਸੰਗਠਨ ਮੰਤਰੀ ਸ਼ਮਸ਼ੇਰ ਸਿੰਘ ਦੀ ਮੌਜੂਦਗੀ ਵਿੱਚ ਸੰਪੰਨ ਹੋਈ। ਬੈਠਕ ਦੌਰਾਨ ਸੰਗਠਨਾਤਮਕ ਗਤੀਵਿਧੀਆਂ ਦੀ ਸਮੀਖਿਆ, ਆਉਣ ਵਾਲੇ ਅਕਾਦਮਿਕ ਸੈਸ਼ਨ ਦੀ ਕਾਰਜਯੋਜਨਾ ਅਤੇ ਵਿਦਿਆਰਥੀ ਨਾਲ ਜੁੜੇ ਵੱਖ-ਵੱਖ ਮਸਲਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਏ ਬੀ ਵੀ ਪੀ ਪੰਜਾਬ ਦੇ ਸੂਬਾ ਸਕੱਤਰ ਜਸਕਰਨ ਸਿੰਘ ਭੁੱਲਰ ਨੇ ਜਲੰਧਰ ਪ੍ਰੈਸ ਕਲੱਬ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਅੱਜ ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ ਸਿਰਫ ਦੇਸ਼ ਹੀ ਨਹੀਂ ਸਗੋਂ ਪੂਰੇ ਦੁਨੀਆ ਦਾ ਸਭ ਤੋਂ ਵੱਡਾ ਵਿਦਿਆਰਥੀ ਸੰਗਠਨ ਹੈ। ਬੈਠਕ ਵਿੱਚ ਏ ਬੀ ਵੀ ਪੀ ਪੰਜਾਬ ਵੱਲੋਂ ਪਿਛਲੇ ਵਰ੍ਹਿਆਂ ਦੇ ਕੰਮ ਦੀ ਸਮੀਖਿਆ ਕੀਤੀ ਗਈ ਤੇ ਆਉਣ ਵਾਲੇ ਕੰਮਾਂ ਦੀ ਯੋਜਨਾ ਬਣਾਈ ਗਈ। ਏ ਬੀ ਵੀ ਪੀ ਪੰਜਾਬ ਵੱਲੋਂ ਸੂਬੇ ਵਿੱਚ 2 ਫਰਵਰੀ ਤੋਂ 15 ਫਰਵਰੀ ਤੱਕ ਨਗਰ ਖੇਡ ਕੁੰਭ ਦਾ ਆਯੋਜਨ ਕਰਵਾਇਆ ਜਾਵੇਗਾ, ਜਿਸ ਰਾਹੀ ਨੌਜਵਾਨਾਂ ਵਿੱਚ ਖੇਡ ਭਾਵਨਾ ਨੂੰ ਉਤਸ਼ਾਹਿਤ ਕਰਨ, ਪ੍ਰਤਿਭਾਵਾਂ ਨੂੰ ਮੰਚ ਦੇਣ ਤੇ ਨਸ਼ਾ ਮੁਕਤ ਅਤੇ ਸਿਹਤਮੰਦ ਵਾਤਾਵਰਣ ਵਾਲਾ ਪੰਜਾਬ ਬਣਾਉਣ ਦੀ ਦਿਸ਼ਾ ਵਿੱਚ ਕੰਮ ਕੀਤਾ ਜਾਵੇਗਾ।

# ਭੰਗੀ ਚੋਅ 'ਤੇ ਹਾਈ ਲੈਵਲ ਪੁਲ, ਸਰਕਾਰੀ ਸਕੂਲ ਦੇ ਨਿਰਮਾਣ ਨੂੰ ਮਿਲੀ ਮਨਜ਼ੂਰੀ : ਜਿੰਪਾ

**ਹੁਸ਼ਿਆਰਪੁਰ, (ਓ ਪੀ ਰਾਣਾ)**- ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਹੁਸ਼ਿਆਰਪੁਰ ਵਿਧਾਨ ਸਭਾ ਖੇਤਰ ਦੇ ਸਮੁੱਚੇ ਵਿਕਾਸ ਵੱਲ ਇਕ ਹੋਰ ਮਹੱਤਵਪੂਰਨ ਕਦਮ ਚੁੱਕਦੇ ਹੋਏ ਪੰਜਾਬ ਸਰਕਾਰ ਨੇ ਭੰਗੀ ਚੋਅ 'ਤੇ ਹਾਈ ਲੈਵਲ ਪੁਲ ਨਿਰਮਾਣ ਤੇ ਨਵੇਂ ਸਰਕਾਰੀ ਸਕੂਲ ਦੇ ਨਿਰਮਾਣ ਨੂੰ ਮਨਜ਼ੂਰੀ ਪ੍ਰਦਾਨ ਕੀਤੀ ਹੈ। ਇਹ ਦੋਵੇਂ ਪ੍ਰੋਜੈਕਟ ਖੇਤਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਗੇ ਅਤੇ ਆਮ ਲੋਕਾਂ ਨੂੰ ਵੱਡੀ ਰਾਹਤ ਪ੍ਰਦਾਨ ਕਰਨਗੇ। ਵਿਧਾਇਕ ਜਿੰਪਾ ਨੇ ਕਿਹਾ ਕਿ ਧੋਬੀ ਘਾਟ-ਆਦਮਵਾਲ



ਸੜਕ 'ਤੇ ਭੰਗੀ ਚੋਅ 'ਤੇ 120 ਮੀਟਰ ਲੰਬੇ ਤੇ 10 ਮੀਟਰ ਚੌੜੇ ਹਾਈ-ਲੈਵਲ ਪੁਲ ਦੇ ਨਿਰਮਾਣ ਲਈ ਪ੍ਰਸ਼ਾਸਕੀ ਪ੍ਰਵਾਨਗੀ ਮਿਲ ਗਈ ਹੈ। ਇਸ ਪ੍ਰੋਜੈਕਟ ਦੀ ਕੁੱਲ ਲਾਗਤ 8.11 ਕਰੋੜ ਰੁਪਏ ਹੋਵੇਗੀ ਅਤੇ ਇਹ ਪੁਲ ਆਧੁਨਿਕ ਤਕਨਾਲੋਜੀ ਦੀ ਵਰਤੋਂ ਕਰਕੇ 6 ਸਪੈਨ (ਹਰੇਕ 20 ਮੀਟਰ) ਦੇ ਨਾਲ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੁਲ ਦੇ ਨਿਰਮਾਣ ਨਾਲ ਬਰਸਾਤ ਦੇ ਮੌਸਮ ਦੌਰਾਨ ਪਾਣੀ ਭਰਨ ਅਤੇ ਆਵਾਜਾਈ ਦੀਆਂ ਸਮੱਸਿਆਵਾਂ ਤੋਂ ਸਥਾਈ ਰਾਹਤ ਮਿਲੇਗੀ ਅਤੇ ਧੋਬੀ ਘਾਟ, ਨਵੀਂ ਆਬਾਦੀ ਅਤੇ ਆਦਮਵਾਲ ਰੋਡ ਵਿਚਕਾਰ ਸੰਪਰਕ ਹੋਰ ਮਜ਼ਬੂਤ ਹੋਵੇਗਾ। ਸਿੱਖਿਆ ਦੇ ਖੇਤਰ ਵਿੱਚ ਇੱਕ ਇਤਿਹਾਸਕ ਪਹਿਲਕਦਮੀ ਕਰਦੇ ਹੋਏ ਵਿਧਾਇਕ ਜਿੰਪਾ ਨੇ ਦੱਸਿਆ ਕਿ ਜ਼ਿਲ੍ਹਾ ਕੋਰਟ ਕੰਪਲੈਕਸ ਦੇ ਨਾਲ ਲੱਗਦੀ ਨਗਰ ਨਿਗਮ ਦੀ 4.50 ਏਕੜ ਜ਼ਮੀਨ 'ਤੇ ਇੱਕ ਅਤਿ-ਆਧੁਨਿਕ ਸਰਕਾਰੀ ਸਕੂਲ ਬਣਾਇਆ ਜਾਵੇਗਾ। ਇਸ ਪ੍ਰੋਜੈਕਟ ਨੂੰ ਕੈਬਨਿਟ ਦੀ ਪ੍ਰਵਾਨਗੀ ਮਿਲ ਗਈ ਹੈ।

# ਸਤਿਗੁਰੂ ਰਵਿਦਾਸ ਮਹਾਰਾਜ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਸਤਿਗੁਰੂ ਰਵਿਦਾਸ ਮੰਦਿਰ ਪਿੰਡ ਤਾਜੇਵਾਲ ਵਿਖੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਪ੍ਰਕਾਸ਼ ਦਿਹਾੜਾ ਪਿੰਡ ਦੀਆਂ ਸਮੂਹ ਸੰਗਤਾਂ ਵਲੋਂ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਮਨਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਅੰਮ੍ਰਿਤ ਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਪਾਠ ਦੇ ਭੋਗ ਪਾਏ ਗਏ। ਉਸ ਤੋਂ ਬਾਅਦ ਸੰਤ ਪਵਨ ਕੁਮਾਰ ਤਾਜੇਵਾਲ ਤੇ ਸਮਾਗਮ ਵਿੱਚ ਪਹੁੰਚੇ ਸੰਤਾਂ ਮਹਾਂਪੁਰਸ਼ਾਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਸਤਿਗੁਰੂ ਰਵਿਦਾਸ ਮਹਾਰਾਜ ਦੀ ਵਿਚਾਰਧਾਰਾ ਤੋਂ ਜਾਣੂ ਕਰਵਾਇਆ। ਪਿੰਡ ਦੀ ਸਰਪੰਚ ਦਲਜੀਤ ਕੌਰ ਨੇ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ। ਪ੍ਰਬੰਧਕ ਕਮੇਟੀ ਵੱਲੋਂ ਸਮਾਗਮ ਦੀਆਂ ਸਹਿਯੋਗੀ ਸੰਗਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੰਤ ਪਵਨ ਕੁਮਾਰ ਤਾਜੇਵਾਲ, ਸਰਪੰਚ ਦਲਜੀਤ ਕੌਰ,ਪੰਚ ਬਲਵੀਰ ਕੌਰ, ਪਵਨ ਕੁਮਾਰ, ਪ੍ਰਵੀਨ ਕੁਮਾਰ, ਗੁਰਦਿਆਲ ਸਿੰਘ, ਬਬਲੂ, ਹਰਜਿੰਦਰ ਕੁਮਾਰ, ਵਿਜੇ ਕੁਮਾਰ, ਸੋਮਨਾਥ, ਸੌਰਵ, ਗੋਪੀ, ਮਨੀਸ਼ ਕੁਮਾਰ, ਨਵੀਨ ਕੁਮਾਰ, ਮਨਵੀਰ ਸਿੰਘ, ਪ੍ਰਤਾਪਾ, ਮੁਕੇਸ਼ ਰਾਣੀ, ਰੀਤੂ, ਪੂਜਾ, ਦੇਵਾ ਮਾਤਾ, ਸੀਮਾ, ਸੰਦੇਸ਼ ਰਾਣੀ, ਦੀਪੂ, ਗੁਰਦੀਸ਼ ਕੌਰ, ਸ਼ਿਵ ਕਰਨ, ਜਗਜੀਵਨ ਰਾਮ, ਜਸਬੀਰ ਰਾਮ, ਅਮਰ ਕੁਮਾਰ, ਰੱਜੀ, ਤੋਸ਼ੀ, ਨਿਰਮਲਾ ਦੇਵੀ, ਸ਼ਾਂਤੀ, ਮਨਜੀਤ ਕੌਰ ਸਮੇਤ ਸ਼੍ਰੀ ਗੁਰੂ ਰਵਿਦਾਸ ਨਾਮ ਲੇਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਤਿੰਨ ਮਹੀਨੇ ਦੇ ਬੇਸਿਕ ਕੰਪਿਊਟਰ ਕੋਰਸ, 10 ਤੱਕ ਲਿਆ ਜਾ ਸਕਦਾ ਦਾਖ਼ਲਾ

**ਜਲੰਧਰ (ਸੁਰਿੰਦਰ ਕੁਮਾਰ)** ਸੈਨਿਕ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੌਜੀ ਦੇ ਪ੍ਰਿੰਸੀਪਲ ਡਾ.ਪਰਮਿੰਦਰ ਕੌਰ ਸੈਣੀ ਨੇ ਦੱਸਿਆ ਕਿ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਜਲੰਧਰ ਦੇ ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ, ਜਲੰਧਰ ਵਿਖੇ ਤਿੰਨ ਮਹੀਨੇ ਦਾ ਬੇਸਿਕ ਕੰਪਿਊਟਰ ਕੋਰਸ ਲਈ 2 ਫਰਵਰੀ ਤੋਂ ਦਾਖਲਾ ਸ਼ੁਰੂ ਕੀਤਾ ਗਿਆ ਹੈ ਤੇ 10 ਫਰਵਰੀ ਤੱਕ ਦਾਖਲਾ ਲਿਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਇੰਸਟੀਚਿਊਟ ਦੇ ਇਸ ਕੋਰਸ ਲਈ ਘੱਟ ਤੋਂ ਘੱਟ ਯੋਗਤਾ 10ਵੀਂ ਪਾਸ ਹੈ ਤੇ ਕੋਰਸ ਲਈ ਸੇਵਾ ਕਰ ਰਹੇ ਸੈਨਿਕਾਂ/ਸਾਬਕਾ ਸੈਨਿਕਾਂ ਦੇ ਬੱਚਿਆਂ ਨੂੰ ਤਰਜੀਹ ਦਿੱਤੀ ਜਾਵੇਗੀ।

# ਨੰਗਲ ਈਸ਼ਰ ਵਿਖੇ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਨੰਗਲ ਈਸ਼ਰ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ ਤੇ ਨਗਰ ਕੀਰਤਨ ਸਜਾਇਆ ਗਿਆ। ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਗਰ ਕੀਰਤਨ ਪਿੰਡ ਨੰਗਲ ਈਸ਼ਰ ਦੇ ਗੁਰਦੁਆਰਾ ਸ੍ਰੀ ਰਵਿਦਾਸ ਸਭਾ ਤੋਂ ਆਰੰਭ ਹੋ ਕਰ ਪੂਰੇ ਨਗਰ ਦੀ ਪਰਿਕਰਮਾ ਕਰਦੇ ਹੋਏ ਸਮਾਪਤ ਹੋਇਆ ਜਿਸ ਵਿੱਚ ਸੰਗਤਾਂ ਨੇ ਨਗਰ ਕੀਰਤਨ ਦਾ ਸਵਾਗਤ ਕਰਦਿਆਂ ਫੁੱਲਾਂ ਦੀ ਵਰਖਾ ਕੀਤੀ ਗਈ ਤੇ ਸੰਗਤਾਂ ਲਈ ਚਾਹ ਪਕੌੜੇ ਮਠਿਆਈਆਂ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਪੰਥ ਪ੍ਰਸਿੱਧ ਕੀਰਤਨੀਏ ਭਾਈ ਗੁਰ ਸਾਹਿਬ ਸਿੰਘ ਜੀ ਜਫਰਵਾਲ ਵਾਲੇ ਭਾਈ ਜੋਗਾ ਸਿੰਘ ਜੀ ਰਾਮੂ ਥਿਆੜੇ ਵਾਲੇ ਅਤੇ ਢਾਡੀ ਜਥਾ ਭਾਈ ਹਰਜੀਤ ਸਿੰਘ ਜੀ ਸੋਹਲਪੁਰ ਵਾਲਿਆਂ ਦੇ ਢਾਡੀ ਜਥੇ , ਭਾਈ ਜੋਗਿੰਦਰ ਸਿੰਘ ਜੀ ਅਤੇ ਭਾਈ ਅਵਤਾਰ



ਸਿੰਘ ਜੀ ਨੇ ਆਈਆਂ ਹੋਈਆਂ ਸੰਗਤਾਂ ਨੂੰ ਕਥਾ ਵਿਚਾਰਾਂ ਅਤੇ ਢਾਡੀ ਵਾਰਾਂ ਨਾਲ ਨਿਹਾਲ ਕੀਤਾ। ਉਹਨਾਂ ਨੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਜੀ ਦੀ ਰਚਿਤ ਬਾਣੀ ਨੂੰ ਕੀਰਤਨ ਕਥਾ ਵਿਚਾਰਾਂ ਰਾਹੀਂ ਸਾਂਝਾ ਕੀਤਾ ਅਤੇ ਸੰਗਤਾਂ ਨੂੰ ਨਾਮ ਬਾਣੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਨਗਰ ਦੇ ਬੱਚਿਆਂ ਵੱਲੋਂ ਵੀ ਰੋਜ਼ਾਨਾ ਕੀਰਤਨ ਕੀਤਾ ਗਿਆ । ਸਮਾਪਤੀ ਉਪਰੰਤ ਰਾਤ ਵੇਲੇ ਸੰਗਤਾਂ ਵੱਲੋਂ ਸਾਹਿਬ ਸ੍ਰੀ ਗੁਰੂ ਪ੍ਰਕਾਸ਼ ਦਿਹਾੜੇ ਦੀ ਖੁਸ਼ੀ ਵਿੱਚ ਅਲੌਕਿਕ ਆਤਿਸ਼ਬਾਜ਼ੀ ਕੀਤੀ ਗਈ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਨਿਰਮਲ ਸਿੰਘ, ਸੁਰਿੰਦਰ ਸਿੰਘ, ਨਵਦੀਪ ਸਿੰਘ, ਕਰਨੈਲ ਸਿੰਘ, ਮਾਸਟਰ ਗੁਰਬਚਨ ਸਿੰਘ, ਮਾਸਟਰ ਮਨਦੀਪ ਸਿੰਘ, ਮਾਸਟਰ ਗਿਆਨ ਸਿੰਘ, ਮਾਸਟਰ ਨਰਿੰਦਰ ਸਿੰਘ ਕਰਨੈਲ ਸਿੰਘ ਬੈਂਕ ਮੈਨੇਜਰ, ਰੋਹਿਤ, ਸੁਖਨ, ਅੰਕਿਤ, ਜਸਵੰਤ ਸਿੰਘ ਫੌਜੀ, ਹਰਪਾਲ ਸਿੰਘ ਫੌਜੀ, ਦਵਿੰਦਰ ਸਿੰਘ,ਲਕਸ਼ਦੀਪ ਸਿੰਘ ਕਨੇਡਾ,ਦਵਿੰਦਰ ਸਿੰਘ ਕੈਨੇਡਾ, ਅਰਵਿੰਦਰ ਸਿੰਘ ਨਿੱਕਾ, ਰਣਜੀਤ ਸਿੰਘ ਨੰਬਰਦਾਰ, ਲਾਲ ਜੀ ਭਾਜੀ, ਦਵਿੰਦਰ ਸਿੰਘ, ਮਾਸਟਰ ਨਰਿੰਦਰ ਸਿੰਘ, ਡਾਕਟਰ ਸਿਮਰਨਜੀਤ ਸਿੰਘ, ਮਾਸਟਰ ਗੁਰਦੇਵ ਸਿੰਘ, ਕਰਨਦੀਪ ਸਿੰਘ ਬੱਗਾ ਤੇ ਹੋਰ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

# ਸਰਕਾਰੀ ਸਕੂਲ ਅਧਿਆਪਕਾਂ ਤੋਂ ਸਖਣੇ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਨੂੰ ਲੈ ਕੇ ਪੂਰੇ ਦੇਸ਼ ਭਰ ਵਿੱਚ ਪੂਰੇ ਜ਼ੋਰ ਸ਼ੋਰ ਨਾਲ ਪ੍ਰਚਾਰ ਕੀਤਾ ਜਾ ਰਿਹਾ ਜਦਕਿ ਜਮੀਨੀ ਹਕੀਕਤ ਇਸ ਤੋਂ ਬਿਲਕੁਲ ਅਲੱਗ ਹੈ। ਬਹੁਤ ਸਾਰੇ ਸਕੂਲਾਂ ਦੇ ਵਿੱਚ ਅਧਿਆਪਕ ਤੱਕ ਨਹੀਂ ਤੇ ਬੱਚੇ ਅਧਿਆਪਕਾਂ ਦੀ ਗੈਰ ਹਾਜਰੀ ਦੇ ਚਲਦੇ ਸਕੂਲਾਂ ਵਿੱਚ ਜਾਣ ਤੋਂ ਕਤਰਾਉਣ ਲੱਗੇ ਹਨ। ਇਸ ਦੀ ਉਦਾਹਰਨ ਨਜ਼ਦੀਕੀ ਪਿੰਡ ਸੰਗਤਪੁਰਾ ਵਿਖੇ ਵੇਖਣ ਨੂੰ ਮਿਲੀ ਜਿੱਥੇ ਸਕੂਲ ਵਿੱਚ ਪੜ੍ਹਾਉਣ ਵਾਲਾ ਅਧਿਆਪਕ ਸਰਕਾਰ ਵੱਲੋਂ ਪੜਾਉਣ ਤੋਂ ਬਿਨਾਂ ਸਰਕਾਰ ਵੱਲੋਂ ਲਗਾਈ ਹੋਰ ਡਿਊਟੀ ਨਿਭਾ ਰਿਹਾ ਹੈ ਤੇ ਸਕੂਲ ਵਿੱਚ ਪੜ੍ਹਦੇ ਬੱਚੇ ਪੜ੍ਹਾਈ ਤੋਂ ਵਾਂਝੇ ਰਹਿ ਕੇ ਅਧਿਆਪਕ ਦੀ ਉਡੀਕ ਕਰਕੇ ਘਰਾਂ ਨੂੰ ਚਲੇ ਜਾਂਦੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਹਰਵਿੰਦਰ ਸਿੰਘ ਬੂਟਾ ਨੇ ਦੱਸਿਆ ਕਿ ਸਾਡੇ ਪਿੰਡ ਸਰਕਾਰੀ ਸਕੂਲ ਵਿੱਚ ਕਰੀਬ 10 ਬੱਚੇ ਹਨ ਜਿਨਾਂ ਨੂੰ ਅਕਸਰ ਸਕੂਲ ਵਿੱਚ ਅਧਿਆਪਕ ਦੀ ਗੈਰ ਹਾਜ਼ਰੀ ਦੇ ਚਲਦੇ ਵਾਪਸ ਆਪਣੇ ਘਰ ਪਰਤਣਾ ਪੈਂਦਾ ਹੈ। ਜੇਕਰ ਸਕੂਲ ਵਿੱਚ ਅਧਿਆਪਕ ਹਾਜ਼ਰ ਰਹਿ ਕੇ ਬੱਚਿਆਂ ਨੂੰ ਪੜਾਵੇਗਾ ਤਾਂ ਜਿੱਥੇ ਸਕੂਲ ਵਿੱਚ ਬੱਚਿਆਂ ਦੀ ਗਿਣਤੀ ਵਿੱਚ ਵਾਧਾ ਹੋਵੇਗਾ ਉਥੇ ਹੀ ਬੱਚੇ ਪੜ੍ਹਾਈ ਦਾ ਵਧੀਆ ਗਿਆਨ ਲੈ ਸਕਦੇ ਹਨ ।ਇਸ ਸਬੰਧੀ ਪਿੰਡ ਵਾਸੀਆਂ ਬਲਵਿੰਦਰ ਸਿੰਘ ,ਭੋਲਾ ਸਿੰਘ, ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਸਕੂਲ ਵਿੱਚ ਜਿਆਦਾਤਰ ਅਧਿਆਪਕਾਂ ਦੇ ਡਿਊਟੀ ਪੜ੍ਹਾਈ ਤੋਂ ਹਟਾ ਕੇ ਕਿਸੇ ਹੋਰ ਕੰਮ ਲਈ ਲਗਾ ਦਿੱਤੀ ਜਾਂਦੀ ਹੈ ਜਿਸ ਕਰਕੇ ਸਕੂਲ ਵਿੱਚ ਪੜ੍ਹਨ ਵਾਲੇ ਬੱਚਿਆਂ ਦੇ ਮਾਪਿਆਂ ਵਿੱਚ ਨਰਾਜਗੀ ਭਾਈ ਜਾ ਰਹੀ ਹੈ । ਉਹਨਾਂ ਮੰਗ ਕੀਤੀ ਕਿ ਇਸ ਸਕੂਲ ਵਿੱਚ ਪੱਕੇ ਤੌਰ ਤੇ ਅਧਿਆਪਕ ਨੂੰ ਤੈਨਾਤ ਕੀਤਾ ਜਾਵੇ।

# ਇੰਦਰਜੀਤ ਸਿੰਘ ਨਿੱਝਰ ਨਮਿਤ ਅੰਤਿਮ ਅਰਦਾਸ ਹੋਈ

**ਆਦਮਪੁਰ (ਪਰਮਜੀਤ ਸਿੰਘ)**- ਇੰਦਰਜੀਤ ਸਿੰਘ ਨਿੱਝਰ ਪ੍ਰਧਾਨ ਪਿੰਡ ਭੇਲਾ ਜੋ ਕਿ ਪਿਛਲੇ ਦਿਨੀ ਇਸ ਫਾਨੀ ਦੁਨੀਆ ਨੂੰ ਅਲਵਿਦਾ ਕਹਿ ਗਏ ਸਨ ਉਹਨਾਂ ਦੇ ਨਮਿਤ ਅੰਤਿਮ ਅਰਦਾਸ ਉਹਨਾਂ ਦੇ ਪਿੰਡ ਭੇਲਾ ਦੇ ਗੁਰਦੁਆਰਾ ਸਿੰਘ ਸਭਾ ਵਿਖੇ ਹੋਈ। ਇਸ ਮੌਕੇ ਰਾਗੀ ਜੱਥਾ ਗੁਰਦੀਪ ਸਿੰਘ ਰਾਜੋਵਾਲ ਵੱਲੋਂ ਆਈਆਂ ਹੋਈਆਂ ਸੰਗਤਾਂ ਨੂੰ ਵੈਰਾਗਮਈ ਕੀਰਤਨ ਰਾਹੀਂ ਨਿਹਾਲ ਕੀਤਾ ਗਿਆ। ਇਸ ਮੌਕੇ ਆਏ ਹੋਏ ਵੱਖ-ਵੱਖ ਆਗੂਆਂ ਵੱਲੋਂ ਉਨਾਂ ਨੂੰ ਸ਼ਰਧਾਂਜਲੀਆਂ ਭੇਟ ਕਰਦੇ ਹੋਏ ਕਿਹਾ ਕਿ ਇੰਦਰਜੀਤ ਸਿੰਘ ਹੁਣਾਂ ਵੱਲੋਂ ਜਿੱਥੇ ਕਿ ਆਪਣੇ ਬੱਚਿਆਂ ਦੀ ਪਾਲਣ ਪੋਸ਼ਣ ਕਰਨ ਵਾਸਤੇ ਬਹੁਤ ਸਮਾ ਵਿਦੇਸ਼ਾਂ ਵਿੱਚ ਕਿਰਤ ਕੀਤੀ ਗਈ, ਉਥੇ ਵਾਪਿਸ ਪਿੰਡ ਪਹੁੰਚ ਕੇ



ਉਹਨਾਂ ਵੱਲੋਂ ਗੁਰਦੁਆਰਾ ਸਾਹਿਬ ਦੇ ਲਈ ਕੀਤੀਆਂ ਗਈਆਂ ਅਣਥੱਕ ਸੇਵਾਵਾਂ ਨੂੰ ਵੀ ਯਾਦ ਕੀਤਾ ਗਿਆ। ਉਹਨਾਂ ਨੇ ਕਿਹਾ ਕਿ ਇੰਦਰਜੀਤ ਸਿੰਘ ਵਲੋਂ ਪਿੰਡ ਭੇਲਾ ਤੇ ਗੁਰਦੁਆਰਾ ਸਾਹਿਬ ਲਈ ਬਹੁਤ ਹੀ ਵਧੀਆ ਸੇਵਾਵਾਂ ਕੀਤੀਆਂ ਗਈਆਂ। ਗੁਰਦੁਆਰਾ ਸਾਹਿਬ ਦੇ ਸੁੰਦਰਤਾ ਲਈ ਲੰਗਰ ਹਾਲ ਦੀ ਉਸਾਰੀ ਆਪਣੇ ਸੱਜਣਾਂ ਮਿੱਤਰਾਂ ਦੇ ਸਹਿਯੋਗ ਨਾਲ ਕਰਵਾਈ ਗਈ ਸੀ ਜਿਸ ਨੂੰ ਕੀ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਹਨਾਂ ਵੱਲੋਂ ਪ੍ਰਧਾਨ ਇੰਦਰਜੀਤ ਸਿੰਘ ਨੂੰ ਯਾਦ ਕਰਦਿਆਂ ਦੱਸਿਆ ਗਿਆ ਕਿ ਉਹ ਹਮੇਸ਼ਾ ਹੀ ਆਪਣੇ ਪਿੰਡ ਤੇ ਗੁਰਦੁਆਰਾ ਸਾਹਿਬ ਦੇ ਹਰੇਕ ਕੰਮ ਲਈ ਅੱਗੇ ਰਹਿੰਦੇ ਸਨ ਤੇ ਉਹਨਾਂ ਵੱਲੋਂ ਕੀਤੇ ਗਏ ਕੰਮਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਇਸ ਮੌਕੇ ਹੋਰਨਾ ਤੋ ਇਲਾਵਾ ਅਮਰਜੀਤ ਕੌਰ ਪਤਨੀ ਸਵ. ਇੰਦਰਜੀਤ ਸਿੰਘ, ਰਣਜੀਤ ਕੌਰ ਪਤਨੀ ਸਨਦੀਪ ਸਿੰਘ (ਯੂ ਕੇ), ਕਿਰਨਦੀਪ ਕੌਰ ਪਤਨੀ ਨਵਨੀਤ ਸਿੰਘ (ਯੂ ਐੱਸ ਏ), ਕਰਨਵ (ਯੂ ਐੱਸ ਏ) ਹਰਕੀਤ ਨਿੱਝਰ, ਪ੍ਰਭਦਿਆਲ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਅਮਰਜੀਤ ਸਰਪੰਚ, ਸੁਖਵੀਰ ਸਿੰਘ ਸੋਢੀ, ਪੱਪੂ ਭੇਲਾ, ਹਰਪ੍ਰੀਤ ਸਿੰਘ, ਮਨਿੰਦਰਜੀਤ ਸਿੰਘ, ਮਹਿੰਦਰ ਸਿੰਘ, ਸੁਰਿੰਦਰ ਸਿੰਘ, ਮਨਪ੍ਰੀਤ ਸਿੰਘ, ਪ੍ਰਜਿੰਦਰ ਭੇਲਾ, ਗੁਰਜੀਤ ਸਿੰਘ, ਮਨਦੀਪ ਸਿੰਘ, ਪਰਮਿੰਦਰ ਸਿੰਘ, ਸੁਖਜਿੰਦਰ ਸਿੰਘ, ਕੀਤਾ ਵਾਹਦ, ਬਲਜੀਤ ਸਿੰਘ, ਲੰਬੜਦਾਰ ਜੀਤ ਸਿੰਘ ਰਾਜੋਵਾਲ, ਹਰਮਿੰਦਰ ਸਿੰਘ ਯੂ.ਐਸ.ਏ, ਸੁਰਜੀਤ ਸਿੰਘ, ਜਸਵਿੰਦਰ ਸਿੰਘ ਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

# ਘਾਹ ਨਾਲ ਅੱਖਾਂ ਬੰਦ ਕਰਕੇ ਬਣਾਈ ਗਈ ਕਲਾ, ਮੁੱਖ ਮੰਤਰੀ ਗ੍ਰੇਟ ਗ੍ਰਾਸ ਆਰਟਿਸਟ ਦੇ ਹੁਨਰ ਤੋਂ ਪ੍ਰਭਾਵਤ ਹੋਏ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਕੁਝ ਦਿਨ ਪਹਿਲਾਂ ਇੱਕ ਸਮਾਗਮ ਦੌਰਾਨ ਰਾਜਪੁਰਾ ਦੇ ਦੇਸ਼ ਦੇ ਇਕਲੌਤੇ ਗ੍ਰੇਟ ਗ੍ਰਾਸ ਆਰਟਿਸਟ ਅਭਿਸ਼ੇਕ ਕੁਮਾਰ ਚੌਹਾਨ ਨੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨਾਲ ਖਾਸ ਮੁਲਾਕਾਤ



ਕੀਤੀ।ਇਸ ਮੌਕੇ ਕਲਾਕਾਰ ਨੇ ਮੁੱਖ ਮੰਤਰੀ ਨੂੰ ਘਾਹ ਦੇ ਤਿਨਕਿਆਂ ਤੋਂ ਬਣੀ ਭਾਰਤ ਦੇ ਰਾਸ਼ਟਰੀ ਪੰਛੀ ਮੋਰ ਦੀ ਇੱਕ ਵਿਸ਼ੇਸ਼ ਕਲਾਕ੍ਰਿਤੀ ਭੇਟ ਕੀਤੀ, ਜੋ ਕਲਾਕਾਰ ਨੇ ਆਪਣੀਆਂ ਅੱਖਾਂ ਪੂਰੀ ਤਰ੍ਹਾਂ ਬੰਦ ਕਰਕੇ ਤਿਆਰ ਕੀਤੀ ਹੈ।ਇਸ ਦੇ ਨਾਲ ਘਾਹ ਤੋਂ ਬਣੀ 'ਇਕ ਓਂਕਾਰ' ਨੂੰ ਦਰਸਾਉਂਦੀ ਇੱਕ ਕਲਾਕ੍ਰਿਤੀ ਵੀ ਮੁੱਖ ਮੰਤਰੀ ਨੂੰ ਭੇਟ ਕੀਤੀ ਗਈ।ਇਹ ਕਲਾਕ੍ਰਿਤੀ 'ਇਕ ਓਂਕਾਰ' ਸਾਹਿਬ ਦੇ ਮੂਲ ਰੂਪ ਤੋਂ ਪ੍ਰੇਰਿਤ ਹੈ, ਜੋ ਸੁਲਤਾਨਪੁਰ ਲੋਧੀ ਦੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਸ਼ੋਭਿਤ ਹੈ। ਘਾਹ ਕਲਾਕਾਰ ਨੇ ਅੱਖਾਂ ਬੰਦ ਕਰਕੇ ਮੂਲ ਮੰਤਰ ਸਾਹਿਬ ਦਾ ਜਾਪ ਕਰਦੇ ਹੋਏ 10 ਘੰਟਿਆਂ ਵਿੱਚ ਲਗਭਗ 1,100 ਘਾਹ ਦੇ ਤਿਣਕਿਆਂ ਨੂੰ 11,000 ਵਾਰ ਮੋੜ ਕੇ ਇਹ ਰਚਨਾ ਸਿਰਜੀ।ਜਦੋਂ ਮੁੱਖ ਮੰਤਰੀ ਨੂੰ ਦੱਸਿਆ ਗਿਆ ਕਿ ਸਾਰੀ ਕਲਾ ਪ੍ਰਕਿਰਿਆ ਬਿਨਾਂ ਦੇਖੇ, ਸਿਰਫ਼ ਧਿਆਨ, ਅਭਿਆਸ ਤੇ ਇਕਾਗਰਤਾ ਰਾਹੀਂ ਕੀਤੀ ਜਾਂਦੀ ਹੈ, ਤਾਂ ਉਹ ਇਸ ਵਿਲੱਖਣ ਹੁਨਰ ਤੋਂ ਬਹੁਤ ਪ੍ਰਭਾਵਿਤ ਹੋਏ। ਮੁੱਖ ਮੰਤਰੀ ਭਗਵੰਤ ਮਾਨ ਨੇ ਕਲਾਕਾਰ ਦੀ ਸ਼ਾਨਦਾਰ ਕਲਾ ਅਭਿਆਸ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਕਿਸਮ ਦੀ ਕੁਦਰਤੀ ਤੇ ਅਧਿਆਤਮਿਕ ਕਲਾ ਪੰਜਾਬ ਦੀ ਸੱਭਿਆਚਾਰਕ ਵਿਰਾਸਤ ਨੂੰ ਨਵੀਂ ਪਛਾਣ ਦਿੰਦੀ ਹੈ।ਉਨ੍ਹਾਂ ਨੇ ਕਲਾਕਾਰ ਦੀ ਅੱਖਾਂ 'ਤੇ ਪੱਟੀ ਬੰਨ੍ਹੀ ਕਲਾ ਸਿਰਜਣਾ ਨੂੰ ਲਾਈਵ ਦੇਖਣ ਦੀ ਇੱਛਾ ਵੀ ਪ੍ਰਗਟ ਕੀਤੀ, ਜੋ ਕਲਾਕਾਰ ਲਈ ਇੱਕ ਵਿਸ਼ੇਸ਼ ਸਨਮਾਨ ਦੀ ਗੱਲ ਹੈ। ਇਸ ਮੌਕੇ ਮੌਜੂਦ ਅਧਿਕਾਰੀਆਂ ਤੇ ਪਤਵੰਤਿਆਂ ਨੇ ਘਾਹ ਕਲਾਕਾਰ ਦੀ ਪੇਚੀਦਗੀ, ਧੀਰਜ ਤੇ ਮੌਲਿਕਤਾ ਦੀ ਵੀ ਪ੍ਰਸ਼ੰਸਾ ਕੀਤੀ।ਇਹ ਮੁਲਾਕਾਤ ਕਲਾ, ਕੁਦਰਤ ਤੇ ਸੰਵੇਦਨਸ਼ੀਲ ਲੀਡਰਸ਼ਿਪ ਦੇ ਸੁੰਦਰ ਸੰਗਮ ਵਜੋਂ ਯਾਦਗਾਰੀ ਸੀ।

# ਜਨਵਰੀ ਮਹੀਨੇ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਦੌਰਾਨ 107 ਮੁਕੱਦਮੇ ਦਰਜ, 143 ਦੋਸ਼ੀ ਗ੍ਰਿਫ਼ਤਾਰ

**ਸੰਗਰੂਰ (ਪ੍ਰਵੀਨ ਸਿੰਘ)** ਐਸ.ਐਸ.ਪੀ. ਸਰਤਾਜ ਸਿੰਘ ਚਾਹਲ ਨੇ ਜਨਵਰੀ ਮਹੀਨੇ ਦੌਰਾਨ ਨਸ਼ਿਆਂ ਵਿਰੁੱਧ ਕੀਤੀ ਕਾਰਵਾਈ ਸਬੰਧੀ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਤੇ ਪਿੰਡਾਂ ਦੇ ਪਹਿਰੇਦਾਰ ਮੁਹਿੰਮ ਤਹਿਤ ਜ਼ਿਲ੍ਹਾ ਪੁਲਿਸ ਨੇ ਜਨਵਰੀ ਮਹੀਨੇ ਦੌਰਾਨ ਡਰੱਗ ਦੇ 82 ਮੁਕੱਦਮੇ ਦਰਜ ਕਰਕੇ 117 ਦੋਸ਼ੀਆਂ ਨੂੰ ਕਾਬੂ ਕਰਕੇ 787 ਗ੍ਰਾਮ ਹੈਰੋਇਨ, 205 ਗ੍ਰਾਮ ਅਫ਼ੀਮ, 93 ਕਿੱਲੋ ਭੁੱਕੀ ਚੂਰਾ ਪੋਸਤ, 688 ਗ੍ਰਾਮ ਸੁਲਫ਼ਾ, 31 ਨਸ਼ੀਲੇ ਟੀਕੇ, 1835 ਨਸ਼ੀਲੀਆਂ ਗੋਲੀਆਂ ਬਰਾਮਦ ਕਰਵਾਈਆਂ ਗਈਆਂ।ਇਸ ਤੋਂ ਇਲਾਵਾ ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖ਼ਿਲਾਫ਼ 25 ਮੁਕੱਦਮੇ ਦਰਜ ਕਰਕੇ 26 ਦੋਸ਼ੀਆਂ ਨੂੰ ਕਾਬੂ ਕਰਕੇ 504.500 ਲੀਟਰ ਸ਼ਰਾਬ ਠੇਕਾ ਦੇਸੀ, 125.250 ਲੀਟਰ ਸ਼ਰਾਬ ਨਜਾਇਜ਼, 26.250 ਲੀਟਰ ਸ਼ਰਾਬ ਅੰਗਰੇਜ਼ੀ ਅਤੇ 170 ਲੀਟਰ ਲਾਹਣ ਬਰਾਮਦ ਕਰਾਈ ਗਈ। ਐਸ.ਐਸ.ਪੀ. ਨੇ ਦੱਸਿਆ ਕਿ ਅਸਲਾ ਐਕਟ ਤਹਿਤ ਦੋ ਮੁਕੱਦਮੇ ਦਰਜ ਕਰਕੇ ਦੋ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਪਾਸੋਂ ਤਿੰਨ ਪਿਸਟਲ ਤੇ ਤਿੰਨ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ। ਜੂਆ ਐਕਟ ਤਹਿਤ 13 ਮੁਕੱਦਮੇ ਦਰਜ ਕਰਕੇ 49 ਦੋਸ਼ੀ ਗ੍ਰਿਫ਼ਤਾਰ ਕਰਕੇ ਉਨ੍ਹਾਂ ਪਾਸੋਂ 7,99,980/- ਰੁਪਏ ਬਰਾਮਦ ਕਰਾਏ ਗਏ।ਇਸ ਅਰਸੇ ਦੌਰਾਨ 25 ਪੀ.ਓਜ (ਭਗੌੜੇ) ਨੂੰ ਗ੍ਰਿਫ਼ਤਾਰ ਕੀਤਾ ਗਿਆ। ਐਸ.ਐਸ.ਪੀ. ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਜਨਵਰੀ ਮਹੀਨੇ ਦੌਰਾਨ ਜ਼ਿਲ੍ਹਾ ਪੁਲਿਸ ਵੱਲੋਂ ਤਿੰਨ ਕਤਲ ਕੇਸ ਟਰੇਸ ਕੀਤੇ ਗਏ ਹਨ, ਜਿਸ ਵਿੱਚ ਕੈਨੇਡਾ ਵਿਖੇ ਲੜਕੀ ਦਾ ਕਤਲ ਕਰਕੇ ਫ਼ਰਾਰ ਹੋਏ ਦੋਸ਼ੀ ਨੂੰ ਗ੍ਰਿਫ਼ਤਾਰ ਕੀਤਾ ਗਿਆ।ਥਾਣਾ



ਸਦਰ ਧੂਰੀ ਦੇ ਖੇਤਰ ਵਿੱਚ ਹੋਏ ਅੰਨ੍ਹੇ ਕਤਲ ਨੂੰ ਟਰੇਸ ਕਰਕੇ ਦੋ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ।ਇਸ ਤੋਂ ਇਲਾਵਾ ਥਾਣਾ ਦਿੜ੍ਹਬਾ ਦੇ ਏਰੀਆ ਵਿੱਚ ਹੋਇਆ ਦੂਹਰਾ ਅੰਨ੍ਹਾ ਕਤਲ ਕੇਸ ਟਰੇਸ ਕਰਕੇ ਸਕੇ ਭਰਾ ਵੱਲੋਂ ਆਪਣੀ ਮਾਂ ਤੇ ਭੈਣ ਦਾ ਕਤਲ ਕਰਨ ਸਬੰਧੀ ਰਚੀ ਗਈ ਸਾਜਿਸ਼ ਦਾ ਪਰਦਾਫਾਸ਼ ਕੀਤਾ ਗਿਆ ਤੇ ਦੋਸ਼ੀ ਨੂੰ ਕਾਬੂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਥਾਣਾ ਧਰਮਗੜ੍ਹ, ਲੌਂਗੋਵਾਲ ਤੇ ਮੂਨਕ ਦੇ ਏਰੀਆ ਵਿੱਚ ਚੋਰੀਆਂ ਕਰਨ ਵਾਲੇ 06 ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ 1 ਕੁਇੰਟਲ 64 ਕਿੱਲੋ ਕਣਕ, 83 ਕਿੱਲੋ ਤਾਰਾਂ, 01 ਮੋਟਰਸਾਈਕਲ ਅਤੇ 01 ਕਾਲੀ ਥਾਰ ਬਰਾਮਦ ਕਰਵਾਈ ਗਈ।ਇਸ ਤੋਂ ਇਲਾਵਾ ਸੰਗਰੂਰ ਪ੍ਰਸ਼ਾਸਨ ਵੱਲੋਂ 02 ਨਸ਼ਾ ਤਸਕਰਾਂ ਵੱਲੋਂ ਨਸ਼ਿਆਂ ਦੀ ਤਸਕਰੀ ਕਰਕੇ ਪਿੰਡ ਹਰਿਆਊ ਵਿਖੇ ਬਣਾਈ ਗ਼ੈਰ ਕਾਨੂੰਨੀ ਪ੍ਰਾਪਰਟੀ, ਬੁਲਡੋਜ਼ਰ ਚਲਾ ਕੇ ਢਾਹ ਦਿੱਤੀ ਗਈ।ਥਾਣਾ ਖਨੌਰੀ ਤੇ ਲਹਿਰਾ ਦੇ ਏਰੀਆ ਵਿੱਚ ਚੋਰੀਆਂ/ਲੁੱਟਾਂ-ਖੋਹਾਂ ਕਰਨ ਵਾਲੇ 05 ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ 04 ਕਿਲੋਗਰਾਮ ਤਾਂਬਾ, 290 ਕਿੱਲੋਗ੍ਰਾਮ ਕਣਕ, 37 ਕਿਲੋਗ੍ਰਾਮ ਚਾਵਲ ਤੇ 01 ਸੋਨੇ ਦੀ ਬਾਲੀ ਬਰਾਮਦ ਕਰਾਈ ਗਈ।

# ਵੀ ਕੇ ਜੰਜੂਆ ਵੱਲੋਂ ਅਧਿਕਾਰੀਆਂ ਨੂੰ ਇਮਾਨਦਾਰੀ ਤੇ ਪਾਰਦਰਸ਼ਤਾ ਨਾਲ ਕੰਮ ਕਰਨ ਦੇ ਨਿਰਦੇਸ਼

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਪੰਜਾਬ ਪਾਰਦਰਸ਼ਤਾ ਅਤੇ ਜਵਾਬਦੇਹੀ ਕਮਿਸ਼ਨ ਦੇ ਮੁੱਖ ਕਮਿਸ਼ਨਰ, ਸ੍ਰੀ ਵੀ.ਕੇ. ਜੰਜੂਆ ਨੇ ਮੰਗਲਵਾਰ ਨੂੰ ਜ਼ਿਲ੍ਹਾ ਪ੍ਰਸ਼ਾਸਨ ਨਾਲ ਇੱਕ ਮੀਟਿੰਗ ਕੀਤੀ। ਇਹ ਸਿਖਲਾਈ ਸੈਸ਼ਨ ਭਾਰਤ ਸਰਕਾਰ ਦੁਆਰਾ ਸਪਾਂਸਰ ਕੀਤੇ ਪ੍ਰੋਜੈਕਟ, 'ਪੰਜਾਬ ਵਿੱਚ ਪੇਂਡੂ ਪ੍ਰਬੰਧਨ ਲਈ ਕੇਂਦਰੀਕ੍ਰਿਤ ਯੂਨੀਫਾਈਡ ਡਿਜੀਟਲ ਸੇਵਾਵਾਂ ਪੋਰਟਲ ਅਤੇ ਡੇਟਾ ਵਿਸ਼ਲੇਸ਼ਣ ਦਾ ਵਿਕਾਸ' ਅਧੀਨ ਡਿਪਟੀ ਕਮਿਸ਼ਨਰ ਦਫ਼ਤਰ, ਫਤਿਹਗੜ੍ਹ ਸਾਹਿਬ; ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ੍ਰੇਸ਼ਨ ਅਤੇ ਪ੍ਰਸ਼ਾਸਨ ਸੁਧਾਰ ਅਤੇ ਸੂਚਨਾ ਤਕਨਾਲੋਜੀ ਵਿਭਾਗ ਦੇ ਸਹਿਯੋਗ ਨਾਲ ਕਰਵਾਇਆ ਗਿਆ।ਉਨ੍ਹਾਂ ਕਿਹਾ ਕਿ ਨਾਗਰਿਕਾਂ ਨੂੰ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਸਰਕਾਰੀ ਸੇਵਾਵਾਂ ਪ੍ਰਦਾਨ ਕਰਨਾ ਸਰਕਾਰੀ ਕਰਮਚਾਰੀਆਂ ਦਾ ਫਰਜ਼ ਹੈ, ਅਤੇ ਇਸ ਸਬੰਧ ਵਿੱਚ ਕਿਸੇ ਵੀ ਲਾਪਰਵਾਹੀ ਨੂੰ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਡਿਪਟੀ ਕਮਿਸ਼ਨਰ ਸ਼੍ਰੀਮਤੀ ਸੋਨਾ ਥਿੰਦ, ਵਧੀਕ ਡਿਪਟੀ ਕਮਿਸ਼ਨਰ ਸ਼੍ਰੀਮਤੀ ਪੂਜਾ ਸਿਆਲ ਗਰੇਵਾਲ ਅਤੇ ਡਾ. ਨਯਨ, ਸਕੱਤਰ, ਪੰਜਾਬ ਪਾਰਦਰਸ਼ਤਾ ਅਤੇ ਜਵਾਬਦੇਹੀ ਕਮਿਸ਼ਨ ਵੀ ਮੌਜੂਦ ਸਨ।ਸ਼੍ਰੀ ਵੀ.ਕੇ. ਜੰਜੂਆ ਨੇ ਸਾਰੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਮਾਂਬੱਧ ਅਤੇ ਜ਼ਿੰਮੇਵਾਰ ਢੰਗ ਨਾਲ ਆਪਣੀਆਂ ਡਿਊਟੀਆਂ ਨਿਭਾਉਣ। ਮੀਟਿੰਗ ਦੌਰਾਨ, ਇਹ ਦੱਸਿਆ ਗਿਆ ਕਿ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਜ਼ਿਲ੍ਹੇ ਦੇ ਸਾਰੇ ਵਿਭਾਗਾਂ ਤੋਂ ਡੇਟਾ ਇਕੱਠਾ ਕਰਨਗੇ ਅਤੇ ਇਸ ਨੂੰ ਕਮਿਸ਼ਨ ਨੂੰ ਭੇਜਣਗੇ, ਜਿਸ ਵਿੱਚ ਡਰਾਈਵਿੰਗ ਲਾਇਸੈਂਸ, ਇਮਾਰਤ ਯੋਜਨਾਵਾਂ ਅਤੇ ਹੋਰ ਨਾਗਰਿਕ ਸੇਵਾਵਾਂ ਨਾਲ ਸਬੰਧਤ ਡੇਟਾ ਸ਼ਾਮਲ ਹੈ। ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿ ਏ ਡੀ ਸੀ (ਜਨਰਲ) ਦੁਆਰਾ ਡੇਟਾ ਦੇ ਵਿਸਤ੍ਰਿਤ ਵਿਸ਼ਲੇਸ਼ਣ ਤੋਂ ਬਾਅਦ ਹੀ ਰਿਪੋਰਟ ਭੇਜੀ ਜਾਵੇ।ਮੀਟਿੰਗ ਵਿੱਚ ਨਗਰ ਕੌਂਸਲਾਂ ਅਤੇ ਸਾਰੇ ਵਿਭਾਗਾਂ ਦੇ ਮਨੋਨੀਤ ਅਧਿਕਾਰੀਆਂ ਅਤੇ ਅਪੀਲੀ ਅਧਿਕਾਰੀਆਂ ਦੀ ਭੂਮਿਕਾ ਬਾਰੇ ਵੀ ਚਰਚਾ ਕੀਤੀ ਗਈ। ਮੁੱਖ ਕਮਿਸ਼ਨਰ ਨੇ ਨਿਰਦੇਸ਼ ਦਿੱਤੇ ਕਿ ਸੇਵਾ ਕੇਂਦਰਾਂ, ਸਾਂਝ ਕੇਂਦਰਾਂ ਅਤੇ ਫ਼ਰਦ ਕੇਂਦਰਾਂ 'ਤੇ ਸੂਚਨਾ ਬੋਰਡ ਲਗਾਏ ਜਾਣ ਤਾਂ ਜੋ ਨਾਗਰਿਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਬਾਰੇ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਨੇ ਸਾਰੇ ਅਧਿਕਾਰੀਆਂ ਨੂੰ ਇਮਾਨਦਾਰੀ ਨਾਲ ਕੰਮ ਕਰਨ ਦੀ ਅਪੀਲ ਕੀਤੀ। ਇਸ ਮੌਕੇ ਐਸ ਡੀ ਐਮ ਫ਼ਤਹਿਗੜ੍ਹ ਸਾਹਿਬ ਸੂਬਾ ਸਿੰਘ, ਐਸ ਡੀ ਐਮ ਬੱਸੀ ਪਠਾਣਾ ਸ਼੍ਰੀਮਤੀ ਹਰਵੀਰ ਕੌਰ, ਐਸ ਡੀ ਐਮ ਖਮਾਣੋਂ ਸ੍ਰੀਮਤੀ ਮਨਰੀਤ ਰਾਣਾ, ਮੁੱਖ ਮੰਤਰੀ ਫੀਲਡ ਅਫਸਰ ਸ੍ਰੀ ਸੰਕਰ ਸ਼ਰਮਾ, ਐਸ ਪੀ ਹਰਵੰਤ ਕੌਰ, ਮੈਗਾਸਿਪਾ ਦੇ ਸਲਾਹਕਾਰ,ਸ਼੍ਰੀਮਤੀ ਇਮਰੋਜ਼ ਟਿਵਾਣਾ; ਪੰਜਾਬ ਗੁੱਡ ਗਵਰਨੈਂਸ ਫੈਲੋ ਸ਼੍ਰੀਮਤੀ ਸ਼ਿਵਾਨੀ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਖੇਤੀਬਾੜੀ ਸਭਾ ਸ਼ੇਰਪੁਰ ਦੇ ਸੋਹਣ ਲਾਲ ਪ੍ਰਧਾਨ ਚੁਣੇ ਗਏ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)** - ਸ਼ੇਰਪੁਰ ਬੇਟ ਦੀ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਅਹੁਦੇਦਾਰਾਂ ਦੀ ਚੋਣ ਨਿਰੀਖਕ ਇੰਸਪੈਕਟਰ ਵਿਜੈ ਸਿੰਘ ਦੀ ਨਿਗਰਾਨੀ ਹੇਠ ਸਰਬ ਸੰਮਤੀ ਨਾਲ ਹੋਈ ਜਿਸ ਵਿਚ ਚੁਣੇ ਗਏ ਸਮੂਹ ਡਾਇਰੈਕਟਰਾਂ ਵਲੋਂ ਸੋਹਣ ਲਾਲ ਸ਼ੇਰਪੁਰੀ ਨੂੰ ਪ੍ਰਧਾਨ ਚੁਣ ਲਿਆ ਗਿਆ। ਇਸ ਤੋਂ ਇਲਾਵਾ ਲਖਵੀਰ ਸਿੰਘ ਨੂੰ ਮੀਤ ਪ੍ਰਧਾਨ ਤੇ ਜੋਗਿੰਦਰ ਸਿੰਘ ਜੂਨੀਅਰ ਮੀਤ ਪ੍ਰਧਾਨ ਚੁਣੇ ਗਏ। ਪ੍ਰਧਾਨ ਚੁਣੇ ਜਾਣ ਉਪਰੰਤ ਸੋਹਣ ਲਾਲ ਸ਼ੇਰਪੁਰੀ ਨੇ ਕਿਹਾ ਕਿ ਸ਼ੇਰਪੁਰ ਬੇਟ ਦੀ ਇਹ ਖੇਤੀਬਾੜੀ ਸਭਾ ਇਲਾਕੇ ਦੀ ਸਭ ਤੋਂ ਵੱਡੀ ਸਭਾ ਹੈ ਜਿਸ ਨਾਲ 12 ਪਿੰਡਾਂ ਦੇ ਸੈਂਕੜੇ ਕਿਸਾਨ ਜੁੜੇ ਹੋਏ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਸਰਬ ਸੰਮਤੀ ਨਾਲ 11 ਡਾਇਰੈਕਟਰਾਂ ਦੀ ਚੋਣ ਹੋਈ ਸੀ ਅਤੇ ਅੱਜ ਸਾਰੇ ਅਹੁਦੇਦਾਰ ਵੀ ਚੁਣ ਲਏ ਗਏ।

ਇਸ ਮੌਕੇ ਜੁਗਰਾਜ ਸਿੰਘ, ਜਗੀਰ ਸਿੰਘ, ਹਰਮਿੰਦਰ ਸਿੰਘ, ਮਨਜੀਤ ਕੌਰ, ਜਸਪਾਲ ਸਿੰਘ, ਗੁਰਨਾਮ ਸਿੰਘ, ਸੁਨੀਤਾ ਰਾਣੀ, ਭੁਪਿੰਦਰ ਸਿੰਘ (ਸਾਰੇ ਕਮੇਟੀ ਮੈਂਬਰ), ਸਕੱਤਰ ਗੁਰਜੰਟ ਸਿੰਘ, ਮੋਹਣ ਲਾਲ ਸ਼ਤਾਬਗੜ੍ਹ, ਤਾਰਾ ਸਿੰਘ ਗੜ੍ਹੀ ਸੈਣੀਆਂ, ਭਿੰਦਰਪਾਲ ਸਿੰਘ ਫੌਜੀ, ਜੋਗਿੰਦਰ ਸਿੰਘ, ਸੁਰਿੰਦਰਪਾਲ ਨੰਬਰਦਾਰ, ਪੰਚ ਰਾਜਵੀਰ ਸਿੰਘ ਖੁਰਾਣਾ, ਚੰਦਨ, ਫੌਜੀ ਗੁਰਮੀਤ ਸਿੰਘ, ਸਤਪਾਲ ਸਿੰਘ ਵੀ ਮੌਜੂਦ ਸਨ।

# ਯੂਥ ਆਗੂ ਊਧਮਦੀਪ ਸਿੰਘ ਨੇ ਲਗਾਇਆ ਮੁੱਖ ਮੰਤਰੀ ਸਿਹਤ ਯੋਜਨਾ ਕੈਂਪ

**ਨਾਭਾ (ਵਰਿੰਦਰ ਵਰਮਾ)**- ਪੰਜਾਬ ਦੀ ਮਾਨ ਸਰਕਾਰ ਵਲੋਂ ਸੂਬਾ ਵਾਸੀਆਂ ਨੂੰ ਮਿਆਰੀ ਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਮੁੱਖ ਮੰਤਰੀ ਸਿਹਤ ਯੋਜਨਾ ਦੀ ਨਿਵੇਕਲੀ ਪਹਿਲ ਦੀ ਸ਼ੁਰੂਆਤ ਕੀਤੀ ਗਈ ਜੋ ਲੋਕਾਂ ਲਈ ਵਰਦਾਨ ਸਾਬਿਤ ਹੋਵੇਗੀ। ਇਹ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਦੇ ਵਾਰਡ ਨੰਬਰ 18 ਦੇ ਸੇਵਾਦਾਰ ਅਤੇ ਆਮ ਆਦਮੀ ਪਾਰਟੀ ਯੂਥ ਆਗੂ ਉੱਧਮਦੀਪ ਸਿੰਘ ਨੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਤਹਿਤ ਕੈਂਪ ਲਗਾਉਣ ਉਪਰੰਤ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਹਰਪਾਲ ਸਿੰਘ ਵਿਰਕ, ਜ਼ਿਲ੍ਹਾ ਪ੍ਰਧਾਨ ਅਤੇ ਚੇਅਰਮੈਨ ਇੰਪਰੂਵਮੈਂਟ ਟਰਸੱਟ ਪਟਿਆਲਾ, ਸੁਖਦੇਵ ਸਿੰਘ ਔਲਖ ਜ਼ਿਲ੍ਹਾ ਸਕੱਤਰ, ਸੰਦੀਪ ਸ਼ਰਮਾ ਸ਼ਹਿਰੀ ਬਲਾਕ ਪ੍ਰਧਾਨ ਨਾਭਾ, ਅਸ਼ੋਕ ਅਰੋੜਾ ਹਲਕਾ ਇੰਚਾਰਜ ਵਪਾਰ ਵਿੰਗ ਨਾਭਾ ਨੇ ਕੈਂਪ ਦੀ ਸ਼ੁਰੂਆਤ ਕਰਵਾਈ। ਉਨ੍ਹਾਂ ਸਾਂਝੇ ਤੌਰ 'ਤੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਸ਼ੁਰੂ ਕੀਤੀ ਗਈ



ਯੋਜਨਾ ਤਹਿਤ ਹਰੇਕ ਵਿਅਕਤੀ ਨੂੰ 10 ਲੱਖ ਰਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਾਗੂ ਕਰਨ ਵਾਲਾ ਪੰਜਾਬ ਦੇਸ਼ ਭਰ ਵਿੱਚ ਪਹਿਲਾ ਸੂਬਾ ਬਣ ਗਿਆ ਹੈ। । ਇਸ ਮੌਕੇ ਊਧਮਦੀਪ ਸਿੰਘ ਵੱਲੋ ਹਰਪਾਲ ਸਿੰਘ ਵਿਰਕ, ਜ਼ਿਲ੍ਹਾ ਪ੍ਰਧਾਨ ਅਤੇ ਚੇਅਰਮੈਨ ਇੰਪਰੂਵਮੈਂਟ ਟਰਸੱਟ ਪਟਿਆਲਾ, ਸੁਖਦੇਵ ਸਿੰਘ ਔਲਖ ਜ਼ਿਲ੍ਹਾ ਸਕੱਤਰ, ਸੰਦੀਪ ਸ਼ਰਮਾ ਸ਼ਹਿਰੀ ਬਲਾਕ ਪ੍ਰਧਾਨ ਨਾਭਾ, ਅਸ਼ੋਕ ਅਰੋੜਾ ਹਲਕਾ ਇੰਚਾਰਜ ਵਪਾਰ ਵਿੰਗ ਨਾਭਾ ਨੂੰ ਸਰੋਪਾ ਪਾ ਕੇ ਸਨਮਾਨਿਤ ਕੀਤਾ।

# ਸੂਫ਼ੀ ਫੈਸਟੀਵਲ ਤੇ ਪੰਜਾਬ ਸਖੀ ਸ਼ਕਤੀ ਮੇਲਾ ਦੀ ਯੋਜਨਾ ਉਲੀਕਣ ਲਈ ਅਹਿਮ ਮੀਟਿੰਗ

**ਮਾਲੇਰਕੋਟਲਾ (ਅਸਗਰ ਪਰਿਹਾਰ)**- 13 ਫਰਵਰੀ ਤੋਂ 15 ਫਰਵਰੀ 2026 ਤੱਕ ਸਰਕਾਰੀ ਕਾਲਜ ਮਾਲੇਰਕੋਟਲਾ ਵਿਖੇ ਆਯੋਜਿਤ ਕੀਤੇ ਜਾਣ ਵਾਲੇ ਤਿੰਨ ਰੋਜ਼ਾ



ਸੂਫੀ ਫੈਸਟੀਵਲ ਅਤੇ ਪੰਜਾਬ ਸਖੀ ਸ਼ਕਤੀ ਮੇਲਾ ਦੀ ਵਿਸਥਾਰ ਪੂਰਵਕ ਯੋਜਨਾ ਉਲੀਕਣ ਲਈ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਵਿਰਾਜ ਐਸ. ਤਿੜਕੇ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਐਸ.ਐਸ.ਪੀ. ਗਗਨ ਅਜੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਰਿੰਪੀ ਗਰਗ, ਐਸ.ਡੀ.ਐਮ. ਮਾਲੇਰਕੋਟਲਾ ਗੁਰਮੀਤ ਕੁਮਾਰ ਬਾਂਸਲ ਸਮੇਤ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਹਾਜ਼ਰ ਸਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮਾਲੇਰਕੋਟਲਾ ਆਪਣੀ ਅਮੀਰ ਸੱਭਿਆਚਾਰਕ ਅਤੇ ਸੂਫ਼ੀ ਵਿਰਾਸਤ ਲਈ ਪ੍ਰਸਿੱਧ ਹੈ ਅਤੇ ਇਸ ਫੈਸਟੀਵਲ ਦਾ ਮੁੱਖ ਉਦੇਸ਼ ਨਵੀਂ ਪੀੜ੍ਹੀ ਨੂੰ ਆਪਣੇ ਇਤਿਹਾਸ, ਵਿਰਾਸਤ ਅਤੇ ਲੋਕ ਕਲਾਵਾਂ ਨਾਲ ਜੋੜਨਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਉਮੀਦ ਹੈ ਕਿ ਵੱਡੀ ਗਿਣਤੀ ਵਿੱਚ ਦਰਸ਼ਕ ਇਸ ਸਮਾਗਮ ਵਿੱਚ ਸ਼ਾਮਲ ਹੋਣਗੇ, ਇਸ ਲਈ ਸਾਰੇ ਪ੍ਰਬੰਧ ਉੱਚ ਪੱਧਰ 'ਤੇ ਅਤੇ ਸਮੇਂ ਸਿਰ ਮੁਕੰਮਲ ਕੀਤੇ ਜਾਣ।ਡਿਪਟੀ ਕਮਿਸ਼ਨਰ ਨੇ ਮਾਲੇਰਕੋਟਲਾ ਸਮੇਤ ਆਲੇ-ਦੁਆਲੇ ਦੇ ਇਲਾਕਿਆਂ ਦੇ ਨਿਵਾਸੀਆਂ ਨੂੰ ਇਸ ਵਿਰਾਸਤੀ ਸੂਫ਼ੀ ਫੈਸਟੀਵਲ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਦਾ ਖੁੱਲਾ ਸੱਦਾ ਦਿੱਤਾ।

# ਇਲੈਕਟ੍ਰੋਨਿਕ ਮੀਡੀਆ ਗਰੁੱਪ ਦੇ ਸੋਨੂੰ ਖੇੜਾ ਪ੍ਰਧਾਨ ਨਿਯੁਕਤ

**ਸ਼੍ਰੀ ਮੁਕਤਸਰ ਸਾਹਿਬ (ਕੁਲ ਭੂਸ਼ਨ ਚਾਵਲਾ)**- ਪੁਰਾਣੀ ਦਾਣਾ ਮੰਡੀ ਸ੍ਰੀ ਮੁਕਤਸਰ ਸਾਹਿਬ ਵਿਖੇ ਸਥਿਤ ਇਲੈਕਟ੍ਰੋਨਿਕ ਮੀਡੀਆ ਗਰੁੱਪ ਦੇ ਦਫ਼ਤਰ ਵਿਖੇ ਆਹੁਦੇਦਾਰਾਂ ਤੇ ਮੈਂਬਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ। ਮੀਟਿੰਗ ਦੌਰਾਨ ਹਾਜ਼ਰ ਸਮੂਹ ਆਹੁਦੇਦਾਰਾਂ ਤੇ ਮੈਂਬਰਾਂ ਦੀ ਹਾਜ਼ਰੀ 'ਚ ਸਰਬਸੰਮਤੀ ਨਾਲ ਵੱਖ ਵੱਖ ਟੀ.ਵੀ. ਚੈਨਲਾਂ 'ਚ ਸੇਵਾਵਾਂ ਨਿਭਾਅ ਰਹੇ ਸੋਨੂੰ



ਖੇੜਾ ਨੂੰ ਇਲੈਕਟ੍ਰੋਨਿਕ ਮੀਡੀਆ ਗਰੁੱਪ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸੇ ਦੌਰਾਨ ਸੰਜੀਵ ਸੰਜੂ ਨੂੰ ਸਰਪ੍ਰਸਤ, ਸੋਨੂੰ ਬੇਦੀ ਚੇਅਰਮੈਨ, ਬਲਵੰਤ ਸੰਮੇਵਾਲੀ ਵਾਇਸ ਚੇਅਰਮੈਨ, ਪੰਡਿਤ ਮਨੂੰ ਸ਼ਰਮਾ ਨੂੰ ਉਪ ਪ੍ਰਧਾਨ, ਅਮਿਤ ਅਰੋੜਾ ਸੀਨੀ. ਵਾਇਸ ਪ੍ਰਧਾਨ, ਰੋਬਿਨ ਖੇੜਾ ਖਜਾਨਚੀ, ਬੂਟਾ ਸਿੰਘ ਨੂੰ ਪ੍ਰੈਸ ਸਕੱਤਰ ਨਿਯੁਕਤ ਕੀਤਾ ਗਿਆ ਤੇ ਜਾਸਪ੍ਰੀਤ ਸਿੰਘ, ਗੁਰਮੀਤ ਵਰਮਾ, ਸੰਜੀਵ ਗਰਗ, ਪ੍ਰਦੀਪ ਬਰੀਵਾਲਾ, ਬਾਘਲਾ ਜੀ, ਬਲਕਰਨ ਕੌਲਧਾਰ, ਗੁਰਜੰਟ ਭੱਟੀ ਤੇ ਵਿਸ਼ਾਲ ਗੋਲਡੀ ਨੂੰ ਮੈਂਬਰ ਐਲਾਨਿਆ ਗਿਆ। ਇਸ ਮੌਕੇ ਨਵ ਨਿਯੁਕਤ ਪ੍ਰਧਾਨ ਸੋਨੂੰ ਖੇੜਾ ਨੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਉਹ ਸੌਂਪੀ ਗਈ ਜ਼ੁੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ।

# ਸਮਾਜ ਸੇਵਾ ਸੁਸਾਇਟੀ ਨੂੰ ਕੀਤਾ ਗਿਆ ਸਨਮਾਨਤ

**ਗੁਰੂ ਹਰ ਸਹਾਏ (ਫ਼ਕੀਰ ਚੰਦ ਸਿਕਰੀ)** ਸਮਾਜ ਸੇਵਾ ਸੁਸਾਇਟੀ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਗੁਰੂ ਹਰ ਸਹਾਇ ਹਲਕੇ ਵਿੱਚ ਲਗਾਤਾਰ ਹੀ ਸਮਾਜ ਸੇਵਾ ਦੇ ਕੰਮ ਕੀਤੇ ਜਾ ਰਹੇ ਹਨ। ਸੋਸਾਇਟੀ ਦੇ ਕੰਮਾਂ ਨੂੰ ਦੇਖਦਿਆਂ ਹੋਇਆਂ ਸਥਾਨਕ ਸ਼ਹਿਰ ਦੇ ਫਰੀਦਕੋਟ ਰੋਡ 'ਤੇ ਸਥਿਤ



ਆਸਥਾ ਹਸਪਤਾਲ ਦੇ ਐਮ ਡੀ ਦਾਨਿਸ਼ ਕੱਕੜ ਤੇ ਪੰਜਾਬ ਰਾਜ ਪੱਛੜੀਆਂ ਸ਼੍ਰੇਣੀਆਂ ਦੇ ਚੇਅਰਮੈਨ ਮਲਕੀਤ ਥਿੰਦ ਵੱਲੋਂ ਸੋਸਾਇਟੀ ਦੇ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦਾਨਿਸ਼ ਕੱਕੜ ਨੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਸੋਸਾਇਟੀ ਦੇ ਸਾਰੇ ਹੀ ਮੈਂਬਰ ਇਲਾਕੇ ਦੇ ਲੋਕਾਂ ਦੀ ਨਿਸ਼ਕਾਮ ਸੇਵਾ ਕਰ ਰਹੇ ਹਨ ਉਹਨਾਂ ਵੱਲੋਂ ਜਿੱਥੇ ਸਮੇਂ ਸਮੇਂ 'ਤੇ ਮੈਡੀਕਲ ਕੈਂਪ ਲਗਾਏ ਜਾਂਦੇ ਹਨ ਉਥੇ ਜਰੂਰਤਮੰਦਾਂ ਦੀ ਮਦਦ ਵੀ ਕੀਤੀ ਜਾਂਦੀ ਹੈ ਉਹਨਾਂ ਦੀ ਇਸ ਸੇਵਾ ਨੂੰ ਦੇਖਦਿਆਂ ਹੋਇਆਂ ਅੱਜ ਉਹਨਾਂ ਵੱਲੋਂ ਤੇ ਆਸਥਾ ਹਸਪਤਾਲ ਦੀ ਪੂਰੀ ਟੀਮ ਵੱਲੋਂ ਪ੍ਰਧਾਨ ਮਦਨ ਮੋਹਨ ਕੰਧਾਰੀ , ਸੈਕਟਰੀ ਬੂੜ ਚੰਦ ਬਿੰਦਰਾ ਅਤੇ ਸਮਾਜ ਸੇਵਾ ਸੋਸਾਇਟੀ ਦੇ ਸਮੂਹ ਮੈਂਬਰਾਂ ਨੂੰ ਸਿਰੋਪਾ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਹੈ ।

# ਬੀ ਡੀ ਪੀ ਓ ਦਫ਼ਤਰ 'ਚ ਸੈਕਟਰੀਆਂ ਤੇ ਪੰਚਾਇਤਾਂ ਨਾਲ ਅਹਿਮ ਮੀਟਿੰਗ

**ਭੁਨਰਹੇੜੀ/ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਹਲਕਾ ਸਨੌਰ ਦੇ ਸਰਬਪੱਖੀ ਵਿਕਾਸ ਨੂੰ ਮੁੱਖ ਰੱਖਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਬੀ.ਡੀ.ਪੀ.ਓ. ਦਫ਼ਤਰ ਭੁਨਰਹੇੜੀ ਵਿਖੇ 152 ਪਿੰਡਾਂ ਨਾਲ ਸਬੰਧਤ ਪੰਚਾਇਤ ਸੈਕਟਰੀਆਂ, ਗ੍ਰਾਮ ਪੰਚਾਇਤਾਂ ਅਤੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਨਾਲ ਇੱਕ ਵਿਸ਼ੇਸ਼ ਰੀਵਿਊ ਮੀਟਿੰਗ ਕੀਤੀ ਗਈ।ਸਵੇਰੇ ਤੜਕਸਾਰ ਤੋਂ ਦੇਰ ਸ਼ਾਮ ਤੱਕ ਚੱਲੀ ਮੀਟਿੰਗ ਦਾ ਮੁੱਖ ਉਦੇਸ਼ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣਾ ਤੇ ਰੁਕੇ ਹੋਏ ਕੰਮਾਂ ਨੂੰ ਤੈਅ ਸਮੇਂ ਅੰਦਰ ਮੁਕੰਮਲ ਕਰਨ ਲਈ ਰੂਪ-ਰੇਖਾ ਤਿਆਰ ਕਰਨਾ ਸੀ।ਇਸ ਮੌਕੇ ਪੰਚਾਇਤ ਅਫ਼ਸਰ ਸੰਦੀਪ ਸਿੰਘ ਤੋਂ ਇਲਾਵਾ ਪੰਚਾਇਤ ਸੈਕਟਰੀ, ਸਰਪੰਚ, ਪੰਚ ਤੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ। ਮੀਟਿੰਗ ਦੌਰਾਨ ਰਣਜੋਧ ਸਿੰਘ ਹਡਾਣਾ ਨੇ ਅਧਿਕਾਰੀਆਂ ਤੇ ਪੰਚਾਇਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੀ ਨੁਹਾਰ ਬਦਲਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਸੈਕਟਰੀਆਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਕਿ ਵਿਕਾਸ ਕਾਰਜਾਂ ਲਈ ਜਾਰੀ ਕੀਤੇ ਗਏ ਫੰਡਾਂ ਦੀ ਵਰਤੋਂ ਪੂਰੀ ਪਾਰਦਰਸ਼ਤਾ ਨਾਲ ਕੀਤੀ ਜਾਵੇ



ਤੇ ਕੰਮ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਾ ਕੀਤਾ ਜਾਵੇ।ਹਡਾਣਾ ਨੇ ਕਿਹਾ, 'ਸਾਡਾ ਮਕਸਦ ਸਿਰਫ਼ ਕਾਗਜ਼ਾਂ ਵਿੱਚ ਕੰਮ ਦਿਖਾਉਣਾ ਨਹੀਂ, ਸਗੋਂ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਸਹੂਲਤਾਂ ਪੁਚਾਉਣਾ ਹੈ।ਉਨ੍ਹਾਂ ਪਿਛਲੀਆਂ ਸਰਕਾਰਾਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਪਹਿਲਾਂ ਵਿਕਾਸ ਕਾਰਜਾਂ ਦੇ ਨਾਂਅ 'ਤੇ ਸਿਰਫ਼ ਸਿਆਸਤ ਹੁੰਦੀ ਸੀ ਅਤੇ ਫੰਡਾਂ ਦੀ ਦੁਰਵਰਤੋਂ ਆਮ ਗੱਲ ਸੀ, ਪਰ ਆਮ ਆਦਮੀ ਪਾਰਟੀ ਦੇ ਰਾਜ ਵਿੱਚ ਹਰ ਇੱਕ ਪੈਸਾ ਜਨਤਾ ਦੀ ਭਲਾਈ ਲਈ ਖ਼ਰਚਿਆ ਜਾ ਰਿਹਾ ਹੈ।ਉਨ੍ਹਾਂ ਪਿੰਡਾਂ ਵਿੱਚ ਗਲੀਆਂ-ਨਾਲੀਆਂ, ਛੱਪੜਾਂ ਦੀ ਸਫ਼ਾਈ, ਸਟਰੀਟ ਲਾਈਟਾਂ ਤੇ ਪੀਣ ਵਾਲੇ ਸਾਫ਼ ਪਾਣੀ ਦੇ ਪ੍ਰਬੰਧਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਕਿਹਾ।ਇਸ ਮੌਕੇ ਪਿੰਡਾਂ ਦੇ ਸਰਪੰਚਾਂ ਨੇ ਰਣਜੋਧ ਹਡਾਣਾ ਦੇ ਇਸ ਉਪਰਾਲੇ ਦੀ ਭਰਵੀਂ ਸ਼ਲਾਘਾ ਕੀਤੀ।ਕਈ ਸਰਪੰਚਾਂ ਨੇ ਭਾਵੁਕ ਹੁੰਦਿਆਂ ਕਿਹਾ ਕਿ ਹਲਕਾ ਸਨੌਰ ਦੇ ਇਤਿਹਾਸ ਵਿੱਚ ਅਜਿਹੀ ਮੀਟਿੰਗ ਪਹਿਲਾਂ ਕਈ ਸਾਲਾਂ ਵਿੱਚ ਵੀ ਨਹੀਂ ਹੋਈ, ਜਿੱਥੇ ਕੋਈ ਆਗੂ ਖ਼ੁਦ ਦਫ਼ਤਰ ਆ ਕੇ ਸੈਕਟਰੀਆਂ ਤੇ ਪੰਚਾਇਤਾਂ ਨਾਲ ਆਹਮੋ-ਸਾਹਮਣੇ ਬੈਠ ਕੇ ਸਮੱਸਿਆਵਾਂ ਸੁਣੇ।ਸਰਪੰਚਾਂ ਨੇ ਕਿਹਾ ਕਿ ਪਹਿਲਾਂ ਉਨ੍ਹਾਂ ਨੂੰ ਆਪਣੇ ਕੰਮ ਕਰਾਉਣ ਲਈ ਦਫ਼ਤਰਾਂ ਦੇ ਗੇੜੇ ਮਾਰਨੇ ਪੈਂਦੇ ਸਨ, ਪਰ ਹੁਣ ਹਡਾਣਾ ਜੀ ਦੀ ਸਰਗਰਮੀ ਕਾਰਨ ਪ੍ਰਸ਼ਾਸਨ ਖ਼ੁਦ ਜਵਾਬਦੇਹ ਬਣਿਆ ਹੈ।

# ਸ਼ਹਿਰ ਅੰਦਰ ਆਵਾਰਾ ਕੁੱਤਿਆਂ ਦਾ ਕਹਿਰ ਜਾਰੀ

**ਸੰਗਰੂਰ (ਪ੍ਰਵੀਨ ਸਿੰਘ)** ਸ਼ਹਿਰ ਅੰਦਰ ਆਵਾਰਾ ਕੁੱਤਿਆਂ ਦਾ ਕਹਿਰ ਲਗਾਤਾਰ ਵਧਦਾ ਹੀ ਜਾ ਰਿਹਾ ਹੈ, ਜਿੱਥੇ ਪਹਿਲਾਂ ਸੁੰਦਰ ਬਸਤੀ ਦੀ ਵਸਨੀਕ ਦਲਿਤ ਮਹਿਲਾ ਅਨੀਤਾ ਪਤਨੀ ਮੱਖਣ ਸਿੰਘ ਤੇ ਫੇਰ ਚਾਰ ਸਾਲਾਂ ਮਾਸੂਮ ਬੱਚੇ ਰੋਹਿਤ ਪੁੱਤਰ ਸਾਗਰ ਤੇ ਆਵਾਰਾ ਕੁੱਤਿਆਂ ਵੱਲੋਂ ਜਾਨਲੇਵਾ ਹਮਲਾ ਕੀਤਾ ਗਿਆ ਸੀ। ਉਨ੍ਹਾਂ ਦੇ ਜ਼ਖ਼ਮ ਅਜੇ ਠੀਕ ਨਹੀਂ ਹੋਏ ਕਿ ਅੱਜ ਸੁੰਦਰ ਬਸਤੀ ਦੇ ਹੀ ਇੱਕ ਹੋਰ ਪੰਜ ਸਾਲਾਂ ਦੇ ਮਾਸੂਮ ਬੱਚੇ ਗਗਨਦੀਪ ਸਿੰਘ ਪੁੱਤਰ ਕੁਲਦੀਪ ਸਿੰਘ ਨੂੰ ਘਰ ਦੇ ਬਾਹਰ ਖੇਡਦੇ ਸਮੇਂ ਅਵਾਰਾ ਕੁੱਤਿਆਂ ਨੇ ਬੁਰੀ ਤਰ੍ਹਾਂ ਨਾਲ ਕੱਟ ਲਿਆ, ਜਿਸ ਨੂੰ ਤੁਰੰਤ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਕੌਮੀ ਪ੍ਰਧਾਨ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਵੱਲੋਂ ਸਿਵਲ ਹਸਪਤਾਲ ਵਿਖੇ ਦਾਖਲ ਕਰਾਇਆ ਗਿਆ, ਜਿੱਥੇ ਹਸਪਤਾਲ ਦੇ ਮਾਹਿਰ ਡਾਕਟਰਾਂ ਵੱਲੋਂ ਬੱਚੇ ਦਾ ਇਲਾਜ ਸ਼ੁਰੂ ਕਰ ਦਿੱਤਾ ਗਿਆ ਹੈ। ਸ਼੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਸ਼ਹਿਰ ਅੰਦਰ ਆਵਾਰਾ ਕੁੱਤਿਆਂ ਦਾ ਲੋਕਾਂ ਅੰਦਰ ਭਾਰੀ ਖੌਫ ਨਜ਼ਰ ਆ ਰਿਹਾ ਹੈ।ਇਨ੍ਹਾਂ ਆਵਾਰਾ ਕੁੱਤਿਆਂ ਤੋਂ ਸ਼ਹਿਰ ਦੇ ਲੋਕ ਬਹੁਤ ਹੀ ਪ੍ਰੇਸ਼ਾਨ ਤੇ ਬੇਵੱਸ ਨਜ਼ਰ ਆ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਹਰ ਮੁਹੱਲੇ, ਹਸਪਤਾਲ, ਬਨਾਸਰ ਬਾਗ ਤੇ ਹੋਰ ਪਬਲਿਕ ਸਥਾਨਾਂ ਦੇ ਨਾਲ-ਨਾਲ ਬਾਜ਼ਾਰਾਂ ਵਿੱਚ ਆਵਾਰਾ ਕੁੱਤਿਆਂ ਦੇ ਝੁੰਡ ਘੁੰਮ ਰਹੇ ਹਨ, ਜ਼ੋ ਰੋਜ਼ਾਨਾ ਹੀ ਕਿਸੇ ਨਾ ਕਿਸੇ ਨੂੰ ਕੱਟ ਲੈਂਦੇ ਹਨ। ਉਨ੍ਹਾਂ ਕਿਹਾ ਕਿ ਸੁੰਦਰ ਬਸਤੀ



ਦੇ ਲੋਕ ਲਗਾਤਾਰ ਇਨ੍ਹਾਂ ਆਵਾਰਾ ਕੁੱਤਿਆਂ ਦਾ ਸ਼ਿਕਾਰ ਹੋ ਰਹੇ ਹਨ, ਜਿਸ ਸਬੰਧੀ ਉਹ ਕਈ ਵਾਰ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਅਤੇ ਨਗਰ ਕੌਂਸਲ ਨੂੰ ਲਿਖਤੀ ਤੌਰ 'ਤੇ ਜਾਣੂ ਕਰਾ ਚੁੱਕੇ ਹਨ, ਪ੍ਰੰਤੂ ਇਨ੍ਹਾਂ ਆਵਾਰਾ ਕੁੱਤਿਆਂ ਤੋਂ ਲੋਕਾਂ ਨੂੰ ਨਜ਼ਾਤ ਦਿਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਨਗਰ ਕੌਂਸਲ ਵੱਲੋਂ ਕੋਈ ਕਦਮ ਨਹੀਂ ਚੁੱਕਿਆ ਗਿਆ। ਕੌਮੀ ਪ੍ਰਧਾਨ ਨੇ ਕਿਹਾ ਕਿ ਇਹਨਾਂ ਆਵਾਰਾ ਕੁੱਤਿਆਂ ਪ੍ਰਤੀ ਸ਼ਹਿਰ ਦੀ ਨਗਰ ਕੌਂਸਲ ਵੱਲੋਂ ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਨੂੰ ਵੀ ਟਿੱਚ ਸਮਝਿਆ ਜਾ ਰਿਹਾ ਹੈ। ਸ਼੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਜੇਕਰ ਨਗਰ ਕੌਂਸਲ ਨੇ ਇਨ੍ਹਾਂ ਆਵਾਰਾ ਕੁੱਤਿਆਂ ਦਾ ਕੋਈ ਠੋਸ ਹੱਲ ਨਾ ਕੀਤਾ ਤਾਂ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਵੱਲੋਂ ਸ਼ਹਿਰ ਦੇ ਲੋਕਾਂ ਨੂੰ ਨਾਲ ਲੈ ਕੇ ਨਗਰ ਕੌਂਸਲ ਖਿਲਾਫ ਪੱਕੇ ਤੌਰ 'ਤੇ ਮੋਰਚਾ ਖੋਲ੍ਹਿਆ ਜਾਵੇਗਾ।

# ਗੁਰਦੁਆਰਾ ਨਾਨਕ ਦਰਬਾਰ ਦੀ ਪ੍ਰਬੰਧਕੀ ਕਮੇਟੀ ਵੱਲੋਂ ਕਰ ਭਲਾ ਹੋ ਭਲਾ ਟੀਮ ਦਾ ਸਨਮਾਨ

**ਜਗਰਾਉਂ (ਅਮਿਤ ਖੰਨਾ)**- ਜਗਰਾਉਂ ਦੀ ਸਮਾਜ ਸੇਵੀ ਸੰਸਥਾ ਕਰ ਭਲਾ ਹੋ ਭਲਾ ਸੁਸਾਇਟੀ ਦਾ ਗੁਰਦੁਆਰਾ ਨਾਨਕ ਦਰਬਾਰ ਵਿਖੇ ਸਨਮਾਨ ਕੀਤਾ ਗਿਆ । ਸੁਸਾਇਟੀ ਵੱਲੋਂ ਲਗਾਤਾਰ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਦੀ ਤਾਰੀਫ਼ ਕਰਦਿਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਹਾਰਾਜ ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਮੌਕੇ ਕਰਵਾਏ ਸਮਾਗਮ ਸਮੇਂ



ਕਰ ਭਲਾ ਹੋ ਭਲਾ ਟੀਮ ਦਾ ਸਨਮਾਨ ਕੀਤਾ । ਇਸ ਮੌਕੇ ਸਰਪੰਚ ਸਤਵਿੰਦਰ ਸਿੰਘ ਪ੍ਰਧਾਨ ਗੋਰਾ ਸਿੰਘ, ਜਗਤਾਰ ਸਿੰਘ, ਕੁਲਵੰਤ ਸਿੰਘ, ਮਲਕੀਤ ਸਿੰਘ, ਕੁਲਵਿੰਦਰ ਸਿੰਘ, ਆਦਿ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰਾਂ ਨੇ ਕਿਹਾ ਕਿ ਕਰ ਭਲਾ ਹੋ ਭਲਾ ਸੁਸਾਇਟੀ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਜਗਰਾਉਂ ਵਿੱਚ ਸਮਾਜ ਸੇਵਾ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾ ਰਿਹਾ ਹੈ ਤੇ ਰੋਜ਼ਾਨਾ ਕੋਈ ਨਾ ਕੋਈ ਸਮਾਜ ਸੇਵਾ ਦਾ ਪ੍ਰੋਜੈਕਟ ਲਗਾਇਆ ਜਾ ਰਿਹਾ ਹੈ। ਇਸ ਮੌਕੇ ਚੇਅਰਮੈਨ ਰੋਹਿਤ ਅਰੋੜਾ, ਸਰਪ੍ਰਸਤ ਸੁਨੀਲ ਬਜਾਜ, ਪ੍ਰਧਾਨ ਵਿਸ਼ਾਲ ਸ਼ਰਮਾ, ਨੀਰਜ ਕਟਾਰੀਆ ,ਕੈਸ਼ੀਅਰ ਨਨੇਸ਼ ਗਾਂਧੀ ਪੀ ਆਰ ਓ, ਕੰਵਲ ਕੱਕੜ ਸਕੱਤਰ ਆਦਿ ਹਾਜ਼ਰ ਸਨ।

# 'ਵਰਸਿਟੀ ਕਾਲਜ 'ਚ ਸੱਤ ਰੋਜ਼ਾ ਕੌਮੀ ਸੇਵਾ ਯੋਜਨਾ ਕੈਂਪ




**ਧੂਰੀ, (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)** ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਦੀ ਅਗਵਾਈ ਵਿੱਚ ਸੱਤ ਦਿਨਾਂ ਐੱਨ.ਐੱਸ.ਐੱਸ. ਕੈਂਪ ਸ਼ੁਰੂ ਕੀਤਾ ਗਿਆ।ਕੈਂਪ ਦੇ ਉਦਘਾਟਨੀ ਸਮਾਰੋਹ ਵਿੱਚ ਉਪ ਮੰਡਲ ਮੈਜਿਸਟ੍ਰੇਟ ਰਿਸ਼ਭ ਬਾਂਸਲ ਨੇ ਮੁੱਖ ਮਹਿਮਾਨ ਵਜੋਂ ਅਤੇ ਗ੍ਰਾਮ ਪੰਚਾਇਤ ਬੇਨੜਾ ਦੇ ਸਰਪੰਚ ਗੋਪਾਲ ਕ੍ਰਿਸ਼ਨ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਮੁੱਖ ਮਹਿਮਾਨ ਨੇ ਕੌਮੀ ਸੇਵਾ ਯੋਜਨਾ ਦੇ ਵਲੰਟੀਅਰਾਂ ਨਾਲ ਆਪਣੇ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਇਸ ਵਿੱਦਿਆ ਦੇ ਮੰਦਰ ਵਿੱਚ ਪੜ੍ਹ ਕੇ ਵਿਦਿਆਰਥੀ ਦੇਸ਼ ਦੀ ਤਰੱਕੀ ਵਿੱਚ ਹਿੱਸਾ ਪਾਉਣਗੇ, ਜਿਸ ਨਾਲ ਦੇਸ਼ ਅਤੇ ਸਮਾਜ ਨੂੰ ਫਲ਼ ਪ੍ਰਾਪਤ ਹੋਵੇਗਾ।ਉਨ੍ਹਾਂ ਨੇ ਸਮਾਜ ਸੇਵਾ ਨੂੰ ਖ਼ਾਸ ਮਹੱਤਵ ਦਿੱਤਾ।

ਐੱਨ.ਐੱਸ.ਐੱਸ. ਯੂਨਿਟਾਂ ਦੇ ਪ੍ਰੋਗਰਾਮ ਅਫ਼ਸਰ ਡਾ. ਅਸ਼ੋਕ ਕੁਮਾਰ ਤੇ ਡਾ. ਊਸ਼ਾ ਰਾਣੀ ਨੇ ਕੈਂਪ ਦੇ ਥੀਮ ਸਬੰਧੀ ਜ਼ਿਕਰ ਕਰਦੇ ਹੋਏ ਕੈਂਪ ਦੌਰਾਨ ਉਲੀਕੇ ਕਾਰਜਾਂ ਤੋਂ ਜਾਣੂ ਕਰਾਇਆ ਅਤੇ ਦੱਸਿਆ ਕਿ ਇਹ ਕਾਲਜ ਦਾ ਚੌਥਾ ਕੈਂਪ ਹੈ, ਜਿਸ ਵਿੱਚ ਰੈਗੂਲਰ ਤੇ ਸੈਲਫ਼ ਫਾਇਨਾਂਸ ਯੂਨਿਟਾਂ ਦੇ ਸੌ ਵਲੰਟੀਅਰ ਭਾਗ ਲੈ ਰਹੇ ਹਨ। ਉਦਘਾਟਨੀ ਸਮਾਰੋਹ ਦੇ ਅੰਤ ਵਿੱਚ ਕਾਲਜ ਪ੍ਰਿੰਸੀਪਲ ਨੇ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਦਾ ਰਸਮੀ ਧੰਨਵਾਦ ਕੀਤਾ ਤੇ ਉਨ੍ਹਾਂ ਨੂੰ ਸਨਮਾਨਤ ਵੀ ਕੀਤਾ।

# 289 ਨਵੇਂ ਨਿਯੁਕਤ ਵੈਟਰਨਰੀ ਅਫ਼ਸਰਾਂ ਨੂੰ ਜੁਆਇਨ ਕਰਾਇਆ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਪਸ਼ੂ ਪਾਲਣ ਵਿਭਾਗ ਵਿਖੇ ਨਵੇਂ ਨਿਯੁਕਤ ਹੋਏ 289 ਵੈਟਨਰੀ ਅਫਸਰਾਂ ਨੂੰ ਵਿਭਾਗ ਦੇ ਪਟਿਆਲਾ ਸਥਿਤ ਟ੍ਰੇਨਿੰਗ ਸੈਂਟਰ ਵਿਖੇ ਜੁਆਇੰਨ ਕਰਾਇਆ ਗਿਆ ਹੈ। ਇੱਥੇ ਇਨ੍ਹਾਂ ਨੂੰ ਇੱਕ ਹਫ਼ਤੇ ਲਈ ਪਸ਼ੂ ਪਾਲਣ ਵਿਭਾਗ ਪਟਿਆਲਾ ਦੇ ਟ੍ਰੇਨਿੰਗ ਸੈਂਟਰ ਵੈਟਨਰੀ ਪੌਲੀਕਲੀਨਿਕ ਪਟਿਆਲਾ, ਸੀਮਨ ਬੈਂਕ ਨਾਭਾ, ਬੱਕਰੀ ਫਾਰਮ ਤੇ ਖੇਤੀਬਾੜੀ ਫਾਰਮ ਕੁੱਲੇਮਾਜਰਾ ਵਿਖੇ ਅਤੇ ਕੈਟਲ ਫਾਰਮ ਰੌਣੀ ਵਿਖੇ ਸਿਖਲਾਈ ਦਿੱਤੀ ਜਾਵੇਗੀ। ਡਿਪਟੀ ਡਾਇਰੈਕਟਰ ਡਾ. ਪਰਮਜੀਤ ਸਿੰਘ, ਡਾ. ਵਿਕਰਮ ਸਿੰਘ ਤੇ ਡਾ. ਰਾਜੀਵ ਗਰੋਵਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ 01 ਫਰਵਰੀ ਨੂੰ 289 ਨਵੇਂ ਨਿਯੁਕਤ ਹੋਏ ਵੈਟਨਰੀ ਅਫਸਰਾਂ ਨੂੰ ਨਿਯੁਕਤੀ ਸੌਂਪੇ ਗਏ ਸਨ।ਉਨ੍ਹਾਂ ਦੱਸਿਆ ਨਿਯੁਕਤੀ ਬਾਅਦ ਵਿਭਾਗੀ ਸਿਖਲਾਈ ਦੇਣ ਲਈ ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ, ਨਿਰਦੇਸ਼ਕ ਡਾ. ਪਰਮਦੀਪ ਸਿੰਘ ਵਾਲੀਆ ਤੇ ਸੰਯੁਕਤ ਨਿਰਦੇਸ਼ਕ ਡਾ. ਆਰ.ਪੀ.



ਸਿੰਘ ਦੀ ਅਗਵਾਈ ਹੇਠ ਹੁਣ ਇਨ੍ਹਾਂ ਨੂੰ ਸਿਖਲਾਈ ਦਿੱਤੀ ਜਾਵੇਗੀ। ਵਿਭਾਗੀ ਅਧਿਕਾਰੀਆਂ ਨੇ ਕਿਹਾ ਕਿ ਪਸ਼ੂ ਪਾਲਣ ਵਿਭਾਗ ਦੇ ਇਤਿਹਾਸ ਵਿੱਚ ਪਹਿਲੀ ਵਾਰ ਏਨੀ ਵੱਡੀ ਪੱਧਰ 'ਤੇ ਲਗਾਤਾਰ ਵੈਟਨਰੀ ਅਫਸਰਾਂ ਦੀ ਨਿਯੁਕਤੀ ਕੀਤੀ ਜਾ ਰਹੀ ਹੈ।ਇਸ ਨਾਲ ਪਸ਼ੂ ਪਾਲਣ ਧੰਦੇ ਨਾਲ ਜੁੜੇ ਲੱਖਾਂ ਪਸ਼ੂ ਪਾਲਕਾਂ ਤੇ ਸਹਾਇਕ ਧੰਦਿਆਂ ਨਾਲ ਜੁੜੇ ਹੋਏ ਬੱਕਰੀ ਪਾਲਕਾਂ ਅਤੇ ਸੂਰ ਪਾਲਕਾਂ ਨੂੰ ਵੀ ਬਹੁਤ ਲਾਭ ਹੋਵੇਗਾ।ਪਸ਼ੂ ਪਾਲਣ ਵਿਭਾਗ ਨੇ ਇਸ ਉਪਰਾਲੇ ਲਈ ਮੁੱਖ ਮੰਤਰੀ ਤੇ ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਵਿਭਾਗ ਦੇ ਮੰਤਰੀ ਦਾ ਧੰਨਵਾਦ ਕੀਤਾ ਹੈ।

# ਇਤਿਹਾਸਕ ਹੋਵੇਗੀ 12 ਦੀ ਰਾਸ਼ਟਰਵਿਆਪੀ ਹੜਤਾਲ : ਤ੍ਰਿਪਾਠੀ



**ਸਿਰਸਾ (ਸੁਰਿੰਦਰ ਪਾਲ ਸਿੰਘ)** 12 ਫਰਵਰੀ ਦੀ ਦੇਸ਼ਵਿਆਪੀ ਹੜਤਾਲ ਨੂੰ ਸਫ਼ਲ ਬਨਾਉਣ ਲਈ ਸਰਵ ਕ੍ਰਮਚਾਰੀ ਸੰਘ ਤੇ ਸੇਵਾਮੁਕਤ ਕ੍ਰਮਚਾਰੀ ਯੂਨੀਅਨ ਸਮੇਤ ਸਿਰਸਾ ਖੇਤਰ ਦੇ ਵੱਖ-ਵੱਖ ਕ੍ਰਮਚਾਰੀ ਸੰਗਠਨਾਂ ਵੱਲੋਂ ਮਹੱਤਵਪੂਰਨ ਮੀਟਿੰਗਾਂ ਦਾ ਦੌਰ ਜਾਰੀ ਹੈ। ਰਿਟਾਇਰਡ ਕਰਮਚਾਰੀ ਆਗੂ ਰਵੀ ਕੁਮਾਰ ਦਾ ਕਹਿਣਾ ਹੈ ਕਿ 5 ਫਰਵਰੀ ਨੂੰ ਸਵੇਰੇ 10:30 ਵਜੇ ਕੈਨਾਲ ਕਲੋਨੀ ਸਥਿਤ ਦਫ਼ਤਰ ਵਿੱਚ ਬੁਲਾਈ ਮੀਟਿੰਗ ਵਿੱਚ ਸਮੁੱਚੀ ਜ਼ਿਲ੍ਹਾ ਕਮੇਟੀ ਅਤੇ ਸਾਰੇ ਬਲਾਕਾਂ ਦੇ ਪ੍ਰਮੁੱਖ ਸਕੱਤਰਾਂ ਨੂੰ ਸੱਦਾ ਦਿੱਤਾ ਗਿਆ ਹੈ, ਜਿਸ ਵਿਚ 12 ਫਰਵਰੀ ਨੂੰ ਦੇਸ਼ਵਿਆਪੀ ਹੜਤਾਲ 'ਤੇ ਵਿਸਤਾਰ ਨਾਲ ਚਰਚਾ ਕੀਤੀ ਜਾਵੇਗੀ। ਇਸ ਮੁਹਿੰਮ ਤਹਿਤ ਰੂਟ ਚਾਰਟ ਅਧੀਨ ਕ੍ਰਮਚਾਰੀਆਂ ਦੇ ਜਥੇ ਵੱਲੋਂ ਕਾਲਾਂਵਾਲੀ ਦੇ ਸਰਕਾਰੀ ਹਸਪਤਾਲ ਵਿਖੇ ਵਰਕਰ ਮੀਟਿੰਗ ਵਿਚ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਨੂੰ ਸਫਲ ਬਨਾਉਣ ਲਈ ਸੱਦਾ ਦਿੱਤਾ ਗਿਆ। ਇਸ ਵਿਚਾਰ ਚਰਚਾ ਦੇ ਬੁਲਾਰੇ ਸੋਹਨ ਸਿੰਘ ਰੰਧਾਵਾ ਨੇ ਕਿਹਾ ਕਿ ਜਥੇ ਡੱਬਵਾਲੀ, ਕਾਲਾਂਵਾਲੀ, ਬੜਾਗੁੜਾ ਤੇ ਬੱਪਾ ਹੁੰਦੇ ਹੋਏ ਸ਼ਾਮ ਤੱਕ ਸਿਰਸਾ ਪੁੱਜਣਗੇ।

# ਈ ਟੀ ਟੀ 5994 ਅਧਿਆਪਕ ਯੂਨੀਅਨ ਨੇ ਸੂਬਾ ਕਮੇਟੀ ਦਾ ਕੀਤਾ ਪੁਨਰਗਠਨ

**ਮੋਗਾ (ਇਕਬਾਲ ਸਿੰਘ ਖਹਿਰਾ)**- ਈ.ਟੀ.ਟੀ 5994 ਅਧਿਆਪਕ ਯੂਨੀਅਨ ਦੇ ਪ੍ਰਮੁੱਖ ਆਗੂਆਂ ਦੀ ਮੀਟਿੰਗ ਦੀ ਫਰੀਡਮ ਫਾਈਟਰ ਹਾਲ ਮੋਗਾ ਵਿਖੇ ਹੋਈ, ਜਿਸ ਵਿੱਚ ਕੀਤੇ ਫੈਸਲੇ ਅਨੁਸਾਰ ਬੇਰੁਜ਼ਗਾਰੀ ਸਮੇਂ ਕੰਮ ਕਰਦੀ ਕਮੇਟੀ ਦਾ ਪੁਨਰਗਠਨ ਕੀਤਾ ਗਿਆ। ਜਿਸ ਵਿੱਚ ਬੱਗਾ ਖੁਡਾਲ (ਸੂਬਾ ਕਨਵੀਨਰ), ਬਲਿਹਾਰ ਬੱਲੀ (ਸੂਬਾ ਕਨਵੀਨਰ), ਬੰਟੀ ਕੰਬੋਜ (ਸੂਬਾ



ਕਨਵੀਨਰ), ਆਦਰਸ਼ ਕੁਮਾਰ (ਵਿੱਤ ਸਕੱਤਰ), ਪਰਮਪਾਲ (ਵਿੱਤ ਸਕੱਤਰ), ਰਮੇਸ਼ ਸਿੰਘ ਅਬਹੋਰ (ਪ੍ਰੈਸ ਸਕੱਤਰ), ਕੁਲਵਿੰਦਰ ਬਰੇਟਾ, ਸੁਖਦੇਵ ਕੰਬੋਜ ਮੈਂਬਰ, ਪ੍ਰਗਟ ਬੋਹਾ ਮੈਂਬਰ, ਜਸਪ੍ਰੀਤ ਮੈਂਬਰ, ਪਵਨ ਸ੍ਰੀ ਮੁਕਤਸਰ ਸਾਹਿਬ ਮੈਂਬਰ ਅਤੇ ਹਰੀਸ਼ ਕੰਬੋਜ ਨੂੰ ਮੈਂਬਰ ਵਜੋਂ ਸ਼ਾਮਲ ਕੀਤਾ ਗਿਆ। ਨਵ ਗਠਿਤ ਕਮੇਟੀ ਦੇ ਸੂਬਾਈ ਕਨਵੀਨਰਾਂ - ਬੱਗਾ ਖੁਡਾਲ, ਬਲਿਹਾਰ ਬੱਲੀ ਅਤੇ ਬੰਟੀ ਕੰਬੋਜ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ - ਛੇਵੇਂ ਪੰਜਾਬ ਤਨਖ਼ਾਹ ਕਮਿਸ਼ਨ ਸਮੇਤ 15% ਵਾਧੇ ਅਨੁਸਾਰ ਪੰਜਾਬ ਤਨਖ਼ਾਹ ਸਕੇਲ ਲਾਗੂ ਕਰਵਾਉਣ ਅਤੇ ਘਰਾਂ ਤੋਂ ਦੂਰ ਦੁਰਾਡੇ ਨੌਕਰੀਆਂ ਕਰ ਰਹੇ 5994 ਈ.ਟੀ.ਟੀ ਅਧਿਆਪਕਾਂ ਲਈ ਬਦਲੀ ਦਾ ਵਿਸ਼ੇਸ਼ ਮੌਕਾ ਲੈਣ ਲਈ ਸੰਘਰਸ਼ ਅੱਗੇ ਵਧਾਉਣ ਦਾ ਫੈਸਲਾ ਕੀਤਾ ਗਿਆ ਹੈ। ਇਸ ਮੀਟਿੰਗ ਵਿੱਚ ਅਭਿਸ਼ੇਕ ਫ਼ਾਜ਼ਿਲਕਾ, ਸੁਰਿੰਦਰ ਮਾਨਸਾ, ਵਰਿੰਦਰ ਕੰਬੋਜ ਫਾਜ਼ਿਲਕਾ ਵੀ ਸ਼ਾਮਲ ਹੋਏ।

# ਉਦਯੋਗਾਂ ਦੀ ਸਮੱਰਥਾ ਨੂੰ ਵਧਾਉਣ ਲਈ ਬਜਟ ਵਚਨਬੱਧ : ਭੂਪੇਸ਼ ਜਿੰਦਲ


**ਸੰਗਾਲਾ ( ਰਣਜੀਤ ਸਿੰਘ ਪੇਧਨੀ)** - ਭਾਰਤੀ ਜਨਤਾ ਪਾਰਟੀ ਦੇ ਐਮ.ਐਸ.ਐਮ.ਈ. ਵਿੰਗ ਦੇ ਸੂਬਾ ਮੀਤ ਪ੍ਰਧਾਨ ਭੂਪੇਸ਼ ਜਿੰਦਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਦਸ਼ਕਾਂ ਤੱਕ



ਐਮ.ਐਸ.ਐਮ.ਈ. ਉਦਯੋਗ ਬਿਨਾਂ ਸਰਕਾਰੀ ਸਹਾਇਤਾ ਤੋਂ ਖੁਦ ਹੀ ਸੰਘਰਸ਼ ਕਰਦਾ ਰਿਹਾ ਹੈ। ਮੋਦੀ ਸਰਕਾਰ ਐਮ.ਐਸ.ਐਮ.ਈ. ਨੂੰ ਆਰਥਿਕ ਵਾਧੇ ਦਾ ਇੱਕ ਮਹੱਤਵਪੂਰਨ ਇੰਜਣ ਮੰਨਦੀ ਹੈ ਅਤੇ ਇਸ ਦੇ ਨਿਰਮਾਣ ਲਈ ਤਿੰਨ ਪੱਖੀ ਹੱਲ ਪ੍ਰਸਤਾਵਿਤ ਕੀਤੇ ਹਨ। ਈਕ੍ਰਿਟੀ ਸਹਾਇਤਾ ਲਈ ਬਜਟ 'ਚ 10 ਹਜਾਰ ਕਰੋੜ ਦਾ ਐਮ.ਐਸ.ਐਮ.ਈ. ਕੋਸ਼ ਬਣਾਇਆ ਗਿਆ ਹੈ ਅਤੇ ਲਗਾਤਾਰ ਸਹਾਇਤਾ ਦੇਣ ਲਈ 2 ਹਜਾਰ ਕਰੋੜ ਰੁਪਏ ਦੀ ਅਤਿਰਿਕਤ ਪੂੰਜੀ ਦਾ ਵੀ ਪ੍ਰਸਤਾਵ ਦਿੱਤਾ ਹੈ। ਤਰਲਤਾ ਸਹਾਇਤਾ ਦੇ ਲਈ ਬਜਟ ਵਿੱਚ ਇਹ ਪ੍ਰਸਤਾਵ ਹੈ ਕਿ ਐਮ.ਐਸ.ਐਮ.ਈ. ਉਦਯੋਗਾਂ ਤੋਂ ਕੇਂਦਰੀ ਸਰਵਜਨਕ ਖੇਤਰ ਉਪਕਰਮਾ ਵੱਲੋਂ ਕੀਤੀ ਜਾਣ ਵਾਲੀ ਸਾਰੀ ਖਰੀਦਦਾਰੀ ਦੇ ਭੁਗਤਾਨ ਨਿਪਟਾਉਣ ਲਈ ਵਪਾਰ ਪਰਾਏ ਛੂਟ ਪ੍ਰਣਾਲੀ (ਟੀ.ਆਰ.ਈ.ਡੀ.ਐਸ) ਨੂੰ ਜਰੂਰੀ ਲੈਣ-ਦੇਣ ਨਿਪਟਾਉਣ ਮੰਚ ਬਣਾਉਣ ਦਾ ਪ੍ਰਸਤਾਵ ਹੈ।ਇਸ ਤੋਂ ਇਲਾਵਾ 7 ਹਾਈਸਪੀਡ ਰੇਲ ਕੋਰੀਡੋਰ ਬਣਾਉਣ ਦਾ ਵੀ ਪ੍ਰਸਤਾਵ ਰੱਖਿਆ ਗਿਆ ਹੈ।

# ਬਜਟ 'ਚ ਨਾ ਪੰਜਾਬ ਲਈ ਕੁਝ ਹੈ ਤੇ ਨਾ ਦੇਸ਼ ਦੇ ਮਜ਼ਦੂਰਾਂ, ਕਿਸਾਨਾਂ, ਨੌਜਵਾਨਾਂ, ਛੋਟੇ ਦੁਕਾਨਦਾਰਾਂ, ਵਪਾਰੀਆਂ ਲਈ : ਲਿਬਰੇਸ਼ਨ

**ਮਾਨਸਾ, (ਆਤਮਾ ਸਿੰਘ ਪਮਾਰ)** ਸੀਪੀਆਈ (ਐਮਐਲ) ਲਿਬਰੇਸ਼ਨ ਨੇ ਪ੍ਰਧਾਨ ਮੰਤਰੀ ਵੱਲੋਂ ਆਪਣੇ ਸਾਲਾਨਾ ਬੱਜਟ ਨੂੰ ਇਤਿਹਾਸਕ ਬੱਜਟ ਦੱਸਣ ਨੂੰ ਇੱਕ ਅਲਫਾਜ਼ੀ ਦਾਅਵਾ ਦੱਸਦਿਆਂ ਕਿਹਾ ਕਿ ਇਹ ਬਜ਼ਟ ਕਿਸੇ ਤਰ੍ਹਾਂ ਵੀ ਮੋਦੀ ਸਰਕਾਰ ਦੇ ਬੀਤੇ ਬਜਟਾਂ ਤੋਂ ਵੱਖਰਾ ਨਹੀਂ । ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ ਤੇ ਪਾਰਟੀ ਬੁਲਾਰੇ ਸੁਦਰਸ਼ਨ ਨੱਤ ਨੇ ਕਿਹਾ ਕਿ ਦੇਸ਼ ਦੇ ਬਹੁ ਗਿਣਤੀ ਲੋਕਾਂ ਦੀ ਅੱਜ ਵੀ ਮੁੱਖ ਸਮੱਸਿਆ ਰੋਟੀ ਕੱਪੜਾ ਤੇ ਮਕਾਨ ਹੈ, ਜਿਸ ਦਾ ਹੱਲ ਕੇਵਲ ਤੇ ਕੇਵਲ ਰੁਜ਼ਗਾਰ ਰਾਹੀਂ ਹੀ ਕੀਤਾ ਜਾ ਸਕਦਾ ਹੈ, ਪਰ ਮੌਜੂਦਾ ਬਜਟ 'ਚ ਰੁਜ਼ਗਾਰ ਵਿੱਚ ਵਾਧੇ ਲਈ ਕੁੱਝ ਵੀ ਨਵਾਂ ਨਹੀਂ ਕੀਤਾ ਗਿਆ।ਦੇਸ਼ ਵਿੱਚ ਸਭ ਤੋਂ ਵੱਧ ਰੁਜ਼ਗਾਰ ਘਰੇਲੂ, ਛੋਟੇ ਅਤੇ ਦਰਮਿਆਨੇ ਉਦਯੋਗਾਂ ਦੁਆਰਾ ਦਿੱਤਾ ਜਾਂਦਾ ਹੈ, ਜਿਸ ਲਈ ਬਜਟ 'ਚ ਕੇਵਲ 10 ਹਜ਼ਾਰ ਕਰੋੜ ਰੁਪਏ ਹੀ ਰੱਖੇ ਗਏ ਹਨ।ਪੰਜਾਬ ਤੇ ਇਸ ਖਿੱਤੇ ਦੇ ਕਿਸਾਨਾਂ ਦੇ ਹਿੱਤਾਂ ਬਾਬਤ ਵੀ ਬਜਟ ਚੁੱਪ ਹੈ।ਹੜ੍ਹਾਂ ਨਾਲ ਬੀਤੇ ਸਾਲ ਵਿੱਚ ਹੋਏ ਭਿਆਨਕ ਨੁਕਸਾਨ ਦੀ ਪੂਰਤੀ ਲਈ ਮਜ਼ਦੂਰਾਂ, ਕਿਸਾਨਾਂ ਤੇ ਜਨਤਕ ਜਾਇਦਾਦਾਂ ਨੂੰ ਮੁੜ ਪੈਰਾਂ ਸਿਰ ਕਰਨ ਲਈ ਇੱਕ ਰੁਪਿਆ ਵੀ ਜਾਰੀ ਨਹੀ ਕੀਤਾ ਗਿਆ। ਇਸ ਦੇ ਉਲਟ ਕੇਂਦਰ ਸਰਕਾਰ ਨੇ ਪਿੰਡਾਂ ਦੇ ਲੋਕਾਂ ਨੂੰ 2007 ਤੋਂ ਮਿਲਦੇ ਆ ਰਹੇ ਇੱਕੋ-ਇੱਕ ਮਨਰੇਗਾ ਰੋਜ਼ਗਾਰ ਨੂੰ ਵੀ ਨਵੇ ਕਾਨੂੰਨ ਨੂੰ ਲਾਗੂ ਕਰਨ ਲਈ ਵੀ ਸਿਰਫ਼ 95,600 ਕਰੋੜ ਰੁਪਏ ਹੀ ਰੱਖੇ ਹਨ, ਜਿਨ੍ਹਾਂ ਨਾਲ ਵਾਅਦੇ ਮੁਤਾਬਕ 125 ਦਿਨ ਤਾਂ ਦੂਰ ਮਜ਼ਦੂਰਾਂ ਨੂੰ 50 ਦਿਨ ਵੀ ਕੰਮ ਨਹੀਂ ਦਿੱਤਾ ਜਾ ਸਕਦਾ।ਸਰਕਾਰੀ ਅਸਾਮੀਆਂ ਭਰਨ 'ਤੇ ਪਾਬੰਦੀ ਅਤੇ ਉਦਯੋਗਾਂ ਦੇ ਬਰਬਾਦ ਹੋਣ ਕਾਰਨ ਦੇਸ਼ ਦੇ ਨੌਜਵਾਨਾਂ ਨੂੰ ਸਭ ਤੋਂ ਵੱਧ ਨੌਕਰੀਆਂ ਫੌਜ 'ਚ ਮਿਲਦੀਆਂ ਸਨ, ਜਿਨ੍ਹਾਂ ਨੌਕਰੀਆਂ ਨੂੰ ਅਗਨੀਵੀਰ ਸਕੀਮ ਦੀ ਭੇਟ ਚਾੜ੍ਹ ਦਿੱਤਾ ਗਿਆ। ਬਿਆਨ 'ਚ ਕਿਹਾ ਗਿਆ ਹੈ ਕਿ ਮੋਦੀ ਸਰਕਾਰ ਨੇ ਆਪਣੇ ਬੀਤੇ 11 ਸਾਲਾਂ ਦੇ ਰਾਜ ਦੌਰਾਨ ਵੱਡੇ ਕਾਰਪੋਰੇਟਰਾਂ ਤੇ ਸਾਮਰਾਜੀਆਂ ਦੇ ਹਿੱਤਾਂ ਦੀ ਰਾਖੀ ਲਈ ਹੀ ਕੇਵਲ ਕੰਮ ਕੀਤਾ ਹੈ।ਸਰਕਾਰ ਵੱਲੋਂ ਪਿਛਲੇ ਸਾਲਾਂ 'ਚ ਲਿਆਂਦੀ ਗਈ ਸਮਾਜਿਕ ਵਿਕਾਸ ਦੀ ਕੋਈ ਵੀ ਯੋਜਨਾ ਪੂਰੀ ਨਹੀਂ ਕੀਤੀ ਗਈ, ਮਸਲਨ ਸਵੱਛ ਭਾਰਤ ਯੋਜਨਾ, ਪ੍ਰਧਾਨ ਮੰਤਰੀ ਅਵਾਸ ਯੋਜਨਾ, ਉਜਾਲਾ ਯੋਜਨਾ ਅਤੇ ਮੇਕ ਇਨ ਇੰਡੀਆ ਵਰਗੀਆਂ ਸਭ ਯੋਜਨਾਵਾ ਅਧਵਾਟੇ ਹੀ ਦਮ ਤੋੜ ਚੁੱਕੀਆਂ ਹਨ। ਪੁਰਾਣੀਆਂ ਯੋਜਨਾਵਾਂ ਦੇ ਨਤੀਜੇ ਜਾਣੇ ਬਿਨਾਂ ਹੀ ਆਪਣੇ ਵੋਟ ਰਾਜਨੀਤੀਕ ਹਿੱਤਾਂ ਲਈ ਨਵੇਂ ਨਵੇਂ ਐਲਾਨ ਕਰਨ ਦੀ ਆਦੀ ਹੋ ਚੁੱਕੀ ਹੈ।



# ਗੁਰਦੁਆਰਾ ਨਾਨਕਸਰ ਦੇਵੀਗੜ੍ਹ ਰੋਡ ਨੇੜੇ ਲੰਘਦੇ ਬਾਈਪਾਸ ਉਪਰ ਨਜਾਇਜ਼ ਕਬਜ਼ੇ

**ਸਨੌਰ (ਰਾਜਿੰਦਰ ਸਿੰਘ ਥਿੰਦ)**- ਕਸਬਾ ਸਨੌਰ ਦੇ ਨੇੜੇ ਤੋਂ ਲੰਘਦੇ ਚੰਡੀਗੜ੍ਹ ਬਠਿੰਡਾ ਬਾਈਪਾਸ ਉੱਪਰ ਦੁਕਾਨਦਾਰਾਂ ਵੱਲੋਂ ਕੀਤੇ ਹੋਏ ਨਾਜਾਇਜ਼ ਕਬਜ਼ਿਆਂ ਕਾਰਨ ਰੋਜ਼ਾਨਾ ਰਾਹਗੀਰਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ । ਬਾਈਪਾਸ ਉਪਰ ਜਿੱਥੇ ਦੇਵੀਗੜ੍ਹ ਨੂੰ ਕੱਟ ਨਿਕਲਦਾ ਹੈ ਓਸ ਜਗ੍ਹਾ ਤਕਰੀਬਨ 5 ਤੋਂ 6 ਦੁਕਾਨਦਾਰਾਂ ਨੇ ਪੱਕੇ ਕਬਜੇ ਕਰਕੇ ਆਪਣੇ ਢਾਬੇ ਅਤੇ ਹੋਰ ਖਾਣ ਪੀਣ ਦੀਆਂ ਦੁਕਾਨਾਂ ਖੋਲ੍ਹ ਰੱਖੀਆਂ ਹਨ ਜਿੱਥੇ ਸੜਕ ਦੇ ਦੋਨੋਂ ਪਾਸੇ ਗੱਡੀਆਂ ਤੇ ਟਰੱਕ ਖੜ੍ਹੇ ਹੋ ਜਾਂਦੇ ਹਨ ਜਿਸ ਕਾਰਨ ਅਕਸਰ ਕੋਈ ਨੇ ਕੋਈ ਹਾਦਸਾ ਵਾਪਰਦਾ ਰਹਿੰਦਾ ਹੈ ਅਤੇ ਬਾਈਪਾਸ ਉਪਰੋਂ ਗੁਜਰਨ ਵਾਲੇ ਰਾਹਗੀਰਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਲੋਕਾਂ ਦਾ ਕਹਿਣਾ ਹੈ ਕਿ ਪ੍ਰਸ਼ਾਸ਼ਨ ਨੂੰ ਵਾਰ ਵਾਰ ਬੇਨਤੀ ਕਰਨ ਦੇ ਬਾਵਜੂਦ ਵੀ ਨਾਜਾਇਜ਼ ਕਬਜ਼ੇ ਲਗਾਤਾਰ ਵੱਧ ਰਹੇ ਹਨ ਤੇ ਪ੍ਰਸ਼ਾਸ਼ਨ ਕੁੰਭਕਰਨੀ ਨੀਂਦ ਸੁੱਤਾ ਹੋਇਆ ਹੈ।

# ਪ੍ਰੋ. ਸੰਜੈ ਮੁੰਜਾਲ ਇੰਡਿਅਨ ਸਪੀਚ ਐਂਡ ਹਿਅਰਿੰਗ ਐਸੋਸੀਏਸ਼ਨ ਦੇ ਬਣੇ ਪ੍ਰਧਾਨ

**ਸਮਰਾਲਾ, (ਸੁਰਜੀਤ ਸਿੰਘ)** ਪੀਜੀਆਈ ਚੰਡੀਗੜ੍ਹ ਦੇ ਪ੍ਰੋਫੈਸਰ ਸੰਜੈ ਮੁੰਜਾਲ ਨੇ ਅਹਿਮਦਾਬਾਦ ਵਿੱਚ ਹੋਈ ਇੰਡਿਅਨ ਸਪੀਚ ਐਂਡ ਹਿਅਰਿੰਗ ਐਸੋਸੀਏਸ਼ਨ ਦੀ ਰਾਸ਼ਟਰੀ ਕਾਨਫਰੰਸ ਦੌਰਾਨ ਸੰਸਥਾ ਦੇ ਪ੍ਰਧਾਨ ਵਜੋਂ ਜ਼ਿੰਮੇਵਾਰੀ ਸੰਭਾਲੀ, ਜਿਸ ਵਿੱਚ ਦੇਸ਼ ਭਰ ਤੋਂ ਸਪੀਚ-ਲੈਂਗਵੇਜ ਪੈਥੋਲੋਜੀ ਤੇ ਆਡੀਓਲੋਜੀ ਖੇਤਰ ਦੇ ਪ੍ਰਮੁੱਖ ਵਿਦਵਾਨਾਂ, ਪੇਸ਼ੇਵਰਾਂ, ਖੋਜਕਾਰਾਂ ਅਤੇ ਵਿਦਿਆਰਥੀਆਂ ਨੇ ਭਾਗ ਲਿਆ। ਕਾਨਫਰੰਸ ਨੇ ਸੰਚਾਰ ਵਿਗਿਆਨ ਅਤੇ ਸੰਬੰਧਿਤ ਰੋਗਾਂ ਦੇ



ਖੇਤਰ ਵਿੱਚ ਉਭਰ ਰਹੀਆਂ ਰੁਝਾਨਾਂ, ਕਲੀਨੀਕਲ ਨਵੀਂਨਤਾਵਾਂ, ਖੋਜ ਉਪਲਬਧੀਆਂ ਤੇ ਨੀਤੀਗਤ ਦਿਸ਼ਾਵਾਂ 'ਤੇ ਵਿਚਾਰ-ਵਟਾਂਦਰੇ ਲਈ ਰਾਸ਼ਟਰੀ ਮੰਚ ਮੁਹੱਈਆ ਕਰਾਇਆ। ਪ੍ਰੋਫੈਸਰ ਮੁੰਜਾਲ ਇੱਕ ਪ੍ਰਤਿਭਾਸ਼ਾਲੀ ਅਕਾਦਮਿਕ ਅਤੇ ਕਲੀਨੀਸ਼ਨ ਹਨ, ਜਿਨ੍ਹਾਂ ਨੇ ਕਈ ਦਹਾਕਿਆਂ ਦੌਰਾਨ ਆਡੀਓਲੋਜੀ, ਸੁਣਨ ਸਿਹਤ ਸੇਵਾਵਾਂ, ਪੇਸ਼ੇਵਰ ਸਿੱਖਿਆ ਤੇ ਨੀਤੀ ਪੱਖੋਂ ਮਹੱਤਵਪੂਰਨ ਯੋਗਦਾਨ ਦਿੱਤਾ ਹੈ।ਉਹ ਪੀਜੀਆਈ ਚੰਡੀਗੜ੍ਹ ਨਾਲ ਲੰਬੇ ਸਮੇਂ ਤੋਂ ਜੁੜੇ ਹੋਏ ਹਨ ਤੇ ਸੁਣਨ ਤੇ ਸੰਤੁਲਨ ਨਾਲ ਸੰਬੰਧਤ ਰੋਗਾਂ ਦੇ ਖੇਤਰ ਵਿੱਚ ਕਲੀਨੀਕਲ ਸੇਵਾਵਾਂ, ਪੋਸਟਗ੍ਰੈਜੂਏਟ ਤਾਲੀਮ ਤੇ ਅੰਤਰ-ਵਿਭਾਗੀ ਸਹਿਯੋਗ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਅ ਚੁੱਕੇ ਹਨ। ਪ੍ਰਧਾਨ ਵਜੋਂ ਜ਼ਿੰਮੇਵਾਰੀ ਸੰਭਾਲਦਿਆਂ ਪ੍ਰੋ. ਮੁੰਜਾਲ ਨੇ ਪੇਸ਼ੇਵਰ ਮਿਆਰ ਮਜ਼ਬੂਤ ਕਰਨ, ਸਪੀਚ ਤੇ ਹਿਅਰਿੰਗ ਸੇਵਾਵਾਂ ਤੱਕ ਸਮਾਨ ਪਹੁੰਚ ਵਧਾਉਣ, ਸਬੂਤ-ਆਧਾਰਿਤ ਅਭਿਆਸ ਨੂੰ ਉਤਸ਼ਾਹਤ ਕਰਨ ਅਤੇ ਰਾਸ਼ਟਰੀ ਤੇ ਅੰਤਰਰਾਸ਼ਟਰੀ ਸਹਿਯੋਗ ਵਧਾਉਣ ਦੀ ਲੋੜ 'ਤੇ ਜ਼ੋਰ ਦਿੱਤਾ।ਉਨ੍ਹਾਂ ਸੰਚਾਰ ਪ੍ਰੇਸ਼ਾਨੀਆਂ ਵਾਲੇ ਵਿਅਕਤੀਆਂ ਲਈ ਵਕਾਲਤ ਦੀ ਮਹੱਤਤਾ ਤੇ ਸਮਾਵੇਸ਼ੀ ਸਿਹਤ ਤੇ ਸਿੱਖਿਆ ਨੀਤੀਆਂ ਬਣਾਉਣ ਵਿੱਚ ਸੰਸਥਾ ਦੀ ਭੂਮਿਕਾ ਨੂੰ ਵੀ ਉਜਾਗਰ ਕੀਤਾ।

# ਕੇਂਦਰੀ ਬਜਟ ਦੇਸ਼ ਨੂੰ ਆਰਥਿਕ ਮਜ਼ਬੂਤੀ ਦੇਣ ਵਾਲਾ : ਦਿਓਲ



**ਸੰਗਾਲਾ (ਰਣਜੀਤ ਸਿੰਘ ਪੇਧਨੀ)**- ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ 'ਚ ਭਾਰਤ ਲਗਾਤਾਰ ਆਰਥਿਕ ਤੌਰ 'ਤੇ ਮਜ਼ਬੂਤ ਹੋ ਰਿਹਾ ਹੈ । ਦੇਸ਼ 7% ਦੀ ਵਿਕਾਸ ਦਰ ਨਾਲ ਅੱਗੇ ਵਧ ਰਿਹਾ ਹੈ। ਇਹ ਪ੍ਰਗਟਾਵਾ ਬੀ ਜੇ ਪੀ ਦੇ ਧੂਰੀ ਤੋਂ ਹਲਕਾ ਇੰਚਾਰਜ ਰਣਦੀਪ ਸਿੰਘ ਦਿਓਲ ਨੇ ਕੀਤਾ। ਉਨਾ ਕਿਹਾ ਕਿ ਬਜਟ ਜਿੱਥੇ ਹਰ ਭਾਰਤੀ ਨੂੰ ਮੁਢਲੀਆਂ ਜਰੂਰਤਾਂ ਦੀ ਪੂਰਤੀ 'ਚ ਸਹਾਈ ਹੋਣ ਵਾਲਾ ਹੈ ਉਥੇ ਹੀ ਦੇਸ਼ ਨੂੰ ਵੀ ਆਰਥਿਕ ਤੌਰ 'ਤੇ ਮਜਬੂਤ ਕਰਨ ਵਾਲਾ ਹੈ । ਇਸ ਤੋਂ ਇਲਾਵਾ ਅੰਤਰਰਾਸ਼ਟਰੀ ਪੱਧਰ 'ਤੇ ਵੀ ਭਾਰਤ ਨਵੇਂ ਮੁਕਾਮ ਹਾਸਿਲ ਕਰੇਗਾ।

## ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਪੰਜਾਬ ਵੱਲੋਂ ਸੂਬਾ ਪੱਧਰੀ ਮੀਟਿੰਗ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੀ ਮੀਟਿੰਗ ਪਵਿੱਤਰ ਨਗਰੀ ਖਡੂਰ ਸਾਹਿਬ ਭਾਈ ਜੋਧ ਹਾਲ ਵਿਚ ਹੋਈ।ਇਸ ਮੀਟਿੰਗ ਦੀ ਪ੍ਰਧਾਨਗੀ ਬਾਬਾ ਮੋਹਿੰਦਰ ਸਿੰਘ ਵੇਈਂਪੂਈਂ ਨੇ ਕੀਤੀ।ਇਸ ਮੀਟਿੰਗ ਵਿੱਚ ਜਥੇਬੰਦੀ ਦੇ ਕੋਰ ਕਮੇਟੀ ਅਤੇ ਸੂਬਾ ਕਮੇਟੀ ਅਤੇ ਇਕਾਈ ਪ੍ਰਧਾਨਾ ਨੇ ਹਿੱਸਾ ਲਿਆ।



ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਸੂਬਾ ਪ੍ਰਧਾਨ ਹਰਜਿੰਦਰ ਸਿੰਘ ਟਾਂਡਾ ਪੁਹੰਚੇ ਅਤੇ ਟਾਂਡਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਅੱਜ ਦੀ ਮੀਟਿੰਗ ਪਿਛਲੇ ਚੱਲ ਰਹੇ ਸੰਘਰਸ਼ਾਂ ਦਾ ਵਿਸਥਾਰ ਜਿਵੇਂ ਕਿ 16 ਮਾਰਚ ਦੇ ਡੀਸੀ ਦਫ਼ਤਰ ਧਰਨੇ ਅਤੇ 26 ਮਾਰਚ ਨੂੰ ਟਰੈਕਟਰ ਮਾਰਚ ਦੀ ਸਮੀਖਿਆ ਕੀਤੀ ।ਟਾਂਡਾ ਨੇ ਅੱਗੇ ਬੋਲਦਿਆਂ ਕਿਹਾ ਕੇ ਏਨਾ ਸੰਘਰਸ਼ਾਂ ਦੀ ਬਦੌਲਤ ਬਿਜਲੀ ਐਕਟ 2025 ਅਤੇ ਬਿਜਲੀ ਬੀਜ ਐਕਟ 2025 ਨੂੰ ਕੇਂਦਰ ਦੀ ਸਰਕਾਰ ਪਾਰਲੀਮੈਂਟ ਵਿੱਚ ਪੇਸ਼ ਨਹੀਂ ਕਰ ਸਕੀ ਇਹ ਸੰਯੁਕਤ ਕਿਸਾਨ ਮੋਰਚੇ ਦੀ ਵੱਡੀ ਜਿੱਤ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮਸਲਿਆਂ 'ਤੇ ਵੀ ਐੱਸਕੇਐੱਮ ਪੰਜਾਬ ਵੱਡਾ ਸੰਘਰਸ਼ ਸ਼ੁਰੂ ਕਰਨ ਜਾ ਰਿਹਾ ਹੈ ਜਿਸ ਵਿੱਚ ਪੰਜਾਬ ਦੇ ਦਰਿਆਈ ਪਾਣੀ ਦੀ ਮਾਲਕੀ ਰਿਪੇਰੀਅਨ ਸਿਧਾਂਤ ਮੁਤਾਬਕ ਬਹਾਲ ਕਰਾਉਣੀ ਅਤੇ ਡੈਮ ਸੇਫਟੀ ਐਕਟ, ਪੰਜਾਬ ਯੂਨੀਵਰਸਿਟੀ ਇਨ੍ਹਾਂ ਸਾਰੇ ਮਸਲਿਆ ਉਤੇ ਮੋਰਚਾ ਸ਼ੁਰੂ ਕਰਨ ਦੀ ਕੜੀ ਵਜੋਂ 6 ਫਰਵਰੀ ਨੂੰ ਸ਼੍ਰੀ ਦਰਬਾਰ ਸਾਹਿਬ ਅਕਾਲ ਤਖ਼ਤ ਅੰਮ੍ਰਿਤਸਰ ਸਾਹਿਬ ਵਿਖੇ ਅਰਦਾਸ ਕੀਤੀ ਜਾਵੇਗੀ।ਟਾਂਡਾ ਨੇ ਬੋਲਦਿਆਂ ਕਿਹਾ ਕੇ ਹੜ੍ਹਾਂ ਦੀ ਮਾਰ ਕਾਰਨ ਹੋਏ ਨੁਕਸਾਨ ਦਾ ਅਜੇ ਤੱਕ ਸਰਕਾਰ ਨੇ ਕੋਈ ਮੁਆਵਜ਼ਾ ਨਹੀਂ ਦਿੱਤਾ। ਅਸੀਂ ਮੰਗ ਕਰਦੇ ਹਾਂ ਕੇ ਕਿਸਾਨਾਂ ਨੂੰ ਪ੍ਰਤੀ ਏਕੜ 70 ਹਜ਼ਾਰ ਰੁਪਏ ਮੁਆਵਜ਼ਾ ਦਿੱਤਾ ਜਾਵੇ ਅਤੇ ਬਾਕੀ ਸਾਮਾਨ ਦੀ ਭਰਪਾਈ ਕੀਤੀ ਜਾਵੇ ਅਤੇ ਤਾਰ ਤੋਂ ਪਾਰ ਬਾਰਡਰ ਦੇ ਕਿਸਾਨਾਂ ਨੂੰ ਪ੍ਰਤੀ ਏਕੜ 30 ਹਜ਼ਾਰ ਮੁਆਵਜ਼ਾ ਦਿੱਤਾ ਜਾਵੇ ਜੋ ਪਿਛਲੇ ਸਮੇਂ ਤੋਂ 10 ਹਜ਼ਾਰ ਰੁਪਏ ਮਿਲਦਾ ਹੈ ਉਹ ਬਹੁਤ ਘੱਟ ਹੈ। ਅਸੀਂ ਭਗਵੰਤ ਮਾਨ ਦੀ ਸਰਕਾਰ ਨੂੰ ਤਾੜਨਾ ਕਰਦੇ ਹਾਂ ਕੇ ਜਿਵੇਂ ਸਰਕਾਰੀ ਜ਼ਮੀਨਾਂ ਜਿਸ ਵਿੱਚ ਬਿਜਲੀ ਬੋਰਡ, ਖੰਡ ਮਿੱਲਾਂ ਦੀਆਂ ਜ਼ਮੀਨਾਂ ਵੇਚ ਰਹੀ ਹੈ ਉਸ ਨੂੰ ਬੰਦ ਕਰੇ ਅਤੇ ਪੰਜਾਬ ਦੇ ਵਿਗੜੇ ਹੋਏ ਹਾਲਾਤ 'ਤੇ ਕਾਬੂ ਪਾਵੇ।ਇਸ ਮੌਕੇ ਹਰਜੀਤ ਸਿੰਘ ਝੀਤੇ, ਦਲਬੀਰ ਸਿੰਘ ਵੇਦਾਦਪੁਰ, ਸੁਖਵਿੰਦਰ ਸਿੰਘ ਕਨੇਡੀ, ਪਰਮਜੀਤ ਸਿੰਘ ਖਡੂਰ ਸਾਹਿਬ, ਨਿਰਵੈਲ ਸਿੰਘ ਸਰਪੰਚ, ਰਤਨ ਸਿੰਘ ਢੰਡ, ਜਸਬੀਰ ਸਿੰਘ ਕੋਟਲੀ, ਦਿਲਬਾਗ ਸਿੰਘ ਬਾਣੀਆਂ, ਰਸ਼ਪਾਲ ਸਿੰਘ ਭੈਲ, ਭੁਪਿੰਦਰ ਸਿੰਘ ਰਾਜੇਵਾਲ, ਰਾਜਬੀਰ ਕੰਬੋਜ, ਡਾ. ਗੁਰਦੇਵ ਸਿੰਘ ਬੁਤਾਲਾ, ਭੁਪਿੰਦਰ ਸਿੰਘ ਝੰਡੇਰ, ਮਨਜਿੰਦਰ ਸਿੰਘ ਨਾਗੋਕੇ, ਜੱਸਾ ਸਿੰਘ ਕੱਦਗਿੱਲ, ਗੋਪੀ ਬਾਬਾ ਬਕਾਲਾ, ਪ੍ਰਤਾਪ ਸਿੰਘ ਗੋਇੰਦਵਾਲ ਸਾਹਿਬ, ਜਗੀਰ ਸਿੰਘ ਸੰਗਰ, ਰਸ਼ਪਾਲ ਸਿੰਘ ਬਘਿਆੜੀ, ਕੇਹਰ ਸਿੰਘ ਮੁਗਲਚਕ, ਵਰਿਆਮ ਸਿੰਘ ਮੱਲ੍ਹਾ, ਹਰਪਾਲ ਸਿੰਘ ਠੱਠਗੜ੍ਹ, ਲਖਬੀਰ ਸਿੰਘ ਜਮਸਤਪੁਰ, ਦਿਲਬਾਗ ਸਿੰਘ ਤਖ਼ਤੂਚੱਕ, ਸਰਦਾਰਾ ਸਿੰਘ ਦੁੱਗਲਵਾਲ ਆਦਿ ਹਾਜ਼ਰ ਸਨ।

## ਪ੍ਰਸ਼ਾਸਨ ਨੇ ਚੀਨੀ ਡੋਰ ਦੀ ਵਰਤੋਂ ਤੇ ਭੰਡਾਰ ਉੱਤੇ ਲਗਾਈ ਪਾਬੰਦੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਜ਼ਿਲਾ ਪ੍ਰਸ਼ਾਸਨ ਨੇ ਨਾਈਲੋਨ, ਪਲਾਸਟਿਕ ਜਾਂ ਕਿਸੇ ਹੋਰ ਸਿੰਥੈਟਿਕ ਸਮੱਗਰੀ ਤੋਂ ਬਣੇ ਪਤੰਗ ਉਡਾਉਣ ਵਾਲੇ ਧਾਗੇ ਦੀ ਦਰਾਮਦ ਅਤੇ ਵਰਤੋਂ ਜਿਸ ਨੂੰ ਚੀਨੀ ਡੋਰ ਵਜੋਂ ਜਾਣਿਆ ਜਾਂਦਾ ਹੈ, ਦੀ ਵਰਤੋਂ ਅਤੇ ਭੰਡਾਰ ਉੱਤੇ ਪਾਬੰਦੀ ਲਗਾ ਦਿੱਤੀ ਹੈ।ਵਧੀਕ ਜ਼ਿਲ੍ਹਾ ਮਜਿਸਟਰੇਟ ਰੋਹਿਤ ਗੁਪਤਾ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸਿੰਥੈਟਿਕ ਪਤੰਗ ਉਡਾਉਣ ਵਾਲਾ ਧਾਗਾ ਜੋ ਗੈਰ-ਬਾਇਓਡੀਗ੍ਰੇਡੇਬਲ ਹੋਵੇ ਜਾਂ ਸ਼ੀਸ਼ੇ, ਧਾਤ ਆਦਿ ਦੀ ਵਰਤੋਂ ਕਰਕੇ ਤਿੱਖਾ ਬਣਾਇਆ ਹੋਵੇ, ਦੇ ਨਿਰਮਾਣ, ਵਿਕਰੀ, ਸਟੋਰੇਜ, ਖਰੀਦ, ਸਪਲਾਈ, ਆਵਾਜਾਈ ਤੇ ਪੂਰਨ ਪਾਬੰਦੀ ਹੋਵੇਗੀ।ਉਨ੍ਹਾਂ ਸਪੱਸ਼ਟ ਕੀਤਾ ਕਿ ਪਤੰਗ ਉਡਾਉਣ ਦੀ ਇਜਾਜ਼ਤ ਸਿਰਫ਼ ਸੂਤੀ ਧਾਗੇ ਨਾਲ ਹੀ ਹੋਵੇਗੀ ਜੋ ਕਿਸੇ ਵੀ ਤਿੱਖੇ/ਧਾਤੂ ਸ਼ੀਸ਼ੇ ਦੇ ਹਿੱਸੇ/ਚਿਪਕਣ ਵਾਲੇ/ਧਾਗੇ ਨੂੰ ਮਜ਼ਬੂਤ ਕਰਨ ਵਾਲੀ ਸਮੱਗਰੀ ਤੋਂ ਮੁਕਤ ਹੋਵੇ।ਉਨ੍ਹਾਂ ਦੱਸਿਆ ਕਿ ਆਪਣੇ ਹੁਕਮਾਂ ਵਿੱਚ ਉਪ ਮੰਡਲ ਮੈਜਿਸਟਰੇਟ ਅਤੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਐਲੀਮੈਂਟਰੀ ਅਤੇ ਸੈਕੰਡਰੀ ਨੂੰ ਆਦੇਸ਼ ਦਿੱਤੇ ਹਨ ਕਿ ਆਪਣੇ ਆਪਣੇ ਅਧਿਕਾਰ ਖੇਤਰਾਂ ਵਿੱਚ ਜਨਤਕ ਜਾਗਰੂਕਤਾ ਮੁਹਿੰਮ ਚਲਾਉਣ ਤਾਂ ਜੋ ਨਾਗਰਿਕਾਂ, ਖਾਸ ਤੌਰ ਤੇ ਬੱਚਿਆਂ ਨੂੰ ਪਲਾਸਟਿਕ, ਨਾਇਲਨ ਜਾਂ ਇਸ ਤਰ੍ਹਾਂ ਦੇ ਸੰਥੈਟਿਕ ਪਦਾਰਥਾਂ ਤੋਂ ਬਣੇ ਧਾਗੇ/ਮਾਂਜਾ ਜਾਂ ਜਿਸ ਵਿੱਚ ਚੀਨੀ ਧਾਗਾ ਜਾਂ ਪਤੰਗ ਉਡਾਉਣ ਲਈ, ਕਿਸੇ ਹੋਰ ਧਾਗੇ ਨਾਲ ਲੇਪ ਵਾਲੇ ਕੱਚ, ਧਾਤੂ ਦੇ ਹਿੱਸਿਆਂ ਦੀ ਵਰਤੋਂ ਦੇ ਖਤਰਿਆਂ ਬਾਰੇ ਜਾਗਰੂਕ ਕੀਤਾ ਜਾ ਸਕੇ।ਉਨਾਂ ਕਿਹਾ ਕਿ ਪਤੰਗ ਉਡਾਉਣ ਦੌਰਾਨ ਲੋਕਾਂ ਅਤੇ ਪੰਛੀਆਂ ਨੂੰ ਪਲਾਸਟਿਕ, ਨਾਈਲੋਨ ਜਾਂ ਇਸ ਤਰ੍ਹਾਂ ਦੀ ਸਿੰਥੈਟਿਕ ਸਮੱਗਰੀ ਤੋਂ ਬਣੇ ਧਾਗੇ ਨਾਲ ਬਹੁਤ ਜ਼ਿਆਦਾ ਸੱਟਾਂ ਲੱਗਦੀਆਂ ਹਨ।ਬਹੁਤ ਸਾਰੇ ਪੰਛੀਆਂ ਦੀ ਮੌਤ ਦਾ ਕਾਰਨ ਬਣਦਾ ਹੈ, ਇਸ ਲਈ ਲੋਕਾਂ ਨੂੰ ਇਸਦੇ ਘਾਤਕ ਪ੍ਰਭਾਵਾਂ ਤੋਂ ਬਚਾਉਣਾ ਜ਼ਰੂਰੀ ਹੈ।ਮਾਮਲੇ ਦੀ ਤਤਕਾਲਤਾ ਨੂੰ ਧਿਆਨ ਵਿੱਚ ਰੱਖਦੇ ਹੋਏ, ਇਹ ਹੁਕਮ ਇੱਕਤਰਫਾ ਪਾਸ ਕੀਤਾ ਗਿਆ ਅਤੇ ਇਹ 9 ਅਪ੍ਰੈਲ 2026 ਤੱਕ ਲਾਗੂ ਰਹੇਗਾ।

## ਮੁੱਖ ਮੰਤਰੀ ਮਾਨ ਨੇ ਪੰਜਾਬੀਆਂ ਨਾਲ ਕੀਤਾ ਹਰ ਵਾਅਦਾ ਤੋੜ ਨਿਭਾਇਆ: ਸੰਧੂ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਆਮ ਆਦਮੀ ਪਾਰਟੀ (ਆਪ) ਨੇ ਪੰਜਾਬ ਵਿੱਚ ਮੁਫ਼ਤ ਸਿਹਤ ਸੰਭਾਲ ਦੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ।ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੱਛਮੀ ਦੇ ਪਿੰਡ ਗੁਮਾਨਪੁਰ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਕਰਨ ਲਈ ਲਗਾਏ ਗਏ ਕੈਂਪ ਵਿੱਚ ਪਹੁੰਚੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਕਿਹਾ ਕਿ ਇਸ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ।ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਹੁਣ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ ਜਿਸ ਨੇ ਔਰਤਾਂ ਲਈ ਮੁਫ਼ਤ ਸਿਹਤ ਸੰਭਾਲ, ਮੁਫ਼ਤ ਸਿੱਖਿਆ, ਮੁਫ਼ਤ ਬਿਜਲੀ ਅਤੇ ਮੁਫ਼ਤ ਬੱਸ ਯਾਤਰਾ ਦੀ ਗਰੰਟੀ ਦਿੱਤੀ ਹੈ।ਚੋਣਾਂ ਤੋਂ ਪਹਿਲਾਂ ਦਿੱਤੀਆਂ ਗਾਰੰਟੀਆਂ ਵਿੱਚੋਂ ਇੱਕ ਸਿਹਤ ਗਾਰੰਟੀ ਸੀ ਕਿ ਪੰਜਾਬ ਦੇ ਹਰ ਵਿਅਕਤੀ ਅਤੇ ਹਰ ਨਾਗਰਿਕ ਲਈ ਮੁਫ਼ਤ ਅਤੇ ਮਿਆਰੀ ਸਿਹਤ ਸੰਭਾਲ ਪ੍ਰਦਾਨ ਕੀਤੀ ਜਾਵੇਗੀ।ਉਨ੍ਹਾਂ ਨੇ ਦੱਸਿਆ ਕਿ ਪਿਛਲੇ ਚਾਰ ਸਾਲਾਂ ਵਿੱਚ ਸਰਕਾਰ ਨੇ ਪਿੰਡਾਂ ਅਤੇ ਮੁਹੱਲਿਆਂ ਵਿੱਚ ਲਗਭਗ 1,000 ਮੁਹੱਲਾ ਕਲੀਨਿਕ ਬਣਾਏ ਹਨ। ਪਿਛਲੇ 75 ਸਾਲਾਂ ਵਿੱਚ, ਸਾਰੀਆਂ ਸਰਕਾਰਾਂ ਨੇ ਮਿਲ ਕੇ ਸਿਰਫ਼ 400 ਪ੍ਰਾਇਮਰੀ ਹੈਲਥ ਸੈਂਟਰ ਖੋਲ੍ਹੇ ਹਨ, ਜਦੋਂ ਕਿ ਮੌਜੂਦਾ ਸਰਕਾਰ ਨੇ ਸਿਰਫ਼ ਚਾਰ ਸਾਲਾਂ ਵਿੱਚ 1,000 ਮੁਹੱਲਾ ਕਲੀਨਿਕ ਬਣਾਏ ਹਨ ਅਤੇ ਹੋਰ 500 ਨਿਰਮਾਣ ਅਧੀਨ ਹਨ।ਵਿਧਾਇਕ ਡਾ. ਸੰਧੂ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਵੱਡੀਆਂ ਅਤੇ ਛੋਟੀਆਂ ਬਿਮਾਰੀਆਂ ਲਈ 10 ਲੱਖ ਰੁਪਏ ਤੱਕ ਦੀਆਂ ਸਾਰੀਆਂ ਦਵਾਈਆਂ ਅਤੇ ਟੈਸਟ ਮੁਫ਼ਤ



ਹੋਣਗੇ।ਜਿਵੇਂ ਹੀ ਮਰੀਜ਼ ਹਸਪਤਾਲ ਵਿੱਚ ਦਾਖਲ ਹੁੰਦਾ ਹੈ, ਸਭ ਕੁਝ ਮੁਫ਼ਤ ਹੋਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਲਗਭਗ 65 ਲੱਖ ਪਰਿਵਾਰ ਹਨ, ਜਿਨ੍ਹਾਂ ਵਿੱਚ ਅਮੀਰ ਅਤੇ ਗਰੀਬ, ਹਿੰਦੂ, ਮੁਸਲਮਾਨ, ਸਿੱਖ, ਈਸਾਈ ਅਤੇ ਸਾਰੇ ਧਰਮਾਂ ਅਤੇ ਜਾਤਾਂ ਦੇ ਲੋਕ ਸ਼ਾਮਲ ਹਨ।ਕਿਸੇ ਨੂੰ ਵੀ ਇਸ ਤੋਂ ਬਾਹਰ ਨਹੀਂ ਰੱਖਿਆ ਗਿਆ।ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਦੱਸਿਆ ਕਿ ਇਹ ਕਾਰਡ ਸਾਰਿਆਂ ਲਈ ਹੈ ਅਤੇ 65 ਲੱਖ ਪਰਿਵਾਰਾਂ ਨੂੰ ਸਿੱਧਾ ਲਾਭ ਹੋਵੇਗਾ।ਸੂਬੇ ਦੇ ਸਾਰੇ 65 ਲੱਖ ਪਰਿਵਾਰਾਂ (ਕੁੱਲ ਤਿੰਨ ਕਰੋੜ ਨਾਗਰਿਕਾਂ) ਨੂੰ ਸਿਹਤ ਕਾਰਡ ਜਾਰੀ ਕੀਤੇ ਜਾਣਗੇ।ਇਹ ਪਹਿਲੀ ਵਾਰ ਹੈ ਕਿ ਇਸ ਯੋਜਨਾ ਲਈ ਕੋਈ ਆਮਦਨ ਸੀਮਾ ਨਿਰਧਾਰਤ ਨਹੀਂ ਕੀਤੀ ਗਈ ਹੈ ਅਤੇ ਇਸ ਯੋਜਨਾ ਦੀ ਸ਼ੁਰੂਆਤ ਨਾਲ ਪੰਜਾਬ ਨੇ ਦੇਸ਼ ਦੇ ਸਾਹਮਣੇ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ।ਉਨ੍ਹਾਂ ਆਪਣੇ ਹਲਕੇ ਦੇ ਸਮੂਹ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਲੈਣ ਲਈ ਆਪਣਾ ਨਾਮ ਜ਼ਰੂਰ ਰਜਿਸਟਰ ਕਰਵਾਉਣ।

## ਨਿਕਾਸੀ ਨਾਲੇ ਦੀ ਸਾਫ-ਸਫ਼ਾਈ ਦਾ ਕੰਮ ਜਾਰੀ: ਸਰਪੰਚ ਬਿਆਸ

ਬਿਆਸ (ਪਰਮਜੀਤ ਸਿੰਘ ਰੱਖੜਾ)-ਅੰਮ੍ਰਿਤਸਰ ਜਲੰਧਰ ਮੁੱਖ ਮਾਰਗ 'ਤੇ ਸਥਿਤ ਕਸਬਾ ਬਿਆਸ ਦੀ ਸੰਪਰਕ ਸੜਕ ਦੇ ਨਾਲ ਬਣੇ ਨਿਕਾਸੀ ਨਾਲੇ ਦਾ ਪਾਣੀ ਪਿਛਲੇ ਕੁਝ ਦਿਨਾਂ ਤੋਂ ਓਵਰਫਲੋ ਹੋਣ ਕਾਰਨ ਸਥਾਨਕ ਲੋਕਾਂ ਨੂੰ ਮੁਸ਼ਕਿਲ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਜਿਸ ਨੂੰ ਦੇਖਦੇ



ਗ੍ਰਾਮ ਪੰਚਾਇਤ ਬਿਆਸ ਦੁਆਰਾ ਸਰਪੰਚ ਸੁਰਿੰਦਰਪਾਲ ਸਿੰਘ ਲੱਡੂ ਦੀ ਅਗਵਾਈ ਹੇਠ ਨਿਕਾਸੀ ਨਾਲੇ ਦੀ ਸਫਾਈ ਦਾ ਕੰਮ ਕਰਵਾਇਆ ਜਾ ਰਿਹਾ ਹੈ। ਇਸ ਬਾਰੇ ਗੱਲਬਾਤ ਕਰਦਿਆਂ ਸਰਪੰਚ ਸੁਰਿੰਦਰਪਾਲ ਸਿੰਘ ਲੱਡੂ ਨੇ ਕਿਹਾ ਕਿ ਨੈਸ਼ਨਲ ਹਾਈਵੇ ਦੀ ਸੰਪਰਕ ਸੜਕ ਦੇ ਕਿਨਾਰੇ ਨਾਲ ਬਣੇ ਨਿਕਾਸੀ ਨਾਲੇ ਦਾ ਪਾਣੀ ਓਵਰਫਲੋ ਹੋਣ ਕਰਕੇ ਸੜਕ ਤੇ ਆ ਰਿਹਾ ਸੀ। ਜਿਸ ਨੂੰ ਲੈਕੇ ਸਫਾਈ ਜੇਸੀਬੀ ਅਤੇ ਟਰੈਕਟਰ ਟਰਾਲੀ ਲਗਾ ਕੇ ਕਰਵਾਈ ਜਾ ਰਹੀ ਹੈ।ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਸਫਾਈ ਕਰਮਚਾਰੀਆਂ ਦੁਆਰਾ ਸੜਕਾਂ ਦੇ ਕਿਨਾਰੇ ਤੋਂ ਪਲਾਸਟਿਕ ਅਤੇ ਹੋਰ ਗੰਦਗੀ ਨੂੰ ਹਟਾ ਕੇ ਸਾਫ ਸਫਾਈ ਕੀਤੀ ਜਾ ਰਹੀ ਹੈ ਜੋ ਜਲਦੀ ਮੁਕੰਮਲ ਕੀਤੀ ਜਾਵੇਗੀ।

## ਭਾਰਤ 'ਚ ਹਰ ਸਾਲ ਕੈਂਸਰ ਦੇ 15.6 ਲੱਖ ਨਵੇਂ ਮਾਮਲੇ ਆਉਂਦੇ ਨੇ ਸਾਹਮਣੇ, 8.7 ਲੱਖ ਲੋਕਾਂ ਦੀ ਹੋ ਜਾਂਦੀ ਹੈ ਮੌਤ : ਡਾ. ਸੰਦੀਪ ਕੁੱਕੜ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਵਿਸ਼ਵ ਕੈਂਸਰ ਦਿਵਸ ਦੀ ਪੂਰਵ ਸੰਧਿਆ 'ਤੇ 25 ਰਾਈਡਰਾਂ ਨੇ ਬਾਈਕਾਥੌਨ 'ਚ ਹਿੱਸਾ ਲਿਆ।ਇਸ ਬਾਈਕ ਥੌਨ ਦਾ ਆਯੋਜਨ ਪਾਰਕ ਹਸਪਤਾਲ ਵੱਲੋਂ ਬਾਈਕਿੰਗ ਕਮਿਊਨਿਟੀ, ਫ੍ਰੈਂਡ ਬ੍ਰੱਸ਼ਲ ਨੇਸ਼ਨ ਗਰੁੱਪ ਦੇ ਸਹਿਯੋਗ ਨਾਲ ਕੀਤਾ ਗਿਆ ਸੀ ਤਾਂ ਜੋ ਕੈਂਸਰ ਬਾਰੇ ਜਾਗਰੂਕਤਾ ਫੈਲਾਈ ਜਾ ਸਕੇ।ਇਸ ਮੌਕੇ ਦੌਰਾਨ ਪਾਰਕ ਹਸਪਤਾਲ ਦੀ ਟੀਮ, ਡਾਇਰੈਕਟਰ ਮੈਡੀਕਲ ਓਂਕੋਲੋਜੀ ਡਾ. ਸੰਦੀਪ ਕੁੱਕੜ ਅਤੇ ਡਾ. ਹਰਿੰਦਰਪਾਲ ਸਿੰਘ, ਸੀਨੀਅਰ ਕੰਸਲਟੈਂਟ-ਸਰਜੀਕਲ ਓਂਕੋਲੋਜੀ ਡਾ. ਵਿਜੇ ਜਾਗੜ, ਕੰਸਲਟੈਂਟ-ਰੇਡੀਏਸ਼ਨ ਓਂਕੋਲੋਜੀ ਡਾ. ਜੋਬਨਜੀਤ ਕੌਰ ਅਤੇ ਡਾ. ਅਰਨਵ ਤਿਵਾੜੀ ਅਤੇ ਕੰਸਲਟੈਂਟ-ਨਿਊਕਲੀਅਰ ਮੈਡੀਸਨ ਡਾ. ਆਸ਼ੀਸ਼ ਕਾਮਰਾ ਨੇ ਕੈਂਸਰ ਦੇ ਵਧ ਰਹੇ ਰੁਝਾਨਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਡਾਇਰੈਕਟਰ ਮੈਡੀਕਲ ਓਂਕੋਲੋਜੀ ਡਾ. ਸੰਦੀਪ ਕੁੱਕੜ ਨੇ ਕਿਹਾ ਕਿ ਭਾਰਤ 'ਚ 30 ਲੱਖ ਲੋਕ ਕੈਂਸਰ ਨਾਲ ਪੀੜਤ ਹਨ ਅਤੇ ਹਰ ਸਾਲ 15.6 ਲੱਖ ਨਵੇਂ ਮਾਮਲੇ ਸਾਹਮਣੇ ਆਉਂਦੇ ਹਨ ਅਤੇ ਕੈਂਸਰ ਨਾਲ 8.7 ਲੱਖ ਲੋਕਾਂ ਦੀ ਮੌਤ ਹੋ ਜਾਂਦੀ ਹੈ।ਕੁਝ ਦਹਾਕੇ ਪਹਿਲਾਂ, ਛਾਤੀ ਦਾ ਕੈਂਸਰ ਸਿਰਫ ਪੰਜਾਹ ਸਾਲ ਦੀ ਉਮਰ ਤੋਂ ਬਾਅਦ ਵੇਖਿਆ ਜਾਂਦਾ ਸੀ।ਹੁਣ ਛਾਤੀ ਦਾ ਕੈਂਸਰ ਛੋਟੀ ਉਮਰ ਵਿੱਚ ਵਧੇਰੇ ਆਮ ਹੈ ਅਤੇ 70 ਤੋਂ ਵੱਧ ਕੇਸ ਉਨਤ ਪੜਾਅ ਵਿੱਚ ਹੁੰਦੇ ਹਨ।ਡਾਇਰੈਕਟਰ-ਮੈਡੀਕਲ



ਓਂਕੋਲੋਜੀ ਡਾ. ਹਰਿੰਦਰਪਾਲ ਸਿੰਘ ਨੇ ਕਿਹਾ ਕਿ ਜੀਵਨ ਸ਼ੈਲੀ ਵਿੱਚ ਤਬਦੀਲੀਆਂ ਨਾਲ ਇੱਕ ਤਿਹਾਈ ਕੈਂਸਰ ਨੂੰ ਰੋਕਿਆ ਜਾ ਸਕਦਾ ਹੈ।ਉਨ੍ਹਾਂ ਦੱਸਿਆ ਕਿ ਸ਼ੁਰੂਆਤੀ ਪੜਾਅ 'ਤੇ ਛਾਤੀ ਦੇ ਕੈਂਸਰ ਦੇ ਮਾਮਲਿਆਂ ਨੂੰ ਘਟਾਉਣ ਲਈ ਛਾਤੀ ਦੀ ਸਵੈ-ਜਾਂਚ ਅਤੇ ਮੈਮੋਗ੍ਰਾਫੀ ਇੱਕ ਚੰਗੀ ਤਕਨੀਕ ਹੈ ਅਤੇ ਛਾਤੀ ਦੇ ਐਕਸ-ਰੇ ਵਰਗੇ ਸਧਾਰਣ ਟੈਸਟ ਸ਼ੁਰੂਆਤੀ ਪੜਾਅ ਵਿੱਚ ਕੈਂਸਰ ਨੂੰ ਫੜਨ ਵਿੱਚ ਸਹਾਇਤਾ ਕਰ ਸਕਦੇ ਹਨ।ਪਾਰਕ ਹਸਪਤਾਲ ਉੱਤਰੀ ਭਾਰਤ ਦਾ ਸਭ ਤੋਂ ਵੱਡਾ ਸੁਪਰ ਸਪੈਸ਼ਲਿਟੀ ਹਸਪਤਾਲ ਨੈੱਟਵਰਕ ਹੈ ਜਿਸ ਵਿੱਚ 19 ਹਸਪਤਾਲ, 3500 ਬਿਸਤਰੇ, 800 ਆਈਸੀਯੂ ਬਿਸਤਰੇ, 14 ਕੈਥ ਲੈਬਾਂ, 45 ਮਾਡਿਊਲਰ ਓਟੀ ਅਤੇ 1000 ਤੋਂ ਵੱਧ ਡਾਕਟਰਾਂ ਹਨ।ਸੀਨੀਅਰ ਕੰਸਲਟੈਂਟ-ਸਰਜੀਕਲ ਓਂਕੋਲੋਜੀ, ਪਾਰਕ ਹਸਪਤਾਲ ਡਾ. ਵਿਜੇ ਜਾਗੜ ਦੇ ਅਨੁਸਾਰ ਛਾਤੀ ਦਾ ਕੈਂਸਰ ਹੁਣ ਸਰਵਾਈਕਲ ਕੈਂਸਰ ਨੂੰ ਪਛਾੜ ਕੇ ਔਰਤਾਂ ਵਿੱਚ ਸਭ ਤੋਂ ਆਮ ਅਤੇ ਘਾਤਕ ਬਿਮਾਰੀ ਬਣ ਗਿਆ ਹੈ।ਛਾਤੀ ਦਾ ਕੈਂਸਰ ਹਰ ਸਾਲ 2.1 ਮਿਲੀਅਨ ਔਰਤਾਂ ਨੂੰ ਪ੍ਰਭਾਵਤ ਕਰਦਾ ਹੈ ਅਤੇ ਭਾਰਤ ਵਿੱਚ ਹਰ ਸਾਲ 2.20 ਲੱਖ ਨਵੇਂ ਮਾਮਲੇ ਸਾਹਮਣੇ ਆਉਂਦੇ ਹਨ।ਕੰਸਲਟੈਂਟ-ਰੇਡੀਏਸ਼ਨ ਓਂਕੋਲੋਜੀ ਡਾ. ਜੋਬਨਜੀਤ ਕੌਰ ਨੇ ਕਿਹਾ ਕਿ 2020 ਦੇ ਮੁਕਾਬਲੇ 2026 ਤੱਕ ਕੈਂਸਰ ਦੇ ਨਵੇਂ ਮਾਮਲਿਆਂ ਦੀ ਗਿਣਤੀ ਲਗਭਗ 12 ਪ੍ਰਤੀਸ਼ਤ ਤੋਂ 18 ਪ੍ਰਤੀਸ਼ਤ ਵਧਣ ਦੀ ਉਮੀਦ ਹੈ।ਕੰਸਲਟੈਂਟ ਰੇਡੀਏਸ਼ਨ ਓਂਕੋਲੋਜੀ ਡਾ. ਅਰਨਵ ਤਿਵਾੜੀ ਨੇ ਕਿਹਾ ਕਿ ਭਾਰਤ ਵਿੱਚ ਮੂੰਹ ਦੇ ਕੈਂਸਰ ਦਾ ਸਭ ਤੋਂ ਵੱਧ ਪ੍ਰਸਾਰ ਦਰਜ ਕੀਤਾ ਜਾ ਰਿਹਾ ਹੈ ਅਤੇ ਹਰ ਸਾਲ 1.75 ਲੱਖ ਨਵੇਂ ਮਾਮਲੇ ਸਾਹਮਣੇ ਆ ਰਹੇ ਹਨ।ਤੰਬਾਕੂ ਅਤੇ ਗੁਟਖਾ 90 ਤੀਸ਼ਤ ਮੂੰਹ ਦੇ ਕੈਂਸਰ ਦੇ ਮਾਮਲਿਆਂ ਵਿੱਚ ਯੋਗਦਾਨ ਪਾਉਂਦੇ ਹਨ।

## ਗੁਰਦੁਆਰਾ ਛੱਤੀ ਡਿਓਢੀ ਹਰਚੋਵਾਲ ਨੂੰ ਵਾਟਰ ਕੂਲਰ ਭੇਟ


ਧਾਰੀਵਾਲ/ਹਰਚੋਵਾਲ, (ਮਨਦੀਪ ਵਿੱਕੀ)-ਜ਼ਿਲ੍ਹਾ ਗੁਰਦਾਸਪੁਰ ਦੇ ਕਸਬਾ ਹਰਚੋਵਾਲ ਗੁਰਦੁਆਰਾ ਛੱਤੀ ਡਿਓਢੀ ਵਿਖੇ ਸੰਗਤਾਂ ਲਈ ਸਾਫ਼ ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਵਾਟਰ ਕੂਲਰ ਲਗਾਇਆ ਗਿਆ।ਇਹ ਵਾਟਰ ਕੂਲਰ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਤੇ ਸਮਾਜ ਸੇਵੀ ਆਗੂ ਭਾਈ ਗਗਨਦੀਪ ਸਿੰਘ ਰਿਆੜ ਪਰਿਵਾਰ ਵੱਲੋਂ ਆਪਣੇ ਬਜ਼ੁਰਗਾਂ ਦੀ ਯਾਦ ਵਿੱਚ ਲਗਾਇਆ ਗਿਆ ਹੈ।ਭਾਈ ਰਿਆੜ ਨੇ ਕਿਹਾ ਕਿ ਆਉਣ ਵਾਲੇ ਸਮੇਂ ਕਸਬਾ ਹਰਚੋਵਾਲ ਵਿਖੇ ਲੋੜੀਂਦੇ ਸਥਾਨਾਂ ਉੱਪਰ ਹੋਰ ਵਾਟਰ ਕੂਲਰ ਲਗਾਏ ਜਾਣਗੇ ਕਿਉਂਕਿ ਗਰਮੀ ਦੇ ਮੌਸਮ ਦੌਰਾਨ ਇਨ੍ਹਾਂ ਵਾਟਰ ਕੂਲਰ ਤੇ ਪਾਣੀ ਲੈਣ ਵਾਲਿਆਂ ਦੀ ਜ਼ਰੂਰਤ ਵੱਧ ਜਾਂਦੀ ਹੈ।ਇਸ ਲਈ ਆਉਣ ਵਾਲੇ ਸਮੇਂ ਵਿੱਚ ਠੰਡੇ ਸਾਫ ਸੁਥਰਾ ਪਾਣੀ ਮੁਹੱਈਆ ਕਰਾਉਣ ਲਈ ਹੋਰ ਵਾਟਰ ਕੂਲਰ ਲਗਾਏ ਜਾਣਗੇ।ਗਗਨਦੀਪ ਸਿੰਘ ਰਿਆੜ ਨੇ ਕਿਹਾ ਕਿ ਗੁਰਬਾਣੀ ਵਿੱਚ ਦਰਜ ਹੈ ਪਵਣੁ ਗੁਰੂ, ਪਾਣੀ ਪਿਤਾ ਮਾਤਾ ਧਰਤਿ ਮਹਤੁ ਦਾ ਦਰਜਾ ਦਿੱਤਾ ਗਿਆ ਹੈ, ਜੋ ਇਸਦੀ ਪਵਿੱਤਰਤਾ ਅਤੇ ਮਹੱਤਤਾ ਨੂੰ ਦਰਸਾਉਂਦਾ ਹੈ।ਸਾਫ ਸੁਥਰਾ ਪਾਣੀ ਜੀਵਨ ਲਈ ਬਹੁਤ ਜ਼ਰੂਰੀ ਹੈ, ਜੋ ਸਿਹਤਮੰਦ ਰਹਿਣ ਲਈ ਰੋਗਾਣੂਆਂ ਅਤੇ ਰਸਾਇਣਕ ਪਦਾਰਥਾਂ ਤੋਂ ਮੁਕਤ ਹੋਣਾ ਚਾਹੀਦਾ ਹੈ।ਅੱਜਕੱਲ੍ਹ ਪਾਣੀ ਦਾ ਪੱਧਰ ਥੱਲੇ ਜਾਣ ਅਤੇ ਪ੍ਰਦੂਸ਼ਣ ਕਾਰਨ ਇਸ ਨੂੰ ਸੁਰੱਖਿਅਤ ਰੱਖਣਾ ਇੱਕ ਚੁਣੌਤੀ ਹੈ, ਜਿਸ ਲਈ ਪਾਣੀ ਦੀ ਸੰਭਾਲ ਅਤੇ ਇਸ ਦੀ ਸ਼ੁੱਧਤਾ ਵੱਲ ਧਿਆਨ ਦੇਣਾ ਅਤਿ ਜ਼ਰੂਰੀ ਹੈ।ਸਾਫ ਪਾਣੀ ਗੈਸਟਰੋਇੰਟੈਸਟਾਈਨਲ, ਨਿਊਰੋਲੌਜੀਕਲ ਅਤੇ ਹੋਰ ਕਈ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਬਚਾਉਂਦਾ ਹੈ।ਵਾਤਾਵਰਨ ਜੀਵਨ ਦਾ ਮੁੱਢਲਾ ਆਧਾਰ ਹੈ, ਜੋ ਸਾਨੂੰ ਸਾਹ ਲੈਣ ਲਈ ਸ਼ੁੱਧ ਹਵਾ, ਪੀਣ ਲਈ ਪਾਣੀ, ਭੋਜਨ ਅਤੇ ਰਹਿਣ ਲਈ ਥਾਂ ਪ੍ਰਦਾਨ ਕਰਦਾ ਹੈ।ਇਹ ਧਰਤੀ ਤੇ ਜੀਵਨ ਦੇ ਸੰਤੁਲਨ ਨੂੰ ਬਣਾਈ ਰੱਖਣ ਅਤੇ ਸਿਹਤਮੰਦ ਜੀਵਨ ਸ਼ੈਲੀ ਲਈ ਅਤਿ



ਮਹੱਤਵਪੂਰਨ ਹੈ।ਕੁਦਰਤੀ ਸੋਮਿਆਂ ਦੀ ਰਾਖੀ ਅਤੇ ਸਵੱਛ ਵਾਤਾਵਰਨ ਮਨੁੱਖੀ ਹੋਂਦ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੀ ਸੁਰੱਖਿਆ ਲਈ ਲਾਜ਼ਮੀ ਹੈ।ਇਸ ਮੌਕੇ ਗਗਨਦੀਪ ਸਿੰਘ ਰਿਆੜ ਤੋਂ ਇਲਾਵਾ ਪ੍ਰਤਾਪ ਸਿੰਘ ਤਾਂਬਾ, ਸੁਰਿੰਦਰ ਸਿੰਘ ਛਿੰਦਾ, ਸੰਜੀਵ ਕੁਮਾਰ, ਮਹਿਕਦੀਪ ਸਿੰਘ ਰਿਆੜ, ਅਮਨਦੀਪ ਸਿੰਘ ਰਿਆੜ, ਅਮਰੀਕ ਸਿੰਘ ਮੀਕਾ ਹਰਚੋਵਾਲ, ਸੂਬੇਦਾਰ ਬਿਕਰਮਜੀਤ ਸਿੰਘ ਹਰਚੋਵਾਲ, ਮੁਖਵਿੰਦਰ ਸਿੰਘ ਵਡਾਲੀ, ਸੁਖਵਿੰਦਰ ਸਿੰਘ ਚਾਹਲ, ਸੁਖਦੇਵ ਸਿੰਘ ਮੰਗੂ, ਮੁਖਵਿੰਦਰ ਸਿੰਘ ਚਾਹਲ ਆਦਿ ਸੇਵਾਦਾਰ ਹਾਜ਼ਰ ਸਨ।

## ਪਟਨਾ ਸਾਹਿਬ ਲਈ ਦਸਵਾਂ ਜਥਾ ਰਵਾਨਾ


ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸੇਵਾਦਾਰ ਭਗਵੰਤ ਸਿੰਘ ਗੁੱਜਰਪੁਰਾ ਰਿਟਾਇਰ ਬਿਜਲੀ ਬੋਰਡ ਵਾਲਿਆਂ ਦੀ ਅਗਵਾਈ ਹੇਠ ਜਥਾ ਗੁਰਦੁਆਰਾ ਬਾਬਾ ਦੀਪ ਸਿੰਘ ਅਜਨਾਲਾ ਤੋਂ ਧੰਨ-ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਚਰਨਾਂ ਵਿੱਚ



ਅਰਦਾਸ ਬੇਨਤੀ ਕਰਨ ਉਪਰੰਤ ਰਵਾਨਾ ਹੋਇਆ। ਇਹ ਜਥਾ ਹਰ ਸਾਲ ਸ਼੍ਰੀ ਹਜ਼ੂਰ ਸਾਹਿਬ ਦੇ ਦਰਸ਼ਨ ਕਰਨ ਜਾਂਦਾ ਸੀ। ਇਸ ਵਾਰ ਇਹ ਜਥਾ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਜਨਮ ਸਥਾਨ ਪਟਨਾ ਸਾਹਿਬ ਵਿਖੇ ਰਵਾਨਾ ਹੋਇਆ। ਇਹ ਜਥੇ ਦੀ ਸੰਗਤ ਦੀਆਂ ਟਿਕਟਾਂ ਆਉਣ ਜਾਣ ਦੀ ਸੇਵਾ ਅਤੇ ਖਾਣ ਪੀਣ ਦਾ ਖਰਚਾ ਸਰਦਾਰ ਭਗਵੰਤ ਸਿੰਘ ਗੁੱਜਰਪੁਰਾ ਵੱਲੋਂ ਆਪਣੀ ਦਸਵੰਧ ਵਿੱਚੋਂ ਕੀਤਾ ਗਿਆ। ਇਸ ਮੌਕੇ ਇਸ ਜੱਥੇ ਵਿੱਚ ਹੋਰਨਾਂ ਤੋਂ ਇਲਾਵਾ ਅਮਨਦੀਪ ਸਿੰਘ, ਹਰਦੇਵ ਸਿੰਘ, ਜਤਿੰਦਰ ਸਿੰਘ ਗੁੱਜਰਪੁਰਾ, ਕਰਨਬੀਰ ਸਿੰਘ ਗੁੱਜਰਪੁਰਾ ਅਤੇ ਬਾਬਾ ਗੁਰਦੀਪ ਸਿੰਘ ਆਦਿ ਹਾਜ਼ਰ ਸਨ।

## ਐੱਚ ਡੀ ਐੱਫ ਸੀ ਬੈਂਕ ਨੇ 60 ਲੱਖ ਦਾ ਡੈੱਥ ਕਲੇਮ ਦਿੱਤਾ


ਝਬਾਲ, (ਹਰਜਿੰਦਰ ਸਿੰਘ ਸੋਨੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਦੇ ਅਧੀਨ ਚੱਲ ਰਹੇ ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ ਬੀੜ ਸਾਹਿਬ ਪਿੰਡ ਠੱਠਾ (ਤਰਨਤਾਰਨ) ਵਿਖੇ ਫਾਰਮਾ ਸਿਸਟਰ ਬੀਬੀ ਭਿੰਦਰ ਕੌਰ (ਪਤਨੀ



ਭਾਈ ਕਸ਼ਮੀਰ ਸਿੰਘ ਨਿਵਾਸੀ ਛੇਹਰਟਾ ਸਾਹਿਬ) ਡਿਊਟੀ ਨਿਭਾ ਰਹੇ ਸਨ।ਕੁਝ ਸਮਾਂ ਪਹਿਲਾਂ ਡਿਊਟੀ ਤੋਂ ਵਾਪਸ ਜਾਂਦਿਆਂ ਰਸਤੇ ਵਿੱਚ ਐਕਸੀਡੈਂਟ ਹੋਣ ਕਾਰਨ ਅਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦਾ ਐੱਚਡੀਐੱਫਸੀ ਬੈਂਕ ਵਿੱਚ ਤਨਖਾਹ ਦਾ ਖਾਤਾ ਹੋਣ ਕਾਰਨ ਉਨ੍ਹਾਂ ਦੇ ਪਰਿਵਾਰ ਨੂੰ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਦੇ ਮੈਨੇਜਰ ਧਰਵਿੰਦਰ ਸਿੰਘ ਮਾਨੋਚਾਹਲ ਅਤੇ ਐੱਚਡੀਐੱਫਸੀ ਬੈਂਕ ਦੇ ਮੈਨੇਜਰ ਅਰਵਿੰਦਰ ਸਿੰਘ ਵੱਲੋਂ 60 ਲੱਖ ਰੁਪਏ ਦਾ ਡੈੱਥ ਕਲੇਮ ਦਿੱਤਾ ਗਿਆ।ਇਸ ਮੌਕੇ ਸੁਰਿੰਦਰ ਸਿੰਘ ਸੁਪਰਵਾਈਜ਼ਰ, ਜਤਿੰਦਰ ਸਿੰਘ ਸਟੋਰ ਕੀਪਰ, ਬਿਕਰਮਜੀਤ ਸਿੰਘ ਸੁਰਸਿੰਘ, ਅਕਾਊਂਟੈਂਟ ਅਮਰਬੀਰ ਸਿੰਘ, ਗੁਰਭੇਜ ਸਿੰਘ ਡਰਾਈਵਰ ਆਦਿ ਸਟਾਫ ਹਾਜ਼ਰ ਸੀ।

## ਬਹਿਰਾਮਪੁਰ ਦੀਆਂ ਬੱਸਾਂ ਨਵੇਂ ਬਣੇ ਬੱਸ ਅੱਡੇ 'ਤੇ ਨਾ ਜਾਣ ਕਰਕੇ ਲੋਕ ਪ੍ਰੇਸ਼ਾਨ, 7 ਨੰਬਰ ਕਾਊਂਟਰ ਰਹਿੰਦਾ ਖਾਲੀ

ਗੁਰਦਾਸਪੁਰ, (ਜਨਕ ਮਹਾਜਨ)-ਕਸਬਾ ਬਹਿਰਾਮਪੁਰ ਦੀਆਂ ਬੱਸਾਂ ਨਵੇਂ ਬੱਸ ਅੱਡੇ ਤੱਕ ਨਾ ਜਾਣ ਕਾਰਨ ਲੋਕਾਂ ਨੂੰ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦੇ ਹੋਏ ਇਲਾਕਾ ਵਾਸੀ ਗੁਰਮੀਤ ਸਿੰਘ, ਮਨਪ੍ਰੀਤ ਸਿੰਘ, ਰਕੇਸ਼ ਸਿੰਘ, ਬਖ਼ਸ਼ੀਸ਼ ਸਿੰਘ, ਸੁਲੱਖਣ ਸਿੰਘ ਨੇ ਦੱਸਿਆ ਕਿ ਗੁਰਦਾਸਪੁਰ ਸ਼ਹਿਰ ਅੰਦਰ ਜਦੋਂ ਤੋਂ ਨਵਾਂ ਬੱਸ ਅੱਡਾ ਬਣਿਆ ਹੈ ਉਦੋਂ ਤੋਂ ਹੀ ਕਸਬਾ ਬਹਿਰਾਮਪੁਰ ਦੀਆਂ ਬੱਸਾਂ ਨਵੇਂ ਬਸ ਅੱਡੇ ਤੱਕ ਨਹੀਂ ਜਾਂਦੀਆਂ ਜਦੋਂ ਕਿ ਇਹ ਬੱਸਾਂ ਦੋਰਾਂਗਲਾ ਰੋਡ ਤੋਂ ਹੀ ਵਾਪਸ ਹੋ ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਇਨਾਂ ਬੱਸਾਂ ਵਿੱਚ ਸਫਰ ਕਰਨ ਵਾਲੀਆਂ ਸਵਾਰੀਆਂ ਨੂੰ ਦੋਰਾਂਗਲਾ ਰੋਡ 'ਤੇ ਉਤਰ ਕੇ



ਦੁਬਾਰਾ ਫਿਰ ਆਟੋ ਰਿਕਸ਼ੇ ਰਾਹੀਂ ਨਵੇਂ ਬੱਸ ਅੱਡੇ ਤੱਕ ਜਾਣਾ ਪੈਂਦਾ ਹੈ ਜਿਸ ਨਾਲ ਵਾਧੂ ਪੈਸੇ ਖਰਚਣ ਦੇ ਨਾਲ-ਨਾਲ ਵਾਧੂ ਸਮਾਂ ਦੀ ਲਗਣ ਨਾ ਖੱਜਲ ਖ਼ੁਆਰੀ ਵੀ ਵਧਦੀ ਹੈ। ਉਨ੍ਹਾਂ ਦੱਸਿਆ ਕਿ ਜਦੋਂ ਪੁਰਾਣਾ ਬੱਸ ਅੱਡਾ ਸ਼ਹਿਰ ਅੰਦਰ ਮੌਜੂਦ ਸੀ ਤਾਂ ਇਹ ਬੱਸਾਂ ਪੁਰਾਣੇ ਬੱਸ ਅੱਡੇ ਤੱਕ ਸਵਾਰੀਆਂ ਨੂੰ ਉਤਾਰ ਕੇ ਆਉਂਦੀਆਂ ਸਨ ਪਰ ਹੁਣ ਅਜਿਹਾ ਨਹੀਂ ਹੁੰਦਾ। ਇਸੇ ਤਰ੍ਹਾਂ ਨਵੇਂ ਬੱਸ ਅੱਡੇ ਤੋਂ ਕਸਬਾ ਬਹਿਰਾਮਪੁਰ ਦੀਆਂ ਬੱਸਾਂ ਨੂੰ ਫੜਨ ਲਈ ਵੀ ਆਟੋ ਰਿਕਸ਼ੇ ਦਾ ਸਹਾਰਾ ਲੈਣਾ ਪੈਂਦਾ ਹੈ। ਲੋਕਾਂ ਦਾ ਕਹਿਣਾ ਹੈ ਕਿ ਨਵੇਂ ਬੱਸ ਅੱਡੇ ਤੋਂ ਵੱਖ-ਵੱਖ ਰੂਟਾਂ ਦੀਆਂ ਬੱਸਾਂ ਚੱਲਦੀਆਂ ਹਨ ਅਤੇ ਵੱਖ-ਵੱਖ ਰੂਟਾਂ ਦੀਆਂ ਬੱਸਾਂ ਦੇ ਕਾਊਂਟਰ ਨੰਬਰ ਵਾਈਜ਼ ਲੱਗੇ ਹੋਏ ਹਨ ਜਦੋਂ ਕਿ ਕਸਬਾ ਬਹਿਰਾਮਪੁਰ ਦੀਆਂ ਬੱਸਾਂ ਦਾ ਕਾਊਂਟਰ ਨੰਬਰ 7 ਹਮੇਸ਼ਾ ਖਾਲੀ ਰਹਿੰਦਾ ਹੈ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਬੱਸ ਅੱਡਾ ਇੰਚਾਰਜ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਲੋਕਾਂ ਦੀ ਇਸ ਮੁਸ਼ਕਿਲ ਵੱਲ ਧਿਆਨ ਦੇ ਕੇ ਕਸਬਾ ਬਹਿਰਾਮਪੁਰ ਦੇ ਬੱਸ ਮਾਲਕਾਂ ਨੂੰ ਇਹ ਤਾੜਨਾ ਕੀਤੀ ਜਾਵੇ ਕਿ ਉਹ ਸਵਾਰੀਆਂ ਨੂੰ ਨਵੇਂ ਬੱਸ ਅੱਡੇ 'ਤੇ ਉਤਾਰਨ ਤੋਂ ਇਲਾਵਾ ਨਵੇਂ ਬੱਸ ਅੱਡੇ ਤੋਂ ਸਵਾਰੀਆਂ ਲੈ ਕੇ ਜਾਣ।

## ਕੁੱਟਮਾਰ ਕਰਕੇ ਜ਼ਖਮੀ ਕਰਨ ਵਾਲੇ 9 ਲੋਕਾਂ ਖਿਲਾਫ ਮਾਮਲਾ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਥਾਣਾ ਮਮਦੋਟ ਦੀ ਪੁਲਸ ਨੇ ਕੁਝ ਦਿਨ ਪਹਿਲਾਂ ਇਕ ਵਿਅਕਤੀ ਦੀ ਕੁੱਟਮਾਰ ਕਰਕੇ ਉਸਨੂੰ ਜ਼ਖਮੀ ਕਰਨ ਵਾਲੇ 9 ਲੋਕਾਂ ਦੇ ਖਿਲਾਫ ਵਿਅਕਤੀ ਦੀ ਐਕਸਰੇ ਰਿਪੋਰਟ ਆਉਣ ਤੋਂ ਬਾਅਦ ਕੁੱਟਮਾਰ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਥਾਣਾ ਮਮਦੋਟ ਦੇ ਏ ਐੱਸ ਆਈ ਗੁਰਦੀਪ ਸਿੰਘ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਅਮਰ ਚੰਦ ਪੁੱਤਰ ਬਗੂ ਸਿੰਘ ਵਾਸੀ ਪਿੰਡ ਚੱਕ ਘੁਬਾਈ ਉਰਫ ਤਰਾਂ ਵਾਲੀ ਨੂੰ ਗੁਰਪ੍ਰੀਤ ਸਿੰਘ ਵਾਸੀ ਛਾਂਗਾ ਖੁਰਦ, ਗੁਰਜੰਟ ਸਿੰਘ ਵਾਸੀ ਛਾਂਗਾ ਖੁਰਦ, ਸੰਦੀਪ ਵਾਸੀ ਪੋਜੋਕੇ ਉਤਾੜ, ਚਰਨਜੀਤ ਸਿੰਘ ਵਾਸੀ ਲੱਖਾ ਹਾਜੀ ਨੇ 5 ਅਣਪਛਾਤੇ ਵਿਅਕਤੀਆਂ ਨਾਲ ਮਿਲ ਕੇ ਕੁੱਟਮਾਰ ਕਰਕੇ ਜ਼ਖਮੀ ਕਰ ਦਿੱਤਾ ਸੀ, ਜਿਸ ਦੇ ਸਬੰਧ ਵਿੱਚ ਪੁਲਸ ਨੇ ਰਿਪੋਰਟ ਦਰਜ ਕੀਤੀ ਸੀ। ਮਾਮਲੇ ਦੀ ਜਾਂਚ ਕਰ ਰਹੇ ਗੁਰਦੀਪ ਸਿੰਘ ਨੇ ਦੱਸਿਆ ਕਿ ਉਕਤ ਮਾਮਲੇ ਵਿਚ ਪੁਲਸ ਨੇ ਅਮਰ ਚੰਦ ਦੀ ਐਕਸਰੇ ਰਿਪੋਰਟ ਆਉਣ ਤੋਂ ਬਾਅਦ ਪੀੜਤ ਦੇ ਬਿਆਨਾਂ 'ਤੇ ਉਕਤ ਸਾਰੇ ਲੋਕਾਂ ਖਿਲਾਫ ਕੁੱਟਮਾਰ ਦਾ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।




*ਸ਼੍ਰੀ ਹਨੂੰਮਾਨ ਚਾਲੀਸਾ ਪਰਿਵਾਰ ਵੱਲੋਂ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ ਨੂੰ 23 ਫਰਵਰੀ ਨੂੰ ਸਜਾਈ ਜਾ ਰਹੀ ਸ਼ੋਭਾ ਯਾਤਰਾ ਤੇ 24 ਫਰਵਰੀ ਨੂੰ 9ਵੇਂ ਸਾਲਾਨਾ ਮੇਲੇ ਲਈ ਸੱਦਾ ਪੱਤਰ ਦਿੰਦੇ ਹੋਏ ਸੂਰਜ ਬੱਬਰ, ਅਨਿਲ ਕੁਮਾਰ ਵਿੱਕੀ, ਅਭਿਸ਼ੇਕ ਤਨੇਜਾ ਤੇ ਹੋਰ ਮੈਂਬਰ।(ਫੋਟੋ ਤੇ ਵੇਰਵਾ: ਮਨੋਜ ਕੁਮਾਰ, ਛੇਹਰਟਾ)*

## ਬਿਨਾਂ ਕਿਸੇ ਭੇਦਭਾਵ ਦੇ ਹਰੇਕ ਪਰਿਵਾਰ ਨੂੰ ਜਾਰੀ ਕੀਤੇ ਜਾਣਗੇ ਸਿਹਤ ਬੀਮਾ ਕਾਰਡ : ਰੰਧਾਵਾ

ਗੁਰਦਾਸਪੁਰ, (ਜਨਕ ਮਹਾਜਨ)-ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਦੇ ਹਰੇਕ ਨਿਵਾਸੀ ਨੂੰ ਬਿਨਾਂ ਕਿਸੇ ਭੇਦਭਾਵ ਦੇ 10 ਲੱਖ ਰੁਪਏ ਦਾ ਸਿਹਤ ਬੀਮਾ ਕਾਰਡ ਜਾਰੀ ਕਰਨ ਦਾ ਵਾਅਦਾ ਕੀਤਾ ਹੈ ਅਤੇ ਕਿਸੇ ਵੀ ਗਰੀਬ ਜਾਂ ਮੱਧ ਵਰਗੀ ਪਰਿਵਾਰ ਨੂੰ ਡਾਕਟਰੀ ਇਲਾਜ ਲਈ ਕਰਜ਼ਾ ਲੈਣ ਦੀ ਜ਼ਰੂਰਤ ਨਹੀਂ ਪਵੇਗੀ। ਉਨ੍ਹਾਂ ਆਪਣੇ ਪਿੰਡ ਸ਼ਾਹਪੁਰ ਜਹਾਜ਼ ਵਿਖੇ ਹਲਕਾ ਵਾਸੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਤੇ ਸਬੰਧਤ ਵਿਭਾਗਾਂ ਰਾਹੀਂ ਹੱਲ ਕਰਵਾਈਆਂ।

ਇਸ ਮੌਕੇ ਉਨ੍ਹਾਂ ਨੇ ਲੋਕਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਵਿਸਥਾਰ ਵਿਚ ਜਾਣਕਾਰੀ ਦਿੱਤੀ। ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਬਣਾਉਣ ਲਈ ਰਜਿਸਟਰੇਸ਼ਨ ਕਰਨ ਲਈ ਵੱਧ ਤੋਂ ਵੱਧ ਕੈਂਪ ਲਗਾਏ ਜਾਣਗੇ ਤਾਂ ਜੋ ਜਲਦ ਹੈਲਥ ਕਾਰਡ ਬਣਾਏ ਜਾ ਸਕਣ। ਉਨ੍ਹਾਂ ਦੱਸਿਆ



ਕਿ ਸੂਬੇ ਭਰ ਵਿਚ ਹੈਲਥ ਕਾਰਡ ਬਣਾਉਣ ਲਈ ਹੁਣ ਤੱਕ ਸਾਢੇ ਤਿੰਨ ਲੱਖ ਅਪਾਇੰਟਮੈਂਟ ਸਲਿੱਪਾਂ ਵੰਡੀਆਂ ਜਾ ਚੁੱਕੀਆਂ ਹਨ।

ਉਨ੍ਹਾਂ ਦੱਸਿਆ ਕਿ ਇਹ ਕਾਰਡ ਦਿਲ ਦੀ ਬਿਮਾਰੀ, ਕੈਂਸਰ, ਗੁਰਦੇ ਅਤੇ ਜਿਗਰ ਦੀਆਂ ਬਿਮਾਰੀਆਂ, ਗੰਭੀਰ ਦੁਰ ਘਟਨਾਤਮਕ ਸੱਟਾਂ, ਵੱਡੀਆਂ ਸਰਜਰੀਆਂ ਅਤੇ ਲੰਬੇ ਸਮੇਂ ਲਈ ਹਸਪਤਾਲ ਵਿੱਚ ਰਹਿਣ ਨਾਲ ਸਬੰਧਤ ਖਰਚਿਆਂ ਨੂੰ ਕਵਰ ਕਰਦਾ ਹੈ।

## ਪੁਲਸ ਵੱਲੋਂ ਤਿੰਨ ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ, (ਜਨਕ ਮਹਾਜਨ)-ਜ਼ਿਲ੍ਹਾ ਪੁਲਸ ਵੱਲੋਂ ਤਿੰਨ ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਥਾਣਾ ਭੈਣੀ ਮੀਆਂ ਖਾਂ ਏਐੱਸਆਈ ਜਗਦੀਸ਼ ਸਿੰਘ ਨੇ ਸਮੇਤ ਪੁਲਸ ਪਾਰਟੀ ਜਾਗੋਵਾਲ ਬੇਟ ਨੇੜੇ ਪੁਲੀ ਸੇਮ ਨਾਲਾ ਤੋਂ ਰਮਨ ਕੁਮਾਰ ਉਰਫ ਰਵੀ ਪੁੱਤਰ ਸਤਪਾਲ ਵਾਸੀ ਗੁਰਦਾਸਪੁਰ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਵੱਲੋਂ ਜ਼ਮੀਨ ਤੇ ਸੁੱਟੇ ਮੋਮੀ ਲਿਫਾਫੇ ਨੂੰ ਚੈੱਕ ਕੀਤਾ ਜਿਸ ਵਿੱਚੋਂ 6 ਗ੍ਰਾਮ 10 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਸਦਰ ਗੁਰਦਾਸਪੁਰ ਦੇ ਐੱਚ. ਸੀ. ਅਜੇਪਾਲ ਸਿੰਘ ਨੇ ਸਮੇਤ ਪੁਲਸ ਪਾਰਟੀ ਹਰਦੋਬਥਵਾਲਾ ਤੋਂ ਅਜੇ ਕੁਮਾਰ ਪੁੱਤਰ ਲੇਟ ਰਾਮ ਲਾਲ ਤਲਾਸ਼ੀ ਦੌਰਾਨ ਉਸ ਦੀ ਪਹਿਨੀ ਹੋਈ ਪੈਂਟ ਦੀ ਸੱਜੀ ਜੇਬ ਵਿਚੋਂ 4 ਗਰਾਮ ਹੈਰੋਇਨ ਬਰਾਮਦ ਕੀਤੀ ਹੈ। ਥਾਣਾ ਧਾਰੀਵਾਲ ਏਐੱਸਆਈ ਨਿਰਮਲ ਸਿੰਘ ਨੇ ਸਮੇਤ ਪੁਲਸ ਪਾਰਟੀ ਲਾਲ ਬਾਗ ਰਣੀਆ ਸ਼ਮਸ਼ਾਨਘਾਟ ਤੋਂ ਬਲਬੀਰ ਚੰਦ ਪੁੱਤਰ ਸੰਸਾਰ ਚੰਦ ਵਾਸੀ ਪੂਰੋਵਾਲ ਜੱਟਾਂ ਜੋ ਸ਼ਮਸ਼ਾਨਘਾਟ ਦੇ ਅੰਦਰ ਲੁੱਕ ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ ਤਾਂ ਉਸ ਪਾਸੋਂ ਇੱਕ ਸਿਲਵਰ ਪੰਨੀ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਪੁਲਸ ਨੇ ਉਕਤ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਗੁੰਨੋਪੁਰ 'ਚ ਲੱਗਾ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਜਾਗਰੂਕਤਾ ਤੇ ਰਜਿਸਟ੍ਰੇਸ਼ਨ ਕੈਂਪ

ਧਾਰੀਵਾਲ/ਕਾਹਨੂੰਵਾਨ, (ਮਨਦੀਪ ਵਿੱਕੀ)-ਆਮ ਆਦਮੀ ਪਾਰਟੀ ਦੇ ਵਿਧਾਨ ਸਭਾ ਹਲਕਾ ਕਾਦੀਆਂ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦੀ ਅਗਵਾਈ ਵਿੱਚ ਪਿੰਡ ਗੁੰਨੋਪੁਰ ਵਿੱਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ ਜਾਗਰੂਕਤਾ ਅਤੇ ਰਜਿਸਟ੍ਰੇਸ਼ਨ ਕੈਂਪ ਲਗਾਇਆ, ਜਿਸਸ ਵਿੱਚ ਲਾਭਪਾਤਰੀ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦੇ ਇਲਾਜ ਕਵਰੇਜ ਵਾਲੇ ਬੀਮਾ ਕਾਰਡ ਜਾਰੀ ਕੀਤੇ ਗਏ।ਇਸ ਮੌਕੇ ਗੱਲ ਕਰਦਿਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ 22 ਜਨਵਰੀ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ।ਇਸ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ।ਉਨ੍ਹਾਂ ਦੱਸਿਆ ਕਿ ਵੱਖ-ਵੱਖ ਬਿਮਾਰੀਆਂ ਲਈ 10 ਲੱਖ ਰੁਪਏ ਤੱਕ ਦੀਆਂ ਸਾਰੀਆਂ ਦਵਾਈਆਂ ਅਤੇ ਟੈਸਟ ਮੁਫ਼ਤ ਹੋਣਗੇ।ਜਿਵੇਂ ਹੀ ਮਰੀਜ਼ ਹਸਪਤਾਲ ਵਿੱਚ ਦਾਖਲ ਹੁੰਦਾ ਹੈ, ਸਭ ਕੁਝ ਮੁਫ਼ਤ ਹੋਵੇਗਾ।ਉਨ੍ਹਾਂ ਤੋਂ ਕੁਝ ਨਹੀਂ ਪੁੱਛਿਆ ਜਾਵੇਗਾ, ਸਿਰਫ਼ ਆਪਣਾ ਹੈਲਥ ਕਾਰਡ ਲੈ ਕੇ ਜਾਣਾ ਹੋਵੇਗਾ। ਪੰਜਾਬ ਵਿੱਚ ਲਗਭਗ 65 ਲੱਖ ਪਰਿਵਾਰ ਹਨ ਅਤੇ ਕਿਸੇ ਨੂੰ ਵੀ ਇਸ ਤੋਂ ਬਾਹਰ ਨਹੀਂ ਰੱਖਿਆ ਗਿਆ।ਉਨ੍ਹਾਂ ਨੇ ਅੱਗੇ ਕਿਹਾ ਕਿ ਇਹ ਕਾਰਡ ਸਾਰਿਆਂ ਲਈ ਹੈ ਅਤੇ 65 ਲੱਖ



ਪਰਿਵਾਰਾਂ ਨੂੰ ਸਿੱਧਾ ਲਾਭ ਹੋਵੇਗਾ।ਸੂਬੇ ਦੇ ਸਾਰੇ 65 ਲੱਖ ਪਰਿਵਾਰਾਂ (ਕੁੱਲ ਤਿੰਨ ਕਰੋੜ ਨਾਗਰਿਕਾਂ) ਨੂੰ ਸਿਹਤ ਕਾਰਡ ਜਾਰੀ ਕੀਤੇ ਜਾਣਗੇ।ਇਹ ਪਹਿਲੀ ਵਾਰ ਹੈ ਕਿ ਇਸ ਯੋਜਨਾ ਲਈ ਕੋਈ ਆਮਦਨ ਸੀਮਾ ਨਿਰਧਾਰਤ ਨਹੀਂ ਕੀਤੀ ਗਈ ਹੈ ਅਤੇ ਇਸ ਯੋਜਨਾ ਦੀ ਸ਼ੁਰੂਆਤ ਨਾਲ ਪੰਜਾਬ ਨੇ ਦੇਸ਼ ਦੇ ਸਾਹਮਣੇ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ।ਇਸ ਯੋਜਨਾ ਤਹਿਤ 850 ਸਰਕਾਰੀ ਅਤੇ ਨਿੱਜੀ ਹਸਪਤਾਲ ਪਹਿਲਾਂ ਹੀ ਸੂਚੀਬੱਧ ਕੀਤੇ ਜਾ ਚੁੱਕੇ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਹਸਪਤਾਲ ਸ਼ਾਮਲ ਕੀਤੇ ਜਾਣਗੇ।

## ਮਜੀਠੀਆ ਨੂੰ ਜ਼ਮਾਨਤ ਮਿਲਣ 'ਤੇ ਅਕਾਲੀ ਵਰਕਰਾਂ 'ਚ ਖ਼ੁਸ਼ੀ ਦੀ ਲਹਿਰ: ਬ੍ਰਹਮਪੁਰਾ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਹਲਕਾ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਨੇ ਆਪਣੇ ਸਾਥੀਆਂ ਸੀਨੀਅਰ ਅਕਾਲੀ ਆਗੂ ਦਲਬੀਰ ਸਿੰਘ ਜਹਾਂਗੀਰ, ਚੇਅਰਮੈਨ ਗੁਰਸੇਵਕ ਸਿੰਘ ਸ਼ੇਖ਼ ਨੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨਾਲ ਉਨ੍ਹਾਂ ਦੀ ਰਿਹਾਈ ਤੋਂ ਬਾਅਦ ਚੰਡੀਗੜ੍ਹ ਰਿਹਾਇਸ਼ ਵਿਖੇ ਮੁਲਕਾਤ ਕਰਕੇ ਉਨ੍ਹਾਂ ਨੂੰ ਵਧਾਈ ਦਿੱਤੀ ।ਬ੍ਰਹਮਪੁਰਾ, ਸ਼ੇਖ ਤੇ ਜਹਾਂਗੀਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਨਿੱਧੜਕ, ਜੁਝਾਰੂ ਅਤੇ ਹਰ ਅਕਾਲੀ ਵਰਕਰ ਦੀ ਦਿਲ ਦੀ ਧੜਕਣ ਬਿਕਰਮ ਸਿੰਘ ਮਜੀਠੀਆ ਦੀ ਰਿਹਾਈ ਤੋਂ ਬਾਅਦ ਹਰ ਵਰਕਰ ਖੁਸ਼ ਹੈ।ਅਕਾਲੀ ਆਗੂਆਂ ਨੇ ਕਿਹਾ ਕਿ ਪਰਮਾਤਮਾ ਦੀ ਅਪਾਰ ਕਿਰਪਾ ਅਤੇ ਅਕਾਲੀ ਵਰਕਰਾਂ ਵੱਲੋਂ ਸੱਚੇ ਦਿਲੋਂ ਕੀਤੀਆਂ ਅਰਦਾਸਾਂ ਸਦਕਾ ਅੱਜ ਸੱਚ ਦੀ ਜਿੱਤ ਹੋਈ ਹੈ।ਉਨ੍ਹਾਂ ਦੱਸਿਆ ਕਿ ਇੱਕ ਪਾਸੇ ਅਕਾਲੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ, ਉਥੇ ਹੀ ਵਿਰੋਧੀ ਧਿਰਾਂ ਵਿੱਚ ਘਬਰਾਹਟ ਸਪਸ਼ਟ ਤੌਰ 'ਤੇ ਨਜ਼ਰ ਆ ਰਹੀ ਹੈ।ਉਨ੍ਹਾਂ ਕਿਹਾ ਕਿ ਬਿਕਰਮ



ਸਿੰਘ ਮਜੀਠੀਆ ਹੁਣ ਪਹਿਲਾਂ ਨਾਲੋਂ ਵੀ ਵੱਧ ਹੌਂਸਲੇ, ਤਾਕਤ ਅਤੇ ਦ੍ਰਿੜ੍ਹ ਇਰਾਦਿਆਂ ਨਾਲ ਪੰਜਾਬ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਸੇਵਾ ਕਰਨਗੇ, ਜਿਸ ਨਾਲ ਪਾਰਟੀ ਨੂੰ ਨਵਾਂ ਜੋਸ਼ ਅਤੇ ਤਾਕਤ ਮਿਲੇਗੀ।ਮਜੀਠੀਆ ਨਾਲ਼ ਮੁਲਕਾਤ ਕਰਨ ਸਮੇਂ ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਖਡੂਰ ਸਾਹਿਬ ਰਵਿੰਦਰ ਸਿੰਘ ਬ੍ਰਹਮਪੁਰਾ, ਸੀਨੀਅਰ ਅਕਾਲੀ ਆਗੂ ਦਲਬੀਰ ਸਿੰਘ ਜਹਾਂਗੀਰ, ਚੇਅਰਮੈਨ ਗੁਰਸੇਵਕ ਸਿੰਘ ਸ਼ੇਖ਼, ਗੁਰਨਾਮ ਸਿੰਘ ਭੂਰੇ ਗਿੱਲ ਜਨਰਲ ਯੂਥ ਅਕਾਲੀ ਦਲ, ਸਾਹਿਬ ਜਸਕਰਨ ਸਿੰਘ ਜਹਾਂਗੀਰ, ਗੁਰਪ੍ਰੀਤ ਸਿੰਘ ਗੋਲਡੀ ਸਰਪੰਚ ਖਹਿਰਾ ਆਦਿ ਹਾਜ਼ਿਰ ਸਨ।

## ਗੁਰਦੁਆਰਾ ਕਿਲਾ ਸਾਹਿਬ ਸਭਰਾਂ ਵਿਖੇ ਧਾਰਮਿਕ ਮੁਕਾਬਲੇ ਚੜ੍ਹਦੀ ਕਲਾ ਨਾਲ ਸੰਪੰਨ

ਪੱਟੀ (ਬਲਦੇਵ ਸਿੰਘ ਸੰਧੂ)-ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੁਸਾਇਟੀ ਰਜਿਸਟਰ ਪੰਜਾਬ ਵੱਲੋਂ ਸਿੱਖ ਰਾਜ ਦੇ ਆਖਰੀ ਥੰਮ੍ਹ ਸਰਦਾਰ ਸ਼ਾਮ ਸਿੰਘ ਅਟਾਰੀ ਵਾਲੇ ਦੀ ਸ਼ਹਾਦਤ ਨੂੰ ਸਮਰਪਿਤ ਕਰਵਾਏ ਜਾ ਰਹੇ ਸਾਲਾਨਾ ਜੋੜ ਮੇਲੇ ਦੌਰਾਨ ਬੱਚਿਆਂ ਦੇ ਦਸਤਾਰ ਦੁਮਾਲਾ ਪੇਂਟਿੰਗ ਲੰਮੇ ਕੇਸ ਕਵੀਸ਼ਰੀ ਅਤੇ ਕਵਿਤਾ ਮੁਕਾਬਲੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਗੁਰਦੁਆਰਾ ਕਿਲਾ ਸਾਹਿਬ ਸਭਰਾਂ ਵਿਖੇ ਚੜ੍ਹਦੀ ਕਲਾ ਦੇ ਨਾਲ ਸੰਪਨ ਹੋਏ।ਇਨ੍ਹਾਂ ਮੁਕਾਬਲਿਆਂ ਵਿੱਚ ਸ਼ਹੀਦ ਸ਼ਾਮ ਸਿੰਘ ਅਟਾਰੀ, ਕੋਹੇਨੂਰ ਅਕੈਡਮੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਭਰਾ ਸ਼ਹੀਦ ਅਕੈਡਮੀ ਭੱਗੂਪੁਰ ਅਤੇ ਪਿੰਡ ਦੇ ਲਗਭਗ 200 ਤੋਂ ਵੱਧ ਬੱਚਿਆਂ ਅਤੇ ਸੰਗਤਾਂ ਨੇ ਭਾਗ ਲਿਆ।ਇਨ੍ਹਾਂ ਮੁਕਾਬਲਿਆਂ ਵਿੱਚ ਬੱਚਿਆਂ ਦੇ ਗਰੁੱਪ ਬਣਾ ਕੇ ਮੁਕਾਬਲੇ ਕਰਵਾਏ ਗਏ।ਹਰੇਕ ਮੁਕਾਬਲੇ ਵਿੱਚ ਪਹਿਲੇ ਦੂਸਰੇ ਅਤੇ ਤੀਸਰੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਸ਼ੀਲਡਾਂ ਧਾਰਮਿਕ ਸਾਹਿਤ ਦੇ ਕੇ ਸਨਮਾਨਿਤ ਕੀਤਾ ਗਿਆ, ਬਾਕੀ ਸਭਨਾਂ ਬੱਚਿਆਂ ਨੂੰ ਮੈਡਲ ਦੇ ਕੇ ਹੌਂਸਲਾ ਅਫਜ਼ਾਈ ਕੀਤੀ ਗਈ।ਇਸ ਮੌਕੇ ਸੁਸਾਇਟੀ ਵੱਲੋਂ ਉਚੇਚੇ ਤੌਰ ਤੇ ਪਹੁੰਚੇ ਭਾਈ ਗੁਰਪ੍ਰੀਤ ਸਿੰਘ ਜੋਤੀ ਸ਼ਾਹ, ਭਾਈ ਜਗਜੀਤ ਸਿੰਘ ਅਹਿਮਦਪੁਰ, ਭਾਈ ਹਰਚਰਨ ਸਿੰਘ ਉਬੋਕੇ ਨੇ ਸ਼ਮੂਲੀਅਤ ਕੀਤੀ।ਉਨ੍ਹਾਂ ਨੇ ਬੱਚਿਆਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਰਾਣੀ ਜਿੰਦਾਂ ਦੀ ਚਿੱਠੀ ਨੂੰ ਪੜ੍ਹ ਕੇ ਸਰਦਾਰ ਸ਼ਾਮ ਸਿੰਘ ਨੇ ਖਾਲਸਾ ਰਾਜ ਦੀ ਮੁੜ ਬਹਾਲੀ ਦੇ ਲਈ ਆਪਣੇ ਸਿਰ ਤੇ ਕਮਰ ਕੱਸਾ ਕਰਕੇ ਸਭਰਾਵਾਂ ਦੇ ਸਥਾਨ ਤੇ ਅੰਗਰੇਜ਼ ਫੌਜਾਂ ਦੇ ਆਹੂ ਲਾਏ ਪਰ ਜੇਕਰ ਆਗੂ ਗੱਦਾਰ ਨਾ ਹੁੰਦੇ ਤਾਂ ਪੰਜਾਬ ਦੀ ਤਸਵੀਰ ਕੁਝ



ਹੋਰ ਹੋਣੀ ਸੀ।ਉਨ੍ਹਾਂ ਨੇ ਬੱਚਿਆਂ ਨੂੰ ਗੁਰਬਾਣੀ ਨਾਲ ਜੁੜ ਕੇ ਖਾਲਸਾ ਰਾਜ ਦੀ ਮੁੜ ਬਹਾਲੀ ਦੇ ਲਈ ਯਤਨ ਕਰਨ ਲਈ ਪ੍ਰੇਰਿਤ ਕੀਤਾ।ਦਸਤਾਰ ਦੁਮਾਲਾ ਮੁਕਾਬਲੇ ਵਿੱਚ ਜੱਜਮੈਂਟ ਦੀ ਸੇਵਾ ਨਿੰਦਰਪਾਲ ਸਿੰਘ ਮੱਖੂ, ਵਜ਼ੀਰ ਸਿੰਘ ਆਸਲ ਹਰਮਨਦੀਪ ਸਿੰਘ ਭਿੱਖੀਵਿੰਡ, ਪੇਂਟਿੰਗ ਮੁਕਾਬਲੇ ਵਿੱਚ ਜੱਜਮੈਂਟ ਦੀ ਸੇਵਾ ਭਾਈ ਕੁਲਵੰਤ ਸਿੰਘ ਲਖਨਾ, ਲੰਮੇ ਕੇਸ ਮੁਕਾਬਲਿਆਂ ਵਿੱਚ ਭੈਣ ਮਨਜਿੰਦਰ ਕੌਰ, ਕਵੀਸ਼ਰੀ ਅਤੇ ਕਵਿਤਾ ਮੁਕਾਬਲੇ ਵਿੱਚ ਭਾਈ ਅਵਤਾਰ ਸਿੰਘ ਸਭਰਾਂ ਨੇ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ। ਸੋਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਵਾਈਸ ਕਨਵੀਨਰ ਭਾਈ ਹਰਜੀਤ ਸਿੰਘ ਆਸਟਰੇਲੀਆ, ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ, ਭਾਈ ਗੁਰਜੰਟ ਸਿੰਘ ਭਿੱਖੀਵਿੰਡ, ਭਾਈ ਹੀਰਾ ਸਿੰਘ ਸੋਹਲ ਅਤੇ ਨਿਰਮਲ ਸਿੰਘ ਸੁਰਸਿੰਘ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਕੂਲਾਂ ਤੋਂ ਬੱਚੇ ਲੈ ਕੇ ਪਹੁੰਚੇ ਹੋਏ ਅਧਿਆਪਕ ਸਾਹਿਬਾਨ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਸ਼ੀਲਡਾਂ ਅਤੇ ਗੁਰੂ ਦੀ ਬਖਸ਼ਿਸ਼ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਗੁਰਦੇਵ ਸਿੰਘ, ਭਾਈ ਮਨਜੀਤ ਸਿੰਘ ਕਾਲੇ, ਭਾਈ ਗੁਰਭਿੰਦਰ ਸਿੰਘ, ਪ੍ਰੀਤਮ ਸਿੰਘ ਵੀਰ ਕੇ, ਬਾਬਾ ਅਮਰ ਸਿੰਘ, ਹੈੱਡ ਗ੍ਰੰਥੀ ਭਾਈ ਅਮਨਦੀਪ ਸਿੰਘ, ਗੁਰਨਾਮ ਸਿੰਘ, ਸਰਬਜੀਤ ਸਿੰਘ ਭਾਈ ਚਮਕੌਰ ਸਿੰਘ ਜੀ ਜਰਮਨ, ਭਾਈ ਸਤਨਾਮ ਸਿੰਘ ਨੇ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਇਹਨਾਂ ਨੂੰ ਨਿਰੰਤਰ ਜਾਰੀ ਰੱਖਣ ਨੂੰ ਲਈ ਬੇਨਤੀ ਕੀਤੀ ਅਤੇ ਹਰ ਸਾਲ ਬੱਚਿਆਂ ਨੂੰ ਇਸੇ ਤਰ੍ਹਾਂ ਜੋੜਨ ਲਈ ਸਾਥ ਦੇਣ ਦਾ ਭਰੋਸਾ ਦਿਵਾਇਆ।ਇਸ ਮੌਕੇ ਹਰਜੀਤ ਸਿੰਘ ਲਹਿਰੀ, ਹਰਪ੍ਰੀਤ ਸਿੰਘ, ਅਕਾਸ਼ਦੀਪ ਸਿੰਘ, ਗੁਰਮੀਤ ਸਿੰਘ ਮਾਲੂਵਾਲ, ਸੁਖਵਿੰਦਰ ਸਿੰਘ ਖਾਲੜਾ, ਸਾਜਨ ਪ੍ਰੀਤ ਸਿੰਘ, ਰਣਬੀਰ ਸਿੰਘ ਵੀਰਮ, ਹੁਸਨ ਦੀਪ ਸਿੰਘ, ਰਣਜੀਤ ਸਿੰਘ, ਸੁਖਰਾਜ ਸਿੰਘ ਸੁਖਮਨਦੀਪ ਸਿੰਘ ਅਤੇ ਗਗਨਦੀਪ ਸਿੰਘ ਹਾਜ਼ਰ ਸਨ।

## ਅੱਬਲ ਖੈਰ ਤੋਂ ਹੱਲੇ ਚਾਈਏ ਨੂੰ ਜਾਣ ਵਾਲੀ ਸੜਕ ਦੀ ਹਾਲਤ ਖਸਤਾ; ਸੰਬੰਧਤ ਵਿਭਾਗ ਨੂੰ ਕੋਈ ਖਬਰ ਨਹੀਂ

ਗੁਰਦਾਸਪੁਰ, (ਜਨਕ ਮਹਾਜਨ)-ਗੁਰਦਾਸਪੁਰ ਸ਼ਹਿਰ ਅੰਦਰ ਪੈਂਦੇ ਕਸਬਾ ਅੱਬਲ ਖੈਰ ਤੋਂ ਹੱਲੇ ਚਾਈਏ ਨੂੰ ਵਾਇਆ ਮੀਰਪੁਰ ਸੂਏ ਦੇ ਕੰਢੇ-ਕੰਢੇ ਜਾਣ ਵਾਲੀ ਲਿੰਕ ਸੜਕ ਦੀ ਹਾਲਤ ਬਹੁਤ ਜਿਆਦਾ ਬਦਤਰ ਹੋ ਚੁੱਕੀ ਹੈ ਜਿਸ ਕਾਰਨ ਇੱਥੋਂ ਦੀ ਗੁਜ਼ਰਨ ਵਾਲੇ ਰਾਹਗੀਰਾਂ ਨੂੰ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੰਬੰਧਿਤ ਵਿਭਾਗ ਵੱਲੋਂ ਇਸ ਸੜਕ ਦੀ ਮੁਰੰਮਤ ਨਾ ਕਰਨ ਕਰਕੇ ਲੋਕਾਂ ਦਾ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦੇ ਹੋਏ ਲੋਕਾਂ ਨੇ ਦੱਸਿਆ ਕਿ ਇਸ ਸੜਕ 'ਤੇ ਪੈਟਰੋਲ ਪੰਪ ਵੀ ਮੌਜੂਦ ਹੈ ਅਤੇ ਸੜਕ 'ਚ ਪੈਂਦੇ ਚੁਰਾਹੇ ਵਿੱਚੋਂ ਇਕ ਸੜਕ ਪਿੰਡ ਬਾਬੋਵਾਲ ਅਤੇ ਦੂਜੀ ਸੜਕ ਪਿੰਡ ਜਾਫਰਪੁਰ ਨੂੰ ਜਾਂਦੀ ਹੈ। ਰੋਜ਼ਾਨਾ ਵੱਡੀ ਗਿਣਤੀ ਵਿੱਚ ਛੋਟੇ ਵੱਡੇ ਵਾਹਨ ਇਸ ਸੜਕ ਰਾਹੀਂ ਆਉਂਦੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਸੜਕ ਵਿਚਕਾਰ ਵੱਡੇ-ਵੱਡੇ ਟੋਏ ਅਤੇ ਮੋਟੇ ਮੋਟੇ ਪੱਥਰ ਪਏ ਹੋਏ ਹਨ ਜੋ ਆਉਣ ਜਾਣ ਵਾਲੇ ਰਾਹਗੀਰਾਂ ਨੂੰ ਅਕਸਰ ਹੀ ਵੱਜਦੇ ਰਹਿੰਦੇ ਹਨ। ਉਨ੍ਹਾਂ ਕਿਹਾ ਮੀਂਹ ਪੈਣ ਨਾਲ ਸੜਕ ਵਿੱਚਕਾਰ ਪਏ ਟੋਏ ਪਾਣੀ ਨਾਲ ਭਰ ਜਾਂਦੇ ਹਨ ਜੋ ਰਾਹਗੀਰਾਂ ਨੂੰ ਦਿਖਾਈ ਨਹੀਂ ਦਿੰਦੇ ਅਤੇ ਲੋਕ ਅਕਸਰ ਹੀ ਹਾਦਸੇ ਦਾ ਸ਼ਿਕਾਰ ਹੋ ਜਾਂਦੇ ਹਨ। ਇਲਾਕਾ ਵਾਸੀਆਂ ਨੇ



ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਅੱਬਲ ਖੈਰ ਤੋਂ ਹਾਲੇ ਚਾਈਆ ਸੂਏ ਕੰਢੇ-ਕੰਢੇ ਜਾਣ ਵਾਲੀ ਸੜਕ ਦੀ ਮੁਰੰਮਤ ਪਹਿਲ ਦੇ ਆਧਾਰ 'ਤੇ ਕਰਵਾਈ ਜਾਵੇ ਤਾਂ ਜੋ ਲੋਕਾਂ ਨੂੰ ਆ ਰਹੀ ਇਸ ਮੁਸ਼ਕਿਲ ਤੋਂ ਨਿਜਾਤ ਮਿਲ ਸਕੇ। ਇਸ ਸੜਕ ਦੀ ਖਸਤਾ ਹਾਲਤ ਸਬੰਧੀ ਜਦ ਲੋਕ ਨਿਰਮਾਣ ਵਿਭਾਗ ਦੇ ਐੱਸਡੀਓ ਲਵਜੀਤ ਸਿੰਘ ਨਾਲ ਮੋਬਾਈਲ 'ਤੇ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਨਾਲ ਸੰਪਰਕ ਨਹੀਂ ਹੋ ਸਕਿਆ।

## ਕੰਡੀਲਾ ਵਿਖੇ ਸਮੂਹ ਸ਼ਹੀਦਾਂ ਦੀ ਯਾਦ 'ਚ ਕਰਵਾਇਆ ਸਾਲਾਨਾ ਦੋ ਰੋਜ਼ਾ ਟੂਰਨਾਮੈਂਟ

ਧਾਰੀਵਾਲ, (ਮਨਦੀਪ ਵਿੱਕੀ)-ਪਿੰਡ ਕੰਡੀਲਾ ਵਿਖੇ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਅਤੇ ਸਮੂਹ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਤੀਸਰਾ ਸਾਲਾਨਾ ਦੋ ਰੋਜ਼ਾ ਟੂਰਨਾਮੈਂਟ ਦੇ ਪਿੰਡ ਦੇ ਸਮੂਹ ਵਾਸੀਆਂ ਵੱਲੋਂ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ ਕਰਵਾਇਆ। ਉਲੰਪੀਅਨ ਅਜੀਤ ਸਿੰਘ ਭੁੱਲਰ ਯਾਦਗਾਰੀ ਸਟੇਡੀਅਮ ਕੰਡੀਲਾ ਵਿੱਚ ਕਰਵਾਏ ਟੂਰਨਾਮੈਂਟ ਦਾ ਉਦਘਾਟਨ ਬਾਬਾ ਬੁੱਢਾ ਸਿੰਘ ਜੀ ਗ੍ਰੰਥੀ ਸਭਾ ਪੰਜਾਬ ਰਜਿ. ਭਾਰਤ ਦੇ ਮੁੱਖ ਸੇਵਾਦਾਰ ਸਤਨਾਮ ਸਿੰਘ ਧਨੋਆ, ਕੁਲਵਿੰਦਰ ਸਿੰਘ ਜਨਰਲ ਸਕੱਤਰ, ਲਖਬੀਰ ਸਿੰਘ, ਸੁਰਜੀਤ ਸਿੰਘ ਦੁਆਰਾ ਕੀਤਾ ਗਿਆ। ਇਸ ਦੌਰਾਨ ਫੁੱਟਬਾਲ ਟੂਰਨਾਮੈਂਟ ਵਿੱਚ 12 ਟੀਮਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਕੰਡੀਲਾ ਦੀ ਫੁੱਟਬਾਲ ਟੀਮ ਪਹਿਲਾ ਸਥਾਨ ਅਤੇ ਲੱਧਾ ਮੁੰਡਾ ਦੀ ਟੀਮ ਨੇ ਦੂਸਰਾ ਸਥਾਨ। ਕਬੱਡੀ ਟੂਰਨਾਮੈਂਟ ਦੌਰਾਨ 60 ਕਿਲੋ ਭਾਰ ਵਰਗ ਕਬੱਡੀ ਮੁਕਾਬਲੇ ਵਿੱਚ ਕੰਡੀਲਾ ਦੀ ਟੀਮ ਨੇ ਪਹਿਲਾ ਅਤੇ ਕਾਜ਼ਮਪੁਰ ਦੀ ਟੀਮ ਨੇ ਦੂਜਾ ਸਥਾਨ। ਕਬੱਡੀ ਓਪਨ ਸ਼ੋਅ ਮੈਚ ਵਿੱਚ ਸੰਤ ਬਾਬਾ ਹਜਾਰਾ ਸਿੰਘ ਕਲੱਬ ਬੋਪਾਰਾਏ ਦੀ ਟੀਮ ਪਹਿਲਾ ਸਥਾਨ ਅਤੇ ਭੰਬੋਈ ਦੀ ਟੀਮ ਨੇ ਦੂਜਾ ਸਥਾਨ। ਲੜਕੀਆਂ ਦੀਆਂ ਦੌੜਾਂ ਵਿੱਚ ਆਂਚਲਪ੍ਰੀਤ ਕੌਰ ਨੇ ਪਹਿਲਾ ਸਥਾਨ, ਗੁਰਜੋਤ ਕੌਰ ਨੇ ਦੂਜਾ ਸਥਾਨ ਅਤੇ ਪਲਕਪ੍ਰੀਤ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਨਾਮ ਵੰਡ ਸਮਾਗਮ ਵਿੱਚ ਸ਼੍ਰੋਮਣੀ ਅਕਾਲੀ ਦਲ



ਬਾਦਲ ਦੇ ਹਲਕਾ ਸ੍ਰੀ ਹਰਗੋਬਿੰਦਪੁਰ ਦੇ ਇੰਚਾਰਜ ਰਾਜਨਬੀਰ ਸਿੰਘ ਘੁਮਾਣ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਮੁੱਖ ਮਹਿਮਾਨ ਰਾਜਨਬੀਰ ਸਿੰਘ ਘੁਮਾਣ ਅਤੇ ਸਰਪੰਚ ਤਜਿੰਦਰ ਸਿੰਘ ਬੱਬੂ, ਸੂਬੇਦਾਰ ਖਜਾਨ ਸਿੰਘ ਗਿੱਲ, ਮਾਸਟਰ ਸੰਤੋਖ ਸਿੰਘ ਕਾਜਮਪੁਰ ਆਦਿ ਪ੍ਰਮੁੱਖ ਸਖ਼ਸ਼ੀਅਤਾਂ ਦੁਆਰਾ ਜੇਤੂਆਂ ਨੂੰ ਟਰਾਫੀ ਅਤੇ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐੱਮ. ਆਰ. ਫੁੱਟਬਾਲ ਕਲੱਬ ਹਰਿਆਣਾ ਦੇ ਇੰਟਰਨੈਸ਼ਨਲ ਖਿਡਾਰੀ ਯੁਵਰਾਜ ਸਿੰਘ ਗਿੱਲ ਦਾ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਪਿੰਡ ਦੇ ਸਰਪੰਚ ਤਜਿੰਦਰ ਸਿੰਘ ਬੱਬੂ, ਸੂਬੇਦਾਰ ਖਜਾਨ ਸਿੰਘ ਗਿੱਲ, ਮਾਸਟਰ ਸੰਤੋਖ ਸਿੰਘ ਕਾਜ਼ਮਪੁਰ, ਕੁਲਤਾਰ ਸਿੰਘ, ਗੁਰਬਾਜ ਸਿੰਘ, ਕੋਚ ਪਰਮਜੀਤ ਸਿੰਘ ਗਿੱਲ, ਮਨਪ੍ਰੀਤ ਸਿੰਘ ਗਿੱਲ ਪ੍ਰੋਫੈਸਰ ਗੁਰੂ ਨਾਨਕ ਕਾਲਜ, ਗੁਰਬਾਜ ਸਿੰਘ, ਬਲਦੇਵ ਸਿੰਘ, ਸਤਿੰਦਰ ਸਿੰਘ ਖਾਲਸਾ, ਸੁਰਜੀਤ ਸਿੰਘ, ਕਿਸ਼ਨ ਸਿੰਘ ਮੁਕੇਰੀਆਂ, ਸਿਕੰਦਰ ਸਿੰਘ ਖਾਲਸਾ ਚੇਅਰਮੈਨ ਤਰਨਾ ਦਲ, ਸਾਬਕਾ ਸਰਪੰਚ ਕੁਲਵੰਤ ਸਿੰਘ ਲੱਧਾ ਮੁੰਡਾ, ਮਾਸਟਰ ਸੰਤੋਖ ਸਿੰਘ ਕਾਜ਼ਮਪੁਰ, ਗੋਪੀ ਗਿੱਲ, ਪ੍ਰਸਿੱਧ ਕੁਮੈਂਟਰ ਤਾਰਾ ਹਮਜਾ (ਮਜੀਠਾ), ਕੁਮੈਂਟਰ ਰਵੀ ਬੱਲਪੁਰੀਆ, ਕੈਪਟਨ ਮਹਿੰਦਰ ਸਿੰਘ ਐਨੇਕੋਟ, ਸਤਨਾਮ ਸਿੰਘ ਕਾਨੂੰਗੋ, ਸੰਤ ਸਿੰਘ, ਜੇਈ ਗਰੀਬ ਸਿੰਘ, ਪਰਮਜੀਤ ਸਿੰਘ ਬਾਬਾ, ਮਨਜੀਤ ਸਿੰਘ ਭੁੱਲਰ, ਸੁਖਦੇਵ ਸਿੰਘ ਕਾਹਲੋਂ, ਜਗਤਾਰ ਸਿੰਘ ਪੰਚ, ਦਵਿੰਦਰ ਸਿੰਘ ਖਾਲਸਾ ਨੱਤ, ਸਿਕੰਦਰ ਸਿੰਘ, ਸੀਤਲ ਸਿੰਘ, ਬਲਦੇਵ ਸਿੰਘ, ਨੱਥਾ ਸਿੰਘ, ਅਜਮੇਰ ਸਿੰਘ, ਧਰਮ ਸਿੰਘ, ਚੰਨਣ ਸਿੰਘ ਆਦਿ ਹਾਜਰ ਸਨ। ਪ੍ਰਬੰਧਕਾਂ ਵੱਲੋਂ ਖੇਡ ਮੇਲੇ ਦੇ ਦੋਵੇਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਬਾਹਰ ਹੋਏ ਕਤਲ ਮਾਮਲੇ 'ਚ 2 ਗ੍ਰਿਫ਼ਤਾਰ

**ਮੋਹਾਲੀ, (ਗੁਰਜੀਤ ਬਿੱਲਾ)**

ਹਰਮਨਦੀਪ ਸਿੰਘ ਹਾਂਸ, ਸੀਨੀਅਰ ਕਪਤਾਨ ਪੁਲਿਸ, ਐੱਸ.ਏ.ਐੱਸ. ਨਗਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ 28, ਜਨਵਰੀ 2026 ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਬਾਹਰ ਹੋਏ ਗੁਰਵਿੰਦਰ ਸਿੰਘ ਕਤਲ ਮਾਮਲੇ ਵਿੱਚ ਪੁਲਸ ਨੂੰ ਵੱਡੀ ਸਫ਼ਲਤਾ ਹਾਸਲ ਹੋਈ ਹੈ।ਉਨ੍ਹਾਂ ਦੱਸਿਆ ਕਿ ਇਹ ਮੁੱਕਦਮਾ ਅਮਰਦੀਪ ਕੌਰ ਪਤਨੀ ਗੁਰਵਿੰਦਰ ਸਿੰਘ ਦੇ ਬਿਆਨ 'ਤੇ ਦਰਜ ਕੀਤਾ ਗਿਆ ਸੀ। ਸ਼ਿਕਾਇਤਕਰਤਾ ਨੇ ਬਿਆਨ ਦਿੱਤਾ ਸੀ ਕਿ ਮਿਤੀ 28 ਜਨਵਰੀ 2026 ਨੂੰ ਉਹ ਆਪਣੇ ਪਤੀ ਨਾਲ ਆਈ-20 ਕਾਰ ਨੰਬਰ ਪੀ ਬੀ 65 ਏ ਐੱਸ 2482 ਵਿੱਚ ਅਦਾਲਤੀ ਪੇਸ਼ੀ ਲਈ ਕੋਰਟ ਕੰਪਲੈਕਸ, ਮੋਹਾਲੀ ਆਏ ਸਨ। ਉਨ੍ਹਾਂ ਆਪਣੀ ਕਾਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਨੇੜੇ ਏ ਸੀ ਸੀ ਸੋਸਾਇਟੀ ਦੇ ਬਾਹਰ ਖੜ੍ਹੀ ਕੀਤੀ ਸੀ। ਅਦਾਲਤੀ ਪੇਸ਼ੀ ਤੋਂ ਬਾਅਦ ਕਰੀਬ ਦੁਪਹਿਰ 03:00 ਵਜੇ, ਜਦੋਂ ਉਹ ਆਪਣੀ ਕਾਰ ਦੇ ਨੇੜੇ ਪਹੁੰਚੇ, ਤਾਂ ਇੱਕ ਅਣਪਛਾਤੇ ਵਿਅਕਤੀ ਨੇ ਗੁਰਵਿੰਦਰ ਸਿੰਘ 'ਤੇ ਗੋਲੀਆਂ ਚਲਾ ਦਿੱਤੀਆਂ, ਜਿਸ ਕਾਰਨ ਗੁਰਵਿੰਦਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ। ਸ਼ਿਕਾਇਤਕਰਤਾ ਨੇ ਇਹ ਵੀ ਦੱਸਿਆ ਕਿ ਉਸ ਦੇ ਪਤੀ ਨੂੰ ਗੈਂਗਸਟਰ ਗੋਲਡੀ ਬਰਾੜ ਵੱਲੋਂ ਧਮਕੀਆਂ ਮਿਲ ਰਹੀਆਂ ਸਨ, ਜਿਸ ਕਾਰਨ ਉਸ ਨੂੰ ਪੂਰਾ ਸ਼ੱਕ ਹੈ ਕਿ ਇਹ ਕਤਲ ਗੋਲਡੀ ਬਰਾੜ ਵੱਲੋਂ ਹੀ ਕਰਵਾਇਆ ਗਿਆ ਹੈ। ਐਸ ਐਸ ਪੀ ਨੇ ਅੱਗੇ ਕਿਹਾ ਕਿ ਮੁੱਕਦਮੇ ਦੀ ਤਫ਼ਤੀਸ਼ ਦੌਰਾਨ ਦੋਸ਼ੀਆਂ ਦੀ ਗ੍ਰਿਫ਼ਤਾਰੀ ਅਤੇ ਉਨ੍ਹਾਂ ਵੱਲੋਂ ਵਰਤੇ ਗਏ ਭੱਜਣ ਦੇ ਰਸਤੇ ਦੀ ਜਾਂਚ ਲਈ ਵੱਖ-ਵੱਖ ਪੁਲਸ ਟੀਮਾਂ ਦਾ ਗਠਨ ਕੀਤਾ ਗਿਆ। ਤਫ਼ਤੀਸ਼ ਦੌਰਾਨ ਸਾਹਮਣੇ ਆਇਆ ਕਿ ਦੋ ਅਣਪਛਾਤੇ ਦੋਸ਼ੀ ਕਾਲੇ ਰੰਗ ਦੀ ਬਜਾਜ ਪਲਸਰ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਸਨ। ਉਨ੍ਹਾਂ ਵਿੱਚੋਂ ਇੱਕ ਦੋਸ਼ੀ ਨੇ ਗੁਰਵਿੰਦਰ ਸਿੰਘ ਨੂੰ ਉਸ ਦੀ ਕਾਰ ਦੇ ਨੇੜੇ ਘੇਰ ਕੇ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ, ਜਿਸ ਤੋਂ ਬਾਅਦ ਦੋਵੇਂ ਦੋਸ਼ੀ ਮੋਟਰਸਾਈਕਲ 'ਤੇ ਫ਼ਰਾਰ ਹੋ ਗਏ। ਸੀ ਸੀ ਟੀ ਵੀ ਕੈਮਰਿਆਂ ਦੀ ਡੂੰਘੀ ਜਾਂਚ ਦੌਰਾਨ ਪਤਾ ਲੱਗਿਆ ਕਿ ਰਸਤੇ ਵਿੱਚ ਦੋਸ਼ੀਆਂ ਨੂੰ ਚਿੱਟੇ ਰੰਗ ਦੀ ਹੋਂਡਾ ਅਮੇਜ਼ ਕਾਰ ਮਿਲੀ, ਜਿੱਥੇ ਇੱਕ ਦੋਸ਼ੀ ਮੋਟਰਸਾਈਕਲ ਤੋਂ ਉਤਰ ਕੇ ਕਾਰ ਵਿੱਚ ਸਵਾਰ ਹੋ ਗਿਆ ਅਤੇ ਦੋਸ਼ੀਆਂ ਨੇ ਆਪਣੇ ਕੱਪੜੇ ਵੀ ਬਦਲੇ। ਅਗਲੀ ਜਾਂਚ ਦੌਰਾਨ ਦੋਵੇਂ ਵਾਹਨਾਂ ਦੀ ਪਛਾਣ ਕਰ ਲਈ ਗਈ।ਜਾਂਚ ਦੌਰਾਨ ਬਲਤੇਜ ਸਿੰਘ ਉਰਫ਼ ਬੰਟੀ ਪੁੱਤਰ ਪਾਲ ਸਿੰਘ, ਵਾਸੀ ਪਿੰਡ ਤੇਹਣਾ, ਜ਼ਿਲ੍ਹਾ ਫ਼ਰੀਦਕੋਟ ਨੂੰ ਇਸ ਮਾਮਲੇ ਵਿੱਚ ਨਾਮਜ਼ਦ ਕਰਕੇ 2 ਫਰਵਰੀ ਨੂੰ ਗ੍ਰਿਫ਼ਤਾਰ ਕੀਤਾ ਗਿਆ। ਦੋਸ਼ੀ ਨੇ ਖੁਲਾਸਾ ਕੀਤਾ ਕਿ ਉਹ ਹੋਂਡਾ ਅਮੇਜ਼ ਕਾਰ ਨੰਬਰ ਯੂ ਪੀ 14-34-6847 ਦਾ ਡਰਾਈਵਰ ਸੀ, ਜਿਸ ਦੇ ਆਧਾਰ 'ਤੇ ਉਕਤ ਕਾਰ ਬਰਾਮਦ ਕਰ ਲਈ ਗਈ।ਅੱਗੇ ਜਾਂਚ ਤੋਂ ਇਹ ਵੀ ਸਾਹਮਣੇ ਆਇਆ ਕਿ ਮੰਗਤ ਸਿੰਘ ਉਰਫ਼ ਮੈਕਸ ਪੁੱਤਰ ਦੀਵਾਨ ਸਿੰਘ, ਵਾਸੀ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਨੇ ਦੋਸ਼ੀਆਂ ਨੂੰ ਲੋਜਿਸਟਿਕ ਸਹਾਇਤਾ ਦਿੱਤੀ ਅਤੇ ਵਾਰਦਾਤ ਵਿੱਚ ਵਰਤੇ ਗਏ ਦੋਵੇਂ ਵਾਹਨ ਉਪਲਬਧ ਕਰਵਾਏ। ਉਸ ਨੂੰ 3 ਫਰਵਰੀ ਗ੍ਰਿਫ਼ਤਾਰ ਕੀਤਾ ਗਿਆ।



# ਸਵਾਂ ਨਦੀ 'ਤੇ ਬਣ ਰਹੇ ਪੁਲ ਦਾ ਖਜ਼ਾਨਾ ਤੇ ਸਿੱਖਿਆ ਮੰਤਰੀ ਵੱਲੋਂ ਨਿਰੀਖਣ

**ਭਲਾਣ (ਹਰਭਜਨ ਸਿੰਘ ਢਿੱਲੋਂ)**

ਨੰਗਲ ਦੇ ਨਜ਼ਦੀਕੀ ਪਿੰਡ ਭੱਲੜੀ ਵਿਖੇ ਖੇੜਾ ਕਲਮੋਟ ਨੂੰ ਜਾਣ ਲਈ ਸਵਾਂ ਨਦੀ 'ਤੇ ਬਣ ਰਹੇ ਬਹੁ-ਕਰੋੜੀ ਪੁਲ ਦੇ ਨਿਰਮਾਣ ਕਾਰਜਾਂ ਦਾ ਪੰਜਾਬ ਦੇ ਖਜ਼ਾਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਤੇ ਸਿੱਖਿਆ ਮੰਤਰੀ ਐਡਵੋਕੇਟ ਹਰਜੋਤ ਸਿੰਘ ਬੈਂਸ ਵੱਲੋਂ ਨਿਰੀਖਣ ਕੀਤਾ ਗਿਆ। ਇਸ ਮੌਕੇ ਦੋਵੇਂ ਮੰਤਰੀਆਂ ਨੇ ਪੁਲ ਦੇ ਚੱਲ ਰਹੇ ਕੰਮ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਅਧਿਕਾਰੀਆਂ ਨੂੰ ਨਿਰਮਾਣ ਕਾਰਜ ਨਿਰਧਾਰਿਤ ਸਮੇਂ ਅੰਦਰ ਪੂਰਾ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ। ਇਸ ਮੌਕੇ ਮੰਤਰੀਆਂ ਨੇ ਕਿਹਾ ਕਿ ਇਸ ਪੁਲ ਦੇ ਤਿਆਰ ਹੋਣ ਨਾਲ ਖੇੜਾ ਕਲਮੋਟ ਸਮੇਤ ਆਸ-ਪਾਸ ਦੇ ਪਿੰਡਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਲੋਕਾਂ ਦੀ ਆਵਾਜਾਈ ਸੁਗਮ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ ਅਤੇ ਇਸ ਤਰ੍ਹਾਂ ਦੇ ਪ੍ਰਾਜੈਕਟ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਵਿੱਚ ਵੱਡਾ ਬਦਲਾਅ ਲਿਆਉਣਗੇ। ਇਸ ਮੌਕੇ ਸਬੰਧਤ ਵਿਭਾਗਾਂ ਦੇ ਅਧਿਕਾਰੀ, ਵੱਡੀ ਗਿਣਤੀ ਵਿੱਚ ਸਥਾਨਕ ਆਗੂ ਅਤੇ ਇਲਾਕੇ ਦੇ ਲੋਕ ਵੀ ਮੌਜੂਦ ਸਨ, ਜਿਨ੍ਹਾਂ ਵੱਲੋਂ ਪੁਲ ਦੇ ਨਿਰਮਾਣ ਕਾਰਜਾਂ 'ਤੇ ਸੰਤੋਖ ਪ੍ਰਗਟ ਕੀਤਾ ਗਿਆ।



# ਵਿਸ਼ਵ ਕੈਂਸਰ ਦਿਵਸ ਮਨਾਇਆ



**ਫਿਲੌਰ, (ਨਿਰਮਲ, ਹਰਜਿੰਦਰ ਕੌਰ ਚਾਹਲ)**

ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵਿਖੇ ਵਰਲਡ ਕੈਂਸਰ ਦਿਵਸ ਸੀਨੀਅਰ ਮੈਡੀਕਲ ਅਫ਼ਸਰ ਡਾ. ਪਰਮਜੀਤ ਸਿੰਘ ਦੀ ਅਗਵਾਈ ਹੇਠ ਮਨਾਇਆ ਗਿਆ। ਇਸ ਮੌਕੇ ਤੇ ਡਾ. ਮਮਤਾ ਗੌਤਮ, ਡਾ. ਡਿੰਪਲ, ਬਲਾਕ ਐਕਸਟੈਂਸ਼ਨ ਐਜੂਕੇਟਰ ਪ੍ਰੀਤਿੰਦਰ ਸਿੰਘ, ਹੈਲਥ ਸੁਪਰਵਾਈਜ਼ਰ ਸਤਨਾਮ ਸਿੰਘ ਅਤੇ ਹੈਲਥ ਵਰਕਰ ਕੁਲਦੀਪ ਵਰਮਾ ਵੱਲੋਂ ਲੋਕਾਂ ਨੂੰ ਕੈਂਸਰ ਬਾਰੇ ਜਾਗਰੂਕ ਕੀਤਾ ਗਿਆ।ਮੈਡੀਕਲ ਅਫ਼ਸਰ ਡਾ ਮਮਤਾ ਗੌਤਮ ਨੇ ਦੱਸਿਆ ਕਿ ਕੈਂਸਰ ਇੱਕ ਗੰਭੀਰ ਬਿਮਾਰੀ ਹੈ ਪਰ ਜੇਕਰ ਇਸ ਦੀ ਪਛਾਣ ਸ਼ੁਰੂਆਤੀ ਅਵਸਥਾ ਵਿੱਚ ਹੋ ਜਾਵੇ ਤਾਂ ਇਸ ਦਾ ਇਲਾਜ ਸੰਭਵ ਹੈ। ਉਨ੍ਹਾਂ ਨੇ ਤੰਬਾਕੂ ਤੇ ਸ਼ਰਾਬ ਦੀ ਵਰਤੋਂ ਤੋਂ ਦੂਰ ਰਹਿਣ, ਸਿਹਤਮੰਦ ਖੁਰਾਕ ਲੈਣ, ਨਿਯਮਿਤ ਵਰਜ਼ਿਸ਼ ਕਰਨ ਅਤੇ ਸਮੇਂ-ਸਮੇਂ ਤੇ ਸਿਹਤ ਜਾਂਚ ਕਰਵਾਉਣ ਦੀ ਅਪੀਲ ਕੀਤੀ।

# ਪੰਜਾਬ ਸਖੀ ਸ਼ਕਤੀ ਮੇਲਾ ਅੱਜ ਤੋਂ ਸ਼ੁਰੂ ਹੋਵੇਗਾ

**ਨਵਾਂਸ਼ਹਿਰ, (ਮਨੋਜ ਲਾਡੀ)**-ਪੰਜਾਬ ਸਖੀ ਸ਼ਕਤੀ ਮੇਲਾ 5 ਫਰਵਰੀ ਤੋਂ ਸਰਕਾਰੀ ਆਈ ਟੀ ਆਈ ਗਰਾਊਂਡ ਨਵਾਂਸ਼ਹਿਰ ਵਿਖੇ ਸ਼ੁਰੂ ਹੋਵੇਗਾ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ ਨੇ ਦਿੰਦਿਆ ਦੱਸਿਆ ਕਿ ਪੰਜਾਬ ਸਖੀ ਸ਼ਕਤੀ ਮੇਲੇ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਇਸ ਮੇਲੇ ਦਾ ਉਦਘਾਟਨ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਕਰਨਗੇ।ਉਨ੍ਹਾਂ ਨੇ ਦੱਸਿਆ ਕਿ ਪੰਜਾਬ ਸਖੀ ਸ਼ਕਤੀ ਮੇਲੇ 5, 6 ਅਤੇ 7 ਫਰਵਰੀ ਨੂੰ ਆਈ ਟੀ ਆਈ ਨਵਾਂਸ਼ਹਿਰ ਦੀ ਗਰਾਊਂਡ ਵਿਖੇ ਬੜੇ ਉਤਸ਼ਾਹ ਨਾਲ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਮੇਲਾ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੰਜਾਬ ਤੇ ਉਦਯੋਗ ਅਤੇ ਵਣਜ ਵਿਭਾਗ ਵੱਲੋਂ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਤਹਿਤ ਪੰਜਾਬ ਸਖੀ ਸ਼ਕਤੀ ਮੇਲਾ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਇਸ ਮੇਲੇ ਵਿੱਚ ਘਰੇਲੂ ਸਜਾਵਟੀ ਸਮਾਨ, ਹੈਂਡੀਕਰਾਫਟ ਅਤੇ ਆਰਗੈਨਿਕ ਉਤਪਾਦਨ, ਘਰੇਲੂ ਮਸਾਲੇ ਅਤੇ ਆਚਾਰ, ਝੂਲੇ, ਸੱਭਿਆਚਾਰਕ ਪ੍ਰੋਗਰਾਮ ਅਤੇ ਫੂਡ ਸਟਾਲ ਵਿਸ਼ੇਸ਼ ਆਕਰਸ਼ਨ ਦਾ ਕੇਂਦਰ ਰਹਿਣਗੇ।ਉਨ੍ਹਾਂ ਦੱਸਿਆ ਕਿ ਇਸ ਮੇਲੇ ਵਿੱਚ ਸਵੈ ਸਹਾਇਤਾ ਸਮੂਹ ਵੱਲੋਂ ਬਣਾਏ ਗਏ ਉਤਪਾਦਨਾਂ ਦੀ ਪ੍ਰਦਰਸ਼ਨੀ ਲਗਾਈ ਜਾਵੇਗੀ ਤਾਂ ਕਿ ਉਨ੍ਹਾਂ ਦੇ ਉਤਪਾਦਨਾਂ ਦੀ ਬਿਹਤਰ ਮਾਰਕਟਿੰਗ ਹੋ ਸਕੇ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਆਪਣੇ ਉਤਪਾਦਨ ਵੇਚਣ ਲਈ ਬਿਹਤਰ ਮੰਚ ਪ੍ਰਾਪਤ ਹੋ ਸਕੇ। ਉਨ੍ਹਾਂ ਕਿਹਾ ਕਿ ਇਸ ਮੇਲੇ ਵਿੱਚ ਜਿੱਥੇ ਸਵੈ ਸਹਾਇਤਾ ਗਰੁੱਪ ਵੱਲੋਂ ਸਟਾਲ ਲਗਾਏ ਜਾਣਗੇ ਉੱਥੇ ਹੀ ਸਬੰਧਤ ਵਿਭਾਗਾਂ ਵੱਲੋਂ ਵੱਖ-ਵੱਖ ਸਟਾਲ ਵੀ ਲਗਾਏ ਜਾਣਗੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੇਲੇ ਵਿੱਚ ਵੱਧ ਤੋਂ ਵੱਧ ਆ ਕੇ ਸਵੈ ਸਹਾਇਤਾ ਸਮੂਹ ਵੱਲੋਂ ਬਣਾਏ ਗਏ ਉਤਪਾਦਨਾਂ ਨੂੰ ਖਰੀਦ ਕਰਕੇ ਬੜਾਵਾ ਦੇਣ ਤਾਂ ਕਿ ਮਹਿਲਾ ਸ਼ਕਤੀਕਰਣ ਨੂੰ ਮਜ਼ਬੂਤੀ ਮਿਲ ਸਕੇ।

# ਅਕਾਸ਼ਦੀਪ ਸ਼ਰਮਾ ਨੂੰ ਭਰਪੂਰ ਸ਼ਰਧਾਂਜਲੀਆਂ ਭੇਟ

**ਸ਼ਾਹਕੋਟ (ਗਿਆਨ ਸੈਦਪੁਰੀ)**

ਅਕਾਸ਼ਦੀਪ ਸ਼ਰਮਾ (ਬਿੱਟੂ) ਪੰਚਾਇਤ ਸਕੱਤਰ 25 ਜਨਵਰੀ ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਉਹਨਾਂ ਨਮਿੱਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ ਪੈਣ ਉਪਰੰਤ ਸ਼ਰਧਾਂਜਲੀ ਸਮਾਗਮ ਹੋਇਆ। ਸ਼ਰਧਾਂਜਲੀ ਸਮਾਗਮ ਦੌਰਾਨ ਰਾਣਾ ਹਰਦੀਪ ਸਿੰਘ ਹਲਕਾ ਕੈਂਪ ਇੰਚਾਰਜ ਭਾਜਪਾ, ਪਰਮਿੰਦਰ ਸਿੰਘ ਪਿੰਦਰ ਪੰਡੋਰੀ ਹਲਕਾ ਇੰਚਾਰਜ ਆਮ ਆਦਮੀ ਪਾਰਟੀ, ਗੁਰਮੇਲ ਸਿੰਘ ਬਲਾਕ ਡਿਵੈਲਪਮੈਂਟ ਪੰਚਾਇਤ ਅਫਸਰ ਮਹਿਤਪੁਰ, ਐਡਵੋਕੇਟ ਬਚਿੱਤਰ ਸਿੰਘ ਕੋਹਾੜ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੇ ਭਾਵਪੂਰਤ ਸ਼ਬਦਾਂ ਰਾਹੀਂ ਸ਼ਰਧਾ ਦੇ ਫੁੱਲ ਭੇਟ ਕੀਤੇ। ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆਂ ਨੇ ਸ਼ਰਮਾ ਪਰਵਾਰ ਵੱਲੋਂ ਧੰਨਵਾਦ ਕੀਤਾ ਤੇ ਸ਼ਰਧਾਂਜਲੀ ਦੇ ਫੁੱਲ ਭੇਟ ਕੀਤੇ। ਇਸ ਮੌਕੇ ਅਮਨਦੀਪ ਸੈਦਪੁਰੀ ਨੇ ਸਟੇਜ ਸਕੱਤਰ ਦੇ ਫਰਜ਼ ਨਿਭਾਉਂਦਿਆਂ ਦੁੱਖ ਸ਼ੋਕ ਮਤੇ ਪੜ੍ਹ ਕੇ ਸੁਣਾਏ ਜਿਨ੍ਹਾਂ ਵਿੱਚ ਬ੍ਰਿਜ ਭੁਪਿੰਦਰ ਸਿੰਘ ਕੰਗ ਸਾਬਕਾ ਗ੍ਰਹਿ ਮੰਤਰੀ ਪੰਜਾਬ, ਮਾਤਾ ਸਾਹਿਬ ਕੌਰ ਸੀਨੀਅਰ ਸੈਕੰਡਰੀ ਸਕੂਲ ਢੰਡੋਵਾਲ, ਸੁਖਦੀਪ ਸਿੰਘ ਕੰਗ ਪੀਏ, ਸਾਂਈ ਧਾਮ ਪੁੱਡਾ ਕਲੋਨੀ ਸ਼ਾਹਕੋਟ, ਡਾ. ਕਮਲਜੀਤ ਸਿੰਘ ਕਮਲ ਹਸਪਤਾਲ ਨਕੋਦਰ, ਡਾ.ਹਰਦੀਪ ਸਿੰਘ ਡਾਕਟਰ ਨਵਜੋਤ ਸਿੰਘ ਅਤੇ ਡਾ. ਹਰਜਿੰਦਰ ਸਿੰਘ (ਐੱਨ ਐੱਚ ਹਸਪਤਾਲ ਸ਼ਾਹਕੋਟ) ਮੌਜੂਦ ਸਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਕੇਸ਼ ਸ਼ਰਮਾ, ਡਾ. ਨਵਨੀਤ ਸ਼ਰਮਾ, ਡਾ. ਮੁਨੀਸ਼ ਕੰਵਲ, ਗੁਲਸ਼ਨ ਸ਼ਰਮਾ ਤੇ ਸੁਨੀਲ ਸ਼ਰਮਾ( ਪੰਜੇ ਭਰਾ), ਰਵਿੰਦਰ ਸਿੰਘ ਟੁਰਨਾ ਓ ਐੱਸ ਡੀ ਰਜਿੰਦਰ ਕੌਰ ਭੱਠਲ ਸਾਬਕਾ ਮੁੱਖ ਮੰਤਰੀ, ਡਾਕਟਰ ਜਗਤਾਰ ਸਿੰਘ ਚੰਦੀ ਸਾਬਕਾ ਮੈਂਬਰ ਸਟੀਲ ਅਥੌਰਟੀ ਆਫ ਇੰਡੀਆ, ਸੁਰਿੰਦਰਜੀਤ ਸਿੰਘ ਚੱਠਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਸ਼ਾਹਕੋਟ, ਬੰਟੀ ਬੱਠਲਾ ਪ੍ਰਧਾਨ ਵਾਤਾਵਰਨ ਸੁਧਾਰ, ਸਤੀਸ਼ ਰਿਹਾਨ ਸਾਬਕਾ ਪ੍ਰਧਾਨ ਨਗਰ ਪੰਚਾਇਤ ਸ਼ਾਹਕੋਟ, ਬਲਬੀਰ ਸਿੰਘ ਚੇਅਰਮੈਨ ਮਾਰਕੀਟ ਕਮੇਟੀ, ਪਰਵੀਨ ਗਰੋਵਰ, ਰਾਖੀ ਮੱਟੂ (ਦੋਵੇਂ ਮੈਂਬਰ ਨਗਰ ਪੰਚਾਇਤ ਸ਼ਾਹਕੋਟ), ਮਦਨ ਲਾਲ ਅਰੋੜਾ ਸਮਾਜ ਸੇਵਕ, ਹਰਦੇਵ ਸਿੰਘ ਪੀਟਾ ਸਾਬਕਾ ਮੈਂਬਰ ਨਗਰ ਸ਼ਾਹਕੋਟ, ਵਿਸ਼ਨੂ ਪ੍ਰਕਾਸ਼, ਮਨਜੀਤ ਸਿੰਘ, ਪ੍ਰਿਥੀਪਾਲ ਸਿੰਘ, ਵਰੁਣ,ਵਿਜੇ ਕੁਮਾਰ( ਪੰਜੇ ਪੰਚਾਇਤ ਸਕੱਤਰ), ਸੰਜੀਵ ਸੋਬਤੀ, ਪਵਨ ਜਨੇਜਾ, ਮਾਸਟਰ ਵਿਜੇ ਵਿੱਗ, ਸੋਨੂੰ ਵਿੱਗ, ਸੋਨੀ ਬਜਾਜ, ਮਨੋਜ ਅਰੋੜਾ, ਨਵਨੀਤ ਸਹੋਤਾ, ਸਿੰਦਰਪਾਲ ਢੰਡੋਵਾਲ ਆਦਿ ਮੌਜੂਦ ਸਨ।



# ਫਿਲੌਰ ਗੋਰਾਇਆ ਵਿਚਕਾਰ ਸਿਕਸ ਲੇਨ 'ਚ ਥਾਂ-ਥਾਂ ਪਏ ਟੋਏ, ਨਿਤ ਵਾਪਰ ਰਹੀਆਂ ਦੁਰਘਟਨਾਵਾਂ

**ਫਿਲੌਰ, (ਨਿਰਮਲ)**-ਫਿਲੌਰ ਗੋਰਾਇਆ ਵਿਚਕਾਰ ਸਿਕਸ ਲੇਨ ਵਿੱਚ ਥਾਂ ਥਾਂ ਟੋਏ ਪਏ ਹੋਏ ਹਨ ਆਵਾਜਾਈ ਵਿੱਚ ਰੁਕਾਵਟ ਪੈ ਰਹੀ ਹੈ ਅਤੇ ਨਿੱਤ ਕੋਈ ਨਾ ਕੋਈ ਦੁਰਘਟਨਾਵਾਂ ਇਹਨਾਂ ਟੋਇਆ ਕਾਰਨ ਵਾਪਰ ਰਹੀਆਂ ਹਨ। ਇਸ ਸੰਬੰਧ ਵਿੱਚ ਬੱਸਾਂ,ਟੈਂਪੂਆਂ,ਕਾਰਾਂ, ਮੋਟਰਸਾਈਕਲ, ਕਾਰਾਂ ਦੇ ਚਾਲਕ ਉੱਚ ਅਧਿਕਾਰੀਆਂ ਨੂੰ ਕਹਿ ਚੁੱਕੇ ਹਨ ਪਰ ਟੋਏ ਅਜੇ ਵੀ ਪਏ ਹੋਏ ਹਨ। ਪਿਛਲੇ ਦਿਨੀ ਅਖਬਾਰਾਂ ਵਿੱਚ ਛਪੀ ਖਬਰ ਦਾ ਕੁਝ ਅਸਰ ਹੋਇਆ ਸੀ ਟੋਏ ਭਰ ਦਿੱਤੇ ਗਏ ਸਨ ਪਰ 20-25 ਦਿਨ ਬਾਅਦ ਹੀ ਟੋਏ ਫਿਰ ਪੈ ਗਏ। ਬਜਰੀ ਲੁੱਕ ਟੋਇਆ ਵਿੱਚੋਂ ਨਿੱਤ ਦੀ ਆਵਾਜਾਈ ਕਾਰਨ ਨਿਕਲ ਗਈ, ਵਾਹਨ ਚਾਲਕ ਬਹੁਤ ਪ੍ਰੇਸ਼ਾਨ ਹੋ ਰਹੇ ਹਨ। ਸੜਕੀ ਆਵਾਜਾਈ ਬਾਰੇ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਪੁੱਛਣ ਤੇ ਰੁੱਖੇ ਹਨ। ਲੋਕਾਂ ਦੀ ਮੰਗ ਹੈ ਕਿ ਸੜਕ ਤੇ ਪਏ ਟੋਏ ਤੁਰੰਤ ਠੀਕ ਕੀਤੇ ਜਾਣ ਕੀਮਤੀ ਜਾਨਾਂ ਬਚਾਈਆਂ ਜਾਣ। ਸਕੂਟਰ ਤੇ ਸਵਾਰ ਭੈਣ ਭਰਾ ਇਹਨਾਂ ਟੋਇਆਂ ਦੀ ਲਪੇਟ ਵਿੱਚ ਆਉਣ ਕਾਰਨ ਡਿੱਗ ਪਏ ਤੇ ਸੱਟਾਂ ਲੱਗੀਆਂ, ਸਕੂਟਰ ਬੁਰੀ ਤਰ੍ਹਾਂ ਨੁਕਸਾਨਿਆ ਗਿਆ।



# ਐੱਸ ਐੱਚ ਓ ਨੇ ਚਾਰਜ ਸੰਭਾਲਿਆ



**ਦਸੂਹਾ (ਕਰਨੈਲ ਮਾਂਗਟ)** ਥਾਣਾ ਦਸੂਹਾ ਦੇ ਐੱਸ ਐੱਚ ਓ ਦਾ ਚਾਰਜ ਇੰਸਪੈਕਟਰ ਅਮਰਜੀਤ ਕੌਰ ਨੇ ਸੰਭਾਲਣ ਤੋਂ ਬਾਅਦ ਥਾਣੇ ਦੇ ਸਮੂਹ ਮੁਲਾਜ਼ਮਾਂ ਅਤੇ ਅਧਿਕਾਰੀਆ ਨਾਲ ਮੀਟਿੰਗ ਕੀਤੀ ਤੇ ਮੀਟਿੰਗ ਕਰਨ ਉਪਰੰਤ ਸਮੂਹ ਮੁਲਾਜ਼ਮਾਂ ਨੂੰ ਆਦੇਸ਼ ਦਿੱਤੇ ਕਿ ਉਹ ਪੂਰੀ ਇਮਾਨਦਾਰੀ ਨਾਲ ਕੰਮ ਕਰਨ ਤੇ ਥਾਣੇ ਅੰਦਰ ਆਉਣ ਵਾਲੇ ਸਭ ਵਿਅਕਤੀਆਂ ਦਾ ਪੂਰਾ ਸਨਮਾਨ ਕੀਤਾ ਜਾਵੇ। ਇਸ ਉਪਰੰਤ ਉਨਾਂ ਨੇ ਸਮੂਹ ਮੀਡੀਆ ਦੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਐੱਸ ਐੱਸ ਪੀ ਹੁਸ਼ਿਆਰਪੁਰ ਸੰਦੀਪ ਕੁਮਾਰ ਮਲਿਕ ਤੇ ਡੀ ਐੱਸ ਪੀ ਦਸੂਹਾ ਬਲਵਿੰਦਰ ਸਿੰਘ ਜੌੜਾ ਦੇ ਸਖਤ ਦਿਸ਼ਾ ਨਿਰਦੇਸ਼ ਅਨੁਸਾਰ 24 ਘੰਟੇ ਪੁਲਿਸ ਸੁਰੱਖਿਆ ਪ੍ਰਬੰਧਾਂ ਲਈ ਡਿਊਟੀ ਦੇ ਤੈਨਾਤ ਰਹੇਗੀ।

# ਪ੍ਰਵਾਸੀ ਮਜ਼ਦੂਰ ਦੀ ਲਾਸ਼ ਖੇਤਾਂ 'ਚੋਂ ਮਿਲੀ

**ਫਿਲੌਰ, (ਨਿਰਮਲ)**- ਫਿਲੌਰ ਦੇ ਪਿੰਡ ਲਸਾੜਾ ਨੇੜਿਓ ਖੇਤਾਂ ਚੋਂ ਇੱਕ ਪ੍ਰਵਾਸੀ ਮਜ਼ਦੂਰ ਦੀ ਲਾਸ਼ ਮਿਲੀ ਹੈ ਲਸਾੜਾ ਚੌਂਕੀ ਦੀ ਪੁਲਿਸ ਨੂੰ ਕਿਸੇ ਨੇ ਦੱਸਿਆ ਕਿ ਖੇਤਾਂ ਵਿੱਚ ਲਾਸ਼ ਪਈ ਹੈ। ਉਸ ਨੂੰ ਲੱਭਦੇ ਉਸਦੇ ਪਰਵਾਰ ਵਾਲਿਆਂ ਨੂੰ ਜਦੋਂ ਪਤਾ ਲੱਗਾ ਤਾਂ ਉਹ ਮੌਕੇ ਤੇ ਪੁੱਜੇ। ਪ੍ਰਵਾਸੀ ਮਜ਼ਦੂਰ ਦੇ ਛੋਟੇ ਭਰਾ ਪ੍ਰਦੀਪ ਕੁਮਾਰ ਨੇ ਪੁਲਸ ਨੂੰ ਦੱਸਿਆ ਕਿ ਮੇਰਾ ਵੱਡਾ ਭਰਾ ਹੈ ਜਿਸ ਦਾ ਨਾਂਅ ਸੰਦੀਪ ਕੁਮਾਰ ਪੁੱਤਰ ਕਮਲ ਸਿੰਘ (25) ਵਾਸੀ ਮਲਾ ਬੇਦੀਆਂ ਔੜ ਹੈ। ਪੁਲਸ ਨੇ ਲਾਸ਼ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮੌਤ ਦੇ ਕਾਰਨਾਂ ਦਾ ਪਤਾ ਪੋਸਟਮਾਰਟਮ ਦੀ ਰਿਪੋਰਟ ਮਿਲਣ ਉਪਰੰਤ ਚੱਲੇਗਾ।

# ਕਾਂਗਰਸ ਕੋਲ੍ਹ ਮੁੱਦੇ ਨਹੀਂ, ਸਿਰਫ ਝੂਠੀ ਬਿਆਨਬਾਜੀ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਣ ਵੱਲੋਂ ਪੇਸ਼ ਕੀਤੇ ਗਏ ਦੂਜੇ ਆਮ ਬਜਟ ਵਿੱਚ ਕੋਈ ਘਾਟ ਨਹੀਂ ਹੈ। ਪਰ ਸਿਰਫ ਹਾਜ਼ਰੀ ਲਗਾਉਣ ਲਈ ਅਤੇ ਜਨਤਾ ਨੂੰ ਗੁਮਰਾਹ ਕਰਨ ਲਈ ਵਿਪੱਖ ਦੇ ਨੇਤਾਵਾਂ ਵੱਲੋਂ ਬਿਆਨਬਾਜੀ ਕੀਤੀ ਜਾ ਰਹੀ ਹੈ। ਇਸ ਬਜਟ ਨਾਲ ਵਿਕਸਿਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਤੇਜੀ ਮਿਲੇਗੀ, ਨਾਲ ਹੀ ਬਜਟ ਨਾਲ ਭਲੇ ਹੀ ਕਾਂਗ੍ਰਸ ਕਮਜੋਰ ਹੋਵੇ ਪਰ ਭਾਰਤ ਮਜਬੂਤ ਹੋਇਆ ਹੈ।ਮੁੱਖ ਮੰਤਰੀ ਹਰਿਆਣਾ ਨਿਵਾਸ 'ਤੇ ਮੀਡੀਆ ਨਾਲ ਗੱਲਬਾਤ ਕਰ ਰਹੇ ਸਨ।

# ਸਤਿਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਾਰਮਿਕ ਪ੍ਰੋਗਰਾਮ ਕਰਵਾਇਆ



**ਨਕੋਦਰ (ਮਨਜੀਤ ਮਾਨ)**

ਸਤਿਗੁਰੂ ਰਵਿਦਾਸ ਭਵਨ ਧੀਣਾ ਸੁਭਾਨਾ ਰੋਡ ਜਲੰਧਰ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ ਪ੍ਰਕਾਸ਼ ਪੁਰਬ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਤਿਗੁਰੂ ਰਵਿਦਾਸ ਮਹਾਰਾਜ ਦੀ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ। ਉਪਰੰਤ ਰਾਤ ਨੂੰ ਸਤਿਗੁਰੂ ਰਵਿਦਾਸ ਮਹਾਰਾਜ ਦਾ ਸਤਿਸੰਗ ਕਰਵਾਇਆ ਗਿਆ। ਇਸ ਮੌਕੇ ਪੰਜਾਬ ਦੀ ਮਸ਼ਹੂਰ ਦੋਗਾਣਾ ਗਾਇਕ ਜੋੜੀ ਅਮਰੀਕ ਮਾਈਕਲ ਤੇ ਮੈਡਮ ਬਲਜੀਤ ਕਮਲ, ਸੁਰੀਲੀ ਗਾਇਕਾ ਅਨੀਸ਼ਾ ਵਾਲੀਆ, ਸੰਨੀ ਸਮੀਰ, ਜੀਵਿਕਾ ਜੱਸਲ ਨੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ। ਇਸ ਮਹਾਨ ਸਤਿਸੰਗ ਦਾ ਸਤਿਗੁਰੂ ਰਵਿਦਾਸ ਮਹਾਰਾਜ ਦੇ ਨਾਮ ਲੇਵੀਆਂ ਸੰਗਤਾਂ ਤੇ ਐੱਨਆਰਆਈ ਪਰਿਵਾਰਾਂ ਵੱਲੋਂ ਬਹੁਤ ਵਧੀਆ ਤਰੀਕੇ ਨਾਲ ਪ੍ਰਬੰਧ ਕੀਤਾ ਗਿਆ।

# ਯਾਦਗਾਰੀ ਹੋ ਨਿੱਬੜਿਆ ਬਾਬੇ ਕੇ ਤੇ ਬੀਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ ਸਾਲਾਨਾ ਇਨਾਮ ਵੰਡ ਸਮਾਰੋਹ

**ਲੋਹੀਆਂ ਖਾਸ, (ਯੋਗੇਸ਼ਵਰ)**

ਧੰਨ ਧੰਨ ਬਾਬਾ ਨਾਹਰ ਸਿੰਘ ਜੀ ਦੀ ਅਪਾਰ ਕਿਰਪਾ ਸਦਕਾ ਅਤੇ ਧੰਨ-ਧੰਨ ਸੰਤ ਬਾਬਾ ਕਪੂਰ ਸਿੰਘ ਦੇ ਪਾਵਨ ਆਸ਼ੀਰਵਾਦ ਨਾਲ ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ ਅਤੇ ਬੀ. ਕੇ. ਇੰਟਰਨੈਸ਼ਨਲ ਕਾਨਵੈਂਟ ਸਕੂਲ, ਵਾੜਾ ਜੋਧ ਸਿੰਘ, ਲੋਹੀਆਂ ਖਾਸ ਵਿਖੇ ਸਾਲਾਨਾ ਸਮਾਰੋਹ ਅਤੇ ਇਨਾਮ ਵੰਡ ਸਮਾਰੋਹ ਬੜੇ ਹੀ ਉਤਸ਼ਾਹ ਅਤੇ ਸ਼ਾਨਦਾਰ ਢੰਗ ਨਾਲ ਮਨਾਇਆ ਗਿਆ।ਇਹ ਸਮਾਰੋਹ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸੱਦਾਮ ਖਾਨ, ਡਿਪਟੀ ਡਾਇਰੈਕਟਰ/ ਪ੍ਰਿੰਸੀਪਲ ਸਰਗਮ ਥਿੰਦ ਅਤੇ ਬੀ. ਕੇ. ਇੰਟਰਨੈਸ਼ਨਲ ਕਾਨਵੈਂਟ ਸਕੂਲ ਦੇ ਪ੍ਰਿੰਸੀਪਲ ਨਿਤਿਮਾ ਪੁਰੀ ਦੀ ਯੋਗ ਅਗਵਾਈ ਹੇਠ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ।ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਧੰਨ-ਧੰਨ ਸੰਤ ਬਾਬਾ ਕਪੂਰ ਸਿੰਘ ਜੀ ਨੇ ਆਪਣੀ ਹਾਜ਼ਰੀ ਨਾਲ ਸਮਾਰੋਹ ਦੀ ਸ਼ੋਭਾ ਵਧਾਈ।ਇਸ ਦੇ ਨਾਲ ਗੈਸਟ ਆਫ ਆਨਰ ਵਜੋਂ ਸਰਦਾਰ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ (ਵਿਧਾਇਕ ਹਲਕਾ ਸ਼ਾਹਕੋਟ) ਵੀ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ।ਸਕੂਲ ਮੈਨੇਜਮੈਂਟ ਦੇ ਚੇਅਰਮੈਨ ਇੰਦਰਪਾਲ ਸਿੰਘ ਕਲੇਰ, ਵਾਈਸ ਚੇਅਰਮੈਨ ਸੁਖਚੈਨ ਸਿੰਘ, ਜਨਰਲ ਸਕੱਤਰ ਪਰਵਿੰਦਰ ਸਿੰਘ ਅਤੇ ਗਰੁੱਪ ਡਾਇਰੈਕਟਰ ਰਾਘਵ ਲਾਂਘੇ ਦੀ ਹਾਜ਼ਰੀ ਨੇ ਵੀ ਸਮਾਰੋਹ ਦੀ ਮਹੱਤਤਾ ਨੂੰ ਹੋਰ ਵਧਾਇਆ।ਡਿਪਟੀ ਡਾਇਰੈਕਟਰ ਸਰਗਮ ਥਿੰਦ ਅਤੇ ਪ੍ਰਿੰਸੀਪਲ ਨਿਤਿਮਾ ਪੁਰੀ ਨੇ ਪਹੁੰਚੇ ਹੋਏ ਵਿਸ਼ੇਸ਼ ਮਹਿਮਾਨਾਂ ਅਤੇ ਪਤਵੰਤੇ ਸੱਜਣਾਂ ਨੂੰ ਜੀ ਆਇਆ ਆਖਦਿਆਂ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਆਪਣੇ ਕੀਮਤੀ ਸਮੇਂ ਵਿਚੋਂ ਸਮਾਂ ਕੱਢ ਕੇ ਸਕੂਲ ਦੇ ਇਸ ਸਮਾਰੋਹ ਦੀ ਸ਼ੋਭਾ ਵਧਾਈ।ਸਮਾਰੋਹ ਦੀ ਸ਼ੁਰੂਆਤ ਵਿਸ਼ੇਸ਼ ਮਹਿਮਾਨਾਂ ਵੱਲੋਂ 'ਦਿਵਯ ਜੋਤੀ' ਪ੍ਰਜਵਲਿਤ ਕਰਕੇ ਕੀਤੀ ਗਈ।ਇਸ ਉਪਰੰਤ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕਰਕੇ ਸਮਾਰੋਹ ਦੀ ਸ਼ੁਰੂਆਤ ਹੋਈ।ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਇਨਾਮ ਵੰਡੇ ਗਏ।ਇਸਦੇ ਨਾਲ ਹੀ ਸਮਾਰੋਹ ਨੂੰ ਕਾਮਯਾਬ ਬਣਾਉਣ ਵਾਲੇ ਅਧਿਆਪਕਾਂ ਨੂੰ ਵੀ ਸਨਮਾਨਤ ਕੀਤਾ ਗਿਆ।ਜੂਨੀਅਰ ਕਲਾਸ ਦੇ ਬੱਚਿਆਂ ਵੱਲੋਂ ਵੈਲਕਮ ਸੌਂਗ 'ਤੇ ਸੁੰਦਰ ਪ੍ਰਸਤੁਤੀ ਦੇ ਕੇ ਮੁੱਖ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਸਮਾਰੋਹ ਦਾ ਸਟੇਜ ਸੰਚਾਲਨ ਬਹੁਤ ਹੀ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਵਿਕਰਮਜੀਤ, ਅਮਰਪ੍ਰੀਤ ਕੌਰ, ਸੁਖਦੀਪ ਕੌਰ ਦੇ ਨਾਲ ਨਾਲ ਵਿਦਿਆਰਥੀਆਂ ਪਰਨੀਤ ਕੌਰ ਅਤੇ ਨਵਨੀਤ ਕੌਰ ਵੱਲੋਂ ਕੀਤਾ ਗਿਆ, ਜਿਨ੍ਹਾਂ ਨੇ ਆਪਣੇ ਸ਼ਾਨਦਾਰ ਐਂਕਰਿੰਗ ਹੁਨਰ ਨਾਲ ਸਮਾਰੋਹ ਨੂੰ ਹੋਰ ਵੀ ਰੌਣਕਮਈ ਬਣਾ ਦਿੱਤਾ।ਇਸ ਦੇ ਨਾਲ ਹੀ ਸਮਾਰੋਹ ਦੀ ਸ਼ਾਨਦਾਰ ਸਟੇਜ ਸਜਾਵਟ ਦਾ ਸਿਹਰਾ ਸਰਵਜੀਤ ਕੌਰ ਅਤੇ ਰਮਨਪ੍ਰੀਤ ਕੌਰ ਨੂੰ ਜਾਂਦਾ ਹੈ, ਜਿਨ੍ਹਾਂ ਨੇ ਆਪਣੀ ਰਚਨਾਤਮਕਤਾ ਅਤੇ ਕਲਾ ਨਾਲ ਮੰਚ ਨੂੰ ਬਹੁਤ ਹੀ ਸੁੰਦਰ ਅਤੇ ਆਕਰਸ਼ਕ ਰੂਪ ਦਿੱਤਾ।ਮੀਡੀਆ ਅਤੇ ਪ੍ਰੈੱਸ ਦੇ ਮੈਂਬਰਾਂ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ ਅਤੇ ਸਕੂਲ ਦੇ ਇਸ ਯਾਦਗਾਰ ਸਮਾਗਮ ਨੂੰ ਕਵਰੇਜ ਦਿੱਤੀ।ਇਸਦੇ ਨਾਲ ਹੀ ਆਏ ਸਾਰੇ ਮਾਣਯੋਗ ਮੀਡੀਆ ਮੈਂਬਰਾਂ ਨੂੰ ਸਕੂਲ਼ ਮੈਨੇਜਮੈਂਟ ਵੱਲੋਂ ਸਨਮਾਨਤ ਕੀਤਾ ਗਿਆ।ਡਿਪਟੀ ਡਾਇਰੈਕਟਰ ਸਰਗਮ ਥਿੰਦ ਵੱਲੋਂ ਦੋਵਾਂ ਸਕੂਲਾਂ ਦੀ ਸਾਲਾਨਾ ਰਿਪੋਰਟ ਪੜ੍ਹੀ ਗਈ, ਜਿਸ ਵਿੱਚ ਸਾਲ ਭਰ ਦੀਆਂ ਪ੍ਰਾਪਤੀਆਂ, ਗਤੀਵਿਧੀਆਂ ਅਤੇ ਵਿਦਿਆਰਥੀਆਂ ਦੀਆਂ ਉਪਲਬਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਵਿਦਿਆਰਥੀਆਂ ਨੇ ਸਰਸਵਤੀ ਵੰਦਨਾ, ਵੈਲਕਮ ਡਾਂਸ, ਫਰੂਟ ਅਤੇ ਵੈਜੀ ਡਾਂਸ, ਆਪਰੇਸ਼ਨ ਸਿੰਦੂਰ, ਫੋਕ ਡਾਂਸ, ਲੁੱਡੀ ਆਦਿ ਵਰਗੀਆਂ ਸ਼ਾਨਦਾਰ ਸੱਭਿਆਚਾਰਕ ਪੇਸ਼ਕਾਰੀਆਂ ਦੇ ਕੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ।ਸਮਾਰੋਹ ਬਹੁਤ ਹੀ ਯਾਦਗਾਰ ਅਤੇ ਸਫਲ ਰਿਹਾ।



# ਕਾਮਰੇਡ ਗੁਰਦਿਆਲ ਸਿੰਘ ਢੇਰ ਦੀ ਪਤਨੀ ਦੀ ਅੰਤਿਮ ਅਰਦਾਸ ਮੌਕੇ ਸ਼ਰਧਾਂਜਲੀ ਭੇਟ

**ਨੰਗਲ (ਸੁਰਜੀਤ ਢੇਰ)**

ਨਜ਼ਦੀਕੀ ਪਿੰਡ ਢੇਰ ਵਿਖੇ ਸੀ ਪੀ ਆਈ ਐਮ ਦੇ ਸਵਰਗੀ ਆਗੂ ਕਾਮਰੇਡ ਗੁਰਦਿਆਲ ਸਿੰਘ ਢੇਰ ਸਾਬਕਾ ਸਰਪੰਚ ਦੀ ਪਤਨੀ ਮਾਤਾ ਗੁਰਦਿਆਲ ਕੌਰ 78 ਦੀ ਅੰਤਿਮ ਅਰਦਾਸ ਮੌਕੇ ਤੇ ਵੱਖ ਵੱਖ ਆਗੂਆਂ ਨੇ ਭਾਵ ਭਿੰਨੀ ਸ਼ਰਧਾਲੀਆਂ ਭੇਟ ਕੀਤੀਆਂ।ਗੁਰਦਿਆਲ ਕੌਰ ਦੀ ਅੰਤਿਮ ਅਰਦਾਸ ਉਹਨਾਂ ਦੇ ਗ੍ਰਹਿ ਵਿਖੇ ਹੋਈ। ਇਸ ਮੌਕੇ ਤੇ ਸੀ ਪੀ ਆਈ ਐਮ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਤੇ ਉਹਨਾਂ ਨੇ ਮਾਤਾ ਗੁਰਦਿਆਲ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਇਸ ਪਰਵਾਰ ਤਿੰਨ ਪੁਸ਼ਤਾਂ ਤੋਂ ਪਾਰਟੀ ਨਾਲ ਜੁੜਿਆ ਹੋਇਆ ਹੈ ਤੇ ਸਮਾਜ ਦੇ ਵਿੱਚ ਉਘਾ ਰੋਲ ਅਦਾ ਕਰ ਰਿਹਾ ਹੈ। ਮਾਤਾ ਗੁਰਦਿਆਲ ਕੌਰ ਨੇ ਬਹੁਤ ਹੀ ਸਾਦਾ ਜੀਵਨ ਜੀਆ। ਉਹ ਹਰ ਇੱਕ ਇਨਸਾਨ ਦੇ ਕੰਮ ਆਉਣ ਵਾਲੇ ਇਨਸਾਨ ਸਨ। ਇਸ ਮੌਕੇ ਤੇ ਸੀ ਆਈ ਟੀ ਯੂ ਦੇ ਪੰਜਾਬ ਦੇ ਪ੍ਰਧਾਨ ਕਾਮਰੇਡ ਮਹਾਂ ਸਿੰਘ ਰੌੜੀ, ਸੀ ਪੀ ਆਈ ਐੱਮ ਦੇ ਜ਼ਿਲ੍ਹਾ ਸਕੱਤਰ ਬਜਿੰਦਰ ਪੰਡਤ, ਜ਼ਿਲ੍ਹਾ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਦਵਿੰਦਰ ਨੰਗਲੀ, ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਜਥੇਦਾਰ ਮੋਹਨ ਸਿੰਘ ਢਾਹੇ, ਆਮ ਆਦਮੀ ਪਾਰਟੀ ਦੇ ਆਗੂ ਗੁਰਮੀਤ ਸਿੰਘ ਡੋਡ,ਕਾਂਗਰਸ ਪਾਰਟੀ ਦੇ ਯੂਥ ਆਗੂ ਡਾਕਟਰ ਅੱਛਰ ਸ਼ਰਮਾ ਨੇ ਇਸ ਮੌਕੇ ਤੇ ਮਾਤਾ ਗੁਰਦਿਆਲ ਕੌਰ ਨੂੰ ਭਾਵ ਭਿੰਨੀ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪਾਰਟੀ ਦੇ ਆਗੂ ਜ਼ਿਲ੍ਹਾ ਸਕੱਤਰੇਤ ਮੈਂਬਰ ਗੁਰਦੇਵ ਸਿੰਘ ਬਾਗੀ, ਰਜਿੰਦਰ ਸਿੰਘ ਡੋਡ ਸਾਬਕਾ ਸਰਪੰਚ, ਸੁਖਦੇਵ ਸਿੰਘ ਨੰਗਲ,ਵਿਜੇ ਸ਼ਰਮਾ ਤਰਸੂਹ, ਰਾਮ ਸਿੰਘ ਸੈਣੀ ਮਾਜਰਾ, ਨੰਬਰਦਾਰ ਸੁਰਿੰਦਰ ਪਾਲ ਸਿੰਘ, ਇੰਦਰਜੀਤ ਸਿੰਘ ਫੌਜੀ, ਹਰਪਾਲ ਸਿੰਘ ਗਿੱਲ ਮਜਾਰੀ,ਗੁਰਿੰਦਰ ਸਿੰਘ ਐੱਸ ਆਈ, ਸੁਖਬੀਰ ਸਿੰਘ ਮਹੈਣ,ਹਰਿੰਦਰ ਸਿੰਘ ਭੱਲੜੀ, ਭੁਪਿੰਦਰ ਸਿੰਘ ਝੱਜ, ਕੁਲਵਿੰਦਰ ਸਿੰਘ ਗੱਜਪੁਰ, ਪਰਮਿੰਦਰ ਸਿੰਘ ਗਿੱਲ, ਜਸਦੀਪ ਸਿੰਘ ਧਾਲੀਵਾਲ, ਅਮਨਦੀਪ ਸਿੰਘ ਬੈਂਸ, ਸੁਖਦੀਪ ਸਿੰਘ ਮਟੌਰ, ਅਵਤਾਰ ਸਿੰਘ, ਜਗਤਾਰ ਸਿੰਘ, ਜਗਦੀਸ਼ ਸਿੰਘ, ਵਿਵੇਕ ਸਿੰਘ, ਇਕਬਾਲ ਸਿੰਘ, ਹਰਜੀਤ ਸਿੰਘ, ਵਿਜੇ ਕੁਮਾਰ, ਹਰਿੰਦਰ ਪਾਲ ਸਿੰਘ ਅਬਿਆਣਾ ਤੋਂ ਇਲਾਵਾ ਹੋਰ ਰਿਸ਼ਤੇਦਾਰ ਮਿੱਤਰ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਹਜ਼ੂਰੀ ਰਾਗੀਆਂ ਨੇ ਭਾਵ ਮਈ ਕੀਰਤਨ ਕੀਤਾ।



# ਪ੍ਰਾਚੀਨ ਸ਼ਿਵ ਮੰਦਰ 'ਚ ਸ਼ਿਵਰਾਤਰੀ ਦੇ ਸੱਦਾ ਪੱਤਰ ਰਿਲੀਜ਼

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**

ਬ੍ਰਹਮਲੀਨ ਮਹੰਤ ਸ਼੍ਰੀ ਸ਼ੇਰ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ਼੍ਰੀ ਪ੍ਰੇਮਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਗਣਪਤੀ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਪ੍ਰਯਾਗਨਾਨੰਦ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਰਵਿੰਦਰਾ ਗਿਰੀ ਜੀ ਮਹਾਰਾਜ ਦੀ ਅਪਾਰ ਕਿਰਪਾ ਸਦਕਾ ਤੇ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਦੇ ਆਸ਼ੀਰਵਾਦ ਨਾਲ ਤੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪ੍ਰਾਚੀਨ ਸ਼ਿਵ ਮੰਦਿਰ ਵਿੱਚ ਸ਼ਿਵਰਾਤਰੀ ਦਾ ਤਿਉਹਾਰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਸ਼ਿਵਰਾਤਰੀ ਦੇ ਸੰਬੰਧ ਵਿੱਚ ਮਹੰਤ ਜੈ ਰਾਮ ਗਿਰੀ ਜੀ ਮਹਾਰਾਜ ਦੀ ਅਗਵਾਈ ਹੇਠ ਤੇ ਮੰਦਿਰ ਦੇ ਸਾਰੇ ਸੇਵਾਦਾਰਾਂ ਤੇ ਮਹਾਂਦੇਵ ਸੇਵਾ ਦਲ ਵੱਲੋਂ ਸੱਦਾ ਪੱਤਰ ਰਿਲੀਜ਼ ਕੀਤੇ ਗਏ। ਇਸ ਮੌਕੇ ਮਿਤੀ 6 ਫਰਵਰੀ ਨੂੰ ਬੱਚਿਆਂ ਦੇ ਫੈਨਸੀ ਡਰੈਸ ਕੰਪਟੀਸ਼ਨ ਤੇ ਭਗਵਾਨ ਸ਼ਿਵ ਦੀ ਰੀਲਾ ਸ੍ਰੀ ਕੁੰਦਨ ਲਾਲ ਰਾਮਲੀਲ੍ਹਾ ਕਲੱਬ ਲੋਹੀਆਂ ਖਾਸ ਵੱਲੋਂ ਦਿਖਾਈ ਜਾਵੇਗੀ ਤੇ ਮਿਤੀ 7 ਫਰਵਰੀ ਨੂੰ ਸ਼ਾਮ 7 ਵਜੇ ਜੈ ਮਹਾਂਕਾਲ ਮਹਾਂ ਆਰਤੀ ਸੇਵਾ ਪਰਵਾਰ ਲੁਧਿਆਣਾ ਵੱਲੋਂ ਕੀਤੀ ਜਾਵੇਗੀ ਤੇ 8 ਫਰਵਰੀ ਨੂੰ ਸ਼ਾਮ 5 ਵਜੇ ਸ਼੍ਰੀ ਸ਼੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਵੱਲੋਂ ਸ਼ਿਵ ਵਿਆਹ ਦੀ ਕਥਾ ਸੁਣਾਈ ਜਾਵੇਗੀ।ਮਿਤੀ 15 ਫਰਵਰੀ 2026 ਨੂੰ ਝੰਡੇ ਦੀ ਰਸਮ 10 ਵਜੇ ਕੀਤੀ ਜਾਵੇਗੀ ਤੇ ਭਗਵਾਨ ਸ਼ਿਵ ਦੀ ਪੂਜਾ ਸ਼ਾਮ 7 ਵਜੇ ਹੋਵੇਗੀ। ਇਸ ਮੌਕੇ ਲੰਗਰ ਪ੍ਰਸ਼ਾਦ ਦਾ ਵੀ ਖਾਸ ਪ੍ਰਬੰਧ ਹੋਵੇਗਾ। ਇਸ ਮੌਕੇ ਮੰਦਿਰ ਵਿੱਚ ਰੋਜ਼ਾਨਾ ਆਉਣ ਵਾਲੀ ਸੰਗਤ ਅਤੇ ਮਹਾਂਦੇਵ ਸੇਵਾ ਦਲ ਤੇ ਸ੍ਰੀ ਕੁੰਦਨ ਲਾਲ ਰਾਮਲੀਲ੍ਹਾ ਕਲੱਬ ਸਮੇਤ ਆਦਿ ਸ਼ਰਧਾਲੂ ਹਾਜ਼ਰ ਸਨ।





ਗਣਤੰਤਰ ਦਿਵਸ ਮੌਕੇ ਦੁਸਿਹਰਾ ਗਰਾਉਂਡ ਵਿਖੇ ਸਰਕਾਰੀ ਹਾਈ ਸਕੂਲ ਖੋਜਕੀਪੁਰ ਨੰਗਲ ਸਾਲਾਲਾ ਬਲਾਕ ਆਦਮਪੁਰ ਦੇ ਆਧਿਆਪਕ ਪਰਮਜੀਤ ਸਿੰਘ ਨੂੰ ਸਿਖਿਆ ਖੇਤਰ, ਖੇਡ ਖੇਤਰ ਤੇ ਚੋਣ ਕਮਿਸ਼ਨ 'ਚ ਇਮਾਨਦਾਰੀ ਨਾਲ ਸੇਵਾਵਾਂ ਨਿਭਾਉਣ ਦੇ ਲਈ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕਰਦੇ ਹੋਏ ਸਬ ਡਵੀਜਨ ਆਦਮਪੁਰ ਦੇ ਐਸ ਡੀ ਐਮ ਵਿਵੇਕ ਕੁਮਾਰ ਮੋਦੀ ਤੇ ਉਨ੍ਹਾਂ ਦੀ ਧਰਮ ਪਤਨੀ, ਡੀ ਐੱਸ ਪੀ ਰਾਜੀਵ ਕੁਮਾਰ, ਨਾਇਬ ਤਹਿਸੀਲਦਾਰ ਆਦਮਪੁਰ ਹਰਿੰਦਰਜੀਤ ਸਿੰਘ, ਸੁਪਰਡੈਂਟ ਮਹੇਸ਼ ਕਮਾਰ, ਸਰਬਜੀਤ ਸਿੰਘ ਕਾਨੂੰਗੋ। **(ਫੋਟੋ ਤੇ ਵੇਰਵਾ : ਪਰਮਜੀਤ ਸਿੰਘ ਆਦਮਪੁਰ )**

# ਬਾਬਾ ਦੋ ਗੁੱਤਾਂ ਵਾਲਿਆਂ ਦੀ ਯਾਦ 'ਚ ਧਾਰਮਿਕ ਸਮਾਗਮ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਮਹਾਨ ਤਿਆਗੀ ਤੇ ਤਪੱਸਵੀ ਫ਼ਕੀਰ ਬਾਬਾ ਜੀ ਦੋ ਗੁੱਤਾਂ ਵਾਲਿਆਂ ਦੇ ਡੇਰਾ ਬੈਕੁੰਠ ਧਾਮ ਭੁੱਲੇਵਾਲ ਗੁੱਜਰਾਂ ਵਿਖੇ ਸਾਲਾਨਾ ਜੋੜ ਮੇਲਾ ਡੇਰੇ ਦੇ ਸੇਵਾਦਾਰ ਸੰਤ ਮਦਨ ਲਾਲ ਦੀ ਯੋਗ ਅਗਵਾਈ ਹੇਠ ਬੈਕੁੰਠ ਧਾਮ ਟਰੱਸਟ ਦੀ ਸਮੁੱਚੀ ਕਮੇਟੀ ਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਹੋਇਆ। ਸਮਾਗਮ ਦੇ ਪਹਿਲੇ ਦਿਨ ਲੜਕੇ ਤੇ ਲੜਕੀਆਂ ਦੇ ਕੁਸ਼ਤੀ ਮੁਕਾਬਲੇ ਹੋਏ ਜਿਸ ਵਿੱਚ ਪਹਿਲੇ ਸਥਾਨ ਪ੍ਰਾਪਤ ਕਰਨ ਵਾਲੀਆਂ ਲੜਕੀਆਂ ਤੇ ਲੜਕਿਆਂ ਨੂੰ ਸ਼ਾਨਦਾਰ ਇਨਾਮ ਦਿੱਤੇ ਗਏ। 2 ਫਰਵਰੀ ਦਿਨ ਸੋਮਵਾਰ ਨੂੰ ਬਾਬਾ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ। 3 ਫਰਵਰੀ ਨੂੰ ਬਾਬਾ ਜੀ ਦਾ 18 ਵਾਂ ਬਰਸੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪਹੁੰਚੇ ਵੱਖ-ਵੱਖ ਕਲਾਕਾਰਾਂ ਨੇ ਬਾਬਾ ਜੀ ਦੀ ਮਹਿਮਾ ਦਾ ਗੁਣ ਗਾਇਨ ਕੀਤਾ। ਸਮਾਗਮ ਵਿੱਚ ਪਹੁੰਚੇ ਸੰਤਾਂ- ਮਹਾਂਪੁਰਸ਼ਾਂ ਨੇ ਧਾਰਮਿਕ ਪ੍ਰਵਚਨ ਕਰਕੇ ਬਾਬਾ ਜੀ ਦੇ ਪਰਉਪਕਾਰੀ ਕਾਰਜਾਂ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ। ਇਸ ਮੌਕੇ ਜੇ.ਡੀ. ਹਸਪਤਾਲ ਮਾਹਿਲਪੁਰ ਵੱਲੋਂ 11ਵਾਂ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ। ਇਸ ਮੌਕੇ ਟਰੱਸਟ ਦੇ ਮੈਂਬਰਾਂ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੇ ਪਿਛਲੇ ਦਿਨਾਂ ਤੋਂ ਚੱਲ ਰਹੇ ਇਸ ਸਮਾਗਮ ਵਿੱਚ ਸੇਵਾ ਕਰਕੇ ਬਾਬਾ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਸਮਾਗਮ ਦੀ ਸਮਾਪਤੀ ਉਪਰੰਤ ਗੱਲਬਾਤ ਕਰਦਿਆਂ ਡੇਰੇ ਦੇ ਸੇਵਾਦਾਰ ਸੰਤ ਮਦਨ ਲਾਲ ਨੇ ਸਮੁੱਚੀਆਂ ਸੰਗਤਾਂ ਦਾ ਧੰਨਵਾਦ ਕੀਤਾ ਤੇ ਸੰਤਾਂ ਮਹਾਂਪੁਰਸ਼ਾਂ ਅਤੇ ਸਹਿਯੋਗੀ ਸੰਗਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਗੁਰੂ ਕੇ ਲੰਗਰ ਅਤੁੱਟ ਚੱਲੇ। ਇਸ ਮੌਕੇ ਬ੍ਰਹਮਲੀਨ ਸੰਤ ਬਾਲ ਕ੍ਰਿਸ਼ਨ ਆਨੰਦ ਦੇ ਬਣਾਏ ਗਏ ਅਸਥਾਨ 'ਤੇ ਸੰਗਤਾਂ ਨੇ ਪ੍ਰਣਾਮ ਕਰਕੇ ਉਹਨਾਂ ਨੂੰ ਯਾਦ ਕੀਤਾ।

# ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਰਵਿਦਾਸ ਮਹਾਰਾਜ ਦਾ 649ਵਾਂ ਪ੍ਰਕਾਸ਼ ਪੁਰਬ

**ਬਲਾਚੌਰ (ਜਸਵਿੰਦਰ ਬੈਂਸ)**

ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਵਿਖੇ ਗਹੂਣ ਰੋਡ, ਸ਼੍ਰੀ ਗੁਰੂ ਰਵਿਦਾਸ ਮੰਦਰ ਗੁਰਦੁਆਰਾ ਪ੍ਰਬੰਧਕ ਕਮੇਟੀ ਗਹੂਣ ਰੋਡ ਬਲਾਚੌਰ ਵੱਲੋਂ ਜਗਤ ਗੁਰੂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਪ੍ਰਕਾਸ਼ ਪੁਰਬ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਅਤੇ ਵਿਸ਼ਾਲ ਪੱਧਰ ਤੇ ਮਨਾਇਆ ਗਿਆ।ਇਸ ਮੌਕੇ ਵੱਖ-ਵੱਖ ਰਾਜਨੀਤਿਕ, ਧਾਰਮਿਕ ਅਤੇ ਸਮਾਜਿਕ ਸ਼ਖਸੀਅਤਾਂ ਨੇ ਸ਼ਿਰਕਤ ਕਰਕੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਹਾਜ਼ਰੀ ਲਗਵਾਈ।ਸਮਾਗਮ ਦੇ ਪਹਿਲੇ ਦਿਨ ਹਲਕਾ ਵਿਧਾਇਕਾ ਮੈਡਮ ਸੰਤੋਸ਼ ਕਟਾਰੀਆ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਸੰਗਤ ਨੂੰ ਗੁਰਪੁਰਬ ਦੀ ਵਧਾਈ ਦਿੰਦਿਆਂ ਧਰਮਸ਼ਾਲਾ ਦੀ ਉਸਾਰੀ ਲਈ ਆਰਥਿਕ ਮਦਦ ਦੇਣ ਦਾ ਐਲਾਨ ਵੀ ਕੀਤਾ।ਮੰਦਰ ਕਮੇਟੀ ਦੇ ਪ੍ਰਧਾਨ ਸ਼੍ਰੀ ਦਵਿੰਦਰ ਸਿੰਘ ਸੀਂਹਮਾਰ ਵੱਲੋਂ ਨਿਭਾਈ ਗਈ।ਧਾਰਮਿਕ ਸਟੇਜ ਦਾ ਸਮਾਜ ਸੇਵੀ ਡਾ. ਸਤਵਿੰਦਰਪਾਲ ਸਿੰਘ ਸੀਨੀਅਰ ਮੈਡੀਕਲ ਅਫਸਰ ਨਵਾਂਸ਼ਹਿਰ ਵੱਲੋਂ ਕੀਤਾ ਗਿਆ।ਗੁਰੂ ਰਵਿਦਾਸ ਮਹਾਰਾਜ ਜੀ ਦੀ ਤਸਵੀਰ ਤੋਂ ਪਰਦਾ ਠੇਕੇਦਾਰ ਸੋਹਣ ਲਾਲ ਸੀਂਹਮਾਰ ਨੇ ਅਤੇ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਦੀ ਤਸਵੀਰ ਤੋਂ ਪਰਦਾ ਸੁਰਿੰਦਰ ਕੁਮਾਰ ਗੰਗੜ ਮੰਡੀ ਅਫ਼ਸਰ ਵੱਲੋਂ ਹਟਾਇਆ ਗਿਆ।ਸਮਾਗਮ ਦੌਰਾਨ ਮਿਸ਼ਨਰੀ ਗਾਇਕਾਂ ਨੇ ਗੁਰੂ ਸਾਹਿਬ ਦੀ ਮਹਿਮਾ ਦਾ ਗੁਣਗਾਨ ਕੀਤਾ ਅਵਤਾਰ ਮੁਸਾਫ਼ਿਰ ਰਾਜੂਮਾਜਰਾ ਨੇ ਆਪਣੇ ਕੀਰਤਨ ਅਤੇ ਗਾਇਕੀ ਰਾਹੀਂ ਸੰਗਤ ਨੂੰ ਨਿਹਾਲ ਕੀਤਾ।2 ਫਰਵਰੀ ਦੀ ਰਾਤ ਨੂੰ ਪ੍ਰਸਿੱਧ ਮਿਸ਼ਨਰੀ ਗਾਇਕ ਵਿਜੇ ਹੰਸ ਨੇ ਯਾਦਗਾਰੀ ਪ੍ਰੋਗਰਾਮ ਪੇਸ਼ ਕੀਤਾ, ਜਿਸਦੀ ਸਟੇਜ ਦਾ ਉਦਘਾਟਨ ਅਰਿੰਦਰ ਮਿੱਤਲ ਵੱਲੋਂ ਕੀਤਾ ਗਿਆ।ਸਟੇਜ ਸੈਕਟਰੀ ਦੀ ਸੇਵਾ ਸੋਮ ਨਾਥ ਤੱਕਲਾ ਨੇ ਬਾਖ਼ੂਬੀ ਨਿਭਾਈ।ਇਸ ਮੌਕੇ ਸਾਬਕਾ ਵਿਧਾਇਕ ਹਰਗੋਪਾਲ ਸਿੰਘ, ਲਾਡੀ ਰਾਣਾ ਪ੍ਰਧਾਨ ਨਗਰ ਕੌਂਸਲ, ਰਾਜਵਿੰਦਰ ਸਿੰਘ ਲੱਕੀ ਜ਼ਿਲ੍ਹਾ ਪ੍ਰਧਾਨ ਭਾਜਪਾ, ਜਸਵੀਰ ਸਿੰਘ ਗੜ੍ਹੀ ਚੇਅਰਮੈਨ ਕਮਿਸ਼ਨ, ਰਾਣਾ ਰਣਦੀਪ ਕੌਸ਼ਲ, ਕੇਵਲ ਕ੍ਰਿਸ਼ਨ ਬੈਂਸ, ਲਾਲ ਬਹਾਦਰ ਗਾਂਧੀ, ਰਾਣਾ ਹਰਦਿਆਲ, ਦਿਲਬਾਗ ਮਹਿੰਦੀਪੁਰ ਸਕੱਤਰ ਬਸਪਾ, ਸੁਰਿੰਦਰ ਸਿੰਘ ਸੀਂਹਮਾਰ, ਅਤੇ ਕੌਂਸਲਰ ਪਰਮਿੰਦਰ ਪੰਮਾ, ਭਿੰਦਾ ਤੇ ਪਾਨੀ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਮੌਜੂਦ ਸਨ।




# ਰੋਜ਼ਾ ਬਾਗ ਸ਼ਰੀਫ ਬਹਿਰਾਮ ਦਾ ਜੋੜ ਮੇਲਾ ਕਰਵਾਇਆ

**ਬੰਗਾ (ਅਵਤਾਰ ਕਲੇਰ)**

ਦਾਤਾ ਅਬਦੁੱਲ ਰਹਿਮਾਨ ਸੱਯਦ ਦੀ ਯਾਦ 'ਚ ਰੋਜ਼ਾ ਬਾਗ ਸ਼ਰੀਫ ਬਹਿਰਾਮ ਵਿਖੇ 46ਵਾਂ ਸਾਲਾਨਾ ਜੋੜ ਮੇਲਾ ਸਾਈਂ ਉਮਰੇ ਸ਼ਾਹ ਕਾਦਰੀ ਗੱਦੀ ਨਸ਼ੀਨ ਰੋਜ਼ਾ ਮੰਢਾਲੀ ਸ਼ਰੀਫ ਦੇ ਅਸ਼ੀਰਵਾਦ ਤੇ ਗੱਦੀ ਨਸ਼ੀਨ ਬਾਬਾ ਜੋਨੀ ਸ਼ਾਹ ਦੀ ਅਗਵਾਈ ਗੁਰਪ੍ਰੀਤ ਸਿੰਘ ਕਾਹਲੋਂ ਪਰਿਵਾਰ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ।ਦਰਬਾਰ ਦੀਆਂ ਧਾਰਮਿਕ ਰਸਮਾਂ ਉਪਰੰਤ ਸਟੇਜ ਸਜਾਈ ਗਈ ਜਿਸ 'ਚ ਕਲਾਕਾਰ ਪ੍ਰਵੇਜ਼ ਆਲਮ, ਲੱਵਿਸ਼ ਚੌਹਾਨ, ਜੀ ਸਿੱਧੂ, ਰਾਂਝਣ ਅਲੀ, ਤੱਕੀ ਮੁਹੰਮਦ ਕਵਾਲ ਪਾਰਟੀ, ਸਲਾਮਤ ਅਲੀ ਮੱਤੋਈ ਕਵਾਲ ਪਾਰਟੀ ਆਦਿ ਨੇ ਆਪਣੇ ਧਾਰਮਿਕ ਗੀਤਾਂ ਕਵਾਲੀਆਂ ਨਾਲ ਖੂਬ ਰੰਗ ਬੰਨ੍ਹਿਆ। ਮੇਲੇ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਵਿਧਾਇਕ ਡਾ. ਸੁਖਵਿੰਦਰ ਸੁੱਖੀ ਨੇ ਦਾਤਾ ਅਬਦੁੱਲ ਰਹਿਮਾਨ ਸੱਯਦ ਦੇ ਸਾਲਾਨਾ ਉਸਰ ਦੀਆਂ ਸਾਰੀਆਂ ਸੰਗਤਾਂ ਨੂੰ ਵਧਾਈਆਂ ਦਿੱਤੀਆਂ। ਸਾਈਂ ਉਮਰੇ ਸ਼ਾਹ ਕਾਦਰੀ ਨੇ ਜਿੱਥੇ ਮਹਾਂਪੁਰਸ਼ਾਂ ਦਾ ਸਨਮਾਨ ਕੀਤਾ ਉੱਥੇ ਸੰਗਤਾਂ ਦੀ ਤੰਦਰੁਸਤੀ ਲਈ ਦਾਤਾ ਜੀ ਅੱਗੇ ਫਰਿਆਦ ਵੀ ਕੀਤੀ। ਸਟੇਜ ਸਕੱਤਰ ਦੀ ਭੂਮਿਕਾ ਰਣਜੀਤ ਸਹੋਤਾ ਨੇ ਬਾਖੂਬੀ ਨਿਭਾਈ। ਇਸ ਮੌਕੇ ਸਾਈਂ ਉਮਰੇ ਸ਼ਾਹ ਕਾਦਰੀ, ਬਾਬਾ ਮਾਣੇ ਸ਼ਾਹ ਦਰਬਾਰ ਘੁੰਮਣਾ, ਸੰਤ ਬੀਬੀ ਸਮਿੱਤਰੀ ਦਰਬਾਰ ਬਾਬਾ ਜੀਜੂ ਸ਼ਾਹ ਜੇਜੋਂ, ਬਾਬਾ ਬਿੱਲੇ ਸ਼ਾਹ ਫਗਵਾੜਾ, ਬੀਬੀ ਗੁਰਬਖਸ਼ ਕੌਰ ਫਗਵਾੜਾ, ਸਰਪੰਚ ਮੋਹਣ ਲਾਲ, ਮਹਿੰਦਰ ਪਾਲ ਸੰਮਤੀ ਮੈਂਬਰ, ਐਡਵੋਕੇਟ ਰਾਜ ਕੁਮਾਰ, ਸੁਖਦੇਵ ਰਾਜ ਸਾਬਕਾ ਸੰਮਤੀ ਮੈਂਬਰ, ਨਿਰਮਲ ਨਿੰਮਾ, ਡਾ. ਹੁਸਨ ਲਾਲ, ਹਰਪ੍ਰੀਤ ਸਿੰਘ ਕਾਹਲੋਂ, ਆਲਮ ਕਾਹਲੋਂ, ਇਕਬਾਲ ਸਿੰਘ ਕਾਹਲੋਂ, ਮੋਹਣ ਲਾਲ ਦਰਬਾਰ ਕੁੱਲਾ ਸ਼ਰੀਫ, ਹਰਪਾਲ ਸਿੰਘ ਕਾਹਲੋਂ, ਨੰਬਰਦਾਰ ਕਮਲ ਪੁਰੀ, ਨੰਬਰਦਾਰ ਹਰਜਿੰਦਰ ਸਿੰਘ, ਬੀਬੀ ਜਸਵਿੰਦਰ ਕੌਰ, ਗੁਰਵਿੰਦਰ ਕੌਰ, ਸਿਮਰਜੀਤ ਕੌਰ, ਨਿੰਮਾ ਡੀ.ਜੇ,ਬਲਵੀਰ ਬੀਰੂ ਆਦਿ ਸੰਗਤਾਂ ਹਾਜ਼ਰ ਸਨ।

